ਸੋਮਵਾਰ, 28 ਸਤੰਬਰ, 2026

12 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 118

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 28 SEPTEMBER, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14





ਸ਼ਹੀਦ-ਏ-ਆਜ਼ਮ

## ਸਰਦਾਰ ਭਗਤ ਸਿੰਘ

ਦੇ

## 119ਵੇਂ ਜਨਮ ਦਿਵਸ

ਮੌਕੇ

ਅਸੀਂ ਉਨ੍ਹਾਂ ਦੇ ਆਦਰਸ਼ਾਂ 'ਤੇ ਪਹਿਰਾ ਦੇਣ ਅਤੇ ਉਨ੍ਹਾਂ ਦੇ ਅਧੂਰੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹਾਂ

"ਪਿਛਲੇ ਸਾਢੇ ਚਾਰ ਸਾਲਾਂ ਤੋਂ ਅਸੀਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਵੱਲੋਂ ਦਰਸਾਏ ਮਾਰਗ 'ਤੇ ਚਲਦਿਆਂ ਪੰਜਾਬ ਦੇ ਲੋਕਾਂ ਨਾਲ ਕੀਤੇ ਆਪਣੇ ਵਾਅਦਿਆਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਦੇ ਹਿੰਮਤ, ਕੁਰਬਾਨੀ ਅਤੇ ਲੋਕਾਂ ਪ੍ਰਤੀ ਸਮਰਪਣ ਦੇ ਆਦਰਸ਼ 'ਰੰਗਲਾ ਪੰਜਾਬ' ਸਿਰਜਣ ਦੇ ਸਾਡੇ ਸਫ਼ਰ ਵਿੱਚ ਲਗਾਤਾਰ ਸਾਡਾ ਮਾਰਗਦਰਸ਼ਨ ਕਰ ਰਹੇ ਹਨ। ਅੱਜ ਉਨ੍ਹਾਂ ਦੇ ਜਨਮ ਦਿਵਸ ਮੌਕੇ ਮੈਂ ਮਹਾਨ ਆਜ਼ਾਦੀ ਘੁਲਾਟੀਏ ਨੂੰ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ।"

**ਜਸ਼ਨ-ਏ-ਇਨਕਲਾਬ ਸਮਾਗਮ**

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ

28 ਸਤੰਬਰ, 2026 | ਸ਼ਾਮ 5:00 ਵਜੇ ਤੋਂ



ਸ. ਭਗਵੰਤ ਸਿੰਘ ਮਾਨ

ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਸਾਈਂ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦੀ ਨਵੀਂ ਕਮੇਟੀ ਗਠਿਤ
### ਡਾ. ਮਨਜੀਤ ਸਿੰਘ ਢਿੱਲੋਂ ਬਣੇ ਇੰਟਰਨੈਸ਼ਨਲ ਪ੍ਰਧਾਨ



**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)**-ਸਾਈਂ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਫਾਊਂਡਰ ਪ੍ਰੈਜ਼ੀਡੈਂਟ ਸਵ. ਹਰਭਜਨ ਸਿੰਘ ਬਰਾੜ ਦੇ ਅਕਾਲ ਚਲਾਣਾ ਕਰ ਜਾਣ ਤੋਂ ਬਾਅਦ, ਫਾਊਂਡੇਸ਼ਨ ਦੇ ਕੰਮਕਾਜ ਨੂੰ ਸੁਚਾਰੂ ਤੇ ਲਗਾਤਾਰਤਾ ਨਾਲ ਚਲਾਉਣ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਹ ਮੀਟਿੰਗ ਫਾਊਂਡੇਸ਼ਨ ਦੀ ਨਵ-ਨਿਯੁਕਤ ਸਰਪ੍ਰਸਤ ਸ੍ਰੀਮਤੀ ਸੁਖਜੀਤ ਕੌਰ ਬਰਾੜ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਪਰਿਵਾਰਕ ਮੈਂਬਰਾਂ ਤੇ ਪੁਰਾਣੇ ਮੈਂਬਰਾਂ ਦੀ ਸਰਬਸੰਮਤੀ ਨਾਲ ਡਾ. ਮਨਜੀਤ ਸਿੰਘ ਢਿੱਲੋਂ ਨੂੰ ਸਾਈਂ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦਾ ਇੰਟਰਨੈਸ਼ਨਲ ਪ੍ਰਧਾਨ ਨਿਯੁਕਤ ਕਰਨ ਦਾ ਮਤਾ ਪਾਸ ਕੀਤਾ ਗਿਆ।ਇਸ ਮੌਕੇ ਸਰਪ੍ਰਸਤ ਸ੍ਰੀਮਤੀ ਸੁਖਜੀਤ ਕੌਰ ਬਰਾੜ ਨੇ ਡਾ. ਢਿੱਲੋਂ ਨੂੰ ਲਿਖਤੀ ਨਿਯੁਕਤੀ ਪੱਤਰ ਸੌਂਪਿਆ।ਜਾਣਕਾਰੀ ਦਿੰਦਿਆਂ ਸ੍ਰੀਮਤੀ ਬਰਾੜ ਨੇ ਦੱਸਿਆ ਕਿ ਸਵ. ਹਰਭਜਨ ਸਿੰਘ ਬਰਾੜ ਨੇ 14 ਜੂਨ 2026 ਨੂੰ ਆਪਣੇ 80ਵੇਂ ਜਨਮ ਦਿਨ ਮੌਕੇ ਆਪ ਹੀ ਡਾ. ਮਨਜੀਤ ਸਿੰਘ ਢਿੱਲੋਂ ਨੂੰ ਫਾਊਂਡੇਸ਼ਨ ਪ੍ਰਧਾਨ ਬਣਾਉਣ ਦਾ ਐਲਾਨ ਕਰਦਿਆਂ ਸਿਰੋਪਾਓ ਦੀ ਬਖਸ਼ਿਸ਼ ਕੀਤੀ ਸੀ।ਇਸ ਦੇ ਨਾਲ ਹੀ ਮੀਟਿੰਗ ਵਿੱਚ ਇਹ ਵੀ ਮਤਾ ਪਾਸ ਕੀਤਾ ਗਿਆ ਕਿ ਫਾਊਂਡੇਸ਼ਨ ਦੇ ਬਾਕੀ ਅਹੁਦੇਦਾਰਾਂ ਦੀ ਚੋਣ ਕਰਨ ਦੇ ਸਾਰੇ ਅਧਿਕਾਰ ਡਾ. ਮਨਜੀਤ ਸਿੰਘ ਢਿੱਲੋਂ ਨੂੰ ਦਿੱਤੇ ਗਏ ਹਨ, ਜੋ ਆਉਣ ਵਾਲੇ ਦਿਨਾਂ ਵਿੱਚ ਹੋਰ ਸਾਥੀਆਂ ਨਾਲ ਸਲਾਹ-ਮਸ਼ਵਰਾ ਕਰਕੇ ਬਾਕੀ ਕਮੇਟੀ ਮੈਂਬਰਾਂ ਦੀ ਚੋਣ ਕਰਨਗੇ।ਇਸ ਮੌਕੇ ਹਰਭਜਨ ਸਿੰਘ ਬਰਾੜ ਦੇ ਪਰਿਵਾਰਕ ਮੈਂਬਰ ਪ੍ਰਭਜੋਤ ਸਿੰਘ ਬਰਾੜ (ਕੈਨੇਡਾ), ਰਮਨੀਕ ਕੌਰ ਤੇ ਜ਼ੋਰਾ ਸਿੰਘ ਬਰਾੜ ਤੋਂ ਇਲਾਵਾ ਫਾਊਂਡੇਸ਼ਨ ਦੇ ਪੁਰਾਣੇ ਮੈਂਬਰ ਜਗਦੀਸ਼ ਸਿੰਘ ਬਮਰਾਹ (ਜਨਰਲ ਸਕੱਤਰ), ਐਡਵੋਕੇਟ ਮਨਜੀਤ ਸਿੰਘ ਢੀਂਗਾ, ਐਡਵੋਕੇਟ ਸੁਰਿੰਦਰ ਸਿੰਘ ਘਰਿਆਲਾ ਤੇ ਰਜੀਵ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮਾਤਾ ਗੁਜਰੀ ਕਾਲਜ ਵਿਖੇ ਐੱਨ ਪੀ ਟੀ ਈ ਐੱਲ ਜਾਗਰੂਕਤਾ ਵਰਕਸ਼ਾਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਐੱਨ.ਪੀ.ਟੀ.ਈ.ਐੱਲ. (ਨੈਸ਼ਨਲ ਪ੍ਰੋਗਰਾਮ ਆਨ ਟੈਕਨਾਲੋਜੀ ਐਨਹਾਂਸਡ ਲਰਨਿੰਗ) ਲੋਕਲ ਚੈਪਟਰ ਵੱਲੋਂ 'ਐੱਨ.ਪੀ.ਟੀ.ਈ.ਐੱਲ. ਪ੍ਰਤੀ ਜਾਗਰੂਕਤਾ' ਵਿਸ਼ੇ 'ਤੇ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ ਜਿਸ ਦਾ ਮੁੱਖ ਉਦੇਸ਼ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਐੱਨ ਪੀ ਟੀ ਈ ਐੱਲ ਰਾਹੀਂ ਉਪਲਬਧ ਆਨਲਾਈਨ ਕੋਰਸਾਂ, ਸਰਟੀਫਿਕੇਸ਼ਨ, ਉੱਚ ਸਿੱਖਿਆ ਅਤੇ ਹੁਨਰ ਵਿਕਾਸ ਦੇ ਮੌਕਿਆਂ ਬਾਰੇ ਜਾਣੂ ਕਰਵਾਉਣਾ ਸੀ।ਇਸ ਵਰਕਸ਼ਾਪ ਵਿੱਚ ਭਾਰਤੀ ਤਕਨਾਲੋਜੀ ਸੰਸਥਾ ਕਾਨਪੁਰ ਤੋਂ ਡਾ. ਅੰਗਨਾ ਸੇਨਗੁਪਤਾ ਅਤੇ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ, ਲੁਧਿਆਣਾ ਤੋਂ ਪ੍ਰੋ. ਲਖਵੀਰ ਸਿੰਘ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਐੱਨ ਪੀ ਟੀ ਈ ਐੱਲ ਦੇ ਵੱਖ-ਵੱਖ ਕੋਰਸਾਂ, ਪ੍ਰਮਾਣ-ਪੱਤਰ ਪ੍ਰਾਪਤ ਕਰਨ ਦੀ ਪ੍ਰਕਿਰਿਆ ਅਤੇ ਪ੍ਰੀਖਿਆ ਪ੍ਰਣਾਲੀ ਬਾਰੇ ਜਾਣਕਾਰੀ ਸਾਂਝੀ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਮੌਜੂਦਾ ਡਿਜੀਟਲ ਯੁੱਗ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਦੇਸ਼ ਦੀਆਂ ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਨਾਲ ਜੁੜ ਕੇ ਨਵਾਂ ਗਿਆਨ ਅਤੇ ਹੁਨਰ ਹਾਸਲ ਕਰਨਾ ਸਮੇਂ ਦੀ ਅਹਿਮ ਲੋੜ ਹੈ ਅਤੇ ਐੱਨ ਪੀ ਟੀ ਈ ਐੱਲ ਇੱਕ ਮਹੱਤਵਪੂਰਨ ਅਤੇ ਪ੍ਰਭਾਵਸ਼ਾਲੀ ਮੰਚ ਵਜੋਂ ਭੂਮਿਕਾ ਨਿਭਾ ਰਿਹਾ ਹੈ। ਇਸ ਵਰਕਸ਼ਾਪ ਵਿੱਚ ਮਾਤਾ ਗੁਜਰੀ ਕਾਲਜ ਤੋਂ ਇਲਾਵਾ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਤੋਂ ਪਹੁੰਚੇ ਅਧਿਆਪਕਾਂ ਨੇ ਵੀ ਭਾਗ ਲਿਆ।ਕਾਲਜ ਦੇ ਐੱਨ ਪੀ ਟੀ ਈ ਐੱਲ ਲੋਕਲ ਚੈਪਟਰ ਦੇ ਮੁੱਖ ਕੋਆਰਡੀਨੇਟਰ ਡਾ. ਜਗਦੀਸ਼ ਸਿੰਘ ਨੇ ਕਿਹਾ ਕਿ ਭਵਿੱਖ ਵਿੱਚ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਗਿਆਨ ਤੇ ਹੁਨਰ ਵਿੱਚ ਵਾਧਾ ਕਰਨ ਲਈ ਅਜਿਹੀਆਂ ਅਕਾਦਮਿਕ ਅਤੇ ਹੁਨਰ-ਵਿਕਾਸ ਗਤੀਵਿਧੀਆਂ ਜਾਰੀ ਰੱਖੀਆਂ ਜਾਣਗੀਆਂ। ਇਸ ਮੌਕੇ ਡਾ. ਰਾਜਿੰਦਰ ਪਾਲ ਨੇ ਵਰਕਸ਼ਾਪ ਦੀ ਸਫ਼ਲਤਾ ਲਈ ਸਹਿਯੋਗ ਦੇਣ ਵਾਲੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅਖੀਰ ਵਿੱਚ ਪ੍ਰੋ. ਸ਼ਾਮ ਬਾਂਸਲ ਨੇ ਮੁੱਖ ਬੁਲਾਰਿਆਂ, ਵੱਖ-ਵੱਖ ਸੰਸਥਾਵਾਂ ਤੋਂ ਪਹੁੰਚੇ ਅਧਿਆਪਕਾਂ, ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## 'ਕਿਡਜ਼ ਕਾਰਨੀਵਲ' ਦੇ ਨਾਂਅ 'ਤੇ ਵਸੂਲੀ ਨੂੰ ਲੈ ਕੇ ਮਾਪਿਆਂ 'ਚ ਭਾਰੀ ਰੋਸ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਇਲਾਕੇ ਦੇ ਇੱਕ ਅਦਾਰੇ ਵੱਲੋਂ ਬੱਚਿਆਂ ਤੋਂ 'ਕਿਡਜ਼ ਕਾਰਨੀਵਲ' ਦੇ ਨਾਂ 'ਤੇ 300 ਰੁਪਏ ਪ੍ਰਤੀ ਵਿਦਿਆਰਥੀ ਵਸੂਲਣ ਦਾ ਮਾਮਲਾ ਅੱਜਕੱਲ੍ਹ ਪੂਰੇ ਖੇਤਰ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਪ੍ਰਬੰਧਕਾਂ ਵੱਲੋਂ ਮਨੋਰੰਜਨ ਦੇ ਨਾਂ 'ਤੇ ਕੀਤੀ ਜਾ ਰਹੀ ਇਸ ਵਸੂਲੀ ਨੂੰ ਲੈ ਕੇ ਮਾਪਿਆਂ ਵਿੱਚ ਭਾਰੀ ਰੋਸ ਅਤੇ ਰੋਹ ਦੇਖਣ ਨੂੰ ਮਿਲ ਰਿਹਾ ਹੈ।ਇੱਕ ਪੀੜਤ ਮਾਪੇ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਇਸ ਈਵੈਂਟ ਦੇ ਨਾਂ 'ਤੇ ਪ੍ਰਬੰਧਕਾਂ ਵੱਲੋਂ ਬੱਚਿਆਂ ਨੂੰ ਸਿਰਫ਼ ਇੱਕ ਪਾਣੀ ਦੀ ਬੋਤਲ, ਇੱਕ ਫਰੂਟੀ ਤੇ ਇੱਕ ਪੈਟੀ ਹੀ ਦਿੱਤੀ ਜਾਂਦੀ ਹੈ।ਇਸ ਤੋਂ ਇਲਾਵਾ ਕੁਝ ਕੁ ਝੂਲਿਆਂ 'ਤੇ ਝੂਟੇ ਦਿਵਾ ਕੇ ਪ੍ਰੋਗਰਾਮ ਨੂੰ ਨਿਬੇੜ ਦਿੱਤਾ ਜਾਂਦਾ ਹੈ।ਮਾਪਿਆਂ ਅਨੁਸਾਰ ਅਜਿਹੇ ਸਾਧਾਰਨ ਇੰਤਜ਼ਾਮਾਂ ਬਦਲੇ ਮੋਟੀ ਰਕਮ ਵਸੂਲਣਾ ਬਿਲਕੁਲ ਵੀ ਤਰਕਸੰਗਤ ਨਹੀਂ ਜਾਪਦਾ ਤੇ ਇਹ ਸਿੱਧੇ ਤੌਰ 'ਤੇ ਮਾਪਿਆਂ ਦੀ ਜੇਬ 'ਤੇ ਡਾਕਾ ਮਾਰਨ ਦੇ ਬਰਾਬਰ ਹੈ।ਨਾਰਾਜ਼ ਮਾਪਿਆਂ ਦਾ ਕਹਿਣਾ ਹੈ ਕਿ ਜਦੋਂ ਅਦਾਰਾ ਸਾਰਾ ਸਾਲ ਹਰ ਮਹੀਨੇ ਮੋਟੀਆਂ ਫੀਸਾਂ ਤੇ ਹੋਰ ਫੰਡ ਵਸੂਲਦਾ ਹੈ, ਤਾਂ ਕੀ ਉਹ ਸਾਲ ਵਿੱਚ ਇੱਕ ਦਿਨ ਬੱਚਿਆਂ ਦੇ ਮਨੋਰੰਜਨ ਲਈ ਬਿਨਾਂ ਵਾਧੂ ਵਿੱਤੀ ਬੋਝ ਪਾਏ ਅਜਿਹਾ ਸਮਾਗਮ ਨਹੀਂ ਕਰਵਾ ਸਕਦਾ? ਇਲਾਕੇ ਦੇ ਸੂਝਵਾਨ ਲੋਕਾਂ ਤੇ ਮਾਪਿਆਂ ਨੇ ਮੰਗ ਕੀਤੀ ਹੈ ਕਿ ਨਿੱਜੀ ਸਕੂਲਾਂ ਵੱਲੋਂ ਅਜਿਹੇ ਵੱਖ-ਵੱਖ ਸਮਾਗਮਾਂ ਦੇ ਨਾਂ 'ਤੇ ਕੀਤੀ ਜਾਂਦੀ ਅਣ-ਅਧਿਕਾਰਤ ਉਗਰਾਹੀ 'ਤੇ ਤੁਰੰਤ ਰੋਕ ਲਗਾਈ ਜਾਵੇ, ਤਾਂ ਜੋ ਆਮ ਤੇ ਮੱਧਮ ਵਰਗੀ ਪਰਵਾਰਾਂ ਨੂੰ ਇਸ ਵਿੱਤੀ ਸ਼ੋਸ਼ਣ ਤੋਂ ਰਾਹਤ ਮਿਲ ਸਕੇ।

## ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਤੁਰੰਤ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ : ਆਗੂ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਸੂਬਾ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਾਂ ਇੱਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਤੁਰੰਤ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ ਤੇ ਇਸ ਦੀ ਰਿਪੋਰਟ 1 ਜਨਵਰੀ 2026 ਤੋਂ ਲਾਗੂ ਕੀਤੀ ਜਾਵੇ।ਇਸ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਪੰਜਾਬ ਵਿੱਚ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਆਪਣੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਦੀ ਸਧਾਈ ਲਈ ਸਾਲ 1968, 1978, 1986, 1996, 2006 ਅਤੇ ਸਾਲ 2016 ਵਿੱਚ ਕ੍ਰਮਵਾਰ ਪਹਿਲਾ ਦੂਜਾ, ਤੀਜਾ, ਚੌਥਾ, ਪੰਜਵਾਂ ਅਤੇ ਛੇਵਾਂ ਤਨਖਾਹ ਕਮਿਸ਼ਨ ਸਥਾਪਿਤ ਕਰਕੇ ਲਾਗੂ ਕੀਤੇ ਜਾ ਚੁੱਕੇ ਹਨ।ਇੱਕ ਪਾਸੇ ਕੇਂਦਰ ਸਰਕਾਰ ਵੱਲੋਂ ਆਪਣੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਤਨਖ਼ਾਹਾਂ ਅਤੇ ਪੈਨਸ਼ਨਾਂ ਦੀ ਮਿਤੀ 1 ਜਨਵਰੀ 2026 ਤੋਂ ਸੁਧਾਈ ਕਰਨ ਲਈ ਅੱਠਵੇਂ ਕੇਂਦਰੀ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਹੋਈ ਹੈ ਅਤੇ ਇਸ ਕਮਿਸ਼ਨ ਨੇ ਪਿਛਲੇ ਕਾਫੀ ਸਮੇਂ ਤੋਂ ਆਪਣਾ ਕੰਮ ਕਰਨਾ ਵੀ ਸ਼ੁਰੂ ਕੀਤਾ ਹੋਇਆ ਹੈ। ਦੂਸਰੇ ਪਾਸੇ ਪੰਜਾਬ ਦੀ ਹੁਕਮਰਾਨ ਭਗਵੰਤ ਮਾਨ ਸਰਕਾਰ ਆਪਣੇ ਸਾਢੇ ਚਾਰ ਸਾਲਾਂ ਦੇ ਰਾਜਭਾਗ ਦੌਰਾਨ ਹੁਣ ਤੱਕ ਮਿਤੀ 1 ਜਨਵਰੀ 2016 ਤੋਂ ਲਾਗੂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦਾ ਬਣਦਾ ਸਾਰਾ ਬਕਾਇਆ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਦੇਣ ਵਿੱਚ ਬੁਰੀ ਤਰ੍ਹਾਂ ਅਸਫਲ ਸਿੱਧ ਹੋਈ ਹੈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਤੁਰੰਤ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ ਅਤੇ ਇਸ ਦੀ ਰਿਪੋਰਟ ਮਿਤੀ 1 ਜਨਵਰੀ 2026 ਤੋਂ ਲਾਗੂ ਕੀਤੀ ਜਾਵੇ।

## ਡੈਮੋਕ੍ਰੇਟਿਕ ਟੀਚਰਜ਼ ਫਰੰਟ ਬਲਾਕ ਸਰਦੂਲਗੜ੍ਹ ਦੀ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਬਲਾਕ ਸਰਦੂਲਗੜ੍ਹ ਦੀ ਇੱਕ ਜ਼ਰੂਰੀ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਮੋਲਕ ਡੇਲੂਆਣਾ ਦੀ ਪ੍ਰਧਾਨਗੀ ਹੇਠ ਸੈਕੰਡਰੀ ਸਕੂਲ (ਲੜਕੇ) ਵਿਖੇ ਹੋਈ।ਮੀਟਿੰਗ ਦੇ ਸ਼ੁਰੂ 'ਚ ਜ਼ਿਲ੍ਹਾ ਸਕੱਤਰ ਹੰਸਾ ਸਿੰਘ ਨੇ ਸਾਰੇ ਸਾਥੀਆਂ ਨੂੰ ਜੀ ਆਇਆਂ ਕਿਹਾ ਤੇ ਬਲਾਕ ਕਮੇਟੀ ਦੀ ਚੋਣ ਪ੍ਰਕਿਰਿਆ ਸਬੰਧੀ ਵਿਸਥਾਰਪੂਰਵਕ ਰੂਪ 'ਚ ਕਾਰਵਾਈ ਸ਼ੁਰੂ ਕੀਤੀ ਗਈ।ਇਸ ਮੌਕੇ ਚੋਣ ਆਬਜ਼ਰਵਰ ਦੀ ਭੂਮਿਕਾ ਸੂਬਾ ਕਮੇਟੀ ਮੈਂਬਰ ਰਾਜ ਸਿੰਘ ਫੱਗੂ ਤੇ ਜਸਵੀਰ ਸਿੰਘ ਭੰਮਾ ਵੱਲੋਂ ਨਿਭਾਈ ਗਈ।ਚੋਣ ਦੌਰਾਨ ਹਰਵਿੰਦਰ ਸਿੰਘ ਮੋਹਲ ਨੂੰ ਸਰਬਸੰਮਤੀ ਨਾਲ ਬਲਾਕ ਪ੍ਰਧਾਨ ਤੇ ਈਸ਼ਵਰ ਦਾਸ ਖੈਰਾ ਨੂੰ ਬਲਾਕ ਸਕੱਤਰ ਚੁਣਿਆ ਗਿਆ।ਇਸ ਮੌਕੇ ਇਹ ਮਤਾ ਵੀ ਪਾਸ ਹੋਇਆ ਕਿ ਬਾਕੀ ਬਲਾਕ ਕਮੇਟੀ ਮੈਂਬਰ ਪਹਿਲਾਂ ਵਾਲੇ ਹੀ ਰਹਿਣਗੇ।ਇਸ ਮੌਕੇ ਸਾਬਕਾ ਅਧਿਆਪਕ ਆਗੂ ਓਮ ਪ੍ਰਕਾਸ਼ ਸਰਦੂਲਗੜ੍ਹ ਨੇ ਮੁਲਾਜ਼ਮਾਂ ਦੇ ਚੱਲ ਰਹੇ ਸੰਘਰਸ਼ ਬਾਰੇ ਜਾਣਕਾਰੀ ਦਿੱਤੀ।ਮੀਟਿੰਗ 'ਚ ਦਰਸ਼ਨ ਰੋੜੀ, ਜੀਤਾ ਰਾਮ, ਹੀਰਾ ਲਾਲ, ਬਲਜੀਤ ਸਿੰਘ, ਕਰਮਜੀਤ ਸਿੰਘ, ਪਰਵਿੰਦਰ ਸਿੰਘ ਸਰਦੂਲਗੜ੍ਹ, ਜਗਸੀਰ ਸਿੰਘ ਮੋਹਲ ਆਦਿ ਹਾਜ਼ਰ ਸਨ।

## ਦੋ ਸ਼ੈਲਰਾਂ 'ਚੋਂ ਅੱਠ ਕੁਇੰਟਲ ਤਾਂਬੇ ਦੀਆਂ ਤਾਰਾਂ ਚੋਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਨੇੜਲੇ ਪਿੰਡ ਲਖਨਪੁਰ ਨੇੜਲੇ ਦੋ ਸ਼ੈਲਰਾਂ ਚੋਂ ਮਹਿੰਗੇ ਮੁੱਲ ਦੀਆਂ ਤਾਂਬੇ ਦੀਆਂ ਤਾਰਾਂ ਚੋਰੀ ਹੋ ਜਾਣ ਦੇ ਕਥਿਤ ਮਾਮਲੇ ਵਿੱਚ ਖਮਾਣੋਂ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦੀ ਸੂਚਨਾ ਹੈ। ਜਾਣਕਾਰੀ ਅਨੁਸਾਰ ਰਾਜੇਸ਼ ਕੁਮਾਰ ਵਾਸੀ ਧੂਰੀ (ਸੰਗਰੂਰ) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਪਿੰਡ ਲਖਨਪੁਰ ਵਿਖੇ ਉਸ ਦੇ ਦਾਅਵਤ ਰਾਇਸ ਮਿੱਲ ਅਤੇ ਆਸ਼ਿਆਨਾ ਰਾਇਸ ਮਿੱਲ ਦੇ ਨਾਂਅ ਦੇ ਦੋ ਸ਼ੈਲਰ ਹਨ।ਜਿੱਥੇ ਬੀਤੀ 21-22 ਸਤੰਬਰ ਦੀ ਦਰਮਿਆਨੀ ਰਾਤ ਨੂੰ ਦਾਖਲ ਹੋਏ ਨਾਮਾਲੂਮ ਵਿਅਕਤੀਆਂ ਨੇ 40 ਮੋਟਰਾਂ ਦੀਆਂ ਤਾਂਬੇ ਦੀਆਂ ਤਾਰਾਂ ਜਿਨ੍ਹਾਂ ਦਾ ਵਜ਼ਨ ਕਰੀਬ ਅੱਠ ਕੁਇੰਟਲ ਸੀ, ਚੋਰੀ ਕਰ ਲਈਆਂ।

ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਖ਼ਿਲਾਫ਼ ਬੀ.ਐਨ.ਐਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਸਰਕਾਰ ਦਾ ਨਾਦਰਸ਼ਾਹੀ ਫਰਮਾਨ ਕਿਸਾਨਾਂ ਨੂੰ ਤਬਾਹ ਕਰ ਦੇਵੇਗਾ : ਆਗੂ



**ਦੋਰਾਹਾ (ਹਰਮਿੰਦਰ ਸੇਠ)**-ਕੇਂਦਰ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਮੌਸਮੀ ਤਬਦੀਲੀ ਵਿਭਾਗ ਵੱਲੋਂ ਕਮਿਸ਼ਨ ਫਾਰ ਏਅਰ ਕੁਆਲਟੀ ਰਾਹੀਂ ਜਾਰੀ ਕੀਤੇ ਗਏ ਨਾਦਰਸ਼ਾਹੀ ਫ਼ੁਰਮਾਨ ਬਾਰੇ ਆਲ ਇੰਡੀਆ ਕਿਸਾਨ ਸਭਾ-1936 ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਜਸਵੀਰ ਝੱਜ, ਜਨਰਲ ਸਕੱਤਰ ਚਮਕੌਰ ਸਿੰਘ ਬਰ੍ਹਮੀ, ਡਾਕਟਰ ਰਜਿੰਦਰਪਾਲ ਸਿੰਘ ਔਲਖ ਤੇ ਡਾਕਟਰ ਗੁਲਜ਼ਾਰ ਸਿੰਘ ਪੰਧੇਰ (ਦੋਵੇਂ ਜਥੇਬੰਦੀ ਖੇਤੀ ਵਿਗਿਆਨੀ) ਨੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ 'ਵਾਤਾਵਰਣ ਮੁਆਵਜ਼ੇ ਦੀ ਉਗਰਾਹੀ (ਇਕੱਠਾ ਕਰਨ) ਤੇ ਵਰਤੋਂ ਦੇ ਖਰੜਾ ਨਿਯਮ 2026', ਇਨ੍ਹਾਂ ਪ੍ਰਸਤਾਵਤ ਨਿਯਮਾਂ ਤਹਿਤ ਪਰਾਲ਼ੀ ਸਾੜਨ ਵਾਲੇ ਕਿਸਾਨਾਂ ਨੂੰ ਕਈ ਪੱਖਾਂ ਤੋਂ ਸਜ਼ਾ ਦੇਣ ਦੀ ਤਜਵੀਜ਼ ਹੈ।

ਦੋ ਏਕੜ ਤੋਂ ਘੱਟ ਮਾਲਕੀ ਵਾਲ਼ੇ ਕਿਸਾਨ ਨੂੰ ਝੋਨੇ ਦੀ ਕਟਾਈ ਉਪਰੰਤ ਪਰਾਲ਼ੀ ਨੂੰ ਅੱਗ ਲਾ ਕੇ ਸਾੜਨ ਦੀ, 'ਇੱਕ ਘਟਨਾ' ਲਈ 5 ਹਜ਼ਾਰ ਰੁਪਏ, ਦੋ ਤੋਂ ਪੰਜ ਏਕੜ ਮਾਲਕੀ ਵਾਲ਼ੇ ਕਿਸਾਨ ਨੂੰ 10 ਹਜ਼ਾਰ ਰੁਪਏ ਤੇ ਪੰਜ ਏਕੜ ਤੋਂ ਉੱਪਰ ਵਾਲੇ ਕਿਸਾਨ ਨੂੰ 30000 ਹਜ਼ਾਰ ਰੁਪਏ ਤੱਕ ਜੁਰਮਾਨਾ ਕਰਨ ਦਾ ਸਰਕਾਰ ਵੱਲੋਂ ਪ੍ਰਸਤਾਵ ਹੈ।ਇਹ ਪਹਿਲੀ ਵਾਰ ਉਲੰਘਣਾ ਕਰਨ 'ਤੇ ਹੋਏਗਾ, ਜੇ ਕੋਈ ਦੁਬਾਰਾ ਉਲੰਘਣਾ ਕਰਦਾ ਹੈ, ਤਾਂ ਦੁਬਾਰਾ ਵੀ ਇਸੇ ਤਰਜ਼ 'ਤੇ ਹਿਸਾਬ ਨਾਲ਼ ਹੀ ਕਿਸਾਨ ਪਾਸੋਂ ਜੁਰਮਾਨਾ ਵਸੂਲਿਆ ਜਾਵੇਗਾ।ਇਹ ਜੁਰਮਾਨਾ ਅਦਾ ਕਰਨ ਲਈ ਕੇਵਲ 15 ਦਿਨ ਦੀ ਮੋਹਲਤ ਹੀ ਦਿੱਤੀ ਗਈ ਹੈ।ਇਸ ਤੋਂ ਇਲਾਵਾ ਉਸ ਦੇ ਮਾਲ ਵਿਭਾਗ ਵਿੱਚ ਦਰਜ ਰਿਕਾਰਡ ਵਿੱਚ ਵੀ ਲਾਲ ਇੰਦਰਾਜ ਕੀਤਾ ਜਾਵੇਗਾ, ਜਿਸ ਕਾਰਨ ਕਿਸਾਨ ਸਰਕਾਰੀ ਸਬਸਿਡੀਆਂ ਤੋਂ ਵਾਂਝਾ ਹੋ ਜਾਵੇਗਾ।ਹੋਰ ਤਾਂ ਹੋਰ ਉਸ ਦੁਆਰਾ ਪੈਦਾ ਕੀਤੀ ਖੇਤੀ ਜਿਣਸ ਨੂੰ ਘੱਟੋ ਘੱਟ ਸਮੱਰਥਨ ਮੁੱਲ (ਐਮ.ਐਸ.ਪੀ.) ਉੱਤੇ ਵੀ ਵੇਚ ਸਕਣ 'ਤੇ ਪਾਬੰਦੀ ਹੋਵੇਗੀ। ਆਗੂਆਂ ਨੇ ਕਿਹਾ ਕਿ ਇਹ ਕਿਸਾਨਾਂ ਨਾਲ਼ ਸਿੱਧਾ ਧੱਕਾ ਹੈ, ਇਸ ਨਾਲ਼ ਛੋਟੇ ਤੇ ਦਰਮਿਆਨੇ ਕਿਸਾਨਾਂ ਤੇ ਬਹੁਤ ਮਾੜਾ ਅਸਰ ਪਵੇਗਾ।ਸਰਕਾਰ ਨੂੰ ਚਾਹੀਦਾ ਹੈ ਕਿ ਹਰ ਪਿੰਡ ਪੱਧਰ 'ਤੇ ਕਿਸਾਨਾਂ ਨੂੰ ਪਰਾਲ਼ੀ ਸਾਂਭਣ ਉੱਤੇ ਹੋਣ ਵਾਲ਼ੇ ਕਿਸਾਨਾਂ ਦੇ ਖ਼ਰਚੇ ਦੀ ਪ੍ਰਤੀ ਏਕੜ ਸਹਾਇਤਾ ਰਾਸ਼ੀ ਪਰਦਾਨ ਕਰਕੇ ਭਰਪਾਈ ਕੀਤੀ ਜਾਵੇ, ਨਾ ਕਿ ਉਨ੍ਹਾਂ ਉੱਤੇ ਨਵੇਂ ਨਵੇਂ ਕਿਸਾਨ ਵਿਰੋਧੀ ਨੂੰਨ ਥੋਪ ਕੇ ਉਨ੍ਹਾਂ ਦਾ ਘਾਣ ਕੀਤਾ ਜਾਵੇ। ਉਨ੍ਹਾਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਸ ਕਿਸਮ ਦਾ ਜਿਹੜਾ ਇਹ ਨਿਯਮ ਸਰਕਾਰ ਲੈ ਕੇ ਆ ਰਹੀ ਹੈ, ਉਸ ਨੂੰ ਵਾਪਸ ਕੀਤਾ ਜਾਏ।

## ਜ਼ਿਲ੍ਹਾ ਪ੍ਰੈੱਸ ਕਲੱਬ ਦੇ ਪ੍ਰਧਾਨ ਅਮਿਤ ਸ਼ਰਮਾ ਤੇ ਸਕੱਤਰ ਐਲਿਗਜੈਂਡਰ ਡਿਸੂਜ਼ਾ ਦਾ ਮਨਾਇਆ ਜਨਮ ਦਿਨ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਪ੍ਰੈੱਸ ਕਲੱਬ ਫਰੀਦਕੋਟ (ਪ੍ਰਿੰਟ ਮੀਡੀਆ) ਦੇ ਪ੍ਰਧਾਨ ਅਮਿਤ ਸ਼ਰਮਾ (ਦੈਨਿਕ ਸਵੇਰਾ) ਅਤੇ ਸਕੱਤਰ ਐਲਿਗਜੈਂਡਰ ਡਿਸੂਜ਼ਾ (ਨਵਾਂ ਜ਼ਮਾਨਾ) ਦਾ ਜਨਮ ਦਿਨ ਸਥਾਨਕ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫਰੀਦਕੋਟ ਵਿਖੇ 25 ਸਤੰਬਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਮੋਹਨ ਅਤੇ ਉੱਘੇ ਸਮਾਜ ਸੇਵੀ ਪ੍ਰਵੀਨ ਕਾਲਾ ਦੀ ਯੋਗ ਅਗਵਾਈ ਹੇਠ ਸੰਪੰਨ ਹੋਇਆ।ਸਮਾਗਮ ਦੀ ਸ਼ੁਰੂਆਤ ਕੇਕ ਕੱਟ ਕੇ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਕਾਲਜ ਦੇ ਪ੍ਰੋਫ਼ੈਸਰਾਂ ਨੇ ਸ਼ਿਰਕਤ ਕੀਤੀ।ਹਾਜ਼ਰ ਸ਼ਖ਼ਸੀਅਤਾਂ ਨੇ ਅਮਿਤ ਸ਼ਰਮਾ ਅਤੇ ਐਲਿਗਜੈਂਡਰ ਡਿਸੂਜ਼ਾ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ ਅਤੇ ਲੰਮੀ ਉਮਰ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਦੌਰਾਨ ਪ੍ਰੈੱਸ ਕਲੱਬ ਮੈਂਬਰਾਂ ਅਤੇ ਕਾਲਜ ਸਟਾਫ਼ ਨੇ ਚਾਹ ਦਾ ਕੱਪ ਸਾਂਝਾ ਕਰਦਿਆਂ ਖ਼ੁਸ਼ੀ ਦਾ ਇਜ਼ਹਾਰ ਕੀਤਾ।ਇਸ ਮੌਕੇ ਹਰਮਿੰਦਰ ਮਿੰਦਾ, ਲੁਕਿੰਦਰ ਸ਼ਰਮਾ, ਰਵੀ ਬਾਂਸਲ, ਮਨਪ੍ਰੀਤ ਸੰਧੂ, ਗੁਰਪ੍ਰੀਤ ਪੱਕਾ, ਪ੍ਰੋ. ਬੀਰਇੰਦਰਜੀਤ ਸਿੰਘ ਸਰਾਂ, ਸਤੀਸ਼ ਬਾਗੀ, ਪਰਵਿੰਦਰ ਅਰੋੜਾ, ਜਤਿੰਦਰ ਜੈਤੋ, ਕੇ.ਪੀ. ਸਿੰਘ ਸਰਾਂ, ਪ੍ਰੋ. ਰਣਜੀਤ ਸਿੰਘ, ਪ੍ਰੋ. ਸੰਦੀਪ ਸਿੰਘ ਅਤੇ ਪ੍ਰੇਮ ਪਾਸੀ ਸਮੇਤ ਕਲੱਬ ਦੇ ਹੋਰ ਮੈਂਬਰ ਅਤੇ ਕਾਲਜ ਦੇ ਪਤਵੰਤੇ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਅਮਿਤ ਸ਼ਰਮਾ ਅਤੇ ਐਲਿਗਜੈਂਡਰ ਡਿਸੂਜ਼ਾ ਨੇ ਜਨਮ ਦਿਨ ਸਮਾਰੋਹ ਵਿੱਚ ਪਹੁੰਚੇ ਸਮੂਹ ਦੋਸਤਾਂ, ਪੱਤਰਕਾਰ ਭਾਈਚਾਰੇ ਅਤੇ ਕਾਲਜ ਪਰਿਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸਫਾਈ ਯੂਨੀਅਨ ਦੀ ਨਵੀਂ ਕਮੇਟੀ ਦਾ ਸਰਬਸੰਮਤੀ ਨਾਲ ਗਠਨ



**ਭਵਾਨੀਗੜ੍ਹ (ਰਾਜ ਪ੍ਰਧਾਨ)**-ਨਗਰ ਕੌਂਸਲ ਭਵਾਨੀਗੜ੍ਹ ਦੀ ਸਫਾਈ ਯੂਨੀਅਨ ਦੇ ਮਜ਼ਦੂਰਾਂ ਦੀ ਇਕ ਅਹਿਮ ਮੀਟਿੰਗ ਸਰਪ੍ਰਸਤ ਤੇ ਪ੍ਰਧਾਨ ਕਾਕਾ ਸਿੰਘ ਦੀ ਅਗਵਾਈ ਹੇਠ ਹੋਈ।ਇਸ ਮੌਕੇ ਯੂਨੀਅਨ ਦੀ ਨਵੀਂ ਕਮੇਟੀ ਦਾ ਗਠਨ ਸਾਰੇ ਮੈਂਬਰਾਂ ਦੀ ਸਰਬਸੰਮਤੀ ਨਾਲ ਕੀਤਾ ਗਿਆ।ਮੀਟਿੰਗ ਦੌਰਾਨ ਬੀਬੀ ਮਨਜੀਤ ਕੌਰ ਨੂੰ ਯੂਨੀਅਨ ਦਾ ਪ੍ਰਧਾਨ ਤੇ ਚਰਨਜੀਤ ਕੌਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਬੀਰਬਲ ਸਿੰਘ ਨੂੰ ਚੇਅਰਮੈਨ, ਹਰੀਕਿਸ਼ਨ ਸਿੰਘ ਨੂੰ ਜਨਰਲ ਸਕੱਤਰ, ਰਾਣੀ ਕੌਰ ਨੂੰ ਖਜ਼ਾਨਚੀ, ਜਸਵੀਰ ਸਿੰਘ ਨੂੰ ਸਲਾਹਕਾਰ, ਗੁਰਸੇਵਕ ਸਿੰਘ ਨੂੰ ਪ੍ਰੈੱਸ ਸਕੱਤਰ ਤੇ ਕਿਸ਼ਨ ਸਿੰਘ ਨੂੰ ਮੁੱਖ ਸਲਾਹਕਾਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਯੂਨੀਅਨ ਦੇ ਮੈਂਬਰਾਂ ਵੱਲੋਂ ਚੁਣੀ ਗਈ ਕਮੇਟੀ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਗਈ ਕਿ ਨਵੀਂ ਟੀਮ ਸਫਾਈ ਸੇਵਕਾਂ ਤੇ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਨੂੰ ਸਾਂਝੇ ਤੌਰ 'ਤੇ ਉਠਾਉਂਦਿਆਂ ਉਨ੍ਹਾਂ ਦੇ ਹੱਕਾਂ ਲਈ ਯਤਨਸ਼ੀਲ ਰਹੇਗੀ।ਅੰਤ ਵਿੱਚ ਯੂਨੀਅਨ ਆਗੂਆਂ ਨੇ ਨਵੀਂ ਕਮੇਟੀ ਦੀ ਚੋਣ ਵਿੱਚ ਸਹਿਯੋਗ ਦੇਣ ਤੇ ਸਰਬਸੰਮਤੀ ਨਾਲ ਜ਼ਿੰਮੇਵਾਰੀਆਂ ਸੌਂਪਣ ਲਈ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

## ਕਾਲਜਾਂ 'ਚ ਬੂਟੇ ਲਗਾਉਣੇ ਸ਼ਲਾਘਾਯੋਗ ਉਪਰਾਲਾ : ਡੀ ਐੱਸ ਪੀ ਬਰਾੜ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਸ ਵੱਲੋਂ ਵਾਤਾਵਰਣ ਦੀ ਸੰਭਾਲ ਤੇ ਹਰਿਆਲੀ ਨੂੰ ਉਤਸ਼ਾਹਤ ਕਰਨ ਦੇ ਮੰਤਵ ਨਾਲ ਇਸ ਵਰਖਾ ਰੁੱਤ 'ਬਣੋ ਰੁੱਖ ਮਿੱਤਰ' ਮੁਹਿੰਮ ਤਹਿਤ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਗਰਲਜ਼ ਕਾਲਜ ਕਰਹਾਲੀ ਸਾਹਿਬ ਵਿਖੇ ਫਲਦਾਰ ਬੂਟੇ ਲਗਾਉਣ ਦਾ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਹ ਪ੍ਰੋਗਰਾਮ ਕਾਲਜ ਦੇ ਐੱਨ ਐੱਸ ਐੱਸ ਵਿੰਗ, ਰੈੱਡ ਰਿਬਨ ਕਲੱਬ ਤੇ ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਡੀ ਐੱਸ ਪੀ ਸਮਾਣਾ ਫਤਿਹ ਸਿੰਘ ਬਰਾੜ ਤੇ ਕਾਲਜ ਦੀ ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਸ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ ਕੀਤੀ ਗਈ।ਪ੍ਰੋਗਰਾਮ ਦਾ ਉਦਘਾਟਨ ਐਡਵੋਕੇਟ ਅਸ਼ਵਨੀ ਸਿੰਗਲਾ ਦਿਆਲਗੜ੍ਹ ਸਮਾਣਾ ਵੱਲੋਂ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਡੀ ਐੱਸ ਪੀ ਫਤਿਹ ਸਿੰਘ ਬਰਾੜ ਨੇ ਕਿਹਾ ਕਿ ਪਟਿਆਲਾ ਪੁਲਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਰਾਹੀਂ ਨਾ ਸਿਰਫ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ, ਸਗੋਂ ਸਮਾਜਿਕ ਜਾਗਰੂਕਤਾ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਵਾਤਾਵਰਣ ਦੀ ਸੁਰੱਖਿਆ ਦੋਵੇਂ ਇੱਕ ਦੂਜੇ ਨਾਲ ਜੁੜੇ ਹੋਏ ਹਨ। ਜੇਕਰ ਸਾਡਾ ਵਾਤਾਵਰਣ ਸ਼ੁੱਧ ਹੋਵੇਗਾ ਤਾਂ ਸਾਡੀ ਸੋਚ ਵੀ ਸ਼ੁੱਧ ਹੋਵੇਗੀ।ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਨੂੰ ਸਹੀ ਸੇਧ ਦੇਣ।ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਕਿਹਾ ਕਿ ਸਾਡੇ ਕਾਲਜ ਲਈ ਇਹ ਮਾਣ ਵਾਲੀ ਗੱਲ ਹੈ ਕਿ ਪਟਿਆਲਾ ਪੁਲਸ ਦੇ ਸਹਿਯੋਗ ਨਾਲ ਅਜਿਹਾ ਉਪਰਾਲਾ ਕੀਤਾ ਗਿਆ ਹੈ।ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਸੁਖਜਿੰਦਰ ਸਿੰਘ ਬਾਜਵਾ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਤੇ ਵਾਤਾਵਰਣ ਸੰਭਾਲ ਨਾਲ ਜੁੜਨ ਦਾ ਸੱਦਾ ਦਿੱਤਾ।ਇਸ ਮੌਕੇ ਕਾਲਜ ਤੇ ਆਲ਼ੇ ਦੁਆਲ਼ੇ ਫ਼ਲਦਾਰ ਤੇ ਛਾਂਦਾਰ ਬੂਟੇ ਲਗਾਏ ਗਏ।

## ਕਾਰ ਦੀ ਲਪੇਟ 'ਚ ਆਉਣ ਕਾਰਨ ਵਿਅਕਤੀ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਪਟਿਆਲਾ ਰੋਡ 'ਤੇ ਸਥਿਤ ਪਿੰਡ ਖਰੌੜਾ ਵਿਖੇ ਵਾਪਰੇ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਹਰਬੰਸ ਸਿੰਘ (71) ਵਾਸੀ ਜੁਲਕਾਂ (ਪਟਿਆਲਾ) ਆਪਣੇ ਪੁੱਤਰ ਅਤੇ ਭਤੀਜੇ ਸਮੇਤ ਖਰੌੜਾ ਦੇ ਇੱਕ ਬੈਂਕ ਵਿੱਚ ਲੋਨ ਸਬੰਧੀ ਕਿਸੇ ਨੂੰ ਮਿਲਣ ਲਈ ਆਇਆ ਸੀ।ਦੁਪਹਿਰ ਸਮੇਂ ਕਰੀਬ ਡੇਢ ਵਜੇ ਉਹ ਜਦੋਂ ਬੈਂਕ ਚੋਂ ਨਿਕਲ ਕੇ ਚਾਹ ਪੀਣ ਲਈ ਮੁੱਖ ਸੜਕ ਪਾਰ ਕਰ ਰਹੇ ਸਨ ਤਾਂ ਸਰਹਿੰਦ ਸਾਈਡ ਤੋਂ ਆ ਰਹੀ ਇੱਕ ਇਨੋਵਾ ਕਾਰ ਨੇ ਹਰਬੰਸ ਸਿੰਘ ਨੂੰ ਟੱਕਰ ਮਾਰ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਜਿਸ ਕਾਰਨ ਉਸ ਦੀ ਮੌਤ ਹੋ ਗਈ।ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੂਲੇਪੁਰ ਦੇ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਲੜਕੇ ਦੇ ਬਿਆਨਾਂ 'ਤੇ ਇਨੋਵਾ ਕਾਰ ਦੇ ਕਥਿਤ ਡਰਾਈਵਰ ਜਸ਼ਨਜੋਤ ਸਿੰਘ ਵਾਸੀ ਪਿੰਡ ਰੱਖੜਾ (ਪਟਿਆਲਾ) ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ 'ਚ ਮਨਾਇਆ ਫਾਰਮੇਸੀ ਦਿਵਸ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਈਟਿਡ ਗਰੁੱਪ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ਼ ਆਫ਼ ਫਾਰਮੈਸੀ ਦੇ ਪ੍ਰਿੰਸੀਪਲ ਮੁਨੀਸ਼ ਜੋਸ਼ੀ ਦੀ ਯੋਗ ਅਗਵਾਈ ਵਿੱਚ ਫਾਰਮੇਸੀ ਦਿਵਸ ਮਨਾਇਆ ਗਿਆ। ਇਸ ਵਿੱਚ ਫਾਰਮੇਸੀ ਦੇ ਵਿਦਿਆਰਥੀਆਂ ਦੇ ਵੱਖ ਵੱਖ ਪੋਸਟਰ ਮੁਕਾਬਲੇ ਕਰਵਾਏ ਗਏ।ਇਸ ਮੌਕੇ ਪ੍ਰਿੰਸੀਪਲ ਮੁਨੀਸ਼ ਜੋਸ਼ੀ ਨੇ ਵਿਦਿਆਰਥੀਆਂ ਨੂੰ ਫਾਰਮੇਸੀ ਵਿੱਚ ਆਪਣਾ ਚੰਗਾ ਭਵਿੱਖ ਬਣਾਉਣ ਦੀ ਸਲਾਹ ਦਿੱਤੀ ਤੇ ਵਿਦਿਆਰਥੀਆਂ ਨੂੰ ਦਵਾਈਆਂ ਬਣਾਉਣ ਦੀ ਵਿਧੀ, ਉਨ੍ਹਾਂ ਦੀ ਟੈਸਟਿੰਗ ਅਤੇ ਪ੍ਰਯੋਗ ਕਰਨ ਦਾ ਸੌਖਾ ਅਤੇ ਨਿਵੇਕਲਾ ਤਰੀਕਾ ਵੀ ਦੱਸਿਆ।ਇਸ ਮੌਕੇ ਵਧੀਆ ਪ੍ਰਦਰਸ਼ਨ ਵਾਲੇ ਵਿਦਿਆਰਥੀਆਂ ਨੂੰ ਟ੍ਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸਿਪਲ ਡਾ. ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਵਾਇਸ ਪ੍ਰਿੰਸੀਪਲ ਮਨਜਿੰਦਰ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ਼ ਆਫ਼ ਫਾਰਮੈਸੀ ਦੇ ਲੈਕਚਰਾਰ ਲਵਪ੍ਰੀਤ ਸਿੰਘ, ਜਸਮੀਨ ਕੌਰ ਦੇਸ਼ ਭਗਤ ਕੈਂਪਸ ਦੇ ਸੁਪ੍ਰਿੰਟੈਂਡੈਂਟ ਮੇਜਰ ਸਿੰਘ, ਅਕਾਊਂਟੈਂਟ ਨਵਦੀਪ ਸਿੰਘ, ਸੁਪਰਵਾਈਜਰ ਦਿਲਬਾਗ ਸਿੰਘ ਅਤੇ ਹੋਰ ਸਮੂਹ ਸਟਾਫ਼ ਮੈਂਬਰ ਮੌਜੂਦ ਸਨ। ਇਸ ਮੌਕੇ ਦੇਸ਼ ਭਗਤ ਕੈਂਪਸ ਦੇ ਸਮੂਹ ਸਟਾਫ਼ ਨੇ ਆਏ ਹੋਏ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਅਰੋਗਿਆ ਭਾਰਤੀ ਦਾ ਵਿਸ਼ੇਸ਼ ਉੱਦਮ : ਘਰ-ਘਰ ਰਸੋਈ ਬਗੀਚੀ ਲਗਾ ਕੇ ਨਰੋਆ ਪੰਜਾਬ ਸਿਰਜਣ ਦਾ ਹੋਕਾ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਅਰੋਗਿਆ ਭਾਰਤੀ ਪੰਜਾਬ ਵੱਲੋਂ ਜਗ੍ਹਾ ਘੱਟ ਰੱਖ-ਰਖਾਵ ਵਿੱਚ ਪਰਿਵਾਰ ਦੀ ਸਿਹਤ ਤੇ ਸੁਰੱਖਿਆ ਲਈ ਘਰ ਵਿੱਚ ਹੀ ਰਸੋਈ ਬਗੀਚਾ ਤਿਆਰ ਕਰਨ ਦਾ ਇੱਕ ਵਿਸ਼ੇਸ਼ ਸੁਨੇਹਾ ਘਰ ਘਰ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।ਅਰੋਗਿਆ ਭਾਰਤੀ ਪੰਜਾਬ ਦੇ ਪ੍ਰਧਾਨ, ਐਮ ਡੀ ਮੈਡੀਸਨ, ਡੀ ਐਨ ਬੀ ਕੰਸਲਟੈਂਟ ਅਤੇ ਸਾਬਕਾ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਨੇ ਲੋਕ ਹਿੱਤ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਘਰ ਵਿੱਚ ਉਗਾਏ ਸ਼ੁੱਧ ਅਤੇ ਰਸਾਇਣ ਮੁਕਤ ਪੌਦੇ ਪਰਿਵਾਰ ਨੂੰ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਾਉਂਦੇ ਹਨ।ਉਨ੍ਹਾਂ ਨੇ ਘਰ ਦੀ ਰਸੋਈ ਬਗੀਚੀ ਵਿੱਚ ਉਗਾਉਣ ਲਈ 10 ਮਹੱਤਵਪੂਰਨ ਔਸ਼ਧੀ ਪੌਦਿਆਂ ਅਤੇ ਉਨ੍ਹਾਂ ਦੀ ਬਿਜਾਈ ਦੇ ਢੁਕਵੇਂ ਸਮੇਂ ਬਾਰੇ ਜਾਣਕਾਰੀ ਦਿੱਤੀ। ਤੁਲਸੀ ਇਮਿਊਨਿਟੀ ਵਧਾਉਂਦੀ ਹੈ, ਜ਼ੁਕਾਮ-ਖੰਘ ਵਿੱਚ ਫਾਇਦੇਮੰਦ ਅਤੇ ਹਵਾ ਨੂੰ ਸ਼ੁੱਧ ਕਰਦੀ ਹੈ, (ਬਿਜਾਈ: ਫਰਵਰੀ-ਅਪ੍ਰੈਲ ਅਤੇ ਜੁਲਾਈ-ਅਗਸਤ)।ਪੁਦੀਨਾ ਪਾਚਨ ਕਿਰਿਆ ਸੁਧਾਰਦਾ ਹੈ, ਗੈਸ ਤੇ ਬਦਹਜ਼ਮੀ ਤੋਂ ਰਾਹਤ ਦਿੰਦਾ ਹੈ, (ਬਿਜਾਈ: ਫਰਵਰੀ-ਅਪ੍ਰੈਲ ਅਤੇ ਅਗਸਤ-ਸਤੰਬਰ)। ਐਲੋਵੇਰਾ/ਘ੍ਰਿਤਕੁਮਾਰੀ: ਚਮੜੀ, ਵਾਲਾਂ ਅਤੇ ਜਲਣ/ਜ਼ਖ਼ਮਾਂ ਲਈ ਲਾਭਕਾਰੀ, (ਲਾਉਣ ਦਾ ਸਮਾਂ: ਫਰਵਰੀ-ਅਪ੍ਰੈਲ)।ਲੈਮਨਗ੍ਰਾਸ ਊਰਜਾ ਵਧਾਉਂਦਾ ਹੈ, ਮੱਛਰਾਂ ਨੂੰ ਦੂਰ ਰੱਖਦਾ ਹੈ ਅਤੇ ਚਾਹ/ਸੂਪ ਵਿੱਚ ਵਰਤਿਆ ਜਾਂਦਾ ਹੈ, (ਬਿਜਾਈ: ਫਰਵਰੀ-ਅਪ੍ਰੈਲ ਅਤੇ ਅਗਸਤ-ਸਤੰਬਰ)।ਕੜ੍ਹੀ ਪੱਤਾ ਬਲੱਡ ਸ਼ੂਗਰ ਕੰਟਰੋਲ ਕਰਨ, ਪਾਚਨ ਅਤੇ ਵਾਲਾਂ ਲਈ ਚੰਗਾ, (ਬਿਜਾਈ: ਫਰਵਰੀ-ਅਪ੍ਰੈਲ ਅਤੇ ਜੁਲਾਈ-ਅਗਸਤ)।ਧਨੀਆ ਸਰੀਰ ਨੂੰ ਠੰਢਕ ਦਿੰਦਾ ਹੈ ਅਤੇ ਬਲੱਡ ਸ਼ੂਗਰ ਕੰਟਰੋਲ ਕਰਦਾ ਹੈ, (ਬਿਜਾਈ: ਅਕਤੂਬਰ-ਦਸੰਬਰ ਅਤੇ ਫਰਵਰੀ-ਮਾਰਚ)।ਮੇਥੀ ਸ਼ੂਗਰ, ਪਾਚਨ ਅਤੇ ਚਮੜੀ ਲਈ ਗੁਣਕਾਰੀ, ਘੱਟ ਸਮੇਂ ਵਿੱਚ ਤਿਆਰ, (ਬਿਜਾਈ: ਅਕਤੂਬਰ-ਦਸੰਬਰ ਅਤੇ ਫਰਵਰੀ-ਮਾਰਚ)।ਅਜਵਾਇਣ/ਸੈਲਰੀ ਪੇਟ ਦਰਦ, ਖੰਘ, ਜ਼ੁਕਾਮ ਅਤੇ ਸਾਹ ਦੀ ਸਮੱਸਿਆ ਤੋਂ ਰਾਹਤ, (ਬਿਜਾਈ: ਫਰਵਰੀ-ਅਪ੍ਰੈਲ ਅਤੇ ਅਗਸਤ-ਸਤੰਬਰ)।ਅਦਰਕ ਸੋਜ ਘਟਾਉਂਦਾ ਹੈ, ਪਾਚਨ ਤੇ ਜ਼ੁਕਾਮ ਲਈ ਬਿਹਤਰੀਨ, (ਬਿਜਾਈ: ਜਨਵਰੀ-ਮਾਰਚ)।ਹਲਦੀ ਇਮਿਊਨਿਟੀ ਵਧਾਉਣ, ਸੋਜ/ਦਰਦ ਘਟਾਉਣ ਅਤੇ ਚਮੜੀ ਲਈ ਉੱਤਮ, (ਬਿਜਾਈ: ਜਨਵਰੀ-ਮਾਰਚ)।ਡਾ. ਕੱਕੜ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਛੋਟਾ ਬਾਗ, ਵੱਡੀ ਖੁਸ਼ੀ ਦੇ ਸੰਕਲਪ ਨਾਲ ਆਓ ਆਪਣੇ ਘਰਾਂ ਵਿੱਚ ਇਹ ਔਸ਼ਧੀ ਪੌਦੇ ਉਗਾਈਏ, ਤਾਜ਼ਾ ਅਤੇ ਆਰਗੈਨਿਕ ਖਾਈਏ ਅਤੇ ਆਪਣੇ ਪਰਿਵਾਰ ਦੇ ਨਾਲ-ਨਾਲ ਇੱਕ ਨਰੋਏ ਤੇ ਸਿਹਤਮੰਦ ਪੰਜਾਬ ਦਾ ਸਿਰਜਣ ਕਰੀਏ।

## ਥਾਣਾ ਸਦਰ ਮਲੋਟ ਤੇ ਕਬਰਵਾਲਾ ਦੇ ਐੱਸ ਐੱਚ ਓ ਬਦਲੇ



**ਮਲੋਟ (ਰਜਿੰਦਰ ਜੁਨੇਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਪ੍ਰਸ਼ਾਸਨ ਵੱਲੋਂ ਕਾਨੂੰਨ ਵਿਵਸਥਾ ਨੂੰ ਹੋਰ ਸੁਚਾਰੂ ਬਣਾਉਣ ਦੇ ਮੱਦੇਨਜ਼ਰ ਕਈ ਥਾਣਾ ਮੁਖੀਆਂ ਦੀ ਅਦਲਾ-ਬਦਲੀ ਕੀਤੀ ਗਈ ਹੈ।ਜਾਰੀ ਹੁਕਮਾਂ ਅਨੁਸਾਰ ਥਾਣਾ ਸਦਰ ਮਲੋਟ ਦੇ ਐੱਸ ਐੱਚ ਓ ਇੰਸਪੈਕਟਰ ਵਰੁਣ ਯਾਦਵ ਦਾ ਤਬਾਦਲਾ ਕਰਕੇ ਉਨ੍ਹਾਂ ਨੂੰ ਥਾਣਾ ਕਬਰਵਾਲਾ ਦਾ ਨਵਾਂ ਮੁਖੀ ਨਿਯੁਕਤ ਕੀਤਾ ਗਿਆ ਹੈ। ਦੂਜੇ ਪਾਸੇ, ਥਾਣਾ ਲੱਖੇਵਾਲੀ ਤੋਂ ਇੰਸਪੈਕਟਰ ਮਲਕੀਤ ਸਿੰਘ ਨੂੰ ਬਦਲ ਕੇ ਥਾਣਾ ਸਦਰ ਮਲੋਟ ਵਿਖੇ ਨਵਾਂ ਐੱਸ.ਐੱਚ.ਓ. ਤਾਇਨਾਤ ਕੀਤਾ ਗਿਆ ਹੈ।ਦੋਵਾਂ ਅਧਿਕਾਰੀਆਂ ਨੂੰ ਜਲਦ ਆਪਣਾ ਨਵਾਂ ਅਹੁਦਾ ਸੰਭਾਲਣ ਦੇ ਨਿਰਦੇਸ਼ ਦਿੱਤੇ ਗਏ ਹਨ।

## ਸਵਰਨਕਾਰ ਤੇ ਜਵੈਲਰ ਐਸੋਸੀਏਸ਼ਨ ਦੇ ਵਫਦ ਵੱਲੋਂ ਐੱਸ ਐੱਸ ਪੀ ਨਾਲ ਮੁਲਾਕਾਤ
### ਰਾਤ ਸਮੇਂ ਪੀ.ਸੀ.ਆਰ. ਗਸ਼ਤ ਵਧਾਉਣ ਤੇ ਸੁਰੱਖਿਆ ਪ੍ਰਬੰਧ ਸਖ਼ਤ ਕਰਨ ਦੀ ਮੰਗ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਮਾਲੇਰਕੋਟਲਾ ਦੇ ਨਵੇਂ ਤਾਇਨਾਤ ਕੀਤੇ ਗਏ ਐੱਸ.ਐੱਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨਾਲ ਸਵਰਨਕਾਰ ਤੇ ਜਵੈਲਰ ਐਸੋਸੀਏਸ਼ਨ ਮਾਲੇਰਕੋਟਲਾ ਦੇ ਵਫ਼ਦ ਨੇ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਦੌਰਾਨ ਵਫ਼ਦ ਨੇ ਐੱਸ.ਐੱਸ.ਪੀ. ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਜ਼ਿਲ੍ਹੇ ਵਿੱਚ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਤੇ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਮੀਟਿੰਗ ਦੌਰਾਨ ਸ਼ਹਿਰ ਦੇ ਸੁਨਿਆਰਿਆਂ ਤੇ ਜਵੈਲਰਾਂ ਨੂੰ ਦਰਪੇਸ਼ ਸੁਰੱਖਿਆ ਸਬੰਧੀ ਗੰਭੀਰ ਚਿੰਤਾਵਾਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਗਈ।ਐਸੋਸੀਏਸ਼ਨ ਦੇ ਪ੍ਰਧਾਨ ਯਾਦਵਿੰਦਰ ਬੱਗਾ ਨੇ ਐੱਸ.ਐੱਸ.ਪੀ. ਦਾ ਧਿਆਨ ਦਿਵਾਉਂਦਿਆਂ ਕਿਹਾ ਕਿ ਸਵਰਨਕਾਰ ਤੇ ਜਵੈਲਰ ਵਰਗ ਹਰ ਰੋਜ਼ ਦੇਰ ਰਾਤ ਆਪਣੀਆਂ ਦੁਕਾਨਾਂ ਬੰਦ ਕਰਦੇ ਹਨ ਤੇ ਇਸ ਸਮੇਂ ਦੌਰਾਨ ਉਨ੍ਹਾਂ ਕੋਲ ਕੀਮਤੀ ਸਾਮਾਨ ਤੇ ਨਕਦੀ ਹੁੰਦੀ ਹੈ।ਉਨ੍ਹਾਂ ਮੰਗ ਕੀਤੀ ਕਿ ਬਾਜ਼ਾਰਾਂ ਤੇ ਸੁਨਿਆਰਿਆਂ ਦੀਆਂ ਦੁਕਾਨਾਂ ਦੇ ਆਲੇ-ਦੁਆਲੇ ਰਾਤ ਸਮੇਂ ਪੀ.ਸੀ.ਆਰ. ਦੀ ਗਸ਼ਤ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਧਾਇਆ ਜਾਵੇ ਤੇ ਸ਼ੱਕੀ ਵਿਅਕਤੀਆਂ 'ਤੇ ਤਿੱਖੀ ਨਜ਼ਰ ਰੱਖੀ ਜਾਵੇ ਤਾਂ ਜੋ ਕਿਸੇ ਵੀ ਅਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਪਹਿਲਾਂ ਹੀ ਰੋਕਿਆ ਜਾ ਸਕੇ।ਐੱਸ.ਐੱਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਵਫ਼ਦ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਵਿਸ਼ਵਾਸ ਦਿਵਾਇਆ ਕਿ ਪੁਲਸ ਪ੍ਰਸ਼ਾਸਨ ਵਪਾਰੀਆਂ ਤੇ ਆਮ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਅਪਰਾਧਿਕ ਅਨਸਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਤੇ ਵਪਾਰਕ ਮਾਰਕੀਟਾਂ ਵਿੱਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰੈੱਸ ਸਕੱਤਰ ਮਨੀਸ਼ ਵਰਮਾ, ਲਲਿਤ ਗੋਇਲ, ਨਵੀਨ ਗੋਇਲ, ਸਾਜਨ ਅੰਸਾਰੀ ਤੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਹਡਾਣਾ ਨੇ ਸਨੌਰ ਹਲਕੇ 'ਚ ਕੀਤੀ ਡੋਰ-ਟੂ-ਡੋਰ ਮੁਲਾਕਾਤ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ਇਤਿਹਾਸਕ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਸਨੌਰ ਦੇ ਪਿੰਡ ਮੇਹਰਗੜ੍ਹ ਬੱਤਾ ਵਿਖੇ ਜ਼ੋਰਦਾਰ ਡੋਰ-ਟੂ-ਡੋਰ ਰਾਬਤਾ ਮੁਹਿੰਮ ਚਲਾਈ ਗਈ।ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ੍ਰ. ?ਰਣਜੋਧ ਸਿੰਘ ਹਡਾਣਾ ਨੇ ਖ਼ੁਦ ਪਿੰਡ ਦੀਆਂ ਗਲੀਆਂ ਤੇ ਘਰਾਂ ਵਿੱਚ ਜਾ ਕੇ ਪਰਵਾਰਾਂ ਨਾਲ ਸਿੱਧੀ ਗੱਲਬਾਤ ਕੀਤੀ ਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਮੁਲਾਕਾਤ ਦੌਰਾਨ ਹਡਾਣਾ ਨੇ ਪਿੰਡ ਵਾਸੀਆਂ ਨਾਲ ?ਗੱਲਬਾਤ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਤੇ ਟੈਸਟ, ਸਰਕਾਰੀ ਸਕੂਲਾਂ 'ਚ ਮੁਫ਼ਤ ਪੜ੍ਹਾਈ ਤੇ ਮੁਫ਼ਤ ਤੀਰਥ ਯਾਤਰਾ ਵਰਗੀਆਂ ਗਰੰਟੀਆਂ ਨਾਲ ਹਰ ਪਰਵਾਰ ਨੂੰ ਸਾਲਾਨਾ ਲਗਭਗ ?1.82 ਲੱਖ ਦਾ ਸਿੱਧਾ ਮੁਨਾਫ਼ਾ ਮਿਲ ਰਿਹਾ ਹੈ।ਇਸ ਤੋਂ ਇਲਾਵਾ ਖੇਤਾਂ ਦੀਆਂ ਮੋਟਰਾਂ ਲਈ ਮੁਫ਼ਤ ਬਿਜਲੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ 10 ਲੱਖ ਤੱਕ ਦਾ ਸਿਹਤ ਬੀਮਾ ਆਮ ਲੋਕਾਂ ਲਈ ਵੱਡੀ ਢਾਲ ਸਾਬਿਤ ਹੋ ਰਿਹਾ ਹੈ।ਇਸ ਮੌਕੇ ਪਿੰਡ ਮੇਹਰਗੜ੍ਹ ਬੱਤਾ ਦੇ ਵਸਨੀਕਾਂ ਨੇ ?ਵੀ ਮਾਨ ਸਰਕਾਰ ਦੇ ਲੋਕ-ਹਿਤੈਸ਼ੀ ਕੰਮਾਂ 'ਤੇ ਪੂਰਨ ਤਸੱਲੀ 'ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ, ਜਿਸ ਨੇ ਆਮ ਲੋਕਾਂ ਦੀ ਜੇਬ ਦਾ ਖ਼ਰਚਾ ਘਟਾ ਕੇ ਬੱਚਤ ਕੀਤੀ ਹੈ।ਪਿੰਡ ਵਾਸੀਆਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੂੰ ਭਰੋਸਾ ਦਿਵਾਇਆ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣਗੇ ਅਤੇ ਹਲਕੇ ਤੋਂ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸਰਕਾਰ ਬਣਾਉਣਗੇ।ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਦੀਪ ਸਿੰਘ ਬੱਤੀ, ਬਲਾਕ ਸੰਮਤੀ ਮੈਂਬਰ ਗੁਰਿੰਦਰ ਅਦਾਲਤੀ ਵਾਲਾ, ਬਲਾਕ ਪ੍ਰਧਾਨ ਅਮਨ ਸ਼ਾਦੀਪੁਰ, ਪ੍ਰਿੰਸੀਪਲ ਕਰਮਜੀਤ ਸਿੰਘ, ਐੱਮ ਸੀ ਵਿਕਾਸ ਅਟਵਾਲ, ਸਿੰਘ ਤੋਂ ਇਲਾਵਾ ਪਿੰਡ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪਾਰਟੀ ਆਗੂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਜੇਲ੍ਹ ਕਰਮਚਾਰੀ ਗੁਰਪ੍ਰੀਤ ਬਾਠ ਨੇ ਮਾਊਂਟ ਯੂਨਾਮ 'ਤੇ ਫਹਿਰਾਇਆ ਤਿਰੰਗਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਪੰਜਾਬ ਜੇਲ੍ਹ ਵਿਭਾਗ ਵਿੱਚ ਸਬ-ਜੇਲ੍ਹ ਮਲੇਰਕੋਟਲਾ ਵਿਖੇ ਤਾਇਨਾਤ ਧੂਰੀ ਦੇ ਗੁਰਪ੍ਰੀਤ ਬਾਠ ਨੇ ਇੱਕ ਵਾਰ ਫਿਰ ਆਪਣੇ ਸ਼ਹਿਰ ਅਤੇ ਦੇਸ਼ ਦਾ ਨਾਂਅ ਇੱਕ ਵਾਰ ਫਿਰ ਰੋਸ਼ਨ ਕੀਤਾ ਹੈ।ਗੁਰਪ੍ਰੀਤ ਬਾਠ ਨੇ ਦੱਸਿਆ ਕਿ ਇਸ ਚੋਟੀ 'ਤੇ ਉਨ੍ਹਾਂ ਦੀ ਟੀਮ ਵਿੱਚ ਤਿੰਨ ਮੈਂਬਰ ਸ਼ਾਮਲ ਸਨ।ਜਿਨ੍ਹਾਂ ਵਿੱਚੋਂ ਪੰਜ ਪਰਬਤਾਂ ਰੋਹੀਆਂ ਨੇ ਇਸ ਪਰਬਤ ਉੱਪਰ ਸਫਲਤਾ ਪੂਰਵਕ ਚੜ੍ਹਾਈ ਕੀਤੀ।ਇਸ ਤੋਂ ਪਹਿਲਾਂ ਵੀ ਗੁਰਪ੍ਰੀਤ ਬਾਠ ਕਈ ਉੱਚ ਚੋਟੀਆਂ 'ਤੇ ਸਫਲਤਾ ਪੂਰਵਕ ਚੜ੍ਹਾਈ ਕਰ ਚੁੱਕੇ ਹਨ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਸਟਾਕ ਕਾਂਗੜੀ, ਫਰੈਂਡਸ਼ਿਪ ਪੀਕ, ਮਾਊਂਟ ਕਨਾਮੋ, ਬਲੈਕ ਪੀਕ ਆਦਿ ਸ਼ਾਮਲ ਹਨ।

## ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ 'ਚ ਦਿਖਾਈ ਜਾ ਰਹੀ ਹੈ ਦਸਤਾਵੇਜ਼ੀ ਫਿਲਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਸ੍ਰੀ ਮੁਕਤਸਰ ਸਾਹਿਬ ਵਿਧਾਨ ਸਭਾ ਹਲਕੇ ਦੇ ਪਿੰਡ ਸਦਰਵਾਲਾ, ਮੜ੍ਹ ਮੱਲੂ, ਕਬਰਵਾਲਾ ਵਿਖੇ ਪੁੱਜੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਅਤੇ ਊਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਆਧਾਰਤ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫਿਲਮ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਜਾਣਕਾਰੀ ਦਿੱਤੀ ਗਈ।

## ਸਿਟੀ ਮੀਡੀਆ ਪ੍ਰੈੱਸ ਕਲੱਬ ਸਮਾਜ ਸੇਵਾ ਦੇ ਖੇਤਰ 'ਚ ਹੋਰ ਵੀ ਮਜ਼ਬੂਤੀ ਨਾਲ ਕੰਮ ਕਰੇਗਾ : ਤਰੁਣ ਬਾਂਸਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਟੀ ਮੀਡੀਆ ਪ੍ਰੈੱਸ ਕਲੱਬ ਸੁਨਾਮ ਊਧਮ ਸਿੰਘ ਵਾਲਾ ਦੀ ਅਹਿਮ ਮੀਟਿੰਗ ਪ੍ਰਧਾਨ ਤਰੁਣ ਬਾਂਸਲ ਦੀ ਪ੍ਰਧਾਨਗੀ ਹੇਠ ਅਰਬਨ ਕਰੇਵ ਰੈਸਟੋਰੈਂਟ ਵਿਖੇ ਹੋਈ।ਮੀਟਿੰਗ ਦੌਰਾਨ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ, ਪੱਤਰਕਾਰਾਂ ਨਾਲ ਸਬੰਧਤ ਮੁੱਦਿਆਂ ਤੇ ਸਮਾਜ ਸੇਵੀ ਕਾਰਜਾਂ ਵਿੱਚ ਕਲੱਬ ਦੀ ਭੂਮਿਕਾ ਨੂੰ ਲੈ ਕੇ ਮੈਂਬਰਾਂ ਵੱਲੋਂ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੀਟਿੰਗ ਦੌਰਾਨ ਪਿਛਲੇ ਸਮੇਂ ਦੌਰਾਨ ਪੱਤਰਕਾਰੀ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਦੇ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ, ਜਿਸ ਦੌਰਾਨ ਅਦਾਰਾ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ, ਸੀਨੀਅਰ ਪੱਤਰਕਾਰ ਆਰ. ਐੱਨ. ਕਾਂਸਲ, ਦੇਵ ਟਾਈਮਜ਼ ਦੇ ਸੰਪਾਦਕ ਰਤਨਦੇਵ ਵਰਮਾ ਤੇ ਪੱਤਰਕਾਰ ਜੈ ਦੇਵ ਸ਼ਰਮਾ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਦੀ ਪੱਤਰਕਾਰੀ ਖੇਤਰ ਵਿੱਚ ਦਿੱਤੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ ਅਤੇ ਨਾਲ ਹੀ ਬੀਤੇ ਦਿਨ ਸ਼ਹਿਰ ਵਿੱਚ ਹੋਏ ਇੱਕ ਧਾਰਮਿਕ ਸਮਾਗਮ ਦੌਰਾਨ ਕੁਝ ਨੌਜਵਾਨਾਂ ਦੇ ਬਿਜਲੀ ਦੀ ਲਪੇਟ ਵਿੱਚ ਆਉਣ ਕਾਰਨ ਵਾਪਰੇ ਦੁਖਦਾਈ ਹਾਦਸੇ 'ਤੇ ਵੀ ਕਲੱਬ ਮੈਂਬਰਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

ਇਸ ਮੀਟਿੰਗ ਵਿੱਚ ਕਲੱਬ ਸਰਪ੍ਰਸਤ ਕ੍ਰਿਸ਼ਨ ਸੰਦੋਹਾ ਤੇ ਚੇਅਰਮੈਨ ਅਜੈਬ ਸਿੰਘ ਮੋਰਾਂਵਾਲੀ ਸਮੇਤ ਕਲੱਬ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਤੇ ਕਲੱਬ ਦੀ ਬਿਹਤਰੀ ਲਈ ਆਪਣੇ ਸੁਝਾਅ ਪੇਸ਼ ਕੀਤੇ।ਇਸ ਮੌਕੇ ਕਲੱਬ ਪ੍ਰਧਾਨ ਤਰੁਣ ਬਾਂਸਲ ਨੇ ਕਿਹਾ ਕਿ ਸਿਟੀ ਮੀਡੀਆ ਪ੍ਰੈੱਸ ਕਲੱਬ ਪੱਤਰਕਾਰੀ ਦੇ ਖੇਤਰ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਣ ਦੇ ਨਾਲ-ਨਾਲ ਸਮਾਜ ਸੇਵੀ ਕਾਰਜਾਂ ਵਿੱਚ ਵੀ ਆਪਣਾ ਯੋਗਦਾਨ ਪਾਉਣ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਕਲੱਬ ਵੱਲੋਂ ਪੱਤਰਕਾਰਾਂ ਤੇ ਸਮਾਜ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ ਸਮਾਜ ਸੇਵੀ ਗਤੀਵਿਧੀਆਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ ਜਾਵੇਗੀ।

ਇਸ ਦੌਰਾਨ ਕਲੱਬ ਦੀ ਏਕਤਾ, ਆਪਸੀ ਸਹਿਯੋਗ ਤੇ ਭਵਿੱਖ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਮਿਲ-ਜੁਲ ਕੇ ਕੰਮ ਕਰਨ ਦਾ ਵੀ ਸੰਕਲਪ ਲਿਆ ਗਿਆ।ਮੀਟਿੰਗ ਵਿੱਚ ਸ਼ੈਲੀ ਬਾਂਸਲ, ਅਰੁਣ ਬਾਂਸਲ, ਅਸ਼ੋਕ ਕੁਮਾਰ ਬਾਂਸਲ, ਰਾਜੇਸ਼ ਬਾਂਸਲ, ਅਸ਼ੋਕ ਸਿੰਗਲਾ, ਕੁਲਦੀਪ ਖੀਪਲ, ਮਨਪ੍ਰੀਤ ਢਿੱਲੋਂ, ਅੰਸ਼ੂ ਡੋਗਰਾ ਤੇ ਮੰਗਤ ਰਾਏ ਮੋਨੂੰ ਸਮੇਤ ਕਲੱਬ ਦੇ ਹੋਰ ਮੈਂਬਰ ਹਾਜ਼ਰ ਸਨ।

## ਸਰਵਹਿਤਕਾਰੀ ਵਿੱਦਿਆ ਮੰਦਰ ਵਿਖੇ ਸੱਭਿਆਚਾਰਕ ਉਤਸਵ ਤੇ ਕੰਪਿਊਟਰ ਮੇਲਾ



**ਜਗਰਾਉਂ (ਅਮਿਤ ਖੰਨਾ)**

ਲੁਧਿਆਣਾ ਡਿਵੀਜ਼ਨ ਦਾ ਵਿਭਾਗੀ ਸੱਭਿਆਚਾਰਕ ਉਤਸਵ ਤੇ ਕੰਪਿਊਟਰ ਮੇਲਾ ਸ਼੍ਰੀਮਤੀ ਸਤੀਸ਼ ਗੁਪਤਾ ਸਰਵਹਿਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ ਵਿਖੇ ਬਹੁਤ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ।ਲੁਧਿਆਣਾ ਡਿਵੀਜ਼ਨ ਦੇ ਪੰਜ ਸਕੂਲਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਇਸ ਉਤਸਵ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ, ਗਿਆਨ, ਰਚਨਾਤਮਕਤਾ ਤੇ ਹੁਨਰ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਲਈ ਕਈ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਤੁਰੰਤ ਭਾਸ਼ਣ, ਪੱਤਰ ਪੜ੍ਹਨਾ, ਸੱਭਿਆਚਾਰਕ ਕੁਇਜ਼, ਕੰਪਿਊਟਰ ਕੁਇਜ਼, ਕੰਪਿਊਟਰ ਪ੍ਰੈਕਟੀਕਲ, ਕਹਾਣੀ ਸੁਣਾਉਣਾ ਤੇ ਮੂਰਤੀ ਕਲਾ ਸ਼ਾਮਲ ਸਨ। ਵਿਦਿਆਰਥੀਆਂ ਨੇ ਆਤਮਵਿਸ਼ਵਾਸ ਤੇ ਉਤਸ਼ਾਹ ਨਾਲ ਹਿੱਸਾ ਲਿਆ, ਸ਼ਾਨਦਾਰ ਨਤੀਜੇ ਪ੍ਰਾਪਤ ਕੀਤੇ ਅਤੇ ਵੱਖ-ਵੱਖ ਪੁਜੀਸ਼ਨਾਂ ਪ੍ਰਾਪਤ ਕਰਕੇ ਸਕੂਲ ਦਾ ਸਨਮਾਨ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਦੇਵੀ ਸਰਸਵਤੀ ਦੇ ਸਾਹਮਣੇ ਦੀਵਾ ਜਗਾਉਣ ਨਾਲ ਹੋਈ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸ਼੍ਰੀ ਰਾਜਿੰਦਰ ਜੈਨ (ਕਾਕਾ), ਵਿਭਾਗ ਸਕੱਤਰ ਸਤਪਾਲ ਨਰੂਲਾ, ਵਿੱਦਿਆ ਮੰਦਰ ਪ੍ਰਿੰਸੀਪਲ ਸ਼੍ਰੀ ਵਿਨੇ ਸਿੰਗਲਾ, ਮੈਨੇਜਰ ਪ੍ਰਦੀਪ, ਵਾਈਸ ਪ੍ਰਿੰਸੀਪਲ ਸ਼ਾਮ ਸੁੰਦਰ, ਮੈਂਬਰ ਆਕਾਸ਼ ਗੁਪਤਾ, ਐੱਮ ਐੱਲ ਬੀ ਗੁਰੂਕੁਲ ਇੰਚਾਰਜ ਰਾਜ ਕੁਮਾਰ ਤੇ ਲੁਧਿਆਣਾ ਡਿਵੀਜ਼ਨ ਦੇ ਵੱਖ-ਵੱਖ ਵਿਦਿਆ ਮੰਦਰਾਂ ਦੇ ਪ੍ਰਿੰਸੀਪਲ ਸ਼ਾਮਲ ਹੋਏ।ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਸਰਸਵਤੀ ਵੰਦਨਾ ਕੀਤੀ ਤੇ ਵੱਖ-ਵੱਖ ਮੁਕਾਬਲਿਆਂ ਦਾ ਰਸਮੀ ਉਦਘਾਟਨ ਕੀਤਾ ਗਿਆ। ਅੰਜੂ ਗੁਪਤਾ, ਜਸਪ੍ਰੀਤ ਕੌਰ ਤੇ ਹਰੀਸ਼ ਅਗਰਵਾਲ ਦੀ ਜਿਊਰੀ ਨੇ ਵਿਦਿਆਰਥੀਆਂ ਦੀ ਪ੍ਰਤਿਭਾ, ਪੇਸ਼ਕਾਰੀ, ਗਿਆਨ ਤੇ ਪ੍ਰਦਰਸ਼ਨ ਦਾ ਨਿਰਪੱਖਤਾ ਨਾਲ ਮੁਲਾਂਕਣ ਕੀਤਾ, ਨਤੀਜੇ ਨਿਰਧਾਰਤ ਕੀਤੇ।ਸਾਰੇ ਭਾਗੀਦਾਰਾਂ ਨੇ ਅਨੁਸ਼ਾਸਨ, ਆਤਮਵਿਸ਼ਵਾਸ ਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਲੂ ਨਰੂਲਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਸੰਸਕ੍ਰਿਤੀ ਮਹੋਤਸਵ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਭਾਰਤੀ ਸੱਭਿਆਚਾਰ, ਪ੍ਰੰਪਰਾਵਾਂ ਤੇ ਕਦਰਾਂ-ਕੀਮਤਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ।ਸਕੂਲ ਪ੍ਰਬੰਧਨ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ, ਅਧਿਆਪਕਾਂ, ਜਿਊਰੀ ਮੈਂਬਰਾਂ ਤੇ ਸਾਰੇ ਵਲੰਟੀਅਰਾਂ ਦਾ ਧੰਨਵਾਦ ਕੀਤਾ। ਅੰਤ ਵਿੱਚ, ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਵੰਡੇ ਗਏ।

ਸੋਮਵਾਰ, 28 ਸਤੰਬਰ, 2026
12 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 118

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • MONDAY, 28 SEPTEMBER, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਹਨੇਰਾ ਚੀਰਨ ਲਈ ਚੰਦ ਬਣਨ ਦਾ ਸੱਦਾ

## ਸ਼ਰਧਾਂਜਲੀ ਸਮਾਗਮ 'ਚ ਹਮਜੋਲੀਆਂ ਨੇ ਸਾਂਝੀਆਂ ਕੀਤੀਆਂ ਚੰਦ ਫਤਿਹਪੁਰੀ ਦੇ ਜੋਸ਼ ਤੇ ਹੋਸ਼ ਦੀਆਂ ਯਾਦਾਂ

**ਜਲੰਧਰ (ਗਿਆਨ ਸੈਦਪੁਰੀ)**

'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ ਦੇ ਸ਼ਰਧਾਂਜ਼ਲੀ ਸਮਾਗਮ ਵਿੱਚ ਖੱਬੀਆਂ, ਜਮਹੂਰੀ ਤੇ ਧਰਮ ਨਿਰਪੱਖ ਧਿਰਾਂ ਦੀ ਉਤਸ਼ਾਹਪੂਰਨ ਸ਼ਮੂਲੀਅਤ ਅਤੇ ਬੁਲਾਰਿਆਂ



ਦੀ ਸਾਂਝੀ ਸੁਰ ਤੇ ਭਾਵਨਾਵਾਂ ਇੱਕ ਵੱਖਰਾ-ਨਿਆਰਾ ਹੁਲਾਰਾ ਤੇ ਸੰਦੇਸ਼ ਦੇ ਗਈਆਂ। ਬੁਲਾਰਿਆਂ ਦੀਆਂ ਇਨਕਲਾਬੀ ਸ਼ਰਧਾਂਜ਼ਲੀਆਂ ਦਾ ਸਾਰ ਤੱਕ ਇਹ ਸੀ ਕਿ ਅਜੋਕੇ ਦੌਰ ਦੀਆਂ ਚੁਣੌਤੀਆਂ ਨਾਲ ਨਜਿੱਠਣ ਤੇ ਟਾਕਰਾ ਕਰਨ ਲਈ ਜਿਸ ਤਰ੍ਹਾਂ ਸੂਰਮਾ ਸੰਪਾਦਕ ਚੰਦ ਫਤਿਹਪੁਰੀ ਜੂਝਦਾ ਸੀ, ਉਸੇ ਤਰ੍ਹਾਂ ਜੂਝ ਕੇ ਨਿਜ਼ਾਮ ਬਦਲਣ ਲਈ ਸਾਂਝਾ ਮੰਚ ਉਸਾਰ ਕੇ ਅੱਗੇ ਵਧਣ ਦਾ ਪ੍ਰਣ ਕਰਨਾ ਹੀ ਉਨ੍ਹਾ ਨੂੰ ਅਸਲੀ ਸ਼ਰਧਾਂਜਲੀ ਹੋਵੇਗੀ। ਦੇਸ਼ ਭਗਤ ਯਾਦਗਾਰ ਕੰਪਲੈਕਸ ਦੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ ਵਿੱਚ ਹੋਏ ਸ਼ਰਧਾਂਜਲੀ ਸਮਾਗਮ ਵਿੱਚ ਜਿੱਥੇ ਪੂਰੇ ਪੰਜਾਬ ਦੀਆਂ ਵੱਖ-ਵੱਖ ਥਾਵਾਂ ਤੋਂ ਆਉਣ ਵਾਲੇ ਕਾਰਕੁਨਾਂ ਦੀ ਨਾ ਘਾਟ ਰਹੀ ਤੇ ਨਾ ਹੀ ਬੁਲਾਰਿਆਂ ਦੀਆਂ ਭਾਵਨਾਵਾਂ ਅੰਦਰ ਕੋਈ ਅਸਾਵਾਂਪਣ ਨਜ਼ਰ ਆਇਆ।

'ਨਵਾਂ ਜ਼ਮਾਨਾ' ਦੇ ਸਾਬਕਾ ਸੰਪਾਦਕ ਤੇ ਪੰਜਾਬੀ ਜਗਤ ਦੇ ਪ੍ਰਮੁੱਖ ਪੱਤਰਕਾਰ ਜਤਿੰਦਰ ਪਨੂੰ ਨੇ ਸਭ ਦਾ ਧੰਨਵਾਦ ਕਰਨ ਦੇ ਸਬੱਬ ਨਾਲ ਆਪਣੇ ਸਾਥੀ ਰਹੇ ਚੰਦ ਫਤਿਹਪੁਰ ਦੀ ਸ਼ਖ਼ਸੀਅਤ ਨੂੰ ਉਭਾਰਦੀਆਂ ਅਹਿਮ ਗੱਲਾਂ ਕੀਤੀਆਂ। ਉਨ੍ਹਾ ਦੇ ਸਿਰੜ ਬਾਰੇ ਗੱਲ ਕਰਦਿਆਂ ਪਨੂੰ ਨੇ ਕਿਹਾ ਕਿ ਕੰਮ ਭਾਵੇਂ ਸਿਆਸੀ ਹੋਵੇ ਜਾਂ ਸਮਾਜੀ, ਫਤਿਹਪੁਰੀ ਜਿਸ ਕੰਮ ਨੂੰ ਹੱਥ ਪੈ ਲੈਂਦੇ ਸਨ, ਉਸ ਨੂੰ ਨੇਪਰੇ ਚਾੜ੍ਹ ਕੇ ਹੀ ਸਾਰ ਲੈਂਦੇ ਸਨ। 'ਨਵਾਂ ਜ਼ਮਾਨਾ' ਦੀ ਨਵੀਂ ਮਸ਼ੀਨਰੀ ਲਾਉਣ ਵੇਲੇ ਦੀ ਇੱਕ ਘਟਨਾ ਦੇ ਹਵਾਲੇ ਨਾਲ ਪਨੂੰ ਨੇ ਚੰਦ



ਫੋਟੋਆਂ : ਰਾਜੇਸ਼ ਥਾਪਾ

ਫਤਿਹਪੁਰੀ ਦੀ ਈਮਾਨਦਾਰੀ, ਲਗਨ, ਸਮਰਪਣ ਤੇ ਸਾਹਸ ਦਾ ਵਰਣਨ ਕੀਤਾ। ਉਨ੍ਹਾ ਚੰਦ ਦੇ ਲੋਕਾਂ ਦੀ ਜ਼ਿੰਦਗੀ ਬਿਹਤਰ ਬਣਾਉਣ ਲਈ ਸੰਘਰਸ਼ਾਂ ਵਿੱਚ ਰੁਝੇ ਰਹਿਣ ਦੇ ਮੌਕਿਆਂ ਵੇਲੇ ਉਨ੍ਹਾ ਦੀ ਪਤਨੀ ਸੰਤੋਸ਼ ਬਰਾੜ ਵੱਲੋਂ ਦਿਖਾਏ ਹੌਸਲੇ ਤੇ ਸਿਦਕਦਿਲੀ ਨਾਲ ਨਿਭਣ ਦੀ ਦਾਦ ਦਿੰਦਿਆਂ ਪੁੱਤਰ ਸੁਮੇਲ ਬਰਾੜ, ਪੁੱਤਰੀ ਰਚਨਾ ਬਰਾੜ ਤੇ ਪੁੱਤਰ ਪ੍ਰਿੰਸ ਬਰਾੜ ਵੱਲੋਂ ਔਖੇ ਵੇਲਿਆਂ ਵੇਲੇ ਵੀ ਚੰਗੀ ਵਿਦਿਆ ਗ੍ਰਹਿਣ ਕਰ ਲੈਣ ਦੀ ਪ੍ਰਸੰਸਾ ਕੀਤੀ। ਪਨੂੰ ਨੇ ਸਮੁੱਚੇ ਬਰਾੜ ਪਰਵਾਰ ਨਾਲ ਆਪਣੀਆਂ ਸਾਂਝਾਂ ਵੀ ਤਾਜ਼ਾ ਕੀਤੀਆਂ।

'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਪ੍ਰਧਾਨ ਕਾਮਰੇਡ ਰਸ਼ਪਾਲ ਸਿੰਘ ਬੜਾ ਪਿੰਡ ਨੇ ਕਿਹਾ ਕਿ ਅਜ਼ੀਮ ਸ਼ਖਸੀਅਤ ਚੰਦ ਫਤਿਹਪੁਰੀ ਨਾਲ ਉਨ੍ਹਾ ਨੇ ਅੱਧੀ ਸਦੀ ਤੋਂ ਵੱਧ ਕੰਮ ਕੀਤਾ ਹੈ। ਬੁਲੰਦ ਇਰਾਦਿਆਂ ਵਾਲੇ ਚੰਦ ਫਤਿਹਪੁਰੀ ਹਰ ਮੈਦਾਨ ਫਤਿਹ ਕਰਦੇ ਰਹੇ।

ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਸ਼ਰਧਾਂਜਲੀ ਭੇਟ ਕਰਦਿਆ ਕਿਹਾ ਕਿ ਅਸਮਾਨ ਵਿੱਚ ਦਿਸਣ ਵਾਲੇ ਚੰਦ ਵਿੱਚ ਤਾਂ ਕੋਈ ਦਾਗ ਹੋ ਸਕਦਾ ਹੈ, ਪਰ ਸਾਡਾ ਚੰਦ (ਚੰਦ ਫਤਿਹਪੁਰੀ) ਸਾਰੀ ਉਮਰ ਬੇਦਾਗ ਰਿਹਾ। ਫਤਿਹਪੁਰੀ ਅੰਦਰ ਗਿਆਨ ਦਾ ਅਥਾਹ ਭੰਡਾਰ ਸੀ। ਉਹ ਵਿਦਿਆਰਥੀ ਆਗੂ ਵੀ ਰਹੇ, ਨੌਜਵਾਨ ਸਭਾ ਵਿੱਚ ਮੋਹਰਲੀਆਂ ਕਤਾਰਾਂ 'ਚ ਵਿਚਰੇ ਤੇ ਕਿਸਾਨ ਆਗੂ ਵਜੋਂ ਵੀ ਉਹ ਵਿਚਰਦੇ ਰਹੇ। ਹਰ ਥਾਂ ਉਨ੍ਹਾ ਦੀ ਵਿਦਵਤਾ ਦਾ ਪੱਖ ਚਾਨਣ ਵੰਡਦਾ ਰਿਹਾ। ਉਨ੍ਹਾ ਕੋਲ ਸ਼ਬਦਾਂ ਦੀ ਕੋਈ ਕਮੀ ਨਹੀਂ ਸੀ। 'ਨਵਾਂ ਜ਼ਮਾਨਾ' ਦੇ ਸੰਪਾਦਕ ਬਣ ਕੇ ਉਨ੍ਹਾ ਗੁਰਬਖਸ਼ ਸਿੰਘ ਪ੍ਰੀਤਲੜੀ, ਸੋਹਣ ਸਿੰਘ ਜੋਸ਼, ਅਰਜਨ ਸਿੰਘ ਗੜਗੱਜ, ਟੀਕਾ ਰਾਮ ਸੁਖਨ, ਜਗਜੀਤ ਸਿੰਘ ਆਨੰਦ ਤੇ ਜਤਿੰਦਰ ਪਨੂੰ ਦੀਆਂ ਪਾਈਆਂ ਖੂਬਸੂਰਤ ਪੈੜਾਂ ਨੂੰ ਹੋਰ ਉਘਾੜਿਆ ਉਨ੍ਹਾ 'ਨਵਾਂ ਜ਼ਮਾਨਾ' ਨੂੰ ਚੰਨ ਵਾਂਗ ਚਮਕਾਇਆ। ਸਾਦਗੀ ਤੇ ਹਲੀਮੀ ਵੀ ਉਨ੍ਹਾ ਦਾ ਵੱਡਾ ਗੁਣ ਸੀ।

ਕਾਮਰੇਡ ਧਾਲੀਵਾਲ ਨੇ ਕਿਹਾ ਕਿ ਚੰਦ ਫਤਿਹਪੁਰੀ ਨੇ ਚੁਣੌਤੀਆਂ ਨੂੰ ਹਮੇਸ਼ਾ ਕਬੂਲ ਕੀਤਾ। ਉਨ੍ਹਾ ਕਿਹਾ ਕਿ ਮੌਜੂਦਾ ਹਾਕਮ ਤਾਨਾਸ਼ਾਹੀ ਦੇ ਪੜਾਅ ਤੈਅ ਕਰਨ ਲੱਗੇ ਹੋਏ ਹਨ। ਅਜਿਹੇ ਸਮੇਂ ਚੰਦ ਫਤਿਹਪੁਰੀ ਦਾ ਜਜ਼ਬਾ, ਗਿਆਨ ਤੇ ਲੇਖਣੀ ਸੇਧਾਂ ਸਾਨੂੰ ਨਵਾਂ ਬਿਰਤਾਂਤ ਸਿਰਜਣ ਲਈ ਅਗਵਾਈ ਕਰਨਗੀਆਂ।

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਚੰਦ ਫਤਿਹਪੁਰੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾ ਦੇ ਅਤੀਤ ਨੂੰ ਯਾਦ ਕੀਤਾ। ਉਨ੍ਹਾ ਕਿਹਾ ਕਿ ਫਤਿਹਪੁਰੀ ਗ਼ਰੀਬ ਕਿਸਾਨ ਘਰ ਵਿੱਚ ਪੈਦਾ ਹੋਏ। ਟਿੱਬੇ, ਸਰਕੜੇ ਪੱਧਰੇ ਕਰਕੇ ਉਨ੍ਹਾ ਆਪਣੀ ਜ਼ਮੀਨ ਨੂੰ ਪੈਦਾਵਾਰ ਜੋਗੀ ਕੀਤਾ। ਆਪਣੇ ਯੁੱਧ ਸਾਥੀ ਹੋਣ ਬਾਰੇ ਦੱਸਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਅੱਧੀ ਸਦੀ ਪਹਿਲਾਂ ਅਸੀਂ ਵਿਦਿਆਰਥੀ ਲਹਿਰ ਵਿੱਚ ਇਕੱਠਿਆਂ ਕੰਮ ਕੀਤਾ। 'ਨਵਾਂ ਜ਼ਮਾਨਾ' ਦੇ ਸ ਫ਼ ਲ

• ਬਾਕੀ ਸਫਾ 10 'ਤੇ

## ਦਿੱਲੀ ਦੇ ਮੰਤਰੀ ਨੇ ਮੁੰਡੇ ਦੇ ਥੱਪੜ ਮਾਰਿਆ



**ਨਵੀਂ ਦਿੱਲੀ (ਨ ਜ਼ ਸ)**-ਐਤਵਾਰ ਤਿਲਕ ਨਗਰ ਵਿੱਚ ਬਣ ਰਹੀ ਸੜਕ ਦਾ ਜਾਇਜ਼ਾ ਲੈਣ ਪਹੁੰਚੇ ਦਿੱਲੀ ਦੇ ਮੰਤਰੀ ਪਰਵੇਸ਼ ਵਰਮਾ ਨੇ ਵੀਡੀਓ ਬਣਾ ਰਹੇ ਨੌਜਵਾਨ ਨੂੰ ਥੱਪੜ ਮਾਰ ਦਿੱਤਾ। ਮੰਤਰੀ ਦੇ ਪਹੁੰਚਣ ਵੇਲੇ 'ਆਪ' ਵਿਧਾਇਕ ਜਰਨੈਲ ਸਿੰਘ ਵੀ ਉੱਥੇ ਪਹੁੰਚ ਗਏ। ਜਰਨੈਲ ਸਿੰਘ ਨੇ ਦੋਸ਼ ਲਾਇਆ ਕਿ ਕੰਮ ਤੈਅ ਮਿਆਰਾਂ ਮੁਤਾਬਕ ਨਹੀਂ ਕੀਤਾ ਜਾ ਰਿਹਾ। ਜਰਨੈਲ ਸਿੰਘ ਅਤੇ ਉਨ੍ਹਾ ਨਾਲ ਆਏ ਲੋਕਾਂ ਨੇ ਸੜਕ ਦੀ ਪਰਤ ਦਾ ਇੱਕ ਹਿੱਸਾ ਆਪਣੇ ਹੱਥਾਂ ਨਾਲ ਉਖਾੜ ਕੇ ਮੰਤਰੀ ਨੂੰ ਦਿਖਾਇਆ। ਇਸ ਗੱਲ ਤੋਂ ਦੋਵਾਂ ਧਿਰਾਂ ਦੇ ਆਗੂਆਂ ਅਤੇ ਉਨ੍ਹਾਂ ਦੇ ਸਮਰਥਕਾਂ ਵਿਚਾਲੇ ਤਿੱਖੀ ਬਹਿਸ ਛਿੜ ਗਈ। ਇਸ ਹੰਗਾਮੇ ਦੌਰਾਨ ਇੱਕ ਸਥਾਨਕ ਨੌਜਵਾਨ ਆਪਣੇ ਮੋਬਾਇਲ ਫੋਨ 'ਤੇ ਬਹਿਸ ਅਤੇ ਸੜਕ ਦੀ ਹਾਲਤ ਦੀ ਵੀਡੀਓ ਬਣਾਉਣ ਲੱਗਾ ਤਾਂ ਮੰਤਰੀ ਨੇ ਉਸ ਨੂੰ ਥੱਪੜ ਮਾਰ ਦਿੱਤਾ। ਇਹ ਸਾਰੀ ਘਟਨਾ ਕੈਮਰੇ ਵਿੱਚ ਵੀ ਕੈਦ ਹੋ ਗਈ। ਦਿੱਲੀ 'ਆਪ' ਇਕਾਈ ਦੇ ਮੁਖੀ ਸੌਰਭ ਭਾਰਦਵਾਜ ਨੇ ਦੋਸ਼ ਲਾਇਆ ਕਿ ਮੰਤਰੀ ਨੇ ਪੁਲਸ ਸੁਰੱਖਿਆ ਦੇ ਪਿੱਛੇ ਸੁਰੱਖਿਅਤ ਲੁਕ ਕੇ ਉਸ ਨੌਜਵਾਨ ਬੱਚੇ ਦੀ ਕੁੱਟਮਾਰ ਕੀਤੀ ਅਤੇ ਫਿਰ ਕੋਈ ਕੁਝ ਕਰਦਾ, ਆਪਣੀ ਕਾਰ ਵਿੱਚ ਭੱਜ ਗਏ। ਭਾਰਦਵਾਜ ਨੇ ਕਿਹਾ ਕਿ ਆਪਣੀ ਪੁਲਸ ਸੁਰੱਖਿਆ ਹਟਾ ਕੇ ਦਿਖਾਓ, ਫਿਰ ਦੇਖਦੇ ਹਾਂ ਕਿ ਤੁਸੀਂ ਅਸਲ ਵਿੱਚ ਕਿੰਨੇ ਤਾਕਤਵਰ ਹੋ। ਬਿਨਾਂ ਪੁਲਸ ਅਤੇ ਸੁਰੱਖਿਆ ਦੇ ਇਸ ਨੌਜਵਾਨ ਮੁੰਡੇ ਨਾਲ ਹੱਥੋਪਾਈ ਕਰਕੇ ਦਿਖਾਓ।

## ਸਪਿਤੀ 'ਚ ਬਰਫਬਾਰੀ



**ਸ਼ਿਮਲਾ** : ਹਿਮਾਚਲ ਪ੍ਰਦੇਸ਼ ਦੇ ਸਪਿਤੀ ਵਿੱਚ ਸੀਜ਼ਨ ਦੀ ਪਹਿਲੀ ਬਰਫਬਾਰੀ ਨਾਲ ਤਾਪਮਾਨ ਵਿੱਚ ਕਾਫੀ ਗਿਰਾਵਟ ਆ ਗਈ। ਗੁਆਂਢੀ ਕਿਨੌਰ ਦੀ ਪੂਹ ਤਹਿਸੀਲ ਦੇ ਕੁਨੋ ਚਰੰਗ ਇਲਾਕੇ ਵਿੱਚ ਵੀ ਸੀਜ਼ਨ ਦੀ ਪਹਿਲੀ ਬਰਫਬਾਰੀ ਹੋਈ, ਜਦੋਂ ਕਿ ਜੁੱਬਲ, ਸ਼ਿਮਲਾ ਅਤੇ ਧਰਮਸ਼ਾਲਾ ਵਿੱਚ ਹਲਕੀ ਬਾਰਿਸ਼ ਹੋਈ। ਮੌਸਮ ਵਿਗਿਆਨ ਕੇਂਦਰ ਨੇ 29 ਸਤੰਬਰ ਤੱਕ ਰਾਜ ਭਰ ਵਿੱਚ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ।

## ਚਾਵਲਾ ਦੀ ਕੋਠੀ 'ਤੇ ਛਾਪਾ



**ਲੁਧਿਆਣਾ** : ਜਬਰ-ਜ਼ਨਾਹ ਦੇ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਹੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਅਮਰਜੀਤ ਸਿੰਘ ਚਾਵਲਾ ਦੀ ਗ੍ਰਿਫਤਾਰੀ ਦੇ ਯਤਨਾਂ ਦੇ ਹਿੱਸੇ ਵਜੋਂ ਐਤਵਾਰ ਸਵੇਰੇ ਸ੍ਰੀ ਆਨੰਦਪੁਰ ਸਾਹਿਬ ਪੁਲਸ ਦੀ ਟੀਮ ਨੇ ਲੁਧਿਆਣਾ ਦੇ ਮਾਡਲ ਟਾਊਨ ਐਕਸਟੈਨਸ਼ਨ ਵਿੱਚ ਵੀ ਆਈ ਪੀ ਲੇਨ ਸਥਿਤ ਕੋਠੀ 'ਤੇ ਛਾਪਾ ਮਾਰਿਆ। ਘਰ ਵਿੱਚ ਸਿਰਫ ਔਰਤਾਂ ਹੋਣ ਕਾਰਨ ਟੀਮ ਵਿੱਚ ਸ਼ਾਮਲ ਮਹਿਲਾ ਮੁਲਾਜ਼ਮਾਂ ਨੇ ਚਾਵਲਾ ਦੀ ਪਤਨੀ ਤੋਂ ਲੰਮਾ ਸਮਾਂ ਬਾਰੀਕੀ ਨਾਲ ਪੁੱਛਗਿੱਛ ਕੀਤੀ ਅਤੇ ਪੂਰੇ ਘਰ ਦੀ ਤਲਾਸ਼ੀ ਲਈ।

## ਸੀ ਪੀ ਆਈ ਵੱਲੋਂ ਖਟਕੜ ਕਲਾਂ ਵਿਖੇ ਸਮਾਗਮ ਅੱਜ

**ਬੰਗਾ (ਅਵਤਾਰ ਕਲੇਰ)**-ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਸੀ ਪੀ ਆਈ ਵੱਲੋਂ 28 ਸਤੰਬਰ ਨੂੰ ਖਟਕੜ ਕਲਾਂ ਵਿਖੇ ਮਨਾਇਆ ਜਾਵੇਗਾ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ ਨੇ ਦੱਸਿਆ ਕਿ ਇਸ ਮੌਕੇ ਸੀ ਪੀ ਆਈ ਦੇ ਕੌਮੀ ਸਕੱਤਰ ਬੰਤ ਸਿੰਘ ਬਰਾੜ, ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਪੰਜਾਬ ਸੰਬੋਧਨ ਕਰਨਗੇ।ਨਵਾਂ ਸ਼ਹਿਰ ਰੇਲਵੇ ਸਟੇਸ਼ਨ ਤੋਂ ਲੈ ਕੇ ਖਟਕੜ ਕਲਾਂ ਤੱਕ ਗੱਡੀਆਂ ਅਤੇ ਮੋਟਰਸਾਈਕਲਾਂ 'ਤੇ ਮਾਰਚ ਕੀਤਾ ਜਾਵੇਗਾ। ਖਟਕੜ ਕਲਾਂ ਪਹੁੰਚ ਕੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਨਤਮਸਤਕ ਹੋਣ ਉਪਰੰਤ ਪਾਰਟੀ ਆਗੂ ਵਰਕਰਾਂ ਨੂੰ ਸੰਬੋਧਨ ਕਰਨਗੇ। ਇਸ ਮੌਕੇ ਪਰਮਿੰਦਰ ਮੇਨਕਾ, ਗੁਰਮੁੱਖ ਸਿੰਘ ਫਰਾਲਾ, ਨਰੰਜਣ ਦਾਸ ਮੇਹਲੀ, ਅਮਰਜੀਤ ਮੇਹਲੀ, ਜੁਝਾਰ ਸਿੰਘ ਕੁੱਕੜ ਮਜ਼ਾਰਾ, ਦਸੌਂਧਾ ਸਿੰਘ, ਜਗਤਾਰ ਸਿੰਘ, ਜਸਵਿੰਦਰ ਰਾਹੋਂ, ਵੀਨਾ ਰਾਣੀ ਰਾਹੋਂ ਆਦਿ ਆਗੂ ਹਾਜ਼ਰ ਸਨ।

## 'ਆਪ' ਦਾ ਅੱਜ 'ਜਸ਼ਨ-ਏ-ਇਨਕਲਾਬ'



**ਲੁਧਿਆਣਾ (ਕਥੂਰੀਆ)**-ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਐਤਵਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਦੇ ਸੰਬੰਧ ਵਿੱਚ 28 ਸਤੰਬਰ ਨੂੰ ਲੁਧਿਆਣਾ ਦੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ ਏ ਯੂ) ਦੇ ਮੈਦਾਨ ਵਿੱਚ ਕਰਵਾਏ ਜਾ ਰਹੇ 'ਜਸ਼ਨ-ਏ-ਇਨਕਲਾਬ' ਪ੍ਰੋਗਰਾਮ ਵਿੱਚ ਪੰਜਾਬ ਭਰ ਦੇ ਲੋਕਾਂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ, ਪ੍ਰੋਗਰਾਮ ਦੌਰਾਨ ਪ੍ਰਸਿੱਧ ਨਾਟਕ 'ਗਗਨ ਦਮਾਮਾ ਬਾਜਿਓ' ਖੇਡਿਆ ਜਾਵੇਗਾ, ਜਦਕਿ ਰਣਜੀਤ ਬਾਵਾ ਅਤੇ ਕੁਲਵਿੰਦਰ ਬਿੱਲਾ ਸਮੇਤ ਪ੍ਰਮੁੱਖ ਪੰਜਾਬੀ ਕਲਾਕਾਰ ਅਤੇ ਪ੍ਰਮੁੱਖ ਢਾਡੀ ਜਥੇ ਆਪਣੀ ਪੇਸ਼ਕਾਰੀ ਦੇਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੰਤਰੀ, ਵਿਧਾਇਕ ਅਤੇ ਪੂਰੇ ਪੰਜਾਬ ਤੋਂ ਲੋਕ ਇਸ ਸਮਾਗਮ ਵਿੱਚ ਹਿੱਸਾ ਲੈਣਗੇ।

# ਸੰਵਾਦਹੀਣਤਾ ਨੇ ਵਿਦਿਆਰਥੀ ਭੜਕਾਏ

## ਚਿਤਕਾਰਾ ਤੋਂ ਬਾਅਦ ਲਵਲੀ ਯੂਨੀਵਰਸਿਟੀ 'ਚ ਵੱਡੇ ਮੁਜ਼ਾਹਰੇ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਕੈਂਪਸ ਵਿੱਚ ਇੱਕ ਵਿਦਿਆਰਥਣ ਨਾਲ ਕਥਿਤ ਜਬਰ-ਜ਼ਨਾਹ ਦੀ ਅਫਵਾਹ ਨੂੰ ਲੈ ਕੇ ਪੈਦਾ ਹੋਈ ਸਥਿਤੀ ਦੌਰਾਨ ਸਵਾਲਾਂ ਦੇ ਮੌਕੇ ਸਿਰ ਜਵਾਬ ਨਾ ਮਿਲਣ 'ਤੇ ਵਿਦਿਆਰਥੀ ਸਨਿੱਚਰਵਾਰ ਰਾਤ ਭੜਕ ਗਏ। ਰਾਤ ਭਰ ਚੱਲੇ ਪ੍ਰਦਰਸ਼ਨਾਂ, ਭੰਨਤੋੜ ਅਤੇ ਹਾਈਵੇ ਜਾਮ ਤੋਂ ਬਾਅਦ ਪੁਲਸ ਅਤੇ ਪ੍ਰਸ਼ਾਸਨ ਨੇ ਹਰਕਤ ਵਿੱਚ ਆ ਕੇ ਸੁਰੱਖਿਆ ਦੇ ਸਖਤ ਪ੍ਰਬੰਧ ਕਰਦਿਆਂ ਮਾਮਲੇ

• ਬਾਕੀ ਸਫਾ 10 'ਤੇ

### ਲਵਲੀ ਯੂਨੀਵਰਸਿਟੀ ਦਾ ਬਿਆਨ



**ਜਲੰਧਰ (ਸ਼ੈਲੀ ਐਲਬਰਟ)**-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਰਜਿਸਟਰਾਰ ਡਾ. ਮੋਨਿਕਾ ਗੁਲਾਟੀ ਨੇ ਕਿਹਾ ਕਿ ਕੁਝ ਸਮਾਜ ਵਿਰੋਧੀ ਤੱਤ ਸੋਸ਼ਲ ਮੀਡੀਆ ਅਤੇ ਹੋਰ ਪਲੇਟਫਾਰਮਾਂ ਰਾਹੀਂ ਪੂਰੀ ਤਰ੍ਹਾਂ ਝੂਠੀਆਂ, ਬੇਬੁਨਿਆਦ ਅਤੇ ਮਨਘੜਤ ਅਫਵਾਹਾਂ ਫੈਲਾ ਰਹੇ ਹਨ।ਇਸ ਨਾਲ ਵਿਦਿਆਰਥੀਆਂ ਵਿੱਚ ਬੇਲੋੜੀ ਉਲਝਣ ਪੈਦਾ ਹੋ ਰਹੀ ਹੈ ਅਤੇ ਯੂਨੀਵਰਸਿਟੀ ਦੇ ਸ਼ਾਂਤਮਈ ਅਕਾਦਮਿਕ ਵਾਤਾਵਰਣ ਨੂੰ ਵਿਗਾੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਅਜਿਹੀ ਗਲਤ ਅਤੇ ਗੁੰਮਰਾਹ ਕਰਨ ਵਾਲੀ ਜਾਣਕਾਰੀ ਦਾ ਯੋਜਨਾਬੱਧ ਪ੍ਰਸਾਰ

• ਬਾਕੀ ਸਫਾ 10 'ਤੇ

### ਚਿੰਤਾਜਨਕ ਰੁਝਾਨ

ਸੋਸ਼ਲ ਮੀਡੀਆ 'ਤੇ ਘੁੰਮ ਰਹੀਆਂ ਅਸਪੱਸ਼ਟ ਅਫਵਾਹਾਂ ਕਾਰਨ ਹਫਤੇ ਦੇ ਅੰਤ ਵਿੱਚ ਪੰਜਾਬ ਦੀਆਂ ਦੋ ਪ੍ਰਮੁੱਖ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਵੱਡੇ ਵਿਦਿਆਰਥੀ ਪ੍ਰਦਰਸ਼ਨ ਹੋਏ, ਜਿਸ ਨਾਲ ਕੈਂਪਸ ਵਿੱਚ ਘਬਰਾਹਟ, ਗੁੱਸਾ ਅਤੇ ਦੋਵਾਂ ਮਾਮਲਿਆਂ ਵਿੱਚ ਹਿੰਸਾ ਫੈਲ ਗਈ।

ਸ਼ੁੱਕਰਵਾਰ ਰਾਤ ਨੂੰ ਰਾਜਪੁਰਾ ਨੇੜੇ ਚਿਤਕਾਰਾ ਯੂਨੀਵਰਸਿਟੀ ਵਿਖੇ ਪਹਿਲਾਂ ਪ੍ਰਦਰਸ਼ਨ ਸ਼ੁਰੂ ਹੋਏ, ਜਿਸ ਤੋਂ ਬਾਅਦ ਸਨਿੱਚਰਵਾਰ ਰਾਤ ਅਤੇ ਐਤਵਾਰ ਸਵੇਰ ਤੱਕ ਫਗਵਾੜਾ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਅਸ਼ਾਂਤੀ ਫੈਲ ਗਈ।

ਦੋਵਾਂ ਮਾਮਲਿਆਂ ਵਿੱਚ ਆਨਲਾਈਨ ਘੁੰਮ ਰਹੇ ਦੋਸ਼ਾਂ ਨੂੰ ਪੁਲਸ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਨੇ ਰੱਦ ਕਰ ਦਿੱਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਦਾਅਵਿਆਂ ਦਾ ਸਮਰਥਨ ਕਰਨ ਲਈ ਕੋਈ ਸਬੂਤ ਨਹੀਂ ਮਿਲਿਆ ਅਤੇ ਪੁਸ਼ਟੀ ਕੀਤੀ ਕਿ ਵਿਦਿਆਰਥੀ ਸੁਰੱਖਿਅਤ ਹਨ।

ਇਨ੍ਹਾਂ ਘਟਨਾਵਾਂ ਨੇ ਇਸ ਗੱਲ 'ਤੇ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ ਕਿ ਕਿਵੇਂ ਅਸਪੱਸ਼ਟ ਪੋਸਟਾਂ ਅਤੇ ਵੀਡੀਓਜ਼ ਵੱਡੇ ਯੂਨੀਵਰਸਿਟੀ ਕੈਂਪਸਾਂ ਵਿੱਚ ਤੇਜ਼ੀ ਨਾਲ ਅਸ਼ਾਂਤੀ ਪੈਦਾ ਕਰ ਸਕਦੀਆਂ ਹਨ, ਖਾਸ ਕਰਕੇ ਪੰਜਾਬ ਦੇ ਸਿਆਸੀ ਤੌਰ 'ਤੇ ਸੰਵੇਦਨਸ਼ੀਲ ਚੋਣ ਸਾਲ ਦੇ ਮਾਹੌਲ ਵਿੱਚ। ਪਹਿਲੀ ਘਟਨਾ 25 ਸਤੰਬਰ ਦੀ ਰਾਤ ਨੂੰ ਸਾਹਮਣੇ ਆਈ ਜਦੋਂ ਸੋਸ਼ਲ ਮੀਡੀਆ ਪੋਸਟਾਂ ਅਤੇ ਰੀਲਾਂ ਵਿੱਚ ਇਹ ਦਾਅਵੇ ਫੈਲਣੇ ਸ਼ੁਰੂ ਹੋ ਗਏ ਕਿ ਚਿਤਕਾਰਾ ਯੂਨੀਵਰਸਿਟੀ ਦੇ ਕੁੜੀਆਂ ਦੇ ਹੋਸਟਲ ਵਿੱਚੋਂ ਦੋ ਵਿਦਿਆਰਥਣਾਂ ਗਾਇਬ ਹਨ ਜਾਂ ਉਨ੍ਹਾਂ ਖੁਦਕੁਸ਼ੀ ਕਰ ਲਈ ਹੈ। ਕੁਝ ਪੋਸਟਾਂ ਵਿੱਚ ਇੱਕ ਕਥਿਤ ਭੂਤ ਦਾ ਅਜੀਬੋ-ਗਰੀਬ ਹਵਾਲਾ ਵੀ ਦਿੱਤਾ ਗਿਆ ਅਤੇ ਦਾਅਵਾ ਕੀਤਾ ਗਿਆ ਕਿ ਹੋਸਟਲ ਵਿੱਚੋਂ ਚੀਕਾਂ ਸੁਣਾਈ ਦਿੱਤੀਆਂ ਸਨ।

ਇਨ੍ਹਾਂ ਦਾਅਵਿਆਂ ਕਾਰਨ ਰਾਤ ਨੂੰ ਹੀ ਪ੍ਰਦਰਸ਼ਨ ਸ਼ੁਰੂ ਹੋ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਕੈਂਪਸ ਵਿੱਚ ਇਕੱਠੇ ਹੋ ਗਏ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਤੋਂ ਜਵਾਬ ਮੰਗਣ ਲੱਗੇ। ਵਿਦਿਆਰਥੀਆਂ ਨੇ ਕਥਿਤ ਤੌਰ 'ਤੇ ਸੀ ਸੀ ਟੀ ਵੀ ਫੁਟੇਜ਼ ਤੱਕ ਪਹੁੰਚ ਦੀ ਮੰਗ ਕੀਤੀ ਅਤੇ ਦੋਸ਼ਾਂ ਨੂੰ ਲੈ ਕੇ ਅਧਿਕਾਰੀਆਂ ਦਾ ਘਿਰਾਓ ਕੀਤਾ। ਇਹ ਪ੍ਰਦਰਸ਼ਨ ਬਾਅਦ ਵਿੱਚ ਹਿੰਸਕ ਹੋ ਗਿਆ, ਜਿਸ ਵਿੱਚ ਕੈਂਪਸ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ ਗਿਆ ਅਤੇ ਪੰਜਾਬ ਪੁਲਸ ਦੇ ਐਮਰਜੈਂਸੀ ਰਿਸਪਾਂਸ ਵਾਹਨ 'ਤੇ ਹਮਲਾ ਕੀਤਾ ਗਿਆ। ਚਿਤਕਾਰਾ

• ਬਾਕੀ ਸਫਾ 10 'ਤੇ

## ਨਿਰੰਜਨ ਸਿੰਘ ਨੇ ਚਾਰ ਦਿਨਾਂ ਬਾਅਦ ਹੀ ਫਤਿਹ ਬੁਲਾ'ਤੀ



**ਚੰਡੀਗੜ੍ਹ (ਨ ਜ਼ ਸ)**-ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਨੂੰ ਐਤਵਾਰ ਅਲਵਿਦਾ ਆਖ ਦਿੱਤੀ। 23 ਸਤੰਬਰ ਉਨ੍ਹਾ ਸਿਆਸੀ ਪਾਰੀ ਦੀ ਸ਼ੁਰੂਆਤ ਕਰਦਿਆਂ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦਾ ਪੱਲਾ ਫੜਿਆ ਸੀ। ਨਿਰੰਜਨ ਸਿੰਘ ਨੇ ਆਪਣੇ ਸੋਸ਼ਲ ਮੀਡੀਆ ਖਾਤੇ 'ਤੇ ਸਾਂਝੀ ਕੀਤੀ ਪੋਸਟ ਵਿੱਚ ਕਿਹਾ, "ਮੈਂ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਫਿਰੌਤੀ ਅਤੇ ਨਸ਼ਿਆਂ ਦੀ ਤਸਕਰੀ ਵਿੱਚ ਪੁਲਸ ਮੁਲਾਜ਼ਮਾਂ ਦੀ ਸ਼ਮੂਲੀਅਤ ਵਰਗੇ ਮੁੱਦਿਆਂ 'ਤੇ ਇਸ ਪਾਰਟੀ ਨੂੰ ਆਪਣਾ ਸਮਰਥਨ ਦਿੱਤਾ ਸੀ, ਪ੍ਰੰਤੂ ਕੁਝ ਅਜਿਹੇ ਮਤਭੇਦ ਹਨ ਜਿਨ੍ਹਾਂ 'ਤੇ ਮੈਂ ਸਮਝੌਤਾ ਨਹੀਂ ਕਰ ਸਕਦਾ। ਜਨਤਕ ਜੀਵਨ ਵਿੱਚ ਰਹਿਣ ਵਾਲੇ ਵਿਅਕਤੀਆਂ ਦਾ ਆਚਰਨ ਭਾਰਤੀ ਸੰਵਿਧਾਨ ਦੇ ਅਨੁਸਾਰ ਹੋਣਾ ਚਾਹੀਦਾ ਹੈ।" ਇਸਦੇ ਨਾਲ ਹੀ ਉਨ੍ਹਾ ਅਕਾਲੀ ਦਲ 'ਵਾਰਿਸ ਪੰਜਾਬ ਦੇ' ਨੂੰ ਸ਼ੁੱਭਕਾਮਨਾਵਾਂ ਵੀ ਦਿੱਤੀਆਂ ਹਨ।

## ਬੈਂਕਾਂ 'ਚ ਅੱਜ ਤੋਂ ਤਿੰਨ ਦਿਨ ਹੜਤਾਲ

**ਜਲੰਧਰ** : ਬੈਂਕ ਕਰਮਚਾਰੀਆਂ ਦੀ 28 ਤੋਂ 30 ਸਤੰਬਰ ਤੱਕ ਤਿੰਨ ਰੋਜ਼ਾ ਦੇਸ਼-ਵਿਆਪੀ ਹੜਤਾਲ ਤੋਂ ਪਹਿਲਾਂ ਆਮ ਲੋਕਾਂ ਦੀਆਂ ਬੈਂਕਿੰਗ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰੀ ਖੇਤਰ ਦੇ ਬੈਂਕ ਐਤਵਾਰ ਨੂੰ ਵੀ ਖੁੱਲ੍ਹੇ ਰਹੇ। ਭਾਵੇਂ ਬੈਂਕਾਂ ਵਿੱਚ ਕਰਮਚਾਰੀਆਂ ਨੇ ਆਮ ਵਾਂਗ ਕੰਮ ਕੀਤਾ, ਪਰ ਉਨ੍ਹਾਂ ਐਤਵਾਰ ਨੂੰ ਬੈਂਕ ਖੋਲ੍ਹਣ ਦੇ ਰੋਸ ਵਜੋਂ ਕਾਲੇ ਕੱਪੜੇ ਪਾਏ ਹੋਏ ਸਨ ਅਤੇ ਕਾਲੇ ਬਿੱਲੇ ਲਾਏ ਹੋਏ ਸਨ। 'ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਜ਼' ਨੇ 28 ਤੋਂ 30 ਸਤੰਬਰ ਤੱਕ ਤਿੰਨ ਦਿਨਾਂ ਦੇਸ਼-ਵਿਆਪੀ ਬੈਂਕ ਹੜਤਾਲ ਦਾ ਸੱਦਾ ਦਿੱਤਾ ਹੈ।

## ਐੱਨ ਟੀ ਏ ਦੇ ਦਫਤਰ 'ਤੇ ਸੀ ਆਈ ਐੱਸ ਐੱਫ ਦਾ ਪਹਿਰਾ

**ਨਵੀਂ ਦਿੱਲੀ** : ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਵੱਲੋਂ ਨੀਟ ਪੇਪਰ ਲੀਕ ਅਤੇ ਪ੍ਰਸ਼ਾਸਕੀ ਖਾਮੀਆਂ ਨੂੰ ਲੈ ਕੇ ਹੋਏ ਭਾਰੀ ਵਿਵਾਦ ਤੋਂ ਬਾਅਦ ਆਪਣੇ ਕੰਮਕਾਜ ਨੂੰ ਇੱਕ ਨਵੇਂ ਦਫਤਰ ਵਿੱਚ ਤਬਦੀਲ ਕਰ ਲਿਆ ਗਿਆ ਹੈ। ਹੁਣ ਦਫਤਰ ਦੇ ਗੁਪਤ ਖੇਤਰਾਂ ਵਿੱਚ ਪੁਖ਼ਤਾਂ ਪ੍ਰਬੰਧ ਯਕੀਨੀ ਬਣਾਉਣ ਲਈ ਸੀ ਆਈ ਐੱਸ ਐੱਫ ਦਾ ਪਹਿਰਾ ਹੋਵੇਗਾ। ਐੱਨ ਟੀ ਏ ਨੂੰ ਭਾਰਤ ਸਰਕਾਰ ਦੀ ਪ੍ਰੈੱਸ ਬਿਲਡਿੰਗ, ਮਿੰਟੋ ਰੋਡ ਵਿਖੇ 55,000 ਵਰਗ ਫੁੱਟ ਤੋਂ ਵੱਧ ਦੀ ਜਗ੍ਹਾ ਅਲਾਟ ਕੀਤੀ ਗਈ ਹੈ। ਇਮਾਰਤ ਦੀ ਪੰਜਵੀਂ ਮੰਜ਼ਲ ਅਤੇ ਚੌਥੀ ਅਤੇ ਛੇਵੀਂ ਮੰਜ਼ਲ ਦੇ ਕੁਝ ਹਿੱਸੇ ਨੈਸ਼ਨਲ ਟੈਸਟਿੰਗ ਏਜੰਸੀ ਨੂੰ ਅਲਾਟ ਕੀਤੇ ਗਏ ਹਨ।

## ਅੱਜ-ਨਾਮਾ

ਕਿਸਾਨੀ ਧਿਰਾਂ 'ਚੋਂ ਫੇਰ ਇਕ ਕਹੀ ਜਾਂਦੀ,
ਸੁਣਦੀ ਬਾਤ ਨਹੀਂ ਸਾਡੀ ਸਰਕਾਰ ਬੇਲੀ।
ਮੁੜ-ਮੁੜ ਪੇਸ਼ ਕਰੀਏ ਬੜੇ ਮੰਗ-ਪੱਤਰ,
ਰੱਖ ਦੇਣ ਪਾਸੇ ਉਹ ਬਿਨਾਂ ਵਿਚਾਰ ਬੇਲੀ।
ਮੁੜ-ਮੁੜ ਫੋਨ ਵੀ ਅਸੀਂ ਤਾਂ ਬੜੇ ਕੀਤੇ,
ਕਿਸੇ ਵੀ ਸੁਣੀ ਨਹੀਂ ਚੀਕ-ਪੁਕਾਰ ਬੇਲੀ।
ਕਰੀਏ ਸੜਕ ਨਾ ਅਸੀਂ ਵੀ ਜਾਮ ਜੇਕਰ,
ਛੱਡਦਾ ਨੀਂਦ ਨਹੀਂ ਰਾਜ ਦਰਬਾਰ ਬੇਲੀ।
ਬੁਲਾਰਾ ਓਧਰ ਸਰਕਾਰੀ ਹੈ ਕਹੀ ਜਾਂਦਾ,
ਮਸਲਾ ਕਰਨਾ ਸਭ ਚਾਹੀਦਾ ਹੱਲ ਬੇਲੀ।
ਔਕੜ ਇਹੀ ਕਿ ਬਹੁਤ ਕਿਰਸਾਨ ਆਗੂ,
ਮੰਨਦਾ ਕੋਈ ਨਹੀਂ ਦੂਜੇ ਦੀ ਗੱਲ ਬੇਲੀ।

-ਤੀਸ ਮਾਰ ਖਾਂ

## ਮਾਨ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ 'ਤੇ ਸੱਤ ਮੈਂਬਰੀ ਕਮੇਟੀ ਨਾਲ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਆਪਣੀ ਸਰਕਾਰੀ ਰਿਹਾਇਸ਼ 'ਤੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਸੰਬੰਧੀ ਬਣਾਈ 7 ਮੈਂਬਰੀ ਕਮੇਟੀ ਨਾਲ ਮੀਟਿੰਗ ਕੀਤੀ। ਦੋ ਘੰਟੇ ਚੱਲੀ ਮੀਟਿੰਗ ਵਿੱਚ ਮੁੱਖ ਮੰਤਰੀ ਵੱਲੋਂ ਕਮੇਟੀ ਮੈਂਬਰਾਂ ਨਾਲ ਐਕਟ ਵਿੱਚ ਸੋਧਾਂ ਬਾਰੇ ਬਾਰੀਕੀ ਨਾਲ ਗੱਲਬਾਤ ਕੀਤੀ ਗਈ। ਮੁੱਖ ਮੰਤਰੀ ਨਾਲ ਮੀਟਿੰਗ ਕਰਨ ਵਾਲੀ 7 ਮੈਂਬਰੀ ਕਮੇਟੀ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਖਾਲਸਾ, ਰਾਮਪੁਰ ਖੇੜਾ ਦੇ ਸੰਤ ਬਾਬਾ ਸੇਵਾ ਸਿੰਘ, ਸੇਵਾਮੁਕਤ ਜਸਟਿਸ ਜਸਪਾਲ ਸਿੰਘ, ਸੇਵਾਮੁਕਤ ਜਸਟਿਸ ਗੁਰਬੀਰ ਸਿੰਘ, ਸਾਬਕਾ ਆਈ ਪੀ ਐੱਸ ਅਧਿਕਾਰੀ ਅਤੇ ਪੰਜਾਬ ਲੋਕ ਸੇਵਾ ਕਮਿਸ਼ਨ ਦੇ ਸਾਬਕਾ ਚੇਅਰਮੈਨ ਜਤਿੰਦਰ ਸਿੰਘ ਔਲਖ ਅਤੇ ਐਡਵੋਕੇਟ ਪ੍ਰੀਤ ਇੰਦਰ ਪਾਲ ਸਿੰਘ ਸ਼ਾਮਲ ਹਨ।



ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਮੀਟਿੰਗ ਵਿੱਚ ਆਪਸੀ ਜਾਣ-ਪਛਾਣ ਹੋਈ ਹੈ। ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜੋ ਇਤਰਾਜ਼ ਲਗਾਏ ਗਏ, ਉਨ੍ਹਾਂ ਨੂੰ ਕਿਵੇਂ ਦੂਰ ਕੀਤਾ ਜਾ ਸਕਦਾ ਹੈ। ਇਸ ਬਾਰੇ ਗੱਲਬਾਤ ਕਰਕੇ ਜਲਦ ਰਿਪੋਰਟ ਬਣਾ ਕੇ ਸੌਂਪੀ ਜਾਵੇਗੀ। ਸੰਤ ਬਾਬਾ ਸੇਵਾ ਸਿੰਘ ਨੇ ਕਿਹਾ ਕਿ ਨਵਾਂ ਕਾਨੂੰਨ ਪੁਰਾਣੇ ਕਾਨੂੰਨ ਨੂੰ ਮੁੱਖ ਰੱਖਦਿਆਂ ਤਿਆਰ ਕੀਤਾ ਗਿਆ ਹੈ ਅਤੇ ਸਾਰੀਆਂ ਪ੍ਰਸਤਾਵਿਤ ਸੋਧਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਬੇਅਦਬੀ ਮਾਮਲਿਆਂ ਨਾਲ ਸੰਬੰਧਤ ਕਾਨੂੰਨੀ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਤਹਿਤ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤਾ ਗਿਆ ਸੀ। ਇਸ 'ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੇ ਕੁਝ ਇਤਰਾਜ਼ ਜਤਾਏ ਸਨ, ਜਿਸ ਵਿੱਚ ਸੋਧਾਂ ਨੂੰ ਲੈ ਕੇ ਹੀ ਪੰਜਾਬ ਸਰਕਾਰ ਵੱਲੋਂ 7 ਮੈਂਬਰੀ ਕਮੇਟੀ ਬਣਾਈ ਗਈ ਹੈ। ਮੁੱਖ ਮੰਤਰੀ ਮਾਨ ਨੇ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹੈ ਅਤੇ ਉਨ੍ਹਾ ਦੀ ਸਰਕਾਰ ਬੇਅਦਬੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਢਾਂਚੇ ਨੂੰ ਯਕੀਨੀ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਉਨ੍ਹਾ ਕਮੇਟੀ ਨੂੰ ਹਦਾਇਤ ਕੀਤੀ ਕਿ ਉਹ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਕਰਨ, ਸੁਝਾਵਾਂ 'ਤੇ ਵਿਚਾਰ ਕਰਨ ਅਤੇ ਸਹਿਮਤੀ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਵਿਸਥਾਰਪੂਰਵਕ ਅਤੇ ਨਿਰੰਤਰ ਮੀਟਿੰਗਾਂ ਕਰਨ। ਇਸ ਦੌਰਾਨ ਮਾਨ ਨੇ ਕਿਹਾ, 'ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਇਸ ਕਾਨੂੰਨ ਦੀਆਂ ਮੱਦਾਂ ਬਾਰੇ ਚਰਚਾ ਕਰਨ ਅਤੇ ਸਹਿਮਤੀ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰਦੇ ਸਮੇਂ ਇਸ ਕਾਨੂੰਨ ਦੀ ਮੂਲ ਭਾਵਨਾ ਅਤੇ ਮੁੱਖ ਮਕਸਦ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਣਾ ਚਾਹੀਦਾ। ਬੇਅਦਬੀ ਕਰਨ ਵਾਲਿਆਂ ਲਈ ਉਮਰ ਕੈਦ ਅਤੇ ਭਾਰੀ ਜੁਰਮਾਨੇ ਦੀ ਵਿਵਸਥਾ ਇਸ ਕਾਨੂੰਨ ਦਾ ਮੁੱਖ ਆਧਾਰ ਹੈ। ਇਸ ਲਈ ਇਸ ਵਿੱਚ ਕੋਈ ਢਿੱਲ ਨਹੀਂ ਦਿੱਤੀ ਜਾਣੀ ਚਾਹੀਦੀ।'

## ਬੀ ਬੀ ਐੱਮ ਬੀ ਦੇ ਚੇਅਰਮੈਨ ਦਾ ਕਾਰਜਕਾਲ ਵਧਾਇਆ

**ਚੰਡੀਗੜ੍ਹ (ਨ ਜ਼ ਸ)**

ਕੇਂਦਰੀ ਬਿਜਲੀ ਮੰਤਰਾਲੇ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐੱਮ ਬੀ) ਦੇ ਚੇਅਰਮੈਨ ਮਨੋਜ ਤ੍ਰਿਪਾਠੀ ਦਾ ਕਾਰਜਕਾਲ ਤਿੰਨ ਮਹੀਨਿਆਂ ਲਈ ਵਧਾ ਦਿੱਤਾ ਹੈ। ਕਾਰਜਕਾਲ ਵਿੱਚ ਇਹ ਵਾਧਾ ਅਜਿਹੇ ਸਮੇਂ ਕੀਤਾ ਗਿਆ ਹੈ ਜਦੋਂ ਸੰਸਥਾ ਦੇ ਦੋ ਅਹਿਮ ਪੱਕੇ (ਫੁੱਲ-ਟਾਈਮ) ਅਹੁਦੇ ਮੈਂਬਰ (ਸਿੰਜਾਈ) ਅਤੇ ਮੈਂਬਰ (ਬਿਜਲੀ) ਪਿਛਲੇ ਕਈ ਸਾਲਾਂ ਤੋਂ ਖਾਲੀ ਪਏ ਹਨ। ਵੱਡੇ ਅਹੁਦਿਆਂ ਨੂੰ ਭਰਨ ਲਈ ਅਪਣਾਈ ਜਾ ਰਹੀ ਇਸ ਡੰਗ-ਟਪਾਊ ਨੀਤੀ ਕਾਰਨ ਉੱਤਰੀ ਭਾਰਤ ਦੇ ਸਭ ਤੋਂ ਅਹਿਮ ਪਾਣੀ ਅਤੇ ਬਿਜਲੀ ਪ੍ਰੋਜੈਕਟਾਂ ਦਾ ਪ੍ਰਬੰਧ ਦੇਖਣ ਵਾਲੀ ਇਸ ਸੰਸਥਾ ਦੇ ਕੰਮਕਾਜ ਨੂੰ ਲੈ ਕੇ ਚਿੰਤਾਵਾਂ ਵਧ ਗਈਆਂ ਹਨ।

ਬਿਜਲੀ ਮੰਤਰਾਲੇ ਵੱਲੋਂ ਜਾਰੀ ਹੁਕਮਾਂ ਮੁਤਾਬਕ, ਤ੍ਰਿਪਾਠੀ ਦਾ ਕਾਰਜਕਾਲ 27 ਸਤੰਬਰ ਨੂੰ ਖਤਮ ਹੋਣਾ ਸੀ, ਜਿਸ ਨੂੰ ਹੁਣ 27 ਦਸੰਬਰ, 2026 ਤੱਕ ਜਾਂ ਕੋਈ ਪੱਕੀ ਨਿਯੁਕਤੀ ਹੋਣ ਤੱਕ ਜਾਂ ਅਗਲੇ ਹੁਕਮਾਂ ਤੱਕ (ਜੋ ਵੀ ਪਹਿਲਾਂ ਹੋਵੇ) ਵਧਾ ਦਿੱਤਾ ਗਿਆ ਹੈ। ਉੱਥੇ ਹੀ ਮੈਂਬਰ (ਸਿੰਜਾਈ) ਅਤੇ ਮੈਂਬਰ (ਬਿਜਲੀ) ਦੇ ਅਹੁਦੇ ਹੁਣ ਲਗਪਗ ਚਾਰ ਸਾਲਾਂ ਤੋਂ ਖਾਲੀ ਪਏ ਹਨ। ਮੈਂਬਰ (ਸਿੰਜਾਈ) ਦਾ ਅਹੁਦਾ 9 ਸਤੰਬਰ, 2020 ਤੋਂ ਖਾਲੀ ਹੈ। ਉਸ ਸਮੇਂ ਇਸ ਅਹੁਦੇ 'ਤੇ ਕੰਮ ਕਰ ਰਹੇ ਹਰਿਆਣਾ ਦੇ ਅਧਿਕਾਰੀ ਨੂੰ ਉਨ੍ਹਾ ਦੇ ਪਿੱਤਰੀ (ਅਸਲ) ਵਿਭਾਗ ਵਿੱਚ ਵਾਪਸ ਭੇਜ ਦਿੱਤਾ ਗਿਆ ਸੀ। ਮੈਂਬਰ (ਬਿਜਲੀ) ਦਾ ਅਹੁਦਾ 26 ਸਤੰਬਰ, 2022 ਨੂੰ ਖਾਲੀ ਹੋਇਆ ਸੀ। ਫਿਲਹਾਲ ਮੈਂਬਰ (ਬਿਜਲੀ) ਦਾ ਕੰਮ ਬੀ ਬੀ ਐੱਮ ਬੀ ਦੇ ਚੀਫ ਇੰਜੀਨੀਅਰ (ਜਨਰੇਸ਼ਨ) ਵੱਲੋਂ ਵਾਧੂ ਜ਼ਿੰਮੇਵਾਰੀ ਵਜੋਂ ਦੇਖਿਆ ਜਾ ਰਿਹਾ ਹੈ।

ਪੰਜਾਬ ਰਾਜ ਬਿਜਲੀ ਬੋਰਡ ਇੰਜੀਨੀਅਰਜ਼ ਐਸੋਸੀਏਸ਼ਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਸੀ ਕਿ ਇਨ੍ਹਾਂ ਦੋਵਾਂ ਅਹੁਦਿਆਂ ਨੂੰ ਪੱਕੇ ਤੌਰ 'ਤੇ ਭਰਿਆ ਜਾਵੇ। ਉਨ੍ਹਾਂ ਦਲੀਲ ਦਿੱਤੀ ਸੀ ਕਿ ਅਹੁਦੇ ਲੰਮੇ ਸਮੇਂ ਤੋਂ ਖਾਲੀ

• ਬਾਕੀ ਸਫਾ 10 'ਤੇ

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਵਿਚਾਰਧਾਰਾ ਤੇ ਜਨਰੇਸ਼ਨ-ਜ਼ੀ


ਸ਼ਹੀਦੇ ਆਜ਼ਮ ਭਗਤ ਸਿੰਘ ਦਾ ਨਾਂਅ ਸੁਣਦਿਆਂ ਹੀ ਅੱਖਾਂ ਅੱਗੇ 23 ਸਾਲ 5 ਮਹੀਨੇ 26 ਦਿਨ ਦਾ ਨੌਜਵਾਨ, ਜੋ ਅੱਜ ਦੀ ਯੁੱਗ 'ਚ ਜਨਰੇਸ਼ਨ-ਜ਼ੀ ਵਾਂਗ ਉਸ ਦੌਰ ਵਿੱਚ ਦੇਸ਼ ਲਈ ਆਪਣੀ ਜਾਨ ਦੇ ਕੇ ਕ੍ਰਾਂਤੀ ਦੀ ਜੋ ਮਸ਼ਾਲ ਬਾਲ ਗਿਆ, ਉਸ ਦੀ ਵਿਚਾਰਧਾਰਾ ਦੀ ਉਹ ਮਸ਼ਾਲ ਅੱਜ ਵੀ ਮਗ ਰਹੀ ਹੈ, ਜਿਸ ਵਚੋਂ ਇਕ ਸਮਾਜਿਕ ਇਨਕਲਾਬ ਦਾ ਸੇਕ ਹਰ ਵੇਲੇ ਨੌਜਵਾਨਾਂ ਵਿਚ ਜੋਸ਼, ਹੋਸ਼ ਅਤੇ ਸਰਫਰੋਸ਼ ਦਾ ਕੰਮ ਕਰ ਹੀ ਜਾਂਦਾ ਹੈ ਅਤੇ ਉਸੇ ਵੇਲੇ ਸਾਡੇ ਸਾਹਮਣੇ ਫਾਂਸੀ ਦੇ ਤਖ਼ਤੇ 'ਤੇ ਹੱਸਦੇ ਹੋਏ ਇੱਕ ਨੌਜਵਾਨ ਦੀ ਤਸਵੀਰ ਉਭਰ ਅਤੇ ਉਕਰ ਜਾਂਦੀ ਹੈ।ਉਹ ਤਸਵੀਰ 119 ਸਾਲ ਬਾਅਦ ਵੀ ਸਾਢੇ 23 ਸਾਲ ਦਾ ਜਨਰੇਸ਼ਨ-ਜ਼ੀ ਹੀ ਲੱਗਦਾ ਹੈ ਅਤੇ ਸ਼ਾਇਦ ਰਹਿੰਦੀ ਦੁਨੀਆਂ ਤੱਕ ਸਾਢੇ 23 ਸਾਲਾਂ ਦਾ ਜਵਾਨ ਹੀ ਰਹੇਗਾ।ਉਹ ਸਿਰਫ਼ ਇੱਕ ਕ੍ਰਾਂਤੀਕਾਰੀ ਨਹੀਂ ਸਨ, ਸਗੋਂ ਇੱਕ ਵਿਚਾਰਕ ਵੀ ਸਨ, ਜਿਨ੍ਹਾਂ ਦੀ ਸੋਚ ਅੱਜ ਵੀ ਓਨੀ ਹੀ ਪ੍ਰਸੰਗਿਕ ਹੈ। ਉਨ੍ਹਾ ਦੇਸ਼ ਦੀ ਆਜ਼ਾਦੀ ਨੂੰ ਸਿਰਫ਼ ਅੰਗਰੇਜ਼ਾਂ ਨੂੰ ਭਜਾਉਣ ਤੱਕ ਸੀਮਿਤ ਨਹੀਂ ਸਮਝਿਆ, ਸਗੋਂ ਉਹ ਇੱਕ ਅਜਿਹੇ ਸਮਾਜ ਦਾ ਸੁਪਨਾ ਦੇਖਦੇ ਸਨ, ਜਿੱਥੇ ਕੋਈ ਸ਼ੋਸ਼ਣ ਨਾ ਹੋਵੇ, ਸਾਰੇ ਬਰਾਬਰ ਹੋਣ ਅਤੇ ਧਰਮਾਂ ਦਾ ਚੜ੍ਹਤ ਰੌਲਾ ਨਾ ਹੋਵੇ। ਉਹ ਸਮਝਦੇ ਸਨ ਕਿ ਜੇਕਰ ਸਮਾਜਿਕ ਬੁਰਾਈਆਂ, ਜਿਵੇਂ ਕਿ ਜਾਤ-ਪਾਤ,

ਵਰਗਿਸ ਸਲਾਮਤ

ਧਾਰਮਿਕ ਵੰਡ ਅਤੇ ਆਰਥਿਕ ਅਸਮਾਨਤਾ ਖ਼ਤਮ ਨਹੀਂ ਹੁੰਦੀ, ਤਾਂ ਆਜ਼ਾਦੀ ਦਾ ਕੋਈ ਅਰਥ ਨਹੀਂ ਰਹਿੰਦਾ। ਉਹ ਰੂਸੀ ਕ੍ਰਾਂਤੀ ਤੋਂ ਬਹੁਤ ਪ੍ਰੇਰਿਤ ਸਨ ਅਤੇ ਇੱਕ ਸਮਾਜਵਾਦੀ ਸਮਾਜ ਦੀ ਸਥਾਪਨਾ ਚਾਹੁੰਦੇ ਸਨ ਜੋ ਸ਼ੋਸ਼ਣ ਤੋਂ ਮੁਕਤ ਹੋਵੇ। ਉਨ੍ਹਾ ਦੀ ਵਿਚਾਰਧਾਰਾ ਦਾ ਕੇਂਦਰ ਬਿੰਦੂ ਵਿਗਿਆਨਕ ਸੋਚ, ਧਰਮ ਨਿਰਪੱਖਤਾ ਅਤੇ ਸਮਾਜਿਕ ਬਰਾਬਰੀ ਸੀ।ਅੱਜ ਦੇ ਸਮੇਂ ਵਿੱਚ ਭਗਤ ਸਿੰਘ ਦੀ ਵਿਚਾਰਧਾਰਾ ਦੀ ਪ੍ਰਸੰਗਿਕਤਾ ਹੋਰ ਵੀ ਵਧ ਗਈ ਹੈ। ਉਨ੍ਹਾ ਦੇ ਆਦਰਸ਼ ਅੱਜ ਦੀਆਂ ਕਈ ਗੰਭੀਰ ਸਮੱਸਿਆਵਾਂ ਨਾਲ ਸਿੱਧਾ ਟਕਰਾਅ ਕਰਦੇ ਹਨ। ਵਧਦੀ ਆਰਥਿਕ ਅਸਮਾਨਤਾ ਲੋਕਾਂ ਲਈ ਵੱਡੀ ਚੁਣੌਤੀ ਹੈ। ਦੇਸ਼ ਦਾ ਸਾਰਾ ਸਰਮਾਇਆ ਕੁਝ ਪੂੰਜੀਪਤੀਆਂ ਦੇ ਹੱਥਾਂ 'ਚ ਇਕੱਠਾ ਹੁੰਦਾ ਜਾ ਰਿਹਾ ਹੈ।ਭਗਤ ਸਿੰਘ ਨੇ ਪੂੰਜੀਵਾਦੀ ਵਿਵਸਥਾ ਦੀ ਆਲੋਚਨਾ ਕੀਤੀ ਅਤੇ ਇੱਕ ਅਜਿਹੇ ਸਿਸਟਮ ਦੀ ਗੱਲ ਕੀਤੀ, ਜਿੱਥੇ ਸਿੱਖਿਆ ਅਤੇ ਸਿਹਤ ਸੇਵਾਵਾਂ ਸਭ ਲਈ ਉਪਲੱਬਧ ਹੋਣ। ਅੱਜ ਸਿੱਖਿਆ ਅਤੇ ਸਿਹਤ ਸੇਵਾਵਾਂ ਦਾ ਨਿੱਜੀਕਰਨ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਗਿਆ ਹੈ।

ਭਗਤ ਸਿੰਘ ਦਾ ਸਮਾਜਵਾਦੀ ਮਾਡਲ ਅੱਜ ਦੇ ਪੂੰਜੀਵਾਦੀ ਢਾਂਚੇ ਲਈ ਇੱਕ ਚੁਣੌਤੀ ਹੈ। ਉਨ੍ਹਾ 1928 ਵਿੱਚ ਹੀ 'ਅਛੂਤ ਦਾ ਸਵਾਲ' ਅਤੇ 'ਸੰਪਰਦਾਇਕ ਦੰਗੇ ਅਤੇ ਉਨ੍ਹਾਂ ਦਾ ਇਲਾਜ' ਵਰਗੇ ਲੇਖ ਲਿਖ ਕੇ ਇਨ੍ਹਾਂ ਸਮੱਸਿਆਵਾਂ ਦੀ ਡੂੰਘਾਈ ਨੂੰ ਸਮਝਿਆ ਸੀ। ਇਹਨਾਂ ਲੇਖਾਂ ਰਾਹੀ ਉਹਨਾਂ ਫਿਰਕੂਵਾਦ ਅਤੇ ਜਾਤੀ ਵੰਡ ਦਾ ਡਟ ਕੇ ਵਿਰੋਧ ਕੀਤਾ ਅਤੇ ਸਮਾਜਿਕ ਇਨਕਲਾਬ ਦਾ ਸੁਨੇਹਾ ਦਿੱਤਾ।ਅੱਜ ਵੀ ਧਾਰਮਿਕ ਅਤੇ ਜਾਤੀ ਆਧਾਰ 'ਤੇ ਵੰਡ ਦੀਆਂ ਕੋਸ਼ਿਸ਼ਾਂ ਜਾਰੀ ਹਨ, ਜੋ ਭਗਤ ਸਿੰਘ ਦੇ ਧਰਮ ਨਿਰਪੱਖ ਅਤੇ ਬਰਾਬਰੀ ਵਾਲੇ ਭਾਰਤ ਦੇ ਸੁਪਨੇ ਦੇ ਉਲਟ ਹਨ।ਭਗਤ ਸਿੰਘ ਨੌਜਵਾਨਾਂ ਨੂੰ ਸਮਾਜਿਕ ਬਦਲਾਅ ਦਾ ਮੋਹਰੀ ਮੰਨਦੇ ਸਨ। ਉਹਨਾ ਦਾ ਮੰਨਣਾ ਸੀ ਕਿ ਦੁਨੀਆ ਦੀਆਂ ਜਿੰਨੀਆਂ ਵੀ ਕ੍ਰਾਂਤੀਆਂ ਹੋਈਆਂ ਹਨ, ਉਸ ਵਿੱਚ ਨੌਜਵਾਨਾਂ ਦੀ ਭੂਮਿਕਾ ਹੀ ਅਹਿਮ ਹੀ ਨਹੀ, ਬਲਕਿ ਉਸ ਦੇਸ਼ ਦੀ ਰਾਜਨੀਤੀ ਦਾ ਟਰਨਿੰਗ ਪੁਆਇੰਟ ਬਣਦੀ ਰਹੀ ਹੈ। ਖ਼ੁਦ ਭਗਤ ਸਿੰਘ ਦੀ ਵਿਚਾਰਧਾਰਾ ਅਜ਼ਾਦੀ ਦੇ ਸੰਘਰਸ਼ 'ਚ ਇਕ ਟਰਨਿੰਗ ਪੁਆਇੰਟ ਬਣੀ ਸੀ, ਇਥੋਂ ਤੱਕ ਕਿ ਕਾਂਗਰਸ ਵਰਗੀ ਪਾਰਟੀ ਜੋ ਆਪਣੇ ਆਪ ਨੂੰ ਉਸ ਵੇਲੇ ਅਜ਼ਾਦੀ ਦੇ ਸੰਘਰਸ਼ ਦੀ ਵੱਡੀ ਦਾਅਵੇਦਾਰ ਕਹਾਉਂਦੀ ਸੀ, ਉਸ ਨੂੰ ਵੀ ਆਪਣੇ ਮੈਨੀਫੈਸਟੋ ਨੂੰ ਬਦਲਣਾ ਪਿਆ ਸੀ।

ਜੇ ਅੱਜ ਦੇ ਪ੍ਰਸੰਗ ਨੂੰ ਜੋੜੀਏ ਤਾਂ ਅੱਜ ਦੀ ਜਨਰੇਸ਼ਨ-ਜ਼ੀ ਨੇ 2026 ਵਿੱਚ ਭਾਰਤੀ ਜਨਤਾ ਪਾਰਟੀ ਦੀ 2014 ਤੋਂ ਚਲ ਰਹੀ ਧਰਮਤੰਤਰ, ਫਿਰਕੂਵਾਦੀ ਅਤੇ ਫਾਸ਼ੀਵਾਦੀ ਰਾਜਨੀਤੀ ਨੂੰ ਟਰਨਿੰਗ ਪੁਆਇੰਟ 'ਤੇ ਲਿਆ ਦਿੱਤਾ ਹੈ ਅਤੇ ਉਸ ਨੂੰ ਮਜਬੂਰ ਕਰ ਦਿੱਤਾ ਹੈ ਕਿ ਨੌਜਵਾਨਾਂ ਦੀਆਂ ਸਮੱਸਿਆਵਾਂ ਨੂੰ ਫੋਕਸ 'ਤੇ ਲਿਆਵੇ।ਅੱਜ ਨੌਜਵਾਨ ਬੇਰੁਜ਼ਗਾਰੀ, ਨਸ਼ਿਆਂ, ਕਵਾਲਿਟੀ ਐਜੂਕੇਸ਼ਨ ਅਤੇ ਆਨਲਾਈਨ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ। ਉਨ੍ਹਾ ਦਾ ਸੰਦੇਸ਼ ਸੀ ਕਿ ਨੌਜਵਾਨਾਂ ਨੂੰ ਜਾਤੀ ਅਤੇ ਧਾਰਮਿਕ ਵੰਡਾਂ ਤੋਂ ਉਪਰ ਉਠ ਕੇ ਸੱਚੀ ਆਜ਼ਾਦੀ ਲਈ ਸੰਘਰਸ਼ ਕਰਨਾ ਚਾਹੀਦਾ ਹੈ।ਭਾਰਤ ਵਿੱਚ ਜਨਰੇਸ਼ਨ ਜ਼ੀ ਉਹਨਾ ਦੀ ਇਸ ਪੈੜ ਨੂੰ ਛੂਹ ਰਹੀ ਹੈ। ਰਾਜਨੀਤੀ ਵਿੱਚ ਸਵਾਰਥ ਨਹੀ ਕੁਰਬਾਨੀ ਦੀ ਲੋੜ ਹੈ, ਅੱਜ ਦੀ ਰਾਜਨੀਤੀ ਵਿੱਚ ਭਗਤ ਸਿੰਘ ਵਰਗੀ ਨਿਰਸਵਾਰਥ ਭਾਵਨਾ ਦੀ ਝਲਕ ਨਹੀਂ ਮਿਲਦੀ।ਭਗਤ ਸਿੰਘ ਅਤੇ ਉਨ੍ਹਾ ਦੇ ਸਾਥੀਆਂ ਦਾ ਕੋਈ ਨਿੱਜੀ ਰਾਜਨੀਤਕ ਲਾਭ ਦਾ ਮਕਸਦ ਨਹੀਂ ਸੀ, ਸਗੋਂ ਦੇਸ਼ ਅਤੇ ਸਮਾਜ ਦਾ ਭਵਿੱਖ ਉਨ੍ਹਾਂ ਦੀ ਇਕਲੌਤੀ ਚਿੰਤਾ ਸੀ।ਭਗਤ ਸਿੰਘ ਦੀ ਵਿਚਾਰਧਾਰਾ ਦਾ ਕੇਂਦਰ ਬਿੰਦੂ ਇਨਕਲਾਬ ਹੈ। ਸ਼ਹੀਦ-ਏ-ਆਜ਼ਮ ਭਗਤ ਸਿੰਘ ਭਾਰਤ ਦੀ ਆਜ਼ਾਦੀ ਦੀ ਲਹਿਰ ਦਾ ਉਹ ਮਹਾਨ ਨੌਜਵਾਨ ਇਨਕਲਾਬੀ ਸੀ।ਉਹਨਾ ਆਪਣੀ ਜ਼ਿੰਦਗੀ ਨੂੰ ਸਿਰਫ਼ ਅੰਗਰੇਜ਼ੀ ਹਕੂਮਤ ਤੋਂ ਦੇਸ਼ ਨੂੰ ਆਜ਼ਾਦ ਕਰਵਾਉਣ ਤੱਕ ਸੀਮਤ ਨਹੀਂ ਰੱਖਿਆ, ਸਗੋਂ ਇੱਕ ਅਜਿਹੇ ਸਮਾਜ ਦੀ ਕਲਪਨਾ ਕੀਤੀ, ਜਿਸ ਵਿੱਚ ਮਨੁੱਖ ਦੁਆਰਾ ਮਨੁੱਖ ਦੀ ਲੁੱਟ ਨਾ ਹੋਵੇ, ਹਰ ਵਿਅਕਤੀ ਨੂੰ ਬਰਾਬਰੀ ਮਿਲੇ ਅਤੇ ਲੋਕਾਂ ਨੂੰ ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਨਿਆਂ ਪ੍ਰਾਪਤ ਹੋਵੇ। ਉਸ ਦੀ ਵਿਚਾਰਧਾਰਾ ਅੱਜ ਵੀ ਨੌਜਵਾਨਾਂ ਲਈ ਇੱਕ ਮਹੱਤਵਪੂਰਨ ਪ੍ਰੇਰਣਾ ਅਤੇ ਵਿਚਾਰ ਕਰਨ ਦਾ ਵਿਸ਼ਾ ਹੈ। ਭਗਤ ਸਿੰਘ ਲਈ ਇਨਕਲਾਬ ਦਾ ਮਤਲਬ ਸਿਰਫ਼ ਹਥਿਆਰ ਚੁੱਕਣਾ ਜਾਂ ਸਰਕਾਰ ਬਦਲਣਾ ਨਹੀਂ ਸੀ। ਇਨਕਲਾਬ ਉਸ ਦੇ ਲਈ ਸਮਾਜਕ ਚੇਤਨਾ ਅਤੇ ਵਿਵਸਥਾ ਵਿੱਚ ਬੁਨਿਆਦੀ ਤਬਦੀਲੀ ਦਾ ਨਾਮ ਸੀ। ਉਹ ਮੰਨਦਾ ਸੀ ਕਿ ਜੇਕਰ ਸ਼ਾਸਕ ਬਦਲ ਜਾਣ, ਪਰ ਆਮ ਮਨੁੱਖ ਦੀ ਜ਼ਿੰਦਗੀ ਵਿੱਚ ਅਨਿਆਂ, ਗਰੀਬੀ, ਸ਼ੋਸ਼ਣ ਅਤੇ ਅਸਮਾਨਤਾ ਜਿਉਂ ਦੀ ਤਿਉਂ ਰਹੇ ਤਾਂ ਅਜਿਹੀ ਤਬਦੀਲੀ ਅਧੂਰੀ ਹੈ।ਮੈਨੂੰ ਲੱਗਦਾ ਭਾਰਤ ਦੀ ਸਿਆਸਤ ਅਜ਼ਾਦੀ ਤੋਂ ਬਾਅਦ ਵੀ ਹੁਣ ਤੱਕ ਅਜਿਹੀ ਹੀ ਵਿਵਸਥਾ ਵਿਚੋਂ ਲੰਘ ਰਹੀ ਹੈ।ਭਗਤ ਸਿੰਘ ਲਈ ਆਜ਼ਾਦੀ ਦਾ ਅਰਥ ਸਿਰਫ਼ ਗੋਰੀ ਹਕੂਮਤ ਦਾ ਅੰਤ ਨਹੀਂ ਸੀ। ਉਹ ਅਜਿਹੀ ਆਜ਼ਾਦੀ ਚਾਹੁੰਦੇ ਸਨ, ਜਿਸ ਵਿੱਚ ਆਮ ਲੋਕਾਂ ਦੀ ਜ਼ਿੰਦਗੀ ਬਿਹਤਰ ਹੋਵੇ। ਉਸ ਦੀ ਸੋਚ ਵਿੱਚ ਰਾਜਨੀਤਕ ਆਜ਼ਾਦੀ ਦੇ ਨਾਲ-ਨਾਲ ਆਰਥਿਕ ਅਤੇ ਸਮਾਜਿਕ ਬਰਾਬਰੀ ਵੀ ਜ਼ਰੂਰੀ ਸੀ। ਉਹ ਜਾਤ-ਪਾਤ, ਧਾਰਮਿਕ ਵੰਡ, ਸ਼ੋਸ਼ਣ ਅਤੇ ਅੰਧਵਿਸ਼ਵਾਸ ਦੇ ਵਿਰੁੱਧ ਸੀ। ਉਸ ਦੀਆਂ ਲਿਖਤਾਂ ਅਤੇ ਜੀਵਨ ਜਿਊਣਾ ਦੱਸਦੇ ਹਨ ਕਿ ਉਹ ਇੱਕ ਤਰਕਸ਼ੀਲ, ਵਿਗਿਆਨਕ ਅਤੇ ਜਾਗਰੂਕ ਸਮਾਜ ਦੀ ਉਸਾਰੀ ਚਾਹੁੰਦਾ ਸੀ। ਉਸ ਦੀ ਸੋਚ ਦਾ ਇੱਕ ਮਹੱਤਵਪੂਰਨ ਪੱਖ ਵਿਗਿਆਨਕ ਸੋਚ ਅਤੇ ਤਰਕਸ਼ੀਲਤਾ ਸੀ। ਉਹ ਨੌਜਵਾਨਾਂ ਨੂੰ ਸਿਰਫ਼ ਕਿਸੇ ਗੱਲ ਨੂੰ ਇਸ ਲਈ ਸਵੀਕਾਰ ਕਰਨ ਦੀ ਬਜਾਏ ਕਿ ਉਹ ਪੁਰਾਣੀ ਹੈ ਜਾਂ ਬਹੁਤ ਲੋਕ ਉਸ ਨੂੰ ਮੰਨਦੇ ਹਨ, ਦੀ ਬਜਾਏ ਸਵਾਲ ਪੁੱਛਣ, ਤੱਥਾਂ ਨੂੰ ਪਰਖਣ ਅਤੇ ਆਪਣੇ ਵਿਚਾਰ ਬਣਾਉਣ ਲਈ ਪ੍ਰੇਰਿਤ ਕਰਦੇ ਸੀ। ਉਹ ਮੰਨਦੇ ਸਨ ਕਿ ਮਜ਼ਦੂਰ, ਕਿਸਾਨ, ਵਿਦਿਆਰਥੀ ਅਤੇ ਆਮ ਲੋਕ ਸਮਾਜ ਦੀ ਤਰੱਕੀ ਦੇ ਕੇਂਦਰ ਹੁੰਦੇ ਹਨ।ਅੱਜ ਬੇਰੁਜ਼ਗਾਰੀ ਅਤੇ ਰੁਜ਼ਗਾਰ ਦੀ ਅਨਿਸਚਿਤਤਾ ਇੱਕ ਵੱਡੀ ਚੁਣੌਤੀ ਹੈ।ਡਿਗਰੀਆਂ ਹੱਥ ਵਿੱਚ ਹੋਣ ਦੇ ਬਾਵਜੂਦ ਯੋਗਤਾ ਅਨੁਸਾਰ ਰੁਜ਼ਗਾਰ ਨਾ ਮਿਲਣਾ ਨੌਜਵਾਨਾਂ ਵਿੱਚ ਨਿਰਾਸ਼ਾ ਪੈਦਾ ਕਰਦਾ ਹੈ। ਸਰਕਾਰੀ ਨੌਕਰੀਆਂ ਦੀਆਂ ਸੀਮਤ ਅਸਾਮੀਆਂ, ਸਿਸਟਮ ਦਾ ਭ੍ਰਿਸ਼ਟਚਾਰ, ਪੇਪਰਾਂ ਦਾ ਲੀਕ ਹੋਣਾ, ਮੁਕਾਬਲੇ ਦੀ ਦੌੜ, ਭਰਤੀ ਪ੍ਰਕਿਰਿਆਵਾਂ ਵਿੱਚ ਦੇਰੀ ਅਤੇ ਨਿੱਜੀ ਖੇਤਰ ਵਿੱਚ ਘੱਟ ਤਨਖ਼ਾਹ ਜਾਂ ਅਸਥਿਰ ਨੌਕਰੀਆਂ ਵਰਗੀਆਂ ਸਮੱਸਿਆਵਾਂ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਪ੍ਰਭਾਵਤ ਕਰ ਰਹੀਆਂ ਹਨ। ਭਗਤ ਸਿੰਘ ਦੀ ਸੋਚ ਸਾਨੂੰ ਇਹ ਸਵਾਲ ਪੁੱਛਣ ਲਈ ਮਜਬੂਰ ਕਰਦੀ ਹੈ ਕਿ ਸਿੱਖਿਆ ਦਾ ਮਕਸਦ ਸਿਰਫ਼ ਨੌਕਰੀ ਪ੍ਰਾਪਤ ਕਰਨਾ ਹੈ ਜਾਂ ਇੱਕ ਜਾਗਰੂਕ ਅਤੇ ਜ਼ਿੰਮੇਵਾਰ ਨਾਗਰਿਕ ਬਣਨਾ ਵੀ ਹੈ।ਇਸ ਲਈ ਅੱਜ ਦੇ ਨੌਜਵਾਨ ਲਈ ਵੀ ਕਿਤਾਬਾਂ, ਇਤਿਹਾਸ, ਸੰਵਿਧਾਨ, ਵਿਗਿਆਨ ਅਤੇ ਸਮਾਜਕ ਮੁੱਦਿਆਂ ਦਾ ਅਧਿਐਨ ਬਹੁਤ ਜ਼ਰੂਰੀ ਹੈ। ਅੱਜ ਦਾ ਨੌਜਵਾਨ ਸੋਸ਼ਲ ਮੀਡੀਆ ਨਾਲ ਬਹੁਤ ਗੂੜ੍ਹੇ ਤੌਰ 'ਤੇ ਜੁੜਿਆ ਹੋਇਆ ਹੈ। ਉਸ ਨੇ ਜਾਣਕਾਰੀ ਤੱਕ ਪਹੁੰਚ ਆਸਾਨ ਕੀਤੀ ਹੈ, ਪਰ ਇਸ ਦੇ ਨਾਲ ਗਲਤ ਜਾਣਕਾਰੀ, ਅਫ਼ਵਾਹਾਂ, ਨਫ਼ਰਤੀ ਸਮੱਗਰੀ ਅਤੇ ਬਿਨਾਂ ਤੱਥਾਂ ਵਾਲੀਆਂ ਗੱਲਾਂ ਵੀ ਉਹਨੀ ਹੀ ਤੇਜ਼ੀ ਨਾਲ ਫੈਲ ਰਹੀਆਂ ਹਨ। ਇਸ ਲਈ ਭਗਤ ਸਿੰਘ ਦੀ ਤਰਕਸ਼ੀਲ ਸੋਚ ਅੱਜ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਹਰ ਵਾਇਰਲ ਸੁਨੇਹੇ ਨੂੰ ਸੱਚ ਮੰਨਣ ਦੀ ਬਜਾਏ ਨੌਜਵਾਨ ਨੂੰ ਪੁੱਛਣਾ ਚਾਹੀਦਾ ਹੈ—ਇਸ ਦਾ ਸਰੋਤ ਕੀ ਹੈ? ਤੱਥ ਕੀ ਹਨ? ਇਸ ਦਾ ਸਮਾਜ ਉੱਤੇ ਕੀ ਪ੍ਰਭਾਵ ਪਵੇਗਾ?



ਜਾਗਰੂਕ ਨੌਜਵਾਨ ਉਹ ਨਹੀਂ, ਜੋ ਸਭ ਤੋਂ ਵੱਧ ਜਾਣਕਾਰੀ ਰੱਖਦਾ ਹੈ, ਸਗੋਂ ਉਹ ਹੈ, ਜੋ ਜਾਣਕਾਰੀ ਅਤੇ ਸੱਚ ਵਿੱਚ ਫ਼ਰਕ ਕਰ ਸਕਦਾ ਹੈ। ਕੁਦਰਤ ਅਤੇ ਕੁਦਰਤ ਦੇ ਸਰੋਤਾਂ ਨਾਲ ਖਿਲਵਾੜ ਨੇ ਸਾਡੇ ਦਰਿਆ ਤਾਂ ਸੁੱਕਣ ਕਿਨਾਰੇ ਪਹੁੰਚਾ ਦਿੱਤੇ ਹਨ, ਨਸ਼ਿਆ ਦੇ ਦਰਿਆ ਤੇਜ਼ੀ ਨਾਲ ਉਫ਼ਾਨ ਖਾ ਰਹੇ ਹਨ।ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਨਸ਼ਿਆਂ ਦੀ ਸਮੱਸਿਆ ਨੇ ਨੌਜਵਾਨਾਂ ਦੇ ਭਵਿੱਖ ਨੂੰ ਪ੍ਰਭਾਵਤ ਕੀਤਾ ਹੈ। ਬੇਰੁਜ਼ਗਾਰੀ, ਨਿਰਾਸ਼ਾ, ਸਮਾਜਕ ਦਬਾਅ, ਗਲਤ ਸੰਗਤ ਅਤੇ ਆਸਾਨੀ ਨਾਲ ਉਪਲੱਬਧ ਹੋਣ ਵਾਲੇ ਨਸ਼ੀਲੇ ਪਦਾਰਥ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦੇ ਹਨ। ਇਸ ਦਾ ਹੱਲ ਸਿਰਫ਼ ਨੌਜਵਾਨਾਂ ਨੂੰ ਦੋਸ਼ੀ ਠਹਿਰਾਉਣਾ ਨਹੀਂ। ਬਲਕਿ ਨੌਜਵਾਨਾਂ ਨੂੰ ਰੋਜ਼ਗਾਰ, ਚੰਗੀ ਸਿੱਖਿਆ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਮਾਨਸਿਕ ਸਹਾਇਤਾ ਅਤੇ ਸੁਰੱਖਿਅਤ ਸਮਾਜ ਵਾਲਾ ਮਾਹੌਲ ਸਿਰਜਣ ਦੀ ਲੋੜ ਹੈ, ਨਾ ਕਿ ਹਿੰਦੂ-ਮੁਸਲਿਮ ਵਾਲਾ ਨਫ਼ਰਤੀ ਮਾਹੌਲ ਸਿਰਜਨ ਦੀ ਜ਼ਰੂਰਤ ਹੈ।

ਭਗਤ ਸਿੰਘ ਦੀ ਵਿਚਾਰਧਾਰਾ ਸਾਨੂੰ ਮਨੁੱਖ ਨੂੰ ਪਹਿਲਾਂ ਮਨੁੱਖ ਵਜੋਂ ਦੇਖਣ ਦੀ ਸਿੱਖਿਆ ਦਿੰਦੀ ਹੈ। ਉਸ ਦੀ ਸੋਚ ਨੂੰ ਯਾਦ ਕਰਨਾ ਸਿਰਫ਼ ਉਸ ਦੀ ਤਸਵੀਰ ਉੱਤੇ ਫੁੱਲ ਚੜ੍ਹਾਉਣਾ ਨਹੀਂ, ਸਗੋਂ ਉਸ ਦੀ ਤਰਕਸ਼ੀਲਤਾ, ਬਰਾਬਰੀ ਅਤੇ ਮਨੁੱਖੀ ਏਕਤਾ ਦੀ ਸੋਚ ਨੂੰ ਸਮਝਣਾ ਵੀ ਹੈ। ਅਸੀਂ ਹਰ ਸਾਲ ਭਗਤ ਸਿੰਘ ਨੂੰ ਯਾਦ ਕਰਦੇ ਹਾਂ। ਉਸ ਦੀਆਂ ਤਸਵੀਰਾਂ, ਨਾਅਰੇ ਅਤੇ ਸ਼ਹਾਦਤ ਦੀਆਂ ਗੱਲਾਂ ਹੁੰਦੀਆਂ ਹਨ। ਪਰ ਅਸਲ ਸਵਾਲ ਇਹ ਹੈ ਕਿ ਅਸੀਂ ਉਸ ਦੀ ਵਿਚਾਰਧਾਰਾ ਨੂੰ ਕਿੰਨਾ ਸਮਝਦੇ ਹਾਂ? ਜੇਕਰ ਨੌਜਵਾਨ ਕਿਤਾਬਾਂ ਪੜ੍ਹੇ, ਵਿਗਿਆਨਕ ਸੋਚ ਅਪਣਾਏ, ਅੰਧਵਿਸ਼ਵਾਸਾਂ ਅਤੇ ਨਫ਼ਰਤ ਦੇ ਪ੍ਰਚਾਰ ਨੂੰ ਸਵਾਲ ਕਰੇ, ਜਾਤ-ਧਰਮ ਦੀਆਂ ਕੰਧਾਂ ਤੋਂ ਉੱਪਰ ਉੱਠੇ, ਸ਼ੋਸ਼ਣ ਅਤੇ ਅਨਿਆਂ ਦੇ ਵਿਰੁੱਧ ਆਵਾਜ਼ ਬੁਲੰਦ ਕਰੇ ਅਤੇ ਲੋਕਤੰਤਰ ਵਿੱਚ ਆਪਣੀ ਜ਼ਿੰਮੇਵਾਰ ਭੂਮਿਕਾ ਨਿਭਾਏ ਤਾਂ ਇਹੀ ਭਗਤ ਸਿੰਘ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਅੱਜ ਦੇ ਨੌਜਵਾਨਾਂ ਨੂੰ ਭਗਤ ਸਿੰਘ ਦੀ ਤਸਵੀਰ ਤੋਂ ਵੱਧ ਉਸ ਦੀ ਵਿਚਾਰਧਾਰਾ ਦੀ ਲੋੜ ਹੈ; ਉਸ ਦੇ ਨਾਅਰਿਆਂ ਤੋਂ ਵੱਧ ਉਸ ਦੀ ਪੜ੍ਹਨ ਅਤੇ ਸੋਚਣ ਦੀ ਆਦਤ ਦੀ ਲੋੜ ਹੈ; ਅਤੇ ਉਸ ਦੀ ਸ਼ਹਾਦਤ ਨੂੰ ਯਾਦ ਕਰਨ ਤੋਂ ਵੱਧ ਉਸ ਦੇ ਸੁਪਨਿਆਂ ਵਾਲੇ ਬਰਾਬਰੀ ਅਤੇ ਨਿਆਂਪੂਰਨ ਸਮਾਜ ਬਾਰੇ ਸੋਚਣ ਦੀ ਲੋੜ ਹੈ। ਭਗਤ ਸਿੰਘ ਸਿਰਫ਼ ਇਤਿਹਾਸ ਦਾ ਇੱਕ ਮਹਾਨ ਸ਼ਹੀਦ ਨਹੀਂ, ਸਗੋਂ ਨੌਜਵਾਨ ਚੇਤਨਾ ਦਾ ਪ੍ਰਤੀਕ ਹੈ। ਉਸ ਦੀ ਵਿਚਾਰਧਾਰਾ ਅੱਜ ਦੇ ਬੇਰੁਜ਼ਗਾਰੀ, ਨਸ਼ਿਆਂ, ਸਮਾਜਕ ਵੰਡ, ਅਸਮਾਨਤਾ, ਗਲਤ ਜਾਣਕਾਰੀ ਅਤੇ ਸਿੱਖਿਆ ਦੇ ਵਧਦੇ ਦਬਾਅ ਵਰਗੇ ਮੁੱਦਿਆਂ ਨੂੰ ਸਮਝਣ ਲਈ ਇੱਕ ਮਹੱਤਵਪੂਰਨ ਵਿਚਾਰਕ ਆਧਾਰ ਪ੍ਰਦਾਨ ਕਰਦੀ ਹੈ।ਅੱਜ ਦੇ ਨੌਜਵਾਨ ਜੇਕਰ ਭਗਤ ਸਿੰਘ ਨੂੰ ਸਿਰਫ਼ ਇੱਕ ਇਨਕਲਾਬੀ ਨਾਇਕ ਵਜੋਂ ਨਹੀਂ, ਬਲਕਿ ਇੱਕ ਗੰਭੀਰ ਪਾਠਕ, ਤਰਕਸ਼ੀਲ ਚਿੰਤਕ ਅਤੇ ਸਮਾਜਕ ਬਰਾਬਰੀ ਦੇ ਹਾਮੀ ਵਜੋਂ ਸਮਝਣ ਤਾਂ ਉਸ ਦੀ ਵਿਚਾਰਧਾਰਾ ਅੱਜ ਵੀ ਸਮਾਜ ਵਿੱਚ ਨਵੀਂ ਚੇਤਨਾ ਪੈਦਾ ਕਰ ਸਕਦੀ ਹੈ। ਭਗਤ ਸਿੰਘ ਨੂੰ ਸਿਰਫ਼ ਸ਼ਰਧਾਂਜਲੀ ਭੇਟ ਕਰਨਾ ਕਾਫ਼ੀ ਨਹੀਂ। ਜੇਕਰ ਅਸੀਂ ਉਨ੍ਹਾ ਨੂੰ ਸੱਚੀ ਸ਼ਰਧਾਂਜਲੀ ਦੇਣਾ ਚਾਹੁੰਦੇ ਹਾਂ, ਤਾਂ ਸਾਨੂੰ ਉਨ੍ਹਾਂ ਦੀ ਵਿਚਾਰਧਾਰਾ ਨੂੰ ਅਪਣਾਉਣਾ ਪਵੇਗਾ ਅਤੇ ਸਮਾਜਿਕ ਅਸਮਾਨਤਾ, ਫਿਰਕੂ ਵੰਡ ਅਤੇ ਸਵਾਰਥੀ ਰਾਜਨੀਤੀ ਵਰਗੀਆਂ ਸਮੱਸਿਆਵਾਂ ਵਿਰੁੱਧ ਆਵਾਜ਼ ਉਠਾਉਣੀ ਪਵੇਗੀ।

# ਸੰਪਰਕ : 98782-61522

# ਸ਼ਹੀਦ ਭਗਤ ਸਿੰਘ ਨੌਜਵਾਨਾਂ ਲਈ ਪ੍ਰੇਰਣਾ-ਸਰੋਤ ਕਿਵੇਂ ?

ਪ੍ਰਭਜੀਤ ਸਿੰਘ ਰਸੂਲਪੁਰ

ਸ਼ਹੀਦ ਭਗਤ ਸਿੰਘ ਕਿਸੇ ਇੱਕ ਸੋਚ, ਵਿਚਾਰਧਾਰਾ ਜਾਂ ਧਿਰ ਤੱਕ ਸੀਮਤ ਨਾ ਹੋ ਕੇ ਸਾਰੀਆਂ ਧਿਰਾਂ ਦੇ ਮਾਣ-ਸਤਿਕਾਰ ਦਾ ਪਾਤਰ ਹੈ ਅਤੇ ਸਦਾ ਬਣਿਆ ਰਹੇਗਾ। ਕਲਮਕਾਰਾਂ ਨੇ ਚੱਲਦੇ ਵਹਾਅ 'ਚ ਬਿਨਾਂ ਗੰਭੀਰਤਾ ਦੇ ਬਹੁਤ ਕੁਝ ਲਿਖਿਆ ਅਤੇ ਚਿੱਤਰਕਾਰ ਉਹਨਾਂ ਦੇ ਅਜਿਹੇ ਲਿਖੇ ਹੋਏ ਨੂੰ ਪੜ੍ਹ ਕੇ ਭਗਤ ਸਿੰਘ ਨੂੰ ਆਪਣੇ-ਆਪਣੇ ਹਿਸਾਬ ਨਾਲ ਹੀ ਤਰਾਸ਼ਦੇ ਗਏ। ਅੰਤ ਨੂੰ ਉਹਨਾਂ ਨੇ ਭਗਤ ਸਿੰਘ ਨੂੰ ਨਾਸਤਿਕ ਅਤੇ ਪਿਸਤੌਲ ਵਾਲੇ ਬਾਗੀ ਗੱਭਰੂ ਵਜੋਂ ਸਾਡੇ ਸਾਹਮਣੇ ਪੇਸ਼ ਕਰ ਦਿੱਤਾ। ਚਿੱਤਰਕਾਰਾਂ ਨੇ ਉਸ ਦੇ ਕੁਝ ਘੰਟਿਆਂ ਦੇ, ਪੁਲਸ ਨੂੰ ਚਕਮਾ ਦੇਣ ਲਈ ਕੇਸ ਕਟਵਾ ਕੇ ਹੈਟ ਪਹਿਨੇ ਭੇਸ ਨੂੰ ਸਾਰੀ ਉਮਰ ਦੇ ਪਗੜੀਧਾਰੀ ਜੀਵਨ ਤੋਂ ਭਾਰੂ ਕਰ ਕੇ ਸਾਰੀ ਉਮਰ ਲਈ ਹੈਟ ਵਾਲਾ ਜੈਂਟਲਮੈਨ ਬਣਾ ਕੇ ਹੀ ਦਮ ਲਿਆ। ਸ਼ਹੀਦ ਭਗਤ ਸਿੰਘ ਉੱਪਰ ਗਾਏ ਗੀਤਾਂ ਨੂੰ ਸੁਣ ਕੇ ਭਗਤ ਸਿੰਘ ਦਾ ਵਿਰੋਧ ਸਰਮਾਏਦਾਰ ਵਰਗਾਂ ਦੁਆਰਾ ਸਥਾਪਤ ਲੋਟੂ ਨਿਜ਼ਾਮ ਨਾਲ ਘੱਟ ਅਤੇ ਜਨਤਾ ਦੇ ਅਥਾਹ ਪਿਆਰ ਅਤੇ ਸਤਿਕਾਰ ਦੇ ਪਾਤਰ ਬਣੇ ਮਹਾਤਮਾ ਗਾਂਧੀ ਨਾਲ ਬਹੁਤ ਜ਼ਿਆਦਾ ਲਗਦਾ ਹੈ। ਅਸਲ ਗੱਲ ਇਹ ਹੈ ਕਿ ਕਈ ਗੱਲਾਂ 'ਚ ਗਾਂਧੀ ਜੀ ਨਾਲ ਉਹ ਅਸਹਿਮਤ ਜ਼ਰੂਰ ਸੀ, ਪਰ ਉਹ ਗਾਂਧੀ ਜੀ ਦਾ ਵਿਰੋਧੀ ਨਹੀਂ ਸੀ। ਭਗਤ ਸਿੰਘ ਮਹਾਤਮਾ ਗਾਂਧੀ ਦੀ ਲੋਕ ਹਮਾਇਤ, ਸਿਆਸੀ ਸ਼ਕਤੀ ਅਤੇ ਰਾਜਨੀਤਕ ਜੁਗਤਾਂ ਦਾ ਕਾਇਲ ਸੀ।

ਅਸਲ 'ਚ ਨੌਜਵਾਨ ਪੀੜ੍ਹੀ ਭਗਤ ਸਿੰਘ ਨੂੰ ਸਿਰਫ ਮਹਾਨ ਸ਼ਹੀਦ ਹੀ ਮੰਨਦੀ ਹੈ, ਰੋਲ ਮਾਡਲ ਨਹੀਂ। ਇਨਕਲਾਬ ਕੇਵਲ ਵਿਚਾਰ ਪੜ੍ਹਨ ਨਾਲ ਨਹੀਂ ਆਉਂਦਾ, ਵਿਚਾਰਾਂ ਨੂੰ ਅਮਲ ਵਿਚ ਲਿਆਉਣ ਨਾਲ ਆਉਂਦਾ ਹੈ।ਸ਼ਹੀਦ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀਆਂ ਲਿਖਤਾਂ ਦੇ ਪੰਨਾ 257 ਮੁਤਾਬਕ ਭਗਤ ਸਿੰਘ ਨੇ ਕਿਹਾ ਸੀ-ਹੇਠਲੀ ਕਚਹਿਰੀ ਵਿਚ ਸਾਥੋਂ ਪੁਛਿਆ ਗਿਆ



ਸੀ ਕਿ ਸਾਡਾ ਇਨਕਲਾਬ ਤੋਂ ਕੀ ਭਾਵ ਹੈ ? ਇਸ ਸਵਾਲ ਦੇ ਜਵਾਬ ਵਿਚ ਮੈਂ ਆਖਾਂਗਾ ਕਿ ਇਨਕਲਾਬ ਵਾਸਤੇ ਖ਼ੂਨੀ ਲੜਾਈਆਂ ਜ਼ਰੂਰੀ ਨਹੀਂ ਅਤੇ ਨਾ ਹੀ ਇਸ ਵਿਚ ਨਿੱਜੀ ਬਦਲੇ ਲਈ ਕੋਈ ਥਾਂ ਹੈ। ਇਨਕਲਾਬ ਤੋਂ ਸਾਡਾ ਮਤਲਬ ਹੈ ਕਿ ਨੰਗੇ ਅਨਿਆਂ ਉਤੇ ਟਿਕਿਆ ਹੋਇਆ ਮੌਜੂਦਾ ਢਾਂਚਾ ਜ਼ਰੂਰ ਬਦਲਣਾ। ਸ਼ਹੀਦ ਭਗਤ ਸਿੰਘ ਅਨੁਸਾਰ, ਇਨਕਲਾਬ ਤੋਂ ਸਾਡਾ ਕੀ ਭਾਵ ਹੈ, ਸਪੱਸ਼ਟ ਹੈ।ਇਸ ਸਦੀ ਵਿਚ ਇਸ ਦੇ ਸਿਰਫ ਇਕ ਹੀ ਮਤਲਬ ਹੋ ਸਕਦੇ ਹਨ: ਜਨਤਾ ਲਈ, ਜਨਤਾ ਦਾ ਰਾਜਨੀਤਕ ਤਾਕਤ ਤੇ ਕਬਜ਼ਾ।ਅਸਲ ਵਿੱਚ ਇਹ ਹੈ ਇਨਕਲਾਬ। ਇਸ ਲਈ ਸਮਾਨਤਾ, ਸੁਤੰਤਰਤਾ ਅਤੇ ਭਾਈਚਾਰੇ ਆਧਾਰਤ ਲੋਕਤੰਤਰੀ ਢੰਗਾਂ ਨਾਲ ਸਮਾਜਿਕ ਰਾਜਨੀਤਕ ਢਾਂਚਾ ਕਾਇਮ ਕਰਨਾ ਹੀ ਇਨਕਲਾਬ ਹੈ।ਇਹੀ ਸ਼ਹੀਦ ਭਗਤ ਸਿੰਘ ਦੀ ਸੋਚ ਸੀ।ਅਜਿਹੀ ਸੋਚ ਦਾ ਧਾਰਨੀ ਹੀ ਸ਼ਹੀਦ ਭਗਤ ਸਿੰਘ ਦੀ ਸੋਚ ਵਾਲਾ ਇਨਕਲਾਬੀ ਅਖਵਾ ਸਕਦਾ ਹੈ।

ਮੈਨੂੰ ਸ਼ਹੀਦ ਭਗਤ ਸਿੰਘ ਦੇ ਭਾਣਜੇ ਪ੍ਰੋ. ਜਗਮੋਹਣ ਸਿੰਘ ਨੇ ਆਪਣੀ ਮਾਤਾ ਜੀ ਭਾਵ ਸ਼ਹੀਦ ਭਗਤ ਸਿੰਘ ਦੀ ਭੈਣ ਬੀਬੀ ਅਮਰ ਕੌਰ ਤੋਂ ਸੁਣੀ ਹੋਈ ਗੱਲ ਸੁਣਾਈ ਕਿ ਨਨਕਾਣਾ ਸਾਹਿਬ ਦੇ ਸਾਕੇ ਤੋਂ ਬਾਅਦ ਰੋਸ ਵਜੋਂ ਜੋ ਇਕੱਠ ਹੋਏ ਸਨ, ਉਹਨਾਂ 'ਚੋਂ ਇਕ ਇਕੱਠ ਰੁੜਕਾ ਪਿੰਡ 'ਚ ਹੋਇਆ ਸੀ। ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਜ਼ਖਮੀ ਸਰੂਪ ਦਾ ਪ੍ਰਕਾਸ਼ ਕੀਤਾ ਹੋਇਆ ਸੀ। ਭਗਤ ਨੇ ਨੇੜਿਓਂ ਦਰਸ਼ਨ ਵੀ ਕੀਤੇ ਸਨ। ਜਦ ਘਰੇ ਆਇਆ ਤਾਂ ਬੀਬੀ ਪੰਜ ਗ੍ਰੰਥੀ ਪੋਥੀ ਤੋਂ ਪਾਠ ਕਰ ਰਹੀ ਸੀ। ਭਗਤ ਸਿੰਘ ਪੁੱਛਦਾ-ਅਮਰੋ ਕੀ ਕਰਦੀ ਆਂ ?

ਪਾਠ ਕਰਦੀ ਆਂ ?

ਆ

ਜ ਾ

ਤੂੰ ਵੀ ਕਰ।

ਭਗਤ ਸਿੰਘ ਦਾ ਜੁਆਬ ਕਾਫੀ ਵਿਚਾਰਨਯੋਗ ਸੀ। ਉਹ ਕਹਿੰਦਾ-ਤੂੰ ਤਾਂ ਪੰਜ ਗ੍ਰੰਥੀ ਦਾ ਪਾਠ ਕੀਤਾ, ਮੈਂ ਤਾਂ ਪੂਰੀ ਬੀੜ ਸਾਹਿਬ ਪੜ੍ਹ ਆਇਆਂ ਹਾਂ। ਮੈਨੂੰ ਇਹ ਗੱਲ ਸਮਝ ਆ ਗਈ ਹੈ ਕਿ ਗੁਰੂ ਗ੍ਰੰਥ ਸਾਹਿਬ ਦੇ ਗੋਲੀ ਮਾਰਨ ਦਾ ਕੀ ਅਰਥ ਹੈ। ਅੰਗਰੇਜ਼ੀ ਹਕੂਮਤ ਨੇ ਮਹੰਤਾਂ ਕੋਲੋਂ ਸਾਡੀ ਇਨਕਲਾਬੀ ਸੋਚ ਨੂੰ ਖਤਮ ਕਰਨ ਲਈ ਇਸ ਪਾਵਨ ਗ੍ਰੰਥ 'ਤੇ ਹਮਲਾ ਕਰਵਾਇਆ ਹੈ। ਗੁਰੂ ਗ੍ਰੰਥ ਸਾਹਿਬ 'ਤੇ ਹਮਲਾ ਕਰਵਾਉਣ ਵਾਲੀ ਹਕੂਮਤ ਨੂੰ ਅਸੀਂ ਰਹਿਣ ਨਹੀਂ ਦਿਆਂਗੇ। ਬੜੀ ਹੈਰਾਨੀ ਦੀ ਗੱਲ ਹੈ ਕਿ ਬਚਪਨ ਵਿਚ ਹੀ ਭਗਤ ਸਿੰਘ ਵਿਚਾਰਧਾਰਕ ਪ੍ਰਪੱਕਤਾ ਪ੍ਰਾਪਤ ਕਰ ਚੁੱਕਾ ਸੀ।ਉਹ ਸਮਾਜਿਕ, ਰਾਜਨੀਤਕ ਮਸਲਿਆਂ ਨੂੰ ਵਿਚਾਰਧਾਰਕ ਤੌਰ 'ਤੇ ਵੇਖਦਾ ਸੀ। ਉਹ ਆਪਣੇ ਬਚਪਨ ਦੇ ਸਮੇਂ ਹੀ ਇਕ ਸਾਕੇ ਨੂੰ ਵੱਡੇ ਵਿਦਵਾਨਾਂ ਵਾਂਗ ਵੇਖਦਾ ਸੀ। ਇਹ ਗੁਣ ਅੱਜ ਦੀ ਪੀੜ੍ਹੀ ਨੂੰ ਵੀ ਅਪਣਾਉਣਾ ਚਾਹੀਦਾ ਹੈ।

ਭਾਰਤ ਦੀ ਸੁਪਰੀਮ ਕੋਰਟ ਨੇ ਕੁਝ ਇਤਿਹਾਸਕ ਅਜ਼ਮਾਇਸ਼ਾਂ ਦੇ ਰਿਕਾਰਡ ਪ੍ਰਦਰਸ਼ਿਤ ਕਰਦੇ ਹੋਏ ਭਾਰਤ ਦੀ ਅਦਾਲਤੀ ਪ੍ਰਣਾਲੀ ਦੇ ਇਤਿਹਾਸ ਵਿੱਚ ਸਥਲਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਇਤਿਹਾਸਕ ਅਜਾਇਬ ਘਰ ਦੀ ਸਥਾਪਨਾ ਕੀਤੀ। ਪਹਿਲੀ ਸੰਗਠਿਤ ਪ੍ਰਦਰਸ਼ਨੀ ਭਗਤ ਸਿੰਘ ਦਾ ਮੁਕੱਦਮਾ ਸੀ, ਜੋ ਕਿ 28 ਸਤੰਬਰ 2007 ਨੂੰ ਭਗਤ ਸਿੰਘ ਦੇ ਜਨਮ ਦੇ ਸ਼ਤਾਬਦੀ ਉਤਸਵ ਮੌਕੇ ਖੋਲ੍ਹਿਆ ਗਿਆ ਸੀ।

ਭਗਤ ਸਿੰਘ ਦੀਆਂ ਨਿਸ਼ਾਨੀਆਂ ਤੋਂ ਭਾਰਤ ਦੇ ਨੌਜਵਾਨ ਪ੍ਰੇਰਨਾ ਲੈਂਦੇ ਹਨ। ਉਸ ਨੂੰ ਸੁਭਾਸ਼ ਚੰਦਰ ਬੋਸ ਅਤੇ ਮਹਾਤਮਾ ਗਾਂਧੀ ਤੋਂ ਪਹਿਲਾਂ 2008 ਵਿੱਚ ਭਾਰਤੀ ਮੈਗਜ਼ੀਨ 'ਇੰਡੀਆ ਟੂਡੇ' ਦੁਆਰਾ ਇੱਕ ਸਰਵੇਖਣ ਵਿੱਚ ਮਹਾਨ ਭਾਰਤੀ ਚੁਣਿਆ ਗਿਆ ਸੀ। ਪਾਕਿਸਤਾਨ ਵਿਚ ਭਗਤ ਸਿੰਘ ਮੈਮੋਰੀਅਲ ਫਾਊਂਡੇਸ਼ਨ ਆਫ ਪਾਕਿਸਤਾਨ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਦੇ ਬਾਅਦ ਲਾਹੌਰ ਵਿਚਲੇ ਸ਼ਦਮਾਨ ਚੌਕ, ਜਿੱਥੇ ਸਿੰਘ ਨੂੰ ਫਾਂਸੀ ਦਿੱਤੀ ਗਈ ਸੀ, ਦਾ ਨਾਂਅ ਬਦਲ ਕੇ ਭਗਤ ਸਿੰਘ ਚੌਂਕ ਰੱਖਿਆ ਗਿਆ, ਪਰ ਇਹ ਐਲਾਨ ਹੀ ਰਹਿ ਗਿਆ।

1968 ਵਿਚ ਭਾਰਤ ਨੇ ਭਗਤ ਸਿੰਘ ਦੇ 61 ਵੇਂ ਜਨਮ ਦਿਹਾੜੇ ਦੀ ਯਾਦ ਵਿੱਚ ਇੱਕ ਡਾਕ ਟਿਕਟ ਜਾਰੀ ਕੀਤੀ ਸੀ।2012 ਵਿੱਚ ਸਰਕੂਲੇਸ਼ਨ ਕਰਨ ਲਈ ਭਗਤ ਸਿੰਘ ਨੂੰ ਯਾਦ ਕਰਦੇ ਹੋਏ 5 ਰੁਪਏ ਦਾ ਸਿੱਕਾ ਵੀ ਜਾਰੀ ਕੀਤਾ ਗਿਆ ਸੀ।

ਜੇ ਮੰਨੀਏ ਤਾਂ ਇਹ ਸਮਾਰਕਾਂ ਛੋਟੀਆਂ ਸਮਾਰਕਾਂ ਹਨ। ਵੱਡੀ ਸਮਾਰਕ ਤਾਂ ਕਰੋੜਾਂ ਭਾਰਤੀ,ਪਾਕਿਸਤਾਨੀ, ਬੰਗਲਾਦੇਸੀ ਲੋਕਾਂ ਦੇ ਦਿਲ ਦਿਮਾਗ 'ਚ ਛਪੀ ਉਹ ਅਮਿਟ ਤਸਵੀਰ ਹੈ ਜੋ ਕਰੋੜਾਂ ਲੋਕਾਂ ਨੂੰ ਮਜਬੂਰ ਕਰਦੀ ਹੈ ਕਿ ਉਹ ਭਗਤ ਸਿੰਘ ਨੂੰ ਉਹਨਾ ਦਾ ਆਦਰਸ਼ ਮੰਨਣ।

ਕਈ ਕ੍ਰਾਂਤੀਕਾਰੀ ਜਥੇਬੰਦੀਆਂ ਦਾ ਬਾਨੀ, ਕ੍ਰਾਂਤੀਕਾਰੀ ਅੱਗ ਦਾ ਗੋਲਾ, ਇਨਕਲਾਬੀ ਸੂਰਜ, ਊਰਜਾਵਾਨ, ਗੰਭੀਰ ਵਿਦਵਾਨ, ਕਾਲਜ ਦੇ ਦਿਨਾਂ ਤੱਕ ਸੰਗਾਊ ਰਹੇ ਤੇ ਸਾਰੀ ਉਮਰ ਦੇ ਬਹੁਤ ਹੀ ਸਾਊ ਰਿਹਾ ਇਹ ਗੱਭਰੂ ਪੰਜਾਬ, ਲਾਹੌਰ ਅਤੇ ਹੋਰ ਦੂਰ-ਦੂਰ ਕਲਕੱਤੇ ਤੱਕ ਸਰਗਰਮ ਰਹਿ ਕੇ ਦੇਸ਼ ਦੀ ਆਜ਼ਾਦੀ ਲਈ ਸਰਗਰਮ ਰਿਹਾ। ਉਹ ਮਾਨਵੀ ਸੰਵੇਦਨਾ ਅਤੇ ਜਜ਼ਬਿਆਂ ਦੀ ਤਰਲਤਾ ਵਿਚ ਗੜੁੱਚ ਇਕ ਕਿਤਾਬ ਪ੍ਰੇਮੀ ਸੀ। ਉਹ ਇਨਕਲਾਬੀ ਚੇਤਨਾ ਨੂੰ ਭਾਰਤ ਦੇ ਕੋਨੇ-ਕੋਨੇ 'ਚ ਫੈਲਾਉਣਾ ਚਾਹੁੰਦਾ ਸੀ। ਉਸ ਦਾ ਹਥਿਆਰ ਅਖ਼ਬਾਰ ਅਤੇ ਗਿਆਨ ਸੀ।ਉਹ ਇਕ ਸੰਘਰਸ਼, ਚੇਤਨਾ, ਇਨਕਲਾਬ, ਕੁਰਬਾਨੀ ਅਤੇ ਤਿਆਗ ਦੀ ਮੂਰਤ ਸੀ।ਉਹ ਸਾਰੀਆਂ ਲਹਿਰਾਂ 'ਚ ਸਤਿਕਾਰਤ ਤੇ ਮਹੱਤਵਪੂਰਨ ਸਥਾਨ ਪ੍ਰਾਪਤ ਬਹਾਦਰ ਯੋਧਾ ਸੀ। ਉਸ ਉਪਰ ਪਹਿਲਾ ਪਰਚਾ ਗੁਰਦੁਆਰਾ ਸੁਧਾਰ ਲਹਿਰ ਦਰਜ ਹੋਇਆ, ਕਿਸਾਨ ਲਹਿਰ ਵਿੱਚ ਵੀ ਉਸ ਦਾ ਯੋਗਦਾਨ ਹੈ।ਉਸ ਦੇ ਸੰਘਰਸ਼ਮਈ ਜੀਵਨ ਦੀ ਅਸਲ ਤਸਵੀਰ ਨੂੰ ਸਥਾਪਤ ਬਿੰਬਾਂ ਉਹਲੇ ਲੁਕੋਣਾ ਉਸ ਦੀ ਕੁਰਬਾਨੀ ਤੇ ਫਲਸਫੇ ਨਾਲ ਧ੍ਰੋਹ ਹੈ। ਜੇ ਨਵੀਂ ਪੀੜ੍ਹੀ ਅਤੇ ਸਿਰਫ ਇੱਕ ਦਿਨ ਪੀਲੀ ਪੱਗ ਬੰਨ ਕੇ ਆਪ ਨੂੰ ਭਗਤ ਸਿੰਘ ਦੇ ਵਾਰਸ ਸਮਝਣ ਵਾਲੇ ਲੋਕ ਕਿਤੇ ਭਗਤ ਦੇ ਵਿਚਾਰਾਂ ਨੂੰ ਪੜ੍ਹ ਕੇ ਉਸ ਦੀ ਮੰਜ਼ਲ ਦੇ ਪਾਂਧੀ ਬਣ ਜਾਣ ਤਾਂ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦੇ ਸੁਪਨੇ ਵੀ ਸਾਕਾਰ ਹੋ ਜਾਣਗੇ।ਇਹ ਤਾਂ ਹੀ ਸੰਭਵ ਹੋ ਸਕਦਾ ਹੈ, ਜੇਕਰ ਵਿਦਿਆਰਥੀ ਅਤੇ ਨੌਜਵਾਨ ਪੀੜ੍ਹੀ ਭਗਤ ਸਿੰਘ ਦੀ ਸਹੀ ਵਿਚਾਰਧਾਰਾ ਦਾ ਪ੍ਰਚਾਰ ਅਤੇ ਪ੍ਰਸਾਰ ਕਰਨ।

# ਸੰਪਰਕ: 98780-23768

# ਸ਼ਹੀਦ ਭਗਤ ਸਿੰਘ ਅਤੇ ਅਸੀਂ

ਸੰਜੀਵਨ ਸਿੰਘ

ਸ਼ਹੀਦ ਕਦੇ ਵੀ ਇਕ ਜਾਤ, ਧਰਮ, ਫਿਰਕੇ ਜਾਂ ਦੇਸ ਦੇ ਨਹੀਂ ਹੁੰਦੇ। ਸ਼ਹੀਦ ਤਾਂ ਸਾਰੀ ਇਨਸਾਨੀਅਤ ਦੇ, ਸਾਰੀ ਕਾਇਨਾਤ ਦੇ ਹੁੰਦੇ ਹਨ। ਜਿਵੇਂ ਸੂਰਜ ਅਤੇ ਚੰਦ ਦੀ ਰੋਸ਼ਨੀ ਸਾਰਿਆਂ ਲਈ ਹੁੰਦੀ ਹੈ, ਬਿਲਕੁਲ ਉਸੇ ਤਰ੍ਹਾਂ ਸ਼ਹੀਦ ਵੀ ਸਾਰਿਆਂ ਦੇ ਹੁੰਦੇ ਹਨ। ਅਸੀਂ ਲੋਕ ਸ਼ਹੀਦਾਂ ਨੂੰ ਸਾਲ ਵਿਚ ਇਕ ਵਾਰ ਫੇਰ ਵੀ ਯਾਦ ਕਰ ਲੈਂਦੇ ਹਾਂ, ਪਰ ਸ਼ਹੀਦ ਦੇ ਪ੍ਰੀਵਾਰ ਮਾਂ-ਬਾਪ, ਪਤਨੀ, ਬੱਚਿਆਂ ਦਾ ਕਦੇ ਵੀ ਜ਼ਿਕਰ ਕਰਨ ਦੀ ਜ਼ਰੂਰਤ ਨਹੀਂ ਸਮਝਦੇ। ਸ਼ਹੀਦ ਤਾਂ ਦੇਸ ਉੱਤੇ ਆਪਣੀ ਜਾਨ-ਕੁਰਬਾਨ ਕਰਕੇ ਇਤਿਹਾਸ ਦੇ ਪੰਨਿਆਂ ਵਿਚ ਆਪਣਾ ਨਾਂਅ ਦਰਜ ਕਰਵਾ ਲੈਂਦੇ ਹਨ, ਪਰ ਉਨ੍ਹਾਂ ਦੇ ਪ੍ਰੀਵਾਰ ਸ਼ਹੀਦੀ ਨੂੰ ਹਰ ਪਲ, ਹਰ ਘੜੀ ਹੰਢਾਉਂਦੇ ਹਨ। ਗ਼ਰੀਬੀ ਦੇ ਰੂਪ ਵਿਚ, ਭੁੱਖਮਰੀ ਦੇ ਰੂਪ ਵਿਚ, ਦੁੱਖਾਂ-ਤਕਲੀਫਾਂ ਦੇ ਰੂਪ ਵਿਚ। ਉਹਨਾਂ ਦਾ ਜ਼ਿਕਰ ਕਰਨਾ ਨਾ ਤਾਂ ਅਸੀਂ ਵਾਜਿਬ ਸਮਝਦੇ ਆਂ ਤੇ ਨਾ ਹੀ ਸਰਕਾਰਾਂ ਲੋੜ ਮਹਿਸੂਸ ਕਰਦੀਆਂ ਹਨ।

ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਲਿਖਤੀ ਜਾਂ ਜ਼ੁਬਾਨੀ ਕਹੀਆਂ ਭਗਤ ਸਿੰਘ ਦੀਆਂ ਕੁਝ ਗੱਲਾਂ/ਘਟਨਾਵਾਂ ਦਾ ਜ਼ਿਕਰ ਕਰਨਾ ਸਮੇਂ ਦੀ ਮੰਗ ਵੀ ਹੈ ਤੇ ਲੋੜ ਵੀ। ਸਰਦਾਰ ਭਗਤ ਸਿੰਘ ਨੇ ਹਾਕਮ ਨੂੰ ਪੱਤਰ ਲਿਖ ਕੇ ਕਿਹਾ ਸੀ-ਉਹਨਾ ਨੂੰ ਫਾਂਸੀ ਦੀ ਥਾਂ ਗੋਲੀ ਮਾਰੀ ਜਾਵੇ, ਪਰ ਕਿਉਂਕਿ ਤੁਹਾਡੇ ਹੱਥ ਵਿਚ ਤਾਕਤ ਹੈ। ਦੁਨੀਆ ਵਿਚ ਤਾਕਤ ਨੂੰ ਸਾਰੇ ਹੱਕ ਹਾਸਲ ਹੁੰਦੇ ਹਨ। ਅਸੀਂ ਜਾਣਦੇ ਹਾਂ, ਤੁਸੀਂ ਲੋਕ ਆਪਣਾ ਇਰਾਦਾ ਪੂਰਾ ਕਰਨ ਲਈ, ਜਿਸ ਦੀ ਲਾਠੀ, ਉਸ ਦੀ ਭੈਂਸ ਦਾ ਅਸੂਲ ਅਪਣਾਉਗੇ, ਪਰ ਅਸੀਂ ਜੰਗੀ ਕੈਦੀ ਹਾਂ। ਇਸ ਲਈ ਅਸੀਂ ਮੰਗ ਕਰਦੇ ਹਾਂ, ਸਾਡੇ ਨਾਲ ਜੰਗੀ ਕੈਦੀਆਂ ਵਰਗਾ ਸਲੂਕ ਕੀਤਾ ਜਾਵੇ, ਫਾਂਸੀ ਉੱਤੇ ਲਟਕਾਉਣ ਦੀ ਬਜਾਏ ਸਾਨੂੰ ਗੋਲੀ ਨਾਲ ਉਡਾਇਆ ਜਾਵੇ। ਇਸ ਲਈ ਅਸੀਂ ਬੇਨਤੀ ਕਰਦੇ ਹਾਂ, ਤੁਸੀਂ ਆਪਣੇ ਫੌਜੀ ਮਹਿਕਮੇ ਨੂੰ ਹੁਕਮ ਦੇਵੋ, ਸਾਨੂੰ ਗੋਲੀ ਨਾਲ ਮਾਰਨ ਲਈ ਇਕ ਫੌਜੀ ਦਸਤਾ ਭੇਜੇ।

ਸਰਦਾਰ ਭਗਤ ਸਿੰਘ ਅਦਾਲਤ ਵਿਚ ਪੇਸ਼ੀ ਸਮੇਂ ਅੰਗਰੇਜ਼ੀ ਅਦਾਲਤ ਦਾ ਮਜ਼ਾਕ ਉਡਾ ਰਿਹਾ ਸੀ। ਸਰਕਾਰੀ ਵਕੀਲ ਨੇ ਕਿਹਾ, ਤੁਸੀਂ ਦੇਸ ਧਰੋਹੀ ਹੋ। ਭਗਤ ਸਿੰਘ ਫਿਰ ਹੱਸਿਆ। ਸਰਕਾਰੀ ਵਕੀਲ ਨੇ ਕਿਹਾ-ਭਗਤ ਸਿੰਘ ਤੁਸੀਂ ਇਸ ਤਰ੍ਹਾਂ ਅਦਾਲਤ ਦੀ ਤੌਹੀਨ ਕਰ ਰਹੇ ਹੋ। ਭਗਤ ਸਿੰਘ ਨੇ ਕਿਹਾ-ਵਕੀਲ ਸਾਹਿਬ, ਮੈਂ ਜਦ ਤੱਕ ਜਿਉਂਦਾ ਰਹਾਂਗਾ, ਇਵੇਂ ਹੀ ਹੱਸਦਾ ਰਹਾਂਗਾ। ਜਦੋਂ ਮੈਂ ਫਾਂਸੀ ਦੇ ਤਖਤੇ 'ਤੇ ਖੜ੍ਹਾ ਹੋ ਕੇ ਹੱਸਾਂਗਾ, ਉਦੋਂ ਤੁਸੀਂ ਕਿਹੜੀ ਅਦਾਲਤ ਵਿਚ ਸ਼ਿਕਾਇਤ ਕਰੋਗੇ।

ਬਾਬਾ ਸੋਹਨ ਸਿੰਘ ਭਕਨਾ ਭਗਤ ਸਿੰਘ ਨੂੰ ਜੇਲ੍ਹ ਵਿਚ ਮਿਲਣ ਲਈ ਗਏ। ਬਾਬਾ ਜੀ ਨੇ ਭਗਤ ਸਿੰਘ ਨੂੰ ਪੁੱਛਿਆ-ਭਗਤ ਸਿੰਘ, ਤੁਹਾਡਾ ਕੋਈ ਰਿਸ਼ਤੇਦਾਰ ਮਿਲਣ ਨਹੀਂ ਆਇਆ। ਤਾਂ ਭਗਤ ਸਿੰਘ ਨੇ ਕਿਹਾ-ਬਾਬਾ ਜੀ, ਮੇਰਾ ਖ਼ੂਨ ਦਾ ਰਿਸ਼ਤਾ ਤਾਂ ਸ਼ਹੀਦਾਂ ਦੇ ਨਾਲ ਹੈ, ਖ਼ੁਦੀ ਰਾਮ ਬੋਸ ਦੇ ਨਾਲ, ਕਰਤਾਰ ਸਿੰਘ ਸਰਾਭਾ ਦੇ ਨਾਲ, ਅਸੀਂ ਸਭ ਇਕ ਹੀ ਖ਼ੂਨ ਦੇ ਹਾਂ। ਸਾਡਾ ਖ਼ੂਨ ਇਕ ਹੀ ਜਗ੍ਹਾ ਤੋਂ ਆਇਐ, ਇਕ ਹੀ ਜਗ੍ਹਾ ਜਾ ਰਿਹੈ। ਦੂਜਾ ਰਿਸ਼ਤਾ ਤੁਹਾਡੇ ਲੋਕਾਂ ਦੇ ਨਾਲ ਹੈ, ਜੋ ਸਾਨੂੰ ਪ੍ਰੇਰਨਾ ਦੇ ਰਹੇ ਹੋ, ਜਿਹਨਾਂ ਦੇ ਨਾਲ ਕਾਲ ਕੋਠੜੀ ਵਿਚ ਅਸੀਂ ਪਸੀਨਾ ਬਹਾਇਆ ਹੈ। ਤੀਜੇ ਰਿਸ਼ਤੇਦਾਰ ਉਹ ਹੋਣਗੇ, ਜੋ ਖ਼ੂਨ-ਪਸੀਨੇ ਦੇ ਨਾਲ ਤਿਆਰ ਕੀਤੀ ਜ਼ਮੀਨ ਵਿਚੋਂ ਨਵੀਂ ਨਸਲ ਅਤੇ ਸ਼ਕਲ ਵਿਚ ਪੈਦਾ ਹੋਣਗੇ। ਜੋ ਸਾਡੇ ਮਿਸ਼ਨ ਨੂੰ, ਸਾਡੀ ਸੋਚ ਨੂੰ ਅੱਗੇ ਵਧਾਉਣਗੇ। ਇਸ ਤੋਂ ਇਲਾਵਾ ਸਾਡੇ ਹੋਰ ਕੌਣ ਰਿਸ਼ਤੇਦਾਰ ਹੋ ਸਕਦੇ ਹਨ ਬਾਬਾ ਜੀ।



ਮਾਨਵਾਲ ਜ਼ਿਲ੍ਹਾ ਸ਼ੇਖ਼ੂਪੁਰਾ ਦੇ ਤੇਜਾ ਸਿੰਘ ਮਾਨ ਦੀ ਭੈਣ ਨਾਲ ਵਿਆਹ ਨਿਯਤ ਹੋਣ ਤੋਂ ਬਾਅਦ ਭਗਤ ਸਿੰਘ ਨੇ ਆਪਣੇ ਪਿਤਾ ਨੂੰ ਪੱਤਰ ਲਿਖ ਕੇ ਕਿਹਾ-ਸਤਿਕਾਰਯੋਗ ਪਿਤਾ ਜੀ, ਇਹ ਵਿਆਹ ਦਾ ਸਮਾਂ ਨਹੀਂ। ਦੇਸ਼ ਮੈਨੂੰ ਬੁਲਾ ਰਿਹਾ ਹੈ। ਮੈਂ ਅਪਣਾ ਤਨ, ਮਨ ਅਤੇ ਧਨ ਦੇਸ ਦੇ ਲੇਖੇ ਲਾਉਣ ਦਾ ਫੈਸਲਾ ਕੀਤਾ ਹੈ। ਵੈਸੇ ਵੀ ਇਹ ਸਾਡੇ ਪਰਵਾਰ ਲਈ ਕੋਈ ਨਵੀਂ ਗੱਲ ਨਹੀਂ।ਸਾਡਾ ਸਾਰਾ ਖ਼ਾਨਦਾਨ ਦੇਸ਼ ਭਗਤਾਂ ਦਾ ਹੈ।1910 ਵਿਚ ਮੇਰੇ ਜਨਮ ਦੇ ਦੋ-ਤਿੰਨ ਸਾਲ ਬਾਅਦ ਹੀ ਚਾਚਾ ਸਵਰਨ ਸਿੰਘ ਜੀ ਜੇਲ੍ਹ ਵਿਚ। ਚਾਚਾ ਅਜੀਤ ਸਿੰਘ ਜੀ ਜਲਾਵਤਨ ਹੋ ਕੇ ਗ਼ੈਰ-ਮੁਲਕਾਂ ਵਿਚ ਰਹੇ। ਚਾਚਾ ਜੀ ਨੇ ਜੇਲ੍ਹਾਂ ਵਿਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕੀਤਾ। ਮੈਂ ਤਾਂ ਸਿਰਫ ਉਹਨਾਂ ਦੇ ਨਕਸ਼ੇ-ਕਦਮ ਉਪਰ ਚੱਲ ਰਿਹਾ ਹਾਂ। ਮਿਹਰਬਾਨੀ ਕਰਕੇ ਤੁਸੀਂ ਮੈਨੂੰ ਵਿਆਹ ਦੇ ਬੰਧਨ ਵਿਚ ਨਾ ਜਕੜੋ। ਬਲਕਿ ਮੇਰੇ ਹੱਕ ਵਿਚ ਦੁਆ ਕਰੋ। ਤਾਂ ਜੋ ਮੈਂ ਆਪਣੇ ਮਕਸਦ ਵਿਚ ਕਾਮਯਾਬ ਹੋ ਸਕਾਂ।


ਸਰਦਾਰ ਭਗਤ ਸਿੰਘ ਨੇ ਇਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ-ਅਸੀਂ ਮੁੱਠੀ-ਭਰ ਕਰਾਂਤੀਕਾਰੀ ਲੋਕਾਂ ਨੂੰ ਨਾਲ ਲਏ ਬਿਨਾਂ ਆਜ਼ਾਦੀ ਹਾਸਿਲ ਨਹੀਂ ਕਰ ਸਕਦੇ। ਜਨਤਾ ਦੀ ਸ਼ਕਤੀ ਦੇ ਨਾਲ ਹੀ ਸਾਡਾ ਮੁਲਕ ਆਜ਼ਾਦ ਹੋਏਗਾ। ਭਾਰਤ ਦੀ ਲੁੱਟ ਨੂੰ ਖਤਮ ਕਰਨਾ, ਨੌਕਰਸ਼ਾਹੀ ਦਾ ਦਬਦਬਾ ਖਤਮ ਕਰਨਾ, ਲੋਕਾਂ ਨੂੰ ਹਕੂਮਤ ਵਿਚ ਬਰਾਬਰ ਦਾ ਹਿੱਸੇਦਾਰ ਬਣਾਉਣਾ ਸਾਡਾ ਪਹਿਲਾ ਫ਼ਰਜ਼ ਹੈ।

ਹੁਣ ਦੇਖਣਾ ਹੈ ਕਿ ਭਗਤ ਸਿੰਘ ਤੇ ਅਣਗਿਣਤ ਦੇਸ ਭਗਤ, ਜਿਨ੍ਹਾਂ ਨੇ ਆਪਣੀਆਂ ਜਾਨਾਂ ਦੇਸ ਦੀ ਆਜ਼ਾਦੀ ਖਾਤਰ ਹੱਸ ਕੇ ਕੁਰਬਾਨ ਕੀਤੀਆਂ। ਕੀ ਅੱਜ ਦਾ ਭਾਰਤ ਉਹਨਾਂ ਦੇ ਸੁਪਨਿਆਂ ਦਾ ਭਾਰਤ ਹੀ ਹੈ? ਜੇਕਰ ਨਹੀਂ ਤਾਂ ਕੀ ਕਾਰਨ ਹੈ? ਕੀ ਅਸੀਂ ਉਹਨਾਂ ਦੇ, ਉਹਨਾਂ ਦੀ ਸੋਚ ਦੇ ਵਾਰਿਸ ਬਣ ਸਕੇ ਹਾਂ? ਜੇਕਰ ਨਹੀਂ ਤਾਂ ਕੀ ਕਾਰਨ ਹਨ, ਕਿੱਥੇ ਗੜਬੜ ਹੋਈ ਹੈ? ਮੁਲਕ ਇਕ ਵਾਰ ਫੇਰ ਗੁਲਾਮੀ ਵੱਲ ਵਧ ਰਿਹਾ ਹੈ, ਪਰ ਹੁਣ ਵਾਲੀ ਗੁਲਾਮੀ ਪਹਿਲੀ ਗੁਲਾਮੀ ਨਾਲ ਬੇਹੱਦ ਖਤਰਨਾਕ ਅਤੇ ਖੌਫਨਾਕ ਹੋਵੇਗੀ।ਸਾਮਰਾਜਵਾਦ ਦੇ ਕੋਝੇ ਮਨਸੂਬੇ ਭਾਰਤ ਨੂੰ ਰਾਜਨੀਤਕ, ਸਮਾਜਕ, ਸੱਭਿਆਚਾਰਕ ਤੇ ਆਰਥਕ ਤੌਰ 'ਤੇ ਗੁਲਾਮ ਕਰਨ ਦੇ ਹਨ।

# ਕ੍ਰਾਂਤੀ ਦੀ ਉਹ ਆਵਾਜ਼, ਜੋ ਅੱਜ ਵੀ ਗੂੰਜਦੀ ਹੈ...

ਸੁਖਜੀਤ ਸਿੰਘ ਚਹਿਲ

ਭਾਰਤ ਦੀ ਆਜ਼ਾਦੀ ਦੀ ਲੜਾਈ ਦੇ ਇਤਿਹਾਸ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਨਾਂਅ ਅਮਰ ਸ਼ਹੀਦਾਂ ਦੀ ਕਤਾਰ ਵਿੱਚ ਸਭ ਤੋਂ ਉੱਚਾ ਸਥਾਨ ਰੱਖਦਾ ਹੈ। ਉਹ ਸਿਰਫ਼ ਇੱਕ ਬਹਾਦਰ ਕ੍ਰਾਂਤੀਕਾਰੀ ਹੀ ਨਹੀਂ ਸਨ, ਸਗੋਂ ਦੂਰਦਰਸ਼ੀ ਚਿੰਤਕ, ਤਰਕਸ਼ੀਲ ਲੇਖਕ, ਸਮਾਜਵਾਦੀ ਵਿਚਾਰਧਾਰਾ ਦੇ ਸਮਰਥਕ ਅਤੇ ਨੌਜਵਾਨਾਂ ਦੇ ਪ੍ਰੇਰਣਾ ਸਰੋਤ ਵੀ ਸਨ। ਉਨ੍ਹਾ ਦਾ ਜੀਵਨ ਦੇਸ਼ ਦੀ ਆਜ਼ਾਦੀ, ਸਮਾਜਿਕ ਬਰਾਬਰੀ ਅਤੇ ਮਨੁੱਖੀ ਮਰਿਆਦਾ ਲਈ ਕੀਤੇ ਗਏ ਅਦਭੁੱਤ ਤਿਆਗ ਦੀ ਗਾਥਾ ਹੈ।



ਦੇਸ਼ ਭਗਤੀ ਦੇ ਸੰਸਕਾਰਾਂ ਵਿੱਚ ਪਲਿਆ ਬਾਲਕ

ਸ਼ਹੀਦ ਭਗਤ ਸਿੰਘ ਦਾ ਜਨਮ 28 ਸਤੰਬਰ 1907 ਨੂੰ ਲਾਇਲਪੁਰ ਜ਼ਿਲ੍ਹੇ ਦੇ ਬੰਗਾ ਪਿੰਡ ਵਿੱਚ ਹੋਇਆ, ਜੋ ਅੱਜ ਪਾਕਿਸਤਾਨ ਦੇ ਫੈਸਲਾਬਾਦ ਖੇਤਰ ਵਿੱਚ ਸਥਿਤ ਹੈ। ਉਨ੍ਹਾ ਦੇ ਪਿਤਾ ਸਰਦਾਰ ਕਿਸ਼ਨ ਸਿੰਘ ਅਤੇ ਮਾਤਾ ਵਿਦਿਆਵਤੀ ਸਨ। ਭਗਤ ਸਿੰਘ ਦਾ ਪਰਵਾਰ ਦੇਸ਼ ਭਗਤੀ ਅਤੇ ਬ੍ਰਿਟਿਸ਼ ਵਿਰੋਧੀ ਸੰਘਰਸ਼ ਲਈ ਪ੍ਰਸਿੱਧ ਸੀ। ਉਨ੍ਹਾਂ ਦੇ ਚਾਚਾ ਸਰਦਾਰ ਅਜੀਤ ਸਿੰਘ ਵੀ ਅੰਗਰੇਜ਼ੀ ਹਕੂਮਤ ਵਿਰੁੱਧ ਸਰਗਰਮ ਰਹੇ ਸਨ।

ਦੇਸ਼ ਭਗਤੀ ਦਾ ਮਾਹੌਲ ਭਗਤ ਸਿੰਘ ਦੇ ਜੀਵਨ ਉਤੇ ਬਚਪਨ ਤੋਂ ਹੀ ਡੂੰਘਾ ਪ੍ਰਭਾਵ ਪਾਉਂਦਾ ਰਿਹਾ। 1919 ਦੇ ਜਲ੍ਹਿਆਂਵਾਲਾ ਬਾਗ਼ ਕਤਲੇਆਮ ਨੇ ਉਨ੍ਹਾ ਦੇ ਕੋਮਲ ਮਨ ਨੂੰ ਝੰਜੋੜ ਕੇ ਰੱਖ ਦਿੱਤਾ। ਕਿਹਾ ਜਾਂਦਾ ਹੈ ਕਿ ਇਸ ਘਟਨਾ ਤੋਂ ਬਾਅਦ ਉਨ੍ਹਾਂ ਦੇ ਅੰਦਰ ਦੇਸ਼ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਵਾਉਣ ਦਾ ਸੰਕਲਪ ਹੋਰ ਵੀ ਦ੍ਰਿੜ੍ਹ ਹੋ ਗਿਆ।

ਉਹ ਕ੍ਰਾਂਤੀਕਾਰੀ ਸੰਗਠਨਾਂ ਨਾਲ ਜੁੜੇ ਅਤੇ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਦੀ ਸਥਾਪਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਸੰਗਠਨ ਦਾ ਉਦੇਸ਼ ਬ੍ਰਿਟਿਸ਼ ਸਾਮਰਾਜਵਾਦ ਦਾ ਅੰਤ ਕਰਕੇ ਇੱਕ ਸਮਾਜਵਾਦੀ ਅਤੇ ਬਰਾਬਰੀ-ਆਧਾਰਤ ਭਾਰਤ ਦੀ ਸਿਰਜਣਾ ਕਰਨਾ ਸੀ।

1928 ਵਿੱਚ ਸਾਈਮਨ ਕਮਿਸ਼ਨ ਦੇ ਵਿਰੋਧ ਦੌਰਾਨ ਲਾਲਾ ਲਾਜਪਤ ਰਾਏ 'ਤੇ ਹੋਏ ਲਾਠੀਚਾਰਜ ਨੇ ਸਾਰੇ ਦੇਸ਼ ਨੂੰ ਹਿਲਾ ਦਿੱਤਾ। ਇਸ ਹਮਲੇ ਤੋਂ ਬਾਅਦ ਲਾਲਾ ਲਾਜਪਤ ਰਾਏ ਦੀ ਮੌਤ ਹੋ ਗਈ। ਇਸ ਘਟਨਾ ਨੇ ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦੇ ਮਨ ਵਿੱਚ ਬ੍ਰਿਟਿਸ਼ ਸਰਕਾਰ ਵਿਰੁੱਧ ਗੁੱਸਾ ਹੋਰ ਤੀਬਰ ਕਰ ਦਿੱਤਾ। ਇਸੇ ਪਿਛੋਕੜ ਵਿੱਚ ਪੁਲਸ ਅਧਿਕਾਰੀ ਜੇ ਪੀ ਸਾਂਡਰਸ ਦੀ ਹੱਤਿਆ ਦੀ ਕਾਰਵਾਈ ਕੀਤੀ ਗਈ।

8 ਅਪ੍ਰੈਲ 1929 ਨੂੰ ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ ਕੇਂਦਰੀ ਵਿਧਾਨ ਸਭਾ ਵਿੱਚ ਬੰਬ ਸੁੱਟੇ। ਉਨ੍ਹਾਂ ਦਾ ਉਦੇਸ਼ ਕਿਸੇ ਦੀ ਜਾਨ ਲੈਣਾ ਨਹੀਂ, ਸਗੋਂ ਬਹਿਰੀ ਬਣ ਚੁੱਕੀ ਬ੍ਰਿਟਿਸ਼ ਸਰਕਾਰ ਤੱਕ ਲੋਕਾਂ ਦੀ ਆਵਾਜ਼ ਪਹੁੰਚਾਉਣਾ ਸੀ। ਕਾਰਵਾਈ ਤੋਂ ਬਾਅਦ ਦੋਵੇਂ ਕ੍ਰਾਂਤੀਕਾਰੀ ਭੱਜੇ ਨਹੀਂ, ਬਲਕਿ ਉਨ੍ਹਾਂ ਖੁਦ ਗ੍ਰਿਫ਼ਤਾਰੀ ਦਿੱਤੀ। ਉਹ ਅਦਾਲਤ ਨੂੰ ਆਪਣੇ ਵਿਚਾਰਾਂ ਦਾ ਮੰਚ ਬਣਾਉਣਾ ਚਾਹੁੰਦੇ ਸਨ। ਇਸ ਮੌਕੇ ਉਨ੍ਹਾਂ ਵੱਲੋਂ ਲਗਾਇਆ ਗਿਆ ਨਾਅਰਾ— ਇਨਕਲਾਬ ਜ਼ਿੰਦਾਬਾਦ — ਅੱਜ ਵੀ ਲੋਕ-ਚੇਤਨਾ ਅਤੇ ਬਦਲਾਅ ਦਾ ਪ੍ਰਤੀਕ ਹੈ।

**ਤਰਕਸ਼ੀਲਤਾ ਅਤੇ ਸਮਾਜਵਾਦੀ ਵਿਚਾਰਧਾਰਾ**

ਭਗਤ ਸਿੰਘ ਦੀ ਸ਼ਖ਼ਸੀਅਤ ਦਾ ਸਭ ਤੋਂ ਮਹੱਤਵਪੂਰਨ ਪੱਖ ਉਨ੍ਹਾ ਦੀ ਵਿਚਾਰਕ ਗਹਿਰਾਈ ਸੀ। ਉਹ ਅੰਧਵਿਸ਼ਵਾਸ, ਧਾਰਮਿਕ ਕੱਟੜਤਾ, ਜਾਤ-ਪਾਤ ਅਤੇ ਹਰ ਕਿਸਮ ਦੇ ਸ਼ੋਸ਼ਣ ਦੇ ਵਿਰੋਧੀ ਸਨ। ਉਹ ਮੰਨਦੇ ਸਨ ਕਿ ਮਨੁੱਖ ਨੂੰ ਹਰ ਵਿਚਾਰ ਅਤੇ ਵਿਸ਼ਵਾਸ ਨੂੰ ਤਰਕ, ਵਿਗਿਆਨ ਅਤੇ ਅਨੁਭਵ ਦੀ ਕਸੌਟੀ 'ਤੇ ਪਰਖਣਾ ਚਾਹੀਦਾ ਹੈ।

ਭਗਤ ਸਿੰਘ ਲਈ ਕ੍ਰਾਂਤੀ ਦਾ ਅਰਥ ਕੇਵਲ ਹਥਿਆਰਬੰਦ ਕਾਰਵਾਈ ਨਹੀਂ ਸੀ। ਉਨ੍ਹਾ ਦੇ ਅਨੁਸਾਰ ਕ੍ਰਾਂਤੀ ਦਾ ਅਸਲ ਮਤਲਬ ਸੀ—ਅਨਿਆਂਪੂਰਨ ਪ੍ਰਬੰਧ ਦਾ ਅੰਤ, ਸ਼ੋਸ਼ਣ ਤੋਂ ਮੁਕਤੀ, ਸਮਾਜਿਕ ਬਰਾਬਰੀ ਅਤੇ ਲੋਕਾਂ ਵਿੱਚ ਜਾਗਰੂਕਤਾ। ਉਨ੍ਹਾ ਦੀ ਸੋਚ ਵਿੱਚ ਆਜ਼ਾਦੀ ਦਾ ਅਰਥ ਹਰ ਮਨੁੱਖ ਲਈ ਸਨਮਾਨ, ਮੌਕਾ ਅਤੇ ਨਿਆਂ ਸੀ।

ਭਗਤ ਸਿੰਘ ਸਿਰਫ਼ ਕ੍ਰਾਂਤੀਕਾਰੀ ਕਾਰਵਾਈਆਂ ਲਈ ਹੀ ਪ੍ਰਸਿੱਧ ਨਹੀਂ ਸਨ; ਉਹ ਇੱਕ ਗੰਭੀਰ ਪਾਠਕ ਅਤੇ ਪ੍ਰਭਾਵਸ਼ਾਲੀ ਲੇਖਕ ਵੀ ਸਨ। ਉਨ੍ਹਾ ਨੇ ਮਾਰਕਸ, ਐਂਗਲਜ਼, ਲੈਨਿਨ ਅਤੇ ਹੋਰ ਵਿਸ਼ਵ-ਚਿੰਤਕਾਂ ਦੀਆਂ ਰਚਨਾਵਾਂ ਦਾ ਅਧਿਐਨ ਕੀਤਾ। ਉਹ ਅਖ਼ਬਾਰਾਂ ਅਤੇ ਰਸਾਲਿਆਂ ਲਈ ਲੇਖ ਲਿਖਦੇ ਸਨ ਅਤੇ ਨੌਜਵਾਨਾਂ ਨੂੰ ਦੇਸ਼, ਸਮਾਜ, ਰਾਜਨੀਤੀ ਅਤੇ ਮਨੁੱਖੀ ਹੱਕਾਂ ਬਾਰੇ ਸੋਚਣ ਲਈ ਪ੍ਰੇਰਿਤ ਕਰਦੇ ਸਨ।

ਅੱਜ ਦੇ ਸਮੇਂ ਵਿੱਚ ਭਗਤ ਸਿੰਘ ਦੀ ਪ੍ਰਸੰਗਿਕਤਾ

ਅੱਜ ਜਦੋਂ ਸਮਾਜ ਵਿੱਚ ਅਸਹਿਣਸ਼ੀਲਤਾ, ਭੇਦਭਾਵ, ਅੰਧਵਿਸ਼ਵਾਸ ਅਤੇ ਆਰਥਿਕ ਅਸਮਾਨਤਾ ਵਰਗੀਆਂ ਚੁਣੌਤੀਆਂ ਮੌਜੂਦ ਹਨ, ਭਗਤ ਸਿੰਘ ਦੇ ਵਿਚਾਰ ਹੋਰ ਵੀ ਪ੍ਰਸੰਗਿਕ ਹੋ ਜਾਂਦੇ ਹਨ। ਉਨ੍ਹਾ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਸਿਰਫ਼ ਸਮਾਗਮ ਕਰਵਾਉਣਾ ਜਾਂ ਨਾਅਰੇ ਲਗਾਉਣਾ ਨਹੀਂ, ਸਗੋਂ ਉਨ੍ਹਾ ਦੀ ਸੋਚ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਹੈ।

ਸਾਨੂੰ ਉਨ੍ਹਾ ਤੋਂ ਸਿੱਖਣਾ ਚਾਹੀਦਾ ਹੈ ਕਿ ਸੱਚ ਦੀ ਖੋਜ ਕਰੋ, ਸਵਾਲ ਪੁੱਛੋ, ਅਨਿਆਂ ਵਿਰੁੱਧ ਆਵਾਜ਼ ਉਠਾਓ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੇ ਹੱਕਾਂ ਲਈ ਖੜ੍ਹੇ ਹੋਵੋ। ਭਗਤ ਸਿੰਘ ਦਾ ਸੁਪਨਾ ਇੱਕ ਅਜਿਹੇ ਭਾਰਤ ਦਾ ਸੀ, ਜਿੱਥੇ ਹਰ ਵਿਅਕਤੀ ਨੂੰ ਬਰਾਬਰੀ, ਸਿੱਖਿਆ, ਸਨਮਾਨ ਅਤੇ ਆਜ਼ਾਦੀ ਪ੍ਰਾਪਤ ਹੋਵੇ।

ਸ਼ਹੀਦ ਭਗਤ ਸਿੰਘ ਦੀ ਸ਼ਹਾਦਤ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਉਮਰ ਨਹੀਂ, ਸਗੋਂ ਵਿਚਾਰਾਂ ਦੀ ਉਚਾਈ ਅਤੇ ਉਦੇਸ਼ ਦੀ ਪਵਿੱਤਰਤਾ ਮਨੁੱਖ ਨੂੰ ਮਹਾਨ ਬਣਾਉਂਦੀ ਹੈ। ਉਨ੍ਹਾਂ ਦਾ ਜੀਵਨ ਇੱਕ ਚਿਰਾਗ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ਪ੍ਰੇਮ, ਨਿਆਂ ਅਤੇ ਕ੍ਰਾਂਤੀਕਾਰੀ ਚੇਤਨਾ ਦਾ ਰਾਹ ਦਿਖਾਉਂਦਾ ਰਹੇਗਾ।

# ਸੰਪਰਕ : 98154-04611

# ਨਰੇਗਾ ਮਜ਼ਦੂਰਾਂ ਨੂੰ ਤਿੰਨ ਮਹੀਨਿਆਂ ਤੋਂ ਨਹੀਂ ਮਿਲੀ ਦਿਹਾੜੀ : ਗੋਰਾ ਪਿਪਲੀ

## ਕੇਂਦਰ ਸਰਕਾਰ ਦੇ ਵੱਡੇ-ਵੱਡੇ ਦਾਅਵਿਆਂ ਦੀ ਖੁੱਲ੍ਹੀ ਪੋਲ, ਮਜ਼ਦੂਰਾਂ ਵੱਲੋਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਤੇ ਸੰਘਰਸ਼ ਦੀ ਚੇਤਾਵਨੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**
ਕੇਂਦਰ ਸਰਕਾਰ ਵੱਲੋਂ ਮਨਰੇਗਾ ਦੀ ਥਾਂ ਲਿਆਂਦੇ ਗਏ ਨਵੇਂ ਕਾਨੂੰਨ 'ਵਿਕਸਿਤ ਭਾਰਤ ਗਰਾਮ ਰੁਜ਼ਗਾਰ ਅਜੀਵਕਾ ਮਿਸ਼ਨ' (ਵੀ ਬੀ ਜੀ ਰਾਮ ਜੀ) ਅਧੀਨ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਪਿਛਲੇ ਤਿੰਨ ਮਹੀਨਿਆਂ ਤੋਂ ਇੱਕ ਵੀ ਪੈਸਾ ਨਸੀਬ ਨਹੀਂ ਹੋਇਆ ਹੈ।ਇੱਕ ਪਾਸੇ ਜਿੱਥੇ ਕੇਂਦਰ ਸਰਕਾਰ ਇਸ ਨਵੇਂ ਕਾਨੂੰਨ ਦਾ ਢੰਡੋਰਾ ਪਿੱਟ ਰਹੀ ਹੈ, ਉੱਥੇ ਹੀ ਦੂਜੇ ਪਾਸੇ ਕੰਮ ਕਰਨ ਦੇ ਬਾਵਜੂਦ ਮਜ਼ਦੂਰਾਂ ਨੂੰ ਦਿਹਾੜੀ ਨਾ ਮਿਲਣ ਕਾਰਨ ਉਹ ਭੁੱਖਮਰੀ ਦੇ ਕੰਢੇ ਪਹੁੰਚ ਚੁੱਕੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ 'ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ' ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਪਿੰਡ ਪਿਪਲੀ ਵਿਖੇ ਕੰਮ ਕਰਦੇ ਮਜ਼ਦੂਰਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ।

ਮਜ਼ਦੂਰ ਆਗੂ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ 1 ਜੁਲਾਈ ਤੋਂ ਇਹ ਨਵਾਂ ਕਾਨੂੰਨ ਲਾਗੂ ਕੀਤਾ ਸੀ, ਜਿਸ ਅਧੀਨ ਮਜ਼ਦੂਰ ਲਗਾਤਾਰ ਕੰਮ ਕਰ ਰਹੇ ਹਨ, ਪਰ ਅਜੇ ਤੱਕ ਬਣਦੀ ਅਦਾਇਗੀ ਨਹੀਂ ਕੀਤੀ ਗਈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਉਹ ਵੱਡੇ ਪ੍ਰੋਜੈਕਟ ਖ਼ਤਮ ਕਰ ਦਿੱਤੇ ਹਨ, ਜਿਨ੍ਹਾਂ ਵਿੱਚ ਸੈਂਕੜੇ ਮਜ਼ਦੂਰਾਂ ਨੂੰ ਇਕੱਠਿਆਂ ਰੁਜ਼ਗਾਰ ਮਿਲਦਾ ਸੀ।ਹੁਣ ਛੋਟੇ-ਛੋਟੇ ਪ੍ਰੋਜੈਕਟਾਂ ਰਾਹੀਂ ਥੋੜ੍ਹੇ-ਥੋੜ੍ਹੇ ਮਜ਼ਦੂਰਾਂ ਤੋਂ ਕੰਮ ਲਿਆ ਜਾ ਰਿਹਾ ਹੈ, ਜਿਸ ਕਾਰਨ ਮਜ਼ਦੂਰਾਂ ਲਈ ਸਾਲ ਵਿੱਚ 125 ਦਿਨ ਦਾ ਰੁਜ਼ਗਾਰ ਟੀਚਾ ਪੂਰਾ ਕਰਨਾ ਅਸੰਭਵ ਜਾਪਦਾ ਹੈ।

ਕਾਮਰੇਡ ਗੋਰਾ ਪਿਪਲੀ ਨੇ ਕੇਂਦਰੀ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਮੰਤਰੀ ਸੋਸ਼ਲ ਮੀਡੀਆ 'ਤੇ ਰੀਲਾਂ ਪਾ ਕੇ 7 ਦਿਨਾਂ ਦੇ ਅੰਦਰ ਅਦਾਇਗੀ ਕਰਨ ਅਤੇ ਦੇਰੀ ਹੋਣ 'ਤੇ ਮੁਆਵਜ਼ਾ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੇ ਹਨ, ਪਰ ਹਕੀਕਤ ਇਹ ਹੈ ਕਿ ਮੁਆਵਜ਼ਾ ਤਾਂ ਦੂਰ, ਮਜ਼ਦੂਰਾਂ ਨੂੰ ਉਨ੍ਹਾਂ ਦੀ ਕੀਤੀ ਮਿਹਨਤ ਦੇ ਅਸਲ ਪੈਸੇ ਵੀ ਨਹੀਂ ਦਿੱਤੇ ਜਾ ਰਹੇ, ਜਿਸ ਕਾਰਨ ਮਜ਼ਦੂਰ ਵਰਗ ਵਿੱਚ ਭਾਰੀ ਰੋਸ ਹੈ।ਮਜ਼ਦੂਰਾਂ ਨੇ ਚੇਤਾਵਨੀ ਦਿੱਤੀ ਕਿ ਤਿੰਨ ਮਹੀਨਿਆਂ ਦੀ ਰੋਕੀ ਗਈ ਦਿਹਾੜੀ ਤੁਰੰਤ ਮਜ਼ਦੂਰਾਂ ਦੇ ਖ਼ਾਤਿਆਂ ਵਿੱਚ ਪਾਈ ਜਾਵੇ।ਉਨ੍ਹਾ ਮੰਗ ਕੀਤੀ ਕਿ 125 ਦਿਨਾਂ ਦਾ ਰੁਜ਼ਗਾਰ ਯਕੀਨੀ ਬਣਾਉਣ ਲਈ ਵੱਡੀਆਂ ਨਹਿਰਾਂ, ਰੇਲਵੇ ਲਾਈਨਾਂ, ਸਿੰਚਾਈ ਕੱਸੀਆਂ, ਖਾਲਿਆਂ ਤੇ ਕੱਚੇ ਰਾਹਾਂ ਦੇ ਰੱਖ-ਰਖਾਅ ਵਾਲੇ ਵੱਡੇ ਪ੍ਰੋਜੈਕਟ ਦੋਬਾਰਾ ਸ਼ੁਰੂ ਕੀਤੇ ਜਾਣ।ਮੀਟਿੰਗ ਦੌਰਾਨ ਮਜ਼ਦੂਰਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।ਮਜ਼ਦੂਰ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਤੋਂ ਜਲਦ ਬਣਦੀ ਅਦਾਇਗੀ ਨਾ ਕੀਤੀ ਤਾਂ ਮਜ਼ਦੂਰ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।

# ਵੋਟਾਂ ਕੱਟਣ ਦੇ ਵਿਰੋਧ 'ਚ ਚੋਣ ਕਮਿਸ਼ਨ ਦਾ ਪੁਤਲਾ ਫੂਕਿਆ

## ■ ਮੁੱਖ ਚੋਣ ਕਮਿਸ਼ਨਰ ਖਿਲਾਫ਼ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ ਹੋਵੇ : ਜਮਹੂਰੀ ਜਥੇਬੰਦੀਆਂ



**ਲੁਧਿਆਣਾ (ਸਤੀਸ਼ ਸਚਦੇਵਾ)**-ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਲੁਧਿਆਣਾ ਵਿਖੇ ਤਰਕਸ਼ੀਲ ਸੁਸਾਇਟੀ ਪੰਜਾਬ, ਜਮਹੂਰੀ ਅਧਿਕਾਰ ਸਭਾ ਪੰਜਾਬ, ਯੂਨੀਵਰਸਲ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ, ਮਹਾਸਭਾ ਲੁਧਿਆਣਾ ਤੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ ਐੱਸ ਆਈ ਆਰ ਦੌਰਾਨ ਵੋਟਰ ਸੂਚੀਆਂ ਵਿੱਚੋਂ ਵੱਡੀ ਗਿਣਤੀ ਵਿੱਚੋਂ ਨਾਮ ਕੱਟੇ ਜਾਣ ਦੇ ਵਿਰੋਧ ਵਿੱਚ ਭਾਰਤੀ ਚੋਣ ਕਮਿਸ਼ਨ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਚੋਣ ਕਮਿਸ਼ਨ ਵੱਲੋਂ ਜਾਰੀ ਡਰਾਫਟ ਵੋਟਰ ਸੂਚੀ ਸਬੰਧੀ ਰਿਪੋਰਟਾਂ ਮੁਤਾਬਕ ਪੰਜਾਬ ਵਿੱਚ ਪਿਛਲੀ ਸੂਚੀ ਦੇ ਮੁਕਾਬਲੇ 20.66 ਲੱਖ ਵੋਟਰਾਂ ਦੇ ਨਾਮ ਘਟੇ ਹਨ। ਚੋਣ ਕਮਿਸ਼ਨ ਵੱਲੋਂ ਇਨ੍ਹਾਂ ਨੂੰ ਗੈਰ-ਹਾਜ਼ਰ, ਮੌਤ ਹੋ ਚੁੱਕੀ, ਪੱਕੇ ਤੌਰ 'ਤੇ ਤਬਦੀਲ ਹੋਏ ਜਾਂ ਡੁਪਲੀਕੇਟ ਵੋਟਰਾਂ ਆਦਿ ਦੀਆਂ ਸ਼੍ਰੇਣੀਆਂ ਵਿੱਚ ਰੱਖਿਆ ਗਿਆ ਹੈ।

ਇਸ ਮੌਕੇ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਵੋਟ ਪਾਉਣਾ ਹਰ ਯੋਗ ਨਾਗਰਿਕ ਦਾ ਮਹੱਤਵਪੂਰਨ ਲੋਕਤੰਤਰੀ ਅਧਿਕਾਰ ਹੈ।ਜੇਕਰ ਐੱਸ ਆਈ ਆਰ ਦੀ ਪ੍ਰਕਿਰਿਆ ਦੌਰਾਨ ਕਿਸੇ ਯੋਗ ਵੋਟਰ ਦਾ ਨਾਮ ਗਲਤੀ ਨਾਲ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਜਾਂਦਾ ਹੈ ਤਾਂ ਉਸ ਦੀ ਤੁਰੰਤ ਜਾਂਚ ਕਰਕੇ ਨਾਮ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ।ਆਗੂਆਂ ਨੇ ਮੰਗ ਕੀਤੀ ਕਿ ਹਟਾਏ ਗਏ ਹਰੇਕ ਨਾਮ ਦਾ ਕਾਰਨ ਜਨਤਕ ਕੀਤਾ ਜਾਵੇ ਤੇ ਯੋਗ ਵੋਟਰਾਂ ਨੂੰ ਆਪਣਾ ਪੱਖ ਰੱਖਣ ਦਾ ਪੂਰਾ ਮੌਕਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਵੋਟਰ ਸੂਚੀ ਦੀ ਸ਼ੁੱਧਤਾ ਤੇ ਪਾਰਦਰਸ਼ਤਾ ਲੋਕਤੰਤਰੀ ਪ੍ਰਕਿਰਿਆ ਲਈ ਬਹੁਤ ਜ਼ਰੂਰੀ ਹੈ ਤੇ ਕਿਸੇ ਵੀ ਯੋਗ ਨਾਗਰਿਕ ਨੂੰ ਆਪਣਾ ਵੋਟ ਦਾ ਅਧਿਕਾਰ ਵਰਤਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਉਨ੍ਹਾਂ ਮੰਗ ਕੀਤੀ ਕਿ ਐੱਸ ਆਈ ਆਰ ਨਾਲ ਸਬੰਧਤ ਇਤਰਾਜ਼ਾਂ ਅਤੇ ਦਾਅਵਿਆਂ ਦਾ ਨਿਰਪੱਖ ਢੰਗ ਨਾਲ ਨਿਪਟਾਰਾ ਕੀਤਾ ਜਾਵੇ।ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਬੀਜੇਪੀ ਦੇ ਇਸ਼ਾਰਿਆਂ 'ਤੇ ਚੱਲਣ ਤੇ ਮਨਮਰਜ਼ੀ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਆਗੂਆਂ ਨੇ ਇਸ ਦੀ ਕਾਰਗੁਜ਼ਾਰੀ ਨੂੰ ਦੇਸ਼ ਵਿਰੋਧੀ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਬੀਜੇਪੀ ਦੇਸ਼ ਨੂੰ ਵੰਡਣ ਦੇ ਰਾਹ ਚੱਲਕੇ ਅੰਗਰੇਜ਼ਾਂ ਤੋਂ ਵੀ ਵੱਧ ਖ਼ਤਰਨਾਕ ਸਾਬਿਤ ਹੋਈ ਹੈ।ਦੇਸ਼ ਵਿੱਚ ਫਾਸ਼ੀਵਾਦੀ ਰੁਝਾਨਾਂ 'ਤੇ ਚੱਲਣ ਵਾਲੀ ਇਸ ਫਿਰਕੂ ਸਰਕਾਰ ਦਾ ਵਿਰੋਧ ਕਰਨ ਲਈ ਲੋਕਾਂ ਨੂੰ ਆਵਾਜ਼ ਉਠਾਉਣ ਲਈ ਅੱਗੇ ਆਉਣਾ ਦਾ ਸਮਾਂ ਹੈ।ਇਸ ਮੌਕੇ ਪ੍ਰੋ. ਜਗਮੋਹਨ ਸਿੰਘ, ਜਸਵੰਤ ਜੀਰਖ, ਸਤਨਾਮ ਸਿੰਘ ਧਾਲੀਵਾਲ, ਡਾ. ਹਰਬੰਸ ਸਿੰਘ ਗਰੇਵਾਲ, ਬਾਪੂ ਬਲਕੌਰ ਸਿੰਘ, ਬਲਵਿੰਦਰ ਸਿੰਘ, ਧਰਮ ਸਿੰਘ ਸੁਜਾਪੁਰ, ਗੁਰਵਿੰਦਰ ਸਿੰਘ, ਸਤੀਸ਼ ਸਚਦੇਵਾ, ਕਰਤਾਰ ਵੀਰਾਨ, ਰਪਿੰਦਰ ਸਿੰਘ, ਰਾਜਿੰਦਰ ਜੰਡਿਆਲੀ, ਐਡਵੋਕੇਟ ਹਰਪ੍ਰੀਤ ਜੀਰਖ, ਰਕੇਸ਼ ਕੁਮਾਰ, ਧਰਮਪਾਲ ਸਿੰਘ, ਅਜਮੇਰ ਦਾਖਾ, ਐਡਵੋਕੇਟ ਨਰਿੰਦਰ ਸਿੰਘ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂ ਤੇ ਕਾਰਕੁਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਵਿਜੀਲੈਂਸ ਦੀ ਵੱਡੀ ਕਾਰਵਾਈ : ਕੋਟ ਈਸੇ ਖਾਂ ਦੀ ਥਾਣਾ ਮੁਖੀ ਸੁਨੀਤਾ ਬਾਵਾ 50 ਹਜ਼ਾਰ ਰੁਪਏ ਰਿਸ਼ਵਤ ਲੈਂਦੀ ਰੰਗੇ ਹੱਥੀਂ ਕਾਬੂ



**ਫਿਰੋਜ਼ਪੁਰ/ਮੋਗਾ (ਅਸ਼ੋਕ ਸ਼ਰਮਾ/ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਵਿਜੀਲੈਂਸ ਬਿਊਰੋ ਨੇ ਦੇਰ ਰਾਤ ਛਾਪੇਮਾਰੀ ਕਰਕੇ ਥਾਣਾ ਕੋਟ ਈਸੇ ਖਾਂ ਦੀ ਮੁੱਖ ਅਫ਼ਸਰ ਇੰਸਪੈਕਟਰ ਸੁਨੀਤਾ ਬਾਵਾ ਤੇ ਉਸ ਦੇ ਗੰਨਮੈਨ ਹੋਮਗਾਰਡ ਜਵਾਨ ਗੁਰਅਵਤਾਰ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਪੂਰਾ ਮਾਮਲਾ ਕੁਝ ਦਿਨ ਪਹਿਲਾਂ ਖੋਸਾ ਰਣਧੀਰ ਦੇ ਇੱਕ ਵਿਅਕਤੀ ਨੂੰ ਕੋਟ ਈਸੇ ਖਾਂ ਪੁਲਸ ਵੱਲੋਂ ਨਸ਼ੇ ਸਮੇਤ ਕਾਬੂ ਕਰਨ ਨਾਲ ਜੁੜਿਆ ਹੋਇਆ ਹੈ। ਮਾਮਲੇ ਦੀ ਤਫ਼ਤੀਸ਼ ਦੌਰਾਨ ਫੜੇ ਗਏ ਵਿਅਕਤੀ ਤੋਂ ਮਿਲੀ ਜਾਣਕਾਰੀ ਦਾ ਬਹਾਨਾ ਬਣਾ ਕੇ ਥਾਣਾ ਮੁਖੀ ਇੰਸਪੈਕਟਰ ਸੁਨੀਤਾ ਬਾਵਾ ਨੇ ਪਿੰਡ ਨੂਰਪੁਰ ਹਕੀਮਾਂ ਦੇ ਰਹਿਣ ਵਾਲੇ ਰਾਜਵਿੰਦਰ ਸਿੰਘ ਨੂੰ ਨਸ਼ਾ ਤਸਕਰੀ ਦੇ ਝੂਠੇ ਕੇਸ ਵਿੱਚ ਉਲਝਾਉਣ ਦੀਆਂ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਸਨ। ਇੰਸਪੈਕਟਰ ਵੱਲੋਂ ਰਾਜਵਿੰਦਰ ਸਿੰਘ ਨੂੰ ਕੇਸ ਵਿੱਚੋਂ ਬਾਹਰ ਕੱਢਣ ਤੇ ਉਸ ਉੱਪਰ ਕੋਈ ਕਾਨੂੰਨੀ ਕਾਰਵਾਈ ਨਾ ਕਰਨ ਦੇ ਬਦਲੇ ਮੋਟੀ ਰਕਮ ਦੀ ਲਗਾਤਾਰ ਮੰਗ ਕੀਤੀ ਜਾ ਰਹੀ ਸੀ। ਸੂਤਰਾਂ ਅਨੁਸਾਰ, ਥਾਣਾ ਮੁਖੀ ਸੁਨੀਤਾ ਬਾਵਾ ਪਹਿਲਾਂ ਹੀ ਰਾਜਵਿੰਦਰ ਸਿੰਘ ਕੋਲੋਂ 50,000 ਰੁਪਏ ਦੀ ਰਿਸ਼ਵਤ ਵਸੂਲ ਕਰ ਚੁੱਕੀ ਸੀ। ਇਸ ਦੇ ਬਾਵਜੂਦ ਉਸ ਦੀ ਭੁੱਖ ਸ਼ਾਂਤ ਨਹੀਂ ਹੋਈ ਤੇ ਉਹ ਰਾਜਵਿੰਦਰ ਸਿੰਘ 'ਤੇ 50,000 ਰੁਪਏ ਹੋਰ ਦੇਣ ਲਈ ਲਗਾਤਾਰ ਮਾਨਸਿਕ ਦਬਾਅ ਪਾ ਰਹੀ ਸੀ। ਥਾਣਾ ਇੰਚਾਰਜ ਦੀਆਂ ਵਾਰ-ਵਾਰ ਮਿਲ ਰਹੀਆਂ ਧਮਕੀਆਂ ਤੇ ਵਾਰ-ਵਾਰ ਪੈਸੇ ਮੰਗਣ ਤੋਂ ਤੰਗ ਆ ਕੇ ਰਾਜਵਿੰਦਰ ਸਿੰਘ ਨੇ ਆਖਿਰਕਾਰ ਇਸ ਸਬੰਧੀ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਲਿਖਤੀ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤਕਰਤਾ ਦੀ ਸ਼ਿਕਾਇਤ 'ਤੇ ਸ਼ੁਰੂਆਤੀ ਪੜਤਾਲ ਕਰਨ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਮਾਮਲੇ ਨੂੰ ਅਤਿ-ਗੰਭੀਰਤਾ ਨਾਲ ਲਿਆ। ਇਸ ਉਪਰੰਤ ਫਿਰੋਜ਼ਪੁਰ ਰੇਂਜ ਦੀ ਇੰਸਪੈਕਟਰ ਗਗਨਦੀਪ ਕੌਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਵਿਜੀਲੈਂਸ ਟੀਮ ਦਾ ਗਠਨ ਕੀਤਾ ਗਿਆ। ਮਿੱਥੀ ਗਈ ਯੋਜਨਾ ਅਨੁਸਾਰ ਵਿਜੀਲੈਂਸ ਟੀਮ ਨੇ ਦੇਰ ਰਾਤ ਲਗਭਗ 9 ਵਜੇ ਜ਼ੀਰਾ ਰੋਡ 'ਤੇ ਇੱਕ ਖਾਸ ਜਗ੍ਹਾ 'ਤੇ ਆਪਣਾ ਜਾਲ ਵਿਛਾਇਆ। ਜਿਵੇਂ ਹੀ ਸ਼ਿਕਾਇਤਕਰਤਾ ਨੇ 50,000 ਰੁਪਏ ਦੀ ਰਿਸ਼ਵਤ ਦੀ ਰਕਮ ਥਾਣਾ ਮੁਖੀ ਸੁਨੀਤਾ ਬਾਵਾ ਤੇ ਉਸ ਦੇ ਗੰਨਮੈਨ ਹੋਮਗਾਰਡ ਜਵਾਨ ਗੁਰਅਵਤਾਰ ਸਿੰਘ ਨੂੰ ਸੌਂਪੀ, ਤਾਂ ਨੇੜੇ ਹੀ ਤਾਇਨਾਤ ਵਿਜੀਲੈਂਸ ਟੀਮ ਨੇ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਦੋਹਾਂ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਵੱਲੋਂ ਦੋਹਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਕਾਤਰਾਂ

### ਨਸ਼ਾ ਤਸਕਰ ਨੂੰ ਨਸ਼ਾ ਸਪਲਾਈ ਕਰਨ ਵਾਲੀ ਔਰਤ ਕਾਬੂ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਡਾ: ਰਵਜੋਤ ਕੌਰ ਗਰੇਵਾਲ ਐਸ ਐਸ ਪੀ ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਰਸਿਮਰਨ ਸਿੰਘ ਡੀ ਐਸ ਪੀ ਸੁਨਾਮ ਦੀ ਨਿਗਰਾਨੀ ਹੇਠ ਪ੍ਰਦੀਪ ਸਿੰਘ ਥਾਣਾ ਸਿਟੀ ਸੁਨਾਮ ਨੇ ਇੱਕ ਔਰਤ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਕਰਵਾਈ ਹੈ।ਪਰਮਜੀਤ ਸਿੰਘ ਨੇ ਸਮੇਤ ਸਾਥੀ ਕਰਮਚਾਰੀਆਂ ਇਤਲਾਹ ਮਿਲਣ 'ਤੇ ਵਿਜੇ ਕੁਮਾਰ ਪੁੱਤਰ ਕਾਲਾ ਸਿੰਘ ਵਾਸੀ ਬਾਹਰਲਾ ਵਿਹੜਾ ਇੰਦਰਾ ਬਸਤੀ ਸੁਨਾਮ, ਰਾਜੂ ਪੁੱਤਰ ਜਗਿੰਦਰ ਸਿੰਘ ਵਾਸੀ ਗੀਤਾ ਭਵਨ ਰੋਡ ਸੁਨਾਮ ਹਾਲ ਟਿੱਬੀ ਰਵੀਦਾਸਪੁਰਾ ਸੁਨਾਮ ਦੇ ਖ਼ਿਲਾਫ਼ ਮੁਕੱਦਮਾ ਥਾਣਾ ਸਿਟੀ ਸੁਨਾਮ ਦਰਜ ਰਜਿਸਟਰ ਕਰਵਾਇਆ।ਦੋਸ਼ੀਆਨ ਪਾਸੋਂ 10 ਗ੍ਰਾਮ ਹੈਰੋਇਨ ਬਰਾਮਦ ਕਰਵਾਈ ਗਈ।ਜਿਹਨਾਂ ਨੇ ਇਹ ਹੈਰੋਇਨ ਕਿਰਨਾ ਪਤਨੀ ਪਾਲਾ ਸਿੰਘ ਵਾਸੀ ਭੀਖੀ ਜ਼ਿਲ੍ਹਾ ਮਾਨਸਾ ਸਪਲਾਈ ਕਰਦੀ ਸੀ।ਮੁਕੱਦਮਾ ਉਕਤ ਵਿੱਚ 27 ਸਤੰਬਰ ਨੂੰ ਕਿਰਨਾ ਪਤਨੀ ਪਾਲਾ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਕਰਵਾਈ ਗਈ।

### ਚੋਰਾਂ ਵੱਲੋਂ ਟੂਟੀਆਂ ਤੇ ਸੀ ਸੀ ਟੀ ਵੀ ਕੈਮਰੇ ਦੇ ਡੀ ਵੀ ਆਰ ਚੋਰੀ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਸੁਨਾਮ ਵਿੱਚ ਲਗਾਤਾਰ ਚੋਰੀਆਂ ਨੂੰ ਲੈ ਕੇ ਲੋਕਾਂ ਦੇ ਮਨ ਵਿੱਚ ਡਰ ਬਣਿਆ ਹੋਇਆ ਹੈ।ਐਤਵਾਰ ਇੰਦਰਾ ਬਸਤੀ ਦੇ ਜੈਨ ਭਵਨ ਦੇ ਨੇੜੇ ਗੌਰਵ ਗੋਇਲ ਦੇ ਘਰ ਵਿੱਚ ਚੋਰਾਂ ਵੱਲੋਂ ਘਰ ਦੀਆਂ ਟੂਟੀਆਂ ਅਤੇ ਸੀ ਸੀ ਟੀ ਵੀ ਕੈਮਰੇ ਦੇ ਡੀ ਵੀ ਆਰ ਨੂੰ ਚੋਰੀ ਕਰ ਲੈ ਜਾਣ ਨਾਲ ਮੁਹੱਲੇ 'ਚ ਡਰ ਦਾ ਮਾਹੌਲ ਹੈ। ਇਸ ਸਬੰਧੀ ਗੌਰਵ ਗੋਇਲ ਨੇ ਦੱਸਿਆ ਕਿ ਉਹ ਸਾਹਮਣੇ ਵਾਲੇ ਘਰ 'ਚ ਰਹਿੰਦੇ ਹਨ ਅਤੇ ਇਧਰਲੇ ਘਰ ਵਿੱਚ ਕੋਈ ਨਹੀਂ ਰਹਿੰਦ। ਜਦੋਂ ਅਸੀਂ ਅੱਜ ਇਧਰਲੇ ਘਰ ਦਾ ਦਰਵਾਜ਼ਾ ਖੋਲ੍ਹਿਆ ਤਾਂ ਸਾਹਮਣੇ ਪਾਣੀ ਆ ਰਿਹਾ ਸੀ ਤਾਂ ਅਸੀਂ ਦੇਖਿਆ ਕਿ ਟੂਟੀਆਂ ਗਾਇਬ ਸਨ ਅਤੇ ਕਮਰੇ ਵਿੱਚ ਲੱਗਿਆ ਸੀ ਸੀ ਟੀ ਵੀ ਕੈਮਰੇ ਦਾ ਡੀ ਵੀ ਆਰ ਗਾਇਬ ਸੀ ਅਤੇ ਬਾਹਰ ਕੈਮਰੇ ਦੀਆਂ ਤਾਰਾਂ ਵੀ ਤੋੜੀਆਂ ਹੋਈਆਂ ਸਨ। ਉਸ ਦੱਸਿਆ ਕਿ ਬਾਹਰਲੀ ਕੰਧ 'ਤੇ ਪੈਰਾਂ ਦੇ ਕੇ ਚੜ੍ਹਨ ਦੇ ਨਿਸ਼ਾਨ ਹਨ। ਲੱਗਦਾ ਹੈ ਕਿ ਉਹ ਇੱਥੋਂ ਚੜ੍ਹੇ ਸੀ ਅਤੇ ਬਾਹਰ ਦੋ ਇੰਜੈਕਸ਼ਨ ਵੀ ਮਿਲੇ ਹਨ।ਇਸ ਮੌਕੇ ਮੁਹੱਲਾ ਨਿਵਾਸੀਆਂ ਨੇ ਕਿਹਾ ਕਿ ਪ੍ਰਸ਼ਾਸਨ ਇਸ ਵੱਲ ਧਿਆਨ ਦੇਵੇ।

### ਸਿਰਸਾ ਜ਼ਿਲ੍ਹੇ ਨੂੰ ਸੋਕਾਗ੍ਰਸਤ ਐਲਾਨਣ ਤੋਂ ਮੁੱਖ ਮੰਤਰੀ ਦਾ ਕੋਰਾ ਜਵਾਬ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਕਿਸਾਨ ਪੰਚਾਇਤ ਦੇ ਆਗੂ ਕਾ: ਸਵਰਨ ਸਿੰਘ ਵਿਰਕ, ਬਲਰਾਜ ਸਿੰਘ ਬਣੀ ਤੇ ਇਕਬਾਲ ਨੇਜ਼ਾਡੇਲਾ ਨੇ ਕਿਹਾ ਕਿ ਸਿਰਸਾ ਜ਼ਿਲ੍ਹੇ ਦੇ ਕਿਸਾਨ ਸੋਕੇ ਤੇ ਖਾਦ ਦੀ ਘਾਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੂਰੇ ਮਾਨਸੂਨ ਸੀਜ਼ਨ ਦੌਰਾਨ ਬਹੁਤ ਘੱਟ ਬਾਰਿਸ਼ ਹੋਈ ਤੇ ਜ਼ਿਲ੍ਹੇ ਦੇ ਕੁਝ ਹਿੱਸਿਆਂ ਵਿੱਚ ਬਿਲਕੁਲ ਵੀ ਬਾਰਿਸ਼ ਨਹੀਂ ਹੋਈ। ਇਸ ਵਾਰ ਘੱਗਰ ਦਰਿਆ ਵਿੱਚ ਪਾਣੀ ਹੇਠਾਂ ਹੀ ਵਗ ਰਿਹਾ ਹੈ। ਘੱਗਰ ਵਿੱਚ ਮੁਸ਼ਕਲ ਨਾਲ 500-600 ਕਿਊਸਿਕ ਪਾਣੀ ਹੀ ਵਗ ਰਿਹਾ ਹੈ। ਘੱਗਰ ਦਰਿਆ ਦੇ ਨਾਲ ਲੱਗਦੇ 25 ਤੋਂ 30 ਪਿੰਡਾਂ ਦੇ ਕਿਸਾਨ ਘੱਗਰ ਦਰਿਆ ਦੇ ਪਾਣੀ ਨਾਲ ਆਪਣੀਆਂ ਫਸਲਾਂ ਦੀ ਕਾਸ਼ਤ ਕਰਦੇ ਸਨ, ਪਰ ਪਾਣੀ ਦੀ ਘਾਟ ਨੇ ਉਨ੍ਹਾਂ ਦੀਆਂ ਫਸਲਾਂ ਬਰਬਾਦ ਕਰ ਦਿੱਤੀਆਂ ਹਨ। ਜ਼ਿਲ੍ਹੇ ਵਿੱਚ ਸੋਕੇ ਨੇ ਕਪਾਹ, ਗੁਆਰ, ਮੂੰਗੀ ਤੇ ਝੋਨੇ ਦੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ। ਇਸ ਲਈ ਕਿਸਾਨ ਮੰਗ ਕਰ ਰਹੇ ਹਨ ਕਿ ਜ਼ਿਲ੍ਹੇ ਨੂੰ ਸੋਕਾ ਪ੍ਰਭਾਵਿਤ ਐਲਾਨਿਆ ਜਾਵੇ। ਮੁੱਖ ਮੰਤਰੀ ਦੇ ਇਸ ਉੱਤਰ ਨੇ ਕਿਸਾਨਾਂ ਨੂੰ ਹੋਰ ਨਿਰਾਸ਼ ਕੀਤਾ ਹੈ।

# ਪਾਵਰਕਾਮ ਵੱਲੋਂ ਬਿਜਲੀ ਬਿਲਿੰਗ 'ਚ ਹੇਰਾਫੇਰੀ ਤੇ ਰਿਸ਼ਵਤਖ਼ੋਰੀ ਵਿਰੁੱਧ ਐਕਸ਼ਨ

- ਸੁਪਰਵਾਈਜ਼ਰ ਸਮੇਤ 8 ਮੀਟਰ ਰੀਡਰ ਨੌਕਰੀਓਂ ਬਰਖ਼ਾਸਤ
- ਬਿਜਲੀ ਮੀਟਰਾਂ ਦੀ ਸੈਟਿੰਗ ਤੇ ਗਲਤ ਬਿਲਿੰਗ ਦਾ ਮਾਮਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ.) ਵੱਲੋਂ ਘਰੇਲੂ ਤੇ ਵਪਾਰਕ ਕੁਨੈਕਸ਼ਨਾਂ ਦੀ ਬਿਲਿੰਗ ਵਿੱਚ ਹੇਰਾਫੇਰੀ ਕਰਨ ਤੇ ਰਿਸ਼ਵਤਖ਼ੋਰੀ ਕਰਨ ਵਾਲਿਆਂ ਵਿਰੁੱਧ ਜ਼ੀਰੋ ਟੋਲਰੈਂਸ ਨੀਤੀ ਤਹਿਤ ਸ਼ਿਕੰਜਾ ਕੱਸਦਿਆਂ ਸਖ਼ਤ ਕਾਰਵਾਈ ਕੀਤੀ ਗਈ ਹੈ।ਵਿਭਾਗੀ ਜਾਂਚ ਦੌਰਾਨ ਬਿਜਲੀ ਮੀਟਰਾਂ ਦੀ ਸੈਟਿੰਗ ਕਰਨ ਤੇ ਗੜਬੜੀ ਕਰਨ ਦੇ ਦੋਸ਼ਾਂ 'ਚ ਇਕ ਸੁਪਰਵਾਈਜ਼ਰ ਤੇ 8 ਮੀਟਰ ਰੀਡਰਾਂ ਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਵਿਭਾਗ ਵੱਲੋਂ ਕੀਤੀ ਗਈ ਬਾਰੀਕੀ ਨਾਲ ਜਾਂਚ ਦੌਰਾਨ ਕੁੱਲ 19 ਅਜਿਹੇ ਕੇਸ ਸਾਹਮਣੇ ਆਏ ਸਨ, ਜਿਨ੍ਹਾਂ ਵਿੱਚ ਬਿਜਲੀ ਮੀਟਰਾਂ ਦੀ ਸੈਟਿੰਗ ਕਰਕੇ ਖਪਤਕਾਰਾਂ ਨੂੰ ਗਲਤ ਬਿੱਲ ਭੇਜੇ ਜਾ ਰਹੇ ਸਨ ਅਤੇ ਵਿਭਾਗ ਨੂੰ ਵਿੱਤੀ ਚੂਨਾ ਲਗਾਇਆ ਜਾ ਰਿਹਾ ਸੀ। ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਵਿਭਾਗ ਨੇ ਤੁਰੰਤ ਕਾਰਵਾਈ ਕਰਦੇ ਹੋਏ 4 ਮੀਟਰ ਰੀਡਰਾਂ ਤੋਂ ਇਲਾਵਾ 1 ਸੁਪਰਵਾਈਜ਼ਰ ਤੇ 4 ਹੋਰ ਮੀਟਰ ਰੀਡਰਾਂ ਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਹੈ। ਇਸ ਤੋਂ ਪਹਿਲਾਂ ਵੀ ਵਿਭਾਗ ਵੱਲੋਂ ਮੀਟਰ ਰੀਡਿੰਗ ਵਿੱਚ ਹੇਰਾਫੇਰੀ ਕਰਨ ਦੇ ਦੋਸ਼ 'ਚ 7 ਮੀਟਰ ਰੀਡਰਾਂ ਨੂੰ ਨੌਕਰੀ ਤੋਂ ਕੱਢਿਆ ਜਾ ਚੁੱਕਾ ਹੈ।ਜਾਣਕਾਰੀ ਮੁਤਾਬਿਕ ਬਰਖ਼ਾਸਤ ਕੀਤੇ ਗਏ ਕਰਮਚਾਰੀਆਂ ਵਿੱਚ ਸੁਪਰਵਾਈਜ਼ਰ ਸਰਵਜੀਤ ਤੇ ਮੀਟਰ ਰੀਡਰ (ਮੀਟਰ ਸੈਟਿੰਗ ਕਰਨ ਵਾਲੇ) ਵਿਪਨ ਕੁਮਾਰ, ਕੁਲਵੰਤ ਸਿੰਘ, ਗਗਨਦੀਪ ਸਿੰਘ ਤੇ ਮਲਕੀਤ ਸਿੰਘ ਸ਼ਾਮਲ ਹਨ। ਇਸ ਤੋਂ ਇਲਾਵਾ ਚੈਕਿੰਗ ਦੌਰਾਨ ਬਰਖ਼ਾਸਤ ਕੀਤੇ ਗਏ ਹੋਰ ਮੀਟਰ ਰੀਡਰਾਂ ਵਿੱਚ ਮਨਦੀਪ ਸਿੰਘ, ਸੰਦੀਪ ਸਿੰਘ, ਹਰਸ਼ਦੀਪ ਸਿੰਘ ਤੇ ਜਗਰੂਪ ਸਿੰਘ ਦੇ ਨਾਂਅ ਸ਼ਾਮਲ ਹਨ। ਪਾਵਰਕਾਮ ਦੇ ਅਧਿਕਾਰੀਆਂ ਨੇ ਦੱਸਿਆ ਕਿ ਵਿਭਾਗ ਦੀ ਇਨਫੋਰਸਮੈਂਟ ਵਿੰਗ ਵੱਲੋਂ ਖੇਤਰ ਵਿਚ ਅਚਨਚੇਤ ਚੈਕਿੰਗਾਂ ਲਗਾਤਾਰ ਜਾਰੀ ਹਨ, ਤਾਂ ਜੋ ਬਿਜਲੀ ਚੋਰੀ ਤੇ ਭ੍ਰਿਸ਼ਟਾਚਾਰ ਨੂੰ ਪੂਰੀ ਤਰ੍ਹਾਂ ਨੱਥ ਪਾਈ ਜਾ ਸਕੇ।

# 'ਦਿਲ ਕੀ ਦੌੜ' ਮੈਰਾਥਨ 'ਚ 1800 ਦੌੜਾਕਾਂ ਨੇ ਲਿਆ ਭਾਗ



**ਸਮਰਾਲਾ (ਸੁਰਜੀਤ ਸਿੰਘ)**-ਆਮ ਜਨਤਾ ਨੂੰ ਦਿਲ ਦੀਆਂ ਬਿਮਾਰੀਆਂ ਤੋਂ ਸਿਹਤ ਸਬੰਧੀ ਸਮੱਸਿਆਵਾਂ ਤੋਂ ਖ਼ਬਰਦਾਰ ਕਰਨ ਦੇ ਮਕਸਦ ਨੂੰ ਮੁੱਖ ਰੱਖਦਿਆਂ ਐਸ ਵਿਸ਼ਵ ਹਾਰਟ ਦਿਵਸ ਮੌਕੇ ਸਤਿਗੁਰੂ ਪ੍ਰਤਾਪ ਸਿੰਘ ਹਸਪਤਾਲ ਵੱਲੋਂ ਐੱਮ ਡੀ ਸਰਦਾਰ ਜੈ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 12ਵੀਂ 'ਦਿਲ ਕੀ ਦੌੜ' ਮੈਰਾਥਨ ਦਾ ਆਯੋਜਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਕਰਵਾਇਆ ਗਿਆ, ਜਿਸ ਵਿੱਚ ਦੇਸ਼ ਭਰ ਤੋਂ ਕਰੀਬ 1800 ਦੌੜਾਕਾਂ ਨੇ ਭਾਗ ਲਿਆ।ਮੁੱਖ ਮਹਿਮਾਨ ਐਮ ਡੀ ਸਰਦਾਰ ਜੈ ਸਿੰਘ ਸੰਧੂ ਨੇ ਹਰੀ ਝੰਡੀ ਦਿਖਾ ਕੇ ਮੈਰਾਥਨ ਦੌੜ ਨੂੰ ਰਵਾਨਾ ਕੀਤਾ।ਇਸ ਤੋਂ ਪਹਿਲਾਂ ਇਸ ਮੌਕੇ ਇਕੱਤਰ ਹੋਏ ਦੌੜਾਕਾਂ ਤੇ ਆਮ ਜਨਤਾ ਨੂੰ ਸੰਬੋਧਨ ਕਰਦਿਆਂ ਸ. ਜੈ ਸਿੰਘ ਸੰਧੂ ਨੇ ਕਿਹਾ ਕਿ ਦਿਲ ਦੀ ਸਿਹਤ ਤੇ ਸਰੀਰ ਨੂੰ ਸਿਹਤਮੰਦ ਰੱਖਣ ਲਈ ਰੋਜ਼ਾਨਾ ਸਵੇਰੇ ਦੀ ਸੈਰ ਕਰਨੀ ਬਹੁਤ ਲਾਜ਼ਮੀ ਹੈ। ਹਸਪਤਾਲ ਦੇ ਸੀ ਈ ਓ ਯੋਗਿੰਦਰ ਨਾਥ ਅਵਧਿਆ ਨੇ ਦੱਸਿਆ ਕਿ ਮਰਦਾਂ ਦੀ ਦੌੜ ਵਿਚ ਪਹਿਲੇ ਸਥਾਨ 'ਤੇ ਆਉਣ ਵਾਲੇ ਨੂੰ 51 ਹਜ਼ਾਰ, ਦੂਜੇ ਸਥਾਨ 'ਤੇ ਆਉਣ ਵਾਲੇ ਨੂੰ 31 ਹਜ਼ਾਰ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਦੌੜਾਕ ਨੂੰ 21 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਗਿਆ।ਇਸੇ ਤਰ੍ਹਾਂ ਮਹਿਲਾਵਾਂ ਦੇ ਵਰਗ ਵਿੱਚ ਪਹਿਲੇ ਸਥਾਨ 'ਤੇ ਆਉਣ ਵਾਲੀ ਨੂੰ 31 ਹਜ਼ਾਰ, ਦੂਜੇ ਸਥਾਨ ਨੂੰ 21 ਹਜ਼ਾਰ ਤੇ ਤੀਜੇ ਸਥਾਨ 'ਤੇ ਆਉਣ ਵਾਲੀ ਮਹਿਲਾ ਦੌੜਾਕ ਨੂੰ 11 ਹਜ਼ਾਰ ਰੁਪਏ ਦਾ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।4 ਤੋਂ 10 ਨੰਬਰ 'ਤੇ ਆਉਣ ਵਾਲੇ ਖਿਡਾਰੀਆਂ ਨੂੰ ਹੌਸਲਾ ਅਫ਼ਜ਼ਾਈ ਵਜੋਂ 2-2 ਹਜ਼ਾਰ ਰੁਪਏ ਦਿੱਤੇ ਗਏ। ਇਨਾਮਾਂ ਦੀ ਵੰਡ ਐਮ ਡੀ ਜੈ ਸਿੰਘ ਸੰਧੂ ਤੇ ਓਂਕਾਰ ਸਿੰਘ ਪਾਹਵਾ ਨੇ ਕੀਤੀ।ਇਸ ਮੌਕੇ ਦਿਲ ਦੇ ਰੋਗਾਂ ਦੇ ਮਾਹਰ ਡਾ. ਰਵਨਿੰਦਰ ਕੂਕਾ, ਡਾ. ਜੀ ਪੀ ਐੱਸ ਕਲੇਰ, ਡਾ ਮਨਪ੍ਰੀਤ ਸਲੂਜਾ ਤੇ ਡਾ. ਅਨੁਪਮ ਸ੍ਰੀਵਾਸਤਵ ਨੇ ਪਬਲਿਕ ਨੂੰ ਦਿਲ ਦੀਆਂ ਬਿਮਾਰੀਆਂ ਤੋਂ ਬਚਣ ਲਈ ਟਿਪਸ ਦਿੱਤੇ।ਇਸ ਮੌਕੇ ਯੁਵਰਾਜ ਸਿੰਘ ਸੰਧੂ, ਅਜੈ ਸ਼ਰਮਾ, ਨੰਦ ਕਿਸ਼ੋਰ ਜਿੰਦਲ, ਡਾ. ਬਿਨੀਤ ਸਚਦੇਵਾ, ਅਮਿਤ ਅਰੋੜਾ, ਸੁਧੀਰ ਠਾਕੁਰ ਤੇ ਹਸਪਤਾਲ ਦੇ ਲੋਕ ਸੰਪਰਕ ਅਧਿਕਾਰੀ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

# ਬੈਂਕ ਅੱਜ ਤੋਂ 3 ਦਿਨਾਂ ਲਈ ਬੰਦ

## ਐਤਵਾਰ ਨੂੰ ਖੁੱਲ੍ਹੇ ਰਹੇ ਬੈਂਕ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਫ਼ਤੇ ਵਿੱਚ 5 ਦਿਨ ਕੰਮ (ਫਾਈਵ ਡੇਅ ਵੀਕ) ਕਰਨ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਲੈ ਕੇ ਫਿਰੋਜ਼ਪੁਰ ਦੇ ਸਾਰੇ ਨੈਸ਼ਨਲਾਈਜ਼ਡ (ਰਾਸ਼ਟਰੀਕ੍ਰਿਤ) ਬੈਂਕਾਂ ਦਾ ਕੰਮਕਾਜ ਅੱਜ 28 ਸਤੰਬਰ ਤੋਂ ਅਗਲੇ 3 ਦਿਨਾਂ ਲਈ ਠੱਪ ਰਹਿਣ ਕਾਰਨ ਮੁਕੰਮਲ ਤੌਰ 'ਤੇ ਬੰਦ ਰਹੇਗਾ।ਇਸ ਹੜਤਾਲ ਸਬੰਧੀ ਜਾਣਕਾਰੀ ਦਿੰਦਿਆਂ ਬੈਂਕ ਕਰਮਚਾਰੀਆਂ ਨੇ ਦੱਸਿਆ ਕਿ ਹਫ਼ਤੇ 'ਚ 5 ਦਿਨ ਕੰਮ ਕਰਨ ਦੀ ਮੰਗ ਨੂੰ ਲੈ ਕੇ ਉਹ ਲਗਾਤਾਰ ਆਵਾਜ਼ ਬੁਲੰਦ ਕਰ ਰਹੇ ਹਨ। ਇੱਥੇ ਤੱਕ ਕਿ ਇਸ ਮੰਗ ਦੇ ਬਦਲੇ ਬੈਂਕ ਕਰਮਚਾਰੀਆਂ ਵੱਲੋਂ ਰੋਜ਼ਾਨਾ 40 ਮਿੰਟ ਵੱਧ ਕੰਮ ਕਰਨ ਦੀ ਤਜਵੀਜ਼ ਵੀ ਸਰਕਾਰ ਨੂੰ ਦਿੱਤੀ ਗਈ ਸੀ। ਬੈਂਕ ਕਰਮਚਾਰੀਆਂ ਦਾ ਦੋਸ਼ ਹੈ ਕਿ ਸਰਕਾਰ ਵੱਲੋਂ ਉਨ੍ਹਾਂ ਦੀ ਇਸ ਜਾਇਜ਼ ਮੰਗ ਨੂੰ ਜਲਦ ਪੂਰਾ ਕਰਨ ਦਾ ਭਰੋਸਾ ਤਾਂ ਦਿੱਤਾ ਗਿਆ ਸੀ, ਪਰ ਹੁਣ ਤੱਕ ਵੀ ਸਰਕਾਰੀ ਨੋਟੀਫਿਕੇਸ਼ਨ ਜਾਂ ਹੁਕਮ ਜਾਰੀ ਨਹੀਂ ਕੀਤਾ ਗਿਆ। ਸਰਕਾਰ ਦੀ ਇਸ ਟਾਲ-ਮਟੋਲ ਵਾਲੀ ਨੀਤੀ ਤੋਂ ਨਿਰਾਸ਼ ਹੋ ਕੇ ਕਰਮਚਾਰੀਆਂ ਨੂੰ ਹੜਤਾਲ ਦਾ ਰਾਹ ਚੁਣਨਾ ਪਿਆ ਹੈ। ਕਰਮਚਾਰੀਆਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਹੜਤਾਲ ਦੌਰਾਨ ਆਮ ਜਨਤਾ ਤੇ ਗਾਹਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਲੋਕਾਂ ਦੀ ਸਹੂਲਤ ਲਈ ਐਤਵਾਰ ਨੂੰ ਬੈਂਕ ਖੁੱਲ੍ਹੇ ਰਹੇ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪੱਧਰੀ ਖੇਡਾਂ ਦੀ ਕਰਵਾਈ ਸ਼ੁਰੂਆਤ

## ਪਹਿਲੇ ਦਿਨ 15 ਖੇਡ ਮੁਕਾਬਲਿਆਂ 'ਚ ਖਿਡਾਰੀਆਂ ਦਿਖਾਏ ਜੌਹਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 'ਖੇਡਾਂ ਵਤਨ ਪੰਜਾਬ ਦੀਆਂ-4' ਤਹਿਤ ਪਟਿਆਲਾ ਵਿਖੇ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ ਕਰਵਾਈ।ਕੁੱਲ 29 ਖੇਡਾਂ ਦੇ 27 ਤੋਂ 30 ਸਤੰਬਰ ਤੱਕ ਪਹਿਲੇ ਪੜਾਅ ਤੇ 1 ਤੋਂ 4 ਅਕਤੂਬਰ ਤੱਕ ਦੂਜੇ ਪੜਾਅ 'ਚ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਦੌਰਾਨ 14 ਸਾਲ ਤੋਂ 70 ਸਾਲ ਤੋਂ ਉੱਪਰ ਦੀ ਉਮਰ ਦੇ ਵੱਡੀ ਗਿਣਤੀ ਖਿਡਾਰੀਆਂ ਵੱਲੋਂ ਪੂਰੇ ਉਤਸ਼ਾਹ ਤੇ ਜੋਸ਼ ਨਾਲ ਹਿੱਸਾ ਲਿਆ ਜਾ ਰਿਹਾ ਹੈ ਅਤੇ ਅੱਜ 15 ਖੇਡਾਂ ਦੇ ਹੋਏ ਮੁਕਾਬਲਿਆਂ 'ਚ ਖਿਡਾਰੀਆਂ ਨੇ ਆਪਣੇ ਜੌਹਰ ਦਿਖਾਏ।ਇਸ ਮੌਕੇ ਸਿਹਤ ਮੰਤਰੀ ਦੇ ਨਾਲ ਮੇਅਰ ਨਗਰ ਨਿਗਮ ਕੁੰਦਨ ਗੋਗੀਆ, ਨੌਜਵਾਨਾਂ ਸਪੋਰਟਸ ਵੈੱਲਫੇਅਰ ਬਲਾਕ ਪਟਿਆਲਾ, ਭਗਵਾਨ ਦਾਸ ਜੁਨੇਜਾ ਤੇ ਪਰਮਿੰਦਰ ਭਲਵਾਨ ਵੀ ਮੌਜੂਦ ਰਹੇ।

ਇੱਥੇ ਪੋਲੋ ਗਰਾਊਂਡ ਵਿਖੇ ਉਦਘਾਟਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਸ਼ੁਰੂ ਕੀਤਾ 'ਖੇਡਾਂ ਵਤਨ ਪੰਜਾਬ ਦੀਆਂ' ਇੱਕ ਸਫ਼ਲ ਉਪਰਾਲਾ ਬਣ ਕੇ ਉੱਭਰਿਆ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਦੇਣ ਤੇ ਉਨ੍ਹਾਂ ਨੂੰ ਸੂਬਾ ਤੇ ਕੌਮੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਢੁਕਵੇਂ ਮੌਕੇ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦੀ ਅਹਿਮ ਤਾਕਤ ਹੈ ਤੇ ਸਰਕਾਰ ਵੱਲੋਂ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਖੇਡਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।

# ਕਾਂਗਰਸ ਸਰਕਾਰ ਬਣਨ 'ਤੇ ਸੂਬੇ ਨੂੰ ਅਪਰਾਧ ਮੁਕਤ ਬਣਾਵਾਂਗੇ : ਰਾਜ ਬਖਸ਼ ਕੰਬੋਜ



**ਜਲਾਲਾਬਾਦ (ਜੀਤ ਕੁਮਾਰ)**
ਪੰਜਾਬ ਕਾਂਗਰਸ ਵੱਲੋਂ ਜਥੇਬੰਦਕ ਢਾਂਚੇ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਚਲਾਏ ਜਾ ਰਹੇ 'ਹਰ ਬੂਥ ਕਾਂਗਰਸ ਮਜ਼ਬੂਤ' ਪ੍ਰੋਗਰਾਮ ਤਹਿਤ ਪੰਜਾਬ ਕਾਂਗਰਸ ਦੇ ਸਹਿ-ਇੰਚਾਰਜ ਰਵਿੰਦਰ ਡਲਵੀ ਨੇ ਹਲਕਾ ਜਲਾਲਾਬਾਦ ਦੇ ਵੱਖ-ਵੱਖ ਬਲਾਕਾਂ ਵਿੱਚ ਕਾਂਗਰਸੀ ਆਗੂਆਂ, ਬੂਥ ਕਮੇਟੀਆਂ, ਮੰਡਲ ਪ੍ਰਧਾਨਾਂ ਤੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ। ਮੀਟਿੰਗਾਂ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਦੀ ਜਥੇਬੰਦਕ ਤਿਆਰੀ ਤੇ ਬੂਥ ਪੱਧਰ 'ਤੇ ਸਰਗਰਮੀ ਵਧਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਤਹਿਤ ਬਲਾਕ ਕਾਂਗਰਸ ਜਲਾਲਾਬਾਦ ਸ਼ਹਿਰੀ ਦੀ ਮੀਟਿੰਗ ਬਲਾਕ ਪ੍ਰਧਾਨ ਸੁਮਿਤ ਛਾਬੜਾ ਦੀ ਅਗਵਾਈ ਹੇਠ ਚਾਂਦੀ ਰਾਮ ਧਰਮਸ਼ਾਲਾ ਵਿਖੇ ਹੋਈ, ਜਦਕਿ ਬਲਾਕ ਕਾਂਗਰਸ ਦਿਹਾਤੀ ਦੀ ਮੀਟਿੰਗ ਬਲਾਕ ਪ੍ਰਧਾਨ ਸ਼ਿੰਦਰ ਸਿੰਘ ਮਹਾਲਮ ਦੀ ਅਗਵਾਈ ਹੇਠ ਚੱਕ ਵੈਰੋ ਕੇ ਵਿਖੇ ਕਰਵਾਈ ਗਈ। ਇਸੇ ਤਰ੍ਹਾਂ ਬਲਾਕ ਕਾਂਗਰਸ ਘੁਬਾਇਆ ਦੀ ਮੀਟਿੰਗ ਬਲਾਕ ਪ੍ਰਧਾਨ ਬਲਵੀਰ ਸਿੰਘ ਸਵਨਾ ਦੀ ਅਗਵਾਈ ਹੇਠ ਢੰਡੀ ਖੁਰਦ ਵਿਖੇ ਤੇ ਬਲਾਕ ਕਾਂਗਰਸ ਮੰਡੀ ਅਰਨੀਵਾਲਾ ਦੀ ਮੀਟਿੰਗ ਬਲਾਕ ਪ੍ਰਧਾਨ ਹਰਕਮਲ ਸਿੰਘ ਇਸਲਾਮ ਵਾਲਾ ਦੀ ਅਗਵਾਈ ਹੇਠ ਟਾਹਲੀ ਵਾਲਾ ਬੋਦਲਾਂ ਵਿਖੇ ਹੋਈ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਰਵਿੰਦਰ ਡਾਲਵੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਨੇ ਜਿਸ ਬਦਲਾਅ ਦੀ ਉਮੀਦ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਅੱਜ ਉਹੀ ਜਨਤਾ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੀ ਹੈ। ਸੀਨੀਅਰ ਕਾਂਗਰਸੀ ਆਗੂ ਰਾਜ ਬਖਸ਼ ਕੰਬੋਜ ਨੇ ਕਿਹਾ ਕਿ ਕਾਂਗਰਸ ਦਾ ਅਸਲ ਆਧਾਰ ਉਸ ਦਾ ਜ਼ਮੀਨੀ ਵਰਕਰ ਹੈ। ਉਨ੍ਹਾਂ ਕਿਹਾ ਕਿ ਹਰ ਬੂਥ 'ਤੇ ਮਜ਼ਬੂਤ ਟੀਮ ਤਿਆਰ ਕਰਕੇ ਲੋਕਾਂ ਨਾਲ ਸਿੱਧਾ ਰਾਬਤਾ ਵਧਾਇਆ ਜਾਵੇਗਾ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਦੇ ਮੰਚ 'ਤੇ ਪੂਰੀ ਤਾਕਤ ਨਾਲ ਉਠਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਮੰਤਰੀ ਹੰਸ ਰਾਜ ਜੋਸਨ, ਜ਼ਿਲ੍ਹਾ ਫਾਜ਼ਿਲਕਾ ਕਾਂਗਰਸ ਕਮੇਟੀ ਦੇ ਪ੍ਰਧਾਨ ਹਰਪ੍ਰੀਤ ਸਿੰਘ ਸਿੱਧੂ, ਰੂਬੀ ਗਿੱਲ, ਡਾ. ਜਯੋਤੀ ਵਾਰਵਲ, ਅਸ਼ੀਸ਼ ਡੂਮੜਾ ਤੇ ਪ੍ਰਤੀਕ ਸੰਧੂ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

# ਮਾਲਵਾ ਕਲੱਬ ਨੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਮਾਲਵਾ ਵੈੱਲਫੇਅਰ ਕਲੱਬ ਤਲਵੰਡੀ ਸਾਬੋ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਗੋਦਾਰਾ ਨੇ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਨਰਿੰਦਰਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਕੀਤਾ ਗਿਆ ਅਤੇ ਵਿਸ਼ੇਸ਼ ਮਹਿਮਾਨ ਬਾਬਾ ਅਜੀਤ ਸਿੰਘ ਕੀਰਤਨਪੁਰ ਸਾਹਿਬ ਵੱਲੋਂ ਖ਼ੂਨਦਾਨੀਆਂ ਨੂੰ ਆਸ਼ੀਰਵਾਦ ਦਿੱਤਾ ਗਿਆ।ਕਲੱਬ ਸਰਪ੍ਰਸਤ ਅਮ੍ਰਿਤਪਾਲ ਸਿੰਘ ਬਰਾੜ ਅਤੇ ਚੇਅਰਮੈਨ ਚੰਦਰ ਸ਼ੇਖਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਏਮਜ਼ ਹਸਪਤਾਲ ਦੀ ਟੀਮ ਵੱਲੋਂ 52 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾ ਨੂੰ ਸਰਟੀਫਿਕੇਟ ਅਤੇ ਮੋਮੈਂਟੋ ਨਾਲ ਸਨਮਾਨਤ ਕੀਤਾ ਗਿਆ।ਕਲੱਬ ਸਕੱਤਰ ਜਗਨਦੀਪ ਸਿੰਘ ਅਤੇ ਖਜ਼ਾਨਚੀ ਮਨਦੀਪ ਸਿੰਘ ਵੱਲੋਂ ਸਾਰੇ ਹੀ ਖ਼ੂਨਦਾਨੀਆਂ ਅਤੇ ਪਹੁੰਚੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਗੁਰਸੇਵਕ ਸਿੰਘ ਕਿੰਗਰਾ, ਡਾ. ਰਾਜਵੀਰ ਸਿੰਘ ਢਿੱਲੋਂ, ਗੁਰਮੇਲ ਸਿੰਘ, ਮਾਸਟਰ ਰਾਜੀਵ ਕੁਮਾਰ, ਮਾਸਟਰ ਸੁਖਜੀਤ ਸਿੰਘ, ਬਲਜੀਤ ਸਿੰਘ ਰਚਨਾ ਸਟੂਡੀਓ, ਝਲਵਿੰਦਰ ਸਿੰਘ ਅਤੇ ਕਲੱਬ ਮੈਂਬਰ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ, ਵਿਕਾਸ ਸਿੰਗਲਾ, ਅਮਨਦੀਪ ਸਿੰਘ, ਹਰਬੰਸ ਸਿੰਘ ਮਾਨ, ਚਿਮਨ ਲਾਲ, ਸ਼ੁਭਦੀਪ ਸਿੰਘ, ਅਰਸ਼ਦੀਪ ਸਿੰਘ ਗਿੱਲ, ਰਜਤ ਕੁਮਾਰ, ਪ੍ਰੀਤ ਅਕਾਲ ਫਲੈਕਸ, ਸੁਖਵਿੰਦਰ ਸਿੰਘ, ਚੌਧਰੀ ਵਿਜੈ ਪਾਲ ਸਿੰਘ, ਗਗਨਦੀਪ ਸਿੰਘ ਮਾਰਕੀਟ ਕਮੇਟੀ, ਪੁਰਅਮਨ ਗਰਗ ਪੀਰੂ, ਓਮ ਪ੍ਰਕਾਸ਼ ਆਦਿ ਹਾਜ਼ਰ ਸਨ।

# ਭਾਜਪਾ ਵੱਲੋਂ ਹਲਕਾ ਸ਼ੁਤਰਾਣਾ 'ਚ ਨਸ਼ਿਆਂ ਵਿਰੁੱਧ ਯਾਤਰਾ ਤਹਿਤ ਰੈਲੀਆਂ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**
ਭਾਰਤੀ ਜਨਤਾ ਪਾਰਟੀ ਵੱਲੋਂ ਸੂਬੇ ਵਿੱਚ ਦਿਨੋਂ ਦਿਨ ਵੱਧ ਰਹੇ ਨਸ਼ਿਆਂ ਵਿਰੋਧੀ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਕੱਢੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਰਾਹੀਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਪੁੱਜੀ।ਰੈਲੀ ਵਿੱਚ ਸ਼ਾਮਲ ਆਗੂਆਂ ਦਾ ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ ਵਿੱਚ ਪਿੰਡ ਗੋਬਿੰਦਪੁਰਾ ਪੈਂਦ ਟੋਲ ਪਲਾਜਾ ਉੱਤੇ ਭਰਵਾਂ ਸਵਾਗਤ ਕੀਤਾ ਗਿਆ।

ਉਪਰੰਤ ਅਨਾਜ ਮੰਡੀ ਸ਼ੁਤਰਾਣਾ ਵਿਖੇ ਕੀਤੀ ਗਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਬ੍ਰਿਜੇਸ਼ ਪਾਠਕ, ਭਾਜਪਾ ਦੇ ਕੌਮੀ ਜਨਰਲ ਸਕੱਤਰ ਅਨਿਲ ਸਰੀਨ ਤੇ ਸਾਬਕਾ ਕੇਂਦਰੀ ਵਿਦੇਸ਼ ਰਾਜ ਮੰਤਰੀ ਸ਼੍ਰੀਮਤੀ ਪ੍ਰਨੀਤ ਕੌਰ ਨੇ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਉੱਤੇ ਨਿਸ਼ਾਨੇ ਸਾਧੇ। ਇਕੱਠ ਨੂੰ ਸੰਬੋਧਨ ਕਰਦਿਆਂ ਉਪ ਮੁੱਖ ਮੰਤਰੀ ਬ੍ਰਿਜੇਸ਼ ਪਾਠਕ ਨੇ ਕਿਹਾ ਕਿ ਅਨਾਜ ਸਮੇਤ ਹੋਰ ਬਹੁਤ ਸਾਰੇ ਖੇਤਰਾਂ ਵਿੱਚ ਪੰਜਾਬ ਦੇਸ਼ ਦਾ ਮੋਹਰੀ ਰਾਜ ਸੀ, ਪਰ ਬਦਕਿਸਮਤੀ ਦੀ ਗੱਲ ਹੈ ਕਿ ਅੱਜ ਪੰਜਾਬ ਹਰ ਪਾਸੇ ਪਿੱਛੇ ਜਾ ਰਿਹਾ ਹੈ।ਰਾਜ ਦੀ ਜਨਤਾ ਆਪਣੇ ਬਿਹਤਰ ਭਵਿੱਖ ਲਈ ਸਰਕਾਰਾਂ ਬਦਲਦੀ ਰਹੀ ਹੈ, ਪਰ ਪਿਛਲੀਆਂ ਸਰਕਾਰਾਂ ਨਾਕਾਮ ਸਾਬਿਤ ਹੋਈਆਂ ਹਨ।ਪਿਛਲੀਆਂ ਵਿਧਾਨ ਸਭਾ ਚੋਣਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨੂੰ ਵੱਡੇ ਵੱਡੇ ਸੁਪਨੇ ਦਿਖਾਏ, ਜਿਸ ਕਰਕੇ ਲੋਕ ਇਨ੍ਹਾਂ ਦੇ ਝਾਸੇ ਵਿੱਚ ਆ ਗਏ, ਪਰ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਬੇਹੱਦ ਝੂਠੇ ਸਾਬਿਤ ਹੋਏ ਹਨ, ਕਿਉਂਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਉਨ੍ਹਾਂ ਸੂਬੇ ਵਿੱਚ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦਾ ਸੰਕਲਪ ਲਿਆ ਸੀ, ਪਰ ਵੱਖ-ਵੱਖ ਸਮਿਆਂ ਉੱਤੇ ਛੇ ਵਾਰ ਨਸ਼ਿਆਂ ਦੇ ਖਾਤਮੇ ਦੀਆਂ ਤਰੀਕਾਂ ਤੈਅ ਕਰਨ ਦੇ ਬਾਵਜੂਦ ਸਰਕਾਰ ਨਾਕਾਮ ਸਾਬਿਤ ਹੋਈ ਹੈ।

ਸਾਬਕਾ ਕੇਂਦਰੀ ਵਿਦੇਸ਼ ਰਾਜ ਮੰਤਰੀ ਸ਼੍ਰੀਮਤੀ ਪ੍ਰਨੀਤ ਕੌਰ ਨੇ ਕਿਹਾ ਕਿ ਨਸ਼ਿਆਂ ਕਰਕੇ ਹੋਣ ਵਾਲੀਆਂ ਮੌਤਾਂ ਨਾਲ ਘਰਾਂ ਵਿੱਚ ਸੱਥਰ ਵਿਛ ਰਹੇ ਹਨ, ਪਰ ਸਰਕਾਰ ਕੁੰਭ ਕਰਨੀ ਨੀਂਦ ਸੁੱਤੀ ਹੋਈ ਹੈ।ਇਸ ਉਪਰੰਤ ਪਾਤੜਾਂ ਦੇ ਪੁਰਾਣੇ ਬੱਸ ਸਟੈਂਡ ਤੇ ਪਿੰਡ ਕਕਰਾਲਾ ਭਾਈਕੇ ਵਿਖੇ ਵੀ ਨੁੱਕੜ ਰੈਲੀਆਂ ਕਰਕੇ ਪਾਰਟੀ ਆਗੂਆਂ ਨੇ ਨਸ਼ਿਆਂ ਵਿਰੁੱਧ ਸੁਨੇਹਾ ਦਿੱਤਾ।

# ਗੁਰਸਿਮਰਨ ਕੌਰ ਦੇ ਪਰਵਾਰ ਨੇ ਹਰਸਿਮਰਤ ਨਾਲ ਕੀਤੀ ਮੁਲਾਕਾਤ



**ਨਾਭਾ (ਅਮਨ ਗਰਗ)**-ਨਾਭਾ ਦੇ ਪਿੰਡ ਬੋੜਾ ਕਲਾਂ ਦੀ ਰਹਿਣ ਵਾਲੀ ਚਾਰ ਸਾਲ ਦੀ ਮਾਸੂਮ ਗੁਰਸਿਮਰਤ ਕੌਰ ਦੇ ਦੋਸ਼ੀ ਲੁਟੇਰੇ ਹਾਲੇ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ।8 ਦਿਨ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਥਾਣਾ ਸਦਰ ਪੁਲਸ ਇਸ ਮਾਮਲੇ 'ਚ ਕਿਸੇ ਵੀ ਦੋਸ਼ੀ ਦੀ ਪਹਿਚਾਣ ਅਤੇ ਉਸ ਨੂੰ ਗ੍ਰਿਫਤਾਰ ਨਹੀਂ ਕਰ ਸਕੀ, ਦੂਜੇ ਪਾਸੇ ਗੁਰਸਿਮਰਨ ਕੌਰ ਹਾਲਤ ਪੀ ਜੀ ਆਈ ਚੰਡੀਗੜ੍ਹ ਵਿਖੇ ਹਾਲੇ ਵੀ ਕਾਫੀ ਗੰਭੀਰ ਬਣੀ ਹੋਈ ਹੈ ਜਿਸ ਦੀ ਸਾਹ ਦੀ ਨਾਲੀ ਕਟਣ ਕਰਕੇ ਪੀ ਜੀ ਆਈ ਦੇ ਡਾਕਟਰਾਂ ਵੱਲੋਂ ਆਰਜ਼ੀ ਤੌਰ 'ਤੇ ਆਕਸੀਜਨ ਪਾਈਪ ਨਾਲ ਹੀ ਸਪਲਾਈ ਦਿੱਤੀ ਜਾ ਰਹੀ ਹੈ। ਜਿਸ ਵਿੱਚ ਵੀ ਦਿੱਕਤ ਆਉਣ ਕਰਕੇ ਇੱਕ ਵਾਰ ਫੇਰ ਡਾਕਟਰਾਂ ਨੇ ਬਨਾਵਟੀ ਸਾਹ ਦੀ ਨਾਲੀ ਲਗਾਉਣ ਲਈ ਆਪਰੇਸ਼ਨ ਲਈ ਕਿਹਾ ਹੈ। ਬੱਚੀ ਨੂੰ ਡਾਕਟਰਾਂ ਵੱਲੋਂ ਲਗਾਤਾਰ ਬੇਹੋਸ਼ੀ ਦੀ ਹਾਲਤ ਵਿੱਚ ਰੱਖਿਆ ਜਾ ਰਿਹਾ ਹੈ ਕਿਉਂਕਿ ਬੱਚੀ ਹੋਣ ਕਰਕੇ ਉਹ ਆਪਣਾ ਪਾਈਪ ਹਿਲਾ ਲੈਂਦੀ ਹੈ। ਇਸ ਮਾਮਲੇ 'ਚ ਪੀੜਿਤ ਪਰਵਾਰ ਜਿਸ ਵਿੱਚ ਬੱਚੀ ਦੀ ਮਾਂ ਵੀਰਪਾਲ ਕੌਰ ਅਤੇ ਦਾਦਾ ਹਾਕਮ ਸਿੰਘ ਸ਼ਨੀਵਾਰ ਨੂੰ ਲੋਕ ਸਭਾ ਮੈਂਬਰ ਅਤੇ ਅਕਾਲੀ ਦਲ ਦੇ ਸੀਨੀਅਰ ਲੀਡਰ ਹਰਸਿਮਰਤ ਕੌਰ ਬਾਦਲ ਦੇ ਨਾਲ ਮੁਲਾਕਾਤ ਕਰਨ ਲਈ ਵਿਸ਼ਕਰਮਾ ਭਵਨ ਪਹੁੰਚੇ ਸਨ ਜਿੱਥੇ ਹਰਸਿਮਰਤ ਕੌਰ ਬਾਦਲ ਨੇ ਪਰਵਾਰ ਨੂੰ ਡਾਕਟਰੀ ਅਤੇ ਹੋਰ ਸਾਰੀ ਸਹਾਇਤਾ ਦੀ ਪੇਸ਼ਕਸ਼ ਕੀਤੀ, ਉੱਥੇ ਦੋਸ਼ੀਆਂ ਵਿਰੁੱਧ ਜਲਦ ਕਾਰਵਾਈ ਕਰਨ ਲਈ ਪੁਲਸ ਅਧਿਕਾਰੀਆਂ ਦੀ ਤਾੜਨਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨਸ਼ਾ ਰੋਕਣ ਵਿੱਚ ਕਾਮਯਾਬ ਨਹੀਂ ਹੋ ਸਕੀ ਅਤੇ ਪੁਲਸ ਦੋਸ਼ੀਆਂ ਨੂੰ ਫੜਨ ਵਿੱਚ ਕਾਮਯਾਬ ਨਹੀਂ ਹੋਈ।ਪੀੜਤ ਬੱਚੀ ਦੇ ਪਿਤਾ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਭਾਵੇਂ ਕਿ ਪੁਲਸ ਵੱਲੋਂ ਕਈ ਮੁਜਰਮਾਂ ਦੀ ਫੋਟੋਆਂ ਭੇਜ ਕੇ ਮੁਜਰਮਾਂ ਦੀ ਪਹਿਚਾਣ ਕਰਵਾਈ ਜਾ ਰਹੀ ਹੈ ਪਰ ਹਾਲੇ ਵੀ ਦੋਸ਼ੀਆਂ ਦੀ ਪਹਿਚਾਣ ਨਹੀਂ ਹੋ ਸਕੀ।ਉਨ੍ਹਾਂ ਕਿਹਾ ਕਿ ਹਮਲੇ ਤੋਂ ਦੋ ਦਿਨ ਬਾਅਦ ਇੱਕ ਸਿਲਵਰ ਕਲਰ ਦਾ ਸਪਲੈਂਡਰ ਮੋਟਰਸਾਈਕਲ ਜਿਸ ਤੇ ਦੋ ਅਣਪਛਾਤੇ ਨੌਜਵਾਨ ਸਵਾਰ ਸਨ ਉਨ੍ਹਾਂ ਦੇ ਦੁਬਾਰਾ ਘਰ ਪਹੁੰਚੇ ਸਨ। ਜਿਸ ਤੋਂ ਬਾਅਦ ਪੁਲਸ ਪਾਰਟੀ ਉਨ੍ਹਾਂ ਦੇ ਘਰ ਪਹੁੰਚੀ ਪਰ ਹਾਲੇ ਤੱਕ ਕਿਸੇ ਵੀ ਦੋਸ਼ੀ ਦੀ ਪਹਿਚਾਣ ਅਤੇ ਗ੍ਰਿਫਤਾਰੀ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਇਸ ਵਾਰਦਾਤ 'ਚ ਇੱਕ ਕਾਲੇ ਰੰਗ ਦਾ ਸਪਲੈਂਡਰ ਅਤੇ ਇੱਕ ਸਿਲਵਰ ਰੰਗ ਦਾ ਸਪਲੈਂਡਰ ਜਿਸ 'ਤੇ ਤਿੰਨ ਨਕਾਬਪੋਸ਼ ਲੁਟੇਰੇ ਪਹਿਲਾਂ ਲੁੱਟਣ ਆਏ ਸਨ ਤੇ ਬਾਅਦ ਵਿੱਚ ਉਨ੍ਹਾਂ 'ਤੇ ਹਮਲਾ ਕੀਤਾ ਸੀ।ਜਿਸ ਵਿੱਚ ਉਨ੍ਹਾਂ ਦੀ ਬੱਚੀ ਗੁਰਸਿਮਰਨ ਕੌਰ ਇਸ ਸਮੇਂ ਵੀ ਗੰਭੀਰ ਹਾਲਤ ਵਿੱਚ ਪੀ ਜੀ ਆਈ ਚੰਡੀਗੜ੍ਹ ਵਿਖੇ ਜ਼ੇਰੇ ਇਲਾਜ ਹੈ। ਉਨ੍ਹਾਂ ਪੰਜਾਬ ਪੁਲਸ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇ।ਇਸ ਮਾਮਲੇ 'ਤੇ ਜਦੋਂ ਥਾਣਾ ਸਦਰ ਦੇ ਇੰਚਾਰਜ ਜਸਪ੍ਰੀਤ ਸਿੰਘ ਕਾਹਲੋਂ ਦੇ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਲਸ ਇਸ ਮਾਮਲੇ ਦੀ ਬਹੁਤ ਗੰਭੀਰਤਾ ਦੇ ਨਾਲ ਜਾਂਚ ਕਰ ਰਹੀ ਹੈ।

# 'ਆਪ' ਸਰਕਾਰ ਤੋਂ ਜਲਦ ਛੁਟਕਾਰਾ ਪਾਉਣਾ ਚਾਹੁੰਦੇ ਨੇ ਲੋਕ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਆਪ ਸਰਕਾਰ ਸੂਬੇ ਦੇ ਵਿਕਾਸ ਕਾਰਜਾਂ ਨੂੰ ਪਿੰਡ ਨਾਗਰਾ ਵਿਖੇ ਘੁਮਾਣ ਸਪੋਰਟਸ ਕਲੱਬ ਵੱਲੋਂ ਕਰਵਾਏ ਗਏ ਦੂਜੇ ਕਬੱਡੀ ਟੂਰਨਾਮੈਂਟ ਵਿੱਚ ਹਾਜ਼ਰੀ ਭਰ ਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਤੇ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਦੇ ਹੋਏ ਉਨ੍ਹਾਂ ਪ੍ਰੇਰਤ ਕੀਤਾ। ਇਸ ਮੌਕੇ ਰਾਜਿੰਦਰ ਸਿੰਘ ਨੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ ਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

ਚੋਰੀ ਦੇ ਮਾਮਲੇ 'ਚ ਕੇਂਦਰ ਸਰਕਾਰ ਦੀ ਨੁਕਤਾ-ਚੀਨੀ ਕਰਦੇ ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਤੇ ਵਿਵੇਕ ਜੋਸ਼ੀ ਵੱਲੋਂ ਵੱਖ-ਵੱਖ ਚੋਣੀ ਮਾਮਲਿਆਂ 'ਤੇ 14 ਲਿਖਤੀ ਇਤਰਾਜ਼ ਦਰਜ ਕੀਤੇ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ।ਕਾਂਗਰਸ ਦੀ ਮੰਗ ਹੈ ਕਿ ਇਨ੍ਹਾਂ ਇਤਰਾਜ਼ਾਂ ਨਾਲ ਸਬੰਧਤ ਸਾਰੇ ਤੱਥ ਤੇ ਰਿਕਾਰਡ ਜਨਤਕ ਕੀਤੇ ਜਾਣ।ਉਨ੍ਹਾਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਭੂਮਿਕਾ ਬਾਰੇ ਉੱਠ ਰਹੇ ਸਵਾਲਾਂ ਦਾ ਵੀ ਸਪੱਸ਼ਟ ਜਵਾਬ ਮਿਲਣਾ ਚਾਹੀਦਾ ਹੈ।ਰਾਜਿੰਦਰ ਸਿੰਘ ਨੇ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਲੰਮੇ ਸਮੇਂ ਤੋਂ ਚੋਣ ਪ੍ਰਕਿਰਿਆ ਤੇ 'ਵੋਟ ਚੋਰੀ' ਸਬੰਧੀ ਸਵਾਲ ਉਠਾਏ ਜਾ ਰਹੇ ਹਨ।ਕਾਂਗਰਸ ਦਾ ਮੰਨਣਾ ਹੈ ਕਿ ਚੋਣ ਪ੍ਰਕਿਰਿਆ ਨਾਲ ਸਬੰਧਤ ਹਰ ਸ਼ੱਕ ਨੂੰ ਦੂਰ ਕਰਨ ਲਈ ਪੂਰੀ ਪਾਰਦਰਸ਼ਤਾ ਤੇ ਸੁਤੰਤਰ ਜਾਂਚ ਜ਼ਰੂਰੀ ਹੈ।

ਇਸ ਮੌਕੇ ਸੋਸਾਇਟੀ ਮੈਂਬਰ ਗੁਰਮੁੱਖ ਸਿੰਘ ਤੂੰਗਾਂ ਸਹਾਇਕ ਖਜ਼ਾਨਚੀ, ਰਵਿੰਦਰ ਸਿੰਘ ਖਜ਼ਾਨਚੀ, ਹੰਸ ਰਾਜ ਮਹਿਮੀ ਸਾਬਕਾ ਪ੍ਰਧਾਨ, ਜਸਵੀਰ ਸਿੰਘ ਫੌਜੀ ਸਕੱਤਰ, ਬਿਮਲ ਕੌਰ, ਮਨਿੰਦਰ ਕੌਰ, ਸੁਰਿੰਦਰਪਾਲ ਕੌਰ ਤੂੰਗਾਂ, ਗੁਰਪ੍ਰੀਤ ਕੌਰ ਸਾਧੋਹੇੜੀ ਆਦਿ ਸ਼ਾਮਲ ਸਨ।

# ਭਾਜਪਾ ਮੰਚ ਤੋਂ ਰਵਨੀਤ ਬਿੱਟੂ ਦੇ ਵਿਗੜੇ ਬੋਲ : ਮੀਡੀਆ ਨੂੰ ਕਿਹਾ 'ਵਿਕਾਊ', ਪੱਤਰਕਾਰਾਂ ਵੱਲੋਂ ਤਿੱਖਾ ਵਿਰੋਧ ਤੇ ਬਾਈਕਾਟ

## ਮੀਡੀਆ ਕਰਮੀਆਂ ਵੱਲੋਂ ਬਿੱਟੂ ਖ਼ਿਲਾਫ਼ ਨਾਅਰੇਬਾਜ਼ੀ, ਤਿੱਖੇ ਵਿਰੋਧ ਮਗਰੋਂ ਮੰਗਣੀ ਪਈ ਮੁਆਫ਼ੀ



**ਜਗਰਾਉਂ (ਅਮਿਤ ਖੰਨਾ)**
ਭਾਜਪਾ ਵੱਲੋਂ ਪੰਜਾਬ ਵਿੱਚ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਜਗਰਾਉਂ ਪੜਾਅ ਦੌਰਾਨ ਉਸ ਵੇਲੇ ਵੱਡਾ ਡਰਾਮਾ ਤੇ ਹੰਗਾਮਾ ਦੇਖਣ ਨੂੰ ਮਿਲਿਆ, ਜਦੋਂ ਸਾਬਕਾ ਮੈਂਬਰ ਪਾਰਲੀਮੈਂਟ ਰਵਨੀਤ ਬਿੱਟੂ ਮੀਡੀਆ ਦੇ ਸਾਹਮਣੇ ਹੀ ਆਪਣੀ ਸ਼ਬਦਾਂ ਦੀ ਮਰਿਆਦਾ ਭੁੱਲ ਬੈਠੇ।ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸ਼ਰਮਾ ਦੀ ਅਗਵਾਈ ਹੇਠ ਰੇਲਵੇ ਸਟੇਸ਼ਨ ਨੇੜੇ ਯੁਗਲ ਕਿਸ਼ੋਰ ਧਰਮਸ਼ਾਲਾ ਵਿਖੇ ਰੱਖੇ ਗਏ ਇਸ ਸਮਾਗਮ ਵਿੱਚ ਬਿੱਟੂ ਵੱਲੋਂ ਪ੍ਰੈੱਸ ਨੂੰ 'ਵਿਕਾਊ' ਤੇ 'ਸਰਕਾਰ ਦਾ ਖਰੀਦਿਆ ਹੋਇਆ' ਕਹਿਣ 'ਤੇ ਸਥਾਨਕ ਪੱਤਰਕਾਰਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ।ਸਮਾਗਮ ਦੀ ਕਵਰੇਜ ਲਈ ਭਾਜਪਾ ਵੱਲੋਂ ਹੀ ਸਥਾਨਕ ਮੀਡੀਆ ਨੂੰ ਵਿਸ਼ੇਸ਼ ਸੱਦਾ ਪੱਤਰ ਭੇਜ ਕੇ ਬੁਲਾਇਆ ਗਿਆ ਸੀ, ਪਰ ਮੰਚ ਤੋਂ ਆਪਣੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਰਵਨੀਤ ਬਿੱਟੂ ਅਚਾਨਕ ਪੱਤਰਕਾਰਾਂ 'ਤੇ ਭੜਕ ਉੱਠੇ।ਉਨ੍ਹਾਂ ਮੀਡੀਆ ਨੂੰ ਸਿੱਧੇ ਨਿਸ਼ਾਨੇ 'ਤੇ ਲੈਂਦਿਆਂ ਤਿੱਖੀ ਟਿੱਪਣੀ ਕੀਤੀ, 'ਤੁਸੀਂ ਕਿਹੜਾ ਸਾਡਾ ਕਵਰੇਜ ਕੀਤਾ ਗਿਆ ਪ੍ਰਸਾਰਨ ਆਪਣੇ ਚੈਨਲਾਂ 'ਤੇ ਦਿਖਾਉਣਾ ਹੈ, ਤੁਸੀਂ ਤਾਂ ਆਪ ਸਰਕਾਰ ਦੇ ਖਰੀਦੇ ਹੋਏ ਵਿਕਾਊ ਮੀਡੀਆ ਨਾਲ ਸੰਬੰਧ ਰੱਖਦੇ ਹੋ।' ਬਿੱਟੂ ਵੱਲੋਂ ਸ਼ਰੇਆਮ ਲਗਾਏ ਗਏ ਇਨ੍ਹਾਂ ਦੋਸ਼ਾਂ ਨੇ ਸਮਾਗਮ ਦਾ ਮਾਹੌਲ ਪੂਰੀ ਤਰ੍ਹਾਂ ਗਰਮਾ ਦਿੱਤਾ।ਬਿੱਟੂ ਦੇ ਇਨ੍ਹਾਂ ਬੋਲਾਂ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਸਾਰੇ ਮੀਡੀਆ ਕਰਮੀਆਂ ਨੇ ਇਕਜੁੱਟ ਹੋ ਕੇ ਸਖ਼ਤ ਇਤਰਾਜ਼ ਜਤਾਇਆ।ਪੱਤਰਕਾਰਾਂ ਨੇ ਬਿੱਟੂ ਨੂੰ ਸਿੱਧੀ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਪੰਡਾਲ ਵਿੱਚ ਕੋਈ 'ਵਿਕਾਊ' ਪੱਤਰਕਾਰ ਹੈ ਤਾਂ ਉਸ ਦਾ ਨਾਂਅ ਲੈ ਕੇ ਸਪੱਸ਼ਟ ਗੱਲ ਕੀਤੀ ਜਾਵੇ, ਸਾਰੇ ਮੀਡੀਆ ਕਰਮੀਆਂ ਨੂੰ ਇੱਕੋ ਰੱਸੀ ਵਿੱਚ ਨਾ ਲਪੇਟਿਆ ਜਾਵੇ।ਜਦੋਂ ਰਵਨੀਤ ਬਿੱਟੂ ਨੇ ਗੋਲਮੋਲ ਜਵਾਬ ਦੇ ਕੇ ਆਪਣਾ ਬਚਾਅ ਕਰਨ ਦੀ ਕੋਸ਼ਿਸ਼ ਕੀਤੀ ਤੇ ਕਿਹਾ ਕਿ ਸਮਾਗਮ ਵਿੱਚ ਕੁਝ ਅਜਿਹੇ ਲੋਕ ਆ ਗਏ ਹਨ ਜਿਨ੍ਹਾਂ ਲਈ ਇਹ ਸ਼ਬਦ ਵਰਤੇ ਗਏ ਹਨ, ਤਾਂ ਅਸੰਤੁਸ਼ਟ ਤੇ ਰੋਹ ਵਿੱਚ ਆਏ ਪੱਤਰਕਾਰਾਂ ਨੇ ਸਮਾਗਮ ਦਾ ਬਾਈਕਾਟ ਕਰ ਦਿੱਤਾ ਤੇ ਪੰਡਾਲ ਤੋਂ ਬਾਹਰ ਆ ਗਏ।ਪੱਤਰਕਾਰਾਂ ਦੇ ਬਾਹਰ ਆਉਂਦਿਆਂ ਹੀ ਰਵਨੀਤ ਬਿੱਟੂ ਵੀ ਉਨ੍ਹਾਂ ਦੇ ਮਗਰ ਹੀ ਬਾਹਰ ਆ ਗਏ। ਬਾਹਰ ਨਿਕਲਦੇ ਸਾਰ ਹੀ ਸਥਾਨਕ ਮੀਡੀਆ ਕਰਮੀਆਂ ਨੇ ਰੋਸ ਵਜੋਂ 'ਰਵਨੀਤ ਬਿੱਟੂ ਮੁਰਦਾਬਾਦ' ਦੀ ਜ਼ੋਰਦਾਰ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।ਹਾਲਾਤ ਵਿਗੜਦੇ ਦੇਖ ਤੇ ਮੀਡੀਆ ਦੇ ਤਿੱਖੇ ਰੋਹ ਅੱਗੇ ਝੁਕਦਿਆਂ ਬਿੱਟੂ ਨੇ ਪੱਤਰਕਾਰਾਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ।ਉਨ੍ਹਾਂ ਨਰਮ ਪੈਂਦਿਆਂ ਕਿਹਾ, 'ਜੇ ਤੁਹਾਡੇ ਵਿੱਚ ਗੁੱਸਾ ਹੈ ਤਾਂ ਤੁਸੀਂ ਮੇਰੇ ਮੁਰਦਾਬਾਦ ਦੀ ਨਾਅਰੇਬਾਜ਼ੀ ਕਰ ਲਓ, ਪਰ ਮੇਰੀ ਗੱਲ ਸੁਣ ਲਓ। ਮੇਰਾ ਮਕਸਦ ਜਗਰਾਉਂ ਦੇ ਲੋਕਲ ਮੀਡੀਆ ਨੂੰ ਠੇਸ ਪਹੁੰਚਾਉਣਾ ਨਹੀਂ ਸੀ।'

ਬਿੱਟੂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਭੜਾਸ ਉਨ੍ਹਾਂ ਵੱਡੇ ਅਦਾਰਿਆਂ ਪ੍ਰਤੀ ਸੀ, ਜੋ ਭਾਜਪਾ ਦੀ ਆਵਾਜ਼ ਪੰਜਾਬ ਦੀ ਜਨਤਾ ਤੱਕ ਨਹੀਂ ਪਹੁੰਚਾ ਰਹੇ।ਅੰਤ ਵਿੱਚ ਰਵਨੀਤ ਬਿੱਟੂ ਵੱਲੋਂ ਮੌਕੇ 'ਤੇ ਮੌਜੂਦ ਸਾਰੇ ਪੱਤਰਕਾਰਾਂ ਤੋਂ ਆਪਣੀ ਗਲਤੀ ਦੀ ਮੁਆਫ਼ੀ ਮੰਗੀ ਗਈ, ਜਿਸ ਤੋਂ ਬਾਅਦ ਪੱਤਰਕਾਰਾਂ ਦਾ ਗੁੱਸਾ ਸ਼ਾਂਤ ਹੋਇਆ ਤੇ ਉਨ੍ਹਾਂ ਨੇ ਬਿੱਟੂ ਦਾ ਪੱਖ ਸੁਣਿਆ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਸਿਹਤ ਤੇ ਜਾਗਰੂਕਤਾ ਕੈਂਪ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਫੈਕਲਟੀ ਆਫ਼ ਐਲਾਈਡ ਐਂਡ ਹੈਲਥ-ਕੇਅਰ ਸਾਇੰਸਿਜ਼ ਦੀ ਐਨ.ਐਸ.ਐਸ. ਯੂਨਿਟ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਪ੍ਰੋਗਰਾਮ ਤਹਿਤ 'ਮੇਰੀ ਸਿਹਤ, ਮੇਰਾ ਮਾਣ' ਵਿਸ਼ੇ ਅਧੀਨ ਸਿਹਤ 'ਤੇ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਦਾ ਉਦੇਸ਼ ਨੌਜਵਾਨਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ, ਰੋਕਥਾਮੀ ਸਿਹਤ ਸੰਭਾਲ ਅਤੇ ਨਸ਼ਾ-ਮੁਕਤ ਜੀਵਨ-ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ। ... ਪ੍ਰੋਗਰਾਮ ਅਫ਼ਸਰ ਅਤੇ ਸੂਧੀ ਵਿਭਾਗ ... ਨੇ ਸਿਹਤ ਸਿੱਧਿਆ ਨੂੰ ਵਿਹਾਰਕ ਰੋਕਥਾਮੀ ਉਪਾਵਾਂ ਨਾਲ ਜੋੜਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਡਾ. ਜਤਿੰਦਰ ਸਿੰਘ, ਡਾ. ਗੁਰਮਨਪ੍ਰੀਤ ਕੌਰ, ਅਸਿਸਟੈਂਟ ਪ੍ਰੋਫੈਸਰ ਨੇ ਵੀ ਵਿਚਾਰ ਰੱਖੇ ਜਦਕਿ ਡਾ. ਸ਼ਰੇਨ ਰੱਤਨ, ਕਲੀਨੀਕਲ ਸਾਈਕੋਲੋਜਿਸਟ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ, ਨੇ 'ਚੰਗੀ ਸਿਹਤ 'ਤੇ ਨਸ਼ਿਆਂ ਦਾ ਪ੍ਰਭਾਵ' ਵਿਸ਼ੇ 'ਤੇ ਵਿਸ਼ੇਸ਼ ਸੈਸ਼ਨ ਕਰਵਾਏ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਡਾ. ਪੰਕਜਪ੍ਰੀਤ ਸਿੰਘ, ਡੀਨ ਫੈਕਲਟੀ ਆਫ਼ ਐਲਾਈਡ ਐਂਡ ਹੈਲਥ-ਕੇਅਰ ਸਾਇੰਸਿਜ਼ ਅਤੇ ਡਾ. ਰਮਨਦੀਪ ਕੌਰ, ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਵੀ ਇਸ ਮੌਕੇ ਹਾਜ਼ਰ ਸਨ।ਇਸ ਮੌਕੇ ਨਸ਼ਾ ਮੁਕਤੀ ਸਹੁੰ ਸਮਾਗਮ ਵੀ ਕਰਵਾਇਆ ਗਿਆ।

## ਬਰਸਟ ਵੱਲੋਂ ਭਾਖੜਾ ਨਹਿਰ 'ਤੇ ਪੁਲ ਨਿਰਮਾਣ ਕਾਰਜ ਦਾ ਉਦਘਾਟਨ



**ਸਮਾਣਾ (ਗੁਰਦਿਆਲ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੇ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਦੇਣ ਦੇ ਉਦੇਸ਼ ਨਾਲ ਇੱਕ ਅਹਿਮ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।ਉਨ੍ਹਾਂ ਨੇ ਸਮਾਣਾ-ਪਾਤੜਾਂ ਰੋਡ ਤੋਂ ਜੌੜਾਮਾਜਰਾ ਨੂੰ ਜਾਂਦੀ ਲਿੰਕ ਰੋਡ 'ਤੇ ਭਾਖੜਾ ਮੇਨ ਲਾਈਨ ਨਹਿਰ 'ਤੇ ਬਣਨ ਵਾਲੇ ਨਵੇਂ ਪੁਲ ਦੇ ਨਿਰਮਾਣ ਕਾਰਜ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ।

ਇਸ ਉਦਘਾਟਨੀ ਸਮਾਰੋਹ ਦੌਰਾਨ ਹਲਕਾ ਸਮਾਣਾ ਦੇ ਵਿਧਾਇਕ ਸ. ਚੇਤਨ ਸਿੰਘ ਜੌੜਾਮਾਜਰਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਸਮਾਰੋਹ ਦੌਰਾਨ ਇਲਾਕਾ ਨਿਵਾਸੀਆਂ, ਪੰਚਾਂ-ਸਰਪੰਚਾਂ ਤੇ ਮੋਹਤਬਰ ਵਿਅਕਤੀਆਂ ਵੱਲੋਂ ਸ੍. ਹਰਚੰਦ ਸਿੰਘ ਬਰਸਟ ਤੇ ਸ੍. ਚੇਤਨ ਸਿੰਘ ਜੌੜਾਮਾਜਰਾ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ ਗਿਆ।ਭਾਖੜਾ ਨਹਿਰ 'ਤੇ ਇਸ ਨਵੇਂ ਪੁਲ ਦਾ ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਆਸ-ਪਾਸ ਦੇ ਪੂਰੇ ਖੇਤਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਪੁਲ ਉੱਤੇ ਕਰੀਬ 6.18 ਕਰੋੜ ਰੁਪਏ ਦੀ ਲਾਗਤ ਆਵੇਗੀ।ਸ੍. ਬਰਸਟ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਮਾਣ ਕਾਰਜ ਸਮੇਂ ਸਿਰ ਤੇ ਪੂਰੀ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਪੰਜਾਬ ਸਰਕਾਰ ਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ।

ਪ੍ਰੋਗਰਾਮ ਵਿੱਚ ਜਸਬੀਰ ਸਿੰਘ (ਪੀ.ਏ.) ਬਲਾਕ ਸੰਮਤੀ ਮੈਂਬਰ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਅਵਤਾਰ ਸਿੰਘ ਸਰਪੰਚ ਜੋੜਾਮਾਜਰਾ, ਲਾਡੀ ਗੱਜੂਮਾਜਰਾ ਤੇ ਪਿੰਡ ਮੱਵੀ ਕਲਾਂ ਦੀ ਪੰਚਾਇਤ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਬੁੱਧੀਜੀਵੀ ਵਰਗ ਨੇ ਸੁਪਰੀਮ ਕੋਰਟ ਦੇ ਫ਼ੈਸਲੇ ਦਾ ਕੀਤਾ ਸਵਾਗਤ

**ਪਟਿਆਲਾ (ਅਵਤਾਰ ਜਟਾਣਾ)**-ਨਿੱਜੀ ਯੂਨੀਵਰਸਿਟੀਆਂ ਦੇ ਵਿੱਤੀ ਸਰੋਤਾਂ, ਆਮਦਨ, ਖ਼ਰਚਿਆਂ, ਪ੍ਰਬੰਧਨ ਤੇ ਢਾਂਚੇ ਦੀ ਵਰਤੋਂ ਸਬੰਧੀ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸੁਪਰੀਮ ਕੋਰਟ ਵੱਲੋਂ ਦਿੱਤੇ ਨਿਰਦੇਸ਼ਾਂ ਦਾ ਬੁੱਧੀਜੀਵੀ ਵਰਗ ਨੇ ਸਵਾਗਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਸੰਸਥਾਵਾਂ ਦੀ ਜਵਾਬਦੇਹੀ ਤੈਅ ਕਰਨਾ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਲਈ ਅਹਿਮ ਕਦਮ ਹੈ।ਬੁੱਧੀਜੀਵੀਆਂ ਅਨੁਸਾਰ, ਮਾਮਲਾ ਸਿਰਫ਼ ਯੂਨੀਵਰਸਿਟੀਆਂ ਦੇ ਆਮ ਆਮਦਨ-ਖ਼ਰਚੇ ਦੇ ਆਡਿਟ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਇਹ ਵੀ ਜਾਂਚਿਆ ਜਾਣਾ ਚਾਹੀਦਾ ਹੈ ਕਿ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਨੂੰ ਦਿੱਤੇ ਜਾਂਦੇ ਵਾਅਦੇ ਜ਼ਮੀਨੀ ਪੱਧਰ 'ਤੇ ਕਿੰਨੇ ਪੂਰੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸੰਸਥਾਵਾਂ ਦੀ ਕਾਰਗੁਜ਼ਾਰੀ, ਅਕਾਦਮਿਕ ਮਿਆਰ, ਬੁਨਿਆਦੀ ਸਹੂਲਤਾਂ ਤੇ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਈਆਂ ਜਾਂਦੀਆਂ ਸੇਵਾਵਾਂ ਦੀ ਨਿਰਪੱਖ ਪੜਤਾਲ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਉੱਚ ਸਿੱਖਿਆ ਦੀ ਵਧ ਰਹੀ ਮੰਗ ਨੂੰ ਪੂਰਾ ਕਰਨ ਲਈ ਪਿਛਲੇ ਕੁਝ ਦਹਾਕਿਆਂ ਦੌਰਾਨ ਨਿੱਜੀ ਯੂਨੀਵਰਸਿਟੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ।ਇਸ ਦੇ ਨਾਲ ਹੀ ਸਰਕਾਰੀ ਉੱਚ ਸਿੱਖਿਆ ਸੰਸਥਾਵਾਂ ਨੂੰ ਫੰਡਾਂ ਤੇ ਸਰੋਤਾਂ ਦੀਆਂ ਕਮੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਅਜਿਹੇ ਹਾਲਾਤ ਵਿੱਚ ਨਿੱਜੀ ਖੇਤਰ ਵੱਲੋਂ ਦਿੱਤੀ ਜਾ ਰਹੀ ਉੱਚ ਸਿੱਖਿਆ ਦੀ ਗੁਣਵੱਤਾ ਤੇ ਇਸ ਦੇ ਦਾਅਵਿਆਂ ਦੀ ਨਿਰਪੱਖ ਜਾਂਚ ਹੋਰ ਵੀ ਮਹੱਤਵਪੂਰਨ ਬਣ ਜਾਂਦੀ ਹੈ।ਬੁੱਧੀਜੀਵੀ ਵਰਗ ਨੇ ਕਿਹਾ ਕਿ ਕੁਝ ਨਿੱਜੀ ਸੰਸਥਾਵਾਂ ਵੱਲੋਂ ਕੈਂਪਸ ਦੀਆਂ ਸਹੂਲਤਾਂ, ਪਲੇਸਮੈਂਟ ਤੇ ਹੋਰ ਅਕਾਦਮਿਕ ਉਪਲਬਧੀਆਂ ਸਬੰਧੀ ਕੀਤੇ ਜਾਂਦੇ ਦਾਅਵਿਆਂ ਦੀ ਸੁਤੰਤਰ ਤੌਰ 'ਤੇ ਪੜਤਾਲ ਹੋਣੀ ਚਾਹੀਦੀ ਹੈ।ਇਸੇ ਤਰ੍ਹਾਂ ਅਧਿਆਪਕਾਂ ਦੀ ਯੋਗਤਾ, ਉਨ੍ਹਾਂ ਦੀ ਗਿਣਤੀ, ਕੰਮ ਦਾ ਬੋਝ, ਤਨਖ਼ਾਹਾਂ ਤੇ ਵਿਦਿਆਰਥੀਆਂ ਲਈ ਉਪਲਬਧ ਅਕਾਦਮਿਕ ਸਰੋਤਾਂ ਬਾਰੇ ਵੀ ਪਾਰਦਰਸ਼ਤਾ ਲਾਜ਼ਮੀ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਦੇ ਮਿਆਰ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਅਖ਼ੀਰਕਾਰ ਵਿਦਿਆਰਥੀਆਂ ਦੇ ਭਵਿੱਖ ਨੂੰ ਪ੍ਰਭਾਵਿਤ ਕਰਦਾ ਹੈ। ਉਨ੍ਹਾਂ ਅਨੁਸਾਰ, ਨਿੱਜੀ ਯੂਨੀਵਰਸਿਟੀਆਂ ਵੱਲੋਂ ਫ਼ੀਸਾਂ ਦੇ ਢਾਂਚੇ, ਮੁਲਾਜ਼ਮਾਂ ਦੀਆਂ ਤਨਖ਼ਾਹਾਂ, ਸੰਸਥਾ ਦੇ ਖ਼ਰਚਿਆਂ, ਸਰਕਾਰੀ ਰਿਆਇਤਾਂ, ਭਰਤੀ ਪ੍ਰਕਿਰਿਆ ਤੇ ਅਕਾਦਮਿਕ ਮਿਆਰਾਂ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣਾ ਪਾਰਦਰਸ਼ਤਾ ਵੱਲ ਇੱਕ ਕਦਮ ਹੋ ਸਕਦਾ ਹੈ। ਹਾਲਾਂਕਿ, ਉਨ੍ਹਾਂ ਕਿਹਾ ਕਿ ਸਿਰਫ਼ ਕਾਗਜ਼ੀ ਕਾਰਵਾਈ ਪੂਰੀ ਕਰਨਾ ਕਾਫ਼ੀ ਨਹੀਂ ਹੋਵੇਗਾ, ਸਗੋਂ ਉਪਲਬਧ ਜਾਣਕਾਰੀ ਦੀ ਪ੍ਰਭਾਵਸ਼ਾਲੀ ਅਤੇ ਨਿਰਪੱਖ ਪੜਤਾਲ ਵੀ ਜ਼ਰੂਰੀ ਹੈ।ਇਸ ਮੌਕੇ ਡਾ. ਬਿਕਰਜੀਤ ਸਿੰਘ ਸਾਧੂਵਾਲਾ, ਗਗਨਦੀਪ ਸਿੰਘ, ਰਵਿੰਦਰ ਸਿੰਘ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸਬੰਧਤ ਹੋਰ ਬੁੱਧੀਜੀਵੀਆਂ ਤੇ ਵਿਦਿਆਰਥੀ ਆਗੂਆਂ ਨੇ ਕਿਹਾ ਕਿ ਯੂਨੀਵਰਸਿਟੀਆਂ ਦੀ ਮੁੱਢਲੀ ਜ਼ਿੰਮੇਵਾਰੀ ਉੱਚ ਪੱਧਰੀ ਸਿੱਖਿਆ, ਖੋਜ ਤੇ ਸਮਾਜਿਕ ਭਲਾਈ ਨੂੰ ਉਤਸ਼ਾਹਤ ਕਰਨਾ ਹੋਣੀ ਚਾਹੀਦੀ ਹੈ।

## ਦਾਊਮਾਜਰਾ ਵਿਖੇ ਗਿਆਸਪੁਰਾ ਵੱਲੋਂ ਜਿੰਮ ਦਾ ਉਦਘਾਟਨ



**ਦੋਰਾਹਾ (ਹਰਮਿੰਦਰ ਸੇਠ)**-ਨੌਜਵਾਨਾਂ ਨੂੰ ਤੰਦਰੁਸਤ ਰੱਖਣ ਤੇ ਉਨ੍ਹਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਪਿੰਡਾਂ ਵਿੱਚ ਖੇਡਾਂ ਤੇ ਸਿਹਤ ਸਹੂਲਤਾਂ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹਲਕਾ ਪਾਇਲ ਦੇ ਵਿਧਾਇਕ ਇੰਜ. ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਨੇੜਲੇ ਪਿੰਡ ਦਾਊਮਾਜਰਾ ਵਿਖੇ ਨਵੇਂ ਜਿਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਨੌਜਵਾਨਾਂ ਦਾ ਖੇਡਾਂ ਤੇ ਸਰੀਰਕ ਤੰਦਰੁਸਤੀ ਵੱਲ ਉਤਸ਼ਾਹਤ ਹੋਣਾ ਇੱਕ ਚੰਗਾ ਸੰਕੇਤ ਹੈ।ਇਸ ਨਾਲ ਮਾਪਿਆਂ ਨੂੰ ਵੀ ਤਸੱਲੀ ਮਿਲਦੀ ਹੈ ਕਿ ਉਨ੍ਹਾਂ ਦੇ ਬੱਚੇ ਆਪਣਾ ਸਮਾਂ ਸਿਹਤਮੰਦ ਤੇ ਉਸਾਰੂ ਗਤੀਵਿਧੀਆਂ ਵਿੱਚ ਬਤੀਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਨੌਜਵਾਨ ਪੜ੍ਹਾਈ ਦੇ ਨਾਲ-ਨਾਲ ਆਪਣੀ ਸਿਹਤ ਤੇ ਖੇਡਾਂ ਵੱਲ ਵੀ ਧਿਆਨ ਦੇਣ ਤਾਂ ਉਹ ਭਵਿੱਖ ਵਿੱਚ ਚੰਗੇ ਰੁਜ਼ਗਾਰ ਦੇ ਮੌਕੇ ਹਾਸਲ ਕਰਨ ਦੇ ਨਾਲ-ਨਾਲ ਆਪਣਾ ਕਾਰੋਬਾਰ ਵੀ ਸਥਾਪਤ ਕਰ ਸਕਦੇ ਹਨ।ਇਸ ਮੌਕੇ ਪਿੰਡ ਦੇ ਪਤਵੰਤੇ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਗੁਰਮੀਤ ਸਿੰਘ ਛੱਜੂਭੱਟ ਦੀ ਪ੍ਰਧਾਨਗੀ ਹੇਠ ਮੀਟਿੰਗ



**ਨਾਭਾ (ਅਮਨ ਗਰਗ)**-ਸੰਯੁਕਤ ਕਿਸਾਨ ਮੋਰਚਾ ਬਲਾਕ ਨਾਭਾ ਦੀ ਮੀਟਿੰਗ ਗੁਰਮੀਤ ਸਿੰਘ ਛੱਜੂਭੱਟ ਦੀ ਪ੍ਰਧਾਨਗੀ ਹੇਠ ਭਗਤ ਧੰਨਾ ਜੀ ਗੁਰਦੁਆਰਾ ਵਿਖੇ ਹੋਈ ਮੀਟਿੰਗ ਵਿੱਚ ਵੱਖ ਵੱਖ ਆਗੂਆਂ ਵੱਲੋਂ ਸ਼ਹਿਰ ਵਿੱਚ ਹੋ ਰਹੀਆਂ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਦਾ ਸਖਤ ਨੋਟਿਸ ਲੈਂਦਿਆਂ ਪਿੰਡ ਬੋੜਾਂ ਕਲਾਂ ਦੇ ਵਿਅਕਤੀ ਪਾਸੋਂ ਪਹਿਲਾਂ ਪੈਸੇ ਲੁੱਟੇ ਗਏ ਤੇ ਦੋ ਦਿਨ ਬਾਅਦ ਉਸ ਤੇ ਇੱਕ ਛੋਟੀ ਬੱਚੀ ਨੂੰ ਗੰਭੀਰ ਰੂਪ ਵਿੱਚ ਜ਼ਖਮੀ ਕੀਤਾ ਤੇ ਕਿਹਾ ਕਿ ਜੇ ਪੁਲਸ ਨੂੰ ਇਤਲਾਹ ਦਿੱਤੀ ਤਾਂ ਤੁਹਾਨੂੰ ਜਾਨੋਂ ਮਾਰ ਦਿੱਤਾ ਜਾਵੇਗਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਜੇਕਰ ਪੁਲਸ ਪ੍ਰਸ਼ਾਸਨ ਨੇ ਮੁਲਜ਼ਮਾਂ ਨੂੰ ਗ੍ਰਿਫਤਾਰ ਨਾ ਕੀਤਾ ਤਾਂ ਸਮੂਹ ਕਿਸਾਨ ਜਥੇਬੰਦੀਆਂ ਤੇ ਇਨਸਾਫ ਪਸੰਦ ਲੋਕਾਂ ਵੱਲੋਂ ਵਿਸ਼ਾਲ ਰੋਸ ਧਰਨਾ ਕਚਹਿਰੀ ਮੂਹਰੇ ਦਿੱਤਾ ਜਾਵੇਗਾ।ਮੀਟਿੰਗ ਤੋਂ ਬਾਅਦ ਡੀਐੱਸਪੀ ਨਾਭਾ ਨੂੰ ਜਥੇਬੰਦੀ ਦਾ ਵਫਦ ਮਿਲਿਆ ਤੇ ਉਨ੍ਹਾਂ ਦੇ ਧਿਆਨ ਵਿੱਚ ਇਹ ਸਾਰਾ ਕੇਸ ਲਿਆਂਦਾ ਤੇ ਕਿਹਾ ਕਿ ਜੇਕਰ 29 ਸਤੰਬਰ ਤੱਕ ਦੋਸ਼ੀ ਗ੍ਰਿਫਤਾਰ ਨਾ ਕੀਤੇ ਤਾਂ 30 ਸਤੰਬਰ ਨੂੰ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਜਗਪਾਲ ਸਿੰਘ, ਅਛਰਾ ਸਿੰਘ ਭੋਜੋ ਮਾਜਰੀ, ਜਸਵਿੰਦਰ ਸਿੰਘ ਸਾਲੂਵਾਲ, ਹਰਮੇਲ ਸਿੰਘ ਤੁੰਗਾਂ, ਹਰਜੀਤ ਸਿੰਘ ਅਗੋਲ, ਜਰਨੈਲ ਸਿੰਘ ਦੋਦਾ, ਲਖਵਿੰਦਰ ਸਿੰਘ ਦੁਲੱਦੀ, ਅਵਤਾਰ ਸਿੰਘ ਕੈਦੂਪੁਰ, ਮਨਮੋਹਨ ਸਿੰਘ ਨੰਬਰਦਾਰ ਗੁਣੀਕੇ, ਹਾਕਮ ਸਿੰਘ ਲੰਬੜਦਾਰ ਬੋੜਾਂ ਕਲਾਂ, ਰਜਿੰਦਰ ਸਿੰਘ ਕੁਲਾਰਾਂ ਆਦਿ ਸ਼ਾਮਲ ਹੋਏ।

## ਸਲੀਣਾ ਨੂੰ ਮਿਲੀ 91 ਲੱਖ ਦੇ ਵਿਕਾਸ ਕਾਰਜਾਂ ਦੀ ਸੌਗਾਤ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਸਲੀਣਾ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦਿੰਦਿਆਂ ਕੁੱਲ 91 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦੀ ਸੌਗਾਤ ਦਿੱਤੀ ਗਈ।ਇਸ ਮੌਕੇ 65 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਮੋਗਾ ਹਲਕੇ ਦੀ ਪਹਿਲੀ ਸਰਕਾਰੀ ਸ਼ੂਟਿੰਗ ਰੇਂਜ ਦਾ ਨੀਂਹ ਪੱਥਰ ਰੱਖਿਆ ਗਿਆ, ਜਦਕਿ 26 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਸੱਤ ਇੰਟਰਲਾਕ ਗਲੀਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਲੀਣਾ ਵਿੱਚ ਬਣਨ ਵਾਲੀ ਸਰਕਾਰੀ ਸ਼ੂਟਿੰਗ ਰੇਂਜ ਮੋਗਾ ਹਲਕੇ ਦੇ ਨੌਜਵਾਨਾਂ ਲਈ ਅਹਿਮ ਸਹੂਲਤ ਸਾਬਿਤ ਹੋਵੇਗੀ।ਇਸ ਨਾਲ ਸਥਾਨਕ ਖਿਡਾਰੀਆਂ ਨੂੰ ਸ਼ੂਟਿੰਗ ਦੀ ਸਿਖਲਾਈ ਤੇ ਅਭਿਆਸ ਲਈ ਬਿਹਤਰ ਮੰਚ ਮਿਲੇਗਾ ਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਮਦਦ ਮਿਲੇਗੀ।ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਉਸਾਰੂ ਦਿਸ਼ਾ ਦੇਣ ਦਾ ਇੱਕ ਮਜ਼ਬੂਤ ਸਾਧਨ ਹਨ।ਸਰਕਾਰ ਦਾ ਯਤਨ ਹੈ ਕਿ ਪਿੰਡ ਪੱਧਰ 'ਤੇ ਹੀ ਖਿਡਾਰੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਹੋਣਹਾਰ ਨੌਜਵਾਨ ਆਪਣੀ ਮਿਹਨਤ ਤੇ ਕਾਬਲੀਅਤ ਦੇ ਦਮ 'ਤੇ ਜ਼ਿਲ੍ਹਾ, ਸੂਬਾ, ਕੌਮੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਇਲਾਕੇ ਦਾ ਨਾਮ ਰੌਸ਼ਨ ਕਰ ਸਕਣ।ਉਨ੍ਹਾਂ ਕਿਹਾ ਕਿ ਸਰਕਾਰੀ ਸ਼ੂਟਿੰਗ ਰੇਂਜ ਬਣਨ ਨਾਲ ਆਸ-ਪਾਸ ਦੇ ਪਿੰਡਾਂ ਦੇ ਨੌਜਵਾਨਾਂ ਨੂੰ ਵੀ ਇਸ ਦਾ ਲਾਭ ਮਿਲੇਗਾ।

ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।ਡਾ. ਅਰੋੜਾ ਨੇ ਕਿਹਾ ਕਿ ਮੋਗਾ ਹਲਕੇ ਵਿੱਚ ਵਿਕਾਸ ਦੀ ਰਫ਼ਤਾਰ ਲਗਾਤਾਰ ਜਾਰੀ ਹੈ।ਸੜਕਾਂ, ਗਲੀਆਂ, ਖੇਡ ਸਹੂਲਤਾਂ ਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪੱਧਰਾਂ 'ਤੇ ਕੰਮ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਵਿਕਾਸ ਕਾਰਜਾਂ ਦਾ ਐਲਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਮੁਕੰਮਲ ਕਰਕੇ ਆਮ ਲੋਕਾਂ ਤੱਕ ਸਹੂਲਤਾਂ ਪਹੁੰਚਾਉਣਾ ਹੈ।ਇਸ ਮੌਕੇ ਪਿੰਡ ਦੇ ਸਰਪੰਚ ਅਜੈ ਸਿੰਘ, ਸਮੁੱਚੀ ਗ੍ਰਾਮ ਪੰਚਾਇਤ, ਪ੍ਰਿੰਸੀਪਲ ਗੁਰਪ੍ਰੀਤ ਕੌਰ, ਪਾਰਟੀ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਲਈ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ।

## 'ਮੰਗ ਦਿਵਸ' ਵਜੋਂ ਮਨਾਵਾਂਗੇ ਗਾਂਧੀ ਜਯੰਤੀ : ਡੀ. ਸੋਮਾ ਸੁੰਦਰ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਪੱਤਰਕਾਰ ਪ੍ਰਭੂ ਦਿਆਲ ਨੇ ਕਿਹਾ ਕਿ ਗਾਂਧੀ ਜਯੰਤੀ ਨੂੰ ਇੰਡੀਅਨ ਜਰਨਲਿਸਟ ਯੂਨੀਅਨ ਵੱਲੋਂ ਦੇਸ਼-ਵਿਆਪੀ 'ਮੰਗ ਦਿਵਸ' ਵਜੋਂ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਇੰਡੀਅਨ ਜਰਨਲਿਸਟ ਯੂਨੀਅਨ ਦੀ ਨੈਸ਼ਨਲ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਦੇਸ਼-ਵਿਆਪੀ 'ਮੰਗ ਦਿਵਸ' ਅੰਦੋਲਨ ਦੇ ਯੂਨੀਅਨ ਆਗੂ ਮਾਨਯੋਗ ਰਾਸ਼ਟਰਪਤੀ ਤੇ ਸੂਬਿਆਂ ਦੇ ਮੁੱਖ ਮੰਤਰੀਆਂ ਨੂੰ ਮੰਗ ਪੱਤਰ ਦੇਣਗੇ। ਇੰਡੀਅਨ ਜਰਨਲਿਸਟ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਤੇ ਸਕੱਤਰ ਜਨਰਲ ਸਕੱਤਰ ਡੀ. ਸੋਮਾ ਸੁੰਦਰ ਨੇ ਕਿਹਾ ਕਿ ਨਵੇਂ ਮੀਡੀਆ ਕਮਿਸ਼ਨ ਦਾ ਗਠਨ, ਪੱਤਰਕਾਰਾਂ ਦੀ ਸੁਰੱਖਿਆ ਲਈ ਕੌਮੀ ਕਾਨੂੰਨ, ਪੱਤਰਕਾਰਾਂ ਨਾਲ ਸਰੀਰਕ ਹਿੰਸਾ ਸਮੇਤ ਕੰਮਕਾਜ ਨਾਲ ਜੁੜੇ ਵਧਦੇ ਖ਼ਤਰੇ, ਨਿਊਜ਼ ਅਦਾਰਿਆਂ ਦੀ ਕਾਨੂੰਨੀ ਸੁਰੱਖਿਆ, ਨਿਊਜ਼ਰੂਮ ਦੀ ਕੰਮਕਾਜੀ ਹਾਲਾਤ, ਨਵੇਂ ਵੇਜ ਬੋਰਡ ਦੇ ਗਠਨ ਸਮੇਤ ਪ੍ਰਿੰਟ, ਇਲੈਕਟ੍ਰਾਨਿਕ ਤੇ ਡਿਜੀਟਲ ਮੀਡੀਆ ਪਲੇਟਫਾਰਮਾਂ ਦੇ ਕਰਮਚਾਰੀਆ ਦੀ ਆਰਥਿਕ ਤੇ ਸਰੀਰਕ ਸੁਰੱਖਿਆ ਸਮੇਤ ਕਈ ਅਹਿਮ ਮੁੱਦੇ ਇਨ੍ਹਾਂ ਮੰਗਾਂ ਵਿੱਚ ਸ਼ਾਮਲ ਹਨ।

## ਗੁਰੂ ਨਾਨਕ ਕਾਲਜ ਵਿਖੇ 'ਜੀ ਐੱਨ ਸੀ ਬਿਜ਼ ਫੈਸਟ' ਦਾ ਸਫ਼ਲ ਆਯੋਜਨ



**ਬੁਢਲਾਡਾ (ਅਸ਼ੋਕ ਲਾਕੜਾ)**

ਉੱਤਰੀ ਭਾਰਤ ਦੀ ਸਿਰਮੌਰ ਤੇ ਆਟੋਨੋਮਸ ਵਿੱਦਿਅਕ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਕਾਮਰਸ ਤੇ ਮੈਨੇਜਮੈਂਟ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਉੱਦਮਤਾ, ਸਵੈ-ਰੋਜ਼ਗਾਰ ਤੇ ਸਟਾਰਟ-ਅੱਪ ਕਲਚਰ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ 'ਜੀ.ਐੱਨ.ਸੀ. ਬਿਜ਼ ਫੈਸਟ' ਦਾ ਸਫ਼ਲ ਆਯੋਜਨ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ, ਰਚਨਾਤਮਕਤਾ, ਪ੍ਰਬੰਧਕੀ ਯੋਗਤਾ ਤੇ ਵਪਾਰਕ ਸੂਝ-ਬੂਝ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਵਿਦਿਆ ਸਕੱਤਰ ਸੁਖਵਿੰਦਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਦੀ ਦੂਰਦਰਸ਼ੀ ਅਗਵਾਈ, ਸਿੱਖਿਆ ਪ੍ਰਤੀ ਵਚਨਬੱਧਤਾ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਸਹਿਯੋਗ ਸਦਕਾ ਸੰਸਥਾ ਵਿੱਚ ਵਿਦਿਆਰਥੀ-ਕੇਂਦਰਿਤ ਤੇ ਹੁਨਰ-ਅਧਾਰਿਤ ਗਤੀਵਿਧੀਆਂ ਨੂੰ ਨਵਾਂ ਉਤਸ਼ਾਹ ਮਿਲ ਰਿਹਾ ਹੈ।ਕੋਆਰਡੀਨੇਟਰ ਡਾ. ਸੰਦੀਪ ਕੌਰ ਤੇ ਪ੍ਰੋ. ਸਿਮਰਨਜੀਤ ਸਿੰਘ ਨੇ ਦੱਸਿਆ ਕਿ ਬਿਜ਼ ਫੈਸਟ ਨੂੰ ਮੁੱਖ ਤੌਰ 'ਤੇ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ।ਪਹਿਲੇ 'ਫੂਡ ਕਾਰਨਰ' ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਖਾਣ-ਪੀਣ ਦੀਆਂ ਵਸਤੂਆਂ ਤਿਆਰ ਕਰਕੇ ਉਨ੍ਹਾਂ ਦੇ ਸਟਾਲ ਲਗਾਏ ਗਏ।ਦੂਜੇ 'ਹੈਂਡ ਵਰਕ' ਸੈਕਸ਼ਨ ਵਿੱਚ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਤਿਆਰ ਕੀਤੀਆਂ ਵੱਖ-ਵੱਖ ਕਲਾਕ੍ਰਿਤੀਆਂ ਤੇ ਉਪਯੋਗੀ ਵਸਤੂਆਂ ਦੀ ਪ੍ਰਦਰਸ਼ਨੀ ਲਗਾਈ।ਤੀਜੇ ਹਿੱਸੇ ਵਿੱਚ ਵਿਦਿਆਰਥੀਆਂ ਤੇ ਆਏ ਹੋਏ ਮਹਿਮਾਨਾਂ ਦੇ ਮਨੋਰੰਜਨ ਲਈ ਵੱਖ-ਵੱਖ ਖੇਡਾਂ ਤੇ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ।

ਇਸ ਵਿੱਚ ਸੰਸਥਾ ਦੇ ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ?ਇਸ ਬਿਜ਼ ਫੈਸਟ ਦੀ ਇੱਕ ਮੁੱਖ ਵਿਸ਼ੇਸ਼ਤਾ ਇਹ ਰਹੀ ਕਿ ਵਿਦਿਆਰਥੀਆਂ ਨੂੰ ਉਤਪਾਦ ਬਣਾਉਣ ਤੋਂ ਲੈ ਕੇ ਉਸਦੀ ਵਿਕਰੀ ਤੱਕ ਦੀ ਪੂਰੀ ਪ੍ਰਕਿਰਿਆ ਨੂੰ ਖ਼ੁਦ ਅਨੁਭਵ ਕਰਨ ਦਾ ਮੌਕਾ ਮਿਲਿਆ। ?ਪ੍ਰਿੰਸੀਪਲ ਨੇ ਇਸ ਸਫ਼ਲ ਉਪਰਾਲੇ ਲਈ ਕਾਮਰਸ ਤੇ ਮੈਨੇਜਮੈਂਟ ਵਿਭਾਗ ਦੇ ਸਮੂਹ ਅਧਿਆਪਕਾਂ, ਕੋਆਰਡੀਨੇਟਰਾਂ, ਵਿਦਿਆਰਥੀਆਂ ਤੇ ਸਹਿਯੋਗੀ ਸਟਾਫ਼ ਨੂੰ ਵਧਾਈ ਦਿੱਤੀ।

## ਟੀ ਐੱਸ ਯੂ (ਸ਼ਹਿਰੀ) ਦੀ ਚੋਣ, ਸੁਰਜੀਤ ਕੁਮਾਰ ਪ੍ਰਧਾਨ ਚੁਣੇ



**ਸਮਰਾਲਾ (ਸੁਰਜੀਤ ਸਿੰਘ)**-ਟੈਕਨੀਕਲ ਸਰਵਿਸਿਜ਼ ਯੂਨੀਅਨ (ਭੰਗਲ) ਦੇ ਸੂਬਾ ਕਮੇਟੀ ਦੇ ਨੋਟੀਫਿਕੇਸ਼ਨ ਅਨੁਸਾਰ ਸ਼ਹਿਰੀ ਸਮਰਾਲਾ ਦਾ ਚੋਣ ਅਜਲਾਸ ਕੀਤਾ ਗਿਆ, ਜਿਸ ਵਿੱਚ ਮੰਡਲ ਕਮੇਟੀ ਸਮਰਾਲਾ ਦੀ ਨਿਗਰਾਨੀ ਹੇਠ ਪਿਛਲੀ ਸਬ ਡਵੀਜ਼ਨ ਕਮੇਟੀ ਭੰਗ ਕਰਕੇ ਸਰਬਸੰਮਤੀ ਨਾਲ ਨਵੀਂ ਕਮੇਟੀ ਚੁਣੀ ਗਈ।ਇਸ ਚੋਣ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਸੰਗਤ ਸਿੰਘ ਸੇਖੋਂ ਮੰਡਲ ਪ੍ਰਧਾਨ ਟੈਕਨੀਕਲ ਸਰਵਿਸਿਜ਼ ਯੂਨੀਅਨ (ਰਜਿ:) ਮੰਡਲ ਸਮਰਾਲਾ ਨੇ ਦੱਸਿਆ ਕਿ ਇਸ ਚੋਣ ਵਿੱਚ ਸੁਰਜੀਤ ਕੁਮਾਰ ਲਾਈਨਮੈਨ ਪ੍ਰਧਾਨ, ਗਗਨਪ੍ਰੀਤ ਸਿੰਘ ਸ. ਲ. ਮ. ਮੀਤ ਪ੍ਰਧਾਨ, ਲਖਵੀਰ ਸਿੰਘ ਸ. ਲ. ਮ. ਸਕੱਤਰ, ਹਰਵਿੰਦਰ ਸਿੰਘ ਸ. ਲ. ਮ. ਸਹਾਇਕ ਸਕੱਤਰ ਤੇ ਸਾਹਿਬ ਸਿੰਘ ਐੱਸ. ਐੱਸ. ਏ. ਖਜ਼ਾਨਚੀ ਚੁਣੇ ਗਏ।ਇਸ ਨਵੀਂ ਚੁਣੀ ਟੀਮ ਨੂੰ ਮੁਬਾਰਕਬਾਦ ਦਿੰਦੇ ਹੋਏ ਮੰਡਲ ਨਿਗਰਾਨ ਕਮੇਟੀ ਦੇ ਆਗੂਆਂ ਦਰਸ਼ਨ ਸਿੰਘ ਢੰਡਾ ਖਜ਼ਾਨਚੀ, ਗੁਰਸੇਵਕ ਸਿੰਘ ਸਹਾਇਕ ਸਕੱਤਰ ਤੇ ਸੰਗਤ ਸਿੰਘ ਸੇਖੋਂ ਪ੍ਰਧਾਨ ਨੇ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਨਵੀਂ ਚੁਣੀ ਟੀਮ ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਵੱਲੋਂ ਆਰੰਭੇ ਸੰਘਰਸ਼ ਵਿੱਚ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਸ਼ਮੂਲੀਅਤ ਕਰਕੇ ਜਥੇਬੰਦੀ ਦੀ ਮਜ਼ਬੂਤੀ ਲਈ ਕੰਮ ਕਰਨਗੇ।ਨਵੇਂ ਚੁਣੇ ਸ਼ਹਿਰੀ ਪ੍ਰਧਾਨ ਸੁਰਜੀਤ ਕੁਮਾਰ ਨੇ ਕਿਹਾ ਕਿ ਅਸੀਂ ਪੂਰੀ ਟੀਮ ਬਿਜਲੀ ਮੁਲਾਜਮਾਂ ਦੀਆਂ ਹੱਕੀ ਮੰਗਾਂ ਸਬੰਧੀ ਪੂਰੀ ਦ੍ਰਿੜ੍ਹਤਾ ਨਾਲ ਆਵਾਜ਼ ਬੁਲੰਦ ਕਰਕੇ ਆਪਣੀ ਹੱਕੀ ਮੰਗਾਂ ਦੇ ਸੰਘਰਸ਼ ਨੂੰ ਹਕੀਕੀ ਜਾਮਾ ਪਹਿਨਾਵਾਂਗੇ।

## ਸਹਿਜੋ ਮਾਜਰਾ ਵਿਖੇ ਬਾਬਾ ਸ਼ਾਹ ਸ਼ਰਫ਼ ਦਾ ਮੇਲਾ ਤੇ ਭੰਡਾਰਾ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਸਹਿਜੋ ਮਾਜਰਾ ਵਿਖੇ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲਾਕਾ ਨਿਵਾਸੀਆਂ ਤੇ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਬਾਬਾ ਸ਼ਾਹ ਸ਼ਰਫ਼ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਵੇਰ ਸਮੇਂ ਮੁੱਖ ਸੇਵਾਦਾਰ ਬਾਬਾ ਹਰਮੇਸ਼ ਸਿੰਘ ਦੀ ਅਗਵਾਈ ਹੇਠ ਪਿੰਡ ਵਾਸੀਆਂ ਨਾਲ ਮਿਲ ਕੇ ਮਜ਼ਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਉਪਰੰਤ ਲੰਗਰ ਦੀ ਸ਼ੁਰੂਆਤ ਕਰਵਾਈ। ਮੇਲੇ ਵਿੱਚ ਗਾਇਕ ਗੁਰਬਖ਼ਸ਼ ਸ਼ੌਂਕੀ ਨੇ 'ਸਾਨੂੰ ਕਿੰਨਾ ਤੂੰ ਪਿਆਰਾ ਸਾਡਾ ਰੱਬ ਜਾਣਦਾ', ਹਰਵਿੰਦਰ ਹੈਰੀ ਨੇ 'ਵਾਹ ਓ ਮੇਰਿਆ ਮੌਲਾ ਤੇਰੇ ਰੰਗ ਨਿਆਰੇ, ਇੱਕ ਨਖ਼ਰਿਆਂ ਦੇ ਨਾਲ ਖਾਂਦੇ ਇੱਕ ਭੁੱਖੇ ਸੌਣ ਵਿਚਾਰੇ' ਤੇ ਗਾਇਕ ਮੀਤ ਮਲਕੀਤ ਨੇ 'ਇੱਕ ਰੱਬ ਨਾ ਮਾਰੇ ਹੋਰ ਕਿਸੇ ਦੇ ਮਾਰਿਆਂ ਮਰਦੇ ਨੀਂ' ਗਾ ਕੇ ਰੰਗ ਬੰਨ੍ਹਿਆ। ਇਸ ਤੋਂ ਇਲਾਵਾ ਗਾਇਕ ਜੋੜੀ ਮਨਮੋਹਣ ਭੱਟੀ-ਸੀਮਾ ਭੱਟੀ, ਲਾਡੀ ਧਾਲੀਵਾਲ, ਐੱਮ. ਮੀਤ, ਰਣਵੀਰ ਰਾਹੀ, ਅਨਮੋਲ, ਜਰਨੈਲ ਧਾਲੀਵਾਲ, ਬਿੰਦਰ ਕੱਵਾਲ ਹੰਬੋਵਾਲ ਬੇਟ ਆਦਿ ਨੇ ਸੱਭਿਆਚਾਰਕ ਤੇ ਧਾਰਮਿਕ ਗੀਤਾਂ ਰਾਹੀਂ ਮੇਲੇ ਨੂੰ ਯਾਦਗਾਰੀ ਬਣਾਇਆ। ਮੇਲੇ ਵਿੱਚ ਪੁੱਜੇ ਕਲਾਕਾਰਾਂ ਤੇ ਦਾਨੀ ਸੱਜਣਾਂ ਨੂੰ ਮੁੱਖ ਸੇਵਾਦਾਰ ਬਾਬਾ ਹਰਮੇਸ਼ ਸਿੰਘ, ਪ੍ਰਹਿਲਾਦ ਸਿੰਘ, ਤਾਰਾ ਸਿੰਘ, ਕਰਮ ਸਿੰਘ, ਹਾਕਮ ਸਿੰਘ, ਪਾਲ ਸਿੰਘ, ਗੁਰਦੇਵ ਸਿੰਘ, ਪ੍ਰਹਿਲਾਦ ਸਿੱਧੂ, ਹਰਦੀਪ ਸਿੰਘ, ਰਣਜੀਤ ਸਿੰਘ, ਹਰਿੰਦਰ ਬੈਂਸ, ਸਤਨਾਮ ਸ਼ਿੰਟੂ, ਗੁਰਵੀਰ ਕੰਚਾ, ਹਜ਼ਾਰਾ ਸਿੰਘ, ਦਵਿੰਦਰ ਸਿੰਘ, ਗੁਰਪ੍ਰੀਤ ਸਿੰਘ ਨੇ ਸਨਮਾਨਤ ਕੀਤਾ।

## ਗੁਰੂ ਨਾਨਕ ਪਵਿੱਤਰ ਜੰਗਲ 'ਚ ਸ਼ਾਮਲ ਕੀਤੇ ਗਏ 1100 ਵਿਰਾਸਤੀ ਬੂਟੇ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਈਕੋ ਸਿੱਖ ਚੈਰੀਟੇਬਲ ਆਰਗਨਾਈਜੇਸ਼ਨ ਦੇ ਸਹਿਯੋਗ ਨਾਲ ਗੁਰੂ ਨਾਨਕ ਪਵਿੱਤਰ ਜੰਗਲ ਵਿੱਚ 1100 ਵਿਰਾਸਤੀ ਬੂਟੇ ਸ਼ਾਮਲ ਕੀਤੇ ਗਏ।ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਰੁੱਖਾਂ ਹੇਠਲਾ ਰਕਬਾ ਲਗਭਗ ਤਿੰਨ ਫੀਸਦੀ ਰਹਿ ਗਿਆ ਹੈ, ਜੋ ਚਿੰਤਾਜਨਕ ਸਥਿਤੀ ਹੈ।ਉਨ੍ਹਾਂ ਕਿਹਾ ਕਿ ਵਿਰਾਸਤੀ ਜੰਗਲ ਪੰਜਾਬ ਦੇ ਕੁਦਰਤੀ ਵਾਤਾਵਰਨ ਤੇ ਅਸਲ ਜਨ-ਜੀਵਨ ਦੀ ਸੰਭਾਲ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।ਡਿਪਟੀ ਕਮਿਸ਼ਨਰ ਸੋਨਾ ਥਿੰਦ ਨੇ ਯੂਨੀਵਰਸਿਟੀ ਤੇ ਈਕੋ ਸਿੱਖ ਵੱਲੋਂ ਵਾਤਾਵਰਨ ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਜਤਿੰਦਰ ਚੀਮਾ ਨੇ ਮਾਇਕ ਸਹਿਯੋਗ ਦਿੰਦਿਆਂ ਵਿਦਿਆਰਥੀਆਂ ਨੂੰ ਰੁੱਖਾਂ ਤੇ ਜੰਗਲਾਂ ਦੀ ਮਹੱਤਤਾ ਪ੍ਰਤੀ ਜਾਗਰੂਕ ਕੀਤਾ।ਈਕੋ ਸਿੱਖ ਚੈਰੀਟੇਬਲ ਸੁਸਾਇਟੀ ਦੀ ਚੇਅਰਮੈਨ ਡਾ. ਸੁਪ੍ਰੀਤ ਕੌਰ ਨੇ ਵਿਰਾਸਤੀ ਰੁੱਖਾਂ ਦੇ ਗੁਣਾਂ ਤੇ ਸਿਹਤ ਸਬੰਧੀ ਲਾਹੇਵੰਦ ਵਰਤੋਂ ਬਾਰੇ ਜਾਣਕਾਰੀ ਦਿੱਤੀ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਕੁਦਰਤ ਨਾਲ ਸਨੇਹ ਤੇ ਸਤਿਕਾਰ ਦਾ ਰਿਸ਼ਤਾ ਸਿਖਾਉਂਦੀ ਹੈ ਅਤੇ ਕੁਦਰਤ ਦੀ ਸੰਭਾਲ ਇਸੇ ਭਾਵਨਾ ਦੇ ਅਨੁਸਾਰ ਹੈ।ਇਸ ਮੌਕੇ ਰਜਿਸਟਰਾਰ ਪ੍ਰੋ. ਤੇਜਬੀਰ ਸਿੰਘ, ਡਾਇਰੈਕਟਰ ਆਈ.ਕਿਊ.ਏ.ਸੀ. ਡਾ. ਅੰਕਦੀਪ ਕੌਰ ਅਟਵਾਲ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡੀਨ ਫੈਕਲਟੀ ਆਫ਼ ਐਜੂਕੇਸ਼ਨ ਡਾ. ਹਰਨੀਤ ਬਿਲਿੰਗ ਸਮੇਤ ਯੂਨੀਵਰਸਿਟੀ ਦੇ ਅਧਿਕਾਰੀ, ਵਿਭਾਗ ਮੁਖੀ, ਈਕੋ ਸਿੱਖ ਦੇ ਨੁਮਾਇੰਦੇ ਤੇ ਵਿਦਿਆਰਥੀ ਹਾਜ਼ਰ ਸਨ।ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਦੇ ਕਨਵੀਨਰ ਪ੍ਰੋ. ਹਰਦੇਵ ਸਿੰਘ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ।

## ਟਿੱਲਾ ਬਾਬਾ ਫ਼ਰੀਦ ਜੀ ਵਿਖੇ ਭਾਜਪਾ ਆਗੂਆਂ ਟੇਕਿਆ ਮੱਥਾ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸੂਫ਼ੀ ਸੰਤ ਬਾਬਾ ਸ਼ੇਖ ਫ਼ਰੀਦ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਧਰਤੀ ਫ਼ਰੀਦਕੋਟ ਵਿਖੇ ਸਥਿਤ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਆਗੂ ਹੌਬੀ ਧਾਲੀਵਾਲ, ਫਤਿਹਜੰਗ ਸਿੰਘ ਬਾਜਵਾ ਅਤੇ ਭਾਜਪਾ ਦੇ ਫ਼ਰੀਦਕੋਟ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਬਰਾੜ ਨਤਮਸਤਕ ਹੋਏ। ਉਨ੍ਹਾਂ ਇੱਥੇ ਸਰਬੱਤ ਦੇ ਭਲੇ ਲਈ ਅਰਦਾਸ ਕਰਦਿਆਂ ਬਾਬਾ ਫ਼ਰੀਦ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਭਾਜਪਾ ਆਗੂਆਂ ਨੂੰ ਬਾਬਾ ਫ਼ਰੀਦ ਜੀ ਦੀਆਂ ਸਿੱਖਿਆਵਾਂ ਅਤੇ ਸੰਸਥਾਵਾਂ ਵੱਲੋਂ ਕੀਤੇ ਜਾ ਰਹੇ ਧਾਰਮਿਕ, ਵਿੱਦਿਅਕ ਤੇ ਸਮਾਜ-ਸੇਵੀ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਇਸ ਦੌਰਾਨ ਟਿੱਲਾ ਬਾਬਾ ਫ਼ਰੀਦ ਜੀ ਦੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਸੰਸਥਾਪਕ ਸਵ. ਇੰਦਰਜੀਤ ਸਿੰਘ ਖ਼ਾਲਸਾ ਵੱਲੋਂ ਬਾਬਾ ਫ਼ਰੀਦ ਜੀ ਅਤੇ ਫ਼ਰੀਦਕੋਟ ਦੇ ਇਤਿਹਾਸ ਸੰਬੰਧੀ ਲਿਖੀਆਂ ਗਈਆਂ ਪੁਸਤਕਾਂ ਵੀ ਭੇਟ ਕੀਤੀਆਂ ਗਈਆਂ।ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਮੈਂਬਰ ਚਰਨਜੀਤ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਦੀਪਿੰਦਰ ਸਿੰਘ ਸੇਖੋਂ, ਗੁਰਜਾਪ ਸਿੰਘ ਸੇਖੋਂ, ਡਾ. ਗੁਰਿੰਦਰ ਮੋਹਨ ਸਿੰਘ, ਕੁਲਜੀਤ ਸਿੰਘ ਮੌਂਗੀਆ ਅਤੇ ਨਰਿੰਦਰਪਾਲ ਸਿੰਘ ਬਰਾੜ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## 'ਆਪ' ਵਿਰੁੱਧ ਪ੍ਰਚਾਰ ਵਿਰੋਧੀਆਂ ਦੀ ਬੌਖਲਾਹਟ ਦਾ ਨਤੀਜਾ : ਡਾ. ਗੁਰਪ੍ਰੀਤ ਕੌਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮਪਤਨੀ ਡਾ. ਗੁਰਪ੍ਰੀਤ ਕੌਰ ਨੇ ਧੂਰੀ ਵਿਖੇ ਆਯੋਜਿਤ ਵਿਸ਼ੇਸ਼ 'ਸਖੀ ਮਿਲਣੀ' ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਵੇਰਵਾ ਦਿੱਤਾ ਤੇ ਵਿਰੋਧੀ ਧਿਰਾਂ ਵੱਲੋਂ ਕੀਤੇ ਜਾ ਰਹੇ ਕੂੜ-ਪ੍ਰਚਾਰ 'ਤੇ ਤਿੱਖੇ ਸ਼ਬਦੀ ਵਾਰ ਕੀਤੇ।ਡਾ. ਗੁਰਪ੍ਰੀਤ ਕੌਰ ਨੇ ਦ੍ਰਿੜ੍ਹਤਾ ਨਾਲ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਸਨ, ਉਹ ਸਭ ਇੱਕ-ਇੱਕ ਕਰਕੇ ਇੰਨ-ਬਿੰਨ ਪੂਰੇ ਕਰ ਦਿੱਤੇ ਗਏ ਹਨ।ਉਨ੍ਹਾਂ ਦਾਅਵਾ ਕੀਤਾ ਕਿ ਅਜਿਹਾ ਕੋਈ ਵੀ ਵਾਅਦਾ ਬਾਕੀ ਨਹੀਂ ਬਚਿਆ, ਜਿਸ ਨੂੰ ਸਰਕਾਰ ਨੇ ਅਮਲੀ ਜਾਮਾ ਨਾ ਪਹਿਨਾਇਆ ਹੋਵੇ।ਸਰਕਾਰ ਦੀਆਂ ਜਨ-ਕਲਿਆਣਕਾਰੀ ਨੀਤੀਆਂ ਨਾਲ ਅੱਜ ਪੰਜਾਬ ਦਾ ਹਰ ਵਰਗ ਖੁਸ਼ਹਾਲੀ ਵੱਲ ਵਧ ਰਿਹਾ ਹੈ।ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਵੱਲੋਂ 'ਆਪ' ਦੀ ਕੋ-ਇੰਚਾਰਜ ਗਾਇਤਰੀ ਬਿਸ਼ਨੋਈ ਬਾਰੇ ਕੀਤੀ ਗਈ ਟਿੱਪਣੀ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਡਾ. ਗੁਰਪ੍ਰੀਤ ਕੌਰ ਨੇ ਇਸ ਦੀ ਨਿੰਦਾ ਕਰਦਿਆਂ ਕਿਹਾ ਕਿ ਮਾਵਾਂ-ਧੀਆਂ ਸਭ ਦੀਆਂ ਸਾਂਝੀਆਂ ਹੁੰਦੀਆਂ ਹਨ ਤੇ ਔਰਤ ਜਾਤ ਦਾ ਸਤਿਕਾਰ ਕਰਨਾ ਹਰ ਇਨਸਾਨ ਦਾ ਬੁਨਿਆਦੀ ਫ਼ਰਜ਼ ਹੈ।ਮਹਿਲਾਵਾਂ ਬਾਰੇ ਅਜਿਹੀ ਹਲਕੀ ਸ਼ਬਦਾਵਲੀ ਵਰਤਣ ਦੀ ਚੱਲੀ ਇਹ ਮਾੜੀ ਰੀਤ ਬੇਹੱਦ ਨਿੰਦਣਯੋਗ ਹੈ, ਜੋ ਵਿਰੋਧੀਆਂ ਦੀ ਗਿਰਾਵਟ ਵਾਲੀ ਮਾਨਸਿਕਤਾ ਨੂੰ ਦਰਸਾਉਂਦੀ ਹੈ।ਵਿਰੋਧੀ ਧਿਰਾਂ ਵੱਲੋਂ ਸਰਕਾਰ ਵਿਰੁੱਧ ਚਲਾਏ ਜਾ ਰਹੇ ਮੁਹਿੰਮ ਬਾਰੇ ਗੱਲ ਕਰਦਿਆਂ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਵਿਰੋਧੀਆਂ ਕੋਲ ਅੱਜ ਕੋਈ ਈਮਾਨਦਾਰਾਨਾ ਮੁੱਦਾ ਜਾਂ ਵਿਕਾਸ ਦਾ ਏਜੰਡਾ ਨਹੀਂ ਬਚਿਆ।ਉਨ੍ਹਾਂ ਦੀ ਬੌਖਲਾਹਟ ਤੇ ਵਰਤੀ ਜਾ ਰਹੀ ਸ਼ਬਦਾਵਲੀ ਤੋਂ ਸਪੱਸ਼ਟ ਝਲਕਦਾ ਹੈ ਕਿ ਉਹ ਆਪਣੀ ਹਾਰ ਦੇਖ ਕੇ ਡਰ ਚੁੱਕੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੀ ਜਨਤਾ ਸਰਕਾਰ ਦੇ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ ਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਵਿਸ਼ਾਲ ਬਹੁਮਤ ਨਾਲ ਮੁੜ ਆਪਣੀ ਸਰਕਾਰ ਬਣਾਏਗੀ।

## ਸਿਵਲ ਹਸਪਤਾਲ ਵਿਖੇ ਕੌਮਾਂਤਰੀ ਫਾਰਮਾਸਿਸਟ ਦਿਵਸ ਮਨਾਇਆ



**ਨਾਭਾ (ਅਮਨ ਗਰਗ)**-ਸਿਵਲ ਹਸਪਤਾਲ ਨਾਭਾ ਵਿਖੇ ਫਾਰਮੇਸੀ ਆਫਿਸਰਜ਼ ਐਸੋਸੀਏਸ਼ਨ ਵੱਲੋਂ ਕੌਮਾਂਤਰੀ ਫਾਰਮਾਸਿਸਟ ਦਿਵਸ ਮਨਾਇਆ ਗਿਆ।

## ਝੂਠੇ ਵੀਜ਼ੇ ਤੇ ਨਕਲੀ ਆਫਰ ਲੈਟਰ ਦੇਣ ਵਾਲਿਆਂ ਦੀ ਦਿਓ ਜਾਣਕਾਰੀ : ਸ਼ੰਟੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਰਾਜ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ...

## ਸੜਕ ਹਾਦਸੇ ਦੇ ਪੀੜਤਾਂ ਦੀ ਮਦਦ ਕਰਨ ਵਾਲਿਆਂ ਨੂੰ ਮਿਲੇਗੀ ਪ੍ਰੋਤਸਾਹਨ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਪੰਜਾਬ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਨੂੰ ਸਮੇਂ ਸਿਰ ਸਹਾਇਤਾ ਮੁਹੱਈਆ ਕਰਵਾਉਣ ਦੇ ਮਕਸਦ ਨਾਲ 'ਰਾਹਵੀਰ' ਸਕੀਮ ਸਬੰਧੀ...

## ਫਸਲ 'ਤੇ ਕੱਟ ਲਗਾਉਣ ਵਾਲੇ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਖ਼ਿਲਾਫ਼ ਹੋਵੇਗੀ ਕਾਰਵਾਈ : ਮੋਹਿਤ ਕੁੰਦਰਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਮਾਰਕੀਟ ਕਮੇਟੀ ਦਫ਼ਤਰ ਵਿਖੇ ਹੋਈ...

ਆੜ੍ਹਤੀ ਐਸੋਸੀਏਸ਼ਨ ਦੀ ਮੀਟਿੰਗ 'ਚ ਝੋਨੇ ਦੇ ਸੀਜ਼ਨ ਸੰਬੰਧੀ ਅਹਿਮ ਫੈਸਲਾ



## ਤਰਕਸ਼ੀਲ ਸੁਸਾਇਟੀ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਵਿਚਾਰ ਚਰਚਾ



ਸੰਗਰੂਰ (ਪ੍ਰਵੀਨ ਸਿੰਘ)- ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਤਰਕਸ਼ੀਲ ਸੁਸਾਇਟੀ ਪੰਜਾਬ (ਇਕਾਈ ਸੰਗਰੂਰ) ਵੱਲੋਂ ਇੱਕ ਵਿਸ਼ੇਸ਼ ਵਿਚਾਰ ਚਰਚਾ ਦਾ ਆਯੋਜਨ ਸਥਾਨਕ ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਡੀ.ਸੀ. ਕੰਪਲੈਕਸ ਵਿਖੇ ਕੀਤਾ ਗਿਆ। ਇਸ ਵਿਚਾਰ ਚਰਚਾ ਦਾ ਵਿਸ਼ਾ ਵਾਸਤੂ ਸ਼ਾਸਤਰ, ਜੋਤਿਸ਼, ਹਸਤ ਰੇਖਾ, ਰਾਸ਼ੀਫਲ ਅਤੇ ਮੰਗਲੀਕ ਦੋਸ਼ ਬਾਰੇ ਅੰਧਵਿਸ਼ਵਾਸ, ਵਹਿਮ ਭਰਮ ਤੇ ਰੂੜ੍ਹੀਵਾਦੀ ਵਿਚਾਰ ਸਨ ਤੇ ਇਨ੍ਹਾਂ ਬਾਰੇ ਵਿਚਾਰ ਤੇ ਸਵਾਲ ਜਵਾਬ ਸੈਸ਼ਨ ਸੀ। ਸਭ ਤੋਂ ਪਹਿਲਾਂ ਤਰਕਸ਼ੀਲ ਆਗੂ ਸੀਤਾ ਰਾਮ ਬਾਲਦ ਕਲਾਂ ਨੇ ਹਾਜ਼ਰੀਨ ਨੂੰ ਜੀ ਆਇਆਂ ਕਿਹਾ ਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਲੇਖਿਕਾ ਸਤੀਸ਼ਾਂ ਨੂੰ ਵੰਡੇ। ਬਾਅਦ 'ਚ ਮੁੱਖ ਬੁਲਾਰੇ ਤਰਕਸ਼ੀਲ ਆਗੂ ਮਾਸਟਰ ਸੁਰਜੀਤ ਸਿੰਘ ਦੌਧਰ ਨੇ ਕਿਹਾ ਕਿ ਵਾਸਤੂ ਸ਼ਾਸਤਰ, ਜੋਤਿਸ਼, ਗ੍ਰਹਿ ਚਾਲ, ਤਾਰੇ, ਰਾਸ਼ੀਆਂ ਦਾ ਮਨੁੱਖੀ ਜੀਵਨ, ਵਿਆਹ-ਸ਼ਾਦੀ, ਨੌਕਰੀ ਜਾਂ ਕਾਰੋਬਾਰ ਨਾਲ ਕੋਈ ਵਿਗਿਆਨਕ ਸੰਬੰਧ ਨਹੀਂ ਹੈ। ਵਾਸਤੂ, ਹਸਤ ਰੇਖਾ ਅਤੇ ਮੰਗਲੀਕ ਦੋਸ਼ ਦੇ ਨਾਂ 'ਤੇ ਲੋਕਾਂ ਨੂੰ ਡਰਾ ਕੇ ਲੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਭ ਅੰਧਵਿਸ਼ਵਾਸ ਹਨ ਮਨੁੱਖ ਨੂੰ ਡਰਪੋਕ ਅਤੇ ਲਾਚਾਰ ਬਣਾਉਂਦੇ ਹਨ। ਇਸ ਮੌਕੇ ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਖੁਦ 'ਮੈਂ ਨਾਸਤਿਕ ਕਿਉਂ ਹਾਂ' ਲਿਖ ਕੇ ਵਿਗਿਆਨਕ ਸੋਚ ਦੀ ਗੱਲ ਕੀਤੀ ਸੀ। ਸਵਾਲ ਜਵਾਬ ਸੈਸ਼ਨ ਵਿੱਚ ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਜਗਜੀਤ ਭੁਟਾਲ, ਲੇਖਕ ਚਰਨਜੀਤ ਸਿੰਘ ਮੀਮਸਾ, ਪੈਨਸ਼ਨਰਜ਼ ਵੱਲੋਂ ਬੀ ਐਸ ਸੋਢੀ, ਜੇ ਸਿੰਘ, ਚੰਨੋ ਇਕਾਈ ਤੋਂ ਤਰਸੇਮ ਸਿੰਘ, ਸੁਖਪਾਲ ਸਿੰਘ, ਚਰਨਜੀਤ ਪਟਵਾਰੀ, ਜਸਪਾਲ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼, ਅਧਿਆਪਕ, ਨੌਜਵਾਨ ਅਤੇ ਔਰਤਾਂ ਨੇ ਭਾਗ ਲਿਆ। ਅੰਤ ਵਿੱਚ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੀਤਾ ਰਾਮ, ਗੁਰਦੀਪ ਸਿੰਘ ਲਹਿਰਾ, ਪ੍ਰਗਟ ਸਿੰਘ, ਗੋਪਾਲ, ਦਰਸ਼ਨ ਕੌਰ ਬਲਰਾਜ ਲਹਿਰਾ, ਲਛਮਣ ਸਿੰਘ, ਵਰਿੰਦਰ ਕੁਮਾਰ, ਪਰਮਜੀਤ ਕੌਰ, ਇਕਬਾਲ ਕੌਰ, ਸੁਨੀਤਾ ਰਾਣੀ, ਸੀਤਾ ਦੇਵੀ, ਪਰਮਿੰਦਰ ਸਿੰਘ, ਰਾਮਸਰੂਪ, ਰਮੇਸ਼ ਭਵਾਨੀਗੜ੍ਹ ਸੁਖਦੇਵ ਸਿੰਘ ਕਿਸ਼ਨਗੜ੍ਹ, ਅਮਰੀਕ ਸਿੰਘ ਖੋਖਰ, ਸੁਖਵਿੰਦਰ ਸਿੰਘ, ਪ੍ਰਹਲਾਦ ਸਿੰਘ, ਹੇਮਰਾਜ ਸਮੇਤ ਸਾਰੇ ਤਰਕਸ਼ੀਲ ਮੈਂਬਰਾਂ ਨੇ ਆਏ ਹੋਏ ਸਾਰੇ ਦਰਸ਼ਕਾਂ ਅਤੇ ਮਾਸਟਰ ਸੁਰਜੀਤ ਸਿੰਘ ਦੌਧਰ ਦਾ ਧੰਨਵਾਦ ਕੀਤਾ। ਮਾਸਟਰ ਦੌਧਰ ਨੂੰ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਤ ਵੀ ਕੀਤਾ ਗਿਆ।

## ਬੰਦੀ ਸਿੰਘਾਂ ਦੀ ਰਿਹਾਈ ਲਈ ਸਰਕਾਰਾਂ ਠੋਸ ਕਦਮ ਚੁੱਕਣ : ਧੂੜਕੋਟ



ਨਿਹਾਲ ਸਿੰਘ ਵਾਲਾ (ਲ ਵ ਲ ਈ ਕੁਮਾਰ)-ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ 'ਤੇ ਸਰਕਾਰਾਂ ਨੂੰ ਠੋਸ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਦਾ ਮਸਲਾ ਸਿੱਖ ਭਾਈਚਾਰੇ ਨਾਲ ਸੰਬੰਧਤ ਇੱਕ ਅਹਿਮ ਮਾਮਲਾ ਹੈ, ਜਿਸ ਵੱਲ ਸਰਕਾਰਾਂ ਨੂੰ ਗੰਭੀਰਤਾ ਨਾਲ ਧਿਆਨ ਦੇਣਾ ਚਾਹੀਦਾ ਹੈ। ਧੂੜਕੋਟ ਨੇ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਲਈ ਸਰਕਾਰਾਂ ਵੱਲੋਂ ਕਾਨੂੰਨੀ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਲੋੜੀਂਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਮਸਲੇ ਦੇ ਹੱਲ ਲਈ ਸਰਕਾਰਾਂ ਨੂੰ ਸੰਬੰਧਤ ਧਿਰਾਂ ਨਾਲ ਵਿਚਾਰ-ਵਟਾਂਦਰਾ ਕਰਕੇ ਠੋਸ ਕਦਮ ਚੁੱਕਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਸ਼ੇਰੇ ਪੰਜਾਬ ਯੂਨੀਅਨ ਵੱਲੋਂ ਆਪਣੀ ਆਵਾਜ਼ ਲੋਕਤੰਤਰੀ ਢੰਗ ਨਾਲ ਉਠਾਈ ਜਾਂਦੀ ਰਹੇਗੀ। ਇਸ ਮੌਕੇ ਉਨ੍ਹਾਂ ਨਾਲ ਸ਼ੇਰੇ ਏ ਪੰਜਾਬ ਯੂਨੀਅਨ ਦੇ ਕਿਸਾਨ ਆਗੂ, ਜਗਦੀਸ਼ ਸਿੰਘ ਦੀਸ਼ਾ, ਕੈਪਟਨ ਜਗਦੇਵ ਸਿੰਘ ਖੋਸਾ, ਸੁਖਚੈਨ ਸਿੰਘ ਸੋਨੀ ਜਨਰਲ ਸਕੱਤਰ ਗੁਰਜੰਟ ਸਿੰਘ ਖੋਸਾ, ਕੁਲਵੰਤ ਸਿੰਘ ਖੋਸਾ ਇਕਾਈ ਪ੍ਰਧਾਨ, ਗੁਰਬਚਨ ਸਿੰਘ ਖੋਸਾ, ਅਵਤਾਰ ਸਿੰਘ ਧੂੜਕੋਟ ਰਣਸੀਂਹ ਜਨਰਲ ਸਕੱਤਰ ਬਲਾਕ ਨਿਹਾਲ ਸਿੰਘ ਵਾਲਾ, ਸੁਰਜੀਤ ਸਿੰਘ ਧੂੜਕੋਟ ਰਣਸੀਂਹ ਸਹਾਇਕ ਸਕੱਤਰ, ਰੇਸ਼ਮ ਸਿੰਘ ਧੂੜਕੋਟ ਜ਼ਿਲ੍ਹਾ ਆਗੂ, ਕਰਨੈਲ ਸਿੰਘ ਜ਼ਿਲ੍ਹਾ ਆਗੂ, ਜਗਸੀਰ ਸਿੰਘ ਮੈਂਬਰ,ਹਰਦੀਪ ਸਿੰਘ ਹੈਪੀ ਮੈਂਬਰ ਧੂੜਕੋਟ ਰਣਸੀਹ, ਹਰਜਿੰਦਰ ਸਿੰਘ ਮੁੱਖ ਬੁਲਾਰਾ ਮੋਗਾ, ਆਤੂ ਸਿੰਘ ਧੂੜਕੋਟ ਰਣਸੀਹ ਇਕਾਈ ਮੀਤ ਪ੍ਰਧਾਨ, ਇਕਬਾਲ ਸਿੰਘ ਰਣਸੀਂਹ ਖੁਰਦ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ ਕਿਸਾਨ ਜਥੇਬੰਦੀ ਦੇ ਆਗੂ ਹਾਜ਼ਰ ਸਨ।

## ਫੂਡ ਏਜੰਸੀਆਂ 'ਚੋਂ ਠੇਕੇਦਾਰੀ ਖਤਮ ਕਰਕੇ ਮਜ਼ਦੂਰਾਂ ਨੂੰ ਸਿੱਧਾ ਭੁਗਤਾਨ ਕੀਤਾ ਜਾਵੇ : ਖੁਸ਼ੀ ਮੁਹੰਮਦ



ਮੱਖੂ, (ਰਛਪਾਲ ਸਿੰਘ ਸੰਧੂ)- ਫੂਡ ਗਰੇਨ ਐਂਡ ਅਲਾਈਡ ਵਰਕਰ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ ਕਿੰਗਜ਼ ਵਿਲਾ ਮੱਖੂ ਵਿਖੇ ਕੀਤੀ ਗਈ। ਜਿਸ ਵਿੱਚ ਪੰਜਾਬ ਭਰ ਤੋਂ ਯੂਨੀਅਨ ਦੇ ਆਗੂਆਂ ਨੇ ਭਾਗ ਲਿਆ। ਇਸ ਮੀਟਿੰਗ ਵਿੱਚ ਯੂਨੀਅਨ ਦੇ ਜਨਰਲ ਸਕੱਤਰ ਜਨਾਬ ਖੁਸ਼ੀ ਮੁਹੰਮਦ, ਪ੍ਰਧਾਨ ਅਵਤਾਰ ਸਿੰਘ ਬਿੱਲਾ, ਸ਼ਮਸ਼ੇਰ ਸਿੰਘ ਕੋਟਕਪੂਰਾ, ਗੁਰਬਖਸ਼ ਸਿੰਘ ਬੱਧਨੀ ਕਲਾਂ, ਰਵੀ ਮੁਹੰਮਦ, ਬਲਵੀਰ ਸਿੰਘ ਲਹਿਰਾ, ਅਨਵਰ ਮਸੀਹ ਪ੍ਰਧਾਨ ਮੱਖੂ ਪਹੁੰਚੇ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਉੱਘੇ ਸਮਾਜ ਸੇਵਕ ਕਰਨ ਗਲੋਤਰਾ ਨੇ ਭਾਗ ਲਿਆ। ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਫੂਡ ਏਜੰਸੀਆਂ ਜਿਵੇਂ ਕਿ ਮਾਰਕਫੈਡ, ਪੰਜਾਬ ਸਟੇਟ ਵੇਅਰ ਹਾਊਸ, ਪਨਸਪ, ਪਨਗਰੇਨ 'ਚ ਕੰਮ ਕਰਦੇ ਮਜ਼ਦੂਰਾਂ ਨੂੰ ਵੀ ਠੇਕੇਦਾਰੀ ਪ੍ਰਥਾ ਤੋਂ ਨਿਜਾਤ ਦਿਵਾਈ ਜਾਵੇ ਅਤੇ ਇਨ੍ਹਾਂ ਦਾ ਬਣਦਾ ਭਗਤਾਨ ਪੱਲੇਦਾਰ ਮਜ਼ਦੂਰਾਂ ਨੂੰ ਸਿੱਧਾ ਦਿੱਤਾ ਜਾਵੇ। ਠੇਕੇਦਾਰਾਂ ਵੱਲੋਂ ਪੂਰੇ ਪੰਜਾਬ ਵਿੱਚ ਗਰੀਬ ਪੱਲੇਦਾਰ ਮਜਦੂਰਾਂ ਦਾ ਲੰਮੇ ਸਮੇਂ ਤੋਂ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਬਹੁਤ ਘੱਟ ਮਜ਼ਦੂਰੀ ਦੇ ਕੇ ਇਨ੍ਹਾਂ ਤੋਂ ਕੰਮ ਕਰਾਇਆ ਜਾ ਰਿਹਾ ਹੈ। ਇਨ੍ਹਾਂ ਪੱਲੇਦਾਰ ਮਜ਼ਦੂਰਾਂ ਦਾ ਨਾ ਹੀ ਬਣਦਾ ਪਰਾਵੀਡੈਂਟ ਫੰਡ ਐਕਟ 1952 ਅਤੇ ਈ ਐਸ ਆਈ ਜਮ੍ਹਾ ਕਰਵਾਇਆ ਜਾ ਰਿਹਾ ਅਤੇ ਨਾ ਹੀ ਸਮੇਂ ਸਿਰ ਮਜ਼ਦੂਰੀ ਦਾ ਭੁਗਤਾਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਗਰੀਬ ਪੱਲੇਦਾਰ ਮਜ਼ਦੂਰ ਜਮਾਤ ਨੂੰ ਬਚਾਉਣ ਅਤੇ ਪੰਜਾਬ ਦੀ ਖੁਸ਼ਹਾਲੀ ਬਰਕਰਾਰ ਰੱਖਣ ਲਈ ਪੰਜਾਬ ਦੀਆਂ ਫੂਡ ਏਜੰਸੀਆਂ 'ਚੋਂ ਠੇਕੇਦਾਰੀ ਖਤਮ ਕਰਕੇ ਪੱਲੇਦਾਰ, ਮਜ਼ਦੂਰਾਂ ਨੂੰ ਸਿੱਧਾ ਭੁਗਤਾਨ ਕੀਤਾ ਜਾਵੇ, ਹਰ ਸਾਲ ਮਹਿੰਗਾਈ ਦੇ ਹਿਸਾਬ ਨਾਲ ਬੋਨਸ ਰੇਟਾਂ ਵਿੱਚ ਵਾਧਾ ਕੀਤਾ ਜਾਵੇ। ਫੂਡ ਗਰੇਨ ਐਂਡ ਅਲਾਈਡ ਵਰਕਰਜ਼ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਅਗਰ ਪੱਲੇਦਾਰ ਮਜ਼ਦੂਰਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਯੂਨੀਅਨ ਵੱਲੋਂ ਸਮਾਜ ਸੇਵਕ ਕਰਨ ਗਿਲਹੋਤਰਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੀਟਿੰਗ ਵਿੱਚ ਟੋਲੀ ਆਗੂ ਬਿੱਕਰ ਧਨੌਲਾ, ਬਲਵਿੰਦਰ ਸ਼ਾਹਕੋਟ, ਪਰਮਿੰਦਰ ਨਕੋਦਰ, ਸਰਬਜੀਤ ਸਿੰਘ ਰਾਏਕੋਟ, ਜਗਤਾਰ ਸਿੰਘ ਮਲੋਟ, ਨਰਿੰਦਰ ਸਿੰਘ ਫਤਿਹਗੜ੍ਹ ਚੂੜੀਆਂ, ਮਲਕੀਤ ਸਿੰਘ ਦੁਰਾਹਾ, ਮੇਵਾ ਸਿੰਘ ਸਮਰਾਲਾ, ਗੁਰਮੇਲ ਸਿੰਘ ਕੋਟਕਪੂਰਾ, ਦੇਸਾ ਸਿੰਘ ਮੁਕਤਸਰ, ਅਮ੍ਰਿਤਪਾਲ ਸਿੰਘ ਨਿਹਾਲ ਸਿੰਘ ਵਾਲਾ, ਜਗਤਾਰ ਮਸੀਹ, ਸੁੱਖਾ ਮਸੀਹ ਬਹਿਕਾ, ਜਸਪਾਲ ਤਲਵੰਡੀ, ਬੂਟਾ ਮਸੀਹ, ਜਸਪਾਲ ਤੋਤੇ ਵਾਲਾ, ਪ੍ਰਗਟ ਸਿੰਘ ਪਿੰਕਾ, ਸੁਨੀਲ ਸਰਪੰਚ, ਪੂਰਨ ਮਸੀਹ, ਪਤਰਸ ਮਸੀਹ ਆਦਿ ਹਾਜ਼ਰ ਸਨ।

## ਕਿਸਾਨ ਮਜ਼ਦੂਰ ਜਥੇਬੰਦੀ ਜ਼ੋਨ ਮੱਖੂ ਦੀਆਂ ਇਕਾਈਆਂ ਦੀ ਮੀਟਿੰਗ



ਮੱਖੂ, (ਰਛਪਾਲ ਸਿੰਘ ਸੰਧੂ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਮੱਖੂ ਦੀਆਂ ਇਕਾਈਆਂ ਦੇ ਆਗੂਆਂ ਦੀ ਮੀਟਿੰਗ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ, ਮਾਤਾ ਗੁਜਰ ਕੌਰ ਦੇ ਅਸਥਾਨ ਰੇਲਵੇ ਰੋਡ ਮੱਖੂ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਕਿਹਾ ਕਿ ਸਾਰੀਆਂ ਹੀ ਇਕਾਈ ਦੇ ਆਗੂ ਜਥੇਬੰਦੀ ਦੇ ਸੰਵਿਧਾਨ ਅਨੁਸਾਰ ਹਰੇਕ ਪਿੰਡ ਵਿੱਚ 15 ਦਿਨਾਂ ਵਾਲੀ ਮੀਟਿੰਗ ਜ਼ਰੂਰੀ ਕਰਨ ਤੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਕੇ ਹੋਰ ਨਵੀਆਂ ਇਕਾਈਆਂ ਦਾ ਗਠਨ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ ਹੋ ਚੁੱਕੀ ਹੈ, ਝੋਨੇ ਦੀ ਫ਼ਸਲ ਦੀ ਵੱਡੇ ਪੱਧਰ 'ਤੇ ਮੰਡੀਆਂ ਵਿੱਚ ਲੁੱਟ ਹੋ ਰਹੀ ਹੈ, ਡੀ ਏ ਪੀ ਤੇ ਯੂਰੀਆ ਖਾਦ ਦੀ ਥੁੜ ਦੁਕਾਨਦਾਰਾਂ ਵੱਲੋਂ ਜਾਣਬੁੱਝ ਕੇ ਪੈਦਾ ਕਰਕੇ ਮਹਿੰਗੇ ਭਾਅ ਨਾਲ ਬੇਲੋੜੀਆਂ ਚੀਜ਼ਾਂ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਨਸ਼ਿਆਂ ਨਾਲ ਹਰ ਰੋਜ਼ ਮੌਤਾਂ ਹੋ ਰਹੀਆਂ ਹਨ ਤੇ ਨਸ਼ੇ ਦੇ ਸੌਦਾਗਰਾਂ ਨੂੰ ਕੋਈ ਵੀ ਕਾਨੂੰਨ ਦਾ ਡਰ ਨਹੀਂ। ਦਫ਼ਤਰਾਂ ਵਿੱਚ ਰਿਸ਼ਵਤਖੋਰੀ ਦਾ ਬੋਲਬਾਲਾ ਹੈ ਤੇ ਅਫ਼ਸਰਸ਼ਾਹੀ ਆਪਣੀ ਮਨਮਰਜ਼ੀ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਲਖਵਿੰਦਰ ਸਿੰਘ ਵਸਤੀ ਨਾਮਦੇਵ, ਜਗਰੂਪ ਸਿੰਘ, ਲਖਵੀਰ ਸਿੰਘ ਟਿੱਬੀ ਰਾਈਆਂ, ਗੁਰਮੀਤ ਸਿੰਘ ਠੇਕੇਦਾਰ ਵਰਿਆਂ, ਹਰਪ੍ਰੀਤ ਸਿੰਘ, ਪਲਵਿੰਦਰ ਸਿੰਘ ਨਿਜ਼ਾਮੀ ਵਾਲਾ, ਗੁਰਕੋਜ ਸਿੰਘ ਫੇਮੀਵਾਲਾ, ਭਜਨ ਸਿੰਘ ਜੋਗੇਵਾਲਾ, ਸਵਰਨ ਸਿੰਘ ਸਰਫਲੀ ਸ਼ਾਹ, ਸੁਖਚੈਨ ਸਿੰਘ, ਗੁਰਮੀਤ ਸਿੰਘ ਵਸਤੀ ਨਾਮਦੇਵ, ਸ਼ਮਸ਼ੇਰ ਸਿੰਘ ਗੋਰਾ, ਸੁਖਚੈਨ ਸਿੰਘ ਕਿੱਲੀ ਬੋਤਲਾ, ਜਰਨੈਲ ਸਿੰਘ ਵਾਰਸਵਾਲਾ ਜੱਟਾਂ, ਦਿਲਜੀਤ ਸਿੰਘ ਖਡੂਰ, ਲਖਵਿੰਦਰ ਸਿੰਘ ਬੂਹ ਆਦਿ ਹਾਜ਼ਰ ਸਨ।

## ਡੀ ਐੱਚ ਐੱਲ ਐਕਸਪ੍ਰੈੱਸ ਭਾਰਤ 'ਚ 8.9 ਫ਼ੀਸਦੀ ਵਧਾਏਗੀ ਕੀਮਤਾਂ

ਜਲੰਧਰ (ਨ ਜ਼ ਸ)-ਡੀ ਐੱਚ ਐੱਲ ਐਕਸਪ੍ਰੈਸ ਨੇ 1 ਜਨਵਰੀ 2027 ਤੋਂ ਭਾਰਤ ਵਿੱਚ ਕੀਮਤਾਂ ਵਿੱਚ 8.9 ਫ਼ੀਸਦੀ ਵਾਧੇ ਦਾ ਐਲਾਨ ਕੀਤਾ ਹੈ। ਕੰਪਨੀ ਮੁਤਾਬਕ ਸਾਲਾਨਾ ਪ੍ਰਾਈਸ ਐਡਜਸਟਮੈਂਟ ਮਹਿੰਗਾਈ, ਕਰੰਸੀ ਵਿੱਚ ਉਤਾਰ-ਚੜ੍ਹਾਅ ਅਤੇ ਉਦਯੋਗ ਨਾਲ ਜੁੜੀਆਂ ਲਾਗਤਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤਾ ਜਾਂਦਾ ਹੈ। ਡੀ ਐੱਚ ਐੱਲ ਐਕਸਪ੍ਰੈਸ ਦੇ ਸਾਊਥ ਏਸ਼ੀਆ ਐੱਸ ਵੀ ਪੀ ਆਰ.ਐਸ. ਸੁਬਰਾਮਨੀਅਮ ਨੇ ਕਿਹਾ ਕਿ ਕੰਪਨੀ ਗਲੋਬਲ ਨੈੱਟਵਰਕ, ਡਿਜੀਟਲ ਸਮਰੱਥਾਵਾਂ, ਸੁਰੱਖਿਆ ਬੁਨਿਆਦੀ ਢਾਂਚੇ ਅਤੇ ਟਿਕਾਊ ਲੌਜਿਸਟਿਕਸ ਵਿੱਚ ਨਿਵੇਸ਼ ਜਾਰੀ ਰੱਖ ਰਹੀ ਹੈ। 220 ਤੋਂ ਵੱਧ ਦੇਸ਼ਾਂ ਤੇ ਖੇਤਰਾਂ ਵਿੱਚ ਕੰਮ ਕਰ ਰਹੀ ਕੰਪਨੀ ਮੁਤਾਬਕ ਊਰਜਾ, ਕਸਟਮ, ਰੈਗੂਲੇਟਰੀ ਅਤੇ ਸੁਰੱਖਿਆ ਉਪਾਵਾਂ ਨਾਲ ਜੁੜੀਆਂ ਲਾਗਤਾਂ ਵੀ ਕੀਮਤਾਂ 'ਤੇ ਪ੍ਰਭਾਵ ਪਾ ਰਹੀਆਂ ਹਨ।

## ਨੋਡਵਿਨ ਗੇਮਿੰਗ ਕਾਮਿਕ ਕੌਨ 21 ਨਵੰਬਰ ਤੋਂ

ਜਲੰਧਰ (ਨ ਜ਼ ਸ)-ਨੋਡਵਿਨ ਗੇਮਿੰਗ ਪੰਜਾਬ ਤੱਕ ਆਪਣੀ ਪਹੁੰਚ ਵਧਾ ਰਹੀ ਹੈ। ਪਹਿਲੀ ਵਾਰ ਮਾਰੂਤੀ ਸੁਜ਼ੂਕੀ ਦੁਆਰਾ ਪੇਸ਼ ਕੀਤਾ ਗਿਆ ਜਲੰਧਰ ਕਾਮਿਕ ਕੌਨ 21-22 ਨਵੰਬਰ, 2026 ਨੂੰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਯੋਜਿਤ ਕੀਤਾ ਜਾਵੇਗਾ। ਆਪਣੇ ਜੀਵੰਤ ਵਿਦਿਅਕ ਵਾਤਾਵਰਨ, ਵਿਸ਼ਾਲ ਵਿਦਿਆਰਥੀ ਭਾਈਚਾਰੇ ਅਤੇ ਮਜ਼ਬੂਤ ਯੁਵਾ ਸੱਭਿਆਚਾਰ ਦੇ ਨਾਲ, ਜਲੰਧਰ ਨੌਜਵਾਨਾਂ ਦਾ ਸ਼ਹਿਰ ਹੈ ਜੋ ਸ਼ਿੱਦਤ, ਆਪਣੇ ਆਪ ਨੂੰ ਪ੍ਰਗਟ ਕਰਨ ਅਤੇ ਨਵੀਆਂ ਚੀਜ਼ਾਂ ਦਾ ਅਨੁਭਵ ਕਰਨ ਲਈ ਉਤਸੁਕ ਹਨ। ਕਾਮਿਕ ਕੌਨ ਇਸ ਨੌਜਵਾਨ ਭਾਈਚਾਰੇ ਨੂੰ ਇਕੱਠੇ ਹੋਣ, ਆਪਣੇ ਮਨਪਸੰਦ ਕਿਰਦਾਰਾਂ ਅਤੇ ਕਹਾਣੀਆਂ ਲਈ ਆਪਣੇ ਪ੍ਰਸ਼ੰਸਕਾਂ ਦਾ ਜਸ਼ਨ ਮਨਾਉਣ ਅਤੇ ਆਪਣੇ ਆਪ ਨੂੰ ਖੁੱਲ੍ਹ ਕੇ ਪ੍ਰਗਟ ਕਰਨ ਲਈ ਇੱਕ ਜਗ੍ਹਾ ਪ੍ਰਦਾਨ ਕਰੇਗਾ।ਨੋਡਵਿਨ ਗੇਮਿੰਗ ਦੇ ਸਹਿ-ਸੰਸਥਾਪਕ ਅਤੇ ਪ੍ਰਬੰਧ ਨਿਰਦੇਸ਼ਕ ਅਕਸ਼ਤ ਰਾਠੀ ਨੇ ਕਿਹਾ, 'ਪੰਜਾਬ ਵਿੱਚ ਇੱਕ ਵਿਲੱਖਣ ਊਰਜਾ ਹੈ ਜਿਸਨੂੰ ਨਜ਼ਰਅੰਦਾਜ਼ ਕਰਨਾ ਅਸੰਭਵ ਹੈ। ਇਸ ਦੀਆਂ ਜੀਵੰਤ ਲੋਕ ਪਰੰਪਰਾਵਾਂ ਅਤੇ ਜੀਵੰਤ ਸੰਗੀਤ ਤੋਂ ਲੈ ਕੇ ਇਸਦੇ ਨਿੱਘੇ ਸਵਾਗਤ ਤੱਕ, ਲੋਕਾਂ ਦੇ ਇਕੱਠੇ ਹੋਣ ਅਤੇ ਉਹਨਾਂ ਨੂੰ ਪਿਆਰ ਕਰਨ ਵਾਲੀ ਚੀਜ਼ ਦਾ ਜਸ਼ਨ ਮਨਾਉਣ ਦਾ ਇੱਕ ਮਜ਼ਬੂਤ ਸੱਭਿਆਚਾਰ ਹੈ। ਜਲੰਧਰ ਇਸ ਭਾਵਨਾ ਨੂੰ ਦਰਸਾਉਂਦਾ ਹੈ।' ਇਹ ਹਿੰਦੁਸਤਾਨ ਦਾ ਇੱਕ ਉੱਤਰੀ ਸ਼ਹਿਰ ਹੈ ਜੋ ਦੁਨੀਆ ਦੇ ਸਭ ਤੋਂ ਪੁਰਾਣੇ ਤਿਉਹਾਰ, ਹਰਿਵੱਲਭ ਸੰਗੀਤ ਸੰਮੇਲਨ ਦਾ ਘਰ ਹੈ, ਜੋ ਸੰਗੀਤ ਦੇ ਸਾਂਝੇ ਪਿਆਰ ਲਈ ਪੀੜ੍ਹੀਆਂ ਤੋਂ ਲੋਕਾਂ ਨੂੰ ਇਕਜੁੱਟ ਕਰ ਰਿਹਾ ਹੈ। ਦਰਅਸਲ, ਇਕੱਠੇ ਹੋਣ ਅਤੇ ਆਪਣੇ ਆਪ ਨੂੰ ਪ੍ਰਗਟ ਕਰਨ ਦੀ ਇਹੀ ਭਾਵਨਾ ਕਾਮਿਕ ਕੌਨ ਦਾ ਵੀ ਇੱਕ ਹਿੱਸਾ ਹੈ।

## ਪੰਜਾਬ ਸਰਕਾਰ ਨੇ 518 ਗਊਸ਼ਾਲਾਵਾਂ ਦਾ 100 ਕਰੋੜ ਰੁਪਏ ਤੋਂ ਵੱਧ ਦਾ ਬਿਜਲੀ ਬਿੱਲ ਮੁਆਫ਼ ਕੀਤਾ : ਕੀਮਤੀ ਭਗਤ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਗਊ ਸੇਵਾ ਕਮਿਸ਼ਨ ਦੇ ਉੱਪ ਚੇਅਰਮੈਨ ਸਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਵਾਰਿਸ ਅਤੇ ਬੇਸਹਾਰਾ ਗਊਧਨ ਦੀ ਸਾਂਭ-ਸੰਭਾਲ, ਸੁਰੱਖਿਆ ਅਤੇ ਗਊਸ਼ਾਲਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ 'ਤੇ ਘੁੰਮ ਰਹੇ ਲਾਵਾਰਿਸ ਗਊਧਨ ਦੀ ਸਮੱਸਿਆ ਦੇ ਸਥਾਈ ਹੱਲ ਲਈ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਗਊਸ਼ਾਲਾ ਪ੍ਰਬੰਧਕਾਂ ਵੱਲੋਂ ਸਾਂਝੇ ਤੌਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਪਿਛਲੇ ਤਿੰਨ ਮਹੀਨਿਆਂ ਅੰਦਰ 600 ਲਾਵਾਰਿਸ ਗਊਧਨ ਨੂੰ ਸਾਂਭ ਸੰਭਾਲ ਲਈ ਗਊਸ਼ਾਲਾਵਾਂ ਵਿੱਚ ਭੇਜਿਆ ਗਿਆ ਹੈ। ਭਗਤ ਸੰਗਰੂਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗਊਧਨ ਦੀ ਸਾਂਭ-ਸੰਭਾਲ ਸਬੰਧੀ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਝਨੇੜੀ ਗਊਸ਼ਾਲਾ ਵਿਖੇ ਚਾਰ ਮਹੀਨੇ ਪਹਿਲਾਂ 190 ਗਊਧਨ ਸੀ, ਜੋ ਹੁਣ ਵਧ ਕੇ 510 ਗਊਧਨ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਸੁਨਾਮ, ਸੰਗਰੂਰ ਅਤੇ ਧੂਰੀ ਵਿੱਚੋਂ 250 ਲਾਵਾਰਿਸ ਗਊਧਨ ਨੂੰ ਗਊਸ਼ਾਲਾ ਵਿੱਚ ਭੇਜਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸੂਬੇ ਦੀਆਂ 518 ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਦੇ 100 ਕਰੋੜ ਰੁਪਏ ਤੋਂ ਵੱਧ ਦੇ ਬਿਜਲੀ ਬਿੱਲ ਮੁਆਫ਼ ਕੀਤੇ ਗਏ ਹਨ। ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਕਰੀਬ 500 ਗਊਸ਼ਾਲਾਵਾਂ ਨੂੰ 3 ਕਰੋੜ 6 ਲੱਖ ਰੁਪਏ ਦੀ ਲਾਗਤ ਨਾਲ ਕਾਓ ਲਿਫਟਰ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਗਊਸ਼ਾਲਾਵਾਂ ਵਿੱਚ ਰੱਖੇ ਹਰੇਕ ਗਊਧਨ ਦੀ ਸਾਂਭ-ਸੰਭਾਲ ਲਈ 61 ਰੁਪਏ ਪ੍ਰਤੀ ਗਊਧਨ ਪ੍ਰਤੀ ਦਿਨ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ ।ਸੰਗਰੂਰ ਜ਼ਿਲ੍ਹੇ ਸਬੰਧੀ ਕੀਮਤੀ ਭਗਤ ਨੇ ਦੱਸਿਆ ਕਿ ਪਿੰਡ ਝਨੇੜੀ ਵਿਖੇ ਗਊਸ਼ਾਲਾ ਵਿੱਚ 65 ਲੱਖ ਰੁਪਏ ਦੀ ਲਾਗਤ ਨਾਲ ਲਾਵਾਰਿਸ ਗਊਧਨ ਲਈ ਵੱਖਰਾ ਸ਼ੈੱਡ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਸਮੇਂ ਦੌਰਾਨ ਇਕੱਠੇ ਹੋਏ ਗਊ ਸੇਵਾ ਸੈੱਸ ਦੀ ਸਾਰੀ ਰਾਸ਼ੀ ਗਊਧਨ ਦੀ ਸੇਵਾ, ਸਾਂਭ-ਸੰਭਾਲ ਅਤੇ ਸੁਰੱਖਿਆ 'ਤੇ ਹੀ ਖਰਚਣਾ ਯਕੀਨੀ ਬਣਾਇਆ ਜਾਵੇ।ਸ੍ਰੀ ਭਗਤ ਨੇ ਦੱਸਿਆ ਕਿ ਗਊਸ਼ਾਲਾਵਾਂ ਵਿੱਚ ਗਊਧਨ ਦੀ ਸਿਹਤ ਸੰਭਾਲ, ਟੀਕਾਕਰਨ ਅਤੇ ਬਿਮਾਰੀਆਂ ਦੀ ਰੋਕਥਾਮ ਲਈ ਗਡਵਾਸੂ, ਲੁਧਿਆਣਾ ਅਤੇ ਮਾਹਰ ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ। ਮੀਟਿੰਗ ਵਿੱਚ ਐਮ.ਐਲ.ਏ. ਸੰਗਰੂਰ ਨਰਿੰਦਰ ਕੌਰ ਭਰਾਜ, ਏ.ਡੀ.ਸੀ ਸੁਖਚੈਨ ਸਿੰਘ, ਐਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਸਮਾਉਂ 'ਚ ਖੂਨਦਾਨ ਕੈਂਪ ਦੌਰਾਨ 30 ਯੂਨਿਟ ਖੂਨ ਇਕੱਤਰ



ਭੀਖੀ (ਧਰਮਵੀਰ ਸ਼ਰਮਾ)-ਬੇਸ਼ੱਕ ਮੈਡੀਕਲ ਸਾਇੰਸ ਅਥਾਹ ਤਰੱਕੀ ਕਰ ਗਈ ਹੈ ਪ੍ਰੰਤੂ ਹਾਲੇ ਤੱਕ ਵਿਗਿਆਨ ਮਸਨੂਈ ਖੂਨ ਦੀ ਉਤਪਤੀ ਕਰਨ ਵਿੱਚ ਸਫਲ ਨਹੀ ਹੋਇਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਸਮਾਉਂ ਵਿਖੇ ਬਾਬਾ ਸੁੱਚਾ ਸਿੰਘ ਯਾਦਗਾਰੀ ਖੂਨਦਾਨ ਕੈਂਪ ਅਤੇ ਕਬੱਡੀ ਟੂਰਨਾਮੈਂਟ 'ਤੇ ਗਗਨ ਲੈਬੋਰੇਟਰੀ ਵਲੋਂ ਲਗਾਏ ਖੂਨਦਾਨ ਕੈਂਪ ਦੌਰਾਨ ਕੀਤਾ। ਉਨਾਂ ਕਿਹਾ ਕਿ ਖੂਨਦਾਨ ਇੱਕ ਮਹਾਨ ਦਾਨ ਹੈ ਜੋ ਦੁਰਘਟਨਾਵਾਂ ਦੇ ਸ਼ਿਕਾਰ ਵਿਅਕਤੀਆਂ, ਆਪ੍ਰੇਸ਼ਨਾਂ ਅਤੇ ਘਾਤਕ ਬਿਮਾਰੀਆਂ ਦੌਰਾਨ ਕਿਸੇ ਵਿਅਕਤੀ ਵਲੋਂ ਦਿੱਤਾ ਖੂਨ ਇੱਕ ਮਨੁੱਖੀ ਜਾਨ ਨੂੰ ਬਚਾਉਂਦਾ ਹੀ ਨਹੀਂ ਬਲਕਿ ਪ੍ਰਭਾਵਿਤ ਵਿਅਕਤੀ ਦੇ ਪਰਵਾਰ ਲਈ ਵੀ ਵੱਡਾ ਵਰਦਾਨ ਹੁੰਦਾ ਹੈ। ਇਸ ਮੌਕੇ ਉਨਾਂ ਨੌਜਵਾਨਾਂ ਨੂੰ ਖੇਡਾਂ ਅਤੇ ਖੂਨਦਾਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਨਾਲ ਜਿਥੇ ਤੰਦਰੁਸਤ ਸਰੀਰ ਅਤੇ ਨਿਰੋਏ ਸਮਾਜ ਦੀ ਸਿਰਜਣਾ ਹੁੰਦੀ ਹੈ, ਉਥੇ ਖੂਨਦਾਨ ਕਰਨ ਨਾਲ ਇੱਕ ਵੱਖਰਾ ਹੀ ਮਾਨਸਿਕ ਸਕੂਨ ਪ੍ਰਾਪਤ ਹੁੰਦਾ ਹੈ।ਉਨਾਂ ਨੌਜਵਾਨਾਂ ਨੂੰ ਨਸ਼ੇ ਤਿਆਗਣ ਦੀ ਅਪੀਲ ਕੀਤੀ। ਉਨਾਂ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਸੂਬੇ ਵਿੱਚ ਨਸ਼ੇ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ ਅਤੇ ਅੱਜ ਹਰ ਗਲੀ ਮੁਹੱਲੇ ਵਿੱਚ ਸਿੰਥੈਟਿਕ ਨਸ਼ਾ ਆਮ ਵਿਕ ਰਿਹਾ ਹੈ। ਕੈਂਪ ਦੌਰਾਨ 30 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ ਸਮਾਗਮ ਦੇ ਆਯੋਜਨ ਗਗਨਦੀਪ ਸਿੰਘ, ਸਾਬਕਾ ਕਾਨੂੰਨਗੋ ਮਿੱਠਾ ਸਿੰਘ, ਬੀਬੀ ਕਰਮਜੀਤ ਕੌਰ ਸਮਾਉਂ, ਗੋਲੋ ਕੌਰ, ਨਿਰਮਲ ਸਿੰਘ ਸਮਾਉਂ, ਜਗਮੀਤ ਸਿੰਘ, ਜਗਦੀਪ ਸਿੰਘ ਭਾਰਤੀ ਸੇਵਾ ਮੁਕਤ ਡਿਪਟੀ ਡੀ.ਈ.ਓ., ਗੁਰਲਾਲ ਸਿੰਘ ਸੇਵਾ ਮੁਕਤ ਡਿਪਟੀ ਡੀ.ਈ.ਓ., ਗੁਰਜੀਤ ਸਿੰਘ ਲਾਲਿਆਂਵਾਲੀ, ਬਾਬਾ ਗੋਰਾ ਸਿੰਘ ਸਮਾਉਂ, ਕੁਲਸ਼ੇਰ ਸਿੰਘ ਰੂਬਲ, ਐਡਵੋਕੇਟ ਉਂਕਾਰ ਸਿੰਘ ਮਿੱਤਲ, ਕੁਲਵੰਤ ਸਿੰਘ ਹੀਰੋਂ ਆਦਿ ਮੌਜੂਦ ਸਨ।



**COURT NOTICE**

(U/o 5 Rule 20 CPC)
In the Court of Ms. Girish
Principal Judge Family
Court, Malout
CNR No. PBSMF3-000255-2026
Next Date 10.11.2026
Mandeep Kaur
Vs.
General Public
Publication Issued to :
General Public
:- Malout

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 10.11.2026 at 10:00 A.M.

For details logon to https://highcourtchd.gov.in/?mod=district_notice&district=mogacourt

Principal Judge Family
Court, Malout
Dated this day of 19-09-2026

**ਆਮ ਸੂਚਨਾ**

ਸਰਕਾਰੀ ਪ੍ਰਾਇਮਰੀ ਸਕੂਲ ਭੂਪੇਵਾਲਾ ਬਲਾਕ ਮੱਖੂ (ਫਿਰੋਜ਼ਪੁਰ) ਦੀ ਖਸਤਾ ਹਾਲਤ ਦੇ ਤਿੰਨ ਕਮਰੇ, ਬਰਾਂਡੇ ਸਮੇਤ ਦੀ ਨਿਲਾਮੀ ਮਿਤੀ 28.09.2026 ਨੂੰ ਦਿਨ ਸੋਮਵਾਰ ਸਵੇਰੇ 10.00 ਵਜੇ ਕੀਤੀ ਜਾਣੀ ਹੈ। ਇਛੁੱਕ ਵਿਅਕਤੀ ਨਿਲਾਮੀ ਵਿਚ ਹਿੱਸਾ ਲੈ ਸਕਦੇ ਹਨ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਵੱਲੋਂ : ਸਕੂਲ ਮੈਨੇਜਮੈਂਟ ਕਮੇਟੀ
ਸ. ਪ੍ਰ. ਸ. ਭੂਪੇਵਾਲਾ




## ਬਾਣੀ ਵਿਚਾਰ ਚੇਤਨਾ ਮੰਚ ਵੱਲੋਂ ਗੁਰੂ ਰਵਿਦਾਸ 'ਤੇ ਨੌਵਾਂ ਸੈਮੀਨਾਰ




ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਚਲਾਈ ਜਾ ਰਹੀ ਸੈਮੀਨਾਰਾਂ ਦੀ ਲੜੀ ਤਹਿਤ ਨੌਵਾਂ ਸੈਮੀਨਾਰ ਪਟਿਆਲਾ ਦੇ ਰਣਜੀਤ ਨਗਰ ਵਿਚ ਸ੍ਰੀ ਗੁਰੂ ਰਵਿਦਾਸ ਭਵਨ ਵਿਚ ਕਰਾਇਆ ਗਿਆ।ਸ੍ਰੀ ਗੁਰੂ ਰਵਿਦਾਸ ਮਿਸ਼ਨਰੀ ਸੁਸਾਇਟੀ ਰਜਿ. ਦੇ ਸਹਿਯੋਗ ਨਾਲ ਕਰਾਏ ਗਏ ਇਸ ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਪੰਜਾਬੀ ਯੂਨੀਵਰਸਿਟੀ ਦੇ ਉਘੇ ਵਿਦਵਾਨ ਡਾ. ਸੁਰਜੀਤ ਸਿੰਘ ਭੱਟੀ ਨੇ ਕੁੰਜੀਵਤ ਭਾਸ਼ਣ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਾਡੇ ਮਹਾਨ ਗ੍ਰੰਥ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਅਨੇਕਾਂ ਭਗਤਾਂ, ਭੱਟਾਂ ਤੇ ਗੁਰੂ ਸਾਹਿਬਾਨਾਂ ਦੀ ਮਨੁਖਤਾ ਦੀ ਅਗਵਾਈ ਕਰਦੀ ਬਾਣੀ ਰੋਜ਼ਾਨਾ ਪੜ੍ਹੀ ਜਾਂਦੀ ਹੈ ਪਰ ਫਿਰ ਵੀ ਮਨੂੰਵਾਦੀ ਪ੍ਰੰਪਰਾਵਾਂ ਅਨੁਸਾਰ ਅਜੋਕਾ ਸਿੱਖ ਸਮਾਜ ਜਾਤਾਂ ਪਾਤਾਂ ਦੇ ਚੱਕਰਵਿਊ ਵਿਚ ਉਲਝਿਆ ਹੋਇਆ ਹੈ। ਅਸੀਂ ਸਮਾਜ ਵਿਚ ਛੋਟੀਆਂ ਅਖੌਤੀ ਜਾਂਤਾਂ ਦੇ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਰਹਿਬਰਾਂ ਦੇ ਵਿਸ਼ੇਸ਼ ਦਿਨ ਵੀ ਮਨਾਉਣ ਤੋਂ ਗੁਰੇਜ਼ ਕਰਦੇ ਹਾਂ। ਮੁੱਖ ਪੇਪਰ ਜਗਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਸੁਖਦੇਵ ਸਿੰਘ ਪੜ੍ਹਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਕਿਰਤ ਕਰਦੇ ਹੱਥਾਂ ਨੂੰ ਮਹਾਨ ਬਣਾਇਆ ਪਰ ਦੁਖ ਹੈ ਕਿ ਅੱਜ ਵੀ ਬੁਰਜੂਆ ਸਮਾਜ ਵਲੋਂ ਕਿਰਤ ਕਰਕੇ ਅਨੇਕਾਂ ਵੱਡੀਆਂ ਇਮਾਰਤਾਂ, ਮੰਦਰ ਮਹਿਲ ਉਸਾਰਨ ਵਾਲੇ ਹੱਥਾਂ ਨੂੰ ਘਿਰਣਤ ਬਣਾਇਆ ਜਾਂਦਾ ਰਿਹਾ ਹੈ। ਪ੍ਰਬੁੱਧ ਵਿਦਵਾਨ ਡਾ. ਗੁਰਮੀਤ ਕੱਲਰਮਾਜਰੀ ਨੇ ਕਿਹਾ ਕਿ ਹੁਣ ਪੜ੍ਹੇ ਲਿਖੇ ਵਰਗ ਨੂੰ ਅੱਗੇ ਆਉਣਾ ਚਾਹੀਦਾ ਹੈ ਕਿ ਹੁਣ ਸਮਾਜ ਵਿਚ ਮਨੁੱਖ ਵੱਲੋਂ ਜਨਮ ਜਾਤ ਮਨੁੱਖ ਨਾਲ ਕੀਤੀ ਜਾਂਦੀ ਨਫਰਤ ਨੂੰ ਖਤਮ ਕੀਤਾ ਜਾਵੇ। ਮੰਚ ਦੇ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਅਸੀਂ ਗੈਰ ਰਵਿਦਾਸੀ ਵਿਦਵਾਨਾਂ ਨੂੰ ਸੈਮੀਨਾਰਾਂ ਵਿਚ ਬੁਲਾਰਿਆਂ ਵਜੋਂ ਬੁਲਾ ਕੇ ਇਹ ਸਾਬਤ ਕਰਨਾ ਚਾਹੁੰਦੇ ਹਾਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀਕਾਰ ਸਭ ਦੇ ਸਾਂਝੇ ਹਨ, ਉਨ੍ਹਾਂ ਦਾ ਸਤਿਕਾਰ ਪੂਰੇ ਸਮਾਜ ਵਿਚ ਹੋਣਾ ਜ਼ਰੂਰੀ ਹੈ। ਪ੍ਰਧਾਨਗੀ ਕਰ ਰਹੇ ਸਾਬਕਾ ਜ਼ਿਲ੍ਹਾ ਸਿਖਿਆ ਅਫਸਰ ਅਮਰਜੀਤ ਸਿੰਘ ਨੇ ਕਿਹਾ ਕਿ ਸੈਮੀਨਾਰਾਂ ਵਿਚ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ ਬਾਰੇ ਜਾਣੂ ਕਰਾਉਣ ਦੀ ਵਿਧਾ ਭਾਰੂ ਰੱਖਣੀ ਜ਼ਰੂਰੀ ਹੈ। ਇਸ ਸਮੇਂ ਪੰਜਾਬੀ ਯੂਨੀਵਰਸਿਟੀ ਤੋਂ ਡਾ. ਕਸ਼ਮੀਰ ਸਿੰਘ, ਡਾ. ਸੰਤੋਖ ਸਿੰਘ, ਡਾ. ਅੰਬੇਡਕਰ ਭਵਨ ਮਾਜਰੀ ਅਕਾਲੀ ਫਕੀਰ ਚੰਦ ਜੱਸਲ, ਪ੍ਰਧਾਨ ਨੰਦ ਲਾਲ, ਨਰੇਸ਼ ਗਾਟ, ਸੁਖਵਿੰਦਰ ਸਿੰਘ ਕਾਨੂੰਗੋ, ਗੋਬਿੰਦਰ ਸਿੰਘ, ਗੁਰਮੁੱਖ ਸਿੰਘ, ਆਈ ਟੀ ਓ ਜਰਨੈਲ ਸਿੰਘ, ਕੁਲਵੰਤ ਸਿੰਘ ਨਾਰੀਕੇ, ਗੱਜਣ ਸਿੰਘ, ਰਾਜਿੰਦਰ ਸਿੰਘ ਚਪੜ ਰਾਜਪੁਰਾ, ਸੁਰਜੀਤ ਸਿੰਘ ਪ੍ਰਧਾਨ ਬਾਰਨ ਆਦਿ ਨੇ ਵੀ ਹਾਜ਼ਰੀ ਭਰੀ।

## ਸਾਬਕਾ ਸਰਪੰਚ ਪ੍ਰਗਟ ਸਿੰਘ ਐਸ ਸੀ ਵਿੰਗ ਦੇ ਬਲਾਕ ਫੂਲ ਦਾ ਪ੍ਰਧਾਨ ਨਿਯੁਕਤ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਬਲਾਕ ਫੂਲ ਦੇ ਪਿੰਡ ਧਿੰਗੜ ਤੋਂ ਟਕਸਾਲੀ ਕਾਂਗਰਸੀ ਤੇ ਸਾਬਕਾ ਸਰਪੰਚ ਪ੍ਰਗਟ ਸਿੰਘ ਨੂੰ ਐਸ ਸੀ ਵਿੰਗ ਦੇ ਬਲਾਕ ਫੂਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਦੂਲ ਸਿੰਘ ਤੇ ਕਿਸਾਨ ਵਿੰਗ ਦੇ ਸੂਬਾ ਮੀਤ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੇ ਕਿਹਾ ਕਿ ਪ੍ਰਗਟ ਸਿੰਘ ਦੀ ਪਾਰਟੀ ਪ੍ਰਤੀ ਮਿਹਨਤ ਨੂੰ ਦੇਖਦਿਆਂ ਉਨ੍ਹਾਂ ਨੂੰ ਬਲਾਕ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨਿਯੁਕਤੀ ਨਾਲ ਕਾਂਗਰਸ ਪਾਰਟੀ ਨੂੰ ਮਜ਼ਬੂਤੀ ਮਿਲੇਗੀ ਤੇ ਘਰ ਘਰ ਜਾ ਕੇ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਬਾਰੇ ਜਾਣੂ ਕਰਵਾਇਆ ਜਾਵੇਗਾ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਐਸ ਸੀ ਵਿੰਗ ਦੀ ਅਹਿਮ ਭੂਮਿਕਾ ਹੋਵੇਗੀ। ਆਪਣੀ ਨਿਯੁਕਤੀ 'ਤੇ ਸਰਪੰਚ ਪ੍ਰਗਟ ਸਿੰਘ ਨੇ ਪਾਰਟੀ ਹਾਈਕਮਾਨ ਤੇ ਐਡਵੋਕੇਟ ਜੱਸ ਬੱਜੋਆਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਕਾਂਗਰਸੀ ਆਗੂ ਬੂਟਾ ਸਿੰਘ, ਸੁਰਜੀਤ ਸਿੰਘ, ਸਤਪਾਲ ਸਿੰਘ ਸੱਤੀ, ਸੁਖਮੰਦਰ ਸਿੰਘ, ਮਲਕੀਤ ਸਿੰਘ, ਅਵਤਾਰ ਸਿੰਘ ਜਸਵੀਰ ਸਿੰਘ ਗੁਰਤੇਜ ਸਿੰਘ ਲਛਮਣ ਸਿੰਘ, ਬੰਤ ਸਿੰਘ ਤੇ ਜਿੰਦਰਪਾਲ ਸਿੰਘ ਹਾਜ਼ਰ ਸਨ।

## ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਕਲਸ਼ ਯਾਤਰਾ



ਬਠਿੰਡਾ (ਰਾਜੀਵ ਗੋਇਲ )-ਜ਼ਿਲ੍ਹੇ ਦੇ ਸ਼ਹਿਰ ਭਗਤਾ ਭਾਈ ਕਾ ਵਿੱਚ ਆਰੰਭ ਹੋਣ ਵਾਲੇ ਸੰਗੀਤਮਈ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਸੰਬੰਧੀ ਬੇਹੱਦ ਸ਼ਾਨਦਾਰ ਅਤੇ ਵਿਸ਼ਾਲ ਕਲਸ਼ ਯਾਤਰਾ ਕੱਢੀ ਗਈ। ਕਲਸ਼ ਯਾਤਰਾ ਦਾ ਸ਼ੁਭ ਆਰੰਭ ਸ੍ਰੀ ਗੀਤਾ ਭਵਨ ਤੋਂ ਹੋਇਆ। ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਪੁਜਾਰੀਆਂ ਵੱਲੋਂ ਵਿਧੀਵਤ ਪੂਜਾ-ਅਰਚਨਾ ਕੀਤੀ ਗਈ ਅਤੇ ਧਾਰਮਿਕ ਰਸਮਾਂ ਪੂਰੀਆਂ ਕੀਤੀਆਂ ਗਈਆਂ। ਇਸ ਉਪਰੰਤ 168 ਸੁਹਾਗਣਾਂ ਨੇ ਆਪਣੇ ਸਿਰਾਂ ਉੱਪਰ ਪਵਿੱਤਰ ਕਲਸ਼ ਚੁੱਕ ਕੇ ਕਲਸ਼ ਯਾਤਰਾ ਵਿੱਚ ਸ਼ਮੂਲੀਅਤ ਕੀਤੀ।ਕਲਸ਼ ਯਾਤਰਾ ਸ੍ਰੀ ਗੀਤਾ ਭਵਨ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਰਸਤਿਆਂ ਵਿੱਚੋਂ ਹੁੰਦੀ ਹੋਈ ਅੱਗੇ ਵਧੀ। ਯਾਤਰਾ ਦੇ ਰਸਤੇ ਵਿੱਚ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਧਾਰਮਿਕ ਭਜਨਾਂ ਅਤੇ ਸੰਗੀਤ ਦੀਆਂ ਧੁਨਾਂ ਨਾਲ ਪੂਰਾ ਮਾਹੌਲ ਭਗਤੀਮਈ ਬਣਿਆ ਹੋਇਆ ਸੀ। ਇਹ ਕਲਸ਼ ਯਾਤਰਾ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਸ਼ੁਰੂਆਤ ਦਾ ਵਿਸ਼ੇਸ਼ ਅਤੇ ਯਾਦਗਾਰ ਪਲ ਬਣੀ। ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਕਥਾ 3 ਅਕਤੂਬਰ ਨੂੰ ਸਮਾਪਤ ਹੋਵੇਗੀ। ਕਥਾ ਦੀ ਸਮਾਪਤੀ ਉਪਰੰਤ ਸੰਗਤ ਲਈ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ।

## ਸ਼ੰਟੀ ਵੱਲੋਂ ਮਨੁੱਖੀ ਅਧਿਕਾਰ ਜਾਗਰੂਕਤਾ ਕੈਂਪ ਦੌਰਾਨ ਜਨ ਸੁਣਵਾਈ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਭਾਰਤੀਯ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਅਤੇ ਸਟਾਰ ਵਿਊ ਰਿਜ਼ੋਰਟ ਭਗਤਾ ਭਾਈਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਕੈਂਪ ਦੌਰਾਨ ਜਨ ਸੁਣਵਾਈ ਕੀਤੀ। ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਸੁਣਵਾਈ ਕੈਂਪ ਆਯੋਜਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਹਿੱਸਾ ਲਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਪਦਮਸ਼੍ਰੀ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਮੰਤਵ ਹਰ ਨਾਗਰਿਕ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਅਤੇ ਪੀੜਤਾਂ ਨੂੰ ਸਮੇਂ-ਸਿਰ ਨਿਆਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ ਮਨੁੱਖੀ ਅਧਿਕਾਰਾਂ ਸਬੰਧੀ ਕਮਿਸ਼ਨ ਦੇ ਦਫਤਰ ਸੈਕਟਰ-34 ਏ, ਬਿਲਡਿੰਗ ਨੰਬਰ 220, ਚੰਡੀਗੜ੍ਹ ਵਿਖੇ ਸੰਪਰਕ ਕਰ ਸਕਦਾ ਹੈ ਜਾਂ ਆਪਣੀ ਸ਼ਿਕਾਇਤ ਲਿਖਤੀ ਰੂਪ ਵਿੱਚ ਭੇਜ ਸਕਦੇ ਹਨ। ਉਨ੍ਹਾਂ ਰਾਮਪੁਰਾ ਸਕੂਲ ਵਿਖੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਕੂਲ ਦੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਨਾ ਨਸ਼ੇ ਕਰਨ ਅਤੇ ਨਾਲ ਹੀ ਹੋਰਨਾਂ ਨੂੰ ਵੀ ਨਸ਼ੇ ਨਾਲ ਹੋਣ ਵਾਲੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ। ਸ਼ੰਟੀ ਨੇ ਝੂਠੇ ਵੀਜ਼ਿਆਂ, ਨਕਲੀ ਆਫਰ ਲੈਟਰਾਂ, ਜਾਅਲੀ ਵਿਆਹਾਂ ਅਤੇ ਵਿਦੇਸ਼ ਭੇਜਣ ਦੇ ਨਾਂਅ 'ਤੇ ਲੋਕਾਂ ਨਾਲ ਧੋਖਾਧੜੀ ਕਰਨ ਵਾਲੇ ਗਿਰੋਹਾਂ ਖ਼ਿਲਾਫ਼ ਸਖ਼ਤ ਰੁਖ ਅਪਣਾਉਣ ਦੀ ਗੱਲ ਕਰਦਿਆਂ ਕਿਹਾ ਕਿ ਅਜਿਹੇ ਠੱਗਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।ਇਸ ਮੌਕੇ ਉਨ੍ਹਾਂ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਬੈਠਕ ਕਰਕੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਮੌਕੇ 'ਤੇ ਪਹੁੰਚੇ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਦੇ ਨਿਰਦੇਸ਼ ਵੀ ਦਿੱਤੇ।ਸਮਾਗਮ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਉੱਪ ਮੰਡਲ ਮਜਿਸਟਰੇਟ ਰਾਮਪੁਰਾ ਬਲਕਰਨ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਊਸ਼ਾ ਗੋਇਲ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪੰਕਜ ਕੁਮਾਰ, ਐੱਸ.ਪੀ. ਬਠਿੰਡਾ ਆਸਵੰਤ ਧਾਲੀਵਾਲ, ਨਗਰ ਪੰਚਾਇਤ ਭਗਤਾ ਭਾਈਕਾ ਦੇ ਪ੍ਰਧਾਨ ਜਗਸੀਰ ਸਿੰਘ, ਲਾਈਫਕੇਅਰ ਫਾਊਂਡੇਸ਼ਨ ਤੋਂ ਸਤੀਸ਼ ਕੁਮਾਰ ਅਤੇ ਉਨ੍ਹਾਂ ਦੀ ਟੀਮ ਤੋਂ ਇਲਾਵਾ ਹੋਰ ਅਧਿਕਾਰੀ ਆਦਿ ਹਾਜ਼ਰ ਸਨ।





# ਕਲਾਸੀਫਾਈਡ ਇਸ਼ਤਿਹਾਰ

**Change of Name**

I, Gagneet Kaur wife of Prabjot Singh Ghuman resident of VPO. Bairsian, Tehsil Nawanshahr, District SBS Nagar, Punjab-144517 have changed my name from Gagneet Kaur to Given Name Gagneet & Surname as Kaur. All concerned please note.

I, Deep Kumar son of Sadhu Ram resident of H.NO. 41 , Backside Tagore Hospital, Balwant Nagar, Jalandhar -14008 , Punjab declare that Deep Kumar and Deep Kumar Aggarwal both names are one and the same person. All concerned please note.

I, Surjit Singh S/o Gulzar Singh R/o House No. 409, Urban Estate, Kapurthala-144601, Punjab declare that I have changed the name of my minor daughter from Simrat Kaur to Simrat Kaur Padda. All concerned please note.

I, Jasbir Singh alias Jasvir Singh S/O Bhagwant Singh, R/o House No. 1, Cantt Road, Mithapur, Jalandhar -II, Jalandhar, Punjab- 144022, have changed my name and shall hereafter be Known as Jasbir Singh Powar.

I, Manreen Kaur D/O Kuldeep Singh R/O V.p.o. Aur , Teh. Nawanshahr, Distt. S.b.s Nagar Pin. 144417, Punjab Have Changed My Name From Manreen Kaur To Kaur Manreen. (Surname As Kaur).

I, hitherto known as Vandana W/o Rahul Sharma residing at H. No. 57, Chohak Kalan, Hoshiarpur Road, Near Subway, Radhe Enclave, Distt. Jalandhar – 144007, Punjab, India have changed my name and shall hereafter be known as Vandana Mehta.

I, Vandana Mehta W/o Rahul Sharma residing at H.no. 57, Chohak Kalan, Hoshiarpur Road, Near Subway, Radhe Enclave, Distt. Jalandhar – 144007, Punjab, India have changed the name of my minor daughter Mishthi aged 14 years and she shall hereafter be known as Mishthi Mehta.

I, Karnail Singh S/O Hari Singh, Resident of V. Khusropur, P.O. Pattar Kalan, P.S. Kartarpur, Distt. Jalandhar, Punjab-144806, India have changed my name Karnail Singh to Karnail Singh Flora. Note Please.

I , Ranjit Kur Wife of Karnail Singh Flora Resident of V. Khusropur, P.O. Pattar Kalan, P.S. Kartarpur, Distt. Jalandhar, Punjab-144806, India have changed my name spelling Ranjit Kur to Ranjit Kaur. Note Please.

I, Sukhwinder Singh S/o Darshan Singh R/o Village Kukar Mazara, P.O. Saroya, Garhshankar, Hoshiarpur, Punjab-144524 have changed the name of my minor daughter Suneha aged 16 years and she shall hereafter be known as Sunehadeep Kaur.

I, Sukhdeep Singh s/o Parkash Singh r/o Vill. Rauwal, Po.Bariana, Hariana, Distt.Hoshiarpur, have changed my name to Given name as Sukhdeep & Surname as Singh. All Please Note.

I, Manvir Kaur w/o Gurmit Singh r/o H.No.921, Amrit Vihar Salempur Musalmana, Jalandhar have changed my name to Given name as Manvir & Surname as Kaur. All Please Note.

I, Satish Kumar s/o Shahji r/o E.N-167, Mohalla Kalowani Jalandhar, have changed my name from Satish Kumar to Satywan Sahagi Shindey. All Please Note.

**Change of Name**

I, Prakash Singh s/o Amar Singh r/o Vill. Rauwal, Po. Bariana, Hariana, Distt. Hoshiarpur have correction in my name from Prakash Singh to Parkash Singh. All Please Note.

I, Harmandeep Singh s/o Gurdeep Singh r/o VPO. Samrai, Patti Red Gate, Tehsil Phillaur, Distt. Jalandhar declare that Given name as Harmandeep & Surname as Singh. All Please Note.

I, Bhupinder Singh S/o Satinder Singh R/o H.No 63, Gali No. 4, Mahindra Colony, Sultanwind Pind, Amritsar, Punjab have changed my Given name as Bhupinder & Surname as Singh. All Please Note.

I, Baby W/o Jugal Kishore Kushwaha R/o Gurdawara Road, Deep Nagar, Lamber Colony, Jalandhar-II, Po. Jalandhar Cantt., Distt. Jalandhar have changed my name from Baby to Baby Kushwaha. All Please Note.

I Parminder Singh S/o Kuldeep Singh R/o Vill.Machhariwal, Po.Nanda Chaur, Punjab, 146114, I have changed my name from Parminder Singh to Singh Parminder and declare that Parminder is my given name and Singh is my Surname.

**PUBLIC NOTICE**

I, Parvinder Kaur W/o Ranjit Singh, resident of Village Jabbowal, Tehsil Sultanpur Lodhi, District Kapurthala, Punjab, that my daughter Palakpreet Kaur appeared in the NEET (UG) examination. That in the NEET (UG) Score Card of My daughter Palakpreet Kaur, my name has been mentioned as "Parvinder Singh", my correct and actual name is "Parvinder Kaur." It is hereby declared that "Parvinder Kaur" is my correct name

I, Happy Pal son of Late Sh. Bhagat Ram resident of H.No. 26, Ravidass Colony Ward No. 11, Village & Post Office Dakoha, District Jalandhar, Punjab declare that my wife Manpreet Kaur and my two daughters Palak and Pooja Rani are out of my control. So I disinherit them from all my moveable and immoveable properties. Myself and other family members having no relation with them. I and my family shall not be held responsible for any of their act, deed and things related to them. All concerned please note.

I Harmesh Kaur Paul W/O Dilbagh Rai Paul R/o Nangal Shama , Tehsil Jalandhar District Jalandhar do hereby inform that original Registered Sale Deed Dated:-04-10-1985, Document No.3547 qua the property situated in the area of Village Nangal Shama , District Jalandhar has been lost/misplaced on 21-09-2026 and is not traceable despite best efforts. Any person having any claim, objection, right, title, interest, or concern regarding the aforesaid Sale Deed, or property is requested to submit the same in writing within 7 days from the date of publication of this notice to me or Advocate Upesh Khattar , Nakodar on his Mobile No 98882-57273, failing which no claim shall be entertained thereafter.

**ਬੇਦਖਲੀ ਨੋਟਿਸ**

ਅਸੀਂ ਹਰਭਜਨ ਸਿੰਘ ਪੁੱਤਰ ਸਾਧੂ ਸਿੰਘ ਵਾ ਮਨਜਿੰਦਰ ਕੌਰ ਪਤਨੀ ਹਰਭਜਨ ਸਿੰਘ, ਵਾਸੀਅਨ ਪਿੰਡ ਲਹਿਰਾ ਮੁਹੱਬਤ (ਪੱਤੀ ਦੁਲਚੀ) ਜ਼ਿਲ੍ਹਾ ਬਠਿੰਡਾ ਆਪਣੀ ਲੜਕੀ ਹਰਮਨਪ੍ਰੀਤ ਕੌਰ (ਜੋ ਸਾਡੇ ਕਹਿਣੇ ਤੋਂ ਬਾਹਰ ਹੈ) ਨੂੰ ਆਪਣੀ ਚੱਲ-ਅਚੱਲ ਸੰਪਤੀ ਵਿੱਚੋਂ ਬੇਦਖ਼ਲ ਕਰਦੇ ਹਾਂ। ਇਸ ਨਾਲ ਜੋ ਵੀ ਲੈਣ-ਦੇਣ ਕਰੇਗਾ ਜਾਂ ਝਗੜਾ ਆਦਿ ਕਰੇਗਾ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਬਾਕੀ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨਿਰਮਲ ਸਿੰਘ ਪੁੱਤਰ ਸੁਲੱਖਣ ਸਿੰਘ ਵਾਸੀ ਪਿੰਡ ਖੋਜਾਲਾ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜਵਿੰਦਰ ਸਿੰਘ ਅਤੇ ਉਸਦੀ ਪਤਨੀ ਕੋਮਲ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।।

ਮੈਂ, ਮੰਗਤ ਰਾਮ ਪੁੱਤਰ ਬਲਵੀਰ ਚੰਦ ਵਾਸੀ 296/11 ਆਰੀਆ ਨਗਰ ਕਰਤਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਾਹਿਲ, ਜੋ ਕਿ ਮੇਰੇ ਕਹਿਣੇ ਤੇ ਕੰਟਰੋਲ ਤੋਂ ਬਾਹਰ ਹੈ ਤੇ ਮੇਰੀ ਤੇ ਮੇਰੇ ਪਰਵਾਰ ਦੀ ਇੱਜ਼ਤ-ਮਾਣ ਨਹੀਂ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਮੈਂ ਇਸ ਨਾਲੋਂ ਸਾਰੇ ਰਿਸ਼ਤੇ ਤੋੜਦਾ ਹਾਂ। ਮੇਰਾ ਜਾਂ ਮੇਰੇ ਪਰਵਾਰ ਦਾ ਇਸ ਨਾਲ ਅੱਜ ਤੋਂ ਕੋਈ ਰਿਸ਼ਤਾ ਨਹੀਂ ਹੋਵੇਗਾ। ਜੋ ਇਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਇਸ ਵਿਚ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਪੂਨਮ ਸ਼ਰਮਾ ਪਤਨੀ ਅਨਿਲ ਸ਼ਰਮਾ ਵਾਸੀ ਮਕਾਨ ਨੰਬਰ 32, ਡੇਰਾ ਸੁਨਹਿਰੀ ਸਾਈ ਬਾਬਾ, ਨਿਊ ਆਬਾਦੀ ਜਲੋਵਾਲ, ਜਲੰਧਰ -144003 ਇਹ ਬਿਆਨ ਕਰਦੀ ਹਾਂ ਕਿ ਮੇਰੀ ਲੜਕਾ ਦੀਪਕ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਸਤਿਆ ਦੇਵੀ ਪਤਨੀ ਜਗਦੀਸ਼ ਚੰਦਰ ਮਹੇ ਵਾਸੀ ਮਕਾਨ ਨੰ. 78, ਨਿਊ ਮਾਡਲ ਟਾਊਨ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਕਿਰਨਦੀਪ ਕੌਰ ਪਤਨੀ ਰੋਹਿਤ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਹਿਦੇਵ ਵਰਮਾ, ਪੁੱਤਰ ਸ਼੍ਰੀ ਆਸਾ ਰਾਮ ਵਰਮਾ, ਮਕਾਨ ਨੰਬਰ 78, ਅਮਨ ਨਗਰ ਨਿਊ ਮਾਡਲ ਹਾਊਸ, ਜਲੰਧਰ (ਪੰਜਾਬ) ਦੇ ਨਿਵਾਸੀ, ਤੁਹਾਨੂੰ ਸੂਚਿਤ ਕਰਨਾ ਚਾਹੁੰਦਾ ਹਾਂ ਕਿ ਮੇਰਾ ਅਣਵਿਆਹਿਆ ਪੁੱਤਰ, ਰਵੀ ਵਰਮਾ, ਬੁਰੀ ਸੰਗਤ ਕਾਰਨ ਮੇਰੇ ਤੋਂ ਵੱਖਰਾ ਹੈ ਅਤੇ ਮੇਰੀ ਗੱਲ ਸੁਣਨ ਤੋਂ ਇਨਕਾਰ ਕਰਦਾ ਹੈ। ਇਸ ਲਈ, ਮੈਂ ਆਪਣੇ ਪੁੱਤਰ ਰਵੀ ਵਰਮਾ ਨੂੰ ਆਪਣੀਆਂ ਸਾਰੀਆਂ ਚੱਲ ਅਤੇ ਅਚੱਲ ਜਾਇਦਾਦਾਂ ਤੋਂ ਵਾਂਝਾ ਕਰ ਰਿਹਾ ਹਾਂ। ਜੋ ਵੀ ਉਸ ਨਾਲ ਲੈਣ-ਦੇਣ ਕਰਦਾ ਹੈ, ਉਹ ਜ਼ਿੰਮੇਵਾਰ ਹੋਵੇਗਾ; ਮੈਂ ਜ਼ਿੰਮੇਵਾਰ ਨਹੀਂ ਹੋਵਾਂਗਾ। ਮੇਰਾ ਉਸ ਨਾਲ ਕੋਈ ਸਬੰਧ ਨਹੀਂ ਹੈ। ਕਿਰਪਾ ਕਰਕੇ ਇਹ ਧਿਆਨ ਵਿੱਚ ਰੱਖੋ।

**ਆਮ ਸੂਚਨਾ**

ਮੈਂ, ਗੁਰਮੀਤ ਕੌਰ ਪਤਨੀ ਪਰਮਜੀਤ ਸਿੰਘ ਵਾਸੀ ਮਕਾਨ ਨੰਬਰ 449, ਗਲੀ ਨੰਬਰ 6. ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਹਲਫੀਆ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਪਰਮਜੀਤ ਸਿੰਘ ਪੁੱਤਰ ਮੋਹਿੰਦਰ ਸਿੰਘ, ਜੋਕਿ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਹੁਣ ਸਾਨੂੰ ਕਿਸੇ ਨੂੰ ਦੱਸੇ ਬਗੈਰ ਘਰੋਂ ਚਲੇ ਗਏ ਹਨ ਅਤੇ ਆਪਣੀਆਂ ਮਨਮਾਨੀਆਂ ਕਰਦੇ ਹਨ। ਇਸਲਈ ਮੇਰੇ ਪਤੀ ਨਾਲ ਕੋਈ ਕਿਸੇ ਕਿਸਮ ਦਾ ਲੈਣ ਦੇਣ ਕਰੇਗਾ ਉਹ ਉਸ ਦਾ ਖ਼ੁਦ ਜਿੰਮੇਵਾਰ ਹੋਵਗਾ। ਸਾਡੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸੰਬੰਧਤ ਨੋਟ ਕਰਨ।

**ਨਾਂਅ ਦੀ ਬਦਲੀ**

ਮੈਂ, ਪਰਮਜੀਤ ਕੌਰ ਪਤਨੀ ਪ੍ਰਕਾਸ਼ ਸਿੰਘ ਵਾਸੀ ਪਿੰਡ ਜੀਤਗੜ੍ਹ ਉਰਫ ਬੀਰੋਕੇ ਖੁਰਦ, ਜ਼ਿਲ੍ਹਾ ਮਾਨਸਾ ਨੇ ਆਪਣਾ ਨਾਂਅ ਬਦਲ ਕੇ ਕਰਮਜੀਤ ਕੌਰ ਰੱਖ ਲਿਆ ਹੈ।

ਮੈਂ ਰਾਖੀ ਬਾਂਸਲ ਪਤਨੀ ਸੰਜੀਵ ਕੁਮਾਰ ਵਾਸੀ ਵਾਰਡ ਨੰਬਰ 11, ਪਾਤੜਾਂ (ਪਟਿਆਲਾ) ਨੇ ਆਪਣਾ ਨਾਂ ਬਦਲ ਕੇ ਰਾਖੀ ਗਰਗ ਰੱਖ ਲਿਆ ਹੈ।

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**ਪਬਲਿਕ ਨੋਟਿਸ**

ਸਰਕਾਰੀ ਪ੍ਰਾਇਮਰੀ ਸਕੂਲ ਖੰਨਾ ਐਟ ਸ਼ਰਫ ਅਲੀ (ਬਲਾਕ ਮੱਖੂ), ਤਹਿਸੀਲ ਜ਼ੀਰਾ, ਫਿਰੋਜ਼ਪੁਰ ਵਿਚ ਖਸਤਾ ਹਾਲਤ ਦੇ 3 ਕਮਰੇ ਜਿਸ ਦੀ ਨਿਲਾਮੀ ਮਿਤੀ 30.09.26 ਦਿਨ ਬੁੱਧਵਾਰ 9.30 ਵਜੇ ਸਵੇਰੇ ਕੀਤੀ ਜਾਣੀ ਹੈ। ਇਛੁੱਕ ਵਿਅਕਤੀ ਇਸ ਨਿਲਾਮੀ ਵਿੱਚ ਹਿੱਸਾ ਲੈ ਸਕਦੇ ਹਨ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਵੱਲੋਂ : ਸਕੂਲ ਮੈਨੇਜਮੈਂਟ ਕਮੇਟੀ
ਸ. ਪ੍ਰਾ. ਸ. ਖੰਨਾ ਐਟ ਸ਼ਰਫ ਅਲੀ

**ਨਿਲਾਮੀ ਨੋਟਿਸ**

ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਗੰਡੀਵਿੰਡ ਧੱਤਲ ਬਹੁ-ਮੰਤਵੀ ਸਹਿਕਾਰੀ ਸਭਾ ਲਿਮ: ਗੰਡੀਵਿੰਡ ਧੱਤਲ ਜ਼ਿਲ੍ਹਾ ਤਰਨ ਤਾਰਨ ਦੇ ਪੁਰਾਣੇ ਖੇਤੀਬਾੜੀ ਸੰਦਾਂ ਦੀ ਨਿਲਾਮੀ ਮਿਤੀ 07.10.2026 ਦਿਨ ਬੁੱਧਵਾਰ ਨੂੰ ਸਮਾਂ 11.00 ਵਜੇ ਸਭਾ ਦੇ ਦਫਤਰ ਗੰਡੀਵਿੰਡ ਧੱਤਲ ਵਿਖੇ ਹੋਵੇਗੀ।

ਜਾਣਕਾਰੀ ਲਈ ਸੰਪਰਕ ਕਰੋ :
98153-54711, 98721-69450

**ਚੋਣ ਨੋਟਿਸ**

ਮੈਨੇਜਰ ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਪੱਟੀ, ਤਹਿਸੀਲ ਪੱਟੀ ਅਤੇ ਜ਼ਿਲ੍ਹਾ ਤਰਨ ਤਾਰਨ ਨੇ ਬੈਂਕ ਦੇ ਬੋਰਡ ਆਫ ਡਾਇਰੈਕਟਰਜ਼ ਦੀ ਚੋਣ ਕਰਾਉਣ ਲਈ 9 ਜ਼ੋਨ ਤਿਆਰ ਕਰਕੇ ਪ੍ਰਵਾਨਗੀ ਲਈ ਇਸ ਦਫ਼ਤਰ ਨੂੰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਪੱਟੀ ਰਾਹੀਂ ਭੇਜੇ ਹਨ। ਹਰ ਇੱਕ ਜ਼ੋਨ ਵਿੱਚੋਂ ਇੱਕ ਬੋਰਡ ਆਫ ਡਾਇਰੈਕਟਰ ਚੁਣਿਆ ਜਾਣਾ ਹੈ। ਜ਼ੋਨ ਨੰ. 6 ਅਤੇ ਜ਼ੋਨ ਨੰ. 7 ਔਰਤਾਂ ਲਈ ਰਾਖਵੇਂ ਹਨ ਅਤੇ ਜ਼ੋਨ ਨੰ. 9 ਐੱਸ ਸੀ ਲਈ ਰਾਖਵਾਂ ਰੱਖਿਆ ਗਿਆ ਹੈ ਅਤੇ ਬਾਕੀ ਜ਼ੋਨ ਜਨਰਲ ਹਨ। ਇਸ ਲਈ ਬੈਂਕ ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਨ੍ਹਾਂ ਨੂੰ ਇਨ੍ਹਾਂ ਜ਼ੋਨਾਂ ਦੀ ਬਣਤਰ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਲਿਖਤੀ ਇਤਰਾਜ਼ ਮਿਤੀ 21.10.2026 ਨੂੰ ਬਾਅਦ ਦੁਪਹਿਰ 4.30 ਵਜੇ ਤੱਕ ਇਸ ਦਫ਼ਤਰ ਵਿੱਚ ਦੇ ਸਕਦਾ ਹੈ । ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 22.10.2026 ਨੂੰ ਬਾਅਦ ਦੁਪਹਿਰ 2.00 ਵਜੇ ਇਸ ਦਫ਼ਤਰ ਵਿੱਚ ਕੀਤੀ ਜਾਵੇਗੀ ਅਤੇ ਜ਼ੋਨਾਂ ਦੀ ਬਣਤਰ ਸੰਬੰਧੀ ਫੈਸਲਾ ਲਿਆ ਜਾਵੇਗਾ। ਇਨ੍ਹਾਂ ਜ਼ੋਨਾਂ ਦੀਆਂ ਕਾਪੀਆਂ ਮੈਨੇਜਰ ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਪੱਟੀ ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਵਿੱਚੋਂ ਅਤੇ ਇਸ ਦਫ਼ਤਰ ਵਿੱਚ ਕਿਸੇ ਕੰਮ ਵਾਲੇ ਦਿਨ ਵੇਖੀਆਂ ਜਾ ਸਕਦੀਆਂ ਹਨ। ਅੱਜ ਮਿਤੀ 25.09.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਹੇਠ ਜਾਰੀ ਹੋਇਆ।

ਡਿਪਟੀ ਰਜਿਸਟਰਾਰ
ਸਹਿਕਾਰੀ ਸਭਾਵਾਂ, ਤਰਨ ਤਾਰਨ

**LUDHIANA STOCK AND CAPITAL LIMITED**
CIN:- U67120PB1981PLC004696
Regd. Office: Feroze Gandhi Market, Ludhiana
Ph: 0161-2405756, 4662014,4663014
Email : lse_cs@rediffmail.com website:- www.lse.co.in

**NOTICE**

Notice is hereby given to general public and shareholders of the Company that as per applicable provisions of the Companies Act, 2013 and rules and regulations made thereunder and provisions of Articles of Association of the Company, there were the following candidates for the office of the 2 (TWO) Directors of the Company to be appointed by shareholders of the Company in 44th Annual General Meeting to be held on 28.09.2026 at 03:00 P.M. at the Registered Office of the Company atFirst Floor, LSE Building, Feroze Gandhi Market, Ludhiana (Pb.)-141001:

| S.NO. | Name of Candidates | Director Identification Number (DIN) |
|---|---|---|
| 1 | Mr. Rakesh Gupta | 00458677 |
| 2 | Mr. Rajesh Kumar Sharma | 02830766 |
| 3 | Mr. Aakash Bansal | 06767671 |
| 4 | Mr. Manoj Kumar | 10481810 |

The following candidates vide their notice dated 27.09.2026, have withdrawn their nomination of candidature for the office of Directors of the Company:

| S.NO. | Name of Candidates | Director Identification Number (DIN) |
|---|---|---|
| 1 | Mr. Aakash Bansal | 06767671 |
| 2 | Mr. Manoj Kumar | 10481810 |

After withdrawal of above nominations, there are only following 2 (TWO) candidates for the office of 2 (TWO) Directors of the Company.

| S.NO. | Name of Candidates | Director Identification Number (DIN) |
|---|---|---|
| 1 | Mr. Rakesh Gupta | 00458677 |
| 2 | Mr. Rajesh Kumar Sharma | 02830766 |

BY ORDER OF THE BOARD
FOR LUDHIANA STOCK AND CAPITAL LIMITED
Sd/-
SANJEEV GUPTA
DIRECTOR
(DIN- 00412914)

Place : LUDHIANA
Date : 27.09.2026

# ਵਿਧਾਇਕ ਕੁਲਵੰਤ ਸਿੰਘ ਨੇ 3 ਬੱਸਾਂ ਨੂੰ ਦਿੱਤੀ ਹਰੀ ਝੰਡੀ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ



ਯੋਜਨਾ ਦੇ ਤਹਿਤ ਪੰਜਾਬ ਭਰ ਦੇ ਵਿੱਚੋਂ ਵੱਡੀ ਗਿਣਤੀ ਦੇ ਵਿੱਚ ਰੋਜ਼ਾਨਾ ਸੀਨੀਅਰ ਸਿਟੀਜ਼ਨ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਿਤ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਬਾਘਾ ਬਾਰਡਰ ਅਤੇ ਜਲ੍ਹਿਆਂ ਵਾਲੇ ਬਾਗ ਦੇ ਦਰਸ਼ਨ ਕਰ ਰਹੇ ਹਨ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਇਸ ਦੇ ਨਾਲ ਹੀ- ਖਟਕੜ ਕਲਾਂ, ਸਾਲਾਸਰ, ਬਰਿੰਦਾਵਨ, ਹਰਿਦੁਆਰ ਦੇ ਦਰਸ਼ਨਾਂ ਲਈ ਵੀ ਰੋਜ਼ਾਨਾ ਬੱਸਾਂ ਰਵਾਨਾ ਹੋਣੀਆਂ ਸ਼ੁਰੂ ਹੋ ਚੁੱਕੀਆਂ ਹਨ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਫੇਜ਼-5, ਪਿੰਡ ਕੰਡਾਲਾ ਅਤੇ ਐਰੋਸਿਟੀ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸੀਨੀਅਰ ਸਿਟੀਜ਼ਨ ਸ਼ਰਧਾਲੂਆਂ ਦੇ ਜਥੇ ਨੂੰ ਰਵਾਨਾ ਕਰ ਰਹੇ ਸਨ। ਇਸ ਮੌਕੇ ਵਿਧਾਇਕ ਨੇ ਤਿੰਨੇ ਬੱਸਾਂ ਨੂੰ ਹਰੀ ਝੰਡੀ ਦੇ ਕੇ ਸੀਨੀਅਰ ਸਿਟੀਜ਼ਨ ਸ਼ਰਧਾਲੂ ਨੂੰ ਤੀਰਥ ਯਾਤਰਾ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਫੇਜ਼-5 ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਪ ਨੇਤਾ ਅਨੂ ਬੱਬਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਬਹੁਤ ਕੰਮ ਕੀਤਾ ਹੈ ਅਤੇ ਅਨੂ ਬੱਬਰ ਪੰਜਾਬ ਸਰਕਾਰ ਦੀਆਂ ਵੱਖ- ਵੱਖ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਲਈ ਲਗਾਤਾਰ ਕੰਮ ਕਰ ਰਹੇ ਹਨ ਅਤੇ ਅੱਜ ਇਹਨਾਂ ਦੀ ਅਗਵਾਈ ਵਿੱਚ ਤੀਰਥ ਯਾਤਰਾ ਦੇ ਲਈ ਫੇਜ਼-5 ਤੋਂ ਬਸ ਰਵਾਨਾ ਕੀਤੀ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡ ਜਗਤ ਵਿੱਚ ਵੱਡਾ ਕੀ ਲੋਕ ਨਿਵਾਇਆ ਜਾ ਰਿਹਾ ਹੈ ਅਤੇ ਨੌਜਵਾਨ ਵਰਗ ਨੂੰ ਤੰਦਰੁਸਤ ਬਣਾਉਣ ਦੇ ਲਈ ਪੰਜਾਬ 'ਚ ਵੱਡੇ ਪੱਧਰ 'ਤੇ ਨਵੇਂ ਖੇਡ ਸਟੇਡੀਅਮ ਦੀ ਉਸਾਰੀ ਕੀਤੀ ਜਾ ਰਹੀ ਹੈ। ਇਸ ਮੌਕੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੁਆਰਡੀਨੇਟਰ ਗੁਲਰਾਜ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ- ਸਮਾਣਾ, ਜ਼ਿਲਾ ਯੋਜਨਾ ਬੋਰਡ ਦੇ ਚੇਅਰਪਰਸਨ ਪ੍ਰਭਜੋਤ ਕੌਰ, ਆਪ ਨੇਤਾ ਅਨੂ ਬੱਬਰ, ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ, ਅਮਰਜੀਤ ਸਿੰਘ, ਹਰਪ੍ਰੀਤ ਸਿੰਘ ਸਰਪੰਚ ਕੰਡਾਲਾ, ਰਾਕੇਸ਼ ਗਰੇਵਾਲ, ਹਰਜੀਤ ਸਿੰਘ- ਰੁੜਕਾ, ਦਵਿੰਦਰ ਸਿੰਘ ਨਡਿਆਲੀ, ਪ੍ਰਗਟ ਸਿੰਘ ਰਾਇਪੁਰ ਕਲਾ, ਬਲਜੀਤ ਸਿੰਘ ਹੈਪੀ ਵੀ ਹਾਜ਼ਰ ਸਨ।

# ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ 'ਚ ਖੇਡ ਸਾਹਿਤ ਦਾ ਅਹਿਮ ਯੋਗਦਾਨ : ਰਾਜਿੰਦਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੌਮਾਂਤਰੀ ਪੱਧਰ ਉੱਤੇ ਖੇਡਾਂ ਵਿੱਚ ਤਮਗੇ ਜਿੱਤਣ ਲਈ ਖੇਡ ਸੱਭਿਆਚਾਰ ਪੈਦਾ ਕਰਨਾ ਅਮੋਂ ਦੀ ਲੋੜ ਹੈ ਅਤੇ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਵਿੱਚ ਖੇਡ ਸਾਹਿਤ ਸਭ ਤੋਂ ਮਹੱਤਵਪੂਰਨ ਯੋਗਦਾਨ ਪਾ ਸਕਦਾ ਹੈ। ਇਹ ਗੱਲ ਤਮਗੇ ਗਲੋਬਲ ਮੈਡਲਿਸਟ, ਦਰੋਣਾਚਾਰੀਆ ਅਤੇ ਅਰਜੁਨਾ ਐਵਾਰਡੀ ਰਾਜਿੰਦਰ ਸਿੰਘ ਸੀਨੀਅਰ ਨੇ ਇੱਥੇ ਪੰਜਾਬ ਕਲਾ ਭਵਨ ਵਿਖੇ ਪੰਜਾਬੀ ਸਾਹਿਤ ਅਕਾਦਮੀ, ਦਿੱਲੀ ਵੱਲੋਂ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਦੇ ਸਹਿਯੋਗ ਨਾਲ ਕਰਵਾਏ 'ਖੇਡ ਸਾਹਿਤ ਦੀ ਪ੍ਰਸੰਗਿਕਤਾ' ਵਿਸ਼ੇ 'ਤੇ ਸਮਾਗਮ ਦੌਰਾਨ ਕਹੀ। ਓਲੰਪੀਅਨ ਰਾਜਿੰਦਰ ਸਿੰਘ ਸੀਨੀਅਰ ਨੇ ਬਤੌਰ ਮੁੱਖ ਮਹਿਮਾਨ ਬੋਲਦਿਆਂ ਕਿਹਾ ਕਿ ਖੇਡ ਸਾਹਿਤ ਖਿਡਾਰੀਆਂ ਅੰਦਰ ਖੇਡਾਂ ਦੀਆਂ ਉਣਤਾਈਆਂ ਬਾਰੇ ਕਿਸੇ ਵੀ ਰੂਪ ਵਿੱਚ ਲਿਖ ਕੇ ਸਾਨੂੰ ਅਗਾਹ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇੱਕ ਖਿਡਾਰੀ ਕਿੰਨ੍ਹੀ ਖਿਡਾਰੀ ਕਈ ਸਾਲਾਂ ਦੀ ਮਿਹਨਤ ਨਾਲ ਤਿਆਰ ਹੁੰਦਾ ਹੈ ਅਤੇ ਮਿਹਨਤ ਕਰਕੇ ਆਪਣਾ ਮੁਕਾਮ ਬਣਾਉਂਦਾ ਹੈ। ਲਿਖਤਾਂ ਵਿੱਚ ਕਿਨ੍ਹਾਂ ਖਿਡਾਰੀਆਂ ਦੀ ਮਿਹਨਤ ਅਤੇ ਸੰਘਰਸ਼ ਦਾ ਵੀ ਵੱਡਾ ਜ਼ਿਕਰ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਸਰੋਤਿਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ। ਪ੍ਰਧਾਨਗੀ ਮੰਡਲ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਉੱਘੇ ਪੱਤਰਕਾਰ ਤੇ ਲੇਖਕ ਸਰਬਜੀਤ ਸਿੰਘ ਧਾਲੀਵਾਲ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਖੇਡ ਸਾਹਿਤ ਦੇ ਸੰਸਾਰ ਨਾਲ ਸਬੰਧਿਤ ਕਈ ਅਣਛੋਹੇ ਪੱਖਾਂ ਬਾਰੇ ਗੱਲ ਕੀਤੀ।



ਉਨ੍ਹਾਂ ਉੱਘੇ ਪੰਜਾਬੀ ਕਵੀ ਪ੍ਰੋ. ਪੂਰਨ ਸਿੰਘ ਦੀਆਂ ਖੇਡਾਂ ਬਾਰੇ ਲਿਖੀਆਂ ਕਵਿਤਾਵਾਂ ਵੀ ਸੁਣਾਈਆਂ ਅਤੇ ਵਿਸ਼ਵ ਸਾਹਿਤ ਵਿੱਚ ਖੇਡਾਂ ਬਾਰੇ ਲਿਖੀਆਂ ਕੁਝ ਕਵਿਤਾਵਾਂ ਦੇ ਅਨੁਵਾਦ ਸੁਣਾ ਕੇ ਸਰੋਤਿਆਂ ਨੂੰ ਸਰਸ਼ਾਰ ਕੀਤਾ। ਇਸ ਮੌਕੇ ਪ੍ਰਧਾਨਗੀ ਮੰਡਲ ਵੱਲੋਂ ਓਲੰਪੀਅਨ ਰਾਜਿੰਦਰ ਸਿੰਘ ਸੀਨੀਅਰ ਦਾ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਸ਼ਾਇਰ, ਵਾਰਤਕਕਾਰ, ਅਨੁਵਾਦਕ ਅਤੇ ਸਮਾਗਮ ਦੇ ਕੋਆਰਡੀਨੇਟਰ ਜਗਦੀਪ ਸਿੱਧੂ ਨੇ ਕੀਤਾ। ਉਨ੍ਹਾਂ ਸਮਾਗਮ ਦਾ ਅੰਤ ਖੇਡਾਂ ਬਾਰੇ ਲਿਖੀ ਕਵਿਤਾ ਨਾਲ ਕੀਤਾ। ਇਸ ਸਮਾਗਮ ਵਿੱਚ ਸ਼ਾਇਰ ਸੁਰਿੰਦਰ ਗਿੱਲ, ਪੱਤਰਕਾਰ ਕੇ ਪੀ, ਚਰਨਜੀਤ ਭਾਰ, ਚੰਡੀਗੜ੍ਹ ਲੇਖਕ ਸਭਾ ਦੇ ਜਨਰਲ ਸਕੱਤਰ ਭੁਪਿੰਦਰ ਮਲਿਕ, ਵਰਿੰਦਰ ਸਿੰਘ, ਅਵਤਾਰ ਸਿੰਘ ਪਤੰਗ, ਮਨਿੰਦਰ ਸਿੰਘ ਵਿੱਕੀ, ਪਵਨਦੀਪ, ਰਾਜਪਾਲ ਸਿੰਘ, ਸਰਬਜੀਤ ਸਿੰਘ ਪੱਡਾ ਆਦਿ ਨੇ ਸ਼ਿਰਕਤ ਕੀਤੀ।

# ਚੇਅਰਮੈਨ ਸੋਖੀ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਦੇ ਬਣੇ ਗਲੋਬਲ ਟੀਮ ਮੈਂਬਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅੰਮ੍ਰਿਤਸਰ ਚੇਅਰਮੈਨ ਰਾਮਗੜ੍ਹੀਆ ਵੈਲਫੇਅਰ ਬੋਰਡ ਦੀਆਂ ਭਾਈਚਾਰੇ ਦੀ ਭਲਾਈ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਉਹਨਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ ਵੱਲੋਂ ਇੰਡੀਆ ਪ੍ਰਧਾਨ ਹਰਦੇਵ ਸਿੰਘ ਕੌਂਸਲ ਦੀ ਅਗਵਾਈ ਹੇਠ ਜਥੇਬੰਦੀ ਦੀ ਮਜ਼ਬੂਤੀ ਲਈ ਆਰੰਭੇ ਗਏ ਯਤਨਾਂ ਸਦਕਾ ਇੱਕ ਅਹਿਮ ਨਿਯੁਕਤੀ ਕਰਦਿਆਂ ਸਤਪਾਲ ਸਿੰਘ ਸੋਖੀ ਅੰਮ੍ਰਿਤਸਰ ਚੇਅਰਮੈਨ ਰਾਮਗੜ੍ਹੀਆ ਵੈਲਫੇਅਰ ਬੋਰਡ ਨੂੰ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਦੇ ਗਲੋਬਲ ਟੀਮ ਦੇ ਮੈਂਬਰ ਨਿਯੁਕਤ ਕੀਤਾ ਗਿਆ ਹੈ।



ਹਰਦੇਵ ਸਿੰਘ ਕੌਂਸਲ ਪ੍ਰਧਾਨ ਇੰਡੀਆ ਨੇ ਦੱਸਿਆ ਕਿ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਨੂੰ ਜਥੇਬੰਦਕ ਤੌਰ 'ਤੇ ਵਰਲਡ ਵਾਈਡ ਤਾਕਤ ਦੇਣ ਲਈ ਹਾਈ ਪਾਵਰ ਗਲੋਬਲ ਟੀਮ ਗਠਿਤ ਕੀਤੀ ਜਾ ਰਹੀ ਹੈ ਜਿਸ ਵਿੱਚ ਰਾਮਗੜ੍ਹੀਆ ਭਾਈਚਾਰੇ ਦੇ ਬਿਹਤਰੀ ਲਈ ਸ਼ਾਨਦਾਰ ਕਾਰਗੁਜ਼ਾਰੀ ਵਾਲੀਆਂ ਸ਼ਖਸੀਅਤਾਂ ਨੂੰ ਅਹਿਮ ਜ਼ਿੰਮੇਵਾਰੀਆਂ ਦਿੱਤੀਆਂ ਜਾ ਰਹੀਆਂ ਹਨ ਇਸੇ ਤਹਿਤ ਸਤਪਾਲ ਸਿੰਘ ਸੋਖੀ ਗਈ ਹੈ। ਇਸ ਮੌਕੇ ਸੋਖੀ ਨੇ ਆਪਣੀ ਨਿਯੁਕਤੀ ਲਈ ਹਰਦੇਵ ਸਿੰਘ ਕੌਂਸਲ ਇੰਡੀਆ ਪ੍ਰਧਾਨ ਦਾ ਧੰਨਵਾਦ ਕਰਦਿਆਂ ਯਕੀਨ ਦਿਵਾਇਆ ਕਿ ਉਹ ਇਸ ਜ਼ਿੰਮੇਵਾਰੀ ਨੂੰ ਤਨ ਮਨ ਧਨ ਦੇ ਨਾਲ ਨਿਭਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੇਵ ਸਿੰਘ ਐਕਸੀਅਨ ਜਨਰਲ ਸਕੱਤਰ ਇੰਡੀਆ, ਅਮਰਜੀਤ ਸਿੰਘ ਆਸੀ, ਜਸਵੰਤ ਸਿੰਘ ਭੋਗਲ ਚੇਅਰਮੈਨ, ਗੁਰਵਿੰਦਰ ਸਿੰਘ ਗਿੱਦਾ ਚੇਅਰਮੈਨ ਪੰਜਾਬ, ਹਰਪ੍ਰੀਤ ਸਿੰਘ ਕੌਂਸਲ ਜ਼ਿਲ੍ਹਾ ਪ੍ਰਧਾਨ ਸਮੇਤ ਪੰਜਾਬ ਭਰ ਤੋਂ ਅਹਿਮ ਅਹੁਦੇਦਾਰ ਵੀ ਹਾਜ਼ਰ ਸਨ।

# ਚਾਬੀਆਂ ਦਾ ਮਾਮਲਾ : ਦੀਪਇੰਦਰ ਸਿੰਘ ਢਿੱਲੋਂ ਨੇ ਰਾਜਪੂਤ ਭਾਈਚਾਰੇ ਨਾਲ ਇੱਕਜੁਟਤਾ ਪ੍ਰਗਟਾਈ

**ਲਾਲੜੂ (ਵਿਨੋਦ ਕੁਮਾਰ ਜੈਨ)**- ਨਗਰ ਕੌਂਸਲ ਲਾਲੜੂ ਵੱਲੋਂ ਮਹਾਰਾਣਾ ਪ੍ਰਤਾਪ ਭਵਨ ਲਾਲੜੂ ਦੀਆਂ ਚਾਬੀਆਂ ਮੰਗਣ ਦੇ ਮਾਮਲੇ ਵਿਚ ਰਾਜਪੂਤ ਭਾਈਚਾਰੇ ਦੀ ਹਮਾਇਤ ਵਿੱਚ ਆਉਂਦਿਆਂ ਕਾਂਗਰਸ ਦੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਉਕਤ ਫੈਸਲੇ ਨੂੰ ਗਲਤ ਗਰਦਾਨਦਿਆਂ ਨਗਰ ਕੌਂਸਲ ਦੀ ਸਖ਼ਤ ਨਿੰਦਿਆ ਕੀਤੀ ਹੈ। ਇਸ ਸਬੰਧੀ ਜਾਰੀ ਬਿਆਨ ਵਿੱਚ ਦੀਪਇੰਦਰ ਢਿੱਲੋਂ ਨੇ ਕਿਹਾ ਕਿ ਉਹ ਇਸ ਭਵਨ ਦੀ ਸ਼ੁਰੂਆਤ ਮੌਕੇ ਆਈਆਂ ਮੁਸ਼ਕਲਾਂ ਤੋਂ ਭਲੀਭਾਂਤ ਜਾਣੂੰ ਹਨ ਤੇ ਇਸ



ਭਵਨ ਦੇ ਹੋਂਦ ਵਿੱਚ ਆਉਣ ਵਿਚ ਸਿਰਫ ਤੇ ਸਿਰਫ ਰਾਜਪੂਤ ਭਾਈਚਾਰੇ ਦਾ ਰੋਲ ਹੈ। ਇਸ ਲਈ ਇਸ ਭਵਨ ਉਤੇ ਪਹਿਲਾਂ ਤੇ ਆਖਰੀ ਹੱਕ ਸਿਰਫ ਰਾਜਪੂਤ ਸਮਾਜ ਦਾ ਹੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਇਸ ਭਵਨ ਦੀ ਉਸਾਰੀ ਵਿਚ ਉਨ੍ਹਾਂ ਦੇ ਕਹਿਣ ਉਤੇ ਕਾਂਗਰਸ ਪਾਰਟੀ ਤੇ ਮਹਾਰਾਣੀ ਪ੍ਰਨੀਤ ਕੌਰ ਨੇ ਵੱਡੀ ਮਦਦ ਕੀਤੀ ਸੀ ਪਰ ਫਿਰ ਵੀ ਇਹ ਸਭ ਕੁੱਝ ਉਸ ਸਮੇਂ ਦੇ ਆਗੂਆਂ ਦਾ ਫਰਜ਼ ਸੀ, ਕਿਉਂਕਿ ਇਸ ਤੋਂ ਪਹਿਲਾਂ ਹੀ ਰਾਜਪੂਤ ਭਾਈਚਾਰਾ ਇਸ ਭਵਨ ਨੂੰ ਬਣਾਉਣ ਦਾ ਫੈਸਲਾ ਲੈ ਚੁੱਕਾ ਸੀ ਤੇ ਇਸ ਭਵਨ ਵਿੱਚ ਰਾਜਪੂਤ ਭਾਈਚਾਰੇ ਦੇ ਮੋਹਤਬਰਾਂ ਨੇ ਆਪਣੇ ਬਜ਼ੁਰਗਾਂ ਦੇ ਨਾਂਅ ਉਤੇ ਕਮਰੇ ਵੀ ਬਣਵਾਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਤੇ ਕੌਂਸਲ ਰਹਿਣ ਦੇ ਬਾਵਜੂਦ ਉਨ੍ਹਾਂ ਕਦੇ ਵੀ ਇਸ ਭਵਨ ਉਤੇ ਅਧਿਕਾਰ ਨਹੀਂ ਜਮਾਇਆ ਜਦਕਿ ਹੁਣ ਵਾਲੀ ਕੌਂਸਲ ਅੱਧਾ ਅਧੂਰਾ ਭਵਨ ਬਣਾ ਕੇ ਭਵਨ ਦੀ ਮਾਲਕ ਬਣਨ ਤੁਰੀ ਹੈ। ਢਿੱਲੋਂ ਨੇ ਸਪੱਸ਼ਟ ਕਿਹਾ ਕਿ ਇਹ ਭਵਨ ਪੂਰੀ ਤਰ੍ਹਾਂ ਰਾਜਪੂਤ ਭਾਈਚਾਰੇ ਦੀ ਅਮਾਨਤ ਤੇ ਸ਼ਾਨ ਦਾ ਪ੍ਰਤੀਕ ਹੈ ਤੇ ਉਹ ਹੁਣ ਵੀ ਪੂਰੀ ਤਰ੍ਹਾਂ ਰਾਜਪੂਤ ਭਾਈਚਾਰੇ ਨਾਲ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਰਾਜਪੂਤ ਭਾਈਚਾਰੇ ਵਾਲੇ ਉਨ੍ਹਾਂ ਦੀ ਜਿੱਥੇ ਵੀ ਜਿਸ ਤਰ੍ਹਾਂ ਦੀ ਡਿਊਟੀ ਲਗਾਉਣਗੇ,ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

# ਜੇ ਬੀ ਬਹਿਲ ਨੇ ਰੋਟਰੀ ਕਲੱਬ ਆਫ ਹੁਸ਼ਿਆਰਪੁਰ ਕੀਤੀ ਜੋਆਇਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਸੁਮਨ ਨਈਅਰ ਦੀ ਅਗਵਾਈ ਵਿੱਚ ਰੋਟਰੀ ਕਲੱਬ ਦੀ ਬੈਠਕ ਗਾਰਗੀ ਤਾਰਾ ਭਵਨ ਵਿੱਚ ਹੋਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਜ਼ਿਲਾ ਗਵਰਨਰ ਜੀ.ਐਸ ਬਾਵਾ, ਬਹਿਲ ਅਤੇ ਉਨ੍ਹਾਂ ਦੇ ਸਾਥੀਆਂ ਦਾ ਤਹਿ ਦਿਲੋਂ ਸਵਾਗਤ ਕੀਤਾ ਕਿਉਂਕਿ ਉਨ੍ਹਾਂ ਨੇ ਰੋਟਰੀ ਵਿੱਚ ਕੰਮ ਕਰਨ ਦੀ ਆਪਣੀ ਇੱਛਾ ਜ਼ਾਹਰ ਕੀਤੀ ਸੀ। ਮੀਟਿੰਗ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਜੇ.ਬੀ. ਬਹਿਲ ਨੇ ਐਥਾਂ ਲਾਗਇਆਂ, ਬਾਡੀ ਡੋਨੇਸ਼ਨ ਅਤੇ ਅੱਖਾਂ ਦਾਨ ਕਰਨ ਦੀ ਅਵੇਅਰਨੈਸ ਵਿੱਚ ਪੂਰੇ ਨੌਰਥ ਇੰਡੀਆ ਵਿੱਚ ਮੱਲਾਂ ਮਾਰੀਆਂ ਅਤੇ ਇਹਨਾਂ ਨੂੰ ਜ਼ਿਲਾ ਪ੍ਰਸ਼ਾਸਨ ਅਤੇ ਸਟੇਟ ਪ੍ਰਸ਼ਾਸਨ ਤੋਂ ਕਈ ਐਵਾਰਡ ਮਿਲੇ ਹਨ। ਇਹ ਜਦੋਂ ਪਹਿਲਾਂ ਰੋਟੇਰੀਅਨ ਸਨ ਉਸ ਸਮੇਂ ਵੀ ਇਨ੍ਹਾਂ ਨੂੰ ਰੋਟਰੀ ਇੰਟਰਨੈਸ਼ਨਲ ਵੱਲੋਂ ਸਨਮਾਨਤ ਚਿੰਨ੍ਹ ਮਿਲਦੇ ਰਹੇ ਹਨ। ਇਸ ਤੋਂ ਬਾਅਦ ਜੀ.ਐਸ. ਬਾਵਾ ਨੇ ਆਏ ਹੋਏ ਮਹਿਮਾਨਾ ਨੂੰ ਰੋਟਰੀ ਦੀ ਸੇਵਾ ਭਾਵਨਾ ਅਤੇ ਕਾਰਗੁਜ਼ਾਰੀ



ਸੁਰਿੰਦਰ ਵਿਜ, ਅਰੁਣ ਜੈਨ ਅਤੇ ਸਹਾਇਕ ਗਵਰਨਰ ਰਾਜਿੰਦਰ ਮੋਦਗਿਲ ਸ਼ਾਮਲ ਹੋਏ।ਇਸ ਮੌਕੇ ਰੋਟਰੀ ਆਈ ਬੈਂਕ ਅਤੇ ਟ੍ਰਾਂਸਪਲਾਂਟ ਸੋਸਾਇਟੀ ਦੇ ਪ੍ਰਧਾਨ ਤੇ ਪੁਰਾਣੇ ਰੋਟੇਰੀਅਨ ਯੋਗੀ ਬਹਾਦੁਰ ਬਹਿਲ ਆਪਣੇ ਸੇਵਾ ਭਾਵਨਾ ਵਾਲੇ ਸਾਥੀਆਂ ਨਾਲ ਜਿਹਨਾ ਵਿੱਚ ਰਿਟਾਇਰਡ ਪ੍ਰੋ. ਦਿਲਜੀਤ ਸਿੰਘ ਸਰਕਾਰੀ, ਰਿ. ਪ੍ਰੋ. ਰਾਜੀਵ ਸ਼ਰਮਾ, ਜਸਵੀਰ ਕੁੰਵਰ ਰਿਟਾਇਰਡ ਐਮ.ਡੀ. ਮਾਰਡਨ ਹਸਪਤਾਲ ਹੁਸ਼ਿਆਰਪੁਰ ਅਤੇ ਕ੍ਰਿਸ਼ਨ ਕਿਸ਼ੋਰ ਰਿਟਾਇਰਡ ਮੈਨੇਜਰ ਯੂ.ਕੋ. ਬੈਂਕ ਸ਼ਾਮਲ ਹੋਏ ਅਤੇ ਸਭ ਤੋਂ ਪਹਿਲਾ ਰਾਸ਼ਟਰੀ ਗੀਤ ਦੇ ਨਾਲ ਬੈਠਕ ਦੀ ਸ਼ੁਰੂਆਤ ਕੀਤੀ। ਸਹਾਇਕ ਗਵਰਨਰ ਰਾਜਿੰਦਰ ਮੋਦਗਿਲ ਨੇ ਰੋਟੇਰੀਅਨ ਜੇ.ਬੀ. ਬਾਰੇ ਜਾਣਕਾਰੀ ਦਿੱਤੀ। ਅੰਤ ਵਿੱਚ ਜੇ.ਬੀ. ਬਹਿਲ ਨੂੰ ਰੋਟੇਰੀਅਨ ਅਰੁਣ ਜੈਨ ਦੁਆਰਾ ਲੈਪਲ ਪਿਨ ਲਗਾ ਕੇ ਫਿਰ ਤੋਂ ਰੋਟੇਰੀਅਨ ਬਣਾ ਕੇ ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵਿੱਚ ਜੁਆਇਨ ਕਰ ਲਿਆ ਅਤੇ ਦੱਸਿਆ ਕਿ ਬਾਕੀ ਚਾਰੇ ਮੈਂਬਰਾਂ ਨੂੰ ਵੀ ਆਉਣ ਵਾਲੇ ਸਮੇਂ ਵਿੱਚ ਰੋਟਰੀ ਦੇ ਕਿਸੇ ਵੱਡੇ ਸਮਾਰੋਹ ਵਿੱਚ ਸਨਮਾਨ ਪੂਰਵਕ ਮੈਂਬਰ ਬਣਾਇਆ ਜਾਵੇਗਾ। ਅੰਤ ਵਿੱਚ ਰੋਟੇਰੀਅਨ ਸੁਰਿੰਦਰ ਵਿਜ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਕਲੱਬ ਵੱਲੋਂ ਸੁਮਨ ਨਈਅਰ, ਅਸ਼ੋਕ ਜੈਨ, ਜੀ.ਐਸ. ਬਾਵਾ, ਅਰੁਣ ਜੈਨ, ਚੰਦਨ ਸਰੀਨ, ਰਾਜਿੰਦਰ ਮੋਦਗਿਲ ਅਤੇ ਹੋਰ ਰੋਟੇਰੀਅਨ ਸ਼ਾਮਲ ਹੋਏ।

# ਜਸਬੀਰ ਸਿੰਘ ਰੱਕੜ ਪਦਉੱਨਤ ਹੋ ਕੇ ਬਣੇ ਮਾਰਕਫੈੱਡ 'ਚ ਜ਼ਿਲ੍ਹਾ ਮੈਨੇਜਰ

**ਪੋਜੇਵਾਲ (ਰਾਮ ਲਾਲ)** ਪਿੰਡ ਰੱਕੜਾਂ ਬੇਟ ਅਤੇ ਬਲਾਚੌਰ ਇਲਾਕੇ ਲਈ ਮਾਣ ਵਾਲੀ ਗੱਲ ਹੈ ਕਿ ਜਸਬੀਰ ਸਿੰਘ ਰੱਕੜ ਪਦਉੱਨਤ ਹੋ ਕੇ ਮਾਰਕਫੈੱਡ 'ਚ ਜ਼ਿਲ੍ਹਾ ਮੈਨੇਜਰ (ਡੀ.ਐਮ.) ਬਣ ਗਏ ਹਨ। ਉਨ੍ਹਾਂ ਦੀ ਇਸ ਤਰੱਕੀ ਨਾਲ ਪਰਿਵਾਰਕ ਮੈਂਬਰਾਂ, ਪਿੰਡ ਵਾਸੀਆਂ ਅਤੇ ਉਨ੍ਹਾਂ ਦੇ ਸਾਥੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਜਸਬੀਰ ਸਿੰਘ ਰੱਕੜ ਨੇ ਸਾਲ 1995 ਵਿੱਚ ਬਤੌਰ ਸੇਵਾਦਾਰ ਆਪਣੀ ਨੌਕਰੀ ਦੀ ਸ਼ੁਰੂਆਤ ਕੀਤੀ ਸੀ।ਆਪਣੀ ਲੰਬੀ ਸੇਵਾ ਦੌਰਾਨ ਉਨ੍ਹਾਂ ਨੇ ਵਿਭਾਗ ਦੇ ਵੱਖ-ਵੱਖ ਅਹੁਦਿਆਂ 'ਤੇ ਪੂਰੀ ਇਮਾਨਦਾਰੀ, ਮਿਹਨਤ ਅਤੇ ਜ਼ਿੰਮੇਵਾਰੀ ਨਾਲ ਸੇਵਾਵਾਂ ਨਿਭਾਈਆਂ।ਲਗਾਤਾਰ ਮਿਹਨਤ ਅਤੇ ਤਜਰਬੇ ਦੇ ਬਲਬੂਤੇ ਉਹ ਅੱਗੇ ਵਧਦੇ ਰਹੇ ਅਤੇ ਹੁਣ ਪਦਉੱਨਤ ਹੋ ਕੇ ਜ਼ਿਲ੍ਹਾ ਮੈਨੇਜਰ ਦੇ ਅਹੁਦੇ ਤੱਕ ਪਹੁੰਚੇ ਹਨ।ਪਿੰਡ ਵਾਸੀਆਂ ਨੇ ਕਿਹਾ ਕਿ ਜਸਬੀਰ ਸਿੰਘ ਰੱਕੜ ਦਾ ਸੇਵਾਦਾਰ ਤੋਂ ਜ਼ਿਲ੍ਹਾ ਮੈਨੇਜਰ ਤੱਕ ਦਾ ਸਫ਼ਰ ਮਿਹਨਤ, ਲਗਨ ਅਤੇ ਸਮਰਪਣ ਦੀ ਮਿਸਾਲ ਹੈ। ਉਨ੍ਹਾਂ ਨੇ ਜਸਬੀਰ ਸਿੰਘ ਰੱਕੜ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।



# ਲਾਲੜੂ ਬੱਸ ਸਟੈਂਡ ਸੰਬੰਧੀ ਸਾਰੀ ਕਾਰਵਾਈ ਕਾਂਗਰਸ ਸਰਕਾਰ ਸਮੇਂ ਹੋਈ : ਢਿੱਲੋਂ

**ਲਾਲੜੂ**- ਲਾਲੜੂ ਵਿਚ ਜਿਸ ਬੱਸ ਸਟੈਂਡ ਦਾ ਉਦਘਾਟਨ ਕਰ ਕੇ ਮੌਜੂਦਾ ਸਰਕਾਰ ਵਾਲੇ ਵਾਹ-ਵਾਹੀ ਖੱਟ ਰਹੇ ਹਨ, ਉਸ ਬੱਸ ਸਟੈਂਡ ਸੰਬੰਧੀ ਸਾਰੀ ਕਾਰਵਾਈ ਤੇ ਫੰਡ ਕਾਂਗਰਸ ਸਰਕਾਰ ਵੇਲੇ ਪਾਸ ਹੋਏ ਸਨ। ਇਹ ਦਾਅਵਾ ਕਰਦਿਆਂ ਹਲਕਾ ਕਾਂਗਰਸ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਬਣਾਇਆ ਲਾਲੜੂ ਬੱਸ ਸਟੈਂਡ ਦੇ ਉਦਘਾਟਨ ਦੀ ਵੱਡੀ ਗੱਲੀਜ਼ ਕੀਤੀ ਹੈ।



ਫੋਟੋ ਗੈਲੀਜ਼ ਕਰਦਿਆਂ ਢਿੱਲੋਂ ਨੇ ਕਿਹਾ ਕਿ ਇਹ ਬੱਸ ਸਟੈਂਡ ਦੀ ਉਸਾਰੀ ਲਈ ਉਨ੍ਹਾਂ ਆਪਣੀ ਸਰਕਾਰ ਦੌਰਾਨ ਨੇਕ ਉਪਰਾਲੇ ਕੀਤੇ ਸਨ ਤੇ ਤਤਕਾਲੀਨ ਸੰਸਦ ਮੈਂਬਰ ਮਹਾਰਾਣੀ ਪ੍ਰਨੀਤ ਕੌਰ ਦੇ ਉਦਮ ਸਦਕਾ 6 ਜਨਵਰੀ 2021 ਨੂੰ ਤਿੰਨ ਕਰੋੜ ਰੁਪਏ ਦੀ ਲਾਗਤ ਵਾਲੇ ਇਸ ਬੱਸ ਸਟੈਂਡ ਦਾ ਨੀਂਹ ਪੱਥਰ ਉਨ੍ਹਾਂ ਖੁਦ ਰੱਖਿਆ ਸੀ। ਢਿੱਲੋਂ ਨੇ ਕਿਹਾ ਕਿ ਇਸ ਬੱਸ ਸਟੈਂਡ ਦਾ ਕੰਮ ਸ਼ੁਰੂ ਵੀ ਹੋ ਗਿਆ ਸੀ ਪਰ ਸਰਕਾਰ ਬਦਲਦੇ ਉਪਰੰਤ ਇੱਕ ਸਾਜ਼ਿਸ਼ ਤਹਿਤ ਬੱਸ ਸਟੈਂਡ ਲਈ ਆਈ ਗਰਾਂਟ ਵਾਪਸ ਲੈ ਲਈ ਗਈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੂਜਿਆਂ ਦੇ ਕੰਮਾਂ ਨੂੰ ਆਪਣੇ ਦੱਸ ਕੇ ਡਰਾਮੇਬਾਜ਼ੀ ਕਰ ਰਹੀ ਹੈ ਤੇ ਜੇਕਰ ਸਰਕਾਰ ਵਾਕਿਆ ਹੀ ਗੰਭੀਰ ਹੈ ਤਾਂ ਇਸ ਬੱਸ ਸਟੈਂਡ ਵਿਚ ਬੱਸਾਂ ਜਾਣ ਲਈ ਨੈਸ਼ਨਲ ਹਾਈਵੇ ਤੋਂ ਕੱਟ ਦਿਵਾਏ। ਉਨ੍ਹਾਂ ਕਿਹਾ ਬੱਸ ਰੂਟਾਂ ਲਈ ਬੱਸ ਸਟੈਂਡ ਦਾ ਉਦਘਾਟਨ ਕਰ ਕੇ ਮਹਿਜ਼ ਦਾਅਵੇ ਕਰਨ ਦੀ ਨਹੀਂ, ਸਗੋਂ ਇੱਛਾ ਸ਼ਕਤੀ ਦੀ ਲੋੜ ਹੈ।

# ਪ੍ਰਾਇਮਰੀ ਬਲਾਕ ਦਫਤਰ ਕੋਟ ਫਤੂਹੀ ਦਾ ਬੁਰਾ ਹਾਲ : ਜੀ ਟੀ ਯੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਿਲ੍ਹਾ ਹੁਸ਼ਿਆਰਪੁਰ ਦੇ ਕੋਟ ਫਤੂਹੀ ਪ੍ਰਾਇਮਰੀ ਬਲਾਕ ਦਾ ਦਫਤਰੀ ਮੁਲਾਜਮਾਂ ਦੇ ਪੱਖ ਤੋਂ ਬਹੁਤ ਬੁਰਾ ਹਾਲ ਹੈ।ਬਲਾਕ ਵਿੱਚ ਕੇਵਲ ਇੱਕ ਮੁਲਾਜਮ ਹੀ ਕੰਮ ਕਰ ਰਿਹਾ ਹੈ।ਪ੍ਰਾਇਮਰੀ ਅਧਿਆਪਕਾਂ ਦੀ ਤਨਖਾਹ ਦੇ ਬਿੱਲ ਵੀ ਕਿਸੇ ਹੋਰ ਬਲਾਕ ਦੇ ਮੁਲਾਜਮਾਂ ਵੱਲੋਂ ਬਣਾਏ ਜਾਂਦੇ ਹਨ ਜਿਸ ਕਰਕੇ ਅਧਿਆਪਕਾਂ ਨੂੰ ਤਨਖਾਹ ਵੀ ਪੰਦਰਾਂ-ਪੰਦਰਾਂ ਦਿਨ ਦੇਰੀ ਨਾਲ



ਮਿਲਦੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਜਿਲ੍ਹਾ ਆਗੂ ਪਰਮਜੀਤ ਕਾਤਿਬ ਨੇ ਕੀਤਾ।ਆਗੂਆਂ ਨੇ ਕਿਹਾ ਇਸ ਬਲਾਕ ਦੇ ਅਧਿਆਪਕਾਂ ਨੂੰ ਪੇਅ-ਕਮਿਸ਼ਨ ਦੇ ਬਕਾਏ ਦੀ ਇੱਕ ਵੀ ਕਿਸ਼ਤ ਨਹੀਂ ਮਿਲੀ ਹੈ ਜਦਕਿ ਅੱਪਰ-ਪ੍ਰਾਇਮਰੀ ਅਧਿਆਪਕਾਂ ਨੂੰ ਛੇ ਕਿਸ਼ਤਾਂ ਰਿਲੀਜ਼ ਵੀ ਹੋ ਚੁੱਕੀਆਂ ਹਨ।ਆਗੂਆਂ ਨੇ ਕਿਹਾ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਪਤਾ ਹੈ।ਪ੍ਰੰਤੂ ਦਫਤਰ ਦੇ ਅਮਲੇ ਦੀ ਘਾਟ ਪੂਰੀ ਨਹੀਂ ਕੀਤੀ ਜਾ ਰਹੀ ਜਿਸ ਨਾਲ ਅਧਿਆਪਕਾਂ ਨੂੰ ਸਰਵਿਸ ਬੁੱਕ ਰਿਕਾਰਡ, ਜੀ.ਪੀ.ਐੱਫ ਰਿਕਾਰਡ, ਜੀ.ਆਈ.ਐੱਸ ਰਿਕਾਰਡ, ਤਨਖਾਹ, ਬਕਾਏ ਦੀਆਂ ਕਿਸ਼ਤਾਂ, ਮੈਡੀਕਲ ਕਲੇਮ, ਮਿਡ-ਡੇ-ਮੀਲ ਅਤੇ ਹੋਰ ਦਫਤਰੀ ਕੰਮਕਾਜਾਂ ਲਈ ਕਾਫੀ ਖੱਜਲ-ਖੁਆਰੀ ਹੋ ਰਹੀ ਹੈ। ਆਗੂਆਂ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਕੋਟ ਫਤੂਹੀ ਪ੍ਰਾਇਮਰੀ ਬਲਾਕ ਵਿੱਚ ਮੰਨਜੂਰਸ਼ੁਦਾ ਅਸਾਮੀਆਂ ਅਨੁਸਾਰ ਅਮਲਾ ਤਇਨਾਤ ਕੀਤਾ ਜਾਵੇ ਤਾਂ ਜੋ ਅਧਿਆਪਕਾਂ ਦੇ ਕੰਮ ਸਮੇਂ ਸਿਰ ਹੋ ਸਕਣ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪਰਮਜੀਤ ਕਾਤਿਬ, ਮਹਿੰਦਰ ਪਾਲ, ਸੀ.ਐਚ.ਟੀ ਸਰਬਜੀਤ ਸਿੰਘ, ਅਜੇ ਕੁਮਾਰ, ਪਵਨ ਕੁਮਾਰ,ਸਗਲੀ ਰਾਮ, ਸੁਖਜੀਵਨ ਸਿੰਘ, ਅਸ਼ੋਕ ਕੁਮਾਰ, ਪਰਜਿੰਦਰ ਸਿੰਘ, ਸਤਪਾਲ ਸਿੰਘ, ਮਨਜਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਖ਼ੂਨਦਾਨ ਮਾਨਵਤਾ ਦੀ ਸੇਵਾ ਦਾ ਵੱਡਾ ਉਪਰਾਲਾ : ਐਸ ਪੀ ਢੱਡਾ

**ਫਗਵਾੜਾ (ਜਸਵਿੰਦਰ ਢੱਡਾ)** ਖੂਨਦਾਨ ਪ੍ਰਤੀ ਜਾਗਰੂਕਤਾ ਤਹਿਤ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜਿ.) ਫਗਵਾੜਾ ਵਲੋਂ ਕੱਢੀ ਗਈ ਰੈਲੀ ਨੂੰ ਫਗਵਾੜਾ ਦੇ ਐਸ. ਪੀ. ਮੇਜਰ ਸਿੰਘ ਢੱਡਾ ਵਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਹੈਲਥਕੇਅਰ ਕੰਪਨੀ ਲੀਫੋਰਡ ਵਲੋਂ ਪ੍ਰਯੋਜਿਤ ਅਤੇ ਪ੍ਰਧਾਨ ਰਾਹੁਲ ਸ਼ਾਸਤਰੀ ਦੀ ਅਗਵਾਈ ਵਿੱਚ ਰਾਸ਼ਟਰੀ ਸਵੈ ਇੱਛਤ ਖੂਨਦਾਨ ਦਿਵਸ਼ ਨੂੰ ਸਮਰਪਿਤ ਇਸ ਰੈਲੀ ਵਿੱਚ ਸਕੂਲਾਂ ਅਤੇ ਕਾਲਜਾਂ ਨਾਲ ਸਬੰਧਤ 1068 ਵਿਦਿਆਰਥੀਆਂ ਨੇ ਹਿੱਸਾ ਲਿਆ। ਹਰੀ ਝੰਡੀ ਪ੍ਰਦਾਨ ਕਰਦਿਆਂ ਆਪਣੇ ਸੰਬੋਧਨ ਵਿੱਚ ਐਸ.ਪੀ. ਫਗਵਾੜਾ ਮੇਜਰ ਸਿੰਘ ਵਲੋਂ ਖੂਨਦਾਨ ਸੇਵਾਵਾਂ ਲਈ ਕਲੱਬ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਮਾਨਵਤਾ ਨੂੰ ਸਮਰਪਤ ਇਸ ਸੇਵਾ ਲਈ ਸਭ ਨੂੰ ਅੱਗੇ ਆਉਣ ਦੀ ਅਪੀਲ ਕਰਦਿਆਂ ਖੂਨਦਾਨ ਦਾ ਸੰਦੇਸ਼ ਦਿੱਤਾ।ਸਹਿਯੋਗੀ ਸੰਸਥਾ ਲੀਫੋਰਡ ਹੈਲਥ ਕੇਅਰ ਦੇ ਪ੍ਰਤੀਨਿਧੀ ਅਨਮੋਲ ਕੁਮਾਰ ਖੂਨਦਾਨੀ ਨੂੰ ਅਸਲੀ ਸਮਾਜਿਕ ਹੀਰੋ ਦਾ ਦਰਜਾ ਪ੍ਰਦਾਨ ਕਰਦੇ ਹੋਏ ਇਸ ਸੇਵਾ ਨੂੰ ਉੱਤਮ ਦੱਸਿਆ। ਸਹਿਯੋਗੀ ਸੰਸਥਾ ਲੀਫੋਰਡ ਹੈਲਥ ਕੇਅਰ ਦੇ ਪ੍ਰਤੀਨਿਧੀ ਅਨਮੋਲ ਕੁਮਾਰ, ਸਮਾਜ ਸੇਵੀ ਸ਼ਖਸੀਅਤਾਂ ਰਮਨ ਨਹਿਰਾ, ਮਨੂ ਅਰੋੜਾ ਅਤੇ ਵਰਿੰਦਰ ਸਿੰਘ ਕੰਬੋਜ ਨੇ ਵਿਸ਼ੇਸ਼ ਰੂਪ ਵਿੱਚ ਪਹੁੰਚ ਕੇ ਖੂਨਦਾਨ ਸੇਵਾ ਦੀ ਸ਼ਲਾਘਾ ਕੀਤੀ।ਕਮਲਾ ਨਹਿਰੂ ਪਬਲਿਕ ਸਕੂਲ ਦੇ ਬੈਂਡ ਦੀ ਅਗਵਾਈ ਵਿੱਚ ਇਹ ਰੈਲੀ ਪੁਰਾਣੀ ਦਾਨਾ



ਮੰਡੀ ਤੋਂ ਸ਼ੁਰੂ ਹੋ ਕੇ ਗਾਂਧੀ ਚੌਂਕ, ਗਊਸ਼ਾਲਾ ਰੋਡ, ਨਾਈਆਂ ਚੌਂਕ , ਬੰਗਾ ਰੋਡ, ਰੇਲਵੇ ਰੋਡ ਤੋਂ ਹੁੰਦੇ ਹੋਏ ਪੁਰਾਣੀ ਦਾਨਾ ਮੰਡੀ ਵਿਖੇ ਸੰਪੰਨ ਹੋਈ। ਖੂਨਦਾਨ ਨਾਲ ਸਬੰਧਤ ਸਲੋਗਨ ਭਰਪੂਰ ਤਖਤੀਆਂ ਅਤੇ ਉੱਚੀ ਆਵਾਜ਼ ਵਿੱਚ ਬੱਚਿਆਂ ਵਲੋਂ ਸ਼ਹਿਰ ਵਾਸੀਆਂ ਨੂੰ ਖੂਨਦਾਨ ਲਈ ਕੀਤੀ ਅਪੀਲ ਸਦਕਾ 35 ਲੋਕਾਂ ਨੇ ਮੌਕੇ 'ਤੇ ਹੀ ਆਪਣਾ ਨਾਮ ਖੂਨਦਾਨ ਲਈ ਆਪਣਾ ਨਾਮ ਪੇਸ਼ ਕੀਤਾ। ਸੰਸਥਾ ਵਲੋਂ ਐਤਵਾਰ 27 ਸਤੰਬਰ ਨੂੰ ਮਹਾਰਾਜਾ ਪੈਲਸ ਬੰਗਾ ਰੋਡ ਫਗਵਾੜਾ ਵਿਖੇ 32 ਵਾਂ ਸਲਾਨਾ ਖੂਨਦਾਨੀਆਂ ਦਾ ਸਨਮਾਨ ਸਮਾਰੋਹ ਆਯੋਜਿਤ ਕੀਤਾ ਜਾ ਰਿਹਾ ਹੈ ਜਿਸ ਦਾ ਵਿਸ਼ਾਲ ਖੂਨਦਾਨ ਕੈਂਪ ਵੀ ਇੱਕ ਹਿੱਸਾ ਹੈ। ਰੈਲੀ ਦੇ ਨਾਲ ਚੱਲਦਿਆਂ ਸਮਾਜ ਸੇਵੀ ਮਨੂ ਅਰੋੜਾ, ਮੀਤ ਪ੍ਰਧਾਨ ਹਰਜਿੰਦਰ ਗੋਗਨਾ ਅਤੇ ਉਪ ਚੇਅਰਮੈਨ ਗੋਪਾਲ ਲੂੰਬਾ ਵਲੋਂ ਰਾਹਗੀਰਾਂ ਅਤੇ ਦੁਕਾਨਦਾਰਾਂ ਨੂੰ ਖੂਨਦਾਨ ਕਰਨ ਲਈ ਬੇਨਤੀ ਕੀਤੀ। ਰੈਲੀ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ , ਜੀ.ਐਨ.ਏ. ਯੂਨੀਵਰਸਿਟੀ, ਪਿਰਾਮਿਡ ਕਾਲਜ ਮੇਹਟਾਂ, ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੌਲੌਜੀ ਗੁਰਾਇਆ, ਸ ਕੰ ਸੀਨੀ ਸੈ ਸਕੂਲ, ਰਾਮਗੜ੍ਹੀਆ ਗਰਲਜ਼ ਸਕੂਲ, ਮਾਂ ਅੰਬੇ ਗਰਲਜ਼ ਸਕੂਲ ਭਾਣੋਕੀ, ਜੀ.ਡੀ.ਆਰ. ਕਾਨਵੈਂਟ ਸਕੂਲ ਰਾਵਲਪਿੰਡੀ, ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਕਮਲਾ ਨਹਿਰੂ ਪਬਲਿਕ ਸਕੂਲ ਚੱਕ ਹਕੀਮ, ਸ੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਮਾਡਲ ਟਾਊਨ ਅਤੇ ਡਿਵਾਇਨ ਪਬਲਿਕ ਸਕੂਲ ਦੇ ਬੱਚਿਆਂ ਵਲੋਂ ਪੂਰੇ ਜੋਸ਼ ਨਾਲ ਖੂਨਦਾਨ ਦੇ ਹੱਕ ਵਿੱਚ ਨਾਅਰੇ ਲਗਾਏ। ਰੈਲੀ ਸਮਾਪਤੀ ਤੇ ਕਲੱਬ ਅਹੁਦੇਦਾਰਾਂ ਵਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਟ੍ਰੈਫਿਕ ਕਰਮਚਾਰੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਦਾਨਾ ਮੰਡੀ ਕਮੇਟੀ ਮੈਂਬਰ ਕਮਲ ਕੁਮਾਰ, ਹਰਸ਼ ਕੁਮਾਰ, ਕੌਂਸਲਰ ਮੁਨੀਸ਼ ਪ੍ਰਭਾਕਰ, ਰਮਨ ਨਹਿਰਾ, ਇੰਦਰਜੀਤ ਸਿੰਘ ਅੱਸੀ, ਜਰਨੈਲ ਸਿੰਘ ਬਸਰਾ, ਵਿਤਿਨ ਪੁਰੀ, ਹਰਜਿੰਦਰ ਗੋਗਨਾ, ਗੋਪਾਲ ਲੂੰਬਾ, ਡਾ. ਜਗਦੀਸ਼ ਕੌਰ, ਪ੍ਰੋ, ਅਤਿੰਦਰ ਪਾਲ ਸਿੰਘ, ਵਿਕਰਮ ਗੁਪਤਾ, ਨੀਰਜ ਬਖਸ਼ੀ. ਜਗਜੀਵਨ ਕੁਮਾਰ, ਨਰੇਸ਼ ਕੋਹਲੀ, ਲੱਕੀ ਭਾਖੜੀ, ਨਿਤਿਨ ਮਦਾਨ, ਲੈਕ. ਰਣਵੀਰ ਪਰਮਾਰ, ਅਸ਼ਵਨੀ ਸ਼ਰਮਾ, ਡਾ. ਅੰਜੂ ਸ਼ਰਮਾ, ਨੀਤੂ ਬਾਲਾ, ਜਸਮੀਤ ਕੌਰ, ਪ੍ਰਭਜੋਤ ਸਿੰਘ, ਦਲਜੀਤ ਸ਼ਰਮਾ,ਪ੍ਰੇਮ ਗੁਪਤਾ, ਕਰਨ ਸੋਨੀ, ਰਾਕੇਸ਼ ਵਢੇਰਾ, ਲਕਸ਼ਿਤ, ਪੁਲਕਿਤ ਗੌਤਮ ਹਾਜ਼ਰ ਸਨ।

# ਸ ਬ ਬ ਸ ਯੂਨੀਵਰਸਿਟੀ ਵੱਲੋਂ ਸਿਹਤ ਜਾਗਰੂਕਤਾ 'ਤੇ ਵਿਹਾਰਕ ਸਿਖਲਾਈ ਵਰਕਸ਼ਾਪ ਦਾ ਆਯੋਜਨ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵੱਲੋਂ ਸਿਹਤ ਜਾਗਰੂਕਤਾ ਅਤੇ ਜੀਵਨ-ਸੁਰੱਖਿਅਕ ਹੁਨਰ 'ਤੇ ਵਿਹਾਰਕ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ ( ਡੀ ਐਮ ਸੀ), ਲੁਧਿਆਣਾ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਉਲੀਕਿਆ ਗਿਆ। ਇਸ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਜ਼ਰੂਰੀ ਜੀਵਨ- ਸੁਰੱਖਿਆ ਹੁਨਰ ਤੇ ਐਮਰਜੈਂਸੀ ਸਮਰੱਥਾ ਨਾਲ ਜਾਣੂ ਕਰਨਾ ਸੀ।ਇਸ ਵਿਸ਼ੇਸ਼ ਸੈਸ਼ਨ ਨੂੰ ਕਾਰਡੀਅਕ ਐਨੇਸਥੀਸੀਆ ਵਿਭਾਗ, ਡੀ ਐਮ ਸੀ ਲੁਧਿਆਣਾ ਦੇ ਸਹਾਇਕ ਪ੍ਰੋਫੈਸਰ ਡਾ. ਵਿਵੇਕ ਗੁਪਤਾ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਭਾਗੀਦਾਰਾਂ ਨੂੰ ਕਾਰਡੀਓਪਲਮੋਨਰੀ ਰਿਸਸੀਟੇਸ਼ਨ ( ਸੀ ਪੀ ਆਰ), ਬੁਨਿਆਦੀ ਜੀਵਨ- ਸੁਰੱਖਿਅਕ ਤਕਨੀਕਾਂ, ਐਮਰਜੈਂਸੀ , ਬਲੱਡ ਪ੍ਰੈਸ਼ਰ ਦੀ ਨਿਗਰਾਨੀ ਅਤੇ ਆਮ ਸਿਹਤ ਐਮਰਜੈਂਸੀ ਦੀ ਪਛਾਣ ਬਾਰੇ ਜਾਗਰੂਕ ਕੀਤਾ।ਵਰਕਸ਼ਾਪ ਵਿੱਚ ਵਿਹਾਰਕ ਸਿਖਲਾਈ ਵੀ ਸ਼ਾਮਲ ਸੀ। ਇਸ ਪ੍ਰੋਗਰਾਮ ਵਿੱਚ 1200 ਤੋਂ ਵੱਧ ਵਿਦਿਆਰਥੀਆਂ ਅਤੇ 13 ਫੈਕਲਟੀ ਮੈਂਬਰਾਂ ਨੇ ਭਾਗ ਲਿਆ।

ਐਨੇਸਥੀਸੀਆ ਐਂਡ ਓਪਰੇਸ਼ਨ ਥੀਏਟਰ ਟੈਕਨਾਲੋਜੀ (ਏ ਓ ਓ ਟੀ), ਯੂਨੀਵਰਸਿਟੀ ਇੰਸਟੀਚਿਊਟ ਆਫ਼ ਸਾਇੰਸਜ਼ (ਯੂ ਆਈ ਐਸ ), ਰੇਡੀਓਲੋਜੀ, ਬੈਚਲਰ ਆਫ਼ ਫਿਜ਼ੀਓਥੈਰੇਪੀ (ਬੀ ਪੀ ਟੀ), ਮੈਡੀਕਲ ਲੈਬਾਰਟਰੀ ਟੈਕਨਾਲੋਜੀ (ਐਮ ਐਲ ਟੀ ) ਅਤੇ ਯੂਨੀਵਰਸਿਟੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਯੂ ਆਈ ਈ ਟੀ) ਦੇ ਵਿਦਿਆਰਥੀਆਂ ਨੇ ਇਸ ਸਿਖਲਾਈ ਵਿੱਚ ਹਿੱਸਾ ਲਿਆ। ਡੀ ਐਮ ਸੀ ਟੀਮ ਨੇ ਯੂਨੀਵਰਸਿਟੀ ਨੂੰ ਇੱਕ ਸੀ ਪੀ ਆਰ ਟ੍ਰੇਨਿੰਗ ਪੁਤਲਾ ਅਤੇ ਪੰਜ ਡਿਜੀਟਲ ਬਲੱਡ ਪ੍ਰੈਸ਼ਰ ਯੰਤਰ ਭੇਟ ਕੀਤੇ।

ਯੂਨੀਵਰਸਿਟੀ ਨੇ ਡਾ. ਵਿਵੇਕ ਗੁਪਤਾ, ਡੀ ਐਮ ਸੀ ਲੁਧਿਆਣਾ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ (ਹੁਸ਼ਿਆਰਪੁਰ), ਫੈਕਲਟੀ ਕੋਆਰਡੀਨੇਟਰਾਂ ਅਤੇ ਸਾਰੇ ਭਾਗੀਦਾਰ ਵਿਦਿਆਰਥੀਆਂ ਦਾ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਦਿੱਤੇ ਵਡਮੁੱਲੇ ਸਹਿਯੋਗ ਅਤੇ ਯੋਗਦਾਨ ਲਈ ਧੰਨਵਾਦ ਕੀਤਾ।

# ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ : 500 ਡਰੋਨਾਂ ਨੇ ਅਸਮਾਨ ਨੂੰ ਕੀਤਾ ਰੌਸ਼ਨ

**ਬਲਾਚੌਰ (ਜਸਵਿੰਦਰ ਬੈਂਸ)** ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਲਾਚੌਰ ਵਿਖੇ ਸਪੋਰਟਸ ਗਰਾਊਂਡ ਵਿਖੇ ਸ਼ਾਨਦਾਰ



ਡਰੋਨ ਸ਼ੋਅ ਕਰਾਇਆ ਗਿਆ ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਮਹਾਨ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ। ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ ਅਤੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਸੂਬੇ ਭਰ ਵਿਚ ਜਾਰੀ ਹੈ। ਸਮਾਗਮ ਦੌਰਾਨ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸੰਜੀਵ ਚੌਧਰੀ, ਨਗਰ ਕੌਂਸਲ ਪ੍ਰਧਾਨ ਸੁਨੀਲ ਕੌਸ਼ਲ, ਵਧੀਕ ਡਿਪਟੀ ਕਮਿਸ਼ਨਰ (ਜ) ਸੁਨੀਲ ਫੋਗਾਟ, ਚੇਅਰਮੈਨ ਮਾਰਕੀਟ ਕਮੇਟੀ ਸੇਠੀ ਉਧਨੇਵਾਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨ ਕਟਾਰੀਆ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤ ਵੀ ਮੌਜੂਦ ਸੀ। ਡਰੋਨ ਸ਼ੋਅ ਦੌਰਾਨ ਰਾਗੀ ਜੱਥਾ ਭਾਈ ਜਸਵੀਰ ਸਿੰਘ ਮਹਿਤਪੁਰ ਵਾਲਿਆ ਵਲੋਂ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

# ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ 'ਤੇ ਵਿਸ਼ੇਸ਼ ਲੈਕਚਰ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਿੰਡ ਬੜਵਾ ਦੇ ਸਰਕਾਰੀ ਹਾਈ ਸਕੂਲ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਵਿਸ਼ੇ ਉੱਪਰ ਲੈਕਚਰ ਅਤੇ ਹੋਰ ਕਾਰਵਾਈਆਂ ਕੀਤੀਆਂ ਗਈਆਂ। ਸਮੁਦਾਇਕ ਸਿਹਤ ਕੇਂਦਰ ਸਿੰਘਪੁਰ ਤੋਂ ਆਏ ਸੀਨੀਅਰ ਮੈਡੀਕਲ ਅਫਸਰ ਡਾ. ਹਰਪ੍ਰੀਤ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਡੇਂਗੂ ਦੇ ਲੱਛਣਾਂ ਅਤੇ ਡੇਂਗੂ ਹੋ ਜਾਣ 'ਤੇ ਇਲਾਜ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਦੱਸਿਆ। ਸਿਹਤ ਇੰਸਪੈਕਟਰ ਹਰਿੰਦਰ ਸਿੰਘ ਨੇ ਦੱਸਿਆ ਕਿ ਘਰਾਂ ਵਿੱਚ ਕਿਸ ਤਰ੍ਹਾਂ ਛੋਟੀਆਂ-ਛੋਟੀਆਂ ਬੇਕਾਰ ਪਈਆਂ ਵਸਤਾਂ ਜਾਂ ਵਾਟਰ ਕੂਲਰ ਆਦਿ ਵਿੱਚ ਡੇਂਗੂ ਦਾ ਮੱਛਰ ਪਲਣ ਲੱਗ ਜਾਂਦਾ ਹੈ। ਹੁਣ ਹਫਤੇ ਵਿੱਚ ਦੋ ਦਿਨ 'ਖੁਸ਼ਕ ਦਿਨ' ਵਜੋਂ



ਮਨਾਏ ਜਾਂਦੇ ਹਨ ਤਾਂ ਜੋ ਸਾਫ ਪਾਣੀ ਵਿੱਚ ਪਲਣ ਵਾਲੇ ਡੇਂਗੂ ਦੇ ਮੱਛਰ ਦੇ ਪਲਣ ਦੀ ਸੰਭਾਵਨਾ ਨਸ਼ਟ ਕੀਤੀ ਜਾ ਸਕੇ। ਉਨ੍ਹਾਂ ਨੇ ਡੇਂਗੂ ਦੇ ਮੱਛਰ ਅਤੇ ਲਾਰਵੇ ਦੀਆਂ ਵੀਡੀਓਜ਼ ਵੀ ਦਿਖਾਈਆਂ। ਸਿਹਤ ਵਿਭਾਗ ਦੀ ਟੀਮ ਨੇ ਸਕੂਲ ਦਾ ਨਿਰੀਖਣ ਕਰਕੇ ਡੇਂਗੂ ਮੱਛਰ ਦੇ ਪਲਣ ਦੀਆਂ ਸੰਭਾਵੀ ਥਾਵਾਂ ਦਾ ਨਿਰੀਖਣ ਕੀਤਾ ਅਤੇ ਸਾਵਧਾਨੀ ਵਜੋਂ ਕੁਝ ਥਾਵਾਂ 'ਤੇ ਲਾਰਵਾ ਮਾਰਨ ਵਾਲੀ ਦਵਾਈ ਵੀ ਛਿੜਕੀ। ਸਕੂਲ ਦੇ ਸਾਹਮਣੇ ਬਣੇ ਪਿੰਡ ਦੇ ਛੱਪੜ ਵਿੱਚ ਕਾਲਾ ਤੇਲ ਵੀ ਛਿੜਕਿਆ ਗਿਆ ਤਾਂ ਜੋ ਛੱਪੜ ਵਿੱਚ ਪਲਣ ਵਾਲੇ ਬਾਕੀ ਕਿਸਮ ਦੇ ਮੱਛਰ ਵੀ ਖਤਮ ਹੋ ਸਕਣ। ਸਕੂਲ ਦੇ ਹੈੱਡਮਾਸਟਰ ਡਾ. ਸੁਰਿੰਦਰ ਕੁਮਾਰ ਨੇ ਵਿਚਾਰ ਪ੍ਰਗਟ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਇਹ ਜਾਣਕਾਰੀ ਉਹ ਆਪਣੇ ਘਰਦਿਆਂ ਨਾਲ ਵੀ ਸਾਂਝੀ ਕਰਨ ਅਤੇ ਆਪਣੇ ਘਰ ਦੇ ਅੰਦਰ ਅਤੇ ਗੁਆਂਢੀਆਂ ਦੇ ਘਰਾਂ ਵਿੱਚ ਮੱਛਰ ਦੇ ਪਲਣ ਦੀਆਂ ਥਾਵਾਂ ਦਾ ਨਿਰੀਖਣ ਕਰਕੇ ਮੱਛਰ ਦੇ ਮਿਲਣ ਵਾਲੇ ਲਾਰਵੇ ਨੂੰ ਨਸ਼ਟ ਕਰਨ, ਕਿਉਂਕਿ ਜੇਕਰ ਸਾਡੇ ਆਸ-ਪੜੌਸ ਵਿੱਚ ਮੱਛਰ ਹੁੰਦਾ ਹੈ, ਤਾਂ ਉਸ ਦੇ ਕੱਟਣ ਨਾਲ ਅਸੀਂ ਵੀ ਬਿਮਾਰ ਪੈ ਸਕਦੇ ਹਾਂ। ਇਸ ਮੌਕੇ ਕਰਤਾਰ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਸੰਜੀਵ ਕੁਮਾਰ, ਅਮਨਦੀਪ ਕੌਰ, ਸੁਮੰਤ ਕੁਮਾਰ ਅਤੇ ਸਟਾਫ ਮੈਂਬਰ ਵੀ ਹਾਜ਼ਰ ਸਨ। ਮਲਟੀਪਰਪਜ਼ ਹੈਲਥ ਵਰਕਰ ਜਤਿੰਦਰ ਕੁਮਾਰ ਨੇ ਵੀ ਸਹਿਯੋਗ ਕੀਤਾ।

# ਯੂਨੀਅਨਾਂ ਦੇ ਸਹਿਯੋਗ ਨਾਲ ਸੁਖਮਨੀ ਗਰੁੱਪ ਦੇ ਕੱਢੇ ਵਰਕਰਾਂ ਦਾ ਸਮਝੌਤਾ ਸਿਰੇ ਚੜ੍ਹਿਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪਿਛਲੇ ਛੇ ਮਹੀਨੇ ਤੋਂ ਸੁੱਖਮਨੀ ਗਰੁੱਪ ਅੱਗੇ ਚਲ ਰਿਹਾ ਸੰਘਰਸ਼ ਆਖਰ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਜਮਹੂਰੀ ਕਿਸਾਨ ਸਭਾ ਅਤੇ ਟ੍ਰੇਡ ਯੂਨੀਅਨਾਂ ਦੇ ਸਹਿਯੋਗ ਸਦਕਾ ਨੇਪਰੇ ਚੜ੍ਹ ਗਿਆ। ਦੱਸਣਯੋਗ ਹੈ ਕਿ ਸੁਖਮਨੀ ਸਕੂਲ ਵਿੱਚ ਕੰਮ ਕਰਦੇ 15 ਕਰਮਚਾਰੀਆਂ ਨੂੰ ਅਚਾਨਕ ਛੇ ਮਹੀਨੇ ਪਹਿਲਾਂ ਕੱਢ ਦਿੱਤਾ ਗਿਆ ਸੀ।ਜਿਸ ਤੋਂ ਬਾਅਦ ਕੱਢੇ ਵਰਕਰਾਂ ਦੇ ਹੱਕ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਜਮਹੂਰੀ ਕਿਸਾਨ ਸਭਾ ਅਤੇ ਟ੍ਰੇਡ ਯੂਨੀਅਨਾਂ ਵੱਲੋਂ ਵਰਕਰਾਂ ਨੂੰ ਬਹਾਲ ਕਰਨ ਲਈ ਕਰਮਚਾਰੀਆਂ ਦੇ ਹੱਕ ਵਿੱਚ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਸੀ। ਪ੍ਰੰਤੂ ਮੈਨੇਜਮੈਂਟ ਵਲੋਂ ਗੱਲਬਾਤ ਰਾਹੀਂ



ਮਸਲੇ ਦਾ ਹੱਲ ਨਹੀਂ ਕੀਤਾ ਜਾ ਰਿਹਾ ਸੀ।ਜਿਸ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਪਿਛਲੇ ਦੋ ਹਫ਼ਤਿਆਂ ਤੋਂ ਸੁਖਮਨੀ ਗਰੁੱਪ ਦੇ ਗੇਟ ਅੱਗੇ ਪੱਕਾ ਮੋਰਚਾ ਲਗਾਇਆ ਹੋਇਆ ਸੀ। ਪੱਕੇ ਮੋਰਚੇ ਦੌਰਾਨ ਬੀ ਕੇ ਯੂ ਲੱਖੋਵਾਲ ਡੇਰਾ ਬੱਸੀ ਵਲੋਂ ਰਹਿਣ ਲਈ ਟਰਾਲੀ ਅਤੇ ਲੰਗਰ ਦੀ ਸੇਵਾ ਲਗਾਤਾਰ ਦਿੱਤੀ ਗਈ ਹੈ ਅਤੇ ਮਾਮਲਾ ਲਗਾਤਾਰ ਪ੍ਰੈਸ ਵਿੱਚ ਵੀ ਆ ਰਿਹਾ ਸੀ। ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਐਸ ਡੀ ਐਮ ਡੇਰਾ ਬੱਸੀ ਨੇ ਇਸ ਮਾਮਲੇ ਨੂੰ ਨਿਬੇੜਨ ਵਿੱਚ ਆਪਣੇ ਪ੍ਰਭਾਵ ਦੀ ਵਰਤੋਂ ਕੀਤੀ ਅਤੇ ਵਰਕਰਾਂ ਨੂੰ ਨੌਕਰੀ ਬਦਲੇ ਬਣਦਾ ਮੁਆਵਜ਼ਾ 60 ਲੱਖ ਰੁਪਏ ਅਤੇ ਕਰਮਚਾਰੀਆਂ ਦੇ ਬੱਚਿਆਂ ਦੀ ਪੜ੍ਹਾਈ ਸੁਖਮਨੀ ਗਰੁੱਪ ਦੇ ਸਕੂਲ ਵਿੱਚ ਮੁਫ਼ਤ ਕਰਵਾਉਣ ਲਈ ਲਿਖਤੀ ਸਮਝੌਤਾ ਕਰਵਾਇਆ ਗਿਆ।

ਇਸ ਮੌਕੇ ਸੁਖਮਨੀ ਸਕੂਲ ਦੇ ਕਰਮਚਾਰੀਆਂ ਵਲੋਂ ਐਸ ਡੀ ਐਮ ਡੇਰਾਬੱਸੀ, ਵੱਖ ਵੱਖ ਸਮੇਂ ਸੰਘਰਸ਼ ਵਿੱਚ ਸਹਿਯੋਗ ਦੇਣ ਵਾਲੀਆਂ ਕਿਸਾਨ ਜਥੇਬੰਦੀਆਂ, ਟ੍ਰੇਡ ਯੂਨੀਅਨਾਂ ਅਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਅਮਲਾਲਾ, ਜਮਹੂਰੀ ਕਿਸਾਨ ਸਭਾ ਤੋਂ ਗੁਰਬਿੰਦਰ ਸਿੰਘ ਚੌਂਦਹੇੜੀ, ਵਿਨੋਦ ਚੁੱਘ ਸੂਬਾ ਮੀਤ ਪ੍ਰਧਾਨ ਪੰਜਾਬ ਏਟਕ, ਅਤੇ ਇਸ ਤੋਂ ਇਲਾਵਾ ਹਰੀ ਸਿੰਘ ਬਹੋੜਾ ਕਾਰਜਕਾਰੀ ਪ੍ਰਧਾਨ, ਰਣਜੀਤ ਸਿੰਘ ਰਾਣਾ ਭਗਵਾਨਪੁਰ, ਜਗਤਾਰ ਸਿੰਘ ਝਰਮੜੀ, ਗੁਰਪ੍ਰੀਤ ਸਿੰਘ ਜਾਸਤਨਾ ਕਲਾਂ, ਦਰਬਾਰਾ ਸਿੰਘ ਹਸਨਪੁਰ, ਜਗਤਾਰ ਸਿੰਘ ਜਵਾਹਰਪੁਰ, ਬਲਬੀਰ ਸਿੰਘ ਜਨੇਤਪੁਰ, ਗੁਰਪਾਲ ਸਿੰਘ ਦੱਪਰ, ਨਿੱਕਾ ਸਿੰਘ ਝਰਮੜੀ, ਨਾਨੂੰ ਸਿੰਘ ਜਨੇਤਪੁਰ, ਹਰਜੀਤ ਸਿੰਘ ਭਗਵਾਨਪੁਰ, ਕੇਹਰ ਸਿੰਘ ਚਡਿਆਲਾ, ਧਰਮ ਸਿੰਘ ਦੱਪਰ, ਗੁਲਾਬ ਸਿੰਘ ਬੈਰਮਾਜਰਾ, ਜਰਨੈਲ ਸਿੰਘ ਬੈਰਮਾਜਰਾ, ਹਰੀ ਰਾਮ ਦੱਪਰ, ਰਾਮ ਸਿੰਘ ਜੰਡਲੀ, ਸੁਰਜੀਤ ਸਿੰਘ ਅੰਬਛੱਪਾ, ਇਸ ਤੋਂ ਇਲਾਵਾ ਸ੍ਰੀ ਸੁਖਮਨੀ ਸਕੂਲ ਤੋਂ ਕੰਵਲਜੀਤ ਸਿੰਘ, ਬਲਜੀਤ ਸਿੰਘ, ਮਨਦੀਪ ਸਿੰਘ, ਸਰਬਣ ਸਿੰਘ, ਹਰਬੰਸ ਕੌਰ ਨੇ ਸਾਰੀਆਂ ਜਥੇਬੰਦੀਆਂ ਤੇ ਟ੍ਰੇਡ ਯੂਨੀਅਨਾਂ ਅਤੇ ਸਮੁੱਚੀ ਪ੍ਰੈਸ ਦਾ ਧੰਨਵਾਦ ਕੀਤਾ।

# ਸੜਕ ਹਾਦਸੇ 'ਚ ਤਿੰਨ ਜ਼ਖ਼ਮੀ



**ਫਿਲੌਰ (ਨਿਰਮਲ)**— ਫਿਲੌਰ ਨੇੜੇ ਸਤਲੁਜ ਦਰਿਆ 'ਤੇ ਬਣੇ ਹਾਈਟੈੱਕ ਨਾਕੇ ਕੋਲ ਇੱਕ ਅਣਪਛਾਤੇ ਵਾਹਨ ਨੇ ਮੋਟਰਸਾਈਕਲ ਸਵਾਰ ਪਰਵਾਰ ਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਤਿੰਨ ਮੈਂਬਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਮੁੱਢਲੀ ਸਹਾਇਤਾ ਦੇਣ ਮਗਰੋਂ ਸਿਵਲ ਹਸਪਤਾਲ ਫਿਲੌਰ ਵਿਖੇ ਦਾਖ਼ਲ ਕਰਵਾਇਆ ਗਿਆ। ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ.ਐੱਸ.ਆਈ. ਜਸਵਿੰਦਰ ਸਿੰਘ ਨੇ ਦੱਸਿਆ ਕਿ ਹਾਦਸੇ ਵਿੱਚ ਜ਼ਖ਼ਮੀ ਹੋਣ ਵਾਲਿਆਂ ਦੀ ਪਛਾਣ ਫੂਲ ਕੁਮਾਰੀ ਪਤਨੀ ਰੰਜਨ ਸ਼ਾਹ ਵਾਸੀ ਜੋਧੇਵਾਲ ਬਸਤੀ ਲੁਧਿਆਣਾ , ਬੰਟੀ ਕੁਮਾਰ ਪੁੱਤਰ ਜਗਨਰਾਇਣ ਚੌਧਰੀ ਵਾਸੀ ਲੁਧਿਆਣਾ ਅਤੇ ਮਮਤਾ ਕੁਮਾਰੀ ਪੁੱਤਰੀ ਰੰਜਨ ਸ਼ਾਹ ਵਾਸੀ ਲੁਧਿਆਣਾ ਵਜੋਂ ਹੋਈ।ਟੱਕਰ ਦੇ ਜ਼ੋਰ ਨਾਲ ਤਿੰਨੋਂ ਸੜਕ 'ਤੇ ਡਿੱਗ ਪਏ ਅਤੇ ਜ਼ਖ਼ਮੀ ਹੋ ਗਏ।ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਜ਼ਖ਼ਮੀਆਂ ਨੂੰ ਮੁੱਢਲੀ ਸਹਾਇਤਾ ਦਿੱਤੀ। ਇਸ ਉਪਰੰਤ ਉਨ੍ਹਾਂ ਨੂੰ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਫਿਲੌਰ ਪਹੁੰਚਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ।ਜ਼ਖ਼ਮੀਆਂ ਤੋਂ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਹ ਲੁਧਿਆਣਾ ਤੋਂ ਫਿਲੌਰ ਸਥਿਤ ਸ਼ਨੀ ਮੰਦਰ ਵਿਖੇ ਮੱਥਾ ਟੇਕਣ ਲਈ ਜਾ ਰਹੇ ਸਨ। ਟੱਕਰ ਮਾਰਨ ਵਾਲਾ ਵਾਹਨ ਮੌਕੇ ਤੋਂ ਫ਼ਰਾਰ ਹੋ ਗਿਆ ਅਤੇ ਉਸ ਦੀ ਪਛਾਣ ਹਾਲੇ ਨਹੀਂ ਹੋ ਸਕੀ।

# ਬਾਬੇ ਦੇ ਸੀਨੀਅਰ ਸੈਕੰਡਰੀ ਸਕੂਲ ਵਾੜਾ ਜੋਧ ਸਿੰਘ ਨੂੰ 'ਬੈਸਟ ਸਕੂਲ ਇਨ ਪੰਜਾਬ 2026-ਟੀਚਿੰਗ ਐਕਸੀਲੈਂਸ ਐਵਾਰਡ' ਨਾਲ ਸਨਮਾਨਿਤ

**ਲੋਹੀਆਂ ਖਾਸ (ਯੋਗੇਸ਼ਵਰ)**: ਸੰਤ ਬਾਬਾ ਨਾਹਰ ਸਿੰਘ (ਸੁਨੇਹਰਾਂ ਵਾਲੇ) ਅਤੇ ਸੰਤ ਬਾਬਾ ਕਪੂਰ ਸਿੰਘ ਦੀ ਅਸੀਸ ਸਦਕਾ ਬਾਬੇ ਦੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ (ਜ਼ਿਲ੍ਹਾ ਜਲੰਧਰ) ਨੂੰ ਸੈਂਟਰ ਫਾਰ ਐਜੂਕੇਸ਼ਨ ਗ੍ਰੋਥ ਐਂਡ ਰਿਸਰਚ (ਸੀਈਜੀਆਰ), ਨਵੀਂ ਦਿੱਲੀ ਵੱਲੋਂ ਵੱਕਾਰੀ 'ਬੈਸਟ ਸਕੂਲ ਇਨ ਪੰਜਾਬ 2026-ਟੀਚਿੰਗ ਐਕਸੀਲੈਂਸ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ।ਇਹ ਐਵਾਰਡ ਸਕੂਲ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਗਏ ਵਿਸ਼ੇਸ਼ ਯੋਗਦਾਨ ਅਤੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ-ਨਾਲ ਸਰਵਪੱਖੀ ਵਿਕਾਸ ਦੇ ਮੌਕੇ ਪ੍ਰਦਾਨ ਕਰਨ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਮਾਨਤਾ ਵਜੋਂ



ਦਿੱਤਾ ਗਿਆ ਹੈ।ਇਹ ਵੱਕਾਰੀ ਸਨਮਾਨ ਸੀਈਜੀਆਰ ਦੇ ਰਾਸ਼ਟਰੀ ਪ੍ਰਧਾਨ ਅਤੇ ਸੰਸਕ੍ਰਿਤੀ ਯੂਨੀਵਰਸਿਟੀ, ਮਥੁਰਾ ਦੇ ਕੁਲਾਧਿਪਤੀ ਡਾ. ਸਚਿਨ ਗੁਪਤਾ, ਏਐੱਸਐੱਮ ਗਰੁੱਪ ਆਫ ਇੰਸਟੀਚਿਊਟਸ ਦੇ ਚੇਅਰਮੈਨ ਅਤੇ ਸੀਈਜੀਆਰ ਦੇ ਸੀਨੀਅਰ ਉਪ ਪ੍ਰਧਾਨ ਸੰਦੀਪ ਪਚਪਾਂਡੇ ਅਤੇ ਸੀਈਜੀਆਰ ਦੇ ਡਾਇਰੈਕਟਰ ਡਾ. ਰਵਿਸ਼ ਰੋਸ਼ਨ ਵੱਲੋਂ ਪ੍ਰਦਾਨ ਕੀਤਾ ਗਿਆ।ਇਹ ਪ੍ਰਾਪਤੀ ਅਕਾਦਮਿਕ ਉੱਤਮਤਾ, ਚਰਿੱਤਰ ਨਿਰਮਾਣ ਅਤੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਪ੍ਰਤੀ ਸੰਸਥਾ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਕੂਲ ਪ੍ਰਬੰਧਨ ਵੱਲੋਂ ਪ੍ਰਬੰਧ ਨਿਰਦੇਸ਼ਕ ਸੱਦਾਮ ਖਾਨ, ਸ੍ਰੀਮਤੀ ਅਮਰਜੀਤ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਨੀਤਿਮਾ ਪੁਰੀ ਨੇ ਸੰਤ ਬਾਬਾ ਨਾਹਰ ਸਿੰਘ ਅਤੇ ਸੰਤ ਬਾਬਾ ਕਪੂਰ ਸਿੰਘ ਦਾ ਅਸੀਸ ਲਈ ਧੰਨਵਾਦ ਪ੍ਰਗਟ ਕੀਤਾ।

# ਸਾਢੇ ਨੌਂ ਸਾਲ ਨਸ਼ਿਆਂ 'ਤੇ ਚੁੱਪ ਰਹਿਣ ਤੋਂ ਬਾਅਦ ਯਾਤਰਾ ਕੱਢਣਾ ਭਾਜਪਾ ਦਾ ਸਿਰਫ਼ ਚੋਣ ਸਟੰਟ : ਖਾਲਸਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਜਪਾ ਵੱਲੋਂ ਪੰਜਾਬ ਵਿੱਚ ਕੱਢੀ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ 'ਤੇ ਸਵਾਲ ਉਠਾਉਂਦਿਆਂ ਆਯੁਰ ਜੀਵਨ ਆਯੁਰਵੈਦਿਕ ਰਿਸਰਚ ਸੈਂਟਰ ਦੇ ਐਮ.ਡੀ. ਅਤੇ ਦਲ ਖਾਲਸਾ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ ਇਸ ਨੂੰ ਨਸ਼ਿਆਂ ਦੇ ਮੁੱਦੇ 'ਤੇ ਸਿਆਸੀ ਸਰਗਰਮੀ ਤੱਕ ਸੀਮਤ ਦੱਸਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੀ ਮਕਸਦ ਹੈ ਤਾਂ ਇਹ ਮੁੱਦਾ ਚੋਣਾਂ ਦੇ ਨੇੜੇ ਆ ਕੇ ਹੀ ਕਿਉਂ ਉਠਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਵੱਲੋਂ ਪਠਾਨਕੋਟ ਤੋਂ



ਨਸ਼ਾ ਮੁਕਤ ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ, ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਸਾਢੇ 9 ਸਾਲ ਦਾ ਸਮਾਂ ਬੀਤਣ ਤੋਂ ਬਾਅਦ ਚੋਣਾਂ ਦੇ ਸਮੇਂ ਹੀ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਖਿਆਲ ਕਿਉਂ ਆਇਆ? ਉਨ੍ਹਾਂ ਕਿਹਾ ਕਿ ਯਾਤਰਾਵਾਂ ਕੱਢਣ ਦੀ ਬਜਾਏ ਨਸ਼ੇ ਦੀ ਸਪਲਾਈ ਲਾਈਨ ਤੋੜਨ ਅਤੇ ਵੱਡੇ ਤਸਕਰਾਂ ਤੇ ਉਨ੍ਹਾਂ ਦੇ ਨੈੱਟਵਰਕ ਖ਼ਿਲਾਫ਼ ਕਾਰਵਾਈ ਦੀ ਲੋੜ ਹੈ। ਉਨਾਂ ਕਿਹਾ ਕਿ ਲੋਕ ਗੁਜਰਾਤ ਦੀ ਬੰਦਰਗਾਹ ਤੇ ਵੱਡੇ ਪੱਧਰ ਦੀ ਫੜੀ ਗਈ ਚਿੱਟੇ ਦੀ ਖੇਪ ਸਬੰਧੀ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕੀਤੀ ਕਾਰਵਾਈ ਬਾਰੇ ਜਾਣਨਾ ਚਾਹੁੰਦੇ ਹਨ। ਖਾਲਸਾ ਨੇ ਦੋਸ਼ ਲਾਇਆ ਕਿ ਨਸ਼ਾ ਮੁਕਤ ਪੰਜਾਬ ਦੇ ਨਾਮ 'ਤੇ ਕੱਢੀ ਜਾ ਰਹੀ ਇਹ ਯਾਤਰਾ ਲੋਕਾਂ ਨੂੰ ਨਸ਼ਿਆਂ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਦੀ ਬਜਾਏ ਵੋਟਾਂ ਬਟੋਰਨ ਲਈ ਚੋਣ ਸਟੰਟ ਵਜੋਂ ਕੀਤੀ ਜਾ ਰਹੀ ਸਿਆਸੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਨਾਅਰੇ ਅਤੇ ਯਾਤਰਾਵਾਂ ਨਹੀਂ, ਸਗੋਂ ਨਸ਼ਿਆਂ ਦੀ ਸਪਲਾਈ 'ਤੇ ਠੋਸ ਕਾਰਵਾਈ ਅਤੇ ਇਸ ਦੇ ਨਤੀਜੇ ਦੇਖਣਾ ਚਾਹੁੰਦੇ ਹਨ। ਉਨ੍ਹਾਂ ਮੌਜੂਦਾ ਭਗਵੰਤ ਮਾਨ ਸਰਕਾਰ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਨਸ਼ਿਆਂ ਦੀ ਸਮੱਸਿਆ ਨੂੰ ਖ਼ਤਮ ਕਰਨ ਦੇ ਮਾਮਲੇ ਵਿੱਚ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਬਿਆਨਾਂ, ਮੁਹਿੰਮਾਂ ਅਤੇ ਸਿਆਸੀ ਯਾਤਰਾਵਾਂ ਨਾਲ ਨਹੀਂ ਲੜੀ ਜਾ ਸਕਦੀ। ਇਸ ਲਈ ਨਸ਼ੇ ਦੀ ਸਪਲਾਈ ਦੇ ਸਰੋਤਾਂ ਤੱਕ ਪਹੁੰਚਣਾ, ਵੱਡੇ ਤਸਕਰਾਂ ਦੀ ਪਛਾਣ ਕਰਨਾ, ਉਹਨਾਂ ਵਿਰੁੱਧ ਢੁੱਕਵੀਂ ਸਖਤ ਕਾਰਵਾਈ ਕਰਕੇ ਨੈੱਟਵਰਕ ਤੋੜਨਾ ਅਤੇ ਨੌਜਵਾਨਾਂ ਲਈ ਰੋਜ਼ਗਾਰ, ਸਿੱਖਿਆ ਤੇ ਖੇਡਾਂ ਦੇ ਮੌਕੇ ਵਧਾਉਣਾ ਜ਼ਰੂਰੀ ਹੈ।

# ਦੀ ਐਜੂਕੇਸ਼ਨ ਵੈੱਲਫੇਅਰ ਸੋਸਾਇਟੀ ਠੱਕਰਵਾਲ ਵੱਲੋਂ ਮੀਟਿੰਗ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਦੀ ਐਜੂਕੇਸ਼ਨ ਵੈਲਫੇਅਰ ਸੁਸਾਇਟੀ ਠੱਕਰਵਾਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਠੱਕਰਵਾਲ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਵੱਖ-ਵੱਖ ਅਹੁਦੇਦਾਰਾਂ ਨੇ ਆਪਣੇ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਕ੍ਰਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ ਨੇ ਦੱਸਿਆ ਕਿ ਨੌਵੀਂ ਕਲਾਸ ਤੋਂ ਲੈ ਕੇ ਬਾਰ੍ਹਵੀਂ ਕਲਾਸ ਤੱਕ ਆਰਥਿਕ



ਤੌਰ 'ਤੇ ਕਮਜ਼ੋਰ ਬੱਚਿਆਂ ਦੀ ਸਹਾਇਤਾ ਕੀਤੀ ਜਾਂਦੀ ਹੈ।ਉਹਨਾਂ ਦੱਸਿਆ ਕਿ ਗਿਆਰਵੀਂ ਅਤੇ ਬਾਰਵੀਂ ਕਲਾਸ ਅਧਿਆਪਕਾਂ ਨੂੰ ਸੁਸਾਇਟੀ ਵੱਲੋਂ ਤਨਖਾਹ ਦਿੱਤੀ ਜਾਂਦੀ ਹੈ।ਇਸ ਮੌਕੇ ਪ੍ਰਬੰਧਕਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੁਸਾਇਟੀ ਦੇ ਮੈਂਬਰਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਠੱਕਰਵਾਲ ਨੂੰ ਸਹਾਇਤਾ ਰਾਸ਼ੀ ਦਿੱਤੀ ਗਈ।ਇਸ ਮੌਕੇ ਸੁਸਾਇਟੀ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਠੱਕਰਵਾਲ ਵਿਖੇ ਅਧਿਆਪਕਾਂ ਦੀ ਕਮੀ ਹੈ।ਸੋ ਸਮੂਹ ਸੁਸਾਇਟੀ ਮੈਂਬਰਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਖਾਲੀ ਪਈਆਂ ਅਧਿਆਪਕਾਂ ਦੀਆਂ ਪੋਸਟਾਂ ਜਲਦੀ ਤੋਂ ਜਲਦੀ ਭਰੀਆਂ ਜਾਣ।ਇਸ ਮੌਕੇ ਮੀਟਿੰਗ ਵਿੱਚ ਕ੍ਰਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ, ਜਥੇਦਾਰ ਰਘਵੀਰ ਸਿੰਘ ਠੱਕਰਵਾਲ, ਨੰਬਰਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਖੜਕ ਸਿੰਘ ਮੰਝ, ਡਾਕਟਰ ਪਰਮਜੀਤ ਸਿੰਘ, ਕੈਪਟਨ ਬਲਵੀਰ ਸਿੰਘ, ਸੂਬੇਦਾਰ ਇਕਬਾਲ ਸਿੰਘ ਠੱਕਰਵਾਲ, ਕੈਪਟਨ ਗਿਆਨ ਸਿੰਘ, ਮਨਪ੍ਰੀਤ ਕੌਰ ਸਕੂਲ ਇੰਚਾਰਜ, ਰੈਨੂੰ ਬਾਲਾ, ਸੰਦੀਪ ਕੌਰ, ਅਰੁਨ ਕੁਮਾਰ, ਗੁਰਸ਼ਰਨ ਸਿੰਘ, ਪੂਜਾ ਰਾਣੀ, ਅਰਨਾ,ਤਾਨੀਆ, ਨਿਤਿਕਾ, ਲਖਵੀਰ ਸਿੰਘ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਚਨਬੱਧ : ਡਿਪਟੀ ਕਮਿਸ਼ਨਰ



**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਕੀਤੇ ਜਾ ਰਹੇ ਯਤਨਾਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਵੱਲੋਂ ਨਸ਼ਾ ਵਿਰੋਧੀ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐੱਸ. ਐੱਸ ਪੀ ਵਰੁਣ ਸ਼ਰਮਾ ਨੇ ਨਸ਼ਿਆਂ ਦੀ ਰੋਕਥਾਮ ਲਈ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਂਦਿਆਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਐੱਸ ਐੱਸ ਪੀ ਵਰੁਣ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਲਈ ਬਹੁ-ਪੱਖੀ ਪੱਧਰ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਮੁਕੰਮਲ ਖਾਤਮਾ ਸਿਰਫ਼ ਸਰਕਾਰੀ ਵਿਭਾਗਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰੇਕ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਲਈ ਪ੍ਰਸ਼ਾਸਨ, ਪੁਲਿਸ, ਪੰਚਾਇਤਾਂ, ਸਮਾਜਿਕ ਸੰਸਥਾਵਾਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ।

# ਚੀਮਾ ਪਾਰਕ ਤੋਂ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੇ ਚੀਮਾ ਪਾਰਕ ਤੋਂ ਇੱਕ ਅਣਪਛਾਤੇ ਅਤੇ ਲਾਵਾਰਿਸ ਵਿਅਕਤੀ ਦੀ ਲਾਸ਼ ਮਿਲੀ ਹੈ। ਤਫਤੀਸ਼ੀ ਅਫਸਰ ਹੈੱਡ ਕਾਂਸਟੇਬਲ ਪ੍ਰੇਮ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਵਿਅਕਤੀ ਦੀ ਉਮਰ ਕਰੀਬ 60 ਸਾਲ ਹੈ। ਉਸ ਨੇ ਸਲੇਟੀ ਰੰਗ ਦਾ ਕੁੜਤਾ-ਪਜਾਮਾ ਪਹਿਨਿਆ ਹੋਇਆ ਹੈ। ਉਸ ਦੇ ਸਿਰ 'ਤੇ ਵਾਲ ਨਹੀਂ ਹਨ ਅਤੇ ਸਰੀਰ ਦਰਮਿਆਨੇ ਕੱਦ-ਕਾਠ ਵਾਲਾ ਦੱਸਿਆ ਹੈ। ਵਿਅਕਤੀ ਦੀ ਦਾਹੜੀ ਕੱਟੀ ਹੋਈ ਹੈ।ਪੁਲਸ ਵੱਲੋਂ ਅਣਪਛਤੇ ਅਤੇ ਲਾਵਾਰਿਸ ਵਿਅਕਤੀ ਦੀ ਲਾਸ਼ ਨੂੰ ਸ਼ਨਾਖਤ ਲਈ 72 ਘੰਟਿਆਂ ਵਾਸਤੇ ਸ੍ਰੀ ਅਨੰਦਪੁਰ ਸਾਹਿਬ ਦੇ ਹਸਪਤਾਲ ਦੀ ਮੋਰਚਰੀ ਵਿੱਚ ਰਖਵਾਇਆ ਗਿਆ ਹੈ। ਪੁਲਸ ਵੱਲੋਂ ਮ੍ਰਿਤਕ ਦੀ ਪਛਾਣ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ।

# ਸਥਾਨਕ ਪ੍ਰਸ਼ਾਸਨ ਨਗਰ ਨਿਗਮ ਵੱਲੋਂ ਪੱਤਰਕਾਰਾਂ ਨਾਲ ਦੁਰਵਿਹਾਰ ਕਰਨਾ ਮੰਦਭਾਗਾ : ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਰਜਿਸਟਰਡ ਪੰਜਾਬ ਇੰਡੀਆ 2022 ਆਗੂਆਂ ਕੌਮੀ ਜਨਰਲ ਸਕੱਤਰ ਵਿਨੋਦ ਕੌਸ਼ਲ, ਵਧੀਕ ਜਨਰਲ ਸਕੱਤਰ ਤਰਸੇਮ ਦੀਵਾਨਾ, ਸੂਬਾਈ ਪ੍ਰਧਾਨ ਬਲਵੀਰ ਸਿੰਘ ਸੈਣੀ, ਸੂਬਾਈ ਮੀਤ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਨਗਰ ਨਿਗਮ ਫਗਵਾੜਾ ਦੀ ਹਾਊਸ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਕਥਿਤ ਤੌਰ 'ਤੇ ਹੋਏ ਦੁਰਵਿਹਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ।ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਪੱਤਰਕਾਰਤਾ ਦੀ ਆਪਣੀ ਮਹੱਤਵਪੂਰਨ ਭੂਮਿਕਾ ਹੈ ਅਤੇ ਪੱਤਰਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਦੁਰਵਿਵਹਾਰ ਲੋਕਤੰਤਰ ਦੀ ਮਰਿਆਦਾ ਦੇ ਅਨੁਕੂਲ ਨਹੀਂ । ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀ ਹਾਊਸ ਮੀਟਿੰਗ ਵਿੱਚ ਮੇਅਰ, ਕੌਂਸਲਰਾਂ ਅਤੇ ਹੋਰ ਅਧਿਕਾਰੀਆਂ ਦੀ ਮੌਜੂਦਗੀ ਦੌਰਾਨ ਪੱਤਰਕਾਰ ਵੀ ਮੀਟਿੰਗ ਦੀ ਕਾਰਵਾਈ ਨੂੰ ਕਵਰ ਕਰਨ ਲਈ ਪਹੁੰਚੇ ਸਨ। ਉਨ੍ਹਾਂ ਅਨੁਸਾਰ ਇਸ ਦੌਰਾਨ ਪੱਤਰਕਾਰਾਂ ਨੂੰ ਬਾਹਰ ਜਾਣ ਲਈ ਕਿਹਾ ਗਿਆ, ਜਿਸ ਕਾਰਨ ਪੱਤਰਕਾਰਾਂ ਅਤੇ ਸੱਤਾ ਧਿਰ ਨਾਲ ਕੁਝ ਤਲਖੀ ਵੀ ਹੋਈ ਜੋ ਕਿ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਚੁਣੇ ਹੋਏ ਲੀਡਰ ਆਉਂਦੇ-ਜਾਂਦੇ ਰਹਿੰਦੇ ਹਨ, ਪਰ ਨਗਰ ਨਿਗਮ ਦੀ ਸੰਸਥਾਗਤ ਮਰਿਆਦਾ ਨੂੰ ਕਾਇਮ ਰੱਖਣ ਦੀ ਜ਼ਿੰਮੇਵਾਰੀ ਸੰਬੰਧਤ ਅਧਿਕਾਰੀਆਂ ਦੀ ਹੁੰਦੀ ਹੈ। ਨਿਗਮ ਕਮਿਸ਼ਨਰ ਇੱਕ ਪ੍ਰਸ਼ਾਸਨਿਕ ਅਧਿਕਾਰੀ ਹੋਣ ਦੇ ਨਾਤੇ ਕਿਸੇ ਵੀ ਪੱਖ ਨਾਲ ਪੱਖਪਾਤ ਕੀਤੇ ਬਿਨਾਂ ਸਾਰਿਆਂ ਨਾਲ ਨਿਰਪੱਖ ਵਿਵਹਾਰ ਕਰਨ ਲਈ ਜ਼ਿੰਮੇਵਾਰ ਹੁੰਦੇ ਹਨ। ਪਰ ਵੇਖਣ ਵਿੱਚ ਆਇਆ ਹੈ ਕਿ ਅੱਜ ਦੇ ਅਧਿਕਾਰੀ ਭ੍ਰਿਸ਼ਟ ਤੰਤਰ ਦਾ ਹਿੱਸਾ ਹੁੰਦੇ ਹੋਏ ਰਾਜਨੀਤਿਕ ਆਗੂਆਂ ਦੀਆਂ ਕਠਪੁਤਲੀਆਂ ਬਣ ਕੇ ਹੀ ਕੰਮ ਕਰਦੇ ਹਨ ਅਤੇ ਆਪਣੇ ਭ੍ਰਿਸ਼ਟਾਚਾਰ ਨੂੰ ਉਜਾਗਰ ਹੋਣ ਤੋਂ ਬਚਾਉਣ ਲਈ ਇਹ ਪੱਤਰਕਾਰਾਂ ਨੂੰ ਆਪਣੀ ਅਹਿਮ ਭੂਮਿਕਾ ਨਿਭਾਉਣ ਨਹੀਂ ਦਿੰਦੇ। ਜੇਕਰ ਪੱਤਰਕਾਰਾਂ ਨੂੰ ਹੀ ਨਗਰ ਨਿਗਮ ਦੀ ਹਾਊਸ ਮੀਟਿੰਗ ਦੀ ਕਾਰਵਾਈ ਤੋਂ ਦੂਰ ਰੱਖਿਆ ਜਾਵੇਗਾ ਤਾਂ ਆਮ ਲੋਕਾਂ ਤੱਕ ਨਿਗਮ ਦੇ ਕੰਮਕਾਜ ਅਤੇ ਫੈਸਲਿਆਂ ਦੀ ਜਾਣਕਾਰੀ ਕਿਵੇਂ ਪਹੁੰਚੇਗੀ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਭਾਉਣ ਤੋਂ ਰੋਕਣਾ ਕਿਸੇ ਵੀ ਤਰ੍ਹਾਂ ਉਚਿਤ ਨਹੀਂ ਕਿਹਾ ਜਾ ਸਕਦਾ। ਆਗੂਆਂ ਨੇ ਕਿਹਾ ਕਿ ਦਿ ਵਰਕਿੰਗ ਰਿਪੋਰਟਰਸ ਐਸੋਸੀਏਸ਼ਨ (ਰਜਿ:) ਪੰਜਾਬ ਇੰਡੀਆ ਹਮੇਸ਼ਾ ਪੱਤਰਕਾਰਾਂ ਦੇ ਹੱਕਾਂ, ਆਜ਼ਾਦੀ ਅਤੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਪੱਤਰਕਾਰਾਂ ਨਾਲ ਖੜ੍ਹੀ ਹੈ। ਪੱਤਰਕਾਰਾਂ ਨਾਲ ਹੋਏ ਇਸ ਮਾੜੇ ਵਿਵਹਾਰ ਦੀ ਜਥੇਬੰਦੀ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਨਗਰ ਨਿਗਮ ਕਮਿਸ਼ਨਰ ਤੋਂ ਮਾਫ਼ੀ ਦੀ ਮੰਗ ਕੀਤੀ ਅਤੇ ਤਾੜਨਾ ਕੀਤੀ ਕਿ ਭਵਿੱਖ ਵਿੱਚ ਮੀਡੀਆ ਨਾਲ ਅਜਿਹੀ ਘਟਨਾ ਦੁਬਾਰਾ ਨਹੀਂ ਵਾਪਰਨੀ ਚਾਹੀਦੀ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਪੱਤਰਕਾਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਬਣਦਾ ਸਨਮਾਨ ਅਤੇ ਆਜ਼ਾਦ ਮਾਹੌਲ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਨਗਰ ਨਿਗਮ ਦੇ ਕੰਮਕਾਜ ਦੀ ਸਹੀ ਜਾਣਕਾਰੀ ਲੋਕਾਂ ਤੱਕ ਪਹੁੰਚ ਸਕੇ।



# ਪੰਜਾਬ ਸਟੇਟ ਮੁਏ ਥਾਈ ਚੈਂਪੀਅਨਸ਼ਿਪ 'ਚ ਰਿੰਗ ਬੀਸਟ ਬਾਕਸਿੰਗ ਕਲੱਬ ਦਾ ਸ਼ਾਨਦਾਰ ਪ੍ਰਦਰਸ਼ਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਬਨਾਰਸੀ ਦਾਸ ਆਰੀਆ ਕਾਲਜ, ਜਲੰਧਰ ਵਿਖੇ ਕਰਵਾਈ ਗਈ ਪੰਜਾਬ ਸਟੇਟ ਮੁਏ ਥਾਈ ਚੈਂਪੀਅਨਸ਼ਿਪ-2026 ਵਿੱਚ ਰਿੰਗ ਬੀਸਟ ਬਾਕਸਿੰਗ ਕਲੱਬ ਕਪੂਰਥਲਾ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ 11 ਸੋਨ ਅਤੇ 1 ਚਾਂਦੀ ਦਾ ਤਮਗਾ ਜਿੱਤ ਕੇ ਕਲੱਬ, ਆਪਣੇ ਮਾਪਿਆਂ ਅਤੇ ਕਪੂਰਥਲਾ ਜ਼ਿਲ੍ਹੇ ਦਾ

**● 11 ਗੋਲਡ ਤੇ 1 ਸਿਲਵਰ ਮੈਡਲ ਜਿੱਤਿਆ**

ਨਾਮ ਰੌਸ਼ਨ ਕੀਤਾ। ਚੈਂਪੀਅਨਸ਼ਿਪ ਦੌਰਾਨ ਰਿੰਗ ਬੀਸਟ ਦੇ ਖਿਡਾਰੀਆਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ, ਖੇਡ ਤਕਨੀਕ ਅਤੇ ਆਤਮ-ਵਿਸ਼ਵਾਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵੱਖ-ਵੱਖ ਭਾਰ ਵਰਗਾਂ ਵਿੱਚ ਹੋਏ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਕਈ ਅਹਿਮ ਜਿੱਤਾਂ ਦਰਜ ਕੀਤੀਆਂ। ਕੋਚ ਪ੍ਰਿੰਸ ਕੱਲੋਂ ਨੇ ਦੱਸਿਆ ਕਿ ਅਭਿਸ਼ੇਕ ਜੈਸਵਾਲ ਨੇ ਅੰਡਰ-56 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਮਗਾ, ਵੰਦਨਾ ਨੇ ਅੰਡਰ-44 ਕਿਲੋਗ੍ਰਾਮ ਵਿੱਚ ਸੋਨ ਤਮਗਾ, ਅਰਸ਼ਜੀਤ ਨੇ 72 ਕਿਲੋਗ੍ਰਾਮ ਤੋਂ ਵੱਧ ਭਾਰ ਵਰਗ ਵਿੱਚ ਸੋਨ ਤਮਗਾ, ਗੁਰਨੂਰ ਕੌਰ ਨੇ ਅੰਡਰ-58 ਕਿਲੋਗ੍ਰਾਮ ਵਿੱਚ ਸੋਨ ਤਮਗਾ, ਜਸਕਰਨ ਨੇ ਅੰਡਰ-52 ਕਿਲੋਗ੍ਰਾਮ ਵਿੱਚ ਸੋਨ ਤਮਗਾ ਅਤੇ ਮਾਹੀ ਨੇ ਅੰਡਰ-24 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਮਗਾ ਹਾਸਲ ਕੀਤਾ। ਮਨਵੀਰ ਨੇ ਅੰਡਰ-50 ਕਿਲੋਗ੍ਰਾਮ, ਭਵਕ ਚੌਧਾ ਨੇ ਅੰਡਰ-62 ਕਿਲੋਗ੍ਰਾਮ,



ਅੰਕੁਸ਼ ਕਲਸੀ ਨੇ 63 ਕਿਲੋਗ੍ਰਾਮ ਤੋਂ ਵੱਧ, ਗੌਰਵ ਕੁਮਾਰ ਨੇ 60 ਕਿਲੋਗ੍ਰਾਮ ਤੋਂ ਘੱਟ ਅਤੇ ਧ੍ਰੁਵ ਕੋਚ ਪ੍ਰਿੰਸ ਕੱਲੋਂ ਨੇ 90 ਕਿਲੋਗ੍ਰਾਮ ਤੋਂ ਵੱਧ ਭਾਰ ਵਰਗ ਵਿੱਚ ਸੋਨ ਤਮਗਾ ਜਿੱਤਿਆ। ਜਦਕਿ ਅਰਮਾਨ ਦੀਪ ਕੌਰ ਨੇ 59 ਕਿਲੋਗ੍ਰਾਮ ਤੋਂ ਵੱਧ ਭਾਰ ਵਰਗ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ। ਇਸ ਮੌਕੇ ਪੰਜਾਬ ਮੁਏ ਥਾਈ ਐਸੋਸੀਏਸ਼ਨ ਦੇ ਪ੍ਰਧਾਨ ਰਾਜੀਵ ਵਾਲੀਆ ਨੇ ਖਿਡਾਰੀਆਂ ਅਤੇ ਕੋਚ ਪ੍ਰਿੰਸ ਕੱਲੋਂ ਨੂੰ ਵਧਾਈ ਦਿੱਤੀ। 11 ਗੋਲਡ ਅਤੇ 1 ਸਿਲਵਰ ਸਾਰੇ ਖਿਡਾਰੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।

# ਸ੍ਰੀ ਹਨੂਮਤ ਆਈ ਐਮ ਟੀ ਵੱਲੋਂ ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਵਿਸ਼ੇਸ਼ ਲੈਕਚਰ

**ਗੁਰਾਇਆ (ਬਿਊਰੋ ਰਿਪੋਰਟ)**- ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਸ੍ਰੀ ਹਨੂਮਤ ਆਈ.ਐਮ.ਟੀ. ਵਿਖੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਡਾ. ਕੁਮਾਰ ਨੇ 'ਸਮਾਰਟ ਸੈਰ-ਸਪਾਟਾ, ਟਿਕਾਊ ਭਵਿੱਖ : ਏ ਆਈ. ਨਾਲ ਯਾਤਰਾ ਦਾ ਨਵਾਂ ਯੁਗ' ਵਿਸ਼ੇ 'ਤੇ ਸੰਬੋਧਨ ਕਰਦਿਆਂ ਸੈਰ-ਸਪਾਟਾ ਅਤੇ ਮਹਿਮਾਨ ਨਿਵਾਜ਼ੀ ਦੇ ਖੇਤਰ ਵਿੱਚ ਏ.ਆਈ. ਦੀ ਵਧ ਰਹੀ ਭੂਮਿਕਾ ਦੇ ਨਾਲ-ਨਾਲ ਜ਼ਿੰਮੇਵਾਰ ਅਤੇ ਟਿਕਾਊ ਸੈਰ-ਸਪਾਟੇ ਦੀ ਲੋੜ 'ਤੇ ਚਾਨਣਾ ਪਾਇਆ। ਉਹਨਾਂ ਨੇ ਕਿਹਾ ਕਿ ਭਵਿੱਖ ਦਾ ਸੈਰ-ਸਪਾਟਾ ਤਕਨਾਲੋਜੀ, ਟਿਕਾਊ ਵਿਕਾਸ ਅਤੇ ਮਨੁੱਖੀ ਤਜਰਬੇ ਦੇ ਸੁਮੇਲ ਨਾਲ ਹੀ ਅੱਗੇ ਵਧੇਗਾ। ਏ.ਆਈ. ਰਾਹੀਂ ਯਾਤਰਾ ਦੀ ਬਿਹਤਰ ਯੋਜਨਾਬੰਦੀ, ਸੈਲਾਨੀਆਂ ਲਈ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਸਹੂਲਤਾਂ, ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਸੈਰ-ਸਪਾਟਾ ਸਥਾਨਾਂ ਦੇ ਬਿਹਤਰ ਪ੍ਰਬੰਧਨ ਵਿੱਚ ਮਦਦ ਮਿਲ ਸਕਦੀ ਹੈ। ਉਨ੍ਹਾਂ ਕਿਹਾ ਕਿ ਸੈਰ-ਸਪਾਟਾ ਵਿੱਚ ਤਕਨਾਲੋਜੀ ਦਾ ਵਿਕਾਸ ਸਿਰਫ਼ ਸਹੂਲਤ ਵਧਾਉਣ ਲਈ ਨਹੀਂ, ਸਗੋਂ ਕੰਮ ਨੂੰ ਸਵੈਚਾਲਿਤ ਕਰਨ ਲਈ ਵੀ ਹੋਣਾ ਚਾਹੀਦਾ। ਤਕਨਾਲੋਜੀ ਦੀ ਵਰਤੋਂ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਨੂੰ ਮਜ਼ਬੂਤ ਕਰਨ, ਸਥਾਨਕ ਸੱਭਿਆਚਾਰ ਅਤੇ ਵਿਰਸੇ ਦੀ ਸੰਭਾਲ, ਸਥਾਨਕ ਭਾਈਚਾਰੇ ਦੀ ਭਾਗੀਦਾਰੀ ਵਧਾਉਣ ਅਤੇ ਲੰਮੇ ਸਮੇਂ ਲਈ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਵੀ ਹੋਣੀ ਚਾਹੀਦੀ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਨੂੰ ਡਿਜੀਟਲ ਹੁਨਰ, ਨਵੀਂ ਸੋਚ ਅਤੇ ਟਿਕਾਊ ਵਿਕਾਸ ਪ੍ਰਤੀ ਜ਼ਿੰਮੇਵਾਰ ਅਗਵਾਈ ਦੀਆਂ ਸਮਰੱਥਾਵਾਂ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸੈਰ-ਸਪਾਟਾ ਅਤੇ ਮਹਿਮਾਨ ਨਿਵਾਜ਼ੀ ਦੇ ਬਦਲਦੇ ਖੇਤਰ ਵਿੱਚ ਅੱਗੇ ਵਧਣ ਲਈ ਤਕਨਾਲੋਜੀ ਦੇ ਨਾਲ ਇਹ ਗੁਣ ਬਰਾਬਰ ਮਹੱਤਵਪੂਰਨ ਸਾਬਤ ਹੋਣਗੇ। ਲੈਕਚਰ ਦੀ ਸਮਾਪਤੀ ਮੌਕੇ ਡਾ. ਕੁਮਾਰ ਨੇ ਕਿਹਾ ਕਿ ਭਵਿੱਖ ਦਾ ਸੈਰ-ਸਪਾਟਾ ਤਕਨਾਲੋਜੀ ਰਾਹੀਂ ਹੋਰ ਸਮਾਰਟ, ਨਵੀਂ ਸੋਚ ਰਾਹੀਂ ਹੋਰ ਮਜ਼ਬੂਤ ਅਤੇ ਟਿਕਾਊ ਵਿਕਾਸ ਰਾਹੀਂ ਹੋਰ ਜ਼ਿੰਮੇਵਾਰ ਹੋਣਾ ਚਾਹੀਦਾ ਹੈ।



# ਬਾਠ ਦੀ ਅਗਵਾਈ ਹੇਠ ਵਫ਼ਦ ਨੇ ਨੈਸ਼ਨਲ ਕਮਿਸ਼ਨ ਫਾਰ ਮਾਈਨਾਰਿਟੀਜ਼ ਦੇ ਚੇਅਰਮੈਨ ਗਰੇਵਾਲ ਨਾਲ ਕੀਤੀ ਮੁਲਾਕਾਤ

**ਦੁਬਈ ਵਿੱਚ ਸਜ਼ਾ-ਏ-ਮੌਤ ਦਾ ਸਾਹਮਣਾ ਕਰ ਰਹੇ ਪੰਜਾਬੀ ਨੌਜਵਾਨ ਦਾ ਮਾਮਲਾ ਉਠਾਇਆ**

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦਾ)**- ਸੀਨੀਅਰ ਭਾਜਪਾ ਆਗੂ ਕੁਲਵੰਤ ਸਿੰਘ ਬਾਠ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਨੈਸ਼ਨਲ ਕਮਿਸ਼ਨ ਫਾਰ ਮਾਈਨਾਰਿਟੀਜ਼ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਨਾਲ ਮੁਲਾਕਾਤ ਕੀਤੀ। ਇਸ ਮੌਕੇ ਵਫ਼ਦ ਵੱਲੋਂ ਗਰੇਵਾਲ ਨੂੰ ਚੇਅਰਮੈਨ ਬਣਨ 'ਤੇ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਭੇਟ ਕੀਤੀਆਂ ਗਈਆਂ। ਮੁਲਾਕਾਤ ਦੌਰਾਨ ਦੁਬਈ ਵਿੱਚ ਸਜ਼ਾ-ਏ-ਮੌਤ ਦਾ ਸਾਹਮਣਾ ਕਰ ਰਹੇ ਪੰਜਾਬੀ ਨੌਜਵਾਨ ਬਲਜਿੰਦਰ ਸਿੰਘ ਦਾ ਮਾਮਲਾ ਵੀ ਵਿਸ਼ੇਸ਼ ਤੌਰ 'ਤੇ ਉਠਾਇਆ ਗਿਆ। ਵਫ਼ਦ ਵੱਲੋਂ ਦੱਸਿਆ ਗਿਆ ਕਿ ਬਲਜਿੰਦਰ ਸਿੰਘ ਪੁੱਤਰ ਜਸਵਿੰਦਰ ਸਿੰਘ, ਪੰਜਾਬ ਦੇ ਸੁਜਾਨਪੁਰ ਇਲਾਕੇ ਨਾਲ ਸੰਬੰਧਤ ਹੈ ਅਤੇ ਉਹ ਦੁਬਈ ਵਿੱਚ ਇੱਕ ਮਾਮਲੇ ਕਾਰਨ ਸਜ਼ਾ-ਏ-ਮੌਤ ਦਾ ਸਾਹਮਣਾ ਕਰ ਰਿਹਾ ਹੈ। ਬਾਠ ਨੇ ਕਿਹਾ ਕਿ ਪਰਵਾਰ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਬਲਜਿੰਦਰ ਸਿੰਘ ਨੂੰ ਗਲਤ ਢੰਗ ਨਾਲ ਮਾਮਲੇ ਵਿੱਚ ਫਸਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬਲਜਿੰਦਰ ਸਿੰਘ ਦੇ ਛੋਟੇ-ਛੋਟੇ ਬੱਚੇ ਹਨ ਅਤੇ ਪਰਵਾਰ ਆਰਥਕ ਤੌਰ 'ਤੇ ਕਮਜ਼ੋਰ ਹੈ। ਇਸ ਲਈ ਮਨੁੱਖੀ ਆਧਾਰ 'ਤੇ ਮਾਮਲੇ ਵਿੱਚ ਸਰਕਾਰੀ ਪੱਧਰ 'ਤੇ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਮੌਕੇ ਮੰਗ ਕੀਤੀ ਕਿ ਭਾਰਤ ਸਰਕਾਰ ਵੱਲੋਂ ਦੁਬਈ ਦੇ ਅਧਿਕਾਰੀਆਂ ਕੋਲ ਮਾਮਲਾ ਉਠਾ ਕੇ ਬਲਜਿੰਦਰ ਸਿੰਘ ਨੂੰ ਕਾਨੂੰਨੀ ਤੌਰ 'ਤੇ ਬਿਹਤਰ ਰਾਹਤ ਦਿਵਾਉਣ ਲਈ ਯਤਨ ਕੀਤੇ ਜਾਣ, ਤਾਂ ਜੋ ਉਹ ਆਪਣੇ ਪਰਵਾਰ ਅਤੇ ਬੱਚਿਆਂ ਕੋਲ ਵਾਪਸ ਆ ਸਕੇ।ਗਰੇਵਾਲ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਮਾਮਲੇ ਨੂੰ ਸੰਬੰਧਤ ਪੱਧਰ 'ਤੇ ਉਠਾਉਣ ਲਈ ਯਤਨ ਕਰਨਗੇ। ਇਸ ਦੇ ਨਾਲ ਹੀ ਕੁਲਵੰਤ ਸਿੰਘ ਬਾਠ ਨੇ ਸਮਾਜ ਸੇਵੀ ਐਸ.ਪੀ. ਸਿੰਘ ਓਬਰਾਏ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿੱਚ ਪਹਿਲਕਦਮੀ ਕਰਕੇ ਪਰਵਾਰ ਦੀ ਸੰਭਵ ਮਦਦ ਕਰਨ।



# ਮਾਉ ਸਾਹਿਬ 'ਚ ਐਚ ਆਈ ਵੀ ਜਾਗਰੂਕਤਾ ਮੁਹਿੰਮ ਚਲਾਈ



**ਫਿਲੌਰ (ਨਿਰਮਲ)**- ਸਿਵਲ ਹਸਪਤਾਲ ਫਿਲੌਰ ਦੇ ਐਸ.ਐਮ.ਓ. ਡਾ. ਸੁਨੀਤਾ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਆਈ.ਸੀ.ਟੀ.ਸੀ. ਵਿਭਾਗ ਵੱਲੋਂ ਪਿੰਡ ਮਾਉ ਸਾਹਿਬ, ਤਹਿਸੀਲ ਫਿਲੌਰ ਵਿਖੇ ਐਚ.ਆਈ.ਵੀ. ਅਤੇ ਏਡਜ਼ ਸਬੰਧੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਲੋਕਾਂ ਨੂੰ ਐਚ.ਆਈ.ਵੀ. ਦੇ ਫੈਲਣ ਦੇ ਤਰੀਕਿਆਂ, ਬਚਾਅ ਦੇ ਉਪਾਵਾਂ ਅਤੇ ਸਮੇਂ ਸਿਰ ਜਾਂਚ ਕਰਵਾਉਣ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਐਚ.ਆਈ.ਵੀ. ਨਾਲ ਸੰਬੰਧਤ ਗਲਤ ਧਾਰਨਾਵਾਂ ਅਤੇ ਭੇਦਭਾਵ ਨੂੰ ਦੂਰ ਕਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਲੋਕਾਂ ਨੂੰ ਐਚ.ਆਈ.ਵੀ. ਬਾਰੇ ਪੂਰੀ ਅਤੇ ਸਹੀ ਜਾਣਕਾਰੀ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਤੇ ਐਚ.ਆਈ.ਵੀ. ਨਾਲ ਜੀ ਰਹੇ ਵਿਅਕਤੀਆਂ ਪ੍ਰਤੀ ਸਨਮਾਨ ਅਤੇ ਸਹਿਯੋਗ ਦੀ ਭਾਵਨਾ ਰੱਖਣ ਦੀ ਅਪੀਲ ਕੀਤੀ ਗਈ। ਜਾਗਰੂਕਤਾ ਮੁਹਿੰਮ ਦੌਰਾਨ ਟੀਮ ਵੱਲੋਂ ਘਰ-ਘਰ ਜਾ ਕੇ ਵੀ ਪਿੰਡ ਵਾਸੀਆਂ ਨਾਲ ਸੰਪਰਕ ਕੀਤਾ ਗਿਆ ਅਤੇ ਐਚ.ਆਈ.ਵੀ. ਸਬੰਧੀ ਜ਼ਰੂਰੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਪਿੰਡ ਦੀ ਸਰਪੰਚ ਪਰਮਿੰਦਰ ਕੌਰ, ਨੰਬਰਦਾਰ ਹੇਮ ਚਰਨ ਸਿੰਘ, ਪੰਚ ਜਸਪ੍ਰੀਤ ਕੌਰ, ਪੰਚ ਕੁਲਵਿੰਦਰ ਸਿੰਘ, ਐਨ.ਐਮ.ਐਸ. ਗੁਰਿੰਦਰ ਕੌਰ, ਪੰਚ ਕਮਲਜੀਤ ਕੌਰ, ਪੰਚ ਹਰਬੰਸ ਸਿੰਘ, ਏ.ਐਨ.ਐਮ. ਨਰਿੰਦਰ ਕੁਮਾਰੀ, ਸੀ.ਐਚ.ਓ. ਸੁਖਪ੍ਰੀਤ ਕੌਰ, ਐਲ.ਐਚ.ਵੀ. ਤਰਲੋਚਨ ਸਿੰਘ, ਆਂਗਣਵਾੜੀ ਵਰਕਰ ਕਮਲੇਸ਼, ਆਸ਼ਾ ਵਰਕਰਾਂ ਅਤੇ ਟ੍ਰੇਨ ਦਾਈ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਇਸ ਮੌਕੇ ਸਿਵਲ ਹਸਪਤਾਲ ਫਿਲੌਰ ਦੇ ਆਈ.ਸੀ.ਟੀ.ਸੀ. ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਐਚ.ਆਈ.ਵੀ. ਸਬੰਧੀ ਕਿਸੇ ਵੀ ਤਰ੍ਹਾਂ ਦੀ ਗਲਤਫਹਿਮੀ ਜਾਂ ਡਰ ਦੀ ਬਜਾਏ ਸਹੀ ਜਾਣਕਾਰੀ ਪ੍ਰਾਪਤ ਕੀਤੀ ਜਾਵੇ ਅਤੇ ਲੋੜ ਪੈਣ 'ਤੇ ਨੇੜਲੇ ਆਈ.ਸੀ.ਟੀ.ਸੀ. ਕੇਂਦਰ ਨਾਲ ਸੰਪਰਕ ਕੀਤਾ ਜਾਵੇ।

# ਕਬੱਡੀ ਨੈਸ਼ਨਲ ਸਟਾਈਲ 19 ਸਾਲ ਕੁੜੀਆਂ 'ਚ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਬਣਿਆ ਚੈਂਪੀਅਨ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ 70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਹਿਤ ਕਬੱਡੀ ਨੈਸ਼ਨਲ ਸਟਾਈਲ ਉਮਰ ਗਰੁੱਪ 19 ਸਾਲ ਲੜਕੀਆਂ ਦਾ ਟੂਰਨਾਮੈਂਟ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਅਨੀਤਾ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਲਖਵੀਰ ਸਿੰਘ ਅਤੇ ਦਵਿੰਦਰ ਕੌਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਦੀ ਅਗਵਾਈ ਵਿੱਚ ਸਫਲਤਾ ਪੂਰਵਕ ਸਮਾਪਤ ਹੋਇਆ ਜਿਸ ਵਿੱਚ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਜੇਤੂ ਰਿਹਾ। ਜੇਤੂਆਂ ਨੂੰ ਇਨਾਮਾਂ ਦੀ ਵੰਡ ਸਟੇਟ ਅਵਾਰਡੀ ਸੁਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਐਸ.ਸੀ ਵਿੰਗ ਨੇ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖਿਡਾਰੀਆਂ ਦੀ ਸਿਹਤ ਅਤੇ ਖੇਡਾਂ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਦਿਨ ਰਾਤ ਇਕ ਕਰਕੇ ਕੰਮ ਕਰ ਰਹੀ ਹੈ। ਇਸੇ ਤਹਿਤ ਰਾਜ ਦੇ 3500 ਦੇ ਕਰੀਬ ਪਿੰਡਾਂ ਵਿੱਚ ਖੇਡ ਮੈਦਾਨਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਇਸ ਮੌਕੇ ਅਨੀਤਾ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਲਖਵੀਰ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫਸਰ ਨੇ ਕਿਹਾ ਕਿ ਖੇਡਾਂ ਨਾਲ ਵਿਦਿਆਰਥੀਆ ਦਾ



ਸਰਵਪੱਖੀ ਵਿਕਾਸ ਹੁੰਦਾ ਹੈ। ਇਸ ਮੌਕੇ ਅਨੀਤਾ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਲਖਵੀਰ ਸਿੰਘ ਨੇ ਟੀਮਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਟੂਰਨਾਮੈਂਟ ਦੇ ਫਾਈਨਲ ਵਿੱਚ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੇ ਜ਼ਿਲ੍ਹਾ ਪਟਿਆਲਾ ਨੂੰ ਹਰਾ ਕੇ ਚੈਂਪੀਅਨ ਬਣਿਆ। ਇਸ ਤੋਂ ਪਹਿਲਾਂ ਸੈਮੀਫਾਈਨਲ ਵਿੱਚ ਜ਼ਿਲ੍ਹਾ ਪਟਿਆਲਾ ਨੇ ਜ਼ਿਲ੍ਹਾ ਰੂਪਨਗਰ ਨੂੰ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੇ ਜ਼ਿਲ੍ਹਾ ਬਠਿੰਡਾ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ।ਇਸ ਮੌਕੇ ਸਟੇਟ ਵੱਲੋਂ ਲੈਕ. ਮਨਦੀਪ ਸਿੰਘ ਲੁਧਿਆਣਾ ਆਬਜ਼ਰਵਰ, ਸਰਬਜੀਤ ਕੌਰ ਡੀ.ਪੀ.ਈ ਫਰੀਦਕੋਟ, ਸਤਨਾਮ ਦਾਸ ਸੰਗਰੂਰ, ਕੁਲਦੀਪ ਸਿੰਘ ਮਾਨਸਾ, ਭੁਪਿੰਦਰ ਸਿੰਘ ਲੁਧਿਆਣਾ, ਦਵਿੰਦਰ ਸਿੰਘ ਪਟਿਆਲਾ, ਮਨਦੀਪ ਕੌਰ ਕੁਰਾਲਾ ਡਰੱਗ ਅਬਿਊਜ਼ ਕਮ ਸਿਲੈਕਟਰ ਹਾਜ਼ਰ ਸਨ।ਇਹਨਾਂ ਵੱਲੋਂ ਇਸ ਮੌਕੇ ਨੈਸ਼ਨਲ ਕੈਂਪ ਲਈ ਖਿਡਾਰਨਾਂ ਦੀ ਚੋਣ ਕੀਤੀ ਗਈ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਦਵਿੰਦਰ ਕੌਰ, ਮੁੱਖ ਅਧਿਆਪਕ ਪਰਵਿੰਦਰ ਸਿੰਘ ਭੰਗਲ, ਜਨਰਲ ਸਕੱਤਰ ਡੀ.ਟੀ.ਸੀ ਅਮਰਜੀਤ ਸਿੰਘ ਖਟਕੜ, ਸਾਬਕਾ ਉਪ ਜ਼ਿਲ੍ਹਾ ਸਿੱਖਿਆ ਅਫਸਰ, ਵਿਨੋਦ ਗੌਤਮ ਮੁੱਖ ਅਧਿਆਪਕ, ਸੰਜੀਵ ਕੁਮਾਰ ਮੁੱਖ ਅਧਿਆਪਕ, ਹੈਡਮਾਸਟਰ ਗੁਰਪ੍ਰੀਤ ਸਿੰਘ, ਸੰਪਲਾ, ਕਰਮਜੀਤ ਕੌਰ ਡੀ.ਪੀ.ਈ, ਲੈਕ.ਸਰਬਜੀਤ ਕੌਰ, ਲੈਕ.ਬਲਦੇਵ ਰਾਜ, ਕਿਰਨ ਬਾਲਾ, ਬਲਜੀਤ ਕੁਮਾਰ ਹੈਡਮਾਸਟਰ, ਸਿਮਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਜੀਤ ਕੌਰ, ਰਾਜਵੀਰ ਮੌਰ, ਪੂਨਮ ਰਾਣੀ, ਜਸਵਿੰਦਰ ਕੌਰ, ਰਜਿੰਦਰ ਸਿੰਘ ਗਿੱਲ, ਹੈਡਮਾਸਟਰ ਅਮਰਪ੍ਰੀਤ ਸਿੰਘ ਜੌਹਰ, ਪੁਸ਼ਪਿੰਦਰ ਕੌਰ, ਕਿਰਨਜੀਤ ਕੌਰ ਨਿੱਘੀ, ਕੁਲਵਿੰਦਰ ਸਿੰਘ ,ਦੇਸ ਰਾਜ,ਜਗਸ਼ੀਰ ਸਿੰਘ, ਜਸਕਰਨ ਸਿੰਘ, ਸਮੇਤ ਡੀ.ਪੀ.ਈ,ਪੀ.ਟੀ.ਆਈ, ਨਗਰ ਨਿਵਾਸੀ ਅਤੇ ਆਫੀਸ਼ਲ ਹਾਜ਼ਰ ਸਨ।

# ਸਿੱਧ ਬਾਬਾ ਕੈਂਥਲ ਸੱਭਿਆਚਾਰਕ ਮੇਲੇ ਦਾ ਪੋਸਟਰ ਜਾਰੀ



**ਪੋਜੇਵਾਲ (ਰਾਮ ਲਾਲ)** ਸ਼ਿਵਾਲਿਕ ਦੀਆਂ ਪਹਾੜੀਆਂ ਦੀ ਗੋਦ ਵਿੱਚ ਬਿਰਾਜਮਾਨ ਸਿੱਧ ਸ਼੍ਰੀ ਬਾਬਾ ਕੈਂਥਲ ਦੇ ਇਤਿਹਾਸਕ ਸਥਾਨ ਪਿੰਡ ਭੱਦੀ ਨਜ਼ਦੀਕ ਗਊਸ਼ਾਲਾ ਸੰਤ ਨਗਰ ਬੂੰਗੜੀ ਵਿਖੇ ਦੂਜਾ ਸੱਭਿਆਚਾਰਿਕ ਮੇਲਾ 4 ਅਕਤੂਬਰ ਦਿਨ ਐਤਵਾਰ ਨੂੰ ਸਮੂਹ ਸੰਗਤਾਂ ਅਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਜਾ ਰਿਹਾ ਹੈ। ਜਿਸ ਦਾ ਪੋਸਟਰ ਚੌਧਰੀ ਅਜੇ ਮੰਗੂਪੁਰ ਕਾਂਗਰਸ ਪ੍ਰਧਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਜਾਰੀ ਕੀਤਾ ਗਿਆ।ਇਸ ਸਬੰਧੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੌਧਰੀ ਬਾਲੂ ਰਾਮ ਨੇ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿਹਾ ਕਿ ਇਸ ਦੂਜੇ ਸੱਭਿਆਚਾਰਿਕ ਮੇਲੇ ਨਾਲ ਜਿਥੇ ਸਾਡੇ ਪੰਜਾਬੀ ਵਿਰਸੇ ਦੀ ਝਲਕ ਸਾਡੀ ਅੱਜ ਦੀ ਯੁਵਾ ਪੀੜ੍ਹੀ ਤੇ ਪਵੇਗੀ। ਉਨ੍ਹਾਂ ਕਿਹਾ ਕਿ ਇਸ ਮੇਲੇ ਨੂੰ ਕਾਮਯਾਬ ਕਰਨ ਲਈ ਬਾਬਾ ਕੈਂਥਲ ਮੰਦਰ ਪ੍ਰਬੰਧਕ ਸੇਵਾ ਕਮੇਟੀ, ਮੋਜੋਵਾਲ ਮਜ਼ਾਰਾ, ਅਕਲਿਆਣਾ, ਧਕਧਾਣਾ, ਨਵਾਂ ਪਿੰਡ ਟੱਪਰੀਆਂ, ਆਦੋਆਣਾ, ਭੱਦੀ, ਬੂੰਗੜੀ, ਰਾਜੂ ਮਾਜਰਾ, ਛੋਟਾ ਭਾਣੇਵਾਲ, ਸਹਿਬਾਜਪੁਰ, ਨਾਨੋਵਾਲ, ਜੀਤਪੁਰ, ਲੰਬੂਆ ਆਦਿ ਪਿੰਡਾਂ ਦੇ ਲੋਕਾਂ ਦਾ ਬੇਹਤਰ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਵਿਸ਼ਾਲ ਸੱਭਿਆਚਾਰਕ ਮੇਲੇ ਦੌਰਾਨ ਮੁੱਖ ਮਹਿਮਾਨ ਵੀ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚੌਧਰੀ ਅਜੈ ਮੰਗੂਪੁਰ ਹੀ ਹੋਣਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਪਾਰਟੀ ਚੌਧਰੀ ਅਜੇ ਮੰਗੂਪੁਰ, ਬਾਲੂ ਰਾਮ ਪ੍ਰਧਾਨ, ਨੀਰਜ ਕੁਮਾਰ ਸੰਨੀ, ਹਨੀ ਕੁਮਾਰ, ਦਵਨਦੀਪ, ਭੁਪਿੰਦਰ ਸਿੰਘ ਗੋਨੀ, ਰਵੀ ਕੁਮਾਰ, ਸੁਖਬੀਰ ਕੁਮਾਰ ਲਾਡੀ, ਜਸਵੀਰ ਕੁਮਾਰ, ਹਰਮਨ ਸਿੰਘ, ਗੌਰਵ ਧੀਮਾਨ, ਪਰਮਵੀਰ ਸਿੰਘ, ਪ੍ਰਿੰਸ ਧੀਮਾਨ ਅਤੇ ਸੇਵਾਦਾਰ ਹਾਜ਼ਰ ਸਨ।

# ਮੁੱਖ ਚੋਣ ਕਮਿਸ਼ਨਰ ਦਾ ਫੂਕਿਆ ਪੁਤਲਾ ਤੇ ਕੀਤੀ ਨਾਅਰੇਬਾਜ਼ੀ

**ਮਾਹਿਲਪੁਰ (ਸ.ਫਰੀ)** ਦਿੱਲੀ ਵਿਖੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਖੱਬੀਆਂ ਪਾਰਟੀਆਂ ਅਤੇ ਸਮਾਜਿਕ ਕਾਰਕੁਨਾਂ ਨੂੰ ਦਿੱਲੀ ਪੁਲਸ ਵਲੋਂ ਗ੍ਰਿਫਤਾਰ ਕਰਨ ਦੇ ਵਿਰੋਧ ਵਿਚ ਮਾਹਿਲਪੁਰ ਦੇ ਮੁੱਖ ਚੌਂਕ 'ਚ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ, ਸੀ.ਪੀ.ਆਈ. ਐਮ ਐਲ ਲਿਬਰੇਸ਼ਨ ਅਤੇ ਜਨਤਕ ਜੱਥੇਬੰਦੀਆਂ ਵਲੋਂ ਮਲਕੀਅਤ ਸਿੰਘ ਬਾਹੋਵਾਲ , ਸ਼ੇਰ ਜੰਗ ਬਹਾਦਰ, ਮੱਖਣ ਸਿੰਘ ਲੰਗੇਰੀ ਅਤੇ ਸ਼ਾਮ ਸੁੰਦਰ ਕਪੂਰ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਕਰਨ ਉਪਰੰਤ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਅਤੇ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ।ਇਸ ਸਮੇਂ ਬੁਲਾਰਿਆਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਵੱਲੋਂ ਕੇਂਦਰੀ ਹਾਕਮਾਂ ਦੇ ਇਸ਼ਾਰੇ 'ਤੇ ਐਸ.ਆਈ.ਆਰ. ਰਾਹੀਂ ਤੇਰਾਂ ਕਰੋੜ ਵੋਟਰਾਂ ਦੇ ਨਾਮ ਕੱਟਣ ਦੀ ਗ਼ੈਰ ਸੰਵਿਧਾਨਿਕ ਕਾਰਵਾਈ ਦਾ ਸੱਚ ਸਹਾਇਕ ਚੋਣ ਕਮਿਸ਼ਨਰਾਂ ਵੱਲੋਂ ਇਸ ਕਾਰਵਾਈ ਨਾਲ ਅਸਹਿਮਤੀ ਪ੍ਰਗਟ ਕਰਦੇ ਹੋਏ ਖੁਲਾਸਿਆਂ ਰਾਹੀਂ ਸਾਹਮਣੇ ਆ ਚੁੱਕਾ ਹੈ। ਆਗੂਆਂ ਮੰਗ ਕੀਤੀ ਮੁੱਖ ਚੋਣ ਕਮਿਸ਼ਨਰ ਤੁਰੰਤ ਆਪਣੇ ਅਹੁਦੇ ਅਸਤੀਫ਼ੇ ਦੇਵੇ। ਇਸ ਮੌਕੇ ਬੁਲਾਰਿਆਂ ਵਲੋਂ ਕੁੱਝ ਸ਼ਰਾਰਤੀ ਅਨਸਰਾਂ ਦੁਆਰਾ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਜੀ ਦੇ ਬੁੱਤਾਂ ਦੀ ਬੇਹੁਰਮਤੀ



ਕਰਨ ਦੀ ਸਖ਼ਤ ਨਿਖੇਧੀ ਕੀਤੀ ਅਤੇ ਮੰਗ ਕੀਤੀ ਅਜਿਹੇ ਅਨਸਰਾਂ ਨੂੰ ਗ੍ਰਿਫਤਾਰ ਕੀਤਾ ਜਾਵੇ। ਇਸ ਸਮੇਂ ਸ਼ਿੰਗਾਰਾ ਰਾਮ, ਭੱਜਲ, ਰਣਜੀਤ ਸਿੰਘ, ਬਾਬੂ ਓਮ ਦੱਤ, ਚਰਨਜੀਤ ਕੁਮਾਰ, ਚਾਨਣ ਰਾਮ, ਜਰਨੈਲ ਸਿੰਘ, ਲਾਲ ਸਿੰਘ, ਮਾਸਟਰ ਜੈ ਰਾਮ ਬਾੜੀਆਂ, ਲਛਮਣ ਸਿੰਘ, ਸੰਤੋਖ ਸਿੰਘ, ਪਰਮਜੀਤ ਸਿੰਘ, ਦਿਲਬਾਗ ਸਿੰਘ, ਛਿੰਦਰ ਪਾਲ ਸਿੰਘ, ਸੋਹਣ ਲਾਲ, ਕਸ਼ਮੀਰੀ ਲਾਲ, ਜੋਗਿੰਦਰ ਪਾਲ ਸਿੰਘ, ਸਤਨਾਮ ਸਿੰਘ, ਰਾਮ ਆਸਰਾ, ਪਰਵਿੰਦਰ ਸਿੰਘ, ਦਲੀਪਾ ਜੇਜੋਂ ਦੋਆਬਾ ਆਦਿ ਹਾਜ਼ਰ ਸਨ।

# ਕਰਨਵੀਰ ਕਟਾਰੀਆ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ 'ਜਸ਼ਨੇ-ਏ-ਇਨਕਲਾਬ' ਪ੍ਰੋਗਰਾਮ 'ਚ ਸ਼ਾਮਲ ਹੋਣ ਦਾ ਸੱਦਾ

**ਪੋਜੇਵਾਲ ( ਰਾਮ ਲਾਲ)**- ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਤ 'ਜਸ਼ਨੇ-ਏ-ਇਨਕਲਾਬ' ਤਹਿਤ ਸੂਬਾ ਪੱਧਰੀ ਸਮਾਗਮ 28 ਸਤੰਬਰ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਪ੍ਰੋਗਰਾਮ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਅਤੇ ਪੰਜਾਬ ਸਰਕਾਰ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦਾ ਸਮਾਂ ਸ਼ਾਮ 5 ਵਜੇ ਤੋਂ ਰਾਤ 10 ਵਜੇ ਤੱਕ ਰਹੇਗਾ। ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਵੱਲੋਂ ਪਿਛਲੇ ਲਗਭਗ ਪੌਣੇ ਦੋ ਸਾਲਾਂ ਤੋਂ ਪੰਜਾਬ ਦੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਅਤੇ ਜਿੰਮਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੁਹਿੰਮ ਤਹਿਤ ਪੰਜਾਬ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਲਗਭਗ 16 ਹਜ਼ਾਰ ਯੂਥ ਕਲੱਬ ਬਣਾਏ ਗਏ ਹਨ, ਜਿਨ੍ਹਾਂ ਨਾਲ ਲਗਭਗ ਸਵਾ ਤਿੰਨ ਲੱਖ ਨੌਜਵਾਨ ਜੁੜ



ਚੁੱਕੇ ਹਨ।ਉਨ੍ਹਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਵੱਲੋਂ ਦੇਖੇ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਨੌਜਵਾਨਾਂ ਦੀ ਸਰਗਰਮ ਭੂਮਿਕਾ ਬਹੁਤ ਮਹੱਤਵਪੂਰਨ ਹੈ। ਇਸੇ ਉਦੇਸ਼ ਤਹਿਤ ਯੂਥ ਵਿੰਗ ਵੱਲੋਂ ਨੌਜਵਾਨਾਂ ਨੂੰ ਖੇਡਾਂ, ਸਿਹਤਮੰਦ ਗਤੀਵਿਧੀਆਂ ਅਤੇ ਸਮਾਜਿਕ ਕਾਰਜਾਂ ਨਾਲ ਜੋੜਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਕਟਾਰੀਆ ਨੇ ਦੱਸਿਆ ਕਿ ਇਸ ਵਾਰ ਪੰਜਾਬ ਭਰ ਦੇ ਯੂਥ ਕਲੱਬਾਂ ਨਾਲ ਜੁੜੇ ਨੌਜਵਾਨ ਇੱਕ ਮੰਚ 'ਤੇ ਇਕੱਠੇ ਹੋ ਕੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣਗੇ।ਉਨ੍ਹਾਂ ਨੇ ਪੰਜਾਬ ਦੇ ਸਮੂਹ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ 28 ਸਤੰਬਰ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਹੋਣ ਵਾਲੇ 'ਜਸ਼ਨੇ-ਏ-ਇਨਕਲਾਬ' ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਬਸੰਤੀ ਰੰਗ ਦੀਆਂ ਦਸਤਾਰਾਂ ਸਜਾ ਕੇ ਪਹੁੰਚਣ।

# ਫੁੱਟਬਾਲ ਅਕੈਡਮੀ ਮਾਹਿਲਪੁਰ ਅੰਡਰ-17 ਦੇ ਖਿਡਾਰੀਆਂ ਦਾ ਸਨਮਾਨ

**ਮਾਹਿਲਪੁਰ (ਸ.ਫਰੀ)**- ਪਿਛਲੇ ਦਿਨੀ 70ਵੀਆਂ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਫੁੱਟਬਾਲ ਅੰਡਰ-17 ਸਾਲ ਲੜਕੇ ਜੋ ਕਿ ਜਲੰਧਰ ਵਿਖੇ ਕਰਵਾਈਆਂ ਗਈਆਂ।ਜਿਸ ਵਿੱਚ ਫੁੱਟਬਾਲ ਅਕੈਡਮੀ ਮਾਹਿਲਪੁਰ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਵਿਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ।ਟੀਮ ਦਾ ਮਾਹਿਲਪੁਰ ਵਿਖੇ ਪਹੁੰਚਣ 'ਤੇ ਵਾਇਸ ਪ੍ਰਿੰ. ਅਮਰਜੀਤ ਸਿੰਘ, ਖੇਡ ਪ੍ਰਮੋਟਰ ਤਰਸੇਮ ਭਾਅ ਫੁੱਟਬਾਲ ਅਕੈਡਮੀ ਮਾਹਿਲਪੁਰ ਦੇ ਖਿਡਾਰੀਆਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕੋਚ



ਸਰਫਰਾਜ ਖਾਨ, ਕੋਚ ਸਿਰਤਾਜ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪੰਜਾਬ ਸੂਬੇ ਦੇ ਸਾਰੇ ਜਿਲ੍ਹਿਆਂ ਅਤੇ ਸਪੋਰਟਸ ਅਕੈਡਮੀਆਂ ਦੀਆਂ ਟੀਮਾਂ ਨੇ ਭਾਗ ਲਿਆ।ਫਾਈਨਲ ਮੈਚ ਵਿੱਚ ਸ੍ਰੀ ਆਨੰਦਪੁਰ ਸਾਹਿਬ ਪੀ.ਆਈ.ਐਸ. ਫੁੱਟਬਾਲ ਅਕੈਡਮੀ ਤੇ ਮਾਹਿਲਪੁਰ ਪੀ.ਆਈ.ਐਸ. ਫੁੱਟਬਾਲ ਅਕੈਡਮੀ ਵਿਚਕਾਰ ਫਸਵਾਂ ਮੁਕਾਬਲਾ ਹੋਇਆ ਜਿਸ ਵਿਚ ਸ੍ਰੀ ਅਨੰਦਪੁਰ ਸਾਹਿਬ ਅਕੈਡਮੀ 2-0 ਨਾਲ ਜੇਤੂ ਰਹੀ।ਇਸ ਮੌਕੇ ਵਾਇਸ ਪ੍ਰਿੰ. ਅਮਰਜੀਤ ਸਿੰਘ, ਲੈਕ. ਸਿਕੰਦਰ ਪਾਲ, ਠਾਕਰ ਕਰਨ ਮਹਿਤਾ ਡੀ.ਪੀ.ਈ., ਲੈਕ. ਰਮਾ ਭਾਰਦਵਾਜ, ਲੈਕ. ਸੀਮਾ ਰਾਣੀ, ਮੈਡਮ ਸੀਮਾ ਸੌਂਧੀ, ਮੈਡਮ ਪੂਜਾ ਮਹਿਮੀ, ਮੈਡਮ ਸੁਖਵਿੰਦਰ ਕੌਰ, ਮੈਡਮ ਰਾਜ ਰਾਣੀ, ਮੈਡਮ ਜੀਵਨ ਜੋਤੀ, ਮੈਡਮ ਸ਼ਮਾ ਸਹਿਗਲ, ਮੈਡਮ ਦਿਸ਼ਾ ਦੀਪ, ਮੈਡਮ ਕਮਲੇਸ਼ ਰਾਣੀ, ਲੈਕ. ਮਨਦੀਪ ਸਿੰਘ, ਲੈਕ. ਬਲਜਿੰਦਰ ਸਿੰਘ, ਮਾ. ਹਰਜਿੰਦਰ ਸਿੰਘ, ਸੰਜੀਵ ਕੁਮਾਰ ਪਾਸੀ, ਵਾਰਡਨ ਜਸਵੀਰ ਸਿੰਘ ਆਦਿ ਸਕੂਲ ਸਟਾਫ, ਵਿਦਿਆਰਥੀ ਅਤੇ ਭਾਰੀ ਗਿਣਤੀ 'ਚ ਇਲਾਕੇ ਦੇ ਖੇਡ ਪ੍ਰੇਮੀ ਹਾਜ਼ਰ ਸਨ।

# ਪੰਜਾਬ 'ਚ ਵਧ ਰਹੇ ਗੈਂਗਸਟਰਵਾਦ ਵਿਰੁੱਧ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ

**ਮਾਹਿਲਪੁਰ (ਸ.ਫਰੀ)**- ਕਾਂਗਰਸੀ ਵਰਕਰਾਂ ਵਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਪੰਕਜ ਕ੍ਰਿਪਾਲ ਐਡਵੋਕੇਟ ਦੀ ਅਗਵਾਈ ਹੇਠ ਮਾਹਿਲਪੁਰ ਪੁਲਸ ਥਾਣੇ ਅੱਗੇ ਪੰਜਾਬ ਵਿੱਚ ਵੱਧ ਰਹੇ ਗੈਂਗਸਟਰਵਾਦ ਵਿਰੁੱਧ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਪੰਕਜ ਕ੍ਰਿਪਾਲ ਐਡਵੋਕੇਟ ਨੇ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਅਤੇ ਗੁੰਡਾਗਰਦੀ ਲਗਾਤਾਰ ਵੱਧ ਰਹੀ ਹੈ।ਉਨ੍ਹਾਂ ਕਿਹਾ ਕਿ ਮਾਹਿਲਪੁਰ ਸ਼ਹਿਰ ਵਿੱਚ ਦੋ ਬਾਰ ਗੋਲੀ ਚੱਲ ਗਈ, ਲੋਕ ਦਹਿਸ਼ਤ ਵਿੱਚ ਹਨ।ਜਿਲ੍ਹਾ ਕਾਂਗਰਸ ਹੁਸ਼ਿਆਰਪੁਰ ਦੇ ਐਸ ਸੀ ਡਿਪਾਰਟਮੈਂਟ ਦੇ ਪ੍ਰਧਾਨ



ਬਲਵਿੰਦਰ ਬਿੱਟੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਅਤੇ ਗੈਂਗਸਟਰਾਂ ਦਾ ਹੜ੍ਹ ਆ ਗਿਆ ਹੈ।ਇਸ ਮੌਕੇ ਕਾਂਗਰਸੀ ਵਰਕਰਾਂ ਨੇ ਪੰਕਜ ਕ੍ਰਿਪਾਲ ਐਡਵੋਕੇਟ ਦੀ ਅਗਵਾਈ ਹੇਠ ਸਰਕਾਰ ਵਿਰੁੱਧ ਨਾਰੇਬਾਜੀ ਕੀਤੀ।ਇਸ ਮੌਕੇ ਰੋਹਿਤ ਪੋਸੀ, ਜਗਤਾਰ ਸਿੰਘ, ਰਾਜ ਕੁਮਾਰ, ਪ੍ਰਕਾਸ਼ ਸਿੰਘ, ਪਰਮਜੀਤ ਰਾਣਾ, ਸੁਰੇਸ਼ ਕੁਮਾਰ, ਮਦਨ ਲਾਲ, ਰਾਜੀਵ ਵਿੱਕੀ, ਲੰਬੜਦਾਰ ਨਮੋਲੀਆਂ, ਆਦਿ ਹਾਜ਼ਰ ਹੋਏ।

# ਮੌਸਮ ਬਦਲਦੇ ਹੀ ਸਿਹਤ ਪ੍ਰਤੀ ਨਾ ਵਰਤੀ ਜਾਵੇ ਲਾਪਰਵਾਹੀ : ਡਾ. ਸੂਰੀ

**ਬਲਾਚੌਰ, (ਜਸਵਿੰਦਰ ਬੈਂਸ)** ਮੌਸਮ ਵਿੱਚ ਲਗਾਤਾਰ ਹੋ ਰਹੀ ਤਬਦੀਲੀ ਦੇ ਚੱਲਦਿਆਂ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਵਿਸ਼ੇਸ਼ ਸਾਵਧਾਨੀ ਵਰਤਣ ਦੀ ਲੋੜ ਹੈ।ਬਦਲਦੇ ਮੌਸਮ ਦੌਰਾਨ ਸਰੀਰ 'ਤੇ ਅਚਾਨਕ ਪੈਣ ਵਾਲੇ ਤਾਪਮਾਨ ਦੇ ਪ੍ਰਭਾਵ ਕਾਰਨ ਜ਼ੁਕਾਮ, ਖੰਘ, ਗਲੇ ਦੀ ਖਰਾਸ਼, ਬੁਖਾਰ ਅਤੇ ਸਾਹ ਨਾਲ ਸਬੰਧਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ।ਇਸ ਲਈ ਸਿਹਤ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਹੀਂ ਵਰਤਣੀ ਚਾਹੀਦੀ। ਡਾ. ਸੂਰੀ ਨੇ ਕਿਹਾ ਕਿ ਮੌਸਮ ਬਦਲਣ ਸਮੇਂ ਸਵੇਰੇ-ਸ਼ਾਮ ਠੰਢ ਅਤੇ ਦਿਨ ਵੇਲੇ ਗਰਮੀ ਹੋਣ ਕਾਰਨ ਸਰੀਰ ਨੂੰ ਤਾਪਮਾਨ ਦੇ ਬਦਲਾਅ ਨਾਲ ਅਨੁਕੂਲ ਹੋਣ ਵਿੱਚ ਸਮਾਂ ਲੱਗਦਾ ਹੈ।ਇਸ ਦੌਰਾਨ ਖਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਆਪਣੀ ਸਿਹਤ ਪ੍ਰਤੀ ਵਧੇਰੇ ਸਾਵਧਾਨ ਰਹਿਣਾ ਚਾਹੀਦਾ ਹੈ। ਮੌਸਮ ਅਨੁਸਾਰ ਕੱਪੜੇ ਪਹਿਨਣ, ਸਾਫ਼ ਅਤੇ ਪੌਸ਼ਟਿਕ ਭੋਜਨ ਖਾਣ, ਲੋੜੀਂਦੀ ਮਾਤਰਾ ਵਿੱਚ ਪਾਣੀ ਪੀਣ ਅਤੇ ਨਿੱਜੀ ਸਫ਼ਾਈ ਦਾ ਖ਼ਾਸ ਧਿਆਨ ਰੱਖਣ ਨਾਲ ਕਈ ਮੌਸਮੀ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ।



# ਉਦੇਸੀਆਂ ਵਿਖੇ ਸਾਈਂ ਜੁਮਲੇ ਸ਼ਾਹ ਅਤੇ ਸੱਯਦ ਫ਼ਕੀਰ ਬੀਬੀ ਸ਼ਰੀਫਾਂ ਦਾ ਤਿੰਨ ਰੋਜ਼ਾ ਉਰਸ ਸਮਾਪਤ

**ਆਦਮਪੁਰ (ਪਰਮਜੀਤ ਸਿੰਘ)** ਪਿੰਡ ਉਦੇਸੀਆਂ ਵਿਖੇ ਹਜ਼ਰਤ ਬਾਬਾ ਸ਼ਾਹ ਕਮਾਲ ਜੀ ਸਾਈਂ ਜੁਮਲੇ ਸ਼ਾਹ ਜੀ ਵੈਲਫੇਅਰ ਸੁਸਾਇਟੀ ਉਦੇਸੀਆਂ ਵਲੋਂ ਸਾਈਂ ਜੁਮਲੇ ਸ਼ਾਹ ਜੀ ਦਾ 60ਵਾਂ ਅਤੇ ਸਯੱਦ ਫਕੀਰ ਬੀਬੀ ਸ਼ਰੀਫਾਂ ਜੀ ਦਾ ਦੂਜਾ ਤਿੰਨ ਰੋਜ਼ਾ ਉਰਸ ਨਗਰ ਪੰਚਾਇਤ, ਸੰਗਤਾਂ, ਇਲਾਕਾ ਵਾਸੀਆਂ ਅਤੇ ਪ੍ਰਵਾਸੀ ਵੀਰਾਂ ਦੇ ਸਹਿਯੋਗ ਨਾਲ ਉਤਸ਼ਾਹ ਨਾਲ ਕਰਵਾਇਆ ਗਿਆ। ਉਰਸ ਦੇ ਪਹਿਲੇ ਦਿਨ ਚਿਰਾਗ ਰੋਸ਼ਨ ਕੀਤੇ ਗਏ। ਇਸ ਤੋਂ ਬਾਅਦ ਸਾਰੀ ਰਾਤ ਕਰਾਮਤ ਫਕੀਰ ਕਵਾਲ, ਸਲੀਮ ਮੁਹੰਮਦ ਕਵਾਲ, ਤਨਵੀਰ ਰਸੀਦ ਅਨਾਇਤ ਰਮਜਾਨੀ, ਪਰਵੇਜ਼ ਅਲੀ ਸਮੇਤ ਹੋਰ ਕਵਾਲਾਂ ਨੇ ਦਰਬਾਰ ਵਿਚ ਹਾਜ਼ਰੀ ਲਗਵਾਈ। ਦੂਜੇ ਦਿਨ ਸਵੇਰੇ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਗਈ ਤੇ ਮੁਹੰਮਦ ਸਲੀਮ ਕਵਾਲ, ਪਰਵੇਜ਼ ਆਲਮ, ਸ਼ੌਕਤ ਕੁਲਦੀਪ ਕਾਦਰ, ਅਬੀਦ ਅੱਲੀ ਮਤੋਈ , ਹਰਮੇਸ਼ ਰੰਗੀਲਾ ਸਮੇਤ ਹੋਰ ਕਵਾਲਾਂ ਨੇ ਮਹਿਫਲ ਸਜਾਈ। ਉਰਸ ਦੌਰਾਨ ਕਿਰਨਾ ਮਹੰਤ, ਬਾਬਾ ਪ੍ਰਿਥੀਪਾਲ ਸਿੰਘ ਬਾਲੀ, ਸੰਤ ਸਰਵਣ ਸਿੰਘ ਜਬੜ, ਅਸ਼ੋਕ ਜਲੰਧਰ, ਸੰਤ ਸੋਢੀ ਕੰਦੋਲਾ, ਸੰਤ ਮਹਾਵੀਰ ਸਿੰਘ, ਬਾਬਾ ਅਮਰਜੀਤ ਸਿੰਘ, ਬਾਬਾ ਭੁਪਿੰਦਰ ਸਿੰਘ ਅਣਖੀ, ਗੋਰਾ ਸਾਈਂ ਅੰਮ੍ਰਿਤਸਰ, ਬੀਬੀ ਹਰਜੀਤ ਕੌਰ, ਸੰਤ ਪਰਮਿੰਦਰ ਸਿੰਘ, ਸੰਤ ਹਰਪ੍ਰੀਤ ਸਿੰਘ ਸ਼ੇਰਪੁਰ, ਸੰਤ ਪ੍ਰਦੀਪ ਦਾਸ ਕਠਾਰ, ਸੰਤ ਰਣਜੀਤ ਸਿੰਘ ਡਿਗਾਣੇ ਵਾਲੇ, ਗਿਆਨੀ



ਜੋਗਿੰਦਰ ਸਿੰਘ, ਸੰਤ ਬਲਵੰਤ ਸਿੰਘ, ਸੰਤ ਜੋਗਾ ਸਿੰਘ, ਸੰਤ ਮਹਿੰਦਰ ਸਿੰਘ, ਬਾਬਾ ਮਨਜ਼ੂਰ ਅਹਿਮਦ, ਸੰਤ ਜਸਵੰਤ ਸਿੰਘ, ਸੰਤ ਸਰਬਜੀਤ ਸਿੰਘ ਸੋਢੀ, ਬਾਬਾ ਨਾਨਕ ਗਿਰ, ਕਾਕਾ ਬਾਬਾ, ਸੰਤ ਇੰਦਰ ਦਾਸ, ਸੰਤ ਮਹਿੰਦਰ ਦਾਸ, ਗੋਪੀ ਮਹੰਤ, ਬੀਬੀ ਸਤਿਆ, ਸਾਈਂ ਸਰਵਨ, ਕਾਕਾ ਬਾਬਾ ਸੰਤ ਨਿਰਮਲ ਸਿੰਘ, ਸੰਤ ਸੁਰਿੰਦਰ ਦਾਸ, ਧਰਮਬੀਰ ਕਾਲੂ, ਸੰਤ ਕੇਸਰ ਸਿੰਘ, ਸੰਤ ਜਸਵੰਤ ਸਿੰਘ, ਕਾਕਾ ਬਾਬਾ ਕਪੂਰ ਪਿੰਡ ਤੇ ਹੋਰ ਮਹਾਪੁਰਸ਼ਾਂ ਨੇ ਆਇਆ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ। ਇਸ ਦੌਰਾਨ ਗੁਰਲੇਜ਼ ਅਖ਼ਤਰ, ਕੁਲਵਿੰਦਰ ਕੈਲੇ,ਪ੍ਰਤਾਪ ਰਾਣਾ, ਕੁਲਵਿੰਦਰ ਕਿੰਦਾ, ਬੂਟਾ ਮੁਹੰਮਦ, ਦਲਵਿੰਦਰ ਦਿਆਲਪੁਰ, ਰੂਬੀ ਖਾਨ, ਕੁਮਾਰ ਰਾਜਨ ਸਮੇਤ ਹੋਰ ਕਲਾਕਾਰਾਂ ਨੇ ਸੂਫੀਆਨਾ ਕਲਾਮਾਂ ਰਾਹੀਂ ਦਰਬਾਰ ਵਿਚ ਹਾਜ਼ਰੀ ਲਗਵਾਈ। ਐੱਸ ਡੀ ਐੱਮ ਕੇ ਵਿਸ਼ਵਾਸ, ਤਹਿਸੀਲਦਾਰ ਵਰਿੰਦਰ ਭਾਟੀਆ, ਵੇਦ ਪ੍ਰਕਾਸ਼ ਸ਼ਾਹ , ਪਵਨ ਕੁਮਾਰ ਟੀਨੂੰ ਤੇ ਨਗਰ ਕੌਂਸਲ ਆਦਮਪੁਰ ਦੇ ਪ੍ਰਧਾਨ ਚਰਨਜੀਤ ਸਿੰਘ ਮੇਲੇ ਵਿਚ ਹਾਜ਼ਰੀ ਲਗਾਉਣ ਲਈ ਆਏ। ਇਸ ਮੌਕੇ ਈਸ਼ਾ, ਜਸਵੀਰ, ਗੁਰਨਾਮ, ਖੁਸ਼ੀ ਮੁਹੰਮਦ, ਸੁਰਿੰਦਰ ਸਿੱਦੂ ਯੂ ਐਸ ਏ, ਦਲਜੀਤ ਚੱਠਾ, ਬਲਜਿੰਦਰ ਸਿੰਘ ਬਾਸਲ ਕਨੇਡਾ, ਸੋਨੂੰ, ਬਲਜੀਤ ਸਿੰਘ ਹਰੀਪੁਰ, ਨਿਰਮਲ ਸਿੰਘ ਸਰਪੰਚ ਹਰੀਪੁਰ, ਜਸਵਿੰਦਰ ਸਿੰਘ, ਹਤਿੰਦਰ ਮਹਿਤਾ, ਨਵਦੀਪ ਅਹੀਰ, ਡਾ ਬਲਵਿੰਦਰ ਸਿੰਘ, ਬਲਜਿੰਦਰ ਸਿੰਘ, ਆਸਵੰਤ , ਅਵਤਾਰ ਸਿੰਘ, ਪਰਮਿੰਦਰ ਸਿੰਘ ਵਰਿਆਣਾ, ਬਿੱਕਰ, ਦਰਸ਼ਨ ਲਾਲ, ਵਿਪਨ ਮਹਿਤਾ, ਨਿਸ਼ਚੇ, ਡਾ. ਜਗਦੀਸ਼, ਡਾ. ਸਰਵ ਮੋਹਣ ਟੰਡਨ, ਰਾਜ ਕੁਮਾਰ ਪਾਲ, ਮਨਮੋਹਨ ਸਿੰਘ ਬਾਬਾ, ਅਬਦੁਲ ਵਜ਼ੀਰ ਵਿੱਕੀ, ਸੁੱਖੀ, ਸੱਤਪਾਲ, ਤੇ ਹੋਰਨਾਂ ਨੇ ਸੰਗਤਾਂ ਨੂੰ ਮੇਲੇ ਦੀਆਂ ਵਧਾਈਆਂ ਦਿੱਤੀਆਂ।

# ਸਰਬ ਨੌਜਵਾਨ ਸਭਾ ਨੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਕੀਤਾ ਸਨਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸਰਬ ਨੌਜਵਾਨ ਸਭਾ ਵੱਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਵਾਤਾਵਰਨ ਪ੍ਰੇਮੀ, ਪਦਮ ਸ੍ਰੀ ਨਾਲ ਸਨਮਾਨਿਤ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਉਨ੍ਹਾਂ ਦੀ ਸੁਲਤਾਨਪੁਰ ਲੋਧੀ ਸਥਿਤ ਕੁਟੀਆ ਵਿਖੇ ਮੁਲਾਕਾਤ ਕੀਤੀ ਗਈ।ਇਸ ਮੌਕੇ ਸਭਾ ਦੀ ਟੀਮ ਵੱਲੋਂ ਸੰਤ ਸੀਚੇਵਾਲ ਨੂੰ ਸਨਮਾਨ ਚਿੰਨ੍ਹ ਅਤੇ ਲੋਈ ਭੇਟ ਕਰਕੇ ਉਨ੍ਹਾਂ ਦੀਆਂ ਵਾਤਾਵਰਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਾਤਾਵਰਨ ਦੀ ਸੰਭਾਲ ਲਈ ਲੰਮੇ ਸਮੇਂ ਤੋਂ ਮਹੱਤਵਪੂਰਨ ਕੰਮ ਕੀਤੇ ਹਨ।ਪ੍ਰਿੰਸੀਪਲ ਗੁਰਮੀਤ ਪਲਾਹੀ ਨੇ ਕਿਹਾ ਕਿ ਸੰਤ ਸੀਚੇਵਾਲ ਨੇ ਵਾਤਾਵਰਨ ਸੰਭਾਲ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿੱਚ ਵੀ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਵੱਲੋਂ ਕਮਿਊਨਿਟੀ ਰੇਡੀਓ ਰਾਹੀਂ ਇਲਾਕੇ ਦੇ ਲੋਕਾਂ ਨੂੰ ਵਾਤਾਵਰਨ ਅਤੇ ਸਮਾਜ ਨਾਲ ਜੁੜੇ ਮੁੱਦਿਆਂ ਪ੍ਰਤੀ ਜਾਗਰੂਕ ਕਰਨ ਦਾ ਉਪਰਾਲਾ ਵੀ ਕੀਤਾ ਗਿਆ ਹੈ।ਇਸ ਦੌਰਾਨ ਸਰਬ ਨੌਜਵਾਨ ਸਭਾ ਵੱਲੋਂ 11 ਅਕਤੂਬਰ 2026, ਦਿਨ ਐਤਵਾਰ ਨੂੰ ਗੁਰੂ ਨਾਨਕ ਮਿਸ਼ਨ ਨੇਤਰਹੀਣ ਬਿਰਧ ਆਸ਼ਰਮ,



ਸਪਰੋੜ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿੱਚ ਕਰਵਾਏ ਜਾ ਰਹੇ 36ਵੇਂ ਸਮੂਹਿਕ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸੱਦਾ ਪੱਤਰ ਵੀ ਦਿੱਤਾ ਗਿਆ। ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸਭਾ ਦੇ ਸਲਾਹਕਾਰ ਬੋਰਡ ਦੇ ਮੈਂਬਰ ਸੰਤੋਸ਼ ਕੁਮਾਰ ਗੋਗੀ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ ਨੇ ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਸਵਰਗਧਾਮ ਦਸੂਹਾ ਦੀ ਕਾਇਆ-ਕਲਪ ਲਈ ਮੌਰਨਿੰਗ ਗਰੁੱਪ ਵੱਲੋਂ 50 ਹਜ਼ਾਰ ਰੁਪਏ ਭੇਟ

**ਦਸੂਹਾ (ਕਰਨੈਲ ਮਾਂਗਟ)**- ਸਵਰਗਧਾਮ ਦਸੂਹਾ ਦੇ ਨਵੀਨੀਕਰਨ, ਵਿਕਾਸ ਅਤੇ ਸੁੰਦਰੀਕਰਨ ਲਈ ਚੱਲ ਰਹੇ ਕਾਰਜਾਂ ਨੂੰ ਉਸ ਸਮੇਂ ਹੋਰ ਹੌਸਲਾ ਮਿਲਿਆ ਜਦੋਂ ਮੌਰਨਿੰਗ ਗਰੁੱਪ ਦਸੂਹਾ ਵੱਲੋਂ ਸਵਰਗਧਾਮ ਲਈ 50,000 ਰੁਪਏ ਦੀ ਸਹਾਇਤਾ ਰਾਸ਼ੀ ਐਡਵੋਕੇਟ ਪੁਨੀਤ ਬੱਸੀ, ਮੈਨੇਜਰ ਸਵਰਗਧਾਮ ਦਸੂਹਾ ਅਤੇ ਓਮਕਾਰ ਨਾਥ ਰਲਹਣ, ਪ੍ਰਧਾਨ ਸਵਰਗਧਾਮ ਦਸੂਹਾ ਨੂੰ ਸੌਂਪੀ ਗਈ। ਸਵਰਗਧਾਮ ਦੀ ਕਾਇਆ-ਕਲਪ ਲਈ ਚੱਲ ਰਹੀ ਮੁਹਿੰਮ ਤਹਿਤ ਪ੍ਰਬੰਧਕਾਂ ਵੱਲੋਂ ਇੱਥੇ ਲੋੜੀਂਦੇ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਅੱਗੇ ਵਧਾਇਆ ਜਾ ਰਿਹਾ ਹੈ। ਇਸ ਮੌਕੇ ਐਡਵੋਕੇਟ ਪੁਨੀਤ ਬੱਸੀ ਨੇ ਮੌਰਨਿੰਗ ਗਰੁੱਪ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਮਿਲ ਰਿਹਾ ਸਹਿਯੋਗ ਸਵਰਗਧਾਮ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇ ਰਿਹਾ ਹੈ। ਇਸ ਮੌਕੇ ਸਰਕਾਰੀ ਠੇਕੇਦਾਰ ਅਮਿਤ ਬੱਸੀ, ਪ੍ਰਿੰਸੀਪਲ ਰਾਜੇਸ਼ ਗੁਪਤਾ, ਰਿਟਾਇਰਡ ਪ੍ਰਿੰਸੀਪਲ ਸਵਤੰਤਰ ਚੋਪੜਾ ਅਤੇ ਐਡਵੋਕੇਟ ਵਿਜੇ ਕੁਮਾਰ ਬੱਸੀ ਨੇ ਮੌਰਨਿੰਗ ਗਰੁੱਪ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਮੌਰਨਿੰਗ ਗਰੁੱਪ ਨਾਲ ਸਬੰਧਤ ਡਾ. ਸੁਰਜੀਤ ਐਰੀ, ਮੁਕੇਸ਼ ਰੰਜਨ, ਪਵਨ ਵਰਮਾ (ਪੰਮਾ ਜਵੈਲਰ), ਰਮੇਸ਼ ਵਰਮਾ (ਬਿੱਟੂ), ਦਵਿੰਦਰ ਮਨਹਾਸ, ਰਾਜੇਸ਼ ਮਹਾਜਨ ਅਤੇ ਬਿਸ਼ਨ ਲਾਲ ਮੌਜੂਦ ਸਨ।



# 'ਦਾਦੇ ਦੀ ਪੈਲ਼ੀ' ਹਰਿੰਦਰ ਹਰ ਦਾ ਨਵਾਂ ਗੀਤ ਰਿਲੀਜ਼

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬੀ ਵਿਰਸੇ ਅਤੇ ਸੱਭਿਆਚਾਰ ਨਾਲ ਜੁੜੇ ਗਾਇਕ ਹਰਿੰਦਰ ਹਰ ਦਾ ਨਵਾਂ ਗੀਤ 'ਦਾਦੇ ਦੀ ਪੈਲ਼ੀ' ਮੋਹਾਲੀ ਪ੍ਰੈੱਸ ਕਲੱਬ ਵਿਖੇ ਕਰਵਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਰਿਲੀਜ਼ ਕੀਤਾ ਗਿਆ। ਇਸ ਮੌਕੇ ਕਰਨਲ ਜਸਦੀਪ ਸਿੰਘ ਸੰਧੂ, ਅਡਵਾਈਜ਼ਰ, ਸਿਵਲ ਮਿਲਟਰੀ ਅਫੇਅਰ, ਵੈਸਟਰਨ ਕਮਾਂਡ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। 'ਦਾਦੇ ਦੀ ਪੈਲ਼ੀ' ਵਿੱਚ ਪੰਜਾਬ ਦੀ ਮਿੱਟੀ, ਪੁਰਖਿਆਂ ਦੀ ਵਿਰਾਸਤੀ ਜ਼ਮੀਨ ਅਤੇ ਪੇਂਡੂ ਜੀਵਨ ਨਾਲ ਜੁੜੇ ਜਜ਼ਬਾਤ ਨੂੰ ਉਭਾਰਿਆ ਗਿਆ ਹੈ। ਗੀਤ ਰਾਹੀਂ ਅੱਜ ਦੀ ਨੌਜਵਾਨ ਪੀੜ੍ਹੀ ਦੇ ਸ਼ਹਿਰੀ ਚਕਾਚੌਂਧ ਅਤੇ ਵਿਦੇਸ਼ਾਂ ਵੱਲ ਪਰਵਾਸ ਦੇ ਰੁਝਾਨ ਕਾਰਨ ਪੁਰਖਿਆਂ ਦੀ ਮਿਹਨਤ ਨਾਲ ਬਣਾਈ ਜ਼ਮੀਨ ਵੇਚਣ ਦੇ ਦਰਦ ਨੂੰ ਪੇਸ਼ ਕੀਤਾ ਗਿਆ ਹੈ। ਹਰਿੰਦਰ ਹਰ ਇਸ ਤੋਂ ਪਹਿਲਾਂ ਵੀ ਪੰਜਾਬੀ ਵਿਰਸੇ, ਸੱਭਿਆਚਾਰ ਅਤੇ ਧਾਰਮਿਕ ਭਾਵਨਾਵਾਂ ਨਾਲ ਸਬੰਧਤ ਕਈ ਗੀਤ ਸਰੋਤਿਆਂ ਦੀ ਝੋਲੀ ਪਾ ਚੁੱਕੇ ਹਨ। ਹਰਿੰਦਰ ਹਰ ਨੇ ਲੱਚਰਪੁਣੇ ਦੀ ਬਜਾਇ ਹਮੇਸ਼ਾ ਪੰਜਾਬੀ ਵਿਰਸੇ ਨਾਲ ਜੁੜੀ ਸਾਫ਼ ਸੁਥਰੀ ਗਾਇਕੀ ਨੂੰ ਤਰਜੀਹ ਦਿੱਤੀ ਹੈ। ਇਸ ਮੌਕੇ ਕਰਨਲ ਜਸਦੀਪ ਸਿੰਘ ਸੰਧੂ ਨੇ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਪਰਵਾਸ ਕਰਨ ਦੀ ਬਜਾਇ ਦੇਸ਼ ਵਿੱਚ ਰਹਿ ਕੇ ਖੇਤੀਬਾੜੀ ਨੂੰ ਕਿੱਤੇ ਵਜੋਂ ਅਪਣਾਉਣ ਅਤੇ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਅਪੀਲ ਕੀਤੀ। ਡਾਇਰੈਕਟਰ ਗੁਰਵਿੰਦਰ ਬੈਦਵਾਨ ਦੀ ਰਹਿਨੁਮਾਈ ਹੇਠ ਤਿਆਰ ਕੀਤੇ ਗੀਤ ਦੇ ਬੋਲ ਦੇਵ ਨੇ ਲਿਖੇ ਹਨ, ਜਦਕਿ ਸੰਗੀਤ ਜੀ ਸੋਨੂੰ ਨੇ ਦਿੱਤਾ ਹੈ। ਇਸ ਦੀ ਵੀਡੀਓਗ੍ਰਾਫੀ ਕੁਲਜੀਤ ਸ਼ੇਰਗਿੱਲ ਨੇ ਕੀਤੀ। ਗੀਤ ਦਾ ਨਿਰਮਾਣ ਤੇ ਲੇਬਲ ਹਰਿੰਦਰ ਹਰ ਮਿਊਜ਼ਿਕ ਅਧੀਨ ਕੀਤਾ ਗਿਆ ਹੈ। ਇਸ ਮੌਕੇ ਅਦਾਕਾਰਾ ਜਸਪ੍ਰੀਤ ਕੌਰ, ਕਮਲ ਸ਼ਰਮਾ, ਦਵਿੰਦਰ ਕੌਰ ਢਿੱਲੋਂ, ਹਰਮਨਜੀਤ ਸਿੰਘ, ਗੁਰਜਿੰਦਰ ਸਿੰਘ ਅਤੇ ਪਰਮਜੀਤ ਪੰਮੀ ਮਨੌਲੀ ਸਮੇਤ ਗੀਤ ਨਾਲ ਜੁੜੀ ਟੀਮ ਹਾਜ਼ਰ ਸੀ।

# ਕੋਟ ਫਤੂਹੀ ਪ੍ਰਾਇਮਰੀ ਬਲਾਕ ਦੀਆਂ ਤਿੰਨ-ਰੋਜ਼ਾ ਖੇਡਾਂ ਸ਼ਾਨੋ-ਸ਼ੌਕਤ ਨਾਲ ਸੰਪਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕੋਟ ਫਤੂਹੀ ਬਲਾਕ ਦੀਆਂ ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਕਲੱਸਟਰ ਇਨਚਾਰਜ ਮੈਡਮ ਦਰਸ਼ਨ ਕੌਰ ਸੀ ਐੱਚ ਟੀ ਅਜਨੋਹਾ, ਬਲਜਿੰਦਰ ਪਾਲ ਸੀ ਐੱਚ ਟੀ ਇੰਨਚਾਰਜ ਅੱਛਰਵਾਲ, ਕਰਮਵੀਰ ਸੀ.ਐੱਚ.ਟੀ ਇੰਨਚਾਰਜ ਨਡਾਲੋਂ, ਜਤਿੰਦਰ ਕੁਮਾਰ ਸੀ ਐੱਚ ਟੀ ਇੰਚਾਰਜ ਐਮਾਂ ਜੱਟਾਂ, ਗੁਰਪ੍ਰੀਤ ਕੌਰ ਸੀ.ਐੱਚ.ਟੀ. ਇੰਚਾਰਜ ਮਜਾਰਾ ਡੀਂਗਰੀਆਂ, ਸੀਮਾ ਜੱਸੀ ਕਲਸਟਰ ਇੰਚਾਰਜ ਅਹਿਰਾਣਾ ਖੁਰਦ ਅਤੇ ਮੀਨਾਕਸ਼ੀ ਸੀ.ਐੱਚ.ਟੀ. ਇੰਨਚਾਰਜ ਬਹਿਬਲਪੁਰ ਦੀ ਅਗਵਾਈ ਵਿੱਚ ਅਤੇ ਸੁਖਜੀਵਨ ਸਿੰਘ, ਬਲਵੀਰ ਸਿੰਘ, ਪਲਵਿੰਦਰ ਕੌਰ, ਰਵਿੰਦਰ ਕੌਰ, ਪਰਮਜੀਤ ਕੌਰ, ਕੁਲਵੰਤ ਕੌਰ, ਨਿਸ਼ਾ ਕੁਮਾਰੀ, ਜੋਤੀ, ਸਰਬਜੀਤ ਕੌਰ, ਹਰਦੇਵ ਗਿੱਲ, ਰਾਜਵਿੰਦਰ ਕੌਰ, ਗੁਰਜੀਤ ਦੇਵੀ, ਅਮਰਜੀਤ, ਕਮਲਾ ਦੇਵੀ, ਕੁਲਵੀਰ ਕੌਰ ਅਤੇ ਸਤਵੀਰ ਕੌਰ (ਸਾਰੇ ਹੈੱਡ-ਟੀਚਰ) ਦੀ ਦੇਖਰੇਖ ਵਿੱਚ ਸ਼ਾਨੋ-ਸ਼ੌਕਤ ਨਾਲ ਸੰਪਨ ਹੋਈਆਂ।ਇਨ੍ਹਾਂ ਖੇਡਾਂ ਦੇ ਇਨਾਮ ਵੰਡ ਸਮਾਗਮ ਮੌਕੇ ਪ੍ਰਿੰਸੀਪਲ ਹਰਮਨੋਜ ਕੁਮਾਰ, ਬੀ.ਐਨ.ਓ ਪਵਨ ਕੁਮਾਰ, ਸੀ.ਐਚ.ਟੀ ਹਰਬੰਸ ਲਾਲ ਅਤੇ ਸੀ.ਐਚ.ਟੀ ਰਾਮ ਸਰੂਪ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਵੱਖ-ਵੱਖ ਖੇਡਾਂ ਵਿੱਚ ਪਹਿਲੀ, ਦੂਜੀ ਅਤੇ ਤੀਜੀ ਪੁਜੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਨਾਲ ਸਨਮਾਨਿਤ ਕੀਤਾ ਗਿਆ।ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ, ਸਹਿਯੋਗੀਆਂ ਅਤੇ ਖੇਡਾਂ ਕਰਵਾਉਣ ਵਾਲੇ ਅਧਿਆਪਕਾਂ ਨੂੰ ਯਾਦਗਾਰੀ ਚਿੰਨ ਨਾਲ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਸੀ.ਐਚ.ਟੀ ਇੰਚਾਰਜ ਮੈਡਮ ਗੁਰਪ੍ਰੀਤ ਕੌਰ ਨੇ ਬਾਖੂਬੀ ਕੀਤਾ।ਇਸ ਮੌਕੇ ਸੁਰਿੰਦਰ ਸਿੰਘ, ਨਰਿੰਦਰ ਅਜਨੋਹਾ, ਉਂਕਾਰ ਸਿੰਘ, ਜਸਵਿੰਦਰ ਸਿੰਘ ਜੱਸੀ, ਹੇਮਰਾਜ, ਸੇਠੀ ਰਾਮ, ਮੱਖਣ ਸਿੰਘ, ਗੁਰਬਿੰਦਰ ਸਿੰਘ, ਅਭਿਸ਼ੇਕ ਗਰਗ, ਕੰਚਨ ਰਾਣੀ, ਹਰਪ੍ਰੀਤ ਕੌਰ, ਦਵਿੰਦਰ ਕੁਮਾਰ, ਅਨਿਲ ਕੁਮਾਰ, ਇੰਦਰਜੀਤ ਸਿੰਘ, ਆਸਥਾ, ਸੁਨੀਤਾ ਦੇਵੀ, ਹਰਮਨਪ੍ਰੀਤ ਸਿੰਘ, ਪ੍ਰੀਆ, ਧਰਮਵੀਰ, ਸਾਕਸ਼ੀ ਕੱਕੜ, ਸੁਖਵਿੰਦਰ ਕੌਰ, ਪਰਮਜੀਤ ਕੌਰ, ਸਾਹਿਲ ਹਾਂਡਾ, ਪ੍ਰਭਜੋਤ ਕੌਰ, ਅਨੂਰੀਤ, ਲਕਸ਼ਮੀ ਦੇਵੀ, ਨੇਹਾ, ਕਮਲਜੀਤ ਸਿੰਘ, ਵੰਸ਼, ਸੁਮਨ, ਜਗਦੇਵ ਸਿੰਘ, ਅਜੇ ਕੁਮਾਰ, ਸੁਰਿੰਦਰ ਕੌਰ, ਨਰੇਸ਼ ਕੁਮਾਰ, ਸਗਲੀ ਰਾਮ, ਸਰਬਜੀਤ ਸਿੰਘ, ਸਿਮਰਨਜੀਤ ਸਿੰਘ, ਅਵਤਾਰ ਸਿੰਘ, ਮਨਦੀਪ ਕੌਰ, ਸੁਖਮਨ, ਅਮਨਦੀਪ ਕੌਰ, ਕਲਪਨਾ, ਲਖਜੀਤ ਕੌਰ, ਸੰਦੀਪ ਸਿੰਘ,ਅਮਨਦੀਪ ਕੌਰ, ਹਰਪ੍ਰੀਤ ਕੌਰ, ਅਮਨਦੀਪ ਸਿੰਘ, ਪਾਇਲ ਗਰਗ, ਨਿਧਿਕਾ, ਰਵਿੰਦਰ ਸਿੰਘ, ਏਕਤਾ ਰਾਣੀ ਆਦਿ ਸਮੇਤ ਵੱਖ-ਵੱਖ ਸਕੂਲਾਂ ਦੇ ਗਾਈਡ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।



# ਦਰਸ਼ਨ ਸਿੰਘ ਕਨੇਡੀਅਨ ਦੇ 40ਵੇਂ ਸ਼ਹੀਦੀ ਸਮਾਗਮ 'ਤੇ ਹੋਈ ਵਿਚਾਰ-ਚਰਚਾ

**ਮਾਹਿਲਪੁਰ (ਸ.ਫਰੀ)**- ਸਪੋਰਟਸ ਕਲੱਬ,ਪਰਵਾਸੀ ਭਾਰਤੀ ਅਤੇ ਪਿੰਡ ਲੰਗੇਰੀ ਜ਼ਿਲ੍ਹਾ ਹੁਸ਼ਿਆਰਪੁਰ ਵਾਸੀਆਂ ਦੇ ਸਹਿਯੋਗ ਨਾਲ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਅੰਦਰ ਅਮਰ ਕਾਮਰੇਡ ਦਰਸ਼ਨ ਸਿੰਘ ਜੀ ਦੇ 40ਵੇਂ ਸਾਲਾਨਾ ਸ਼ਹੀਦੀ ਦਿਹਾੜੇ ਮੌਕੇ



ਕਾਮਰੇਡ ਦਰਸ਼ਨ ਸਿੰਘ ਕਨੇਡੀਅਨ ਦੀ ਯਾਦ ਵਿੱਚ ਬੱਬਰ ਅਕਾਲੀ ਲਹਿਰ ਨੂੰ ਸਮਰਪਿਤ ਅਜੋਕੇ ਸੰਦਰਭ ਵਿਚ ਇਕ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਸ਼ਹੀਦ ਕੈਨੇਡੀਅਨ ਡੀ ਦੀ ਫੋਟੋ 'ਤੇ ਹਾਰ ਪਾਉਣ , ਸ਼ਮ੍ਹਾਂ ਰੌਸ਼ਨ ਕਰਨ ਅਤੇ ਦੋ ਮਿੰਟ ਦਾ ਮੌਨ ਧਾਰਨ ਕਰਨ ਉਪਰੰਤ ਇਨਕਲਾਬੀ ਨਾਅਰਿਆਂ ਨਾਲ ਹੋਈ। ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਅਜੋਕੇ ਸੰਦਰਭ ਵਿਚ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਅਵਤਾਰ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਪ੍ਰਦੁਮਣ ਗੌਤਮ ਮਨਜਿੰਦਰ ਪਾਲ, ਅੰਮ੍ਰਿਤ ਪਾਲ ਸੰਘਾ ਅਤੇ ਮੈਡਮ ਭੁਪਿੰਦਰ ਕੌਰ ਨੇ ਗੰਭੀਰ ਵਿਚਾਰ ਚਰਚਾ ਕੀਤੀ।ਪੰਜਾਬ ਲੋਕ ਸੱਭਿਆਚਾਰਕ ਮੰਚ ਵਲੋਂ ਸੰਬੋਧਨ ਹੁੰਦਿਆਂ ਮਾਸਟਰ ਅਵਤਾਰ ਲੰਗੇਰੀ ਕਿਹਾ ਕਿ ਸ਼ਹੀਦ ਕੈਨੇਡੀਅਨ ਦੀ ਸ਼ਹਾਦਤ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਇਨਕਲਾਬੀ ਕਾਰਜਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਉਹਨਾਂ ਦੇ ਸੁਪਨਿਆਂ ਦਾ ਰਾਜ ਭਾਗ ਕਾਇਮ ਕਰਨ ਲਈ ਕਲਮ, ਕਲਾ ਅਤੇ ਸੰਗਰਾਮ ਦੀ ਜੋਟੀ ਪਾ ਕੇ ਹੀ ਮਜ਼ਦੂਰ ਕਿਸਾਨ ਸੰਘਰਸ਼ ਨੂੰ ਜਿੱਤ ਦੀਆਂ ਬਰੂਹਾਂ ਤੱਕ ਲਿਜਾਇਆ ਜਾ ਸਕਦਾ ਹੈ।ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਇੰਸਪੈਕਟਰ ਸੁਖਦੇਵ ਸਿੰਘ ਸੰਘਾ, ਅੰਮ੍ਰਿਤਪਾਲ ਸਿੰਘ ਸੰਘਾ, ਪ੍ਰਵੀਨ ਕੁਮਾਰ ਮਾਹਿਲਪੁਰ, ਜਸਵਿੰਦਰ ਸਿੰਘ ਦੋਹਲਰੋਂ, ਸੂਰਜ ਖਾਨਪੁਰ, ,ਸੁਖਦੇਵ ਸਿੰਘ ਸੰਘਾ, ਜਸਵਿੰਦਰ ਸਿੰਘ ਸੰਘਾ, ਹੌਲਦਾਰ ਜੋਗਿੰਦਰ ਸਿੰਘ, ਗੁਰਮੇਲ ਸਿੰਘ ਸੰਘਾ, ਸੋਹਣ ਸਿੰਘ ਹੀਰ, ਰਜਿੰਦਰ ਕੁਮਾਰ ਧਨੀ, ਮੈਡਮ ਰੇਨੂ ਮਨਰੇਗਾ ਆਗੂ, ਮੈਡਮ ਗਗਨ ਪ੍ਰੀਤ ਦਿਓਲ,ਮੈਡਮ ਬਲਜੀਤ ਕੌਰ, ਬਲਵੀਰ ਕੌਰ, ਮੈਡਮ ਪ੍ਰਭਦੀਪ ,ਸੁਰਿੰਦਰ ਕੌਰ, ਊਸ਼ਾ ਦੇਵੀ, ਜਸਵੀਰ ਕੌਰ, ਬਲਜੀਤ ਕੌਰ,ਹਰਪ੍ਰੀਤ ਕੌਰ, ਰਸ਼ਪਾਲ ਕੌਰ ਅਤੇ ਇਲਾਕੇ ਮਾਹਿਲਪੁਰ ਤੋਂ ਪਹੁੰਚੀਆਂ ਹੋਈਆਂ ਇਨਕਲਾਬੀ ਤੇ ਨਾਮਵਰ ਸ਼ਖ਼ਸੀਅਤਾਂ ਵੱਲੋਂ ਭਾਗ ਲਿਆ ਗਿਆ।



ਡਾ. ਪਰਮਿੰਦਰਜੀਤ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਕਮਿਊਨਿਟੀ ਸਿਹਤ ਕੇਂਦਰ ਮੋਰਿੰਡਾ ਖ਼ੂਨਦਾਨ ਕੈਂਪ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਬਦਲੇ ਹਰਪ੍ਰੀਤ ਕੌਰ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕਰਦੇ ਹੋਏ।

ਫੋਟੋ ਤੇ ਵੇਰਵਾ :- ਨਿਹਾਲ ਸਿੰਘ ਕਲਸੀ, ਮੋਰਿੰਡਾ

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਸੈਮੀਨਾਰ ਅੱਜ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿਵਲ ਸੁਸਾਇਟੀ ਮੋਗਾ ਵੱਲੋਂ ਸ਼ਹੀਦ- ਏ-ਆਜ਼ਮ ਸ. ਭਗਤ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਤ ਇੱਕ ਵਿਸ਼ੇਸ਼ ਸੈਮੀਨਾਰ 28 ਸਤੰਬਰ 2026 ਨੂੰ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨੇਚਰ ਪਾਰਕ, ਮੋਗਾ ਵਿਖੇ ਕਰਵਾਇਆ ਜਾ ਰਿਹਾ ਹੈ।ਸਿਵਲ ਸੁਸਾਇਟੀ ਮੋਗਾ ਦੇ ਐਡਵਾਈਜ਼ਰ ਅਜੇ ਗੋਗਾ ਸੂਦ, ਪ੍ਰਜ਼ੀਡੈਂਸ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ ਤੇ ਮਨਿੰਦਰ ਸਿੰਘ ਬੇਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਮੀਨਾਰ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਸ਼ਹੀਦ ਭਗਤ ਸਿੰਘ ਜੀ ਦੇ ਵਿਚਾਰਾਂ, ਉਨ੍ਹਾਂ ਦੇ ਸੰਘਰਸ਼ ਤੇ ਅੱਜ ਦੇ ਸਮੇਂ ਵਿੱਚ ਉਨ੍ਹਾਂ ਦੀ ਵਿਚਾਰਧਾਰਾ ਦੀ ਪ੍ਰਸੰਗਿਕਤਾ ਨਾਲ ਜੋੜਨਾ ਹੈ।ਉਨ੍ਹਾਂ ਦੱਸਿਆ ਕਿ ਸੈਮੀਨਾਰ ਦੌਰਾਨ ਭਗਤ ਸਿੰਘ ਦੇ ਸੁਪਨਿਆਂ ਵਾਲੇ ਭਾਰਤ, ਸਮਾਜਿਕ ਬਰਾਬਰੀ, ਲੋਕਤੰਤਰ, ਨਾਗਰਿਕ ਜਾਗਰੂਕਤਾ, ਸਵਾਬਲੰਬੀ ਤੇ ਮੌਜੂਦਾ ਸਮਾਜਿਕ ਚੁਣੌਤੀਆਂ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ ਜਾਵੇਗੀ।ਇਸ ਮੌਕੇ ਨੌਜਵਾਨਾਂ ਤੇ ਆਮ ਲੋਕਾਂ ਨੂੰ ਵੀ ਆਪਣੇ ਵਿਚਾਰ ਸਾਂਝੇ ਕਰਨ ਦਾ ਮੌਕਾ ਦਿੱਤਾ ਜਾਵੇਗਾ।

## ਕੇ ਕੇ ਯੂ ਬੁੱਟਰ ਵੱਲੋਂ ਹਰਿਆਉ ਕਲਾਂ ਇਕਾਈ ਦੀ ਚੋਣ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਦੀ ਪਿੰਡ ਹਰਿਆਊ ਕਲਾਂ ਵਿੱਚ ਇਕਾਈ ਦੀ ਚੋਣ ਬਲਾਕ ਪ੍ਰਧਾਨ ਲਾਭ ਸਿੰਘ ਦੁਗਾਲ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਆਗੂ ਹਰਭਜਨ ਸਿੰਘ ਧੂਹੜ ਤੇ ਸੂਬਾ ਕਨਵੀਨਰ ਹਰਭਜਨ ਸਿੰਘ ਬੁੱਟਰ ਸ਼ਾਮਲ ਹੋਏ।ਪਿੰਡ ਇਕਾਈ ਦੀ ਚੋਣ ਦੀ ਪ੍ਰਕਿਰਿਆ ਸਾਹਿਬ ਸਿੰਘ ਦੁਗਾਲ ਨੇ ਨਿਭਾਈ।ਸਰਬਸੰਮਤੀ ਨਾਲ ਹੋਈ ਚੋਣ ਵਿੱਚ ਇਕਾਈ ਪ੍ਰਧਾਨ ਬਲਵਿੰਦਰ ਸਿੰਘ, ਜਨਰਲ ਸਕੱਤਰ ਕੁਲਦੀਪ ਸਿੰਘ, ਮੀਤ ਪ੍ਰਧਾਨ ਪ੍ਰਗਟ ਸਿੰਘ, ਖਜ਼ਾਨਚੀ ਭਜਨ ਸਿੰਘ ਤੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਚੁਣੇ ਗਏ।ਇਸ ਮੌਕੇ ਨਵੇਂ ਚੁਣੇ ਅਹੁਦੇਦਾਰਾਂ ਨੇ ਸਾਰੇ ਸਾਥੀਆਂ ਨੂੰ ਪੂਰਾ ਸਹਿਯੋਗ ਦੇਣ ਦਾ ਜਥੇਬੰਦੀ ਨੂੰ ਭਰੋਸਾ ਦਿਵਾਇਆ ਅਤੇ ਜਥੇਬੰਦੀ ਵੱਲੋਂ ਬੀਬੀ ਚਰਨਜੀਤ ਕੌਰ ਧੂੜੀਆਂ ਨੇ ਹਰ ਸਮੇਂ ਪਿੰਡ ਵਾਸੀਆਂ ਨਾਲ ਖੜ੍ਹਨ ਦੀ ਗੱਲ ਕਹੀ ਅਤੇ ਅਖੀਰ ਵਿੱਚ ਬਲਾਕ ਪ੍ਰਧਾਨ ਲਾਭ ਸਿੰਘ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

## ਅੱਧ-ਵਿਚਕਾਰ ਲਟਕਿਆ ਸੜਕ ਨਿਰਮਾਣ, ਲੋਕ ਪ੍ਰੇਸ਼ਾਨ



**ਬਠਿੰਡਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਦਿਆਲਪੁਰਾ ਰੋਡ 'ਤੇ ਚੱਲ ਰਿਹਾ ਸੜਕ ਦਾ ਨਿਰਮਾਣ ਕਾਰਜ ਠੇਕੇਦਾਰ ਵੱਲੋਂ ਅੱਧ ਵਿਚਕਾਰ ਹੀ ਛੱਡ ਦਿੱਤਾ ਗਿਆ ਹੈ, ਜਿਸ ਕਾਰਨ ਪਿਛਲੇ ਲੰਮੇ ਸਮੇਂ ਤੋਂ ਸਥਾਨਕ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਅਧੂਰੇ ਪਏ ਕੰਮ ਕਾਰਨ ਸੜਕ ਥਾਂ-ਥਾਂ ਤੋਂ ਟੁੱਟੀ ਤੇ ਉੱਖੜੀ ਪਈ ਹੈ, ਜਿਸ ਕਾਰਨ ਰਾਹਗੀਰ ਅਕਸਰ ਠੇਡੇ ਖਾ ਕੇ ਡਿੱਗਦੇ ਹਨ ਤੇ ਸੱਟਾਂ ਦਾ ਸ਼ਿਕਾਰ ਹੋ ਰਹੇ ਹਨ।ਸਥਾਨਕ ਵਾਸੀਆਂ ਦਾ ਕਹਿਣਾ ਹੈ ਕਿ ਇਸ ਟੁੱਟੀ-ਭੱਜੀ ਸੜਕ ਕਾਰਨ ਲਗਭਗ ਰੋਜ਼ਾਨਾ ਹੀ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ।ਦੋਪਹੀਆ ਵਾਹਨ ਚਾਲਕਾਂ ਨੂੰ ਸਭ ਤੋਂ ਵੱਧ ਖ਼ਤਰਾ ਬਣਿਆ ਹੋਇਆ ਹੈ, ਕਿਉਂਕਿ ਟੋਏ 'ਤੇ ਉੱਖੜੇ ਪੱਥਰਾਂ ਕਾਰਨ ਵਾਹਨ ਸੰਤੁਲਨ ਗੁਆ ਬੈਠਦੇ ਹਨ।ਰਾਤ ਵੇਲੇ ਸਥਿਤੀ ਹੋਰ ਵੀ ਗੰਭੀਰ ਹੋ ਜਾਂਦੀ ਹੈ।ਸਭ ਤੋਂ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਸਬੰਧਤ ਵਿਭਾਗ ਇੱਕ-ਦੂਜੇ ਉੱਪਰ ਜ਼ਿੰਮੇਵਾਰੀ ਪਾ ਕੇ ਪੱਲਾ ਝਾੜ ਰਹੇ ਹਨ।ਇੰਝ ਜਾਪਦਾ ਹੈ ਜਿਵੇਂ ਵਿਭਾਗ ਕਿਸੇ ਵੱਡੇ ਹਾਦਸੇ ਦੇ ਵਾਪਰਨ ਦੀ ਹੀ ਉਡੀਕ ਕਰ ਰਹੇ ਹੋਣ, ਤਾਂ ਜੋ ਫਿਰ ਕਾਰਵਾਈ ਸ਼ੁਰੂ ਕੀਤੀ ਜਾਵੇ।ਲੋਕਾਂ ਵਿੱਚ ਇਸ ਢਿੱਲ-ਮੱਠ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ।ਜਦ ਇਸ ਮਾਮਲੇ ਨੂੰ ਲੈ ਕੇ ਠੇਕੇਦਾਰ ਵਿੱਕੀ ਸਿੰਗਲਾ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਅਸੀਂ ਕਿਸੇ ਹੋਰ ਥਾਂ 'ਤੇ ਕੰਮ ਸ਼ੁਰੂ ਕਰ ਲਿਆ ਸੀ।ਇਸ ਕਰਕੇ ਇਸ ਸੜਕ ਦੇ ਕਾਰਜ 'ਚ ਦੇਰੀ ਹੋ ਗਈ ਹੈ।

## ਟਿੱਲਾ ਬਾਬਾ ਫ਼ਰੀਦ ਜੀ ਵਿਖੇ ਭਾਜਪਾ ਆਗੂ ਹੋਏ ਨਤਮਸਤਕ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸੂਫ਼ੀ ਸੰਤ ਬਾਬਾ ਸ਼ੇਖ ਫ਼ਰੀਦ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਧਰਤੀ ਫ਼ਰੀਦਕੋਟ ਵਿਖੇ ਸਥਿਤ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਆਗੂ ਸ੍. ਹੰਸੀ ਧਾਲੀਵਾਲ, ਸ. ਫਤਿਹਜੰਗ ਸਿੰਘ ਬਾਜਵਾ ਤੇ ਭਾਜਪਾ ਦੇ ਫ਼ਰੀਦਕੋਟ ਜ਼ਿਲ੍ਹਾ ਪ੍ਰਧਾਨ ਸਿਮਰਨ ਸਿੰਘ ਬਰਾੜ ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਦਿਆਂ ਬਾਬਾ ਫ਼ਰੀਦ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰਧਾਨ ਸ. ਸਿਮਰਜੀਤ ਸਿੰਘ ਸੇਖੋਂ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਬਾਬਾ ਫ਼ਰੀਦ ਜੀ ਦੀਆਂ ਸਿੱਖਿਆਵਾਂ, ਸੰਸਥਾਵਾਂ ਵੱਲੋਂ ਕੀਤੇ ਜਾ ਰਹੇ ਧਾਰਮਿਕ, ਵਿੱਦਿਅਕ ਤੇ ਸਮਾਜ-ਸੇਵੀ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਇਸ ਦੌਰਾਨ ਟਿੱਲਾ ਬਾਬਾ ਫ਼ਰੀਦ ਜੀ ਦੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮੇਂ ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਮੈਂਬਰ ਸ. ਚਰਨਜੀਤ ਸਿੰਘ ਸੇਖੋਂ, ਸ. ਸੁਰਿੰਦਰ ਸਿੰਘ ਰੋਮਾਣਾ, ਸ. ਦੀਪਿੰਦਰ ਸਿੰਘ ਸੇਖੋਂ, ਸ. ਗੁਰਜਾਪ ਸਿੰਘ ਸੇਖੋਂ, ਡਾ. ਗੁਰਿੰਦਰ ਮੋਹਨ ਸਿੰਘ, ਸ. ਕੁਲਜੀਤ ਸਿੰਘ ਮੰਗੀਆਂ ਤੇ ਨਰਿੰਦਰਪਾਲ ਸਿੰਘ ਬਰਾੜ ਹਾਜ਼ਰ ਸਨ।

## ਸਰਕਾਰੀ ਕੰਨਿਆ ਸਕੂਲ ਵਿਖੇ ਬੈਗਲੈੱਸ ਡੇ ਮੌਕੇ ਵਿਰਾਸਤੀ ਖੇਡਾਂ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਲਾਲਾਬਾਦ ਵਿਖੇ 'ਬੈਗਲੈੱਸ ਡੇ' ਤਹਿਤ ਪ੍ਰਬੰਧ ਦੇ ਅਧੀਨ ਵਿਰਸੇ ਨੂੰ ਸੰਭਾਲਣ ਤੇ ਬੱਚਿਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਲਈ ਵਿਰਾਸਤੀ ਖੇਡਾਂ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ। ਇਹ ਖੇਡਾਂ ਦਾ ਪ੍ਰੋਗਰਾਮ ਪ੍ਰਿੰਸੀਪਲ ਸ੍ਰੀ ਅਮਿਤ ਗਗਨੇਜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨੋਡਲ ਇੰਚਾਰਜ ਸ੍ਰੀਮਤੀ ਅੰਜੂ ਅਰੋੜਾ ਤੇ ਸ੍ਰੀਮਤੀ ਸ਼ਰਨਜੀਤ ਕੌਰ ਦੇ ਸਹਿਯੋਗ ਨਾਲ ਸੰਪੰਨ ਹੋਇਆ। ਇਸ ਮੌਕੇ ਬੱਚਿਆਂ ਨੇ ਪੁਰਾਤਨ ਖੇਡਾਂ ਜਿਵੇਂ ਕਿ ਪਿੱਠੂ ਗਰਮ, ਕੋਕੜਾ ਛਪਾਕੀ, ਰੱਸਾਕਸ਼ੀ ਤੇ ਗੁੱਲੀ-ਡੰਡਾ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਖੇਡਾਂ ਦੇ ਨਾਲ-ਨਾਲ ਬੱਚਿਆਂ ਵਿੱਚ ਭਾਈਚਾਰਕ ਸਾਂਝ ਤੇ ਟੀਮ ਭਾਵਨਾ ਦਾ ਸੁੰਦਰ ਸੁਮੇਲ ਦੇਖਣ ਨੂੰ ਮਿਲਿਆ। ਇਸ ਮੌਕੇ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਕਿਹਾ ਕਿ ਅੱਜ ਇਥੇ ਸਕੂਲ ਦੇ ਬੈਗਲੈੱਸ ਦਿਵਸ ਮੌਕੇ ਖੇਡਾਂ ਕਰਵਾਉਣ ਦਾ ਇਹ ਉਪਰਾਲਾ ਬੱਚਿਆਂ ਲਈ ਪੜ੍ਹਾਈ ਦੇ ਬੋਝ ਤੋਂ ਮੁਕਤ ਹੋ ਕੇ ਆਪਣੀ ਸੰਸਕ੍ਰਿਤੀ ਨੂੰ ਮਾਣਨ ਤੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਬਹੁਤ ਲਾਹੇਵੰਦ ਸਾਬਿਤ ਹੋਇਆ।ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਸਰੀਰਕ ਤੰਦਰੁਸਤੀ ਲਈ ਬੱਚਿਆਂ ਨੂੰ ਖੇਡਾਂ ਵੱਲ ਵੀ ਜ਼ਰੂਰੀ ਧਿਆਨ ਦੇਣਾ ਚਾਹੀਦਾ ਹੈ।

## ਵਿਕਾਸ ਮਿਸ਼ਨ ਵੱਲੋਂ ਅੰਤਰਰਾਸ਼ਟਰੀ ਪੁੱਤਰੀ ਦਿਵਸ ਮੌਕੇ ਸਮਾਰੋਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼ਹਿਰ ਦੀ ਪ੍ਰਮੁੱਖ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਥਾਨਕ ਬਾਬਾ ਨਾਮਦੇਵ ਭਵਨ ਵਿਖੇ ਅੰਤਰ ਰਾਸ਼ਟਰੀ ਪੁੱਤਰੀ ਦਿਵਸ ਮੌਕੇ ਵਿਸ਼ੇਸ਼ ਸਮਾਗਮ ਕੀਤਾ ਗਿਆ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਰੋਹ ਵਿੱਚ ਮਿਸ਼ਨ ਪੈਟਰਨ ਡਾ. ਸੁਰਿੰਦਰ ਗਿਰਧਰ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਲੋਕ ਸੰਪਰਕ ਵਿੰਗ ਦੇ ਡਿਪਟੀ ਡਾਇਰੈਕਟਰ ਸਾਹਿਲ ਕੁਮਾਰ ਹੈਪੀ, ਸਹਾਇਕ ਸਕੱਤਰ ਬਲਜੀਤ ਸਿੰਘ ਅਰੋੜਾ, ਸੀਨੀਅਰ ਮੈਂਬਰ ਕੇ. ਐੱਲ. ਮਹਿੰਦਰਾ, ਸਲਾਹਕਾਰ ਤੇ ਜੀਵਨ ਬੀਮਾ ਅਧਿਕਾਰੀ ਰਾਜੇਸ਼ ਗਿਰਧਰ, ਜਗਦੀਸ਼ ਕੁਮਾਰ ਜੇ.ਈ., ਪ੍ਰੋਜੈਕਟ ਮੈਨੇਜਰ ਗਗਨ ਥੰਨਾ, ਰਜਨੀ ਜੋਸ਼ੀ, ਪ੍ਰਿਆ, ਪ੍ਰੋ. ਚੰਦ ਸਿੰਘ ਲੱਧੂਵਾਲਾ, ਮਾਹਿਰ, ਨਰਿੰਦਰ ਕਾਕਾ ਤੇ ਜੈਸਮੀਨ ਸਮੇਤ ਕਈ ਹੋਰ ਮੈਂਬਰ ਸ਼ਾਮਲ ਹੋਏ।ਭਾਰਤੀ ਜੀਵਨ ਬੀਮਾ ਨਿਗਮ ਦੀ ਸਥਾਨਕ ਸ਼ਾਖਾ ਦੇ ਬਰਾਂਚ ਮੈਨੇਜਰ ਯਸ਼ਵਿੰਦਰ ਕੁਮਾਰ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਸਟੇਜ ਸਕੱਤਰ ਦੀ ਡਿਊਟੀ ਗਗਨ ਥੰਨਾ ਪੀ. ਐੱਮ. (ਪ੍ਰੋਜੈਕਟ ਮੈਨੇਜਰ) ਨੇ ਬਾਖ਼ੂਬੀ ਨਿਭਾਈ।ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਦੌਰਾਨ ਮਿਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਪ੍ਰਸੰਸਾ ਕੀਤੀ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ। ਸਮਾਰੋਹ ਦੌਰਾਨ ਕਰੀਬ ਦਸ ਸਾਲ ਪਹਿਲਾਂ ਸਭ ਤੋਂ ਛੋਟੀ ਉਮਰ ਦੀ ਈ.ਟੀ.ਟੀ. ਅਧਿਆਪਕਾ ਚੁਣੀ ਜਾਣ ਵਾਲੀ ਜਸ਼ਨਪ੍ਰੀਤ ਕੌਰ, ਜ਼ਿਲ੍ਹੇ ਵਿੱਚ ਸਭ ਤੋਂ ਉੱਚੀ ਮੈਰਿਟ ਵਾਲੀ ਈ.ਟੀ.ਟੀ. ਅਧਿਆਪਕ ਵੈਸ਼ਾਲੀ, ਪੜ੍ਹਾਈ, ਖੇਡਾਂ ਤੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਮੱਲ੍ਹਾਂ ਮਾਰਨ ਵਾਲੀ ਆਨਿਆ ਗਿਰਧਰ ਤੇ ਮਹਿਨਾਜ ਖਾਨ ਸਮੇਤ ਹਰਗੁਣਦੀਪ ਕੌਰ, ਨਿਮਰਤਵੀਰ ਕੌਰ, ਸਹਿਜਵੀਰ ਕੌਰ, ਜਸਕੀਰਤ ਕੌਰ, ਕੁਦਰਤ ਕੌਰ, ਗੁਣਸੀਰਤਵੀਰ ਕੌਰ, ਗੁਰਨਾਜ ਖਾਨ, ਭੂਮਿਕਾ ਮੱਕੜ, ਏ. ਕੇ., ਮੰਨਤ, ਪ੍ਰਾਚੀ, ਮੁਸਕਾਨ, ਸਮਰੀਨ, ਅਕੀਦ, ਸੁਰਿਆਂਸ਼ੀ ਗਿਰਧਰ, ਦੀਪ ਸ਼ਿਖਾ, ਏਕਤਾ, ਪ੍ਰਾਚੀ ਜੋਸ਼ੀ, ਜਾਨਵੀ, ਸਾਂਚੀ, ਜੈਸਮੀਨ ਕੌਰ, ਇਬਾਦਤ, ਅਮਾਨਤ, ਤਰਨਦੀਪ ਕੌਰ, ਅੰਮ੍ਰਿਤਪਾਲ ਕੌਰ, ਦਿਵਿਆਂਸ਼ ਤੇ ਹਰਸਿਮਰਨ ਕੌਰ ਆਦਿ ਦਾ ਮਾਣ ਤਾਣ ਕੀਤਾ ਗਿਆ ਤੇ ਉਨ੍ਹਾਂ ਨੂੰ ਯਾਦਗਾਰੀ ਮੋਮੈਂਟੋ ਭੇਟ ਕੀਤੇ ਗਏ।ਸਮਾਰੋਹ ਦੌਰਾਨ ਦਵਿੰਦਰ ਸਿੰਘ, ਹਰਪ੍ਰੀਤ ਕੌਰ, ਅਰਮਾਨ, ਗਗਨਦੀਪ ਕੌਰ, ਸੁਖਵੀਰ ਕੌਰ, ਅਮਨਦੀਪ ਕੌਰ, ਕਰਮਜੀਤ ਕੌਰ ਤੇ ਗੁਰਪ੍ਰੀਤ ਸਿੰਘ ਪੁਰਬਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

# ਡਾ. ਡਿੱਬੀਪੁਰਾ ਵੱਲੋਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਰਗਰਮੀਆਂ ਤੇਜ਼




**ਜਲਾਲਾਬਾਦ (ਬਲਵਿੰਦਰ ਸਿੰਘ)**

ਪੰਜਾਬ 'ਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ।ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਭਰ ਵਿੱਚ 'ਪੰਜਾਬ ਬਚਾਓ' ਰੈਲੀਆਂ ਤੇ ਵਰਕਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।ਇਸੇ ਕੜੀ ਤਹਿਤ 18 ਸਤੰਬਰ ਨੂੰ ਜਲਾਲਾਬਾਦ ਦੀ ਦਾਣਾ ਮੰਡੀ ਵਿੱਚ ਵੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੱਡੀ ਰੈਲੀ ਕੀਤੀ ਗਈ ਸੀ। ਵਿਧਾਨ ਸਭਾ ਹਲਕਾ ਜਲਾਲਾਬਾਦ ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਡਾ. ਰਾਜ ਸਿੰਘ ਡਿੱਬੀਪੁਰਾ ਵੱਲੋਂ ਵੀ ਆਪਣੀਆਂ ਚੋਣ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਡਾ. ਡਿੱਬੀਪੁਰਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਮੁਲਾਕਾਤਾਂ ਕੀਤੀਆਂ ਜਾ ਰਹੀਆਂ ਹਨ ਤੇ ਨੁੱਕੜ ਮੀਟਿੰਗਾਂ ਰਾਹੀਂ ਪਾਰਟੀ ਦੀਆਂ ਨੀਤੀਆਂ ਤੇ ਪਿਛਲੀ ਅਕਾਲੀ ਸਰਕਾਰ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਬਾਰੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ।ਇਨ੍ਹਾਂ ਮੀਟਿੰਗਾਂ ਦੌਰਾਨ ਡਾ. ਰਾਜ ਸਿੰਘ ਡਿੱਬੀਪੁਰਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਪੰਜਾਬ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਜ਼ਿਕਰ ਕੀਤਾ ਗਿਆ।ਉਨ੍ਹਾਂ ਸੜਕਾਂ ਨੂੰ ਚੌੜਾ ਕਰਨ, ਓਵਰਬ੍ਰਿਜਾਂ ਦੀ ਉਸਾਰੀ, ਸਿਹਤ ਸਹੂਲਤਾਂ ਵਿੱਚ ਵਾਧਾ, ਸਕੂਲਾਂ ਤੇ ਕਾਲਜਾਂ ਦੇ ਵਿਕਾਸ ਤੋਂ ਇਲਾਵਾ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਪਾਰਟੀ ਦੀਆਂ ਪ੍ਰਾਪਤੀਆਂ ਵਜੋਂ ਗਿਣਾਇਆ।ਇਸ ਦੌਰਾਨ ਡਾ. ਰਾਜ ਸਿੰਘ ਡਿੱਬੀਪੁਰਾ ਦੀ ਹਾਜ਼ਰੀ ਵਿੱਚ ਵੱਖ-ਵੱਖ ਰਵਾਇਤੀ ਪਾਰਟੀਆਂ ਨਾਲ ਸਬੰਧਤ ਕੁਝ ਵਰਕਰਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਦਾਅਵਾ ਵੀ ਕੀਤਾ ਗਿਆ।ਡਾ. ਡਿੱਬੀਪੁਰਾ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ।ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਡਾ. ਡਿੱਬੀਪੁਰਾ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਨਾਲ ਬਦਲਾਅ ਦੇ ਨਾਮ 'ਤੇ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਲੋਕ ਨਿਰਾਸ਼ ਹਨ ਤੇ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਇਸ ਦਾ ਮੂੰਹ ਤੋੜ ਜਵਾਬ ਦੇਣਗੇ।ਡਾ. ਰਾਜ ਸਿੰਘ ਡਿੱਬੀਪੁਰਾ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਿੰਡ ਪੱਧਰ 'ਤੇ ਲੋਕਾਂ ਨਾਲ ਸੰਪਰਕ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਹੋਰ ਪਿੰਡਾਂ ਵਿੱਚ ਵੀ ਨੁੱਕੜ ਮੀਟਿੰਗਾਂ ਤੇ ਲੋਕ ਮਿਲਣੀਆਂ ਦਾ ਸਿਲਸਿਲਾ ਜਾਰੀ ਰਹੇਗਾ।ਇਸ ਮੌਕੇ ਉਨ੍ਹਾਂ ਨਾਲ ਡਾ. ਜੰਗੀਰ ਸਿੰਘ ਕੱਟੀਆਂ ਵਾਲਾ, ਰਸ਼ਪਾਲ ਸਿੰਘ ਟਾਹਲੀ ਵਾਲਾ, ਕੁਲਵੀਰ ਸਰਪੰਚ ਫੱਤੂਵਾਲਾ, ਸੋਨੂੰ ਸਰਪੰਚ ਝੁੱਗੇ ਜਵਾਹਰ ਸਿੰਘ, ਕਾਰਜ ਸੰਧੂ ਮੋਕਲ, ਰਿੰਕੂ ਜੋਸਨ, ਰਣਜੀਤ ਸਿੰਘ ਲਾਡੀ ਖਹਿਰਾ, ਸੋਨੂੰ ਗਿੱਲ ਮੁਰਕ ਵਾਲਾ, ਬਲਵਿੰਦਰ ਬਿੱਟੂ, ਗੁਰਦੇਸ਼ ਸਰਪੰਚ, ਅਸ਼ੋਕ ਲਮੋਚੜ ਆਦਿ ਹਾਜ਼ਰ ਸਨ।

# 90 ਲੱਖ ਦੀ ਲਾਗਤ ਨਾਲ ਸੜਕਾਂ ਦਾ ਨਵੀਨੀਕਰਨ ਸ਼ੁਰੂ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਸ਼ਹਿਰ ਧੂਰੀ ਦੀਆਂ ਪਾਠਸ਼ਾਲਾ ਰੋਡ, ਡਬਲ ਫਾਟਕ ਰੋਡ, ਮਾਲ ਗੋਦਾਮ ਰੋਡ, ਸ਼ੂਗਰ ਮਿੱਲ ਰੋਡ ਸਮੇਤ ਹੋਰ ਸੜਕਾਂ ਦੇ ਨਵੀਨੀਕਰਨ ਦਾ 90 ਲੱਖ ਰੁਪੈ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਉਣ ਤੋਂ ਬਾਅਦ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ 'ਚ ਬਣੇ ਕਲਾਕ ਟਾਵਰ, ਇੰਨਡੋਰ ਸਟੇਡੀਅਮ, ਨਗਰ ਕੌਂਸਲ ਪਾਰਕ ਤੋਂ ਇਲਾਵਾ ਹੋਰ ਵਿਕਾਸ ਦੇ ਕੰਮਾਂ ਨੂੰ ਜਲਦ ਪੂਰਾ ਕਰਨ ਲਈ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ 30 ਸਤੰਬਰ ਤੱਕ ਸਮਾਂ ਤੈਅ ਕੀਤਾ ਗਿਆ ਹੈ ਅਤੇ ਮਿੱਥੇ ਸਮੇਂ ਅੰਦਰ ਕੰਮ ਪੂਰਾ ਨਾ ਕਰਨ ਵਾਲੇ ਠੇਕੇਦਾਰਾਂ ਖਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਹੋਵੇਗੀ।

ਉਨ੍ਹਾਂ ਕਿਹਾ ਕਿ ਸਾਲ ਦੇ ਅਖੀਰ ਤੱਕ ਸ਼ਹਿਰ ਅੰਦਰ ਸਾਰੇ ਕੰਮਾਂ ਨੂੰ ਪੂਰਾ ਕਰ ਲਿਆ ਜਾਵੇਗਾ ਤੇ ਧੂਰੀ ਦੇ ਸਰਕਾਰੀ ਹਸਪਤਾਲ ਵਿੱਚ 119 ਨਵੀਆਂ ਅਸਾਮੀਆਂ ਪ੍ਰਵਾਨ ਕੀਤੀਆਂ ਗਈਆਂ ਹਨ, ਜੋ ਇਲਾਕੇ ਦੇ ਲੋਕਾਂ ਨੂੰ ਬੇਹਤਰ ਸਿਹਤ ਸੇਵਾਵਾਂ ਦੇਣ 'ਚ ਲਾਹੇਬੰਦ ਸਾਬਿਤ ਹੋਣਗੀਆਂ।ਉਨ੍ਹਾਂ ਕਿਹਾ ਕਿ ਅਪਣੇ ਕੀਤੇ ਵਿਕਾਸ ਦੇ ਕੰਮਾਂ ਦੇ ਆਧਾਰ 'ਤੇ ਲੋਕਾਂ ਤੋਂ ਵੋਟਾਂ ਮੰਗਾਂਗੇ, ਕਿਉਂਕਿ ਧੂਰੀ ਸ਼ਹਿਰ ਦੇ ਨਾਲ ਨਾਲ ਪੂਰੇ ਪੰਜਾਬ ਵਿੱਚ ਵਿਕਾਸ ਦੇ ਕੰਮਾਂ ਦਾ ਹੜ੍ਹ ਆਇਆ ਹੋਇਆ, ਕਈ ਸ਼ਹਿਰਾਂ ਵਿੱਚ ਵਿਕਾਸ ਕਾਰਜਾਂ ਨੂੰ ਕਰਵਾਉਣ ਲਈ ਮਜ਼ਦੂਰਾਂ ਦੀ ਘਾਟ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਅੰਦਰ ਲੋਕਾਂ ਨੂੰ ਮਿਲਣ ਲਈ ਘਰ ਘਰ ਜਾ ਕੇ ਮਿਲਣ ਦੀ ਸ਼ੁਰੂ ਕੀਤੀ ਮੁਹਿੰਮ ਦੇ ਭਵਿੱਖ ਵਿੱਚ ਚੰਗੇ ਨਤੀਜੇ ਸਾਹਮਣੇ ਆਉਣਗੇ।ਉਨ੍ਹਾਂ ਕਿਹਾ ਭਾਰਤੀ ਜਨਤਾ ਪਾਰਟੀ ਵੱਲੋਂ ਨਸ਼ਾ ਮੁਕਤ ਪੰਜਾਬ ਯਾਤਰਾ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ, ਲੋਕਾਂ ਨੇ ਭਾਜਪਾ ਦੀ ਇਸ ਮੁਹਿੰਮ ਨੂੰ ਪੂਰੀ ਤਰ੍ਹਾਂ ਨਾਕਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ 2027 ਵਿੱਚ ਪੰਜਾਬ ਅੰਦਰ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੀ ਬਣਨਗੇ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਅਮਰਜੋਤ ਬਾਜਵਾ, ਕੌਂਸਲਰ ਰਾਜੀਵ ਚੌਧਰੀ ਸਣੇ ਹੋਰ ਆਗੂ ਹਾਜ਼ਰ ਸਨ।

# ਗੈਰਿਜ ਦੇ ਬਾਹਰ ਖੜ੍ਹੀ ਕਾਰ ਚੋਰੀ

**ਭਵਾਨੀਗੜ੍ਹ (ਰਾਜ ਖੁਰਮੀ)**-ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇਅ 'ਤੇ ਸਲਿੱਪਰ ਰੋਡ ਸਥਿਤ ਪੰਜਾਬ ਮੋਟਰ ਗੈਰਿਜ ਵਰਕਸ਼ਾਪ ਦੇ ਬਾਹਰ ਖੜ੍ਹੀ ਇੱਕ ਕਾਰ ਬੀਤੀ ਰਾਤ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਚੋਰੀ ਦੀ ਇਹ ਘਟਨਾ ਗੈਰਿਜ 'ਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਵਿੱਚ ਵੀ ਕੈਦ ਹੋ ਗਈ, ਜਿਸ ਵਿੱਚ ਇੱਕ ਵਿਅਕਤੀ ਕਾਰ ਲੈ ਕੇ ਪਟਿਆਲਾ ਵੱਲ ਜਾਂਦਾ ਦਿਖਾਈ ਦੇ ਰਿਹਾ ਹੈ। ਗੈਰਾਜ ਦੇ ਮਿਸਤਰੀ ਪਿਆਰਾ ਸਿੰਘ ਨੇ ਦੱਸਿਆ ਕਿ ਉਸ ਨੇ ਬੀਤੀ ਰਾਤ ਕਰੀਬ 10 ਵਜੇ ਆਪਣਾ ਕੰਮ ਮੁਕੰਮਲ ਕਰਨ ਉਪਰੰਤ ਕਾਰ ਗੈਰਾਜ ਦੇ ਸਾਹਮਣੇ ਖੜ੍ਹੀ ਕੀਤੀ ਅਤੇ ਅੰਦਰ ਚਲਾ ਗਿਆ। ਸਵੇਰੇ ਜਦੋਂ ਉਹ ਗੈਰਾਜ ਪਹੁੰਚਿਆ ਤਾਂ ਕਾਰ ਉਥੋਂ ਗਾਇਬ ਸੀ। ਇਸ ਤੋਂ ਬਾਅਦ ਜਦੋਂ ਗੈਰਾਜ ਵਿੱਚ ਲੱਗੇ ਸੀ ਸੀ ਟੀ ਵੀ ਕੈਮਰੇ ਚੈੱਕ ਕੀਤੇ ਗਏ ਤਾਂ ਇੱਕ ਵਿਅਕਤੀ ਕਾਰ ਦੀ ਟਾਕੀ ਖੋਲ੍ਹ ਕੇ ਉਸ ਨੂੰ ਲੈ ਕੇ ਪਟਿਆਲਾ ਵੱਲ ਜਾਂਦਾ ਦਿਖਾਈ ਦਿੱਤਾ। ਹਾਲਾਂਕਿ ਸੀ ਸੀ ਟੀ ਵੀ ਫੁਟੇਜ ਵਿੱਚ ਵਿਅਕਤੀ ਦਾ ਚਿਹਰਾ ਸਪੱਸ਼ਟ ਤੌਰ 'ਤੇ ਨਜ਼ਰ ਨਹੀਂ ਆ ਰਿਹਾ।ਪਿਆਰਾ ਸਿੰਘ ਨੇ ਦੱਸਿਆ ਕਿ ਘਟਨਾ ਸਬੰਧੀ ਪੁਲਿਸ ਨੂੰ ਸੂਚਿਤ ਕਰਕੇ ਰਿਪੋਰਟ ਦਰਜ ਕਰਵਾ ਦਿੱਤੀ ਗਈ ਹੈ।ਉਧਰ ਥਾਣਾ ਭਵਾਨੀਗੜ੍ਹ ਦੇ ਐੱਸ.ਐੱਚ.ਓ. ਯਸ਼ਪਾਲ ਸ਼ਰਮਾ ਨੇ ਦੱਸਿਆ ਕਿ ਪੁਲਿਸ ਵੱਲੋਂ ਸੀ ਸੀ ਟੀ ਵੀ ਫੁਟੇਜ ਅਤੇ ਤਸਵੀਰਾਂ ਦੀ ਜਾਂਚ ਕਰਕੇ ਮਾਮਲੇ ਦੀ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਵੱਲੋਂ ਚੋਰੀ ਹੋਈ ਕਾਰ ਦੀ ਭਾਲ ਅਤੇ ਮੁਲਜ਼ਮ ਦੀ ਪਛਾਣ ਲਈ ਜਾਂਚ ਕੀਤੀ ਜਾ ਰਹੀ ਹੈ।

## ਸੜਕ ਉਸਾਰੀ ਦੀ ਮੰਗ ਨੂੰ ਲੈ ਕੇ ਪਿੰਡ ਵਾਸੀਆਂ ਵੱਲੋਂ ਧਰਨਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡ ਬਸੰਤਪੁਰਾ ਤੋਂ ਭਗੜਾਣਾ ਚੁੰਨੀ ਤੱਕ ਦਰਜਨਾਂ ਪਿੰਡਾਂ ਨੂੰ ਜੋੜਦੀ ਹੋਈ ਸੜਕ ਦੇ ਬੁਰੀ ਟੁੱਟਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸ਼ਹਾਮਣਾ ਕਰਨਾ ਪੈ ਰਿਹਾ ਹੈ। ਰਾਜਪੁਰਾ ਦੀ ਵਿਧਾਇਕ ਨੀਨਾ ਮਿੱਤਲ ਵੱਲੋਂ ਪਿੰਡਾਂ ਦੇ ਵਾਸੀਆਂ ਨੂੰ ਸੜਕ ਬਣਾਉਣ ਦੇ ਲਾਰੇ ਲਗਾ ਕੇ ਵਿਧਾਇਕਾ ਨੀਨਾ ਮਿੱਤਲ ਵੱਲੋਂ ਪਿੰਡ ਵਾਸੀਆਂ ਨੂੰ ਲੰਮੇ ਸਮੇਂ ਤੋਂ ਖੱਜਲ-ਖੁਆਰ ਕੀਤਾ ਜਾ ਰਿਹਾ ਹੈ, ਜਿਸ ਤੋਂ ਤੰਗ ਆ ਕੇ ਸਾਬਕਾ ਵਿਧਾਇਕ ਹਰਦਿਆਲ ਕੰਬੋਜ ਦੀ ਅਗਵਾਈ ਹੇਠ ਪਿੰਡ ਵਾਸੀਆਂ ਨੇ ਸੜਕ ਦੀ ਉਸਾਰੀ ਦੀ ਮੰਗ ਨੂੰ ਲੈ ਕੇ ਧਰਨਾ ਲਗਾਇਆ ਅਤੇ ਐੱਮ ਐੱਲ ਏ ਨੀਨਾ ਮਿੱਤਲ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਹਰਦਿਆਲ ਕੰਬੋਜ ਨੇ ਵਿਧਾਇਕਾ ਨੀਨਾ ਮਿੱਤਲ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸੜਕ ਦਾ ਕੰਮ ਜਲਦ ਸ਼ੁਰੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ। ਕੰਬੋਜ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ 'ਚ ਦੋ ਦੋ ਫੁੱਟ ਦੇ ਟੋਏ ਪੈ ਚੁੱਕੇ ਹਨ, ਪ੍ਰੰਤੂ ਸਰਕਾਰ ਕੋਈ ਸਾਰ ਨਹੀਂ ਲੈ ਰਹੀ। ਉਨ੍ਹਾਂ ਕਿਹਾ ਕਿ ਰਾਜਪੁਰੇ ਅੰਦਰ ਬੁਰੀ ਤਰ੍ਹਾਂ ਗੰਦਗੀ ਫੈਲੀ ਹੋਈ ਹੈ। ਹਲਕੇ ਦੀ ਵਿਧਾਇਕ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕਰ ਰਹੀ ਹੈ। ਕੰਬੋਜ ਨੇ ਕਿਹਾ ਕੇ ਲੋਕਾਂ ਦਾ ਆਮ ਆਦਮੀ ਦੀ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ ਤੇ ਲੋਕ ਇਸ ਸਰਕਾਰ ਨੂੰ ਚਲਦਾ ਕਰਨ ਲਈ ਕਾਹਲੇ ਹਨ।

## ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਵਿਖੇ ਪੂਰਨਮਾਸੀ ਦਾ ਦਿਹਾੜਾ ਮਨਾਇਆ



**ਨਾਭਾ (ਅਮਨ ਗਰਗ)**-ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਹਰ ਮਹੀਨੇ ਦੀ ਤਰ੍ਹਾਂ ਪੂਰਨਮਾਸੀ ਦਾ ਸ਼ੁਭ ਦਿਹਾੜਾ ਮਨਾਇਆ ਗਿਆ।ਇਸ ਮੌਕੇ ਪਹਿਲਾਂ ਬੀਬੀਆਂ ਦੁਆਰਾ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ, ਉਪਰੰਤ ਭਾਈ ਜਤਿੰਦਰ ਸਿੰਘ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਅੰਤ ਵਿੱਚ ਕਰਮ ਸਿੰਘ ਵਾਸੀ ਹੀਰਾ ਇਨਕਲੇਵ ਨਾਭਾ ਨੂੰ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਤੋਂ ਬਤੌਰ ਜੇ. ਈ. 32 ਸਾਲ ਸਰਵਿਸ ਪੂਰੀ ਕਰਨ 'ਤੇ ਬੇਦਾਗ ਸੇਵਾ ਮੁਕਤ ਹੋਣ ਦੀ ਖੁਸ਼ੀ ਵਿੱਚ ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ (ਰਜਿ: 239) ਨਾਭਾ ਵੱਲੋਂ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਨ੍ਹਾਂ ਨਾਲ ਉਨ੍ਹਾਂ ਦੇ ਧਰਮਪਤਨੀ ਸੁਖਵਿੰਦਰ ਕੌਰ ਨੂੰ ਵੀ ਸਨਮਾਨਤ ਕੀਤਾ।ਇਸ ਮੌਕੇ ਕਰਮ ਸਿੰਘ ਵੱਲੋਂ ਗੁਰੂ ਘਰ ਲਈ 11 ਹਜ਼ਾਰ ਰੁਪਏ ਆਰਥਿਕ ਮੱਦਦ ਕੀਤੀ ਗਈ।ਸੋਸਾਇਟੀ ਦੇ ਜਨਰਲ ਸਕੱਤਰ ਅਮਰ ਸਿੰਘ ਟੋਡਰਵਾਲ ਨੇ ਬੋਲਦਿਆਂ ਦੱਸਿਆ ਕਿ ਇਸ ਪਰਵਾਰ ਦਾ ਪਹਿਲਾਂ ਵੀ ਹਰ ਖਾਸ ਮੌਕਿਆਂ 'ਤੇ ਗੁਰੂ ਘਰ ਨੂੰ ਵੱਡਮੁੱਲਾ ਸਹਿਯੋਗ ਰਿਹਾ ਹੈ।

## ਨਾਟਿਅਮ ਵੱਲੋਂ 15 ਰੋਜ਼ਾ ਪੰਦਰਵਾਂ ਕੌਮੀ ਥੀਏਟਰ ਫੈਸਟੀਵਲ ਸ਼ੁਰੂ



**ਬਠਿੰਡਾ (ਬਖਤੌਰ ਢਿੱਲੋਂ)**-ਨਾਟਿਅਮ ਵੱਲੋਂ 15ਵੇਂ ਕੌਮੀ ਥੀਏਟਰ ਫੈਸਟੀਵਲ ਸਥਾਨਕ ਬਲਵੰਤ ਗਾਰਗੀ ਐਡੀਟੋਰੀਅਮ ਵਿੱਚ ਸ਼ੁਰੂ ਹੋ ਗਿਆ। ਪਹਿਲੇ ਦਿਨ ਜੈਪੁਰ ਦੀ ਫੋਰਥਵਾਲ ਡਰਾਮੈਟਿਕ ਸੁਸਾਇਟੀ ਵੱਲੋਂ ਅਮਰੀਕੀ ਨਾਟਕਕਾਰ ਰੇਜਿਨਾਲਡ ਰੋਜ਼ ਦਾ ਲਿਖਿਆ ਸੀਨੀਅਰ ਰੰਗਕਰਮੀ ਰਣਜੀਤ ਕਪੂਰ ਵੱਲੋਂ ਰੂਪਾਂਤਰਿਤ ਤੇ ਵਿਸ਼ਾਲ ਵਿਜੈ ਵੱਲੋਂ ਨਿਰਦੇਸ਼ਿਤ ਨਾਟਕ '12 ਐਂਗਰੀਮੈਨ' ਪੇਸ਼ ਕੀਤਾ ਗਿਆ। ਇਸ ਦੀ ਸ਼ੁਰੂਆਤ ਡਾ: ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ ਤੇ ਹੋਰ ਪਤਵੰਤਿਆਂ ਨੇ ਸ਼ਮ੍ਹਾ ਰੌਸ਼ਨ ਕਰਕੇ ਕੀਤੀ। ਨਾਟਕ ਤੋਂ ਪਹਿਲਾਂ ਡਾ: ਜ਼ਫ਼ਰ ਨਾਲ ਟਾਂਕ ਸ਼ੋਅ ਕਰਵਾਇਆ ਗਿਆ, ਜਿਸ ਵਿੱਚ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਉਨ੍ਹਾਂ ਦੇ ਜੀਵਨ ਤੇ ਰਚਨਾ ਸੰਸਾਰ ਨਾਲ ਸਬੰਧਤ ਸੁਆਲ ਪੁੱਛੇ। ਸੁਆਲਾਂ ਦੇ ਜਵਾਬ ਦਿੰਦਿਆਂ ਡਾ: ਜ਼ਫ਼ਰ ਨੇ ਵਿਦਿਆਰਥਣਾਂ ਨੂੰ ਸਮਾਜ ਪ੍ਰਤੀ ਆਪਣੀਆਂ ਜ਼ੁੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਆਰਟ ਵਰਕਸ਼ਾਪ ਵਿੱਚ ਫਾਈਨ ਆਰਟਸ ਅਧਿਆਪਕ ਸੁਖਦਰਸ਼ਨ ਸਿੰਘ ਸੋਚਲ ਨੇ ਵਿਦਿਆਰਥੀਆਂ ਨੂੰ ਪੇਂਟਿੰਗ, ਫੇਸ ਪੇਂਟਿੰਗ, ਟੈਟੂ ਤੇ ਪੋਸਟਰ ਮੇਕਿੰਗ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਨਾਟਿਅਮ ਦੇ ਮੁੱਖ ਸਰਪ੍ਰਸਤ ਡਾ: ਕਸ਼ਿਸ਼ ਗੁਪਤਾ, ਪ੍ਰਧਾਨ ਸੁਰਿੰਦਰ ਕੌਰ, ਡਾਇਰੈਕਟਰ ਕੀਰਤੀ ਕ੍ਰਿਪਾਲ, ਫੈਸਟੀਵਲ ਡਾਇਰੈਕਟਰ ਗੁਰਨੂਰ ਹਾਜ਼ਰ ਸਨ। ਇਸ ਮੌਕੇ ਕੌਮੀ ਬੁੱਕ ਟਰੱਸਟ ਤੇ ਹੋਰ ਵੱਖ ਵੱਖ ਪ੍ਰਕਾਸ਼ਕਾਂ ਵੱਲੋਂ ਪੁਸਤਕ ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਇਹ ਫੈਸਟੀਵਲ ਪੰਦਰਾਂ ਦਿਨ ਲਗਾਤਾਰ ਚੱਲੇਗਾ।

## ਸਫ਼ਾ 3 ਦੇ ਬਾਕੀ...

### ਹਨੇਰਾ ਚੀਰਨ ਲਈ...

ਸੰਪਾਦਕ ਵਜੋਂ ਜ਼ਿਕਰ ਕਰਦਿਆਂ ਬਰਾੜ ਨੇ ਕਾਮਰੇਡ ਲੈਨਿਨ ਦੀ ਟੂਕ ਦਾ ਹਵਾਲਾ ਦੇ ਕੇ ਕ੍ਰਾਂਤੀਕਾਰੀ ਅਖ਼ਬਾਰਾਂ ਦੇ ਆਗੂ ਰੋਲ ਦੀ ਗੱਲ ਕੀਤੀ। ਕਾਮਰੇਡ ਬਰਾੜ ਨੇ ਕਿਹਾ ਕਿ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਸ਼ੁਰੂ ਕੀਤੀ ਜੰਗ ਜਾਰੀ ਹੈ ਤੇ ਜਾਰੀ ਰੱਖਣੀ ਹੈ। ਇਸ ਜੰਗ ਨੂੰ ਪ੍ਰਚੰਡ ਕਰਨ ਲਈ ਵਿਸ਼ਾਲ ਫਰੰਟ ਉਸਾਰਨ ਦੀ ਲੋੜ ਹੈ, ਇਹ ਹੀ ਚੰਦ ਫਤਿਹਪੁਰੀ ਹੁਰਾਂ ਨੂੰ ਸੱਚੀ ਸ਼ਰਧਾਂਜਲੀ ਹੈ।

ਸੀ ਪੀ ਆਈ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਭਾਵੁਕ ਹੁੰਦਿਆਂ ਕਿਹਾ ਕਿ ਜਵਾਨੀ ਵੇਲੇ ਦਾ ਮਿੱਤਰ ਵਿੱਛੜ ਜਾਵੇ ਤਾਂ ਇੱਕ ਵਾਰ ਤਾਂ ਜਾਨ ਨਿਕਲ ਜਾਂਦੀ ਹੈ। ਉਨ੍ਹਾ ਫਤਿਹਪੁਰੀ ਦੀ ਸਮਰੱਥ ਲੇਖਣੀ ਦਾ ਜ਼ਿਕਰ ਕਰਦਿਆ ਕਿਹਾ ਕਿ ਜਤਿੰਦਰ ਪਨੂੰ ਵੱਲੋਂ 'ਨਵਾਂ ਜ਼ਮਾਨਾ' ਦੇ ਸੰਪਾਦਕ ਵਜੋਂ ਪਾਸੇ ਹਟਣ ਤੋਂ ਬਾਅਦ ਮਨਾਂ 'ਚ ਵੱਡਾ ਸਵਾਲ ਉੱਠ ਖੜਾ ਹੋਇਆ ਸੀ ਕਿ ਅੱਗੋਂ ਕੀ ਹੋਵੇਗਾ। 'ਨਵਾਂ ਜ਼ਮਾਨਾ' ਦੇ ਸਨੇਹੀਆਂ ਦੇ ਚਿਹਰਿਆਂ 'ਤੇ ਇੱਕ ਚਿੰਤਾ ਉਭਰ ਆਈ ਸੀ। ਚੰਦ ਫਤਿਹਪੁਰੀ ਹੁਰਾਂ ਸੰਪਾਦਕ ਦੀ ਜ਼ਿੰਮੇਵਾਰੀ ਸੰਭਾਲੀ ਤਾਂ ਚਿੰਤਾ ਕਾਫ਼ੂਰ ਹੋ ਗਈ। ਪੁਰਾਣੀਆਂ ਯਾਦਾਂ ਦੇ ਹਵਾਲੇ ਨਾਲ ਅਰਸ਼ੀ ਨੇ ਦੱਸਿਆ ਕਿ ਚੰਦ ਫਤਿਹਪੁਰੀ ਖਤਰਿਆਂ ਨਾਲ ਖੇਡਣ ਦਾ ਆਦੀ ਸੀ। ਆਪਣੇ ਸ਼ਰਧਾਂਜਲੀ ਬੋਲਾਂ ਦੇ ਅੰਤ ਵਿੱਚ ਅਰਸ਼ੀ ਦੀਆਂ ਪਲਕਾਂ ਅੱਥਰੂਆਂ ਨਾਲ ਛਲਕ ਪਈਆਂ।

ਸੀ ਪੀ ਆਈ ਦੇ ਸਾਬਕਾ ਸਕੱਤਰ ਕਾਮਰੇਡ ਜਗਰੂਪ ਨੇ ਚੰਦ ਫਤਿਹਪੁਰੀ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ ਕਰਦਿਆਂ ਲੋਕਾਂ ਲਈ ਸੂਹੀ ਸਵੇਰ ਲਿਆਉਣ ਲਈ ਕਮਿਊਨਿਸਟਾਂ ਦੀ ਬਣਦੀ ਭੂਮਿਕਾ ਦੀ ਗੱਲ ਕਰਦਿਆਂ ਬਹੁਤ ਸਾਰੀਆਂ ਮੁੱਲਵਾਨ ਗੱਲਾਂ ਕੀਤੀਆਂ। ਕਾਮਰੇਡ ਜਗਰੂਪ ਨੇ ਮੋਏ ਸਾਥੀਆਂ ਦੀ ਯਾਦ ਵਿੱਚ ਭਾਵੁਕਤਾ ਸਿਰਜਦੀਆਂ ਕੁਝ ਸਤਰਾਂ ਵੀ ਪੇਸ਼ ਕੀਤੀਆਂ। ਚਿੰਤਕ ਤੇ ਕਮਿਊਨਿਸਟ ਆਗੂ ਸੁਵਰਨ ਸਿੰਘ ਵਿਰਕ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਬਿਹਤਰ ਜ਼ਿੰਦਗੀ ਦੀ ਲਲ੍ਹਕ ਨੂੰ ਪੂਰਾ ਕਰਨ ਲਈ ਖੱਬੀਆਂ ਤੇ ਜਮਹੂਰੀ ਧਿਰਾਂ ਦੀ ਨੇੜਤਾ ਹੀ ਨਿਜ਼ਾਮ ਬਦਲਣ ਦਾ ਜ਼ਾਮਨ ਹੋ ਸਕਦੀ ਹੈ।

ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਸ਼ਰਧਾਂਜਲੀ ਸਮਾਗਮ ਦੀ ਸ਼ੁਰੂਆਤ ਕਰਦਿਆਂ ਚੰਦ ਫਤਿਹਪੁਰੀ ਦੀ ਘਾਲਣਾ ਤੇ 'ਨਵਾਂ ਜ਼ਮਾਨਾ' ਦੇ ਪੈਰਾਂ ਸਿਰ ਖੜਾ ਹੋਣ ਦਾ ਪੂਰੇ ਵਿਸਥਾਰ ਨਾਲ ਵਰਨਣ ਕੀਤਾ।'ਨਵਾਂ ਜ਼ਮਾਨਾ' ਦੇ ਟਰੱਸਟੀ ਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਨੇ ਸਟੇਜ ਸੰਚਾਲਨ ਕਰਦਿਆਂ ਬਹੁਤ ਸਾਰੀਆਂ ਅਜਿਹੀਆਂ ਘਟਨਾਵਾਂ ਯਾਦ ਕਰਵਾਈਆਂ, ਜੋ ਚੰਦ ਫਤਿਹਪੁਰੀ ਦੇ ਖ਼ੂਬਸੂਰਤ ਵਿਅਕਤੀਤਵ ਦੀਆਂ ਕਈ ਪਰਤਾਂ ਸਾਹਮਣੇ ਲੈ ਕੇ ਆਈਆ। ਉੱਘੇ ਚਿੰਤਕ ਅਤੇ 'ਅਜੀਤ' ਦੇ ਕਾਰਜਕਾਰੀ ਸੰਪਾਦਕ ਸਤਨਾਮ ਸਿੰਘ ਮਾਣਕ ਕਿਹਾ ਕਿ 'ਨਵਾਂ ਜ਼ਮਾਨਾ' ਤੇ 'ਅਜੀਤ' ਦੀ ਕੰਧ ਸਾਂਝੀ ਹੈ। ਦੋਵਾਂ ਅਖ਼ਬਾਰਾਂ ਦੇ ਆਪਸੀ ਸਹਿਯੋਗ ਲਈ ਚੰਦ ਫਤਿਹਪੁਰੀ ਹਮੇਸ਼ਾ ਸਹਿਯੋਗੀ ਭੂਮਿਕਾ ਨਿਭਾਉਂਦੇ ਰਹੇ। ਉਨ੍ਹਾ ਦਰਪੇਸ਼ ਵੰਗਾਰਾਂ ਦਾ ਮੁਕਾਬਲਾ ਕਰਨ ਲਈ ਸਾਂਝਾ ਥੜ੍ਹਾ ਉਸਾਰਨ ਦਾ ਹੋਕਾ ਦਿੱਤਾ।

ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਇਨ੍ਹਾਂ ਸਮਿਆਂ 'ਚ 'ਨਵਾਂ ਜ਼ਮਾਨਾ' ਵਰਗੀਆਂ ਅਖ਼ਬਾਰਾਂ ਤੇ ਚੰਦ ਫਤਿਹਪੁਰੀ ਵਰਗੇ ਆਗੂਆਂ ਦਾ ਹੋਣਾ ਜ਼ਰੂਰੀ ਹੈ। ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਚੰਦ ਫਤਿਹਪੁਰੀ ਜਿੱਥੇ ਚਿੰਤਕ, ਕਿਸਾਨ ਆਗੂ ਤੇ ਵੱਡੇ ਪੱਤਰਕਾਰ ਸਨ, ਉੱਥੇ ਉਹ ਕਿਰਤੀ ਵਰਗ ਨਾਲ ਵੀ ਨੇੜਤਾ ਰੱਖਦੇ ਸਨ। ਪੰਜਾਬ ਇਸਤਰੀ ਸਭਾ ਦੀ ਪ੍ਰਧਾਨ ਕਾਮਰੇਡ ਨਰਿੰਦਰ ਸੋਹਲ ਨੇ ਚੰਦ ਫਤਿਹਪੁਰੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਕੁਝ ਸਮਾਂ 'ਨਵਾਂ ਜ਼ਮਾਨਾ' ਦੀ ਮੇਜ਼ 'ਤੇ ਕੰਮ ਕਰਨ ਵੇਲੇ ਚੰਦ ਫਤਿਹਪੁਰੀ ਨੇ ਅਖ਼ਬਾਰੀ ਦੁਨੀਆ ਦੇ ਕਈ ਮੁੱਲਵਾਨ ਨੁਕਤੇ ਸਮਝਾਏ। ਕਿਸਾਨ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ, ਸੀ ਪੀ ਆਈ (ਐੱਮ) ਦੇ ਆਗੂ ਭੂਪ ਚੰਦ ਚੰਨੋ, ਸੁਮੇਲ ਬਰਾੜ, ਗੁਲਜ਼ਾਰ ਸਿੰਘ ਤੇ ਅਮਨਦੀਪ ਸਿੰਘ ਸੈਦਪੁਰੀ ਨੇ ਵੀ ਭਾਵਪੂਰਤ ਸ਼ਬਦਾਂ ਵਿੱਚ ਚੰਦ ਫਤਿਹਪੁਰੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਸ਼ਰਧਾਂਜਲੀ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਏਟਕ ਦੇ ਐਕਟਿੰਗ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ, 'ਨਵਾਂ ਜ਼ਮਾਨਾ' ਦੇ ਟਰੱਸਟੀ ਐਡਵੋਕੇਟ ਰਾਜਿੰਦਰ ਸਿੰਘ ਰਾਣਾ, ਕਿਸਾਨ ਆਗੂ ਲਖਬੀਰ ਸਿੰਘ ਨਿਜ਼ਾਮਪੁਰ, ਕੰਟਰੋਲ ਕਮਿਸ਼ਨ ਸੀ ਪੀ ਆਈ ਪੰਜਾਬ ਦੇ ਸਾਬਕਾ ਚੇਅਰਮੈਨ ਰਮੇਸ਼ ਰਤਨ, ਸੀ ਪੀ ਆਈ ਮੋਗਾ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ, ਸੀ ਪੀ ਆਈ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਕਿਸਾਨ ਆਗੂ ਚਮਕੌਰ ਸਿੰਘ ਲੁਧਿਆਣਾ, ਪਲਸ ਮੰਚ ਦੇ ਪ੍ਰਧਾਨ ਕਾਮਰੇਡ ਅਮੋਲਕ ਸਿੰਘ, ਸਾਹਿਤਕਾਰ ਬਲਬੀਰ ਪਰਵਾਨਾ, ਕਾਲਮ ਨਵੀਸ ਪੁਸ਼ਪਿੰਦਰ, ਲੇਖਕ ਭਗਵੰਤ ਰਸੂਲਪੁਰੀ, ਮਜ਼ਦੂਰ ਆਗੂ ਤੇ ਲੇਖਕ ਹਰਮੇਸ਼ ਮਾਲੜੀ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਇਤਿਹਾਸ ਵਿਭਾਗ ਦੇ ਇੰਚਾਰਜ ਚਰੰਜੀ ਲਾਲ ਕੰਗਣੀਵਾਲ, ਲੇਖਕ ਲਖਵਿੰਦਰ ਸਿੰਘ ਜੌਹਲ, ਲੇਖਕ ਵਿਜੇ ਬੰਬੇਲੀ, ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਰਾਜਿੰਦਰ ਪਾਲ ਕੌਰ, ਉੱਘੇ ਕਮਿਊਨਿਸਟ ਆਗੂ ਕਾਮਰੇਡ ਹਰਭਜਨ ਸਿੰਘ ਅੰਮ੍ਰਿਤਸਰ, ਇਸਤਰੀ ਆਗੂ ਨਰਿੰਦਰ ਪਾਲ ਕੌਰ ਪਾਲੀ, ਦਸਵਿੰਦਰ ਕੌਰ ਅੰਮ੍ਰਿਤਸਰ, ਉੱਘੇ ਖੇਡ ਪ੍ਰਮੋਟਰ ਹਰਬੰਸ ਸਿੰਘ ਚੰਦੀ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਰਛਪਾਲ ਕੈਲੇ, ਆਰ ਐੱਮ ਪੀ ਆਈ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਮੈਂਬਰ ਮਹੀਪਾਲ, ਗੁਲਜਾਰ ਸਿੰਘ ਬਸੰਤ ਕੋਟ, ਹਰਚਰਨ ਸਿੰਘ ਔਜਲਾ, ਸੁਰਜੀਤ ਸਿੰਘ ਅਵਾਂਖਾ, ਕਿਸਾਨ ਆਗੂ ਸੰਦੀਪ ਅਰੋੜਾ, ਸਵਰਨ ਭੋਇਪੁਰੀ, ਮੁਕੰਦ ਸਿੰਘ, ਪਰਮਜੀਤ ਸਿੰਘ ਸਮਰਾਏ, ਜੈਪਾਲ ਸਿੰਘ, ਸੁਨੀਲ ਕੁਮਾਰ ਰਾਜੇਵਾਲ, ਸਿਕੰਦਰ ਸੰਧੂ, ਰਜਿੰਦਰ ਹੈਪੀ ਸ਼ਾਹਕੋਟ, ਕਾਮਰੇਡ ਵੀਰ ਸਿੰਘ, ਮਾਸਟਰ ਅਮਰਪਾਲ ਸਿੰਘ ਤਰਨ ਤਾਰਨ, ਮਾਸਟਰ ਗੁਰਚਰਨ ਸਿੰਘ ਮਾਨ, ਵੀਰ ਸਿੰਘ ਕੰਮੇਆਣਾ, ਮੁਖਤਿਆਰ ਸਿੰਘ, ਹਰਨੇਕ ਸਿੰਘ, ਸੱਤਪਾਲ ਡੀ ਏ, ਸੱਤਪਾਲ ਬੰਬੀਆਂਵਾਲ, ਬਲਦੇਵ ਸਿੰਘ ਨੂਰਪੁਰੀ, ਮੁਲਾਜ਼ਮ ਆਗੂ ਤੀਰਥ ਸਿੰਘ ਬਾਸੀ, ਗੁਰਜੀਤ ਸਿੰਘ ਫਤਿਹਪੁਰ, ਸੁਖਜੀਤ ਸਿੰਘ ਫਤਿਹਪੁਰ, ਜਤਿੰਦਰ ਸਿੰਘ ਫਤਿਹਪੁਰ,ਪੰਜਾਬ ਪ੍ਰੈੱਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਪੱਤਰਕਾਰ ਨਰਿੰਦਰ ਸੋਨੀਆ, ਲਖਵਿੰਦਰ ਸਿੰਘ ਆਧੀ, ਇਕਬਾਲ ਸਿੰਘ ਮੋਗਾ, ਅਵਤਾਰ ਮੇਹਲੀ, ਸੁਰਜੀਤ ਸਿੰਘ ਢੇਰ, ਜਗਦੀਸ਼ ਬੌਬੀ ਮਾਛੀਵਾੜਾ, ਸ਼ੈਲੀ ਐਲਬਰਟ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਨਰਿੰਜਨ ਮੇਹਲੀ, ਇਕਬਾਲ ਸਿੰਘ ਉੱਭੀ, ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਬਲਦੇਵ ਸਿੰਘ ਜੋਸਨ, ਗਿਆਨੀ ਰੇਸ਼ਮ ਸਿੰਘ ਰੇੜ੍ਹਵਾਂ ਆਦਿ ਤੋਂ ਇਲਾਵਾ ਫਤਿਹਪੁਰੀ ਦਾ ਸਮੁੱਚਾ ਪਰਵਾਰ ਹਾਜ਼ਰ ਸੀ।

ਕੇਂਦਰੀ ਪੰਜਾਬੀ ਲੇਖਕ ਸਭਾ, ਇਪਟਾ, ਪੰਜਾਬ ਕੇਸਰੀ ਗਰੁੱਪ, ਸ਼ਾਹਕੋਟ ਤੋਂ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੇ ਹੋਰ ਬਹੁਤ ਸਾਰੀਆਂ ਸੰਸਥਾਵਾਂ ਵੱਲੋਂ ਸ਼ੋਕ ਸੰਦੇਸ਼ ਆਏ।

### ਸੰਵਾਦਹੀਣਤਾ ਨੇ ...

ਦੀ ਗੰਭੀਰਤਾ ਨਾਲ ਜਾਂਚ ਸ਼ੁਰੂ ਕਰ ਦਿੱਤੀ। ਯੂਨੀਵਰਸਿਟੀ ਦੇ ਕੈਂਪਸ ਵਿੱਚ ਬਣਾਈਆਂ ਗਈਆਂ ਵੀਡੀਓਜ਼ ਵਿੱਚ ਵੱਡੇ ਪੱਧਰ 'ਤੇ ਪ੍ਰਦਰਸ਼ਨ ਨਜ਼ਰ ਆਇਆ। ਐਤਵਾਰ ਹਾਈਵੇਅ ਜਾਮ ਹੋਣ ਕਾਰਨ ਲੋਕ ਕਾਫੀ ਪ੍ਰੇਸ਼ਾਨ ਹੋਏ।

ਮੀਡੀਆ ਨਾਲ ਗੱਲ ਕਰਦਿਆਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਕਿਹਾ ਕਿ ਗੁੱਸਾ ਯੂਨੀਵਰਸਿਟੀ ਦੇ ਹੋਸਟਲ ਵਿੱਚ ਇੱਕ ਬਾਹਰੀ ਕਰਮਚਾਰੀ ਵੱਲੋਂ ਕਥਿਤ ਤੌਰ 'ਤੇ ਇੱਕ ਕੁੜੀ ਨਾਲ ਜਬਰ-ਜ਼ਨਾਹ ਕਰਨ ਦੇ ਖਿਲਾਫ ਸੀ। ਵਿਦਿਆਰਥੀ ਵਾਰੋ-ਵਾਰੀ ਕਥਿਤ ਜਬਰ-ਜ਼ਨਾਹ ਲਈ ਇੱਕ ਪੇਂਟਰ ਅਤੇ ਇੱਕ ਪਲੰਬਰ ਨੂੰ ਜ਼ਿੰਮੇਵਾਰ ਠਹਿਰਾ ਰਹੇ ਸਨ। ਵਿਦਿਆਰਥੀਆਂ ਨੇ ਦੋਸ਼ ਲਾਇਆ ਕਿ ਗੁੱਸਾ ਪੀੜਤਾ ਬਾਰੇ ਫਾਲੋ-ਅੱਪ 'ਤੇ ਜਾਣਕਾਰੀ ਦੀ ਘਾਟ ਕਾਰਨ ਭੜਕਿਆ। ਇੱਕ ਵਿਦਿਆਰਥੀ ਨੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ, 'ਹਰ ਹੋਸਟਲ ਦੇ ਵਿਦਿਆਰਥੀਆਂ—ਕੁੜੀਆਂ ਅਤੇ ਮੁੰਡਿਆਂ ਦੋਵਾਂ ਨੇ ਪਹਿਲਾਂ ਕੈਂਪਸ ਵਿੱਚ ਸ਼ਾਂਤਮਈ ਪ੍ਰਦਰਸ਼ਨ ਕੀਤਾ, ਪਰ ਹਾਲਾਤ ਉਦੋਂ ਵਿਗੜ ਗਏ, ਜਦੋਂ ਸਾਨੂੰ ਮਹਿਸੂਸ ਹੋਇਆ ਕਿ ਸਾਡੀਆਂ ਸ਼ਿਕਾਇਤਾਂ ਨਹੀਂ ਸੁਣੀਆਂ ਜਾ ਰਹੀਆਂ।'

ਇੱਕ ਵਿਦਿਆਰਥਣ ਨੇ ਕਿਹਾ, 'ਕੈਂਪਸ ਵਿੱਚ ਬੇਮਿਸਾਲ ਸੁਰੱਖਿਆ ਹੈ ਅਤੇ ਆਮ ਤੌਰ 'ਤੇ ਇਕੱਠੇ ਬੈਠੇ ਦੋਸਤਾਂ ਤੋਂ ਵੀ ਪੁੱਛਗਿੱਛ ਕੀਤੀ ਜਾਂਦੀ ਹੈ, ਪਰ ਸਾਡਾ ਸਵਾਲ ਇਹ ਹੈ ਕਿ ਇਸ ਸੁਰੱਖਿਆ ਦੇ ਵਿਚਕਾਰ, ਇੱਕ ਬਾਹਰੀ ਕਰਮਚਾਰੀ ਨੇ ਹੋਸਟਲ ਦੀ ਇੱਕ ਵਿਦਿਆਰਥਣ ਨਾਲ ਕਿਵੇਂ ਜਬਰ-ਜ਼ਨਾਹ ਕੀਤਾ। ਪੇਂਟਰਾਂ ਅਤੇ ਅਜਿਹੇ ਕਰਮਚਾਰੀਆਂ ਨੂੰ ਕੈਂਪਸ ਵਿੱਚ ਜਾਂ ਕੁੜੀਆਂ ਦੇ ਹੋਸਟਲ ਦੇ ਨੇੜੇ ਦੇਰ ਰਾਤ ਤੱਕ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ।'

ਇੱਕ ਵਾਰ ਸ਼ਾਂਤ ਹੋਣ ਤੋਂ ਬਾਅਦ ਵਿਦਿਆਰਥੀਆਂ ਨੇ ਐਤਵਾਰ ਦੁਪਹਿਰ ਮੁੜ ਹਾਈਵੇ 'ਤੇ ਪ੍ਰਦਰਸ਼ਨ ਕੀਤਾ ਅਤੇ ਮੰਗ ਕੀਤੀ ਕਿ ਐੱਫ ਆਈ ਆਰ ਦੀ ਇੱਕ ਕਾਪੀ ਉਨ੍ਹਾਂ ਨਾਲ ਸਾਂਝੀ ਕੀਤੀ ਜਾਵੇ। ਵਿਦਿਆਰਥੀਆਂ ਨੇ ਸ਼ੁਰੂ ਵਿੱਚ ਰਾਤ ਨੂੰ ਪੁਲਸ ਵੱਲੋਂ ਕਥਿਤ ਵਿਹਾਰ 'ਤੇ ਵੀ ਸ਼ੰਕੇ ਪ੍ਰਗਟ ਕੀਤੇ ਸਨ, ਸਵੇਰੇ ਮਾਮਲਾ ਸ਼ਾਂਤ ਹੋ ਗਿਆ, ਜਦੋਂ ਜਲੰਧਰ ਰੇਂਜ ਦੇ ਡੀ ਆਈ ਜੀ ਨਵੀਨ ਸਿੰਗਲਾ ਨੇ ਖੁਦ ਕੈਂਪਸ ਵਿੱਚ ਆ ਕੇ ਵਿਦਿਆਰਥੀਆਂ ਨੂੰ ਸਖਤ ਕਾਰਵਾਈ ਦਾ ਭਰੋਸਾ ਦਿੱਤਾ। ਫਗਵਾੜਾ ਦੀ ਸਤਨਾਮਪੁਰਾ ਪੁਲਸ ਨੇ ਇੱਕ ਵਿਦਿਆਰਥਣ ਦੀ ਸ਼ਿਕਾਇਤ 'ਤੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 64 ਤਹਿਤ ਇੱਕ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਜਲੰਧਰ ਰੇਂਜ ਦੇ ਡੀ ਆਈ ਜੀ ਨਵੀਨ ਸਿੰਗਲਾ ਨੇ ਕਿਹਾ ਕਿ ਵਿਦਿਆਰਥਣ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਕੱਠੇ ਕੀਤੇ ਗਏ ਸਬੂਤਾਂ ਦੇ ਆਧਾਰ 'ਤੇ ਜਾਂਚ ਅੱਗੇ ਵਧੇਗੀ। ਪੁਲਸ ਵੱਲੋਂ ਜਾਂਚ ਦੇ ਹਿੱਸੇ ਵਜੋਂ ਸੰਬੰਧਤ ਤਕਨੀਕੀ ਅਤੇ ਫੋਰੈਂਸਿਕ ਸਮੱਗਰੀ ਦੀ ਜਾਂਚ ਕੀਤੇ ਜਾਣ ਦੀ ਉਮੀਦ ਹੈ।

ਪੰਜਾਬ ਪੁਲਸ ਨੇ ਸਪੈਸ਼ਲ ਡਾਇਰੈਕਟਰ ਜਨਰਲ (ਲਾਅ ਐਂਡ ਆਰਡਰ) ਪ੍ਰਵੀਨ ਕੁਮਾਰ ਸਿਨਹਾ ਦੀ ਅਗਵਾਈ ਹੇਠ ਚਿਤਕਾਰਾ ਯੂਨੀਵਰਸਿਟੀ ਅਤੇ ਲਵਲੀ ਯੂਨੀਵਰਸਿਟੀ ਦੇ ਕੈਂਪਸਾਂ ਵਿੱਚ ਹੋਈ ਹਿੰਸਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਡੀ ਜੀ ਪੀ ਸਿਨਹਾ ਨੇ ਕਿਹਾ, 'ਦੋਵਾਂ ਕੈਂਪਸਾਂ ਵਿੱਚ ਹੋਈ ਬੇਵਜ੍ਹਾ ਹਿੰਸਾ ਦਾ ਆਪਸ ਵਿੱਚ ਕੋਈ ਸੰਬੰਧ ਨਹੀਂ। ਭੀੜ ਦੇ ਇਸ ਉਛਾਲ ਦੇ ਆਗੂ ਵਜੋਂ ਕਿਸੇ ਵੀ ਵਿਅਕਤੀਗਤ ਵਿਦਿਆਰਥੀ ਦੀ ਪਛਾਣ ਨਹੀਂ ਕੀਤੀ ਜਾ ਸਕਦੀ। ਅਸੀਂ ਇਸ ਮਾਮਲੇ ਵਿੱਚ ਅਚਾਨਕ ਹੋਏ ਇਸ ਵਾਧੇ ਦੇ ਸਾਰੇ ਸੰਭਾਵੀ ਕਾਰਨਾਂ 'ਤੇ ਕੰਮ ਕਰ ਰਹੇ ਹਾਂ। ਅਸੀਂ ਇਸ ਦਾ ਕੀ ਅਰਥ ਹੋ ਸਕਦਾ ਹੈ, ਇਹ ਸਮਝਣ ਲਈ ਇਨ੍ਹਾਂ ਦੋਵਾਂ ਘਟਨਾਵਾਂ ਵਿਚਕਾਰ ਕੋਈ ਸੰਬੰਧ ਸਥਾਪਤ ਕਰਨ 'ਤੇ ਵੀ ਕੰਮ ਕਰ ਰਹੇ ਹਾਂ।' ਡੀ ਆਈ ਜੀ ਸਿੰਗਲਾ ਨੇ ਫਗਵਾੜਾ ਦੇ ਐੱਸ ਪੀ ਮੇਜਰ ਸਿੰਘ, ਡੀ ਐੱਸ ਪੀ ਪਲਵਿੰਦਰ ਸਿੰਘ ਅਤੇ ਇੱਕ ਮਹਿਲਾ ਪੁਲਸ ਇੰਸਪੈਕਟਰ ਤੋਂ ਇਲਾਵਾ ਵਿਦਿਆਰਥੀਆਂ ਦੇ ਪ੍ਰਤੀਨਿਧਾਂ ਨੂੰ ਸ਼ਾਮਲ ਕਰਕੇ ਇੱਕ ਸਪੈਸ਼ਲ ਇਨਵੈਸਟੀਗੇਸ਼ਨ ਟੀਮ (ਸਿੱਟ) ਦਾ ਗਠਨ ਕੀਤਾ ਹੈ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ, 'ਮੁੱਢਲੀਆਂ ਰਿਪੋਰਟਾਂ ਤੋਂ ਸੰਕੇਤ ਮਿਲਿਆ ਹੈ ਕਿ ਐੱਫ ਆਈ ਆਰ ਵਿੱਚ ਜਿਸ ਥਾਂ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਉੱਥੇ ਕੋਈ ਜਬਰ-ਜ਼ਨਾਹ ਨਹੀਂ ਹੋਇਆ। ਮੌਕੇ 'ਤੇ ਤਿੰਨ ਕੁੜੀਆਂ ਸਨ ਅਤੇ ਉਨ੍ਹਾਂ ਵਿੱਚੋਂ ਕਿਸੇ ਨਾਲ ਵੀ ਜਬਰ-ਜ਼ਨਾਹ ਨਹੀਂ ਹੋਇਆ ਸੀ, ਇਸ ਗੱਲ ਦੀ ਪੁਸ਼ਟੀ ਹੋ ਗਈ ਹੈ। ਅਸੀਂ ਇਨ੍ਹਾਂ ਘਟਨਾਵਾਂ ਦੇ ਸੰਭਾਵੀ ਮਕਸਦ ਬਾਰੇ ਸਪੱਸ਼ਟ ਨਹੀਂ ਹਾਂ, ਇਸ ਲਈ ਅਸਲ ਮੁੱਦੇ ਬਾਰੇ ਕੋਈ ਸਪੱਸ਼ਟਤਾ ਨਹੀਂ ਹੈ।' ਪੁਲਸ ਇਸ ਸੰਭਾਵਨਾ ਨੂੰ ਵੀ ਰੱਦ ਨਹੀਂ ਕਰ ਰਹੀ ਕਿ ਕੋਈ ਪ੍ਰੇਰਿਤ ਚਿਹਰਾ ਜਾਂ ਗਰੁੱਪ ਇਸ ਮੁੱਦੇ 'ਤੇ ਨਿੱਜੀ ਕਾਰਨਾਂ ਕਰਕੇ ਵਿਦਿਆਰਥੀਆਂ ਦੀ ਵਰਤੋਂ ਕਰ ਰਿਹਾ ਹੋਵੇ, ਜੋ ਕਿ ਬਹੁਤ ਖਤਰਨਾਕ ਹੋ ਸਕਦਾ ਹੈ। ਇੱਕ ਸੀਨੀਅਰ ਅਧਿਕਾਰੀ ਨੇ ਕਿਹਾ, 'ਦਿੱਲੀ ਵਿੱਚ ਹਾਲ ਹੀ ਵਿੱਚ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਲਹਿਰ, ਜਿਸ ਦਾ ਅੰਤ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨਾਲ ਹੋਇਆ, ਨੇ ਬੇਚੈਨ ਵਿਦਿਆਰਥੀਆਂ ਨੂੰ ਹਿੰਸਾ ਲਈ ਪ੍ਰੇਰਿਤ ਕੀਤਾ ਹੈ। ਵਿਦਿਆਰਥੀ ਰਾਜ ਵਿੱਚ ਸਿੱਖਿਆ ਪ੍ਰਤੀ ਅਸੰਤੁਸ਼ਟੀ ਅਤੇ ਉਨ੍ਹਾਂ ਦੇ ਸਿੱਖਿਆ ਹੁਨਰ ਨਾਲ ਮੇਲ ਖਾਂਦੇ ਰੁਜ਼ਗਾਰ ਦੇ ਬਹੁਤ ਘੱਟ ਮੌਕਿਆਂ ਨੂੰ ਲੈ ਕੇ ਯਕੀਨਨ ਬੇਚੈਨ ਹਨ।'

ਇਸ ਦੇ ਨਾਲ ਹੀ ਸਿਆਸੀ ਪਾਰਟੀਆਂ ਅਗਲੇ ਸਾਲ ਹੋਣ ਵਾਲੀਆਂ ਰਾਜ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ ਕਰ ਰਹੀਆਂ ਹਨ, ਇਸ ਲਈ ਸਿਆਸੀ ਮਾਹਰ ਸੰਭਾਵੀ ਵੋਟਰਾਂ ਨੂੰ ਪ੍ਰਭਾਵਤ ਕਰਨ ਲਈ ਉਨ੍ਹਾਂ ਨੂੰ ਭੜਕਾਉਣ ਵਿੱਚ ਨਿੱਜੀ ਹਿੱਤਾਂ ਦੀ ਸ਼ਮੂਲੀਅਤ ਤੋਂ ਇਨਕਾਰ ਨਹੀਂ ਕਰ ਰਹੇ।

### ਬੀ ਬੀ ਐੱਮ ਬੀ ਦੇ ...

ਰਹਿਣ ਕਾਰਨ ਬੋਰਡ ਦਾ ਕੰਮ ਪ੍ਰਭਾਵਤ ਹੋ ਰਿਹਾ ਹੈ ਅਤੇ ਇਹ ਉਸ ਢਾਂਚੇ ਦੇ ਉਲਟ ਹੈ ਜਿਸ ਦੇ ਤਹਿਤ ਬੀ ਬੀ ਐੱਮ ਬੀ ਬਣਾਇਆ ਗਿਆ ਸੀ। ਐਸੋਸੀਏਸ਼ਨ ਦੇ ਬੁਲਾਰੇ ਵਿਨੋਦ ਗੁਪਤਾ ਨੇ ਕਿਹਾ ਕਿ 1966 ਵਿੱਚ ਬੀ ਬੀ ਐੱਮ ਬੀ ਬਣਨ ਤੋਂ ਲੈ ਕੇ 2022 ਤੱਕ, ਬੋਰਡ ਦਾ ਕੰਮਕਾਜ ਇੱਕ ਤੈਅ ਵਿਵਸਥਾ ਮੁਤਾਬਕ ਚੱਲਦਾ ਰਿਹਾ। ਇਸ ਤਹਿਤ ਚੇਅਰਮੈਨ ਦੀ ਨਿਯੁਕਤੀ ਕੇਂਦਰ ਸਰਕਾਰ ਵੱਲੋਂ ਭਾਈਵਾਲ ਸੂਬਿਆਂ ਤੋਂ ਬਾਹਰੋਂ ਕੀਤੀ ਜਾਂਦੀ ਸੀ, ਜਦਕਿ ਮੈਂਬਰ (ਬਿਜਲੀ) ਆਮ ਤੌਰ 'ਤੇ ਪੰਜਾਬ ਤੋਂ ਅਤੇ ਮੈਂਬਰ (ਸਿੰਜਾਈ) ਹਰਿਆਣਾ ਤੋਂ ਲਿਆ ਜਾਂਦਾ ਸੀ। ਇਨ੍ਹਾਂ ਅਹੁਦਿਆਂ ਦੇ ਲੰਮੇ ਸਮੇਂ ਤੋਂ ਖਾਲੀ ਰਹਿਣ ਦਾ ਕਾਰਨ ਕੇਂਦਰ ਸਰਕਾਰ ਵੱਲੋਂ 23 ਫਰਵਰੀ 2022 ਨੂੰ ਜਾਰੀ ਕੀਤਾ ਗਿਆ ਇੱਕ ਨੋਟੀਫਿਕੇਸ਼ਨ ਹੈ। ਇਸ ਨੋਟੀਫਿਕੇਸ਼ਨ ਨੇ ਮੈਂਬਰ (ਬਿਜਲੀ) ਅਤੇ ਮੈਂਬਰ (ਸਿੰਜਾਈ) ਦੇ ਅਹੁਦਿਆਂ ਨੂੰ ਸਿਰਫ ਪੰਜਾਬ ਅਤੇ ਹਰਿਆਣਾ ਦੇ ਅਧਿਕਾਰੀਆਂ ਤੱਕ ਸੀਮਤ ਰੱਖਣ ਦੀ ਬਜਾਏ, ਪੂਰੇ ਦੇਸ਼ ਦੇ ਇੰਜੀਨੀਅਰਾਂ ਲਈ ਖੋਲ੍ਹ ਦਿੱਤਾ ਸੀ। ਸੂਤਰਾਂ ਮੁਤਾਬਕ, ਪੰਜਾਬ ਅਤੇ ਹਰਿਆਣਾ ਦੋਵਾਂ ਨੇ ਇਸ ਬਦਲਾਅ ਦਾ ਵਿਰੋਧ ਕੀਤਾ ਸੀ, ਜਿਸ ਤੋਂ ਬਾਅਦ ਇਨ੍ਹਾਂ ਅਹੁਦਿਆਂ 'ਤੇ ਪੱਕੀਆਂ ਨਿਯੁਕਤੀਆਂ ਨਹੀਂ ਹੋ ਸਕੀਆਂ। ਆਲ ਇੰਡੀਆ ਪਾਵਰ ਇੰਜੀਨੀਅਰਜ਼ ਐਸੋਸੀਏਸ਼ਨ ਦੇ ਮੁੱਖ ਸਰਪ੍ਰਸਤ ਪਦਮਜੀਤ ਸਿੰਘ ਨੇ ਮੰਗ ਕੀਤੀ ਹੈ ਕਿ 2022 ਵਾਲੇ ਨੋਟੀਫਿਕੇਸ਼ਨ ਨੂੰ ਰੋਕਿਆ ਜਾਵੇ ਅਤੇ ਬਿਨਾਂ ਕਿਸੇ ਦੇਰੀ ਦੇ ਪੱਕੀਆਂ ਨਿਯੁਕਤੀਆਂ ਕੀਤੀਆਂ ਜਾਣ। ਉਨ੍ਹਾ ਕਿਹਾ ਕਿ ਡੰਗ-ਟਪਾਊ ਪ੍ਰਬੰਧ ਬੋਰਡ ਦੇ ਕੰਮਕਾਰ 'ਤੇ ਮਾੜਾ ਅਸਰ ਪਾ ਸਕਦੇ ਹਨ ਅਤੇ ਇਸ ਨਾਲ ਝਗੜੇ ਵੀ ਵਧ ਸਕਦੇ ਹਨ। ਕੇਂਦਰ ਦੇ ਇੱਕ ਹੋਰ ਪ੍ਰਸਤਾਵ ਨੇ ਇਸ ਵਿਵਾਦ ਨੂੰ ਹੋਰ ਵਧਾ ਦਿੱਤਾ ਹੈ। ਕੇਂਦਰੀ ਬਿਜਲੀ ਮੰਤਰਾਲੇ ਨੇ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79(2) (ਏ) ਵਿੱਚ ਸੋਧ ਕਰਨ ਦਾ ਪ੍ਰਸਤਾਵ ਰੱਖਿਆ ਹੈ, ਤਾਂ ਜੋ ਬੀ ਬੀ ਐੱਮ ਬੀ ਵਿੱਚ ਪੱਕੇ (ਫੁੱਲ-ਟਾਈਮ) ਮੈਂਬਰਾਂ ਦੀ ਗਿਣਤੀ ਦੋ ਤੋਂ ਵਧਾ ਕੇ ਚਾਰ ਕੀਤੀ ਜਾ ਸਕੇ। ਇਸ ਵਿੱਚ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਦਾ ਇੱਕ-ਇੱਕ ਮੈਂਬਰ ਸ਼ਾਮਲ ਹੋਵੇਗਾ। ਪੰਜਾਬ ਨੇ ਇਸ ਪ੍ਰਸਤਾਵ ਦਾ ਵਿਰੋਧ ਕੀਤਾ ਹੈ। ਪੰਜਾਬ ਦੀ ਦਲੀਲ ਹੈ ਕਿ ਐਕਟ ਮੁਤਾਬਕ ਰਾਜਸਥਾਨ ਇਸ ਵੰਡ ਵਿੱਚੋਂ ਬਣਿਆ ਸੂਬਾ ਨਹੀਂ ਹੈ ਅਤੇ ਰਾਜਸਥਾਨ ਤੇ ਹਿਮਾਚਲ ਪ੍ਰਦੇਸ਼ ਦੋਵੇਂ ਪਹਿਲਾਂ ਹੀ ਬੀ ਬੀ ਐੱਮ ਬੀ ਦੀਆਂ ਮੀਟਿੰਗਾਂ ਵਿੱਚ ਆਪਣੇ ਅਹੁਦੇ ਕਰਕੇ (ਐਕਸ-ਆਫੀਸ਼ੀਓ ਮੈਂਬਰ ਵਜੋਂ) ਹਿੱਸਾ ਲੈਂਦੇ ਹਨ।

### ਚਿੰਤਾਜਨਕ ਰੁਝਾਨ...

ਯੂਨੀਵਰਸਿਟੀ ਦੇ ਰਜਿਸਟਰਾਰ ਕਰਨਲ ਰਾਕੇਸ਼ ਸ਼ਰਮਾ (ਸੇਵਾਮੁਕਤ) ਅਤੇ ਸਥਾਨਕ ਪੁਲਸ ਅਧਿਕਾਰੀਆਂ ਨੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਦੋਸ਼ਾਂ ਨੂੰ ਨਕਾਰ ਦਿੱਤਾ। ਪੁਲਸ ਅਧਿਕਾਰੀਆਂ ਨੇ ਇਹ ਵੀ ਇਸ਼ਾਰਾ ਕੀਤਾ ਕਿ ਕਾਰਵਾਈ ਦੀ ਮੰਗ ਕਰਨ ਵਾਲੇ ਵਿਦਿਆਰਥੀ ਕਥਿਤ ਤੌਰ 'ਤੇ ਲਾਪਤਾ ਵਿਦਿਆਰਥਣ ਦੇ ਨਾਂਅ ਜਾਂ ਪਛਾਣ ਨਹੀਂ ਦੇ ਸਕੇ। ਯੂਨੀਵਰਸਿਟੀ ਅਤੇ ਪੁਲਸ ਨੇ ਦਾਅਵਾ ਕੀਤਾ ਕਿ ਅਜਿਹੀ ਕੋਈ ਮੌਤ ਨਹੀਂ ਹੋਈ ਅਤੇ ਕੋਈ ਵੀ ਵਿਦਿਆਰਥੀ ਲਾਪਤਾ ਨਹੀਂ ਹੈ। ਇਸ ਤੋਂ ਬਿਲਕੁਲ ਅਗਲੇ ਦਿਨ ਫਗਵਾੜਾ ਨੇੜੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਵੀ ਅਜਿਹੀ ਹੀ ਸਥਿਤੀ ਪੈਦਾ ਹੋ ਗਈ। ਸਨਿੱਚਰਵਾਰ ਰਾਤ ਨੂੰ ਅਸਪੱਸ਼ਟ ਸੋਸ਼ਲ ਮੀਡੀਆ ਸੁਨੇਹੇ ਘੁੰਮਣ ਲੱਗੇ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਕਿ ਕੈਂਪਸ ਵਿੱਚ ਇੱਕ ਬਾਹਰੀ ਵਿਅਕਤੀ ਵੱਲੋਂ ਇੱਕ ਵਿਦਿਆਰਥਣ ਨਾਲ ਜਬਰ-ਜ਼ਨਾਹ ਕੀਤਾ ਗਿਆ ਹੈ। ਇਸ ਦਾਅਵੇ ਦੇ ਕੁਝ ਹੋਰ ਰੂਪਾਂ ਵਿੱਚ ਸੁਝਾਅ ਦਿੱਤਾ ਗਿਆ ਕਿ ਵਿਦਿਆਰਥਣ ਨੇ ਖੁਦਕੁਸ਼ੀ ਕਰ ਲਈ ਹੈ। ਇਨ੍ਹਾਂ ਪੋਸਟਾਂ ਨੇ ਵਿਦਿਆਰਥੀਆਂ ਵਿੱਚ ਘਬਰਾਹਟ ਪੈਦਾ ਕਰ ਦਿੱਤੀ, ਜੋ ਐਤਵਾਰ ਤੜਕੇ ਕੁੜੀਆਂ ਦੇ ਹੋਸਟਲ ਨੇੜੇ ਇਕੱਠੇ ਹੋ ਗਏ। ਸਥਿਤੀ ਤੇਜ਼ੀ ਨਾਲ ਵਿਗੜ ਗਈ। ਕਪੂਰਥਲਾ ਦੇ ਐੱਸ ਐੱਸ ਪੀ ਗੌਰਵ ਤੂਰਾ ਨੇ ਕਿਹਾ ਕਿ ਮੁੱਢਲੀ ਜਾਂਚ ਵਿੱਚ ਦੋਸ਼ਾਂ ਦਾ ਸਮਰਥਨ ਕਰਨ ਵਾਲਾ ਕੋਈ ਸਬੂਤ ਨਹੀਂ ਮਿਲਿਆ ਅਤੇ ਕਥਿਤ ਜਬਰ-ਜ਼ਨਾਹ ਬਾਰੇ ਕੋਈ ਅਧਿਕਾਰਤ ਸ਼ਿਕਾਇਤ ਪ੍ਰਾਪਤ ਨਹੀਂ ਹੋਈ ਹੈ। ਪੁਲਸ ਨੇ ਕਿਹਾ ਕਿ ਸਥਿਤੀ ਕਾਬੂ ਹੇਠ ਹੈ ਅਤੇ ਕੈਂਪਸ ਦੇ ਨਾਲ-ਨਾਲ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਹਾਲਾਂਕਿ ਦੋਵਾਂ ਪ੍ਰਦਰਸ਼ਨਾਂ ਦਾ ਤੱਤਕਾਲ ਕਾਰਨ ਆਨਲਾਈਨ ਅਪੁਸ਼ਟ ਦਾਅਵਿਆਂ ਦਾ ਫੈਲਣਾ ਸੀ, ਪਰ ਪੁਲਸ ਅਧਿਕਾਰੀਆਂ ਨੇ ਕਿਹਾ ਕਿ ਵਿਦਿਆਰਥੀਆਂ ਨਾਲ ਗੱਲਬਾਤ ਕਰਨ 'ਤੇ ਕੈਂਪਸ ਪ੍ਰਸ਼ਾਸਨ ਅਤੇ ਸੰਚਾਰ ਬਾਰੇ ਵੀ ਚਿੰਤਾਵਾਂ ਸਾਹਮਣੇ ਆਈਆਂ। ਪੁਲਸ ਦੇ ਅਨੁਸਾਰ ਕੁਝ ਵਿਦਿਆਰਥੀਆਂ ਨੇ ਸ਼ਿਕਾਇਤ ਕੀਤੀ ਕਿ ਯੂਨੀਵਰਸਿਟੀ ਪ੍ਰਸ਼ਾਸਨ ਦੁਆਰਾ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਸ਼ਿਕਾਇਤਾਂ ਦਾ ਸਹੀ ਢੰਗ ਨਾਲ ਹੱਲ ਨਹੀਂ ਕੀਤਾ ਜਾ ਰਿਹਾ ਹੈ। ਇਸ ਲਈ ਇਨ੍ਹਾਂ ਘਟਨਾਵਾਂ ਨੇ ਹਜ਼ਾਰਾਂ ਵਿਦਿਆਰਥੀਆਂ ਵਿੱਚ ਅਪੁਸ਼ਟ ਜਾਣਕਾਰੀ ਫੈਲਣ ਬਾਰੇ ਵੱਡੀ ਚਿੰਤਾ ਪੈਦਾ ਕਰ ਦਿੱਤੀ ਹੈ। ਪੁਲਸ ਭੜਕਾਊ ਗਲਤ ਜਾਣਕਾਰੀ ਦੇ ਪ੍ਰਸਾਰ ਨੂੰ ਰੋਕਣ ਲਈ ਆਨਲਾਈਨ ਪਲੇਟਫਾਰਮਾਂ 'ਤੇ ਨਜ਼ਰ ਰੱਖ ਰਹੀ ਹੈ ਅਤੇ ਵਿਦਿਆਰਥੀਆਂ ਨੂੰ ਅਪੁਸ਼ਟ ਦਾਅਵਿਆਂ ਨੂੰ ਸਾਂਝਾ ਨਾ ਕਰਨ ਦੀ ਅਪੀਲ ਕੀਤੀ ਹੈ।

### ਲਵਲੀ ਯੂਨੀਵਰਸਿਟੀ ਦਾ ਬਿਆਨ...

ਯੂਨੀਵਰਸਿਟੀ ਦੀ ਸਾਖ ਨੂੰ ਨੁਕਸਾਨ ਪਹੁੰਚਾਉਣ ਅਤੇ ਇਸ ਦੀ ਛਵੀ ਨੂੰ ਖਰਾਬ ਕਰਨ ਦੀ ਇੱਕ ਜਾਣਬੁੱਝ ਕੇ ਅਤੇ ਯੋਜਨਾਬੱਧ ਕੋਸ਼ਿਸ਼ ਜਾਪਦੀ ਹੈ।

ਯੂਨੀਵਰਸਿਟੀ ਇਹ ਸਪੱਸ਼ਟ ਕਰਦੀ ਹੈ ਕਿ ਇਸ ਸਮੇਂ ਫੈਲਾਈਆਂ ਜਾ ਰਹੀਆਂ ਅਫਵਾਹਾਂ ਵਿੱਚ ਕੋਈ ਸੱਚਾਈ ਨਹੀਂ। ਵਿਦਿਆਰਥੀਆਂ, ਮਾਪਿਆਂ ਅਤੇ ਆਮ ਜਨਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਅਜਿਹੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ, ਫੈਲਾਉਣ ਜਾਂ ਪ੍ਰਚਾਰ ਨਾ ਕਰਨ। ਉਨ੍ਹਾਂ ਨੂੰ ਸਿਰਫ਼ ਅਧਿਕਾਰਤ ਯੂਨੀਵਰਸਿਟੀ ਚੈਨਲਾਂ ਰਾਹੀਂ ਪ੍ਰਦਾਨ ਕੀਤੀ ਗਈ ਜਾਣਕਾਰੀ 'ਤੇ ਭਰੋਸਾ ਕਰਨਾ ਚਾਹੀਦਾ ਹੈ। ਐੱਲ ਪੀ ਯੂ ਦੇ ਡੀਨ ਸੌਰਵ ਲਖਨਪਾਲ ਨੇ ਕਿਹਾ ਕਿ ਕਈ ਸਮਾਜ ਵਿਰੋਧੀ ਅਨਸਰਾਂ ਨੇ ਪ੍ਰਦਰਸ਼ਨਾਂ ਵਿੱਚ ਘੁਸਪੈਠ ਕੀਤੀ ਹੈ। ਉਨ੍ਹਾ ਇਹ ਵੀ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਕੈਂਪਸ ਨੂੰ ਪਹੁੰਚੇ ਨੁਕਸਾਨ ਅਤੇ ਹਿੰਸਾ ਦੀ ਜਾਂਚ ਦੀ ਮੰਗ ਲਈ ਕਾਨੂੰਨ ਦਾ ਸਹਾਰਾ ਲਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਵੱਖ-ਵੱਖ ਪਿੰਡਾਂ 'ਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਵੰਡੇ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਬਿਹਤਰ ਅਤੇ ਆਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਆਰੰਭੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਹਲਕੇ ਦੇ ਪਿੰਡਾਂ ਬਹਿਰਾਮਪੁਰ, ਧਮਰਾਈ ਅਤੇ ਕੋਠੇ ਭਗਵਾਨਪੁਰ ਵਿਖੇ ਯੋਗ ਲਾਭਪਾਤਰੀਆਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਵਾਲੇ ਸਿਹਤ ਕਾਰਡ ਵੰਡੇ।ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਸੰਮਤੀ ਮੈਂਬਰ ਮਨਮੋਹਨ ਸਿੰਘ, ਬਲਾਕ ਸੰਮਤੀ ਮੈਂਬਰ ਰੁਪਿੰਦਰ ਕੌਰ ਕੱਤੋਵਾਲ, ਸਰਪੰਚ ਬਚਨ ਲਾਲ ਬਹਿਰਾਮਪੁਰ ਅਤੇ ਗੁਰਨਾਮ ਸਿੰਘ ਧਮਰਾਈ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਸੂਬਾ ਸਰਕਾਰ ਦਾ ਇੱਕ ਇਨਕਲਾਬੀ ਕਦਮ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਮਹਿੰਗੇ ਇਲਾਜ ਕਾਰਨ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦਾ ਬਜਟ ਵਿਗੜ ਜਾਂਦਾ ਹੈ, ਪਰ ਹੁਣ ਇਸ ਕਾਰਡ ਦੀ ਬਦੌਲਤ ਕੋਈ ਵੀ ਲੋੜਵੰਦ ਪਰਿਵਾਰ ਪੈਸੇ ਦੀ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹੇਗਾ।ਇਸ ਕਾਰਡ ਦੇ ਜ਼ਰੀਏ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਬਿਲਕੁਲ ਮੁਫ਼ਤ ਕਰਵਾਇਆ ਜਾ ਸਕਦਾ ਹੈ।ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਮੋਹਨ ਸਿੰਘ ਅਤੇ ਰੁਪਿੰਦਰ ਕੌਰ ਕੱਤੋਵਾਲ ਨੇ ਵੀ ਵਿਚਾਰ ਸਾਂਝੇ ਕੀਤੇ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਦਾ ਵੱਧ ਤੋਂ ਵੱਧ ਲਾਹਾ ਲੈਣ।ਕਾਰਡ ਹਾਸਲ ਕਰਨ ਤੋਂ ਬਾਅਦ ਸਰਪੰਚ ਬਚਨ ਲਾਲ ਬਹਿਰਾਮਪੁਰ ਅਤੇ ਗੁਰਨਾਮ ਸਿੰਘ ਧਮਰਾਈ ਨੇ ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਇਤਿਹਾਸਕ ਫੈਸਲੇ ਨਾਲ ਸਰਹੱਦੀ ਖੇਤਰ ਦੇ ਲੋਕਾਂ ਨੂੰ ਬਹੁਤ ਵੱਡੀ ਆਰਥਿਕ ਅਤੇ ਮਾਨਸਿਕ ਰਾਹਤ ਮਿਲੇਗੀ।ਹਲਕਾ ਇੰਚਾਰਜ ਨੇ ਮੌਕੇ 'ਤੇ ਮੌਜੂਦ ਸਿਹਤ ਵਿਭਾਗ ਦੇ ਕਰਮਚਾਰੀਆਂ ਅਤੇ ਪੰਚਾਇਤ ਪ੍ਰਤੀਨਿਧਾਂ ਨੂੰ ਸਖ਼ਤ ਹਦਾਇਤ ਕੀਤੀ ਕਿ ਹਲਕੇ ਦੇ ਹਰ ਇੱਕ ਯੋਗ ਪਰਿਵਾਰ ਦਾ ਇਹ ਕਾਰਡ ਲਾਜ਼ਮੀ ਤੌਰ ਤੇ ਬਣਾਇਆ ਜਾਵੇ ਤਾਂ ਜੋ ਕੋਈ ਵੀ ਨਾਗਰਿਕ ਸੁਵਿਧਾ ਤੋਂ ਵਾਂਝਾ ਨਾ ਰਹੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਮੋਹਤਬਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਨਸ਼ਾ ਮੁਕਤ ਪੰਜਾਬ ਯਾਤਰਾ ਢਿੱਲਵਾਂ 'ਚ ਅੱਜ ਪੁੱਜੇਗੀ

ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)-ਭਾਜਪਾ ਆਗੂ ਸਰਕਲ ਢਿੱਲਵਾਂ ਦੀ ਇਕ ਮੀਟਿੰਗ ਸਰਕਲ ਪ੍ਰਧਾਨ ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ਬਜਾਜ ਸਵੀਟ ਢਿੱਲਵਾਂ ਵਿਖੇ ਹੋਈ।

ਸਰਕਲ ਪ੍ਰਧਾਨ ਹਰਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ 28 ਸਤੰਬਰ ਨੂੰ ਆਉਣ ਵਾਲੀ, ਨਸ਼ਾ ਮੁਕਤ ਪੰਜਾਬ ਯਾਤਰਾ ਦਾ ਕਸਬਾ ਢਿੱਲਵਾਂ ਪਹੁੰਚਣ ਤੇ ਸਵਾਗਤ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਅਤੇ ਪਾਰਟੀ ਵਰਕਰਾਂ ਅਤੇ ਹਲਕੇ ਦੇ ਲੋਕਾਂ ਵਿਚ ਯਾਤਰਾ ਨੂੰ ਲੇ ਕੇ ਭਾਰੀ ਉਤਸ਼ਾਹ ਹੈ।

ਇਸ ਮੌਕੇ ਹਰਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ, ਅਤੇ ਉਨਾਂ ਨੂੰ ਸਹੀ ਦਿਸ਼ਾ ਵੱਲ ਲੈ ਕੇ ਜਾਣਾ ਸਮਾਜ ਦੇ ਹਰ ਵਰਗ ਦੀ ਸਾਂਝੀ ਜਿੰਮੇਵਾਰੀ ਹੈ। ਇਸ ਮੌਕੇ ਸੌਰਵ ਖੁੱਲਰ ਭਾਜਪਾ ਦੇ ਸੀਨੀਅਰ ਆਗੂ, ਰਮਨਦੀਪ ਸਿੰਘ, ਰਮਨ ਬਜਾਜ, ਸਤਨਾਮ ਸਿੰਘ, ਵਰੁਣ ਕੋਹਲੀ, ਰਣਜੀਤ ਸਿੰਘ ਅਤੇ ਹੋਰ ਆਗੂ ਆਦਿ ਹਾਜ਼ਰ ਸਨ।

# ਕਬਾੜੀਏ ਦੀ ਦੁਕਾਨ 'ਚੋਂ ਇੱਕ ਲੱਖ ਦਾ ਸਾਮਾਨ ਚੋਰੀ



ਝਬਾਲ (ਹਰਜਿੰਦਰ ਸਿੰਘ ਸੋਨੀ)-ਅਟਾਰੀ ਰੋਡ 'ਤੇ ਸਥਿਤ ਸੰਨੀ ਰੇਡੀਏਟਰ ਵਰਕਸ ਅਤੇ ਪਾਲੀ ਕਬਾੜੀਏ ਦੀ ਦੁਕਾਨ ਵਿੱਚੋਂ ਚੋਰਾਂ ਵੱਲੋਂ ਬੀਤੀ ਰਾਤ ਦੁਕਾਨ ਨੂੰ ਸੰਨ੍ਹ ਲਾ ਕੇ ਦੁਕਾਨ ਵਿੱਚ ਪਈਆਂ ਤਾਂਬੇ ਦੀਆਂ ਤਾਰਾਂ, ਹੀਟਰ ਅਤੇ ਹੋਰ ਸਾਮਾਨ ਚੋਰੀ ਕਰ ਲਿਆ ਗਿਆ ਜਿਸ ਦੀ ਕੀਮਤ ਕਰੀਬ ਇੱਕ ਲੱਖ ਰੁਪਏ ਦੇ ਆਸ ਪਾਸ ਬਣਦੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਾਲੀ ਕਬਾੜੀਏ ਨੇ ਕਿਹਾ ਕਿ ਉਹ ਹਰ ਰੋਜ਼ ਦੀ ਤਰ੍ਹਾਂ ਬੀਤੀ ਸ਼ਾਮ ਨੂੰ ਕਰੀਬ 7 ਵਜੇ ਦੇ ਆਸ ਪਾਸ ਆਪਣੀ ਦੁਕਾਨ ਬੰਦ ਕਰਕੇ ਘਰ ਗਿਆ।

ਜਦੋਂ ਸਵੇਰੇ ਆ ਕੇ ਦੇਖਿਆ ਤਾਂ ਜਿੰਦਰਿਆਂ ਉਪਰ ਸੱਟਾਂ ਵੱਜੀਆਂ ਹੋਈਆਂ ਸਨ ਜਿਨ੍ਹਾਂ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਗਈ ਸੀ ਪਰ ਤਾਲੇ ਮਜ਼ਬੂਤ ਹੋਣ ਕਾਰਨ ਟੁੱਟੇ ਨਹੀਂ ਜਿਸ ਤੋਂ ਬਾਅਦ ਚੋਰਾਂ ਨੇ ਦੁਕਾਨ ਨੂੰ ਪਿਛਲੇ ਪਾਸਿਓਂ ਸੰਨ੍ਹ ਲਾ ਲਈ ਅਤੇ ਵਿੱਚੋਂ ਸਾਮਾਨ ਚੋਰੀ ਕਰ ਲਿਆ। ਇਸ ਮੌਕੇ ਅੱਡਾ ਝਬਾਲ ਦੇ ਸਮੂਹ ਦੁਕਾਨਦਾਰਾਂ ਅਤੇ ਅੱਡਾ ਵਾਸੀ ਇਨ੍ਹਾਂ ਨੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਗਈ ਕਿ ਅੱਡਾ ਝਬਾਲ ਵਿੱਚ ਰਾਤ ਦੇ ਸਮੇਂ ਮੁਲਾਜ਼ਮਾਂ ਦੀਆਂ ਡਿਊਟੀਆਂ ਲਗਾਈਆਂ ਜਾਣ ਜਿਸ ਨਾਲ ਹੁੰਦੀਆਂ ਚੋਰੀਆਂ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਈ ਜਾ ਸਕੇ ਅਤੇ ਅੱਡਾ ਝਬਾਲ ਦੇ ਵਾਸੀ ਅਤੇ ਦੁਕਾਨਦਾਰ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ।ਇਸ ਮੌਕੇ ਪਾਲੀ ਕਬਾੜੀਆ, ਦੀਪੂ ਕਬਾੜੀਆ, ਸਨੀ ਰੇਡੀਏਟਰਾਂ ਵਾਲਾ, ਮਨਦੀਪ ਸਿੰਘ, ਰਸ਼ਪਾਲ ਸਿੰਘ ਆਦਿ ਦੁਕਾਨਦਾਰ ਹਾਜ਼ਰ ਸਨ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ-ਦਿਨ ਮੌਕੇ ਸਤਕੋਹਾ ਵਿਖੇ ਸਮਾਗਮ



**ਬਟਾਲਾ/ਧਾਰੀਵਾਲ, (ਤਰਲੋਕ ਬੱਗਾ/ਮਨਦੀਪ ਵਿੱਕੀ)**-ਸਰਹੱਦੀ ਸਪੋਰਟਸ ਅਤੇ ਵੈੱਲਫੇਅਰ ਕਲੱਬ (ਰਜਿ:) ਬਟਾਲਾ ਵੱਲੋਂ ਇਥੋਂ ਨਜ਼ਦੀਕ ਗੁਰੂ ਨਾਨਕ ਹਾਈ ਸਕੂਲ ਸਤਕੋਹਾ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਹਾੜਾ ਸ਼ਰਧਾ, ਉਤਸ਼ਾਹ ਅਤੇ ਦੇਸ਼ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ।ਇਸ ਮੌਕੇ ਕਰਵਾਏ ਸੱਭਿਆਚਾਰਕ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ, ਲੋਕ ਗੀਤ, ਸੋਲੋ ਡਾਂਸ, ਗਰੁੱਪ ਡਾਂਸ ਅਤੇ ਕੋਰੀਓਗ੍ਰਾਫੀ ਦੀਆਂ ਦਿਲਕਸ਼ ਪੇਸ਼ਕਾਰੀਆਂ ਰਾਹੀਂ ਪੰਜਾਬੀ ਸੱਭਿਆਚਾਰ ਦੇ ਰੰਗਾਂ ਦੇ ਨਾਲ-ਨਾਲ ਦੇਸ਼ ਭਗਤੀ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਸੰਦੇਸ਼ ਵੀ ਪੇਸ਼ ਕੀਤਾ ਗਿਆ।ਸਮਾਗਮ ਵਿੱਚ ਸਰਹੱਦੀ ਸਪੋਰਟਸ ਅਤੇ ਵੈਲਫੇਅਰ ਕਲੱਬ ਬਟਾਲਾ ਦੇ ਚੇਅਰਮੈਨ ਡਾ. ਲਖਬੀਰ ਸਿੰਘ ਬੁੱਟਰ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਕੂਲ ਦੇ ਹੈੱਡ ਮਾਸਟਰ ਗੁਰਮੀਤ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਡਾ. ਬੁੱਟਰ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸੋਚ, ਦੇਸ਼ ਪ੍ਰਤੀ ਸਮਰਪਣ ਅਤੇ ਕੁਰਬਾਨੀ ਨੌਜਵਾਨ ਪੀੜ੍ਹੀ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ। ਇਸ ਮੌਕੇ ਕਲੱਬ ਦੇ ਚੇਅਰਮੈਨ ਡਾ. ਲਖਬੀਰ ਸਿੰਘ ਬੁੱਟਰ, ਪ੍ਰਧਾਨ ਤੇਜ ਪ੍ਰਤਾਪ ਸਿੰਘ ਕਾਹਲੋਂ, ਸਕੂਲ ਕਮੇਟੀ ਮੈਂਬਰ ਗੁਰਵਿੰਦਰਪਾਲ ਸਿੰਘ ਵਿੱਕੀ ਅਤੇ ਤਰਲੋਚਨ ਸਿੰਘ ਕਾਹਲੋਂ ਵੱਲੋਂ ਸਮਾਜਿਕ ਖੇਤਰ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲੀਆਂ ਯੂਥ ਕਲੱਬਾਂ, ਸੰਸਥਾਵਾਂ ਦੇ ਅਹੁਦੇਦਾਰਾਂ ਅਤੇ ਸਕੂਲ ਦੇ ਅਧਿਆਪਕਾਂ ਜਿਨ੍ਹਾਂ ਵਿੱਚ ਦਾ ਸ਼ੁਭ ਵੈੱਲਫੇਅਰ ਸੁਸਾਇਟੀ ਸ਼ਾਹਬਾਦ ਦੇ ਚੇਅਰਮੈਨ ਹਰਵਿੰਦਰਪਾਲ ਸਿੰਘ, ਪ੍ਰਧਾਨ ਮਨਪ੍ਰੀਤ ਸਿੰਘ ਕਾਹਲੋਂ, ਜਸਬੀਰ ਸਿੰਘ, ਜਗਦੀਪ ਸਿੰਘ, ਗੁਰਮੁਖ ਸਿੰਘ ਬਹਾਦਰਪੁਰ, ਸ਼ਤਰਪਾਲ ਸਿੰਘ ਪੰਡੋਰੀ ਬੈਂਸਾਂ, ਅਰਵਿੰਦਰ ਸਿੰਘ ਪੱਡਾ, ਹੈਡ ਮਾਸਟਰ ਗੁਰਮੀਤ ਸਿੰਘ ਅਤੇ ਅਧਿਆਪਕ ਹਰਪਾਲ ਸਿੰਘ, ਵਿਪਨ, ਰੋਮਿਕਾ, ਪਲਵਿੰਦਰ ਕੌਰ ਤੇ ਮਨਵੀਨ ਕੌਰ ਆਦਿ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਰਘਬੀਰ ਸਿੰਘ ਕਾਹਲੋਂ, ਗੁਰਮੇਜ ਸਿੰਘ ਕਾਹਲੋਂ, ਸਾਬਕਾ ਸਰਪੰਚ ਰਸ਼ਪਾਲ ਸਿੰਘ, ਕਸ਼ਮੀਰ ਸਿੰਘ, ਤਾਜ ਮਸੀਹ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ, ਸਮਾਜ ਸੇਵੀ, ਅਧਿਆਪਕ, ਵਿਦਿਆਰਥੀ ਅਤੇ ਇਲਾਕਾ ਵਾਸੀ ਹਾਜ਼ਰ ਸਨ।ਅੰਤ ਵਿੱਚ ਕਲੱਬ ਦੇ ਪ੍ਰਧਾਨ ਤੇਜ ਪ੍ਰਤਾਪ ਸਿੰਘ ਕਾਹਲੋਂ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ, ਸਕੂਲ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਭੈਣ ਸੱਤਿਆ ਰਾਣੀ ਨਮਿਤ ਅੰਤਮ ਅਰਦਾਸ 2 ਨੂੰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਸਾਥੀ ਕਿਰਪਾ ਰਾਮ, ਮੀਤ ਪ੍ਰਧਾਨ ਸੀਟੂ ਦੀ ਪ੍ਰਧਾਨਗੀ ਹੇਠ ਕੁੱਲ ਹਿੰਦ ਕਿਸਾਨ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਵਰਕਰਾਂ ਦੀ ਸਾਂਝੀ ਮੀਟਿੰਗ ਸੀਟੂ ਦਫ਼ਤਰ, ਪੁਤਲੀਘਰ ਵਿਚ ਹੋਈ। ਮੀਟਿੰਗ ਵਿਚ ਭੈਣ ਸੱਤਿਆ ਰਾਣੀ ਪਤਨੀ ਕਾਮਰੇਡ ਚਰਨਜੀਤ ਮਜੀਠਾ ਜ਼ਿਲ੍ਹਾ ਪ੍ਰਧਾਨ ਸੀਟੂ ਤੇ ਜ਼ਿਲ੍ਹਾ ਸਕੱਤਰ ਸੀਪੀਆਈਐੱਮ ਦੀ ਬੇਵਕਤ ਹੋਈ ਦੁੱਖਦਾਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਭੈਣ ਸੱਤਿਆ ਰਾਣੀ ਦੇ ਚਲੇ ਜਾਣ ਨਾਲ ਜਿੱਥੇ ਚਰਨਜੀਤ ਤੇ ਪਰਿਵਾਰ ਨੂੰ ਬੜਾ ਵੱਡਾ ਘਾਟਾ ਪਿਆ ਹੈ, ਉਥੇ ਚਰਨਜੀਤ ਜੋ 24 ਘੰਟੇ ਪਾਰਟੀ ਤੇ ਜਥੇਬੰਦੀ ਦਾ ਕੰਮ ਕਰਦਾ ਸਨ, ਉਨ੍ਹਾਂ 'ਤੇ ਵੀ ਅਸਰ ਪਵੇਗਾ।

ਇਸ ਦੁੱਖ ਦੀ ਘੜੀ ਵਿਚ ਅੰਮ੍ਰਿਤਸਰ ਜ਼ਿਲ੍ਹੇ ਦੇ ਸਮੁੱਚੇ ਵਰਕਰ ਚਰਨਜੀਤ ਮਜੀਠਾ ਨਾਲ ਖੜ੍ਹੇ ਹਨ। ਮੀਟਿੰਗ ਵਿੱਚ ਕਾਮਰੇਡ ਸੁੱਚਾ ਸਿੰਘ ਅਜਨਾਲਾ, ਸਵਿੰਦਰ ਸਿੰਘ ਮੀਰਾਂਕੋਟ, ਜਸਬੀਰ ਸਿੰਘ ਝਬਾਲ, ਗੁਰਦੀਪ ਸਿੰਘ ਬੁਤਾਲਾ, ਗੁਰਨਾਮ ਸਿੰਘ ਤਲਵੰਡੀ, ਰਣਜੀਤ ਸਿੰਘ ਬੱਲ, ਤਰਸੇਮ ਸਿੰਘ ਟਪਿਆਲਾ, ਮਹਿੰਦਰ ਸਿੰਘ ਸਿੱਧੂ, ਸਤਨਾਮ ਸਿੰਘ, ਸਰੋਜ ਬਾਲਾ, ਭੁਪਿੰਦਰ ਛੀਨਾ, ਜਗੀਰ ਸਿੰਘ ਸਰਜਾ, ਭੈਣ ਕਵੰਲਜੀਤ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਪੂਜਾ, ਭਗਵੰਤ ਸਿੰਘ, ਨਰਿੰਦਰ ਧੰਜਲ, ਪ੍ਰੇਮ ਬਿਲਾਸ, ਕੁਲਬੀਰ ਸਿੰਘ, ਜਸਪਾਲ ਸ਼ਰਮਾ, ਵਿਜੇ ਕੁਮਾਰ, ਰਘਬੀਰ ਕੌਰ [illegible] ਆਦਿ ਸ਼ਾਮਿਲ ਸਨ। ਭੈਣ ਸੱਤਿਆ ਰਾਣੀ ਨਮਿਤ ਅੰਤਮ ਅਰਦਾਸ 2 ਅਕਤੂਬਰ ਨੂੰ ਗੁਰਦੁਆਰਾ ਬਾਬਾ ਕਾਹਨ ਸਿੰਘ ਮਜੀਠਾ ਵਿਖੇ ਹੋਵੇਗੀ।

# ਇੰਦਰਜੀਤ ਸਿੰਘ ਲਾਲੀ ਬਣੇ ਕਾਂਗਰਸ ਓ ਬੀ ਸੀ ਵਿੰਗ ਦੇ ਜ਼ਿਲ੍ਹਾ ਕੋਆਰਡੀਨੇਟਰ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਪੰਜਾਬ ਕਾਂਗਰਸ ਓ ਬੀ ਸੀ ਵਿੰਗ ਦੇ ਰਾਸ਼ਟਰੀ ਮੀਤ ਪ੍ਰਧਾਨ ਕੰਵਰਦੀਪ ਸਿੰਘ ਸੈਣੀ ਨੇ ਪੰਜਾਬ ਕਾਂਗਰਸ ਨੂੰ ਮਜ਼ਬੂਤ ਕਰਨ ਦੀ ਪ੍ਰਕਿਰਿਆ ਤਹਿਤ ਤਰਨ ਤਾਰਨ ਹਲਕੇ ਦੇ ਕਾਂਗਰਸ ਪਾਰਟੀ ਦੇ ਇੰਚਾਰਜ ਕਰਨਬੀਰ ਸਿੰਘ ਬੁਰਜ ਦੇ ਅਤਿ ਨਜ਼ਦੀਕੀ ਸਾਥੀ ਇੰਦਰਜੀਤ ਸਿੰਘ ਲਾਲੀ ਪਲਾਈਵੁੱਡ ਵਾਲੇ ਨੂੰ ਜ਼ਿਲਾ ਤਰਨ ਤਾਰਨ ਦੇ ਓ ਬੀ ਸੀ ਵਿੰਗ ਕਾਂਗਰਸ ਦੇ ਕੋਆਰਡੀਨੇਟਰ ਨਿਯੁਕਤ ਕੀਤਾ ਜਿਸ 'ਤੇ ਅੱਜ ਇਲਾਕੇ ਦੇ ਪਤਵੰਤੇ ਰਾਜਕਰਨ, ਰਾਜਨ, ਲਾਲੀ ਠੱਠੀਆਂ, ਜੱਸਲ ਟੇਲਰ, ਮਨਜਿੰਦਰ ਸਿੰਘ ਮੰਨੀ ਭੋਜੀਆਂ, ਮਨਜਿੰਦਰ ਸਿੰਘ ਮੰਨੂੰ ਸੋਹਲ, ਪੱਪਾ ਫੋਟੋਸਟੇਟ ਵਾਲਾ, ਚੰਡੀਗੜ ਜਰਨਲਿਸਟ ਯੂਨੀਅਨ ਦੇ ਝਬਾਲ ਦੇ ਪ੍ਰਧਾਨ ਤੇ ਸਾਬਕਾ ਸਰਪੰਚ ਨਰਿੰਦਰ ਪੱਪਾ, ਮੀਤ ਪ੍ਰਧਾਨ ਸੁਖਦੇਵ ਸਿੰਘ ਮੀਆਂਪੁਰ, ਤੇਜਿੰਦਰ ਸਿੰਘ ਬੱਬੂ, ਮੱਖਣ ਮਨੋਜ, ਗੁਰਬੀਰ ਸਿੰਘ ਗੰਡੀਵਿੰਡ, ਤੰਨੂ ਸ਼ਰਮਾ, ਜਸ਼ਨਦੀਪ ਸਿੰਘ ਜਗਤਪੁਰਾ, ਸੁੱਖਾ ਸਿੰਘ ਠੱਠੀ, ਸਾਜਨ ਸਿੰਘ, ਸਾਜਨ ਸਿੰਘ ਛਾਪਾ, ਰਾਜਾ ਥਾਦੇ ਨਿਸ਼ਾਨ ਸਿੰਘ ਠੱਠੀ ਨੇ ਇੰਦਰਜੀਤ ਸਿੰਘ ਲਾਲੀ ਪਲਾਈਵੁੱਡ ਨੂੰ ਵਧਾਈ ਦਿੰਦਿਆਂ ਸਨਮਾਨਤ ਕੀਤਾ।

# ਟੈਕਨੀਕਲ ਸਰਵਿਸਿਜ਼ ਯੂਨੀਅਨ ਸਬ-ਯੂਨਿਟ ਹਰਸ਼ਾ ਛੀਨਾ ਵੱਲੋਂ ਕਮੇਟੀ ਦੀ ਚੋਣ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸ ਯੂਨੀਅਨ ਰਜਿ: ਪੰਜਾਬ ਰਾਜ ਬਿਜਲੀ ਬੋਰਡ ਸੂਬਾ ਕਮੇਟੀ ਦੇ ਚੋਣ ਨੋਟੀਫਿਕੇਸ਼ਨ ਮੁਤਾਬਿਕ ਸਬ ਡਵੀਜ਼ਨ ਹਰਸ਼ਾ ਛੀਨਾ ਦੀ ਚੋਣ ਕੀਤੀ ਗਈ।

ਇਸ ਸਮੇਂ ਪਹਿਲਾਂ ਅਗਵਾਈ ਕਰ ਰਹੀ ਸਬ ਡਵੀਜ਼ਨ ਕਮੇਟੀ ਵੱਲੋਂ ਆਪਣੀ ਕਾਰਗੁਜ਼ਾਰੀ ਅਤੇ ਵਿੱਤ ਰਿਪੋਰਟ ਪੇਸ਼ ਕੀਤੀ ਗਈ ਜਿਸਨੂੰ ਅਜਲਾਸ ਹਾਊਸ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਅਤੇ ਕਮੇਟੀ ਭੰਗ ਕਰਨ ਉਪਰੰਤ ਚੋਣ ਨਿਗਰਾਨ ਕਮੇਟੀ ਮੰਡਲ ਸਕੱਤਰ ਸੰਦੀਪ, ਮੰਡਲ ਕੈਸ਼ੀਅਰ ਮਲਕੀਅਤ ਸਿੰਘ ਸੈਂਸਰਾ ਦੀ ਨਿਗਰਾਨੀ ਹੇਠ ਨਵੀਂ ਚੋਣ ਕੀਤੀ ਗਈ।ਇਸ ਸਮੇਂ ਸਰਬਸੰਮਤੀ ਨਾਲ ਪ੍ਰਧਾਨ ਜੁਗਰਾਜ ਸਿੰਘ ਛੀਨਾ, ਮੀਤ ਪ੍ਰਧਾਨ ਪਰਮਿੰਦਰ ਸਿੰਘ ਅਦਲੀਵਾਲ, ਸਕੱਤਰ ਅਰਸ਼ਦੀਪ, ਸਹਾਇਕ ਸਕੱਤਰ ਹਰਦੇਵ ਸਿੰਘ ਅਤੇ ਕੈਸ਼ੀਅਰ ਜਰਨੈਲ ਸਿੰਘ ਸੈਂਸਰਾ ਦੀ ਚੋਣ ਕੀਤੀ ਗਈ।ਇਸ ਚੋਣ ਅਜਲਾਸ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਖਜਾਨਚੀ ਕੁੰਦਨ ਲਾਲ ਹਰੀਆਂ ਵੱਲੋਂ ਨਵੀਂ ਚੁਣੀ ਗਈ ਕਮੇਟੀ ਨੂੰ ਵਧਾਈ ਦਿੱਤੀ ਗਈ ਅਤੇ ਨਿੱਜੀਕਰਨ ਵਿਰੁੱਧ ਹੋਰ ਬੁਨਿਆਦੀ ਅਤੇ ਆਰਥਿਕ ਮੰਗਾਂ ਦੀ ਪ੍ਰਾਪਤੀ ਲਈ ਦ੍ਰਿੜ ਸੰਘਰਸ਼ ਕਰ ਲਈ ਪ੍ਰੇਰਿਤ ਕੀਤਾ।ਇਜਲਾਸ ਵਿੱਚ ਵੱਡੀ ਗਿਣਤੀ ਵਰਕਰਾਂ ਨੇ ਹਿੱਸਾ ਲਿਆ।

# ਚੰਦ ਫਤਿਹਪੁਰੀ ਦੇ ਸ਼ਰਧਾਂਜਲੀ ਸਮਾਗਮ 'ਚ ਸ਼ਾਮਲ ਹੋਣ ਲਈ ਜਥਾ ਪੁੱਜਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-'ਨਵਾਂ ਜ਼ਮਾਨਾ' ਦੇ ਸੰਪਾਦਕ ਕਾਮਰੇਡ ਚੰਦ ਫਤਿਹਪੁਰੀ ਜੋ ਬੀਤੇ ਦਿਨੀਂ ਕੈਂਸਰ ਦੀ ਬੀਮਾਰੀ ਨਾਲ ਜੂਝਦਿਆਂ ਸਦੀਵੀ ਵਿਛੋੜਾ ਦੇ ਗਏ ਸਨ, ਦੇ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਜ਼ਿਲ੍ਹਾ ਤਰਨਤਾਰਨ ਤੋਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾ. ਦਵਿੰਦਰ ਸੋਹਲ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਵਰਕਿੰਗ ਪ੍ਰਧਾਨ ਕਾ. ਮਹਾਂਵੀਰ ਸਿੰਘ ਗਿੱਲ, ਜ਼ਿਲ੍ਹਾ ਸਕੱਤਰ ਕਾ. ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਅਗਵਾਈ ਹੇਠ ਸਾਥੀਆਂ ਦੇ ਵੱਡੇ ਜਥੇ ਨੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਲਈ ਰਵਾਨਾ ਹੋਣ ਸਮੇਂ 'ਚੰਦ ਫਤਿਹਪੁਰੀ ਅਮਰ ਰਹੇ' ਦੇ ਨਾਅਰਿਆਂ ਨਾਲ ਆਕਾਸ਼ ਗੂੰਜਣ ਲਾ ਦਿੱਤਾ।

ਆਗੂਆਂ ਨੇ ਕਿਹਾ ਕਿ ਚੰਦ ਫਤਿਹਪੁਰੀ ਕਿਰਤ ਦੀ ਧਿਰ ਦੇ ਹਮਦਰਦ ਜ਼ਹੀਨ ਮਨੁੱਖ ਸਨ ਜਿਨ੍ਹਾਂ ਨੇ ਪੂਰੀ ਜ਼ਿੰਦਗੀ ਸੰਘਰਸ਼ਸ਼ੀਲ ਰਹਿ ਕੇ ਦੱਬੇ ਕੁਚਲੇ ਲੋਕਾਂ ਦੇ ਦਰਦਾਂ ਨੂੰ ਆਪਣੇ ਪਿੰਡੇ 'ਤੇ ਹੰਢਾ ਕੇ ਲੋਕਾਂ ਦੇ ਆਗੂ ਹੋਣ ਦਾ ਨਾਮਣਾ ਖੱਟਿਆ।ਦਵਿੰਦਰ ਸੋਹਲ ਨੇ ਕਿਹਾ ਕਿ ਉਨ੍ਹਾਂ ਦੇ ਵਿਛੋੜੇ ਨਾਲ ਜਿਥੇ ਉਨ੍ਹਾਂ ਦੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਉਥੇ 'ਨਵਾਂ ਜ਼ਮਾਨਾ' ਸਮੇਤ ਸਮੁੱਚੀ ਮਿਹਨਤਕਸ਼ ਜਮਾਤ ਨੂੰ ਵੀ ਨਾ ਪੂਰਾ ਕੀਤਾ ਜਾਣ ਵਾਲਾ ਘਾਟਾ ਪੈ ਗਿਆ ਹੈ।ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਹੋਰਨਾਂ ਤੋਂ ਇਲਾਵਾ ਇਸਤਰੀ ਸਭਾ ਦੀ ਆਗੂ ਰੁਪਿੰਦਰ ਮਾੜੀਮੇਘਾ, ਸੀਮਾ ਸੋਹਲ, ਖੇਤ ਮਜ਼ਦੂਰ ਸਭਾ ਦੇ ਆਗੂ ਕਾ. ਚਰਨ ਸਿੰਘ ਤਰਨ ਤਾਰਨ, ਗੁਰਦਿਆਲ ਸਿੰਘ ਵਰਨਾਲਾ, ਬਲਬੀਰ ਸਿੰਘ ਲਹਿਰੀ, ਪੰਜਾਬ ਸਿੰਘ ਕਸੇਲ, ਜਗਤਾਰ ਸਿੰਘ ਪੱਖੋਕੇ, ਸੁਖਜੀਤ ਸਿੰਘ ਡੁੱਗਰੀ, ਦਿਲਗੀਰ ਸਿੰਘ ਡੁੱਗਰੀ, ਸੁਖਵੰਤ ਸਿੰਘ ਮੰਨਣ, ਮਨਜੀਤ ਸਿੰਘ ਢੰਡ, ਮਲਕੀਤ ਸਿੰਘ ਮੀਆਂਪੁਰ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਮਨਜੀਤ ਕੌਰ, ਸੰਜੂ ਰਾਣੀ, ਸੂਬਾ ਸਿੰਘ ਗੱਗੋਬੂਆ, ਪ੍ਰਮਜੀਤ ਸਿੰਘ ਗੰਡੀਵਿੰਡ, ਸੁਲੱਖਣ ਸਿੰਘ ਗੰਡੀਵਿੰਡ, ਤਰਸੇਮ ਸਿੰਘ ਸੋਹਲ, ਗੁਰਮੇਜ ਸਿੰਘ ਸਰਹਾਲੀ ਆਦਿ ਆਗੂ ਸਾਥੀ ਰਵਾਨਾ ਹੋਏ।

# ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੂੰ ਸਦਮਾ, ਇਕਲੌਤੇ ਪੁੱਤਰ ਦੀ ਮੌਤ



**ਮਜੀਠਾ (ਸੋਹਿਮ ਆਨੰਦ)**-ਆਮ ਆਦਮੀ ਪਾਰਟੀ ਦੇ ਸਾਬਕਾ ਹਲਕਾ ਇੰਚਾਰਜ ਅਤੇ ਸੀਨੀਅਰ ਆਗੂ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੂੰ ਉਸ ਵਕਤ ਭਾਰੀ ਸਦਮਾ ਲੱਗਾ ਜਦ ਉਨ੍ਹਾਂ ਦੇ ਇਕਲੌਤੇ ਪੁੱਤਰ ਨੌਜਵਾਨ ਆਗੂ ਆਕਾਸ਼ਦੀਪ ਸਿੰਘ ਮਜੀਠਾ ਦੀ ਮੌਤ ਹੋ ਗਈ।ਮਿਲੀ ਜਾਣਕਾਰੀ ਅਨੁਸਾਰ ਆਕਾਸ਼ਦੀਪ ਸਿੰਘ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚਲਿਆ ਆ ਰਿਹਾ ਸੀ ਤੇ ਉਸ ਨੂੰ ਇਲਾਜ ਵਾਸਤੇ ਲੁਧਿਆਣਾ ਵਿਖੇ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਪਰ ਸ਼ਨੀਵਾਰ ਕਰੀਬ 10 ਵਜੇ ਉਸ ਦੀ ਹਸਪਤਾਲ ਵਿੱਚ ਹੀ ਮੌਤ ਹੋ ਗਈ। ਆਕਾਸ਼ਦੀਪ ਸਿੰਘ ਦੀ ਮੌਤ ਦੀ ਖਬਰ ਸੁਣ ਕੇ ਹਲਕਾ ਮਜੀਠਾ ਵਿੱਚ ਸੋਗ ਦੀ ਲਹਿਰ ਦੌੜ ਗਈ। ਜੱਗਾ ਮਜੀਠਾ ਨਾਲ ਸਿਆਸੀ, ਧਾਰਮਿਕ, ਸਮਾਜਿਕ ਸ਼ਖ਼ਸੀਅਤਾਂ ਨੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ।

# 'ਮੇਲਾ ਜੱਗ' ਮੌਕੇ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਨਤਮਸਤਕ ਹੋਏ ਬ੍ਰਹਮਪੁਰਾ ਤੇ ਲਾਲਪੁਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਤੀਸਰੇ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤ ਦਿਵਸ ਨੂੰ ਸਮਰਪਿਤ ਇਤਿਹਾਸਕ 'ਮੇਲਾ ਜੱਗ' ਦੇ ਪਵਿੱਤਰ ਦਿਹਾੜੇ ਮੌਕੇ, ਸਾਬਕਾ ਵਿਧਾਇਕ ਅਤੇ ਸੀਨੀਅਰ ਆਗੂ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਹਾਜ਼ਰੀ ਭਰੀ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਹੋਣ ਤੋਂ ਬਾਅਦ, ਸ. ਬ੍ਰਹਮਪੁਰਾ ਅੱਜ ਪਹਿਲੀ ਵਾਰ ਆਪਣੇ ਹਲਕੇ ਦੇ ਇਸ ਇਤਿਹਾਸਕ ਅਸਥਾਨ 'ਤੇ ਸ਼ੁਕਰਾਨਾ ਕਰਨ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਲਈ ਨਤਮਸਤਕ ਹੋਏ ਹਨ। ਇਸ ਪਵਿੱਤਰ ਮੌਕੇ ਉਨ੍ਹਾਂ ਦੇ ਨਾਲ ਹਲਕਾ ਖਡੂਰ ਸਾਹਿਬ ਤੋਂ ਵਿਧਾਇਕ ਸ. ਮਨਜਿੰਦਰ ਸਿੰਘ ਲਾਲਪੁਰਾ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਮੌਜੂਦ ਰਹੀ। ਸ. ਬ੍ਰਹਮਪੁਰਾ ਅਤੇ ਵਿਧਾਇਕ ਸ. ਲਾਲਪੁਰਾ ਨੇ ਗੁਰੂ ਚਰਨਾਂ ਵਿੱਚ ਕੜਾਹ ਪ੍ਰਸ਼ਾਦ ਦੀ ਦੇਗ ਭੇਟ ਕਰਕੇ ਸਮੁੱਚੇ ਪੰਜਾਬ ਦੀ ਸੁੱਖ-ਸ਼ਾਂਤੀ, ਆਪਸੀ ਭਾਈਚਾਰਕ ਸਾਂਝ ਅਤੇ 'ਆਪ' ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਸਮੇਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਮੁੜ ਖੁਸ਼ਹਾਲ ਤੇ ਨਸ਼ਾ-ਮੁਕਤ 'ਰੰਗਲਾ ਪੰਜਾਬ' ਬਣਾਉਣ ਲਈ ਅਰਦਾਸ ਕੀਤੀ। ਹਲਕਾ ਖਡੂਰ ਸਾਹਿਬ ਅੰਦਰ ਦੋਵਾਂ ਦਿੱਗਜ ਆਗੂਆਂ ਦੀ ਸਾਂਝੀ ਮੌਜੂਦਗੀ ਅਤੇ ਬੇਮਿਸਾਲ ਏਕਤਾ ਨੇ ਪਾਰਟੀ ਵਰਕਰਾਂ ਵਿੱਚ ਨਵੀਂ ਰੂਹ ਫੂਕ ਦਿੱਤੀ ਹੈ, ਜਿਸ ਨਾਲ ਸਮੁੱਚੇ ਮਾਝੇ ਦੀ ਸਿਆਸਤ ਵਿੱਚ ਆਮ ਆਦਮੀ ਪਾਰਟੀ ਦੀ ਸਥਿਤੀ ਹੋਰ ਮਜ਼ਬੂਤ ਹੋਈ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਨੂੰ ਇਸ ਦਾ ਵੱਡਾ ਸਿਆਸੀ ਲਾਹਾ ਮਿਲਣਾ ਤੈਅ ਹੈ। ਇਸ ਮੌਕੇ ਸਰਪੰਚ ਨਿਰਮਲ ਸਿੰਘ ਢੋਟੀ, ਗੁਰਸ਼ਰਨ ਸਿੰਘ ਫਤਿਹਾਬਾਦ, ਕਰਨ ਪੀ. ਏ., ਸਰਵਨ ਸਿੰਘ ਢੋਟੀ, ਜਗਰੂਪ ਸਿੰਘ ਢੋਟੀ, ਅਮਰੀਕ ਸਿੰਘ ਢੋਟੀ, ਦਲਬੀਰ ਸਿੰਘ ਢੋਟੀ, ਦਲਜੀਤ ਸਿੰਘ ਭੋਲਾ ਢੋਟੀ, ਰਾਣਾ ਢੋਟੀ, ਤੇਜਿੰਦਰ ਸਿੰਘ ਬਲਾਕ ਪ੍ਰਧਾਨ, ਗੁਰਦੀਪ ਸਿੰਘ ਬਲਾਕ ਪ੍ਰਧਾਨ, ਲਵ ਮੰਡਾਲਾ, ਮੱਖਣ ਸਿੰਘ ਢੋਟੀ, ਸੁਰਿੰਦਰ ਸਿੰਘ ਢੋਟੀ, ਨਿਸ਼ਾਨ ਸਿੰਘ ਖਵਾਸਪੁਰ, ਕੁਲਬੀਰ ਸਿੰਘ ਤੁੜ, ਹੈਪੀ ਕੰਗ ਬਲਾਕ ਪ੍ਰਧਾਨ, ਮਲਕੀਤ ਸਿੰਘ, ਪਰਤਾਪ ਸਿੰਘ ਸਰਪੰਚ ਖਡੂਰ ਸਾਹਿਬ, ਅੰਗਰੇਜ਼ ਸਿੰਘ, ਗੁਰਦਿਆਲ ਸਿੰਘ ਮੈਂਬਰ, ਜਸਵੰਤ ਸਿੰਘ ਸਰਪੰਚ ਧੂੰਦਾ, ਗੁਰਭੇਜ ਸਿੰਘ ਮੱਲ੍ਹੀ, ਰਣਜੀਤ ਸਿੰਘ ਸਰਪੰਚ ਹੰਸਾਵਾਲ, ਨਿਰਮਲ ਸਿੰਘ ਹੰਸਾਵਾਲ, ਗੁਰਦਿਆਲ ਸਿੰਘ ਭੈਲ ਸਰਪੰਚ, ਬਲਵਿੰਦਰ ਸਿੰਘ ਰੰਧਾਵਾ, ਵੱਸਣ ਸਿੰਘ ਖੱਖ, ਚਰਨ ਸਿੰਘ ਲਾਹੌਰੀਆ, ਸਤਨਾਮ ਸਿੰਘ ਮੈਂਬਰ, ਟਹਿਲ ਸਿੰਘ ਮੈਂਬਰ, ਗੁਰਸਾਹਿਬ ਸਿੰਘ ਮੈਂਬਰ, ਸੁਖਬੀਰ ਸਿੰਘ ਚੇਅਰਮੈਨ, ਘੁੱਕ ਸਿੰਘ ਬਲਾਕ ਸੰਮਤੀ ਮੈਂਬਰ, ਬਲਜਿੰਦਰ ਸਿੰਘ ਮੈਂਬਰ, ਹਰਜੀਤ ਸਿੰਘ ਮੈਂਬਰ, ਜਸਬੀਰ ਸਿੰਘ ਮੈਂਬਰ, ਸਰਵਨ ਸਿੰਘ ਲਾਲੀ, ਅਨੰਦ ਸਿੰਘ ਮੈਂਬਰ, ਸਤਨਾਮ ਸਿੰਘ ਰਾਜਾ, ਗਗਨਦੀਪ ਸਿੰਘ, ਪਵਨਦੀਪ ਸਿੰਘ ਅਤੇ ਰਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ-ਸਰਪੰਚ ਅਤੇ ਮੋਹਤਬਰ ਆਗੂ ਸਾਹਿਬਾਨ ਹਾਜ਼ਰ ਸਨ।

# ਪ੍ਰਿੰ. ਜਸਪਾਲ ਕੌਰ ਸਿੱਧੂ 'ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ'



ਤਰਨਤਾਰਨ (ਪ੍ਰਿਤਪਾਲ ਸਿੰਘ)- ਗੁਰੂ ਨਾਨਕ ਦੇਵ ਅਕੈਡਮੀ ਝਬਾਲ ਰੋਡ, ਨੂਰਦੀ, ਤਰਨ ਤਾਰਨ ਵਿਖੇ ਸ੍ਰੀ ਗੁਰੂ ਅਰਜਨ ਦੇਵ ਸਹੋਦਿਆ, ਤਰਨ ਤਾਰਨ ਵੱਲੋਂ ਅਧਿਆਪਕ ਦਿਵਸ ਦੇ ਮੌਕੇ 'ਤੇ ਸਿੱਖਿਆ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਲਈ ਸ਼੍ਰੀ ਗੁਰੂ ਅਰਜਨ ਦੇਵ ਸਹੋਦਿਆ ਤਰਨ ਤਾਰਨ ਵੱਲੋਂ ਅਧਿਆਪਕ ਦਿਵਸ ਸਮਾਰੋਹ, ਗੁਰੂ ਨਾਨਕ ਦੇਵ ਅਕੈਡਮੀ, ਤਰਨ ਤਾਰਨ ਵਿਖੇ ਬੜੇ ਉਤਸ਼ਾਹ ਅਤੇ ਮਾਣ-ਸਨਮਾਨ ਨਾਲ ਆਯੋਜਿਤ ਕੀਤਾ ਗਿਆ।ਇਸ ਮਾਣਮੱਤੇ ਸਮਾਰੋਹ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਆਪਣੀ ਸਮਰਪਿਤ ਸੇਵਾ, ਮਿਹਨਤ ਅਤੇ ਉਤਮ ਯੋਗਦਾਨ ਲਈ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਅਤੇ ਸ਼੍ਰੀ ਗੁਰੂ ਅਰਜਨ ਦੇਵ ਸਹੋਦਿਆ, ਤਰਨ ਤਾਰਨ ਦੇ ਪ੍ਰਧਾਨ ਗੁਰਚਰਨ ਕੌਰ, ਐਡੀਸ਼ਨਲ ਡਿਪਟੀ ਕਮਿਸ਼ਨਰ ਤਰਨ ਤਾਰਨ ਆਦਿਤਯ ਸ਼ਰਮਾ, ਐੱਸ. ਪੀ. ਹੈੱਡਕੁਆਟਰ, ਤਰਨ ਤਾਰਨ ਸ. ਸੁਖਨਿੰਦਰ ਸਿੰਘ ਅਤੇ ਬਾਬਾ ਅਵਤਾਰ ਸਿੰਘ ਨੇ ਕੁੱਲ 74 ਅਧਿਆਪਕਾਂ ਅਤੇ 5 ਪ੍ਰਿੰਸੀਪਲਾਂ ਨੂੰ ਸਨਮਾਨਿਤ ਕੀਤਾ।

ਗੁਰੂ ਨਾਨਕ ਦੇਵ ਅਕੈਡਮੀ, ਤਰਨ ਤਾਰਨ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਰਹੀ ਕਿ ਅਕੈਡਮੀ ਦੀ ਪ੍ਰਿੰਸੀਪਲ ਜਸਪਾਲ ਕੌਰ ਸਿੱਧੂ ਨੂੰ 'ਬੈਸਟ ਪ੍ਰਿੰਸੀਪਲ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਦੀ ਸਮਰਪਿਤ ਅਗਵਾਈ, ਨਿਰੰਤਰ ਯਤਨਾਂ ਅਤੇ ਵਿਦਿਆਰਥੀਆਂ ਦੇ ਅਕਾਦਮਿਕ ਤੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਪ੍ਰਸ਼ੰਸਾ ਹੈ।

# ਸੀਨੀਅਰ ਸਹਾਇਕ ਅਮਰਪ੍ਰੀਤ ਸਿੰਘ ਦਫਤਰ ਡੀ ਈ ਓ (ਐਲੀ:) ਅੰਮ੍ਰਿਤਸਰ ਸਨਮਾਨਿਤ

ਵੇਰਕਾ (ਰਾਣਾ)-ਸਮਾਜਿਕ ਨਿਆਂ, ਸ਼ਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲ੍ਹਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ) ਅਤੇ ਸਾਹਿਬ ਸਿੰਘ ਜ਼ਿਲ੍ਹਾ ਪ੍ਰਧਾਨ ਐੱਸ. ਐੱਲ. ਏ. ਯੂਨੀਅਨ ਅੰਮ੍ਰਿਤਸਰ ਵੱਲੋਂ ਸੀਨੀ: ਸਹਾਇਕ ਅਮਰਪ੍ਰੀਤ ਸਿੰਘ ਦਫਤਰ ਡੀ.ਈ.ਓ (ਐਲੀ:) ਨੂੰ ਬੇਹੱਦ ਵਧੀਆ ਅਤੇ ਸ਼ਲਾਘਾਯੋਗ ਦਫ਼ਤਰੀ ਸੇਵਾਵਾਂ ਨਿਭਾਉਣ ਲਈ ਸ਼ਹੀਦੇ ਆਜ਼ਮ ਭਗਤ ਸਿੰਘ ਦੀ ਇੱਕ ਯਾਦਗਾਰੀ ਤਸਵੀਰ ਭੇਟ ਕਰਦੇ ਹੋਏ ਸਨਮਾਨਿਤ ਕੀਤਾ ਗਿਆ।ਇਸ ਮੌਕੇ ਉਪਰੋਕਤ ਜਥੇਬੰਦਕ ਆਗੂ ਕੁਲਜੀਤ ਸਿੰਘ ਵੇਰਕਾ ਨੇ ਦੱਸਿਆ ਕਿ ਸੀਨੀ: ਸਹਾਇਕ ਅਮਰਪ੍ਰੀਤ ਸਿੰਘ ਬੜੇ ਇਮਾਨਦਾਰ, ਮਿਹਨਤੀ ਅਤੇ ਆਪਣੇ ਕੰਮ ਪ੍ਰਤੀ ਸੁਹਿਰਦ ਹਨ।ਉਨ੍ਹਾਂ ਨਿਕਟ ਭਵਿੱਖ ਵਿੱਚ ਵੀ ਅਜਿਹੀ ਉਮੀਦ ਕਰਦੇ ਹੋਏ ਅਮਰਪ੍ਰੀਤ ਸਿੰਘ ਨੂੰ ਢੇਰ ਸਾਰੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।



# ਕਰਾਟੇਕਾ ਸੋਨਮਜੀਤ ਕੌਰ ਨੇ ਅੰਤਰਰਾਸ਼ਟਰੀ ਪੱਧਰ 'ਤੇ ਸੋਨੇ ਦਾ ਤਮਗਾ ਜਿੱਤਿਆ



ਤਰਨਤਾਰਨ (ਪ੍ਰਿਤਪਾਲ ਸਿੰਘ)-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀ ਸੱਤਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਸੋਨਮਜੀਤ ਕੌਰ, ਸਪੁੱਤਰੀ ਰੂੜ ਸਿੰਘ ਨੇ ਮਲੇਸ਼ੀਆ ਵਿਖੇ ਆਯੋਜਿਤ ਅੰਤਰਰਾਸ਼ਟਰੀ ਕਰਾਟੇ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸੋਨੇ ਦਾ ਤਮਗਾ ਆਪਣੇ ਨਾਮ ਕੀਤਾ।ਇਸ ਮਾਣਮੱਤੀ ਪ੍ਰਾਪਤੀ ਨਾਲ ਵਿਦਿਆਰਥਣ ਨੇ ਆਪਣੇ ਮਾਪਿਆਂ ਦੇ ਨਾਲ-ਨਾਲ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਅਤੇ ਸਮੁੱਚੇ ਇਲਾਕੇ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ।ਸੋਨਮਜੀਤ ਕੌਰ ਨੇ ਇਹ ਸ਼ਾਨਦਾਰ ਉਪਲਬਧੀ ਆਪਣੇ ਕਰਾਟੇ ਕੋਚ ਕੈਨਜੋ ਗੁਰਪ੍ਰੀਤ ਰੋਜ਼ੀ ਸੇਠੀ, ਏਸ਼ੀਅਨ ਗੋਲਡ ਮੈਡਲਿਸਟ ਅਤੇ ਇੰਟਰਨੈਸ਼ਨਲ ਕੋਚ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਹਾਸਲ ਕੀਤੀ। ਉਨ੍ਹਾਂ ਦੀ ਸਖ਼ਤ ਮਿਹਨਤ, ਲਗਨ, ਅਨੁਸ਼ਾਸਨ ਅਤੇ ਨਿਰੰਤਰ ਅਭਿਆਸ ਨੇ ਉਸ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਨ ਵਿੱਚ ਸਫਲ ਬਣਾਇਆ।ਇਸ ਵਿਸ਼ੇਸ਼ ਪ੍ਰਾਪਤੀ 'ਤੇ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਸੋਨਮਜੀਤ ਕੌਰ ਅਤੇ ਉਸ ਦੇ ਪਰਿਵਾਰ ਨੂੰ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸੋਨਮਜੀਤ ਕੌਰ ਦੀ ਇਹ ਉਪਲਬਧੀ ਸਕੂਲ ਲਈ ਬੇਹੱਦ ਮਾਣ ਵਾਲੀ ਗੱਲ ਹੈ ਅਤੇ ਉਸ ਦੀ ਸਫਲਤਾ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰੇਗੀ।ਸਕੂਲ ਪ੍ਰਬੰਧਕਾਂ ਨੇ ਸੋਨਮਜੀਤ ਕੌਰ ਨੂੰ ਭਵਿੱਖ ਵਿੱਚ ਵੀ ਖੇਡ ਮੁਕਾਬਲਿਆਂ ਵਿੱਚ ਪੂਰੇ ਜੋਸ਼ ਅਤੇ ਲਗਨ ਨਾਲ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਉਸ ਦੇ ਉਜਵਲ ਅਤੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਅਜਿਹੀਆਂ ਸ਼ਾਨਦਾਰ ਪ੍ਰਾਪਤੀਆਂ ਸਕੂਲ, ਮਾਪਿਆਂ ਅਤੇ ਸਮੁੱਚੇ ਇਲਾਕੇ ਲਈ ਮਾਣ ਦਾ ਵਿਸ਼ਾ ਬਣਦੀਆਂ ਹਨ।ਸੋਨਮਜੀਤ ਕੌਰ ਦੀ ਇਸ ਅੰਤਰਰਾਸ਼ਟਰੀ ਪ੍ਰਾਪਤੀ ਨਾਲ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਅਤੇ ਗੋਇੰਦਵਾਲ ਸਾਹਿਬ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਹੈ।

# ਸਰਪੰਚ ਪਤੀ ਕੁਲਜੀਤ ਸੰਧੂ ਦੀ ਮੌਤ ਦੀ ਸੀ ਬੀ ਆਈ ਜਾਂਚ ਹੋਵੇ: ਔਜਲਾ



ਛੇਹਰਟਾ, (ਮਨੋਜ ਕੁਮਾਰ) : ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਅਜਨਾਲਾ ਦੇ ਪਿੰਡ ਮਹਿਮਦ ਮੰਦਰਾਵਾਲਾ ਦੀ ਸਰਪੰਚ ਦੇ ਪਤੀ ਕੁਲਜੀਤ ਸਿੰਘ ਸੰਧੂ ਦੀ ਮੌਤ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਤੋਂ ਸੀ.ਬੀ.ਆਈ. ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਐਤਵਾਰ ਨੂੰ ਪਰਿਵਾਰ ਦੇ ਨਾਲ ਪ੍ਰੈੱਸ ਕਾਨਫਰੰਸ ਕਰਦਿਆਂ ਔਜਲਾ ਨੇ ਕਿਹਾ ਕਿ ਜੇਕਰ ਪੰਜਾਬ ਪੁਲਸ ਮਾਮਲੇ ਦੀ ਤਹਿ ਤਕ ਪੁੱਜਣ ਵਿਚ ਸਮਰੱਥ ਨਹੀਂ ਹੈ ਤਾਂ ਸਰਕਾਰ ਨੂੰ ਜਾਂਚ ਸੀ. ਬੀ. ਆਈ. ਨੂੰ ਸੌਂਪ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਉਹ ਇਸ ਮਾਮਲੇ ਨੂੰ ਕੋਰਟ ਤਕ ਵੀ ਲੈ ਕੇ ਜਾਣਗੇ ਅਤੇ ਜੇ ਲੋੜ ਪਈ ਤਾਂ ਸੰਘਰਸ਼ ਵੀ ਕਰਨਗੇ। ਔਜਲਾ ਨੇ ਕਿਹਾ ਕਿ ਕੁਲਜੀਤ ਸਿੰਘ ਦੇ ਲਾਪਤਾ ਹੋਣ ਤੋਂ ਬਾਅਦ ਉਨ੍ਹਾਂ ਦਾ ਮੋਬਾਈਲ ਕਈ ਘੰਟਿਆਂ ਤਕ ਐਕਟਿਵ ਰਿਹਾ। ਪਰਿਵਾਰ ਮੁਤਾਬਕ ਕਰੀਬ 14-15 ਘੰਟਿਆਂ ਤਕ ਮੋਬਾਈਲ ਚੱਲਦਾ ਰਿਹਾ, ਪਰ ਪੁਲਿਸ ਉਨ੍ਹਾਂ ਦੀ ਸਹੀ ਲੋਕੇਸ਼ਨ ਦਾ ਪਤਾ ਨਹੀਂ ਲਗਾ ਸਕੀ। ਔਜਲਾ ਨੇ ਸਵਾਲ ਕੀਤਾ ਕਿ ਅੱਜ ਜਦੋਂ ਪੁਲਸ ਕੋਲ ਆਧੁਨਿਕ ਤਕਨੀਕ ਉਪਲੱਬਧ ਹੈ ਤੇ ਮੋਬਾਈਲ ਦੀ ਲੋਕੇਸ਼ਨ ਟਰੇਸ ਕੀਤੀ ਜਾ ਸਕਦੀ ਹੈ ਤਾਂ ਕਰੀਬ 20-25 ਕਿਲੋਮੀਟਰ ਦੇ ਘੇਰੇ ਵਿਚ ਇਕ ਵਿਅਕਤੀ ਨੂੰ ਸਮੇਂ ਸਿਰ ਕਿਉਂ ਨਹੀਂ ਲੱਭਿਆ ਜਾ ਸਕਿਆ। ਉਨ੍ਹਾਂ ਕਿਹਾ ਕਿ ਪਰਿਵਾਰ ਵੱਲੋਂ ਦੱਸਿਆ ਗਿਆ ਹੈ ਕਿ ਪੁਲਸ ਵੱਲੋਂ ਵੱਖ-ਵੱਖ ਥਾਵਾਂ ਦੀ ਲੋਕੇਸ਼ਨ ਦੱਸੀ ਜਾਂਦੀ ਰਹੀ। ਕਦੇ ਦਰਿਆ ਦੇ ਪਾਰ, ਕਦੇ ਕਿਸੇ ਪਿੰਡ ਤੇ ਕਦੇ ਜੰਗਲ ਦੀ ਲੋਕੇਸ਼ਨ ਦੱਸੀ ਗਈ। ਔਜਲਾ ਨੇ ਕਿਹਾ ਕਿ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਵਿਚ ਅਜਿਹੀ ਸਥਿਤੀ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਜ਼ਿਕਰਯੋਗ ਹੈ ਕਿ ਕੁਲਜੀਤ ਸਿੰਘ ਸੰਧੂ 21 ਸਤੰਬਰ ਨੂੰ ਘਰੋਂ ਨਿਕਲੇ ਸਨ, ਪਰ ਵਾਪਸ ਨਹੀਂ ਪਰਤੇ। ਪਰਿਵਾਰ ਨੇ ਉਨ੍ਹਾਂ ਦੀ ਭਾਲ ਸ਼ੁਰੂ ਕੀਤੀ ਅਤੇ ਪੁਲਸ ਨੂੰ ਵੀ ਸੂਚਿਤ ਕੀਤਾ। 23 ਸਤੰਬਰ ਨੂੰ ਰਾਮਦਾਸ ਇਲਾਕੇ ਨੇੜੇ ਸੜਕ ਕਿਨਾਰੇ ਉਨ੍ਹਾਂ ਦੀ ਲਾਸ਼ ਬਰਾਮਦ ਹੋਈ। ਔਜਲਾ ਨੇ ਲਾਸ਼ ਮਿਲਣ ਤੋਂ ਬਾਅਦ ਘਟਨਾ ਨੂੰ ਲੈ ਕੇ ਪਰਿਵਾਰ ਵੱਲੋਂ ਉਠਾਏ ਜਾ ਰਹੇ ਸਵਾਲਾਂ ਦਾ ਵੀ ਜ਼ਿਕਰ ਕੀਤਾ। ਪਰਿਵਾਰ ਦਾ ਕਹਿਣਾ ਹੈ ਕਿ ਘਟਨਾ ਸਥਾਨ ਤੇ ਮੋਟਰਸਾਈਕਲ ਦੀ ਹਾਲਤ ਨੂੰ ਦੇਖਦਿਆਂ ਇਸ ਨੂੰ ਆਮ ਸੜਕ ਹਾਦਸਾ ਮੰਨਣ 'ਤੇ ਸਵਾਲ ਖੜ੍ਹੇ ਹੁੰਦੇ ਹਨ। ਔਜਲਾ ਨੇ ਕਿਹਾ ਕਿ ਪੋਸਟਮਾਰਟਮ ਕਰਵਾਇਆ ਗਿਆ ਹੈ ਤੇ ਮੌਤ ਦਾ ਅਸਲ ਕਾਰਨ ਜਾਂਚ ਤੋਂ ਬਾਅਦ ਹੀ ਸਾਹਮਣੇ ਆਉਣਾ ਚਾਹੀਦਾ ਹੈ।


ਔਜਲਾ ਨੇ ਪੁਲਸ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਲੈ ਕੇ ਵੀ ਸਵਾਲ ਚੁੱਕੇ ਅਤੇ ਕਿਹਾ ਕਿ ਜੇਕਰ ਪੁਲਸ ਹੀ ਸੁਰੱਖਿਅਤ ਮਹਿਸੂਸ ਨਹੀਂ ਕਰੇਗੀ ਤਾਂ ਆਮ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਹੋਣਾ ਸੁਭਾਵਿਕ ਹੈ।

# ਸ਼ਾਹਪੁਰ ਗੋਰਾਇਆ ਤੇ ਪਿੰਡ ਸ਼ੱਕਰੀ 'ਚ ਭਗਵਾਨ ਸ਼੍ਰੀ ਚੰਦ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਜ਼ਦੀਕ ਪੈਂਦੇ ਡੇਰਾ ਤਰਨ ਧਾਮ ਸਵਰਗਪੁਰੀ ਆਸ਼ਰਮ ਪਿੰਡ ਸ਼ਾਹਪੁਰ ਗੋਰਾਇਆ ਸ਼ਕਰੀ ਰੋਡ ਵਿਖੇ ਆਸ਼ਰਮ ਦੇ ਸੰਸਥਾਪਕ ਬ੍ਰਹਮ ਲੀਨ ਮਹੰਤ ਬਾਬਾ ਪਾਰਸ ਰਾਮ ਚੇਲਾ ਬ੍ਰਹਮਲੀਨ ਮਹੰਤ ਤਰਨ ਦਾਸ ਜੀ ਚਾਂਗਲੀ ਵਾਲਿਆਂ ਦੀ ਛਤਰ ਛਾਇਆ ਅਤੇ ਡੇਰੇ ਦੇ ਮੁੱਖ ਸੇਵਾਦਾਰ ਮਹੰਤ ਬਾਬਾ ਮੰਗਲ ਦਾਸ ਜੀ ਦੀ ਅਗਵਾਈ ਹੇਠ ਪਿੰਡ ਸ਼ਾਹਪੁਰ ਗੋਰਾਇਆ ਅਤੇ ਪਿੰਡ ਸ਼ੱਕਰੀ ਦੀਆਂ ਸੰਗਤਾਂ ਵੱਲੋਂ ਭਗਵਾਨ ਸ੍ਰੀ ਚੰਦਰ ਮਹਾਰਾਜ ਜੀ ਦਾ 532ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਡੇਰੇ ਵਿਖੇ ਪਹਿਲਾ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਗੁਰਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਭਾਈ ਸਵਿੰਦਰ ਸਿੰਘ, ਭਾਈ ਮਲੂਕ ਸਿੰਘ ਭਗਠਾਣਾ ਤੁੱਲੀਆਂ ਕਵੀਸ਼ਰ, ਭਾਈ ਹਰਪਾਲ ਸਿੰਘ, ਬੀਬੀ ਹਰਪ੍ਰੀਤ ਕੌਰ, ਬੀਬੀ ਜਸ਼ਨਪ੍ਰੀਤ ਕੌਰ ਪੰਥਕ ਕਵੀਸ਼ਰੀ ਜਥਾ ਕਲਾਨੌਰ, ਭਾਈ ਮਹਿੰਗਾ ਸਿੰਘ ਮੌਜੀ ਕਵੀਸ਼ਰੀ ਜਥਾ ਕਲਾਨੌਰ ਸਮੇਤ ਵੱਖ-ਵੱਖ ਰਾਗੀ ਢਾਡੀ ਜਥਿਆਂ ਵੱਲੋਂ ਭਗਵਾਨ ਬਾਬਾ ਸ਼੍ਰੀ ਚੰਦ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਗਿਆ। ਇਸ ਮੌਕੇ ਡੇਰੇ ਦੇ ਮਹੰਤ ਬਾਬਾ ਮੰਗਲ ਦਾਸ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਉਦਾਸੀਨ ਭੇਖ ਭਗਵਾਨ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ।ਡੇਰਾ ਮੁਖੀ ਮਹੰਤ ਬਾਬਾ ਮੰਗਲ ਦਾਸ ਵੱਲੋਂ ਸੰਗਤਾਂ ਲਈ ਲੰਗਰ ਭੰਡਾਰਾ ਲਗਾਇਆ ਗਿਆ ਅਤੇ ਸੰਤਾਂ ਮਹਾਂਪੁਰਸ਼ਾਂ ਨੂੰ ਲੰਗਰ ਛਕਾਉਣ ਤੋਂ ਬਾਅਦ ਉਨ੍ਹਾਂ ਨੂੰ ਭੇਟਾ ਵੀ ਦਿੱਤੀ ਗਈ।ਇਸ ਮੌਕੇ ਮਹੰਤ ਬਾਬਾ ਚੇਤਨ ਦਾਸ, ਮਹੰਤ ਉਦੇ ਗਿਰੀ, ਮਹੰਤ ਹੰਸ ਦੇਵ, ਮਹੰਤ ਗੁਲਜ਼ਾਰ ਦਾਸ, ਮਹੰਤ ਸੇਵਾ ਦਾਸ ਡੇਰਾ ਘੁਮਾਰਨੀ (ਹਿਮਾਚਲ), ਬਾਬਾ ਮੇਜਰ ਦਾਸ ਡੇਰਾ, ਬਾਬਾ ਬਚਨ ਨਾਥ ਡੇਰਾ, ਬਾਬਾ ਬਚਨ ਨਾਥ ਡੇਰਾ, ਮਹੰਤ ਪੱਥਰ ਨਾਥ ਡੇਰਾ, ਅਮਨਦੀਪ ਸਿੰਘ ਧੀਦੋਵਾਲ, ਸਰਪੰਚ ਜਸਪਾਲ ਸਿੰਘ ਸ਼ਾਹਪੁਰ ਗੋਰਾਇਆ, ਗੁਰਮੀਤ ਸਿੰਘ ਸ਼ਾਹਪੁਰ ਪੰਚਾਇਤ ਅਫਸਰ, ਪ੍ਰਸ਼ੋਤਮ ਸਿੰਘ ਪੰਮਾ, ਪੰਡਿਤ ਸੱਤਿਆ ਪ੍ਰਕਾਸ਼ ਸ਼ਰਮਾ, ਡਾਕਟਰ ਰਸ਼ਪਾਲ ਸਿੰਘ, ਚੇਲਾ ਸੁਖਵਿੰਦਰ ਸਿੰਘ, ਪਰਦੀਪ ਸਿੰਘ ਗੋਗਾ, ਬੰਟੀ, ਭਰਤ ਕੁਮਾਰ, ਨੰਬਰਦਾਰ ਤਰਲੋਚਨ ਸਿੰਘ, ਹੈਪੀ ਪ੍ਰਧਾਨ ਕਿਸਾਨ ਯੂਨੀਅਨ, ਸੂਬੇਦਾਰ ਜੋਗਿੰਦਰ ਸਿੰਘ, ਨੈਪੀ ਕਲਾਨੌਰ, ਨੰਬਰਦਾਰ ਸਵਰਨ ਸਿੰਘ, ਹਰਦੀਪ ਸਿੰਘ ਅਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਵਾਰਡ ਨੰਬਰ 25 'ਚ ਸੀਵਰੇਜ ਪਾਉਣ ਦਾ ਕੰਮ ਸ਼ੁਰੂ



ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਸ਼ਹਿਰ ਦੇ ਵਾਰਡ ਨੰਬਰ 25 ਵਿੱਚ ਨਵੇਂ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਸੀਵਰੇਜ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਦੇ ਹੱਲ ਲਈ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਨਵੇਂ ਸੀਵਰੇਜ ਸਿਸਟਮ ਦੇ ਬਣਨ ਨਾਲ ਗੰਦੇ ਪਾਣੀ ਦੀ ਨਿਕਾਸੀ ਸੁਚਾਰੂ ਹੋਵੇਗੀ ਅਤੇ ਬਰਸਾਤ ਦੇ ਦਿਨਾਂ ਵਿੱਚ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਤੋਂ ਵੀ ਲੋਕਾਂ ਨੂੰ ਰਾਹਤ ਮਿਲੇਗੀ।ਵਿਧਾਇਕ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।ਇਸ ਮੌਕੇ ਵਾਰਡ ਵਾਸੀਆਂ ਨੇ ਨਵੇਂ ਸੀਵਰੇਜ ਪ੍ਰੋਜੈਕਟ ਲਈ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਨਾਲ ਉਨ੍ਹਾਂ ਦੀ ਇੱਕ ਪੁਰਾਣੀ ਮੰਗ ਪੂਰੀ ਹੋਈ ਹੈ। ਇਸ ਮੌਕੇ ਵਾਰਡ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਵੀ ਹਾਜ਼ਰ ਸਨ।ਉਨ੍ਹਾਂ ਨੇ ਆਸ ਪ੍ਰਗਟਾਈ ਕਿ ਇਹ ਕੰਮ ਨਿਰਧਾਰਿਤ ਸਮੇਂ ਅੰਦਰ ਪੂਰਾ ਕਰਕੇ ਲੋਕਾਂ ਨੂੰ ਇਸ ਦਾ ਲਾਭ ਦਿੱਤਾ ਜਾਵੇਗਾ।

# 15 ਗ੍ਰਾਮ ਹੈਰੋਇਨ ਸਮੇਤ 2 ਕਾਬੂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਜ਼ਿਲ੍ਹਾ ਬਟਾਲਾ ਦੇ ਸੀਨੀਅਰ ਕਪਤਾਨ ਪੁਲਸ ਡਾ. ਮਹਿਤਾਬ ਸਿੰਘ ਆਈ. ਪੀ. ਐੱਸ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਉਪ ਕਪਤਾਨ ਪੁਲਸ ਸ੍ਰੀ ਹਰਗੋਬਿੰਦਪੁਰ ਦੀ ਜ਼ੇਰ ਨਿਗਰਾਨੀ ਹੇਠ, ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਥਾਣਾ ਕਾਦੀਆਂ ਦੀ ਪੁਲਸ ਨੇ ਵੱਡੀ ਕਾਰਵਾਈ ਕੀਤੀ ਹੈ।

ਮੁੱਖ ਅਫਸਰ ਥਾਣਾ ਕਾਦੀਆਂ ਇੰਸਪੈਕਟਰ ਪ੍ਰਭਜੋਤ ਸਿੰਘ ਐੱਸ. ਐੱਚ. ਓ. ਕਾਦੀਆਂ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਰਛਪਾਲ ਸਿੰਘ 06/ਜੀ.ਐੱਸ.ਪੀ ਨੇ ਸਮੇਤ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਦੋ ਦੋਸ਼ੀਆਂ ਵਿਸ਼ਾਲ ਉਰਫ ਖੁੱਡਾ ਉਰਫ ਨੂਰ ਵਾਸੀ ਬਾਲਮੀਕ ਮੁਹੱਲਾ ਕਾਦੀਆਂ ਅਤੇ ਪ੍ਰਿੰਸ ਉਰਫ ਕੱਟਾ ਪੁੱਤਰ ਧਰਮਪਾਲ ਵਾਸੀ ਬਾਲਮੀਕ ਮੁਹੱਲਾ ਕਾਦੀਆਂ ਨੂੰ ਕਾਬੂ ਕੀਤਾ।ਪੁਲਸ ਨੇ ਦੋਹਾਂ ਪਾਸੋਂ 15 ਗ੍ਰਾਮ ਹੈਰੋਇਨ ਸਮੇਤ ਮੋਮੀ ਲਿਫਾਫਾ, 2,000 ਰੁਪਏ ਭਾਰਤੀ ਕਰੰਸੀ, ਨਸ਼ਾ, ਪੈਸਾ ਤੇ ਇੱਕ ਕੰਪਿਊਟਰ ਕੰਡਾ ਬਰਾਮਦ ਕਰਕੇ ਨਸ਼ਾ ਵਿਰੋਧੀ ਐਕਟ ਤਹਿਤ ਥਾਣਾ ਕਾਦੀਆਂ ਵਿਖੇ ਮੁਕੱਦਮਾ ਦਰਜ ਰਜਿਸਟਰ ਕੀਤਾ ਹੈ।

# ਧਾਰੋਵਾਲੀ ਤੋਂ ਧਰਮ ਯੁੱਧ ਮੋਰਚਾ ਸਮਾਣਾ ਵੱਲੋਂ ਦੂਸਰੇ ਅਧਿਆਏ ਦਾ ਆਗਾਜ਼



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਨਾਲ ਲੱਗਦੇ ਪਿੰਡ ਧਾਰੋਵਾਲੀ ਵਿਖੇ ਐਤਵਾਰ ਨੂੰ ਇਤਿਹਾਸਕ ਗੁਰਦੁਆਰਾ ਸ਼ਹੀਦ ਲਛਮਣ ਸਿੰਘ ਧਾਰੋਵਾਲੀ ਵਿਖੇ ਧਾਰਮਿਕ ਸਮਾਗਮ ਕਰਨ ਉਪਰੰਤ ਧਰਮ ਯੁੱਧ ਮੋਰਚਾ ਸਮਾਣਾ ਦੇ ਭਾਈ ਗੁਰਪ੍ਰੀਤ ਸਿੰਘ, ਬਲਬੀਰ ਸਿੰਘ ਭੁੱਲਰ ਅਤੇ ਬਲਜੀਤ ਸਿੰਘ ਆਦਿ ਪੰਥਕ ਆਗੂਆਂ ਵੱਲੋਂ ਧਰਮ ਯੁੱਧ ਦੇ ਦੂਸਰੇ ਅਧਿਆਏ ਦਾ ਆਗਾਜ਼ ਕੀਤਾ ਗਿਆ । ਇਸ ਸਮਾਗਮ ਵਿੱਚ ਵੱਖ-ਵੱਖ ਪਾਰਟੀਆਂ ਨਾਲ ਸੰਬੰਧਿਤ ਪੰਥਕ ਸ਼ਖ਼ਸੀਅਤਾਂ ਅਤੇ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਹਾਜਰੀ ਭਰੀ ਗਈ। ਇਸ ਮੌਕੇ ਤੇ ਡਾਕਟਰ ਸ਼ਿਵ ਸਿੰਘ ਗੁਰਦਾਸਪੁਰ ਵਾਲਿਆਂ ਦੇ ਜਥੇ ਵੱਲੋਂ ਰਸ ਭਿੰਨਾ ਕੀਰਤਨ ਕੀਤਾ ਗਿਆ।ਉਪਰੰਤ ਵੱਖ ਵੱਖ ਬੁਲਾਰਿਆਂ ਤੋਂ ਇਲਾਵਾ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਭਾਈ ਗੁਰਪ੍ਰੀਤ ਸਿੰਘ, ਭਾਈ ਬਲਜੀਤ ਸਿੰਘ, ਗੁਰਦੀਪ ਸਿੰਘ ਭੁੱਲਰ ਆਦਿ ਪੰਥ ਦਰਦੀਆਂ ਵੱਲੋਂ ਸ਼ਹੀਦ ਲਛਮਣ ਸਿੰਘ ਧਾਰੋਵਾਲੀ ਜਿਨ੍ਹਾਂ ਨੇ ਨਨਕਾਣਾ ਸਾਹਿਬ ਵਿਖੇ ਗੁਰਦੁਆਰਿਆਂ ਨੂੰ ਆਜ਼ਾਦ ਕਰਵਾਉਣ ਲਈ ਸ਼ਹਾਦਤ ਦਿੱਤੀ ਸੀ, ਦੀ ਗੁਰਦੁਆਰਾ ਸਾਹਿਬ ਤੋਂ ਗੁਰੂ ਘਰਾਂ 'ਤੇ ਕਾਬਜ਼ ਵਿਭਚਾਰੀਆਂ ਨੂੰ ਬਾਹਰ ਕੱਢਣ ਦੀ ਵਹੀਰ ਦਾ ਆਗਾਜ਼ ਕੀਤਾ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਅਤੇ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ 15 ਸਾਲ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ ਜਿਸ ਕਾਰਨ ਪੰਥ ਅਤੇ ਸਿੱਖੀ ਵਿੱਚ ਵੱਡੀ ਗਿਰਾਵਟ ਆਈ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਤੁਰੰਤ ਕਰਵਾਏ।ਇਸ ਮੌਕੇ ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ ਸ਼ੁਰੂ ਕੀਤਾ ਧਰਮ ਯੁੱਧ ਮੋਰਚੇ ਦਾ ਦੂਜਾ ਅਧਿਆਏ ਤਹਿਤ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਵਿੱਚ ਪੱਕਾ ਮੋਰਚਾ ਅੱਜ ਤੋਂ ਲੱਗੇਗਾ ਜੋ ਮੰਗ ਪੂਰੀ ਹੋਣ ਤੱਕ ਜਾਰੀ ਰਹੇਗਾ।ਇਸ ਮੌਕੇ ਵੱਖ-ਵੱਖ ਪਾਰਟੀਆਂ ਦੇ ਆਗੂ ਵੱਡੇ ਪੱਧਰ 'ਤੇ ਹਾਜ਼ਰ ਸਨ।

# ਮਾਣੋਚਾਹਲ ਖ਼ੁਰਦ ਤੋਂ ਕਈ ਪਰਿਵਾਰਾਂ ਨੇ ਫੜਿਆ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ

ਚੋਹਲਾ ਸਾਹਿਬ (ਰਮਨ ਚੱਢਾ)-ਹਲਕਾ ਸ਼੍ਰੀ ਖਡੂਰ ਸਾਹਿਬ ਦੇ ਪਿੰਡ ਮਾਣੋਚਾਹਲ ਖ਼ੁਰਦ ਵਿਖੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਮਜ਼ਬੂਤੀ ਮਿਲੀ ਜਦੋਂ ਅੰਮ੍ਰਿਤਬੀਰ ਸਿੰਘ ਦੀ ਅਗਵਾਈ ਵਿੱਚ ਬਲਦੇਵ ਸਿੰਘ, ਗੁਰਜੀਤ ਸਿੰਘ, ਜੁਗਰਾਜ ਸਿੰਘ, ਬਲਵਿੰਦਰ ਸਿੰਘ, ਜਸ਼ਨਦੀਪ ਸਿੰਘ, ਕੁਲਵੰਤ ਸਿੰਘ,ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਸ਼ਪਾਲ ਸਿੰਘ ਅਤੇ ਤਰਲੋਚਨ ਸਿੰਘ ਨੇ ਆਪਣੇ ਪਰਿਵਾਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਤੇ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਸਮੂਹ ਨਵੇਂ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਪਾਰਟੀ ਨਾਲ ਜੁੜ ਰਹੇ ਲੋਕਾਂ ਨਾਲ ਸ਼੍ਰੋਮਣੀ ਅਕਾਲੀ ਦਲ ਦਾ ਜਥੇਬੰਦਕ ਆਧਾਰ ਹੋਰ ਮਜ਼ਬੂਤ ਹੋ ਰਿਹਾ ਹੈ। ਆਮ ਆਦਮੀ ਪਾਰਟੀ ਦੀਆ ਅਸਲੀ ਨੀਤੀਆਂ ਜਿਨ੍ਹਾਂ ਤੋਂ ਅੱਜ ਪੰਜਾਬ ਦਾ ਦਰਦ ਰੱਖਣ ਵਾਲੇ ਉਹ ਲੋਕ ਜਾਣ ਚੁੱਕੇ ਹਨ ਕਿ ਜੇਕਰ ਪੰਜਾਬ ਦੀ ਤਰੱਕੀ ਵਿੱਚ ਰਫ਼ਤਾਰ ਬਣਾਉਣੀ ਹੈ ਤਾਂ ਉਹ ਸਿਰਫ ਸ਼੍ਰੋਮਣੀ ਅਕਾਲੀ ਦਲ ਹੈ।



# ਸੁਖਵਿੰਦਰ ਸਿੰਘ ਐੱਸ ਸੀ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਬਣੇ



**ਕਲਾਨੌਰ-(ਮਨਦੀਪ ਕੋਹਲੀ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਇਤਿਹਾਸਿਕ ਕਸਬਾ ਕਲਾਨੌਰ ਵਿਖੇ ਪਾਰਟੀ ਦੇ ਚੋਣਵੇਂ ਤੇ ਸਰਗਰਮ ਸਾਥੀਆਂ ਦੀ ਭਰਵੀਂ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਸੁੱਚਾ ਸਿੰਘ ਛੋਟੇਪੁਰ, ਸਾਬਕਾ ਮੰਤਰੀ ਪੰਜਾਬ ਤੇ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸਾਥੀਆਂ ਨਾਲ ਪਾਰਟੀ ਦੀ ਮਜ਼ਬੂਤੀ ਲਈ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਥ ਦਰਦੀ ਅਤੇ ਪੰਜਾਬ ਦਾ ਭਲਾ ਚਾਹੁਣ ਵਾਲੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਹਿੱਸਾ ਬਣਨ।ਇਸ ਮੌਕੇ ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਆਈ ਗਿਰਾਵਟ ਨੂੰ ਦੂਰ ਕਰਨ ਲਈ ਸਾਨੂੰ ਆਪਣੇ ਨਿੱਜੀ ਸਵਾਰਥ ਛੱਡ ਕੇ ਪੰਥਕ ਏਕਤਾ ਕਰਕੇ ਪੰਜਾਬ ਦਾ ਭਲਾ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਸੇਵਾ-ਮੁਕਤ ਕੈਪਟਨ ਸੁਖਵਿੰਦਰ ਸਿੰਘ ਕੋਟ ਮੀਆਂ ਸਾਹਿਬ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਐੱਸ. ਸੀ. ਵਿੰਗ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।

## ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੀ ਪਲੇਠੀ ਮੀਟਿੰਗ ਹੋਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ (ਆਰ ਜੀ ਪੀ ਆਰ ਐੱਸ) ਡੇਰਾਬੱਸੀ ਹਲਕੇ ਦੀ ਪਹਿਲੀ ਮੀਟਿੰਗ ਨਵੇਂ ਨਿਯੁਕਤ ਹਲਕਾ ਪ੍ਰਧਾਨ ਗੁਰਚਰਨ (ਸੋਨੂ) ਥਾਮਣ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ



ਸੰਗਠਨ ਦੇ ਸਾਰੇ 35 ਅਹੁਦੇਦਾਰ ਹਾਜ਼ਰ ਰਹੇ, ਨਾਲ ਹੀ ਵੱਡੀ ਗਿਣਤੀ ਵਿੱਚ ਸਥਾਨਕ ਕਾਂਗਰਸੀ ਵਰਕਰ ਤੇ ਸੀਨੀਅਰ ਵੀ ਸ਼ਾਮਲ ਹੋਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਡੇਰਾਬੱਸੀ ਹਲਕੇ ਤੋਂ ਕਾਂਗਰਸ ਪਾਰਟੀ ਦੇ ਨੁਮਾਇੰਦੇ/ਡੈਲੀਗੇਟ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ - ਅਮਿਤ ਬਾਵਾ ਸੈਣੀ ਸ਼ਾਮਲ ਹੋਏ। ਮੀਟਿੰਗ ਦੌਰਾਨ ਲਾਲੜੂ ਬਲਾਕ ਦੀਆਂ ਸਿਵਲ ਸੋਸਾਇਟੀ ਦੀਆਂ ਪਤਵੰਤੀਆਂ ਸ਼ਖ਼ਸੀਅਤਾਂ ਅਤੇ ਵੱਖ-ਵੱਖ ਪਿੰਡਾਂ ਦੇ ਪੀੜ੍ਹੀ-ਦਰ-ਪੀੜ੍ਹੀ ਕਾਂਗਰਸ ਨਾਲ ਜੁੜੇ (ਟਕਸਾਲੀ) ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਕੱਠ ਨੂੰ ਸੰਬੋਧਨ ਕਰਦਿਆਂ ਸੈਣੀ ਨੇ ਕਿਹਾ ਕਿ ਸੰਸਦ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਬੂਥ ਪੱਧਰ 'ਤੇ ਕਾਂਗਰਸ ਦੇ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪਾਰਟੀ ਦੇ ਸਾਰੇ ਫਰੰਟਲ ਵਿੰਗਾਂ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਨੂੰ ਮੁੱਖ ਧਾਰਾ ਦੀ ਰਾਜਨੀਤੀ ਵਿੱਚ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਇਸ ਸੋਚ ਨੂੰ ਅੱਗੇ ਵਧਾਉਂਦਿਆਂ, ਡੇਰਾਬੱਸੀ ਹਲਕੇ ਵਿੱਚ ਆਰ ਜੀ ਪੀ ਆਰ ਐੱਸ ਦੀ ਅਗਵਾਈ ਦੀ ਜ਼ਿੰਮੇਵਾਰੀ ਨੌਜਵਾਨ ਸੋਨੂ ਥਾਮਣ ਨੂੰ ਸੌਂਪੀ ਗਈ ਹੈ, ਅਤੇ ਉਹਨਾਂ ਪੂਰਾ ਭਰੋਸਾ ਪ੍ਰਗਟਾਇਆ ਕਿ ਉਹ ਬੂਥ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਲੋਕ ਹਿੱਤ ਦੇ ਮੁੱਦੇ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਚੁੱਕਣ ਲਈ ਅਣਥੱਕ ਮਿਹਨਤ ਕਰਨਗੇ। ਇਸ ਮੌਕੇ ਸਾਬਕਾ ਟਰੱਕ ਯੂਨੀਅਨ ਡੇਰਾਬੱਸੀ ਪ੍ਰਧਾਨ ਬਲਦੇਵ ਸਿੰਘ ਡੂਡਕੀ, ਰਾਮ ਸਿੰਘ ਧਰਮਗੜ੍ਹ, ਮੋਹਨ ਸਿੰਘ ਧਰਮਗੜ੍ਹ, ਜਸਵੰਤ ਸਿੰਘ ਸਾਬਕਾ ਸਰਪੰਚ ਰਾਮਗੜ੍ਹ ਡੂਡਕੀ, ਸੰਦੀਪ ਕੁੱਚਰਾਵਿਆ, ਛਾਜੂ ਖਾਨ ਸਾਰੰਗ, ਬਹਾਦੁਰ ਸਿੰਘ ਜਸਤਾਣਾ ਖੁਰਦ, ਮਾਨ ਸਿੰਘ ਬੱਲੋਪੁਰ, ਮੁਖਤਿਆਰ ਸਿੰਘ ਧਰਮਗੜ੍ਹ, ਅਨੂ ਧੀਮਾਨ, ਰਾਮ ਕੁਮਾਰ ਕਸੌਲੀ, ਗੁਰਪਾਲ ਸਿੰਘ ਜਸਤਾਣਾ ਖੁਰਦ, ਜੈ ਭਗਵਾਨ ਸੈਣੀ ਸਰਦਾਰਪੁਰਾ, ਲਖਵੀ ਵਾਲੇਵਾ ਲਾਲੜੂ ਮੰਡੀ, ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਜਨਰਲ ਸਕੱਤਰ ਵਿਕਰਮ ਸਿੰਘ ਰਾਣਾ ਅਤੇ ਪਰਵੀਨ ਮਾਥੀਜਾ, ਪਲਵਿੰਦਰ ਸਿੰਘ ਤਸੀਮਲੀ, ਦਿਲਬਰ ਮੁਹੰਮਦ ਖਾਨ, ਕੁਲਦੀਪ ਸਿੰਘ ਮੀਰਪੁਰ, ਕਰਨੈਲ ਸਿੰਘ ਲਾਲੜੂ, ਪਰਮਜੀਤ ਸਿੰਘ ਡੂਡਕੀ, ਜਸਵੰਤ ਸਿੰਘ ਡੂਡਕੀ ਅਤੇ ਹੋਰ ਕਈ ਪਤਵੰਤੇ ਆਗੂ ਅਤੇ ਵਰਕਰ ਹਾਜ਼ਰ ਸਨ।

## ਦਸ਼ਮੇਸ਼ ਸਪੋਰਟਸ ਕਲੱਬ ਦੀਆਂ ਖਿਡਾਰਨਾਂ ਨੇ ਜਿੱਤਿਆ ਬਾਬਾ ਫਰੀਦ ਹੈਂਡਬਾਲ ਕੱਪ

**ਮੋਗਾ (ਨਿਰਮਲ ਸਿੰਘ ਕਲਸੀ)** ਦਸ਼ਮੇਸ਼ ਸਪੋਰਟਸ ਐਂਡ ਵੈੱਲਫੇਅਰ ਕਲੱਬ ਫਰੀਦਕੋਟ ਵਲੋਂ ਬਾਬਾ ਫਰੀਦ ਜੀ ਦੀ ਯਾਦ ਵਿੱਚ 21ਵਾਂ ਇਨਵੀਟੇਸ਼ਨ ਹੈਂਡਬਾਲ ਟੂਰਨਾਮੈਂਟ (ਲੜਕੀਆਂ) ਫਰੀਦਕੋਟ ਵਿਖੇ ਕਰਵਾਇਆ ਗਿਆ। ਫਰੀਦਕੋਟ ਵਿੱਚ ਹੋਏ ਇਸ ਹੈਂਡਬਾਲ ਕੱਪ ਟੂਰਨਾਮੈਂਟ ਵਿੱਚ ਪਟਿਆਲਾ, ਹੁਸ਼ਿਆਰਪੁਰ, ਫਰੀਦਕੋਟ, ਪੀ ਆਈ ਐੱਸ ਮੋਹਾਲੀ, ਜਲੰਧਰ, ਐੱਮ.ਡੀ.ਤਰਨ, ਸੰਗਰੂਰ, ਮਾਨਸਾ ਅਤੇ ਸ੍ਰੀ ਮੁਕਤਸਰ ਸਾਹਿਬ ਆਦਿ ਟੀਮਾਂ ਨੇ ਭਾਗ ਲਿਆ। ਪੀ ਆਈ ਐੱਸ ਮੋਹਾਲੀ ਵੱਲੋਂ ਖੇਡੀਆਂ ਦਸ਼ਮੇਸ਼ ਸਪੋਰਟਸ ਕਲੱਬ ਮੋਗਾ ਦੀਆਂ ਖਿਡਾਰਨਾਂ ਨੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇਸ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਸ਼ਮੇਸ਼ ਸਪੋਰਟਸ ਕਲੱਬ ਮੋਗਾ ਦੇ ਸਰਪ੍ਰਸਤ ਨੰਬਰਦਾਰ ਗੁਰਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਕਲੱਬ ਦੇ ਸਕੱਤਰ ਪਵਨ ਕੁਮਾਰ ਪੰਮਾ ਦੀ ਸਖ਼ਤ ਮਿਹਨਤ ਸਦਕਾ ਕਲੱਬ ਦੀਆਂ ਖਿਡਾਰਨਾਂ ਅੰਜਲੀ, ਕੁਸਮ, ਨਸਮਾ, ਅੰਚਲ ਜਾਲ, ਕੁਲਦੀਪ ਕੌਰ, ਨਵਪ੍ਰੀਤ ਕੌਰ ਨਵੀ



ਆਦਿ ਨੇ ਫਰੀਦਕੋਟ ਵਿਖੇ ਹੋਏ ਹੈਂਡਬਾਲ ਟੂਰਨਾਮੈਂਟ ਵਿਚ ਕੱਪ ਜਿੱਤ ਕੇ ਪੰਜਾਬ ਇੰਸਟੀਚਿਊਟ ਆਫ ਸਪੋਰਟਸ ਮੋਹਾਲੀ ਦੇ ਨਾਮ ਜਿੱਤ ਦਰਜ ਕਰਵਾਈ ਅਤੇ ਦਸ਼ਮੇਸ਼ ਸਪੋਰਟਸ ਕਲੱਬ ਮੋਗਾ ਦਾ ਨਾਂਅ ਵੀ ਰੋਸ਼ਨ ਕੀਤਾ ਹੈ। ਪਵਨ ਕੁਮਾਰ ਪੰਮਾ ਦੀ ਅਗਵਾਈ ਵਿੱਚ ਕਲੱਬ ਵਲੋਂ ਜੇਤੂ ਖਿਡਾਰਨਾਂ ਦੇ ਮੋਗਾ ਪਹੁੰਚਣ 'ਤੇ ਨਿੱਘਾ ਸਵਾਗਤ ਕਰਦਿਆਂ ਸਨਮਾਨਤ ਕੀਤਾ ਗਿਆ। ਇਸ ਮੌਕੇ ਕੌਂਸਲਰ ਹਰਜਿੰਦਰ ਸਿੰਘ ਛਿੰਦਾ ਤੋਂ ਇਲਾਵਾ ਕਲੱਬ ਚੇਅਰਮੈਨ ਜਗਦੇਵ ਸਿੰਘ ਝਟੇਆ ਸਾਬਕਾ ਪ੍ਰਧਾਨ ਨਗਰ ਕੌਂਸਲ ਮੋਗਾ, ਪਵਨ ਕੁਮਾਰ ਜਨਰਲ ਸਕੱਤਰ, ਸੀਨੀਅਰ ਵਾਈਸ ਪ੍ਰਧਾਨ ਲਲਿਤ ਕੁਮਾਰ, ਕ੍ਰਿਸ਼ਨ ਸਿੰਘ ਰਾਣਾ, ਹਰਚੰਦ ਸਿੰਘ ਕੈਸ਼ੀਅਰ, ਸੁਨੀਲ ਕੁਮਾਰ ਮੰਗਾ ਸਕੱਤਰ, ਸਰਜੀਤ ਸਿੰਘ ਲਾੜੀ ਸਲਾਹਕਾਰ, ਪਵਨ ਕੁਮਾਰ ਪਵਨ ਸਲਾਹਕਾਰ, ਜਸਵੰਤ ਸਿੰਘ ਨਿੱਕਾ ਕੋਚ, ਦਵਿੰਦਰ ਸਿੰਘ ਘੋੜਾ, ਸੁਰਿੰਦਰ ਕੁਮਾਰ, ਦਲਜੀਤ ਸਿੰਘ, ਸੋਹਨ ਕੁਮਾਰ, ਜਸਵਿੰਦਰ ਸਿੰਘ, ਮੋਹਨ ਸਿੰਘ ਝਟੇਆ, ਨਿਤਿਨ ਜੈਰਥ, ਸੁਰਜੀਤ ਕੁਮਾਰ, ਪਵਨ ਕੁਮਾਰ ਪੰਮੀ, ਪਰਮਜੀਤ ਪਿੰਕਾ, ਵਿਕਾਸ ਕੁਮਾਰ ਵਿੱਕੀ ਅਤੇ ਖਿਡਾਰੀ ਹਾਜ਼ਰ ਸਨ।

## ਸਿਹਤਮੰਦ ਤੇ ਪੜ੍ਹੇ ਲਿਖੇ ਸਮਾਜ ਦੀ ਸਿਰਜਣਾ 'ਚ ਡਾਕਟਰਾਂ ਤੇ ਅਧਿਆਪਕਾਂ ਦੀ ਭੂਮਿਕਾ ਅਹਿਮ : ਕੰਗ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਸ਼ਹਿਰ ਦੀ ਸੇਵਾ ਸਮਰਪਿਤ ਸੰਸਥਾ ਲਾਇਨਜ਼ ਕਲੱਬ ਫਗਵਾੜਾ ਸਟਾਰ ਵੱਲੋਂ [illegible] ਡਾਕਟਰਾਂ ਅਤੇ ਅਧਿਆਪਕਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਕਲੱਬ ਦੇ ਚਾਰਟਰ ਪ੍ਰਧਾਨ ਅਤੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਯੂਥ) ਲਾਇਨ ਗੁਰਦੀਪ ਸਿੰਘ ਕੰਗ ਐੱਮ ਜੇ ਐੱਫ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ [illegible]



[illegible] ਗਿਆ। ਇਸ ਤੋਂ ਇਲਾਵਾ ਸਮਾਜ ਸੇਵਾ ਵਿੱਚ ਵਧੀਆ ਯੋਗਦਾਨ ਪਾ ਰਹੀਆਂ ਸ਼ਹਿਰ ਦੀਆਂ ਅਨੇਕਾਂ ਸ਼ਖ਼ਸੀਅਤਾਂ ਨੂੰ ਵੀ ਟਰਾਫੀ ਭੇਟ ਕਰਕੇ ਸਨਮਾਨਤ ਕੀਤਾ ਗਿਆ। ਲਾਇਨ ਗੁਰਦੀਪ ਸਿੰਘ ਕੰਗ ਨੇ ਕਿਹਾ ਕਿ ਇੱਕ ਸਿਹਤਮੰਦ ਅਤੇ ਪੜ੍ਹੇ ਲਿਖੇ ਸਮਾਜ ਦੀ ਸਿਰਜਣਾ ਵਿਚ ਡਾਕਟਰਾਂ ਅਤੇ ਅਧਿਆਪਕਾਂ ਦੀ ਬਹੁਤ ਅਹਿਮ ਭੂਮਿਕਾ ਰਹਿੰਦੀ ਹੈ। ਸਟੇਜ ਦੀ ਸੇਵਾ ਮਾਸਟਰ ਵਰਿੰਦਰ ਸਿੰਘ ਕੰਬੋਜ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸਮਾਜ ਸੇਵਿਕਾ ਚੰਚਲ ਸੇਠ, ਐਨ.ਆਰ.ਆਈ. ਲਾਇਨ ਸੁਖਦੇਵ ਰਾਜ ਮਨੀਲਾ, ਰਾਣਾ ਕੁਲਕਮੀਆ, ਲਾਇਨ ਜੋਗਿੰਦਰ ਲਾਂਬਾ, ਲਾਇਨ ਸਤਵਿੰਦਰ ਸਿੰਘ ਭਮਰਾ, ਬਾਬਾ ਬਾਲਕ ਨਾਥ ਸੇਵਾ ਸੋਸਾਇਟੀ ਦੇ ਪ੍ਰਧਾਨ ਸੁਨੀਲ ਬਸਰਾ, ਆਲ ਇੰਡੀਆ ਐਂਟੀ ਕਰੱਪਸ਼ਨ ਫਰੰਟ ਦੇ ਜ਼ਿਲ੍ਹਾ ਪ੍ਰਧਾਨ [illegible] ਹਾਜ਼ਰ ਸਨ।

## ਕਲਸ਼ ਯਾਤਰਾ ਨਾਲ ਸ੍ਰੀਮਦ ਭਾਗਵਤ ਕਥਾ ਦਾ ਸ਼ੁਭ ਆਰੰਭ

**ਮੋਹਾਲੀ (ਗੁਰਜੀਤ ਬਿੱਲਾ)**- ਸ੍ਰੀ ਸਨਾਤਨ ਧਰਮ ਮੰਦਰ, ਫੇਜ਼-4, ਮੋਹਾਲੀ ਵਿਖੇ ਸ਼ਰਾਧ ਪੱਖ ਦੇ ਪਾਵਨ ਮੌਕੇ 'ਤੇ ਸ੍ਰੀਮਦ ਭਾਗਵਤ ਕਥਾ ਦਾ ਸ਼ੁਭ ਆਰੰਭ ਐਤਵਾਰ ਨੂੰ ਭਗਤੀ ਅਤੇ ਸ਼ਰਧਾ ਭਰੇ ਮਾਹੌਲ ਵਿੱਚ ਹੋਇਆ। ਇਹ ਧਾਰਮਿਕ ਸਮਾਗਮ 27 ਸਤੰਬਰ ਤੋਂ 3 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਪਹਿਲੇ ਦਿਨ ਸਵੇਰੇ ਮੰਦਰ ਕੰਪਲੈਕਸ ਤੋਂ ਵਿਸ਼ਾਲ ਕਲਸ਼ ਯਾਤਰਾ ਕੱਢੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਭਾਗ ਲਿਆ।ਮੰਦਰ ਵਿੱਚ ਪੂਜਾ-ਅਰਚਨਾ ਉਪਰੰਤ ਕਲਸ਼ ਯਾਤਰਾ ਸ਼ੁਰੂ ਹੋਈ। ਸਿਰਾਂ 'ਤੇ ਕਲਸ਼ ਧਾਰਨ ਕੀਤੇ ਸ਼ਰਧਾਲੂ ਭਜਨ-ਕੀਰਤਨ ਅਤੇ ਭਗਵਾਨ ਦੇ ਜੈਕਾਰਿਆਂ ਨਾਲ ਇਲਾਕੇ ਦੀ ਪਰਿਕਰਮਾ ਕਰਦੇ ਹੋਏ ਅੱਗੇ ਵਧੇ। ਕਲਸ਼ ਯਾਤਰਾ ਜਿੱਥੇ ਵੀ ਲੰਘੀ, ਉੱਥੇ ਸਥਾਨਕ ਵਸਨੀਕਾਂ ਵੱਲੋਂ ਇਸ ਦਾ ਸ਼ਰਧਾ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਕਈ ਥਾਵਾਂ 'ਤੇ ਲੋਕਾਂ ਨੇ ਆਪਣੇ ਘਰਾਂ ਦੇ ਬਾਹਰ ਪ੍ਰਸਾਦ ਵੰਡਣ, ਅਟੁੱਟ ਭੰਡਾਰੇ ਅਤੇ ਲੰਗਰ ਲਗਾਏ।



ਕਲਸ਼ ਯਾਤਰਾ ਦੇ ਅੱਗੇ ਕੀਤੀ ਗਈ ਆਤਿਸ਼ਬਾਜ਼ੀ ਕਾਰਨ ਪੂਰਾ ਮਾਹੌਲ ਤਿਉਹਾਰ ਵਰਗਾ ਬਣ ਗਿਆ ਅਤੇ ਇਲਾਕੇ ਵਿੱਚ ਦੀਵਾਲੀ ਵਰਗਾ ਧਾਰਮਿਕ ਉਤਸ਼ਾਹ ਦੇਖਣ ਨੂੰ ਮਿਲਿਆ। ਕਲਸ਼ ਯਾਤਰਾ ਵਿੱਚ ਸ੍ਰੀ ਸਨਾਤਨ ਧਰਮ ਮੰਦਰ ਮਹਿਲਾ ਮੰਡਲ ਦੀ ਪ੍ਰਧਾਨ ਸ੍ਰੀਮਤੀ ਦਿਨੇਸ਼ ਚੌਧਰੀ ਦੀ ਅਗਵਾਈ ਹੇਠ ਸ੍ਰੀਮਤੀ ਇੰਦਰਾ ਰਾਣੀ, ਪੁਸ਼ਪਾ ਸ਼ਰਮਾ, ਰਾਜਕੁਮਾਰੀ, ਸ਼ਸ਼ੀ, ਨੀਲਮ, ਅਰਚਨਾ ਸਮੇਤ ਮਹਿਲਾ ਮੰਡਲ ਦੀਆਂ ਹੋਰ ਮੈਂਬਰਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਮਹਿਲਾਵਾਂ ਨੇ ਭਜਨ-ਕੀਰਤਨ ਕਰਦਿਆਂ ਪ੍ਰਭੂ ਦਾ ਗੁਣਗਾਨ ਕੀਤਾ ਅਤੇ ਪੂਰੀ ਯਾਤਰਾ ਦੌਰਾਨ ਭਗਤੀਮਈ ਮਾਹੌਲ ਬਣਾਈ ਰੱਖਿਆ।ਸ਼ਾਮ ਨੂੰ ਮੰਦਰ ਵਿਖੇ ਵ੍ਰਿੰਦਾਵਨ ਵਾਲੇ ਕਥਾ ਵਾਚਕ ਸਵਾਮੀ ਧਨਵੰਤਰੀ ਦਾਸ ਜੀ ਵੱਲੋਂ ਸ੍ਰੀਮਦ ਭਾਗਵਤ ਕਥਾ ਦਾ ਵਾਚਨ ਕੀਤਾ ਗਿਆ।

## ਬ੍ਰਹਮ ਗਿਆਨੀ ਭਾਈ ਲਾਲੋ ਦਾ ਆਗਮਨ ਪੁਰਬ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਤੇ ਗੁਰਦੁਆਰਾ ਸ਼ਹੀਦਾਂ ਵੱਲੋਂ ਬ੍ਰਹਮ ਗਿਆਨੀ ਭਾਈ ਲਾਲੋ ਜੀ ਦਾ 574ਵਾਂ ਆਗਮਨ ਪੁਰਬ [illegible]



[illegible] ਨਿਗਮ ਹੁਸ਼ਿਆਰਪੁਰ ਸ਼ਾਮਿਲ ਹੋਏ । ਸਮਾਗਮ ਦੀ ਸ਼ੁਰੂਆਤ ਵਿੱਚ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਜਿਸ ਉਪਰੰਤ ਪੰਥ ਦੇ ਮਹਾਨ ਕੀਰਤਨੀਏ ਭਾਈ ਸਤਿੰਦਰ ਸਿੰਘ ਆਲਮ ਨੇ ਸੰਗਤਾਂ ਨੂੰ ਇਲਾਹੀ ਬਾਣੀ ਦੇ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਰਾਮਗੜ੍ਹੀਆ ਭਲਾਈ ਬੋਰਡ ਪੰਜਾਬ ਦੇ ਚੇਅਰਮੈਨ ਸਤਪਾਲ ਸਿੰਘ ਸੋਖੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ [illegible] ਕਰਮਜੀਤ ਕੌਰ ਚੇਅਰਪਰਸਨ ਜ਼ਿਲ੍ਹਾ ਯੋਜਨਾ ਬੋਰਡ ਅਤੇ ਪ੍ਰਵੀਨ ਸੈਣੀ ਮੇਅਰ ਨਗਰ ਨਿਗਮ ਹੁਸ਼ਿਆਰਪੁਰ ਨੇ ਭਾਈ ਲਾਲੋ ਜੀ ਦੇ ਕਿਰਤੀ ਅਤੇ ਅਧਿਆਤਮਕ ਜੀਵਨ ਬਾਰੇ ਵਿਚਾਰ ਸਾਂਝੇ ਕੀਤੇ।

ਇਸ ਸਮਾਰੋਹ ਦੌਰਾਨ ਸਮਾਜ ਅਤੇ ਕੌਮ ਲਈ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਅਹਿਮ ਸ਼ਖ਼ਸੀਅਤਾਂ ਸਤਪਾਲ ਸਿੰਘ ਸੋਖੀ ਚੇਅਰਮੈਨ ਰਾਮਗੜ੍ਹੀਆ ਭਲਾਈ ਬੋਰਡ, ਅਮਨਦੀਪ ਸਿੰਘ ਸਰਪੰਚ ਬੱਸੀ ਮਰੂਫ ਤੋਂ ਇਲਾਵਾ ਸਾਹਿਤ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਵਿਦਿਆਰਥਣ ਗੁਰਅਮਾਨਤ ਕੌਰ ਰੀਹਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦਾ ਮੰਚ ਸੰਚਾਲਨ ਗੁਰਬਿੰਦਰ ਸਿੰਘ ਪਲਾਹਾ ਪ੍ਰੈੱਸ ਸਕੱਤਰ ਇੰਡੀਆ ਵੱਲੋਂ ਕੀਤਾ ਗਿਆ । ਸਮਾਗਮ ਦੌਰਾਨ ਚਾਹ ਪਕੌੜਿਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

## ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਨੇ 'ਵਰਸਿਟੀ ਪ੍ਰੀਖਿਆਵਾਂ ਦੇ ਨਤੀਜਿਆਂ ਵਿੱਚ ਮਾਰੀਆਂ ਮੱਲਾਂ


**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਾ, ਜਲੰਧਰ ਦੀਆਂ ਬੀ.ਕਾਮ ਈ-ਕਾਮਰਸ ਅਤੇ ਡਿਜੀਟਲ ਮਾਰਕੀਟਿੰਗ ਸਮੈਸਟਰ-4 ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮੈਰਿਟ ਪੁਜ਼ੀਸ਼ਨਾਂ ਹਾਸਲ ਕਰਕੇ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ। [illegible]



[illegible] 8.64 ਸੀ ਜੀ ਪੀ ਏ ਨਾਲ ਦੂਜਾ, [illegible] 8.36 ਸੀਜੀਪੀਏ ਨਾਲ ਤੀਜਾ ਅਤੇ ਖੁਸ਼ੀ ਕੌਰ ਨੇ 8.09 ਸੀ ਜੀ ਪੀ ਏ ਨਾਲ ਚੌਥਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥਣਾਂ ਦੀ ਸੱਚੀ ਲਗਨ, ਮਿਹਨਤ ਅਤੇ ਅਕਾਦਮਿਕ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ [illegible] ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਇਸ ਪ੍ਰਾਪਤੀ 'ਤੇ ਵਿਦਿਆਰਥਣਾਂ, ਵਿਭਾਗ ਮੁਖੀ ਮੀਨੂ ਕੋਹਲੀ, ਡਾ. ਸੰਗੀਤਾ ਅਰੋੜਾ, ਬੀਨੂ ਗੁਪਤਾ ਤੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੱਤੀ।

## ਫਫੜੀਆਂ ਦੀ ਬਿਮਾਰੀ ਨਾਲ ਜੂਝ ਰਹੇ ਮਰੀਜ਼ ਦਾ ਹੋਇਆ ਸਫ਼ਲ ਇਲਾਜ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇੰਟਰਨਲ ਮੈਡੀਸਨ ਵਿਭਾਗ ਦੇ ਮੁਖੀ ਡਾ. ਵਿਵੇਕ ਗੁੰਬਰ ਅਤੇ ਉਨ੍ਹਾਂ ਦੀ ਟੀਮ ਨੇ ਫਫੜੀਆਂ ਦੀ ਗੰਭੀਰ ਬਿਮਾਰੀ ਕਰਕੇ ਸਰੀਰ ਦੇ ਹੋਰ ਅੰਗਾਂ ਦੀ ਕਾਰਜ ਪ੍ਰਣਾਲੀ 'ਤੇ ਪਏ ਬੁਰੇ ਪ੍ਰਭਾਵਾਂ ਕਾਰਨ ਪੈਦਾ ਹੋਈਆਂ ਅਲਾਮਤਾਂ ਨਾਲ ਜੂਝ ਰਹੇ 67 ਸਾਲਾ ਉਮਰ ਦੇ ਵਿਅਕਤੀ ਦਾ ਸਫ਼ਲ ਇਲਾਜ ਕਰਕੇ ਉਸ ਨੂੰ ਮੌਤ ਦੇ ਮੂੰਹ



'ਚੋਂ ਬਾਹਰ ਕੱਢਣ ਵਿੱਚ ਕਾਮਯਾਬ ਰਹੀ ਹੈ । ਡਾ. ਵਿਵੇਕ ਗੁੰਬਰ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਕਰਵਾਏ ਜ਼ਰੂਰੀ ਟੈਸਟਾਂ ਨੇ ਵੀ ਉਕਤ ਬਿਮਾਰੀ ਦੀ ਪੁਸ਼ਟੀ ਕੀਤੀ । ਮਰੀਜ਼ ਦੀ ਹਾਲਤ ਨੂੰ ਧਿਆਨ ਵਿੱਚ ਰਖਦੇ ਹੋਏ ਉਸ ਨੂੰ ਆਈਸੋਲੇਟ ਕਰਦੇ ਹੋਏ ਆਈ ਸੀ ਯੂ ਵਿਭਾਗ ਵਿੱਚ ਭਰਤੀ ਕੀਤਾ ਗਿਆ ਤੇ ਇਲਾਜ ਸ਼ੁਰੂ ਕੀਤਾ ਗਿਆ । ਡਾਕਟਰੀ ਟੀਮ ਦੀ ਦਿਨ-ਰਾਤ ਦੀ ਮਿਹਨਤ ਰੰਗ ਲਿਆਈ ਪੰਜ ਦਿਨ ਆਈ ਸੀ ਯੂ ਤੇ ਦੋ ਦਿਨ ਐੱਚ ਡੀ ਯੂ ਵਾਰਡ ਵਿੱਚ ਇਲਾਜ ਤੋਂ ਬਾਅਦ ਉਹ ਮਰੀਜ਼ ਹੁਣ ਤੰਦਰੁਸਤ ਹੈ। ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਦਾ ਵੀ ਡਾਕਟਰੀ ਟੀਮਾਂ ਦੀ ਯੋਗ ਰਹਿਨੁਮਾਈ ਕਰਨ ਲਈ ਧੰਨਵਾਦ ਕੀਤਾ। ਵਰਨਣਯੋਗ ਹੈ ਕਿ ਹਸਪਤਾਲ ਢਾਹਾਂ ਕਲੇਰਾਂ ਵਿਖੇ ਇੱਕ ਛੱਤ ਹੇਠਾਂ ਸਾਰੇ ਡਾਕਟਰੀ ਵਿਭਾਗ ਮੌਜੂਦ ਹਨ ਜਿਨ੍ਹਾਂ ਦੇ ਮਾਹਿਰ ਡਾਕਟਰ ਸਾਹਿਬਾਨਾਂ ਵੱਲੋਂ ਮਰੀਜ਼ਾਂ ਦਾ ਮਿਆਰੀ ਇਲਾਜ ਹੋ ਰਿਹਾ ਹੈ ।

## ਵਿਆਹ ਪੁਰਬ ਮੌਕੇ ਜਪੁਜੀ ਸਾਹਿਬ ਦਾ ਪਾਠ ਕਰਵਾਇਆ

**ਬਟਾਲਾ (ਡਾ. ਮਲਵਿੰਦਰ ਸਿੰਘ)** ਬੀਤੇ ਦਿਨੀਂ ਡੀਆਰ ਹੈਰੀਟੇਜ ਪਬਲਿਕ ਸਕੂਲ ਬਟਾਲਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਦੇਵੀ ਜੀ ਦੇ ਵਿਆਹ ਪੁਰਬ ਮੌਕੇ ਸ੍ਰੀ ਜਪੁਜੀ ਸਾਹਿਬ ਦਾ ਪਾਠ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਸ਼ਾਮਿਲ ਹੋਏ! ਇਸ ਮੌਕੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਅਤੇ ਸਭ ਵੱਲੋਂ ਮਿਲ ਕੇ ਸ੍ਰੀ ਜਪੁਜੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਕੀਰਤਨ ਉਪਰੰਤ ਅਰਦਾਸ ਕਰਕੇ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ! ਇਸ ਮੌਕੇ ਸਕੂਲ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀ ਸਭ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀ ਦਿੱਤੀਆਂ ਸਿੱਖਿਆਵਾਂ ਅੱਜ ਵੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ! ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਸਾਹਿਬ ਦੇ ਉਪਦੇਸ਼ ਨਾਮ ਜਪੋ, ਕਿਰਤ ਕਰੋ ਅਤੇ ਵੰਡ ਕੇ ਛਕੋ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ।

## 'ਸਮਾਜਿਕ ਸਮਰਸਤਾ ਤੇ ਨਸ਼ਾ ਮੁਕਤੀ' ਵਿਸ਼ੇ 'ਤੇ ਸਮਾਗਮ ਕਰਵਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਸਨਾਤਨ ਧਰਮ ਸਭਾ (ਰਜਿ.) ਬਲਾਚੌਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਸਮਾਜਿਕ ਸਮਰਸਤਾ ਅਤੇ ਨਸ਼ਾ ਮੁਕਤੀ' ਵਿਸ਼ੇ 'ਤੇ ਵਿਸ਼ੇਸ਼ ਸਮਾਗਮ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਟੌਂਸਾ ਵਿਖੇ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਕੁਲਦੀਪ ਅਗਨੀਹੋਤਰੀ ਵੱਲੋਂ ਭਾਰਤ ਮਾਤਾ ਦੇ ਚਰਨਾਂ ਵਿੱਚ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ। ਸਭਾ ਦੇ ਜਨਰਲ ਸਕੱਤਰ ਪਰਮਜੀਤ ਰੱਤੇਵਾਲੀਆਂ ਨੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬਾਖੂਬੀ ਨਿਭਾਈ। ਸਮਾਗਮ ਵਿੱਚ ਡੇਰਾ ਬੌੜੀ ਸਾਹਿਬ ਦੇ ਸਵਾਮੀ ਦਿਆਲ ਦਾਸ ਜੀ ਮੁੱਖ ਮਹਿਮਾਨ ਵਜੋਂ ਅਤੇ ਸ੍ਰੀ ਕੁਲਦੀਪ ਅਗਨੀਹੋਤਰੀ, ਨਿਰਦੇਸ਼ਕ, ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਰੀਜਨਲ ਸੈਂਟਰ ਧਰਮਸ਼ਾਲਾ, ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਸਭਾ ਦੇ ਪ੍ਰਧਾਨ ਸੁਰਿੰਦਰ ਪਨੇਸਰ ਸਮੇਤ ਰਣਦੀਪ ਕੌਸ਼ਲ, ਪ੍ਰਦੀਪ ਨਾਗਪਾਲ, ਸੋਮਨਾਥ ਤਕਲਾ, ਅਮਰਜੀਤ ਸਿੰਘ ਅਤੇ ਸੁਰਜੀਤ ਕੋਹਲੀ ਨੇ ਆਏ ਹੋਏ ਮਹਿਮਾਨਾਂ ਦਾ ਸਿਰੋਪਾਓ ਪਾ ਕੇ ਸਨਮਾਨ ਤੇ ਸਵਾਗਤ ਕੀਤਾ। ਇਸ ਮੌਕੇ ਇਲਾਕੇ ਦੇ 31 ਪਿੰਡਾਂ ਤੋਂ ਵੱਡੀ ਗਿਣਤੀ



ਵਿੱਚ ਪੰਚਾਂ-ਸਰਪੰਚਾਂ, ਧਾਰਮਿਕ ਨੁਮਾਇੰਦਿਆਂ ਅਤੇ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ। ਮੁੱਖ ਬੁਲਾਰੇ ਕੁਲਦੀਪ ਅਗਨੀਹੋਤਰੀ ਨੇ ਗੁਰਬਾਣੀ, ਵੱਖ-ਵੱਖ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਅਤੇ ਇਤਿਹਾਸਕ ਤੱਥਾਂ ਦਾ ਹਵਾਲਾ ਦਿੰਦਿਆਂ ਸਮਾਜਿਕ ਏਕਤਾ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਮੌਕੇ ਹਨੀ ਟੌਂਸਾ, ਕ੍ਰਿਸ਼ਨ ਰਾਮ ਸਾਬਕਾ ਇੰਸਪੈਕਟਰ, ਮਾਸਟਰ ਬਲਦੇਵ ਸਿੰਘ, ਰਾਜ ਕੁਮਾਰ, ਪ੍ਰਦੀਪ ਰਾਣਾ, ਲਲਿਤ ਕੁਮਾਰ, ਵਿਸ਼ੂ ਰਾਣਾ, ਸੰਜੀਵ ਕੁਮਾਰ, ਅਰਿੰਦਰ ਸਿੰਘ, ਨਵੀਨ ਸੰਦੇਸ਼, ਮਾਸਟਰ ਹਰਵਿੰਦਰ ਪਾਲ, ਜਸਵਿੰਦਰ ਸਿੰਘ ਸੋਢੀ, ਮਹਿੰਦਰ ਪਾਲ ਚੇਅਰਮੈਨ, ਗਗਨਦੀਪ ਕੌਸ਼ਲ, ਮਾਸਟਰ ਅਨੂਪ ਕੁਮਾਰ, ਵਰਿੰਦਰ ਭੂਮਬਲਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਸੱਭਿਆਚਾਰਕ ਸਮਾਗਮ ਤੇ ਛਿੰਝ ਮੇਲੇ ਕਰਵਾਉਣਾ ਪਿੰਡ ਵਾਸੀਆਂ ਦਾ ਸ਼ਲਾਘਾਯੋਗ ਕਦਮ : ਖਹਿਰਾ

**ਫ਼ਿਲੌਰ (ਨਿਰਮਲ)**- ਪੀਰ ਬਾਬਾ ਲੱਖ ਦਾਤਾ ਛਿੰਝ ਕਮੇਟੀ ਖਹਿਰਾ ਦੇ ਪ੍ਰਬੰਧਾਂ ਹੇਠ ਪਿੰਡ ਖਹਿਰਾ ਵਿਖੇ 23ਵਾਂ ਸਾਲਾਨਾ ਛਿੰਝ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ



ਕਰਵਾਇਆ ਗਿਆ। ਮੇਲੇ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਕੁਸ਼ਤੀਆਂ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਨੰਦ ਮਾਣਿਆ। ਮੇਲੇ ਦੌਰਾਨ ਪੰਜਾਬ ਦੀ ਪ੍ਰਸਿੱਧ ਗਾਇਕ ਜੋੜੀ ਸਰਫ਼ ਸ਼ਦੀਕ ਅਤੇ ਰਣਵੀਰ ਕੌਰ ਨੇ ਖੁੱਲ੍ਹੇ ਅਖਾੜੇ ਵਿੱਚ ਸੱਭਿਆਚਾਰਕ ਗੀਤ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ। ਇਸ ਉਪਰੰਤ ਪੰਜਾਬ ਸਮੇਤ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ ਪਹਿਲਵਾਨਾਂ ਨੇ ਕੁਸ਼ਤੀ ਦੇ ਜੌਹਰ ਦਿਖਾਏ। ਮੇਲੇ ਦੀ ਮੁੱਖ ਪਟਕੇ ਦੀ ਕੁਸ਼ਤੀ ਛੋਟਾ ਸੁਦਾਮ ਹੁਸ਼ਿਆਰਪੁਰ ਅਤੇ ਜਲਾਲ ਇਰਾਨ ਵਿਚਕਾਰ ਹੋਈ, ਜਿਸ ਵਿੱਚ ਛੋਟਾ ਸੁਦਾਮ ਹੁਸ਼ਿਆਰਪੁਰ ਨੇ ਜਲਾਲ ਇਰਾਨ ਨੂੰ ਹਰਾ ਕੇ ਜਿੱਤ ਦਰਜ ਕੀਤੀ। ਜੇਤੂ ਪਹਿਲਵਾਨ ਨੂੰ ਪ੍ਰਬੰਧਕਾਂ ਵੱਲੋਂ ਮੋਟਰਸਾਈਕਲ ਅਤੇ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਇਨਾਮਾਂ ਦੀ ਵੰਡ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ, ਡਾ. ਕੁਲਦੀਪ ਰਾਏ, ਇੰਦਰਜੀਤ ਸਿੰਘ ਸਿੱਧੂ, ਗ੍ਰਾਮ ਪੰਚਾਇਤ, ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਹੋਰ ਵਿਸ਼ੇਸ਼ ਸ਼ਖ਼ਸੀਅਤਾਂ ਵੱਲੋਂ ਕੀਤੀ ਗਈ। ਇਸ ਮੌਕੇ ਬਲਦੇਵ ਸਿੰਘ ਖਹਿਰਾ ਨੇ ਕਿਹਾ ਕਿ ਪਿੰਡਾਂ ਵਿੱਚ ਸੱਭਿਆਚਾਰਕ ਸਮਾਗਮ ਅਤੇ ਛਿੰਝ ਮੇਲੇ ਕਰਵਾਉਣਾ ਸਾਡੀ ਵਿਰਾਸਤੀ ਖੇਡ ਅਤੇ ਸੱਭਿਆਚਾਰ ਨੂੰ ਸੰਭਾਲਣ ਲਈ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਨੇ ਮੇਲਾ ਕਰਵਾਉਣ ਲਈ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਹਰਜਿੰਦਰ ਸਿੰਘ ਲੱਲੀਆਂ, ਅਵਤਾਰ ਸਿੰਘ, ਗੁਰਮੁਖ ਸਿੰਘ, ਦੀਪ ਕਲਸੀ, ਮੰਗਾ ਕਲਸੀ ਪੰਚ, ਕੁਲਵਿੰਦਰ ਸਿੰਘ ਸੰਧੂ ਸ਼ਹਿਰੀ ਪ੍ਰਧਾਨ ਗੁਰਾਇਆ, ਜਸਵੀਰ ਸਿੰਘ ਰੁੜਕਾ, ਕੁਲਦੀਪ ਸਿੰਘ ਕੰਗ, ਕੁਲਦੀਪ ਸਿੰਘ ਜੌਹਲ, ਬਲਵਿੰਦਰ ਸਿੰਘ ਗੜ੍ਹੀ ਮਹਾ ਸਿੰਘ, ਅਮਰਜੀਤ ਸਿੰਘ ਕਟਾਣਾ, ਹਰਮੇਸ਼ ਲਾਲ ਪੰਚ, ਸੁਲੱਖਣ ਸਿੰਘ ਰਾਏਪੁਰ ਰਾਈਆਂ, ਵਰਿੰਦਰ ਸਿੰਘ ਪੰਚ, ਮਨੋਜ ਕੁਮਾਰ ਮੋਨੂ, ਅਮਨਦੀਪ ਸਿੰਘ ਤੱਗੜ ਅਤੇ ਪਰਮਜੀਤ ਸਿੰਘ ਮੁਠੱਡਾ ਸਮੇਤ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਤੇ ਮੈਂਬਰ, ਗ੍ਰਾਮ ਪੰਚਾਇਤ, ਨਗਰ ਨਿਵਾਸੀ ਅਤੇ ਇਲਾਕੇ ਦੀਆਂ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਸ਼ਿਵ ਸੈਨਾ ਹਿੰਦ ਨੇ ਰਾਮਪਾਲ ਦਾ ਪੁਤਲਾ ਫੂਕਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਨਾਤਨ ਧਰਮ, ਹਿੰਦੂ ਦੇਵੀ-ਦੇਵਤਿਆਂ ਅਤੇ ਹਿੰਦੂ ਸਮਾਜ ਦੀ ਆਸਥਾ ਖ਼ਿਲਾਫ਼ ਕਥਿਤ ਤੌਰ 'ਤੇ ਕੀਤੀਆਂ ਜਾ ਰਹੀਆਂ ਟਿੱਪਣੀਆਂ ਨੂੰ ਲੈ ਕੇ ਸ਼ਿਵ ਸੈਨਾ ਹਿੰਦ ਵੱਲੋਂ ਐਤਵਾਰ ਨੂੰ



ਡੇਰਾਬੱਸੀ ਵਿਖੇ ਬਾਬਾ ਰਾਮਪਾਲ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਸ਼ਿਵ ਸੈਨਾ ਹਿੰਦ ਦੇ ਪੰਜਾਬ ਉਪ-ਪ੍ਰਧਾਨ ਅਤੇ ਡੇਰਾਬੱਸੀ ਇੰਚਾਰਜ ਦੀਪਕ ਸ਼ਰਮਾ ਦੀ ਪ੍ਰਧਾਨਗੀ ਅਤੇ ਰਾਸ਼ਟਰੀ ਜਨਰਲ ਸਕੱਤਰ ਦੀਪਾਂਸ਼ੂ ਸੂਦ ਦੀ ਅਗਵਾਈ ਹੇਠ ਵਰਕਰਾਂ ਨੇ ਬਰਵਾਲਾ ਰੋਡ ਗਲੀ ਨੰਬਰ 9 ਤੋਂ ਬੱਸ ਸਟੈਂਡ ਚੌਂਕ ਤੱਕ ਰਾਮਪਾਲ ਦੇ ਪੁਤਲੇ ਦੀ ਲਾਸ਼-ਯਾਤਰਾ (ਸ਼ਵ ਯਾਤਰਾ) ਕੱਢੀ ਅਤੇ ਬੱਸ ਸਟੈਂਡ 'ਤੇ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ। ਸ਼ਿਵ ਸੈਨਾ ਹਿੰਦ ਦੇ ਪ੍ਰਮੁੱਖ ਨਿਸ਼ਾਂਤ ਸ਼ਰਮਾ ਦੇ ਨਿਰਦੇਸ਼ਾਂ 'ਤੇ ਕੱਢੇ ਗਏ ਰੋਸ ਮਾਰਚ ਦੌਰਾਨ ਵਰਕਰਾਂ ਨੇ ਹੱਥਾਂ 'ਚ ਭਗਵੇਂ ਝੰਡੇ ਲੈ ਕੇ ਨਾਅਰੇਬਾਜ਼ੀ ਕੀਤੀ ਅਤੇ ਸਨਾਤਨ ਧਰਮ ਦੇ ਸਤਿਕਾਰ 'ਚ ਆਪਣੀ ਆਵਾਜ਼ ਬੁਲੰਦ ਕੀਤੀ। ਮਾਰਚ ਤੋਂ ਬਾਅਦ ਵਰਕਰ ਬੱਸ ਸਟੈਂਡ ਪੁਲ ਦੇ ਹੇਠਾਂ ਮੁੱਖ ਚੌਂਕ 'ਚ ਇਕੱਠੇ ਹੋਏ, ਜਿੱਥੇ ਉਨ੍ਹਾਂ ਨੇ ਨਾਅਰੇਬਾਜ਼ੀ ਕਰਦਿਆਂ ਰਾਮਪਾਲ ਦਾ ਪੁਤਲਾ ਫੂਕਿਆ। ਉਨ੍ਹਾਂ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਕਥਿਤ ਟਿੱਪਣੀਆਂ ਦਾ ਸੰਗਿਆਨ ਲੈ ਕੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸੁਰਿੰਦਰ ਵਰਮਾ, ਪ੍ਰਤਾਪ ਰਾਣਾ, ਦਮਨ ਸ਼ਰਮਾ, ਸ਼ਿਵੀ ਅਤੇ ਸੋਨੂ ਸਮੇਤ ਸਥਾਨਕ ਅਹੁਦੇਦਾਰ, ਨੌਜਵਾਨ ਵਰਕਰ ਅਤੇ ਵੱਡੀ ਗਿਣਤੀ 'ਚ ਸਮਰਥਕ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਸੰਬੰਧੀ ਮਹੀਨਾਵਾਰੀ ਕੀਰਤਨ ਸਮਾਗਮ ਕਰਵਾਇਆ

**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕੀ ਪਿੰਡ ਨੰਗਲ ਦੇ ਵਸ਼ਿੰਦਾ ਮਹੱਲਾ ਵਿਖੇ ਸਥਿਤ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ



650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਮਹੀਨਾਵਾਰੀ ਕੀਰਤਨ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਰਾਗੀ ਜਥਿਆਂ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ ਅਤੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਫਿਲੌਰ ਤੋਂ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਵੀ ਵਿਸ਼ੇਸ਼ ਤੌਰ 'ਤੇ ਸ੍ਰੀ ਗੁਰੂ ਰਵਿਦਾਸ ਭਵਨ ਪਿੰਡ ਨੰਗਲ ਵਿਖੇ ਪਹੁੰਚੇ। ਉਨ੍ਹਾਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੰਗਤਾਂ ਦੇ ਰੂਬਰੂ ਹੋਏ।

ਇਸ ਦੌਰਾਨ ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਵੱਲੋਂ ਮੈਡਮ ਹਰਜੋਤ ਕੌਰ ਲੋਹਟੀਆ ਅਤੇ ਉਨ੍ਹਾਂ ਦੇ ਨਾਲ ਪਹੁੰਚੇ ਸਾਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਲਈ ਵਿਸ਼ੇਸ਼ ਤੌਰ 'ਤੇ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ।

## ਵਿਸ਼ਵ ਸੈਰ ਸਪਾਟਾ ਦਿਵਸ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਵਿਸ਼ਵ ਸੈਰ-ਸਪਾਟਾ ਦਿਵਸ-2026 ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਸਾਲ ਦੇ ਸਮਾਗਮ ਦਾ ਵਿਸ਼ਾ 'ਡਿਜੀਟਲ ਏਜੰਡਾ ਅਤੇ





ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਸੈਰ-ਸਪਾਟੇ ਨੂੰ ਨਵਾਂ ਰੂਪ ਦੇਣਾ' ਰਿਹਾ। ਇਸ ਦੌਰਾਨ ਸੈਰ-ਸਪਾਟਾ ਖੇਤਰ ਵਿੱਚ ਡਿਜੀਟਲ ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਧ ਰਹੀ ਭੂਮਿਕਾ ਨੂੰ ਉਜਾਗਰ ਕੀਤਾ ਗਿਆ। ਸਮਾਗਮ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੌਰਾਨ ਭੰਗੜਾ, ਗਿੱਧਾ, ਗਰੁੱਪ ਡਾਂਸ, ਸੱਭਿਆਚਾਰਕ ਵਾਕ ਅਤੇ ਪੋਸਟਰ ਮੇਕਿੰਗ ਮੁਕਾਬਲਾ ਮੁੱਖ ਆਕਰਸ਼ਣ ਰਹੇ। ਵਿਦਿਆਰਥੀਆਂ ਨੇ ਇਨ੍ਹਾਂ ਗਤੀਵਿਧੀਆਂ ਰਾਹੀਂ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪੇਸ਼ ਕਰਨ ਦੇ ਨਾਲ-ਨਾਲ ਸੈਰ-ਸਪਾਟਾ, ਤਕਨਾਲੋਜੀ ਅਤੇ ਸੱਭਿਆਚਾਰਕ ਸੰਭਾਲ ਸਬੰਧੀ ਆਪਣੇ ਰਚਨਾਤਮਕ ਵਿਚਾਰ ਵੀ ਪ੍ਰਗਟ ਕੀਤੇ। ਇਸ ਮੌਕੇ ਹੋਟਲ ਮੈਨੇਜਮੈਂਟ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਮਨੀਸ਼ ਰਾਏ ਨੇ 'ਡਿਜੀਟਲ ਏਜੰਡਾ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਸੈਰ-ਸਪਾਟੇ ਨੂੰ ਨਵਾਂ ਰੂਪ ਦੇਣਾ' ਵਿਸ਼ੇ 'ਤੇ ਜਾਣਕਾਰੀ ਭਰਪੂਰ ਭਾਸ਼ਣ ਦਿੱਤਾ। ਉਨ੍ਹਾਂ ਨੇ ਸੈਲਾਨੀਆਂ ਦੇ ਤਜਰਬੇ ਨੂੰ ਬਿਹਤਰ ਬਣਾਉਣ, ਟੂਰਿਸਟ ਡੈਸਟੀਨੇਸ਼ਨ ਦੇ ਪ੍ਰਬੰਧਨ, ਮਾਰਕੀਟਿੰਗ ਅਤੇ ਸੈਰ-ਸਪਾਟਾ ਖੇਤਰ ਦੇ ਸਮੁੱਚੇ ਵਿਕਾਸ ਵਿੱਚ ਡਿਜੀਟਲ ਪਲੇਟਫਾਰਮਾਂ, ਆਰਟੀਫੀਸ਼ੀਅਲ ਇੰਟੈਲੀਜੈਂਸ, ਨਵੀਨਤਾ ਅਤੇ ਤਕਨਾਲੋਜੀ ਦੀ ਵਧ ਰਹੀ ਮਹੱਤਤਾ ਬਾਰੇ ਚਾਨਣਾ ਪਾਇਆ। ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਨੇ ਵਿਦਿਆਰਥੀਆਂ ਨੂੰ ਅਕਾਦਮਿਕ, ਸੱਭਿਆਚਾਰਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਹੋਰ ਵਧ-ਚੜ੍ਹ ਕੇ ਭਾਗ ਲੈਣ ਅਤੇ ਸੈਰ-ਸਪਾਟਾ ਖੇਤਰ ਵਿੱਚ ਨਵੇਂ ਤੇ ਨਵੀਨਤਮ ਵਿਚਾਰਾਂ 'ਤੇ ਕੰਮ ਕਰਨ ਲਈ ਉਤਸ਼ਾਹਿਤ ਕੀਤਾ। ਸਮਾਗਮ ਦੇ ਅੰਤ ਵਿੱਚ ਡੀਨ ਯੂ ਆਈ ਸੀ ਐੱਮ ਡਾ. ਅਜੈ ਪਠਾਨੀਆ ਨੇ ਰਸਮੀ ਧੰਨਵਾਦੀ ਮਤਾ ਪੇਸ਼ ਕੀਤਾ।

## ਨਸ਼ਾ ਮੁਕਤ ਪੰਜਾਬ ਲਈ ਪੰਜਾਬੀਆਂ ਨੂੰ ਖ਼ੁਦ ਅੱਗੇ ਆਉਣਾ ਪਵੇਗਾ : ਹਰਜੀਤ ਸਿੰਘ ਸੰਧੂ

**ਤਰਨਤਾਰਨ (ਪ੍ਰਿਤਪਾਲ ਸਿੰਘ)**- 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ 9ਵੇਂ ਦਿਨ ਤਰਨ ਤਾਰਨ ਵਿਖੇ ਹਲਕਾ ਇੰਚਾਰਜ ਹਰਜੀਤ ਸਿੰਘ ਸੰਧੂ ਵੱਲੋਂ ਕਰਵਾਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਉੱਤਰ ਪ੍ਰਦੇਸ਼ ਸਰਕਾਰ ਦੇ ਕੈਬਨਿਟ ਮੰਤਰੀ ਬਲਦੇਵ ਸਿੰਘ ਔਲਖ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਹੁਣ ਹਰ ਪੰਜਾਬੀ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਦੀ



ਅਗਵਾਈ ਹੇਠ ਚੱਲ ਰਹੀ ਇਹ ਯਾਤਰਾ ਕੋਈ ਸਿਆਸੀ ਰਸਮ ਨਹੀਂ, ਸਗੋਂ ਪੰਜਾਬ ਦੀ ਪੀੜ੍ਹੀ ਨੂੰ ਬਚਾਉਣ ਦਾ ਲੋਕ ਅੰਦੋਲਨ ਹੈ।ਔਲਖ ਨੇ ਕਿਹਾ ਕਿ ਜਦੋਂ ਸਰਕਾਰ ਦੀ ਨੀਅਤ ਅਤੇ ਇੱਛਾ-ਸ਼ਕਤੀ ਸਾਫ਼ ਹੋਵੇ ਤਾਂ ਪੁਲਸ ਨੂੰ ਨਸ਼ੇ ਦੇ ਨੈੱਟਵਰਕ ਖ਼ਿਲਾਫ਼ ਕਾਰਵਾਈ ਕਰਨ ਤੋਂ ਕੋਈ ਨਹੀਂ ਰੋਕ ਸਕਦਾ।ਪੁਲਸ ਨੂੰ ਪਤਾ ਹੈ ਕਿ ਨਸ਼ਾ ਕਿੱਥੇ ਵਿਕਦਾ ਹੈ ਅਤੇ ਕਿੱਥੋਂ ਆਉਂਦਾ ਹੈ, ਲੋੜ ਸਿਰਫ਼ ਸਿਆਸੀ ਹੌਸਲੇ ਦੀ ਹੈ।ਉੱਤਰ ਪ੍ਰਦੇਸ਼ ਦੀ ਉਦਾਹਰਨ ਦਿੰਦਿਆਂ ਔਲਖ ਨੇ ਕਿਹਾ ਕਿ 2017 ਤੋਂ ਬਾਅਦ ਯੋਗੀ ਸਰਕਾਰ ਨੇ ਕਾਨੂੰਨ-ਵਿਵਸਥਾ ਨੂੰ ਤਰਜੀਹ ਦਿੱਤੀ ਅਤੇ ਗੁੰਡਾਗਰਦੀ, ਗੈਂਗਵਾਰ ਤੇ ਗ਼ੈਰ-ਕਨੂੰਨੀ ਕਬਜ਼ਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਵੀ ਸਮਰੱਥ ਹੈ, ਉਸ ਨੂੰ ਸਿਰਫ਼ ਸਿਆਸੀ ਦਖ਼ਲ ਤੋਂ ਮੁਕਤ ਹੋ ਕੇ ਕੰਮ ਕਰਨ ਦਾ ਹੌਸਲਾ ਦੇਣ ਦੀ ਲੋੜ ਹੈ।ਵਿਧਾਨ ਸਭਾ ਹਲਕਾ ਤਰਨਤਾਰਨ ਦੇ ਇੰਚਾਰਜ ਤੇ ਸਾਬਕਾ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਭਾਜਪਾ ਨੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਲਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ, ਸੁਰੱਖਿਅਤ ਅਤੇ ਖ਼ੁਸ਼ਹਾਲ ਬਣਾਉਣ ਲਈ ਪੰਜਾਬੀਆਂ ਨੂੰ ਇਸ ਮੁਹਿੰਮ ਨਾਲ ਖ਼ੁਦ ਜੁੜਨਾ ਪਵੇਗਾ।ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਵਿੱਚ ਧੱਕਣਾ ਸਿਰਫ਼ ਸਮਾਜਿਕ ਨਹੀਂ, ਸਗੋਂ ਪੰਜਾਬ ਦੀ ਸੁਰੱਖਿਆ ਨਾਲ ਜੁੜਿਆ ਗੰਭੀਰ ਮਸਲਾ ਹੈ।ਉਨ੍ਹਾਂ ਕਿਹਾ ਕਿ ਸਰਹੱਦ ਪਾਰੋਂ ਡਰੋਨਾਂ ਰਾਹੀਂ ਨਸ਼ਾ ਭੇਜ ਕੇ ਪੰਜਾਬ ਦੇ ਨੌਜਵਾਨਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪੰਜਾਬ ਦਾ ਜਵਾਨ ਸਰਹੱਦ 'ਤੇ ਦੇਸ਼ ਦੀ ਰੱਖਿਆ ਕਰਦਾ ਆਇਆ ਹੈ, ਇਸ ਲਈ ਸਾਨੂੰ ਇੱਕਜੁਟ ਹੋ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਦੇਸ਼ ਦੀ ਸੁਰੱਖਿਆ ਮਜ਼ਬੂਤ ਕਰਨੀ ਪਵੇਗੀ।

## ਕਿਸਾਨਾਂ ਨੇ ਝੋਨੇ ਦੀ ਕਟਾਈ ਕੀਤੀ ਸ਼ੁਰੂ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਫਗਵਾੜਾ ਖੇਤਰ ਦੇ ਪਿੰਡਾਂ 'ਚ ਝੋਨੇ ਦੀ ਫਸਲ ਪੱਕ ਕੇ ਤਿਆਰ ਹੋਣੀ ਸ਼ੁਰੂ ਹੋ ਗਈ ਹੈ ਅਤੇ ਕਿਸਾਨਾਂ ਵਲੋਂ ਫਸਲ ਦੀ ਕਟਾਈ ਦਾ ਕੰਮ ਹੌਲੀ-ਹੌਲੀ ਸ਼ੁਰੂ ਕਰ ਦਿੱਤਾ ਗਿਆ ਹੈ। ਗੱਲਬਾਤ ਕਰਦੇ ਹੋਏ ਪਿੰਡ ਮਲਕਪੁਰ ਦੇ ਕਿਸਾਨ ਗੁਰਮੁਖ ਸਿੰਘ ਫੌਜੀ ਨੇ ਦੱਸਿਆ ਕਿ ਪਿਛਲੇ ਸਾਲ ਹੜ੍ਹਾਂ ਦੀ ਮਾਰ ਤੋਂ ਬਾਅਦ ਪਰਮਾਤਮਾ ਦਾ ਸ਼ੁਕਰ ਹੈ ਕਿ ਇਸ ਵਾਰ ਫਸਲ ਕਾਫੀ ਚੰਗੀ ਹੋਈ ਹੈ। ਉਹਨਾਂ ਕਿਹਾ ਕਿ ਅਸਮਾਨ ਵਿੱਚ ਬੱਦਲਵਾਈ ਨੂੰ ਦੇਖਦੇ ਹੋਏ ਉਹਨਾਂ ਨੇ ਪੱਕ ਕੇ ਤਿਆਰ ਫਸਲ ਨੂੰ ਕੰਬਾਈਨ ਰਾਹੀਂ ਕੱਟਣਾ ਨਾ ਸ਼ੁਰੂ ਕਰ ਦਿੱਤਾ ਹੈ ਤਾਂ ਜੋ ਨਮੀ ਤੋਂ ਬਚਾਇਆ ਜਾ ਸਕੇ। ਫਸਲ ਦੀ ਕਟਾਈ ਤੋਂ ਪਹਿਲਾਂ ਭਾਈ ਸੁਖਵਿੰਦਰ ਸਿੰਘ ਮਲਕਪੁਰ ਵਲੋਂ ਅਰਦਾਸ ਕੀਤੀ ਗਈ। ਕਿਸਾਨਾਂ ਨੇ ਭਰੋਸਾ ਜਤਾਇਆ ਕਿ ਮੰਡੀਆਂ ਵਿਚ ਭਗਵੰਤ ਮਾਨ ਸਰਕਾਰ ਵਲੋਂ ਲੋੜੀਂਦੇ ਪ੍ਰਬੰਧਾਂ ਦੀ ਚੰਗੀ ਵਿਵਸਥਾ ਕੀਤੀ ਜਾਵੇਗੀ ਅਤੇ ਸਮੇਂ ਸਿਰ ਝੋਨੇ ਦੀ ਖਰੀਦ ਤੇ ਲਿਫਟਿੰਗ ਤੋਂ ਇਲਾਵਾ ਤਿਓਹਾਰੀ ਸੀਜਨ 'ਚ ਫਸਲ ਦੀ ਕੀਮਤ ਦਾ ਸਰਕਾਰ ਵਲੋਂ ਸਮੇਂ ਸਿਰ ਕਿਸਾਨਾਂ ਦੇ ਖਾਤੇ ਵਿਚ ਭੁਗਤਾਨ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਫੋਰਮੈਨ ਦਰਸ਼ਨ ਸਿੰਘ ਬਰਨਾਲਾ, ਸੁਖਵਿੰਦਰ ਸਿੰਘ ਪੰਚ, ਸ਼ੇਰਵੀਰ ਸਿੰਘ, ਅਵਤਾਰ ਸਿੰਘ ਅਤੇ ਮਹਿੰਦਰ ਸਿੰਘ ਸਮੇਤ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

## ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਸੀ ਪੀ ਆਈ ਐਮ ਵਲੋਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਗੁਰਨੇਕ ਸਿੰਘ ਭੱਜਲ ਦਰਸ਼ਨ ਸਿੰਘ ਮੱਟੂ ਮਹਿੰਦਰ ਕੁਮਾਰ



ਬੱਡੋਆਣ ਕੁਲਵਿੰਦਰ ਸਿੰਘ ਸੰਘਾ ਨੇਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨਰ ਵੱਲੋਂ ਵੋਟਾਂ ਵਿੱਚ ਧਾਂਦਲੀਆਂ ਕੀਤੀਆਂ ਜਾ ਰਹੀਆਂ ਹਨ। ਦੇਸ਼ ਵਿਚ 96.88ਕਰੋੜ ਵੋਟਾਂ ਕੱਟ ਦਿੱਤੀਆਂ ਗਈਆਂ ਜੋ ਕਿ ਵੋਟਾਂ ਦਾ 14 ਫੀਸਦੀ ਬਣਦਾ ਹੈ। ਇਸ ਕਰਕੇ ਅਮਿਤ ਸ਼ਾਹ 50 ਸਾਲ ਰਾਜ ਕਰਨ ਦੀਆਂ ਗੱਲਾਂ ਕਰਦਾ ਹੈ। ਇਸੇ ਹੀ ਅਧਾਰ ਤੇ ਕਿਹਾ ਰਿਹਾ ਜੋ 6 ਨੰਬਰ ਫਾਰਮ ਬਣਾਇਆ ਹੈ ਉਸ ਵਿੱਚ ਮਦ ਹੀ ਇਸ ਤਰਾ ਦੀ ਬਣਾ ਦਿੱਤੀ ਨਵੀਂ ਵੋਟ ਬਣਾਉਣ ਵਾਲੇ ਕੋਲੋਂ 2003 ਦਾ ਸਬੂਤ ਮੰਗਿਆ ਜਾ ਰਿਹਾ ਹੈ ਜੋ ਕਿ ਗੈਰ ਸੰਵਿਧਾਨਕ ਹੈ। ਮੋਦੀ ਸ਼ਾਹ ਸੰਵਿਧਾਨ ਨੂੰ ਖਤਮ ਕਰਕੇ ਮਨੂ ਸਿਮਰਤੀ ਲਾਗੂ ਕਰਨਾ ਚਾਹੁੰਦੇ ਹਨਸ਼ ਖੱਬੀਆਂ ਪਾਰਟੀਆਂ ਇਨਸਾਫ ਪਸੰਦ ਲੋਕ ਇਹਨਾਂ ਦੇ ਮਨਸੂਬੇ ਸਫਲ ਨਹੀਂ ਹੋਣ ਦੇਣਗੇ। ਇਸ ਮੌਕੇ ਸੁਭਾਸ਼ ਮੱਟੂ ਅਤੇ ਉਪਰੋਕਤ ਆਗੂਆਂ ਨੇ ਸਾਰੇ ਸਾਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ 6 ਅਕਤੂਬਰ ਨੂੰ ਜੈ ਕਿਸ਼ਨ ਸਿੰਘ ਰੋੜੀ ਦੇ ਘਰ ਦੇ ਅੱਗੇ ਧਰਨਾ ਲਾ ਕੇ ਮਜ਼ਦੂਰਾਂ ਕਿਸਾਨਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ। ਇਸ ਮੌਕੇ ਸੁਖਵਿੰਦਰ ਕੌਰ, ਬਲਦੇਵ ਰਾਜ, ਜਗਮੋਹਨ ਕੌਰ, ਕਿਸ਼ਨ ਸਿੰਘ, ਬਲਵੀਰ ਸਿੰਘ ਨੇ ਸਬੋਧਨ ਕੀਤਾ।

## ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਮੌਕੇ ਸੁਖਮਨੀ ਸਾਹਿਬ ਦਾ ਪਾਠ ਤੇ ਕੀਰਤਨ ਕਰਵਾਈਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੀ. ਕੇ. ਡੀ. ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਤਰਨ ਤਾਰਨ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਮੌਕੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਅਤੇ ਅਕਾਦਮਿਕ ਸਫਲਤਾ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ।ਪਾਠ ਉਪਰੰਤ



ਰਾਗੀ ਸਿੰਘਾਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਕਾਲਜ ਦੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਹਾਜ਼ਰੀ ਭਰੀ।ਸਮਾਗਮ ਦੌਰਾਨ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਤਰੱਕੀ, ਚੰਗੇ ਨਤੀਜਿਆਂ ਅਤੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ।ਨਵੇਂ ਅਕਾਦਮਿਕ ਸੈਸ਼ਨ ਦੀ ਸਫਲ ਸ਼ੁਰੂਆਤ ਲਈ ਸਮੂਹ ਕਾਲਜ ਪਰਿਵਾਰ ਨੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ. ਹਰਜੀਤ ਸਿੰਘ (ਪ੍ਰਧਾਨ, ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ), ਸ. ਜਸਪਾਲ ਸਿੰਘ, ਡਾ. ਹਰਭਜਨ ਸਿੰਘ (ਮੈਂਬਰ ਇੰਚਾਰਜ) ਅਤੇ ਕਾਲਜ ਦੇ ਪ੍ਰਿੰਸੀਪਲ ਸ. ਜਸਬੀਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਵਿੱਚ ਮਿਹਨਤ, ਅਨੁਸ਼ਾਸਨ ਅਤੇ ਚੰਗੇ ਆਚਰਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸੰਗਤ ਲਈ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਸੇਵਾ ਵਿੱਚ ਭਾਗ ਲੈਂਦਿਆਂ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਤਰ੍ਹਾਂ ਧਾਰਮਿਕ ਸ਼ਰਧਾ ਅਤੇ ਸੇਵਾ ਭਾਵਨਾ ਨਾਲ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਭ ਸ਼ੁਰੂਆਤ ਕੀਤੀ ਗਈ।

## ਲਾਇਲਪੁਰ ਖ਼ਾਲਸਾ ਕਾਲਜ ਨੇ 'ਜਸ਼ਨ-ਏ-ਆਗਾਜ਼ 2026-27' ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਕਾਮਰਸ ਵਿਭਾਗ ਨੇ ਨਵੇਂ ਆਏ ਵਿਦਿਆਰਥੀਆਂ ਦੇ ਬੈਚ ਦੇ ਸਵਾਗਤ ਲਈ ਬਹੁਤ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ 'ਜਸ਼ਨ-ਏ-ਆਗਾਜ਼ 2026-27' ਨਾਮਕ ਫਰੈਸ਼ਰਜ਼ ਪਾਰਟੀ ਦਾ ਆਯੋਜਨ ਕੀਤਾ। ਇਸ ਸਮਾਗਮ ਦੀ ਸ਼ੋਭਾ ਕਾਲਜ ਦੇ ਪ੍ਰਿੰਸੀਪਲ ਡਾ. ਰਾਸ਼ਪਾਲ ਸਿੰਘ ਸੰਧੂ ਨੇ ਵਧਾਈ। ਇਸ ਮੌਕੇ 'ਤੇ ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਅਮਿਤਾ ਸ਼ਾਹਿਦ ਨੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਸਮੇਤ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਪ੍ਰਿੰਸੀਪਲ ਸਾਹਿਬ ਦਾ ਨਿੱਘਾ



ਸਵਾਗਤ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਕਾਲਜ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਉੱਤਰੀ ਭਾਰਤ ਦੀ ਇੱਕ ਪ੍ਰਮੁੱਖ ਵਿਰਾਸਤੀ ਸੰਸਥਾ ਹੋਣ ਦੇ ਨਾਤੇ, ਲਾਇਲਪੁਰ ਖਾਲਸਾ ਕਾਲਜ ਹਮੇਸ਼ਾ ਹੀ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੇ ਗੁਣਾਂ ਨੂੰ ਵਿਕਸਤ ਕਰਨ ਦੇ ਨਾਲ-ਨਾਲ ਉੱਚ-ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਵਪਾਰ ਅਤੇ ਕਾਮਰਸ ਦੇ ਮੁਕਾਬਲੇਬਾਜ਼ੀ ਵਾਲੇ ਵਿਸ਼ਵਵਿਆਪੀ ਖੇਤਰ ਵਿੱਚ ਸਫਲ ਹੋਣ ਲਈ ਵਿਦਿਆਰਥੀਆਂ ਵਾਸਤੇ ਵਿਹਾਰਕ ਤਜਰਬਾ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਹੁਤ ਜ਼ਰੂਰੀ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਇੱਕ ਸਫਲ ਭਵਿੱਖ ਬਣਾਉਣ ਲਈ ਹਰ ਮੌਕੇ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮਾਗਮ ਦਾ ਇੱਕ ਮੁੱਖ ਆਕਰਸ਼ਣ ਵਿਦਿਆਰਥੀ ਸੰਸਥਾਵਾਂ 'ਕਾਮਰਸ ਐਸੋਸੀਏਸ਼ਨ' ਤੇ 'ਬਿਜ਼ਨਸ ਕਲੱਬ' ਦਾ ਅਧਿਕਾਰਤ ਗਠਨ ਸੀ। ਜ਼ਿੰਮੇਵਾਰੀ ਅਤੇ ਸੰਸਥਾਗਤ ਲੀਡਰਸ਼ਿਪ ਦੀ ਭਾਵਨਾ ਪੈਦਾ ਕਰਨ ਲਈ ਇੱਕ ਪ੍ਰਭਾਵਸ਼ਾਲੀ 'ਬੈਜ ਸਮਾਰੋਹ' ਕਰਵਾਇਆ ਗਿਆ। ਇਸ ਮੌਕੇ 'ਮਿਸਟਰ ਐਂਡ ਮਿਸ ਫਰੈਸ਼ਰ' ਚੁਣਨ ਵਾਸਤੇ ਇੱਕ ਮਾਡਲਿੰਗ ਮੁਕਾਬਲਾ ਵੀ ਕਰਵਾਇਆ ਗਿਆ। ਇਸ ਮੌਕੇ 'ਤੇ ਟੀਚਿੰਗ, ਨਾਨ-ਟੀਚਿੰਗ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।

## ਪ੍ਰਾਇਮਰੀ ਬਲਾਕ ਦਫਤਰ ਕੋਟ ਫਤੂਹੀ ਦਾ ਬੁਰਾ ਹਾਲ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਕੋਟ ਫਤੂਹੀ ਪ੍ਰਾਇਮਰੀ ਬਲਾਕ ਦਾ ਦਫਤਰੀ ਮੁਲਾਜ਼ਮਾਂ ਦੇ ਪੱਖ ਤੋਂ ਬਹੁਤ ਬੁਰਾ ਹਾਲ ਹੈ।ਬਲਾਕ ਵਿੱਚ ਕੇਵਲ ਇੱਕ ਮੁਲਾਜ਼ਮ ਹੀ ਕੰਮ ਕਰ ਰਿਹਾ ਹੈ।ਪ੍ਰਾਇਮਰੀ ਅਧਿਆਪਕਾਂ ਦੀ ਤਨਖਾਹ ਦੇ ਬਿੱਲ ਵੀ ਕਿਸੇ ਹੋਰ ਬਲਾਕ ਦੇ

**● ਤਨਖਾਹ ਸਮੇਂ ਸਿਰ ਨਹੀਂ ਮਿਲਦੀ : ਜੀ ਟੀ ਯੂ**

ਮੁਲਾਜ਼ਮਾਂ ਵੱਲੋਂ ਬਣਾਏ ਜਾਂਦੇ ਹਨ ਜਿਸ ਕਰਕੇ ਅਧਿਆਪਕਾਂ ਨੂੰ ਤਨਖਾਹ ਵੀ ਪੰਦਰਾਂ-ਪੰਦਰਾਂ ਦਿਨ ਦੇਰੀ ਨਾਲ ਮਿਲਦੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਜ਼ਿਲ੍ਹਾ ਆਗੂ ਪਰਮਜੀਤ ਕਾਤਿਬ ਨੇ ਕੀਤਾ।

ਆਗੂਆਂ ਨੇ ਕਿਹਾ ਇਸ ਬਲਾਕ ਦੇ ਅਧਿਆਪਕਾਂ ਨੂੰ ਪੇਅ-ਕਮਿਸ਼ਨ ਦੇ ਬਕਾਏ ਦੀ ਇੱਕ ਵੀ ਕਿਸ਼ਤ ਨਹੀਂ ਮਿਲੀ ਹੈ ਜਦਕਿ ਅੱਪਰ-ਪ੍ਰਾਇਮਰੀ ਅਧਿਆਪਕਾਂ ਨੂੰ ਛੇ ਕਿਸ਼ਤਾਂ ਰਿਲੀਜ਼ ਵੀ ਹੋ ਚੁੱਕੀਆਂ ਹਨ।ਆਗੂਆਂ ਨੇ ਕਿਹਾ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਪਤਾ ਹੈ।ਪ੍ਰੰਤੂ ਦਫਤਰ ਦੇ ਅਮਲੇ ਦੀ ਘਾਟ ਪੂਰੀ ਨਹੀਂ ਕੀਤੀ ਜਾ ਰਹੀ ਜਿਸ ਨਾਲ ਅਧਿਆਪਕਾਂ ਨੂੰ ਸਰਵਿਸ ਬੁੱਕ ਰਿਕਾਰਡ, ਜੀ ਪੀ ਐੱਫ ਰਿਕਾਰਡ, ਜੀ.ਆਈ.ਐੱਸ ਰਿਕਾਰਡ, ਤਨਖਾਹ, ਬਕਾਏ ਦੀਆਂ ਕਿਸ਼ਤਾਂ, ਮੈਡੀਕਲ ਕਲੇਮ, ਮਿਡ-ਡੇ-ਮੀਲ ਅਤੇ ਹੋਰ ਦਫਤਰੀ ਕੰਮਕਾਜਾਂ ਲਈ ਕਾਫੀ ਖੱਜਲ-ਖੁਆਰੀ ਹੋ ਰਹੀ ਹੈ।





ਆਗੂਆਂ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਕੋਟ ਫਤੂਹੀ ਪ੍ਰਾਇਮਰੀ ਬਲਾਕ ਵਿੱਚ ਮੰਨਜ਼ੂਰਸ਼ੁਦਾ ਅਸਾਮੀਆਂ ਅਨੁਸਾਰ ਅਮਲਾ ਤਾਇਨਾਤ ਕੀਤਾ ਜਾਵੇ ਤਾਂ ਜੋ ਅਧਿਆਪਕਾਂ ਦੇ ਕੰਮ ਸਮੇਂ ਸਿਰ ਹੋ ਸਕਣ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪਰਮਜੀਤ ਕਾਤਿਬ, ਮਹਿੰਦਰ ਪਾਲ, ਸੀ ਐੱਚ ਟੀ ਸਰਬਜੀਤ ਸਿੰਘ, ਅਜੇ ਕੁਮਾਰ, ਪਵਨ ਕੁਮਾਰ, ਸਗਲੀ ਰਾਮ, ਸੁਖਜੀਵਨ ਸਿੰਘ, ਅਸ਼ੋਕ ਕੁਮਾਰ, ਪਰਜਿੰਦਰ ਸਿੰਘ, ਸਤਪਾਲ ਸਿੰਘ, ਮਨਜਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਨੌਜਵਾਨਾਂ ਨੂੰ ਵਾਲੀਬਾਲ ਕਿੱਟ ਕੀਤੀ ਭੇਟ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਿੰਡ ਹੈਬਤਪੁਰ ਵਿਖੇ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਨਵੇਂ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿੱਚ ਪਹੁੰਚ ਕੇ ਗੁਰਸੇਵਕ ਸਿੰਘ ਪੁਆਧੀ ਸੰਗਠਨ ਇੰਚਾਰਜ ਹਲਕਾ ਡੇਰਾਬੱਸੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਲਾਲੜੂ ਵੱਲੋਂ ਨੌਜਵਾਨਾਂ ਨੂੰ ਵਾਲੀਬਾਲ ਕਿੱਟ ਭੇਟ



ਕੀਤੀ ਗਈ। ਪੁਆਧੀ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਡਾ ਮਕਸਦ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣਾ ਅਤੇ ਉਨ੍ਹਾਂ ਨੂੰ ਖੇਡਾਂ ਰਾਹੀਂ ਅੱਗੇ ਵਧਣ ਲਈ ਮੌਕੇ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤੀ, ਅਨੁਸ਼ਾਸਨ ਅਤੇ ਮਿਹਨਤ ਦਾ ਰਾਹ ਦਿਖਾਉਂਦੀਆਂ ਹਨ। ਨੌਜਵਾਨ ਖੇਡਾਂ ਵਿੱਚ ਮੱਲਾਂ ਮਾਰਨ ਅਤੇ ਆਪਣੇ ਪਿੰਡ ਦੇ ਨਾਲ-ਨਾਲ ਪੰਜਾਬ ਦਾ ਨਾਮ ਵੀ ਰੌਸ਼ਨ ਕਰਨ।ਇਸ ਮੌਕੇ ਪਿੰਡ ਪੰਚਾਇਤ ਹਰਦੀਪ ਸਰਪੰਚ, ਸ਼ੈਂਕੀ ਸੈਣੀ, ਸਤਨਾਮ ਸਿੰਘ, ਸੰਦੀਪ ਪੰਚ, ਹਰਬੰਸ ਸਿੰਘ, ਸ਼ਿਵ ਧੀਮਾਨ, ਪ੍ਰਿੰਸ ਸੈਣੀਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ।

# 30 ਨੂੰ ਜੰਗਲਾਤ ਕਾਮੇ ਵਿੱਤ ਮੰਤਰੀ ਦੇ ਹਲਕੇ ਦਿੜ੍ਹਬਾ 'ਚ ਕਰਨਗੇ ਰੋਸ ਪ੍ਰਦਰਸ਼ਨ : ਅਮਰੀਕ ਸਿੰਘ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨਾਲ ਸੰਬਧਤ ਜੰਗਲਾਤ, ਜੰਗਲੀ ਜੀਵ ਤੇ ਕਾਰਪੋਰੇਸ਼ਨ ਕਾਮਿਆਂ ਦੀ ਸੰਘਰਸ਼ੀਲ ਜੱਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਈ ਪ੍ਰਧਾਨ ਅਮਰੀਕ ਸਿੰਘ ਗੜਸ਼ੰਕਰ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਦੀ ਕਾਰਵਾਈ ਸੂਬਾ ਸਕੱਤਰ ਜਸਵਿੰਦਰ ਸਿੰਘ ਸੌਜਾ ਨੇ ਪ੍ਰੈੱਸ ਦੇ ਨਾਂਅ ਜਾਰੀ ਕਰਦਿਆਂ ਕਿਹਾ ਕਿ ਮੀਟਿੰਗ ਵਿੱਚ ਹਾਜ਼ਰ ਹੋਏ, ਸਾਥੀ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ, ਵਿੱਤ ਸਕੱਤਰ ਅਮਨਦੀਪ ਸਿੰਘ ਛੱਤ, ਚੇਅਰਮੈਨ ਵਿਰਸਾ ਸਿੰਘ ਚਹਿਲ, ਸੀਨੀਅਰ ਮੀਤ ਰਣਜੀਤ ਸਿੰਘ ਗੁਰਦਾਸਪੁਰ ਅਤੇ ਸਤਨਾਮ ਸੰਗੋਵਾਲਾ ਸੰਗਰੂਰ ਨੇ ਕਿਹਾ ਕਿ ਜਿੱਥੇ ਵੱਖ-ਵੱਖ ਵਿਭਾਗਾਂ ਦੇ ਰੋਜ਼ਾਨਾ ਕੱਚੇ ਕਾਮਿਆਂ ਨੂੰ ਪੱਕੇ ਕਰਨ ਦੀ ਸਰਕਾਰ ਨੇ 16-05-2023 ਦੀ ਮਾੜੀ ਪਾਲਿਸੀ ਬਣਾਈ ਹੈ, ਉਥੇ ਵਣ ਅਤੇ ਜੰਗਲੀ ਜੀਵ ਵਿਭਾਗ ਵਿੱਚ ਪਿਛਲੇ 27/28 ਸਾਲਾਂ ਤੋਂ ਕੰਮ ਕਰਦੇ ਸੀਨੀਅਰ ਕਾਮਿਆਂ ਨੂੰ ਪੰਜਾਬ ਸਰਕਾਰ ਨੇ ਪੱਕਿਆਂ ਤਾਂ ਕੀ ਕਰਨਾ ਸੀ, ਸਰਕਾਰ ਨੇ ਇਨ੍ਹਾਂ ਕਾਮਿਆਂ ਨੂੰ ਉਸ ਪਾਲਿਸੀ ਅਧੀਨ ਲਿਆ ਕੇ ਪਲੇਸਮੈਂਟ ਕੀਤਾ ਗਿਆ। ਇਸ ਪਾਲਿਸੀ ਵਿੱਚ ਪੱਕਿਆਂ ਵਾਲੀ ਕੋਈ ਸਹੂਲਤ ਨਹੀਂ ਹੈ ਜਿਸ ਕਾਰਨ ਜੰਗਲਾਤ ਕਾਮਿਆਂ ਵਿੱਚ ਭਾਰੀ ਰੋਸ ਦੇ ਬੇਚੈਨੀ ਪਾਈ ਜਾ ਰਹੀ ਹੈ।ਜੰਗਲਾਤ ਵਿਭਾਗ ਦੇ ਫੀਲਡ ਕਾਮਿਆਂ ਨਾਲ ਇਹ ਪਹਿਲੀ ਵਾਰ ਹੋਇਆ ਹੈ, ਜਦੋਂ ਆਮ ਆਦਮੀ ਕਹਾਉਣ ਵਾਲੀ ਸਰਕਾਰ ਨੇ ਮਾੜੀ



ਪਾਲਿਸੀ ਲੈ ਕੇ ਆਈ ਹੈ ਜਿਸ ਦਾ ਕਈ ਮੰਤਰੀਆਂ ਨਾਲ ਪਾਲਸੀ ਬਾਰੇ ਵਿਚਾਰ ਕੀਤਾ ਗਿਆ ਪਰ ਜੰਗਲਾਤ ਕਾਮਿਆਂ ਦੀਆਂ ਪਿਛਲੇ ਸਾਰੇ ਚਾਰ ਸਾਲਾਂ 'ਚ ਵਿਭਾਗੀ ਅਨੇਕਾਂ ਮੀਟਿੰਗਾਂ ਹੋਣ ਦੇ ਬਾਵਜੂਦ ਮੰਗਾਂ ਦਾ ਹੱਲ ਨਹੀ ਹੋਇਆ ਤੇ ਮੰਤਰੀਆਂ ਵੱਲੋਂ ਮੀਟਿੰਗਾਂ ਵਿੱਚ ਹਾਂ ਪੱਖੀ ਫੈਸਲੇ ਹੋਣ ਦੇ ਬਾਵਜੂਦ ਵੀ ਇਸਦੇ ਸਾਰੇ ਚਾਰ ਸਾਲਾਂ ਤੋਂ ਸਿਰਫ ਲਾਰਿਆਂ 'ਚ ਰੱਖਿਆ ਗਿਆ ਜਿਸ ਕਾਰਨ ਜੰਗਲਾਤ ਕਾਮੇ ਪ੍ਰੇਸ਼ਾਨ ਹਨ।ਬਲਵੀਰ ਮਾਨਸਾ,ਬਲਰਾਜ ਪਠਾਨਕੋਟ, ਰਵੀਕਾਂਤ ਰੋਪੜ ਅਤੇ ਸੁਖਦੇਵ ਜਲੰਧਰ ਦੱਸਿਆ ਕਿ ਪਲੇਸਮੈਂਟ ਕੀਤੇ ਕਾਮਿਆਂ ਨੂੰ ਸਿਰਫ15000/-ਤਨਖਾਹ ਦਿੱਤੀ ਜਾ ਰਹੀ ਹੈ ਜੋ ਇੰਨੀ ਅੰਤਾਂ ਦੀ ਮਹਿਗਾਈ ਵਿੱਚ ਇੰਨੀ ਘੱਟ ਤਨਖਾਹ ਤੇ ਕੰਮ ਕਰ ਰਹੇ ਜੰਗਲਾਤ ਕਾਮਿਆਂ ਨੂੰ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨਾ ਮੁਸ਼ਕਿਲ ਹੋ ਰਿਹਾ ਹੈ ਜਿਸ ਕਾਰਨ ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਕਿ ਫੈਡਰੇਸ਼ਨ ਦੇ ਸਹਿਯੋਗ ਨਾਲ ਮੰਗ ਪੱਤਰ ਵਿੱਚ ਦਰਜ ਇਨ੍ਹਾਂ ਮੰਗਾਂ ਜਿਵੇਂ ਕਿ ਸਾਲ 2006 ਤੱਕ 10 ਸਾਲ ਪੂਰੇ ਕਰਦੇ 14 ਵਰਕਰਾਂ ਨੂੰ ਵੀ ਸਰਕਾਰ ਨੇ ਹੁਣ ਤੱਕ ਪੱਕਾ ਨਹੀਂ ਕੀਤਾ ਜੋ ਸਾਲ 2026 ਤੱਕ 10 ਸਾਲ ਪੂਰੇ ਕਰਦੇ ਉਨ੍ਹਾਂ ਸਾਰੇ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਿਆਂ ਕਰਵਾਉਣ ਲਈ, 30 ਜੁਲਾਈ 2025 ਅਤੇ 13 ਜੁਲਾਈ 2026 ਨੂੰ ਮੁੱਖ ਮੰਤਰੀ ਵੱਲੋਂ ਨਿਯੁਕਤੀ ਪੱਤਰ ਦਿੱਤੇ ਵਰਕਰਾਂ ਨੂੰ ਪੂਰੇ ਸਕੇਲ ਰਾਹੀ ਤਨਖਾਹਾਂ ਦਿਵਾਉਣ, ਡੀ. ਏ., ਹੋਰ ਮੈਡੀਕਲ ਸਹੂਲਤ ਮੁਹੱਈਆ ਕਰਵਾਉਣ ਤੇ ਪੈਨਸ਼ਨੀ ਲਾਭ ਦਿਵਾਉਣ ਲਈ, ਵਿਭਾਗ ਦੇ ਕਾਮਿਆਂ ਦੀ ਸੀਨੀਅਰਤਾ ਸੂਚੀ 31-03-2026 ਤੱਕ ਅਪਡੇਟ ਕਰਨ ਲਈ, ਵਿਭਾਗ ਵਿੱਚ ਨਵੇਂ ਕੰਮ ਚਲਾਉਣ ਲਈ, ਵਿਭਾਗ ਵਿੱਚ ਨਵੇਂ ਕਾਮਿਆਂ ਨੂੰ ਕੰਮ ਤੇ ਰੱਖਣ ਲਈ, ਘੱਟ-ਘੱਟ ਉਜਰਤਾਂ ਵਿਚ ਹੋਏ ਨਿਗੂਣੇ ਵਾਧੇ ਦਾ ਏਰੀਅਰ ਜਾਰੀ ਕਰਵਾਉਣ ਲਈ ਅਤੇ ਹੋਰ ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਮਜ਼ਬੂਰਨ ਜੱਥੇਬੰਦੀ 30 ਸਤੰਬਰ ਨੂੰ ਵਿਧਾਨ ਸਭਾ ਹਲਕਾ ਦਿੜ੍ਹਬਾ (ਸੰਗਰੂਰ) ਵਿੱਚ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਹਿਯੋਗ ਨਾਲ ਰੋਸ ਪ੍ਰਦਰਸ਼ਨ ਕਰਨ ਉਪਰੰਤ ਪੱਕਾ ਮੋਰਚਾ ਲਗਾਇਆ ਜਾਵੇਗਾ। ਇਹ ਪੱਕਾ ਮੋਰਚਾ ਉਦੋਂ ਤੱਕ ਜਾਰੀ ਰਹੇਗਾ।ਜਦੋਂ ਤੱਕ ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਹੱਲ ਨਹੀਂ ਹੁੰਦਾ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਲੱਖਣ ਸਿੰਘ, ਮਲਕੀਤ ਸਿੰਘ ਫਿਰੋਜ਼ਪੁਰ, ਜੋਗਿੰਦਰ ਸਿੰਘ, ਕੁਲਵੰਤ ਮੁਕਤਸਰ, ਪਵਨ ਹੁਸ਼ਿਆਰਪੁਰ, ਰਾਣਾ ਫਿਰੋਜ਼ਪੁਰ, ਭੁਪਿੰਦਰ ਦਸੂਹਾ, ਕਰਮ ਸਿੰਘ ਰਾਜੌਰੀ ਪੱਤਣ, ਜਗਤਾਰ ਸਾਹਪੁਰ, ਭੁਪਿੰਦਰ ਸਿੰਘ ਸਾਰੋਹੇੜੀ ਆਦਿ ਹਾਜ਼ਰ ਸਨ।

# ਕਰਿਆਨਾ ਸਟੋਰ 'ਚ ਕੰਧ ਪਾੜ ਕੇ ਚੋਰੀ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਡਿੰਖੀਵਿੰਡ ਰੋਡ ਅੱਡਾ ਝਬਾਲ ਵਿਖੇ ਸਥਿਤ ਨੇੜੇ ਗ੍ਰਾਮੀਣ ਬੈਂਕ ਅੰਮ੍ਰਿਤਸਰ ਚਾਵ ਵਾਲਿਆਂ ਦੇ ਕਰਿਆਨਾ ਸਟੋਰ 'ਚ ਬੀਤੀ ਰਾਤ ਚੋਰਾਂ ਵੱਲੋਂ ਕੰਧ ਪਾੜ ਕੇ ਇੱਕ ਵੱਡੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।



ਦੁਕਾਨ ਮਾਲਕ ਰਾਕੇਸ਼ ਕੁਮਾਰ ਲੱਕੀ ਦੇ ਦੱਸਣ ਮੁਤਾਬਕ ਚੋਰਾਂ ਨੇ ਦੁਕਾਨ ਦੀ ਕੰਧ ਪਾੜ ਕੇ ਅੰਦਰ ਦਾਖਲ ਹੋ ਕੇ ਉਥੇ ਪਿਆ ਦੇਸੀ ਘਿਓ, ਲਾਚੀਆਂ ਅਤੇ ਹੋਰ ਕਰਿਆਨੇ ਦਾ ਸਮਾਨ ਚੋਰੀ ਕਰ ਲਿਆ।ਇਸ ਤੋਂ ਇਲਾਵਾ ਚੋਰ ਗੱਲੇ ਵਿੱਚ ਪਏ ਲਗਭਗ 5 ਤੋਂ 7 ਹਜ਼ਾਰ ਰੁਪਏ ਦੀ ਨਕਦੀ ਅਤੇ ਦੁਕਾਨ ਦਾ ਹੋਰ ਵੀ ਸਮਾਨ ਆਪਣੇ ਨਾਲ ਲੈ ਗਏ।

ਦੁਕਾਨ ਮਾਲਕ ਅਨੁਸਾਰ ਇਸ ਚੋਰੀ ਕਾਰਨ ਉਨ੍ਹਾਂ ਦਾ ਤਕਰੀਬਨ 2 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।

# 'ਚੁੱਪ ਦਾ ਅਨੁਵਾਦ' ਉੱਤੇ ਵਿਚਾਰ-ਗੋਸ਼ਟੀ ਤੇ ਕਵੀ ਦਰਬਾਰ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਸਾਹਿਤ ਸੰਗਮ ਦੀਨਾਨਗਰ ਦੇ ਪ੍ਰਧਾਨ ਮੰਗਤ ਚੰਚਲ ਦੇ ਨਵੇਂ ਛਪ ਕੇ ਆਏ ਗ਼ਜ਼ਲ-ਸੰਗ੍ਰਹਿ 'ਚੁੱਪ ਦਾ ਅਨੁਵਾਦ' 'ਤੇ ਸਾਹਿਤ ਸੰਗਮ ਦੀਨਾਨਗਰ ਵੱਲੋਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਸਹਿਯੋਗ ਨਾਲ ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਵਿਖੇ ਵਿਚਾਰ-ਗੋਸ਼ਟੀ ਅਤੇ ਕਵੀ-ਦਰਬਾਰ ਦਾ ਆਯੋਜਨ ਕੀਤਾ ਗਿਆ ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਡਾ. ਲੇਖ ਰਾਜ, ਪ੍ਰਿੰਸੀਪਲ ਡਾ. ਆਰ. ਕੇ. ਤੁਲੀ, ਤਹਿਸੀਲਦਾਰ ਬਲਵਿੰਦਰ ਸਿੰਘ, ਡਾ. ਸ਼ਮਸ਼ੇਰ ਮੋਹੀ, ਦੇਵਿੰਦਰ ਦਿਦਾਰ, ਮੱਖਣ ਕੁਹਾੜ, ਪੰਮੀ ਦਿਵੇਦੀ, ਡਾ. ਸੁਰਿੰਦਰ ਸ਼ਾਂਤ, ਸੁੱਚਾ ਸਿੰਘ ਰੰਧਾਵਾ, ਪ੍ਰਿੰਸੀਪਲ ਡਾ. ਜਸਵਿੰਦਰ ਕੌਰ, ਤਰਸੇਮ ਸਿੰਘ ਭੰਗੂ ਅਤੇ ਲੋ. ਕਾਮਰੇਡ ਪ੍ਰੀਤਮ ਸਿੰਘ ਲੱਲੀ ਸ਼ਾਮਲ ਹੋਏ। ਸਾਹਿਤ ਸੰਗਮ ਦੀਨਾਨਗਰ ਦੇ ਪ੍ਰਧਾਨ ਮੰਗਤ ਚੰਚਲ ਨੇ ਹਾਜ਼ਰ ਵਿਦਵਾਨਾਂ ਅਤੇ ਸਾਹਿਤਕਾਰਾਂ ਦਾ ਨਿੱਘਾ ਸਵਾਗਤ ਕੀਤਾ। ਸੀਤਲ ਸਿੰਘ ਗੁੰਨੋਪੁਰੀ ਨੇ ਗ਼ਜ਼ਲ-ਸੰਗ੍ਰਹਿ ਚੁੱਪ ਦਾ ਅਨੁਵਾਦ ਦਾ ਲੋਕ ਅਰਪਣ ਕਰਵਾਇਆ ਅਤੇ ਸਭਾ ਦੇ ਪ੍ਰਿੰਸੀਪਲ ਡਾ. ਆਰ. ਕੇ. ਤੁਲੀ ਨੇ ਹਾਜ਼ਰ ਸਾਹਿਤਕਾਰਾਂ ਨੂੰ ਜੀ ਆਇਆਂ ਨੂੰ ਆਖਿਆ। ਡਾ. ਸ਼ਮਸ਼ੇਰ ਮੋਹੀ ਨੇ ਪੁਸਤਕ 'ਤੇ ਪਰਚਾ ਪੜ੍ਹਿਆ। ਉਨ੍ਹਾਂ ਮੰਗਤ ਚੰਚਲ ਦੀ ਗ਼ਜ਼ਲਕਾਰੀ ਨੂੰ ਲੋਕ ਸਰੋਕਾਰਾਂ ਦੀ ਅਤੇ ਰੂਪਕ ਅਤੇ ਵਸਤੂ ਪੱਖੋਂ ਸਫ਼ਲ ਗ਼ਜ਼ਲਕਾਰੀ ਦੱਸਿਆ। ਦੂਸਰਾ ਪਰਚਾ ਰਜਨੀਤ ਸਿੰਘ ਸੰਧੂ ਨੇ ਪੜ੍ਹਿਆ। ਵਿਚਾਰ-ਚਰਚਾ ਵਿੱਚ ਡਾ. ਲੇਖ ਰਾਜ, ਪੰਮੀ ਦਿਵੇਦੀ, ਮੱਖਣ ਕੁਹਾੜ ਅਤੇ ਡਾ. ਸੁਰਿੰਦਰ ਸ਼ਾਂਤ ਨੇ ਭਾਗ ਲਿਆ। ਸਨਮਾਨ ਪੱਤਰ ਡਾ.ਜਸਵਿੰਦਰ ਕੌਰ ਵੱਲੋਂ ਪੜ੍ਹਿਆ ਗਿਆ।ਇਸ ਤੋਂ ਉਪਰੰਤ ਡਾ. ਸ਼ਮਸ਼ੇਰ ਮੋਹੀ ਨੂੰ ਸਨਮਾਨ ਪੱਤਰ



ਅਤੇ ਦੁਸ਼ਾਲਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਸੀਤਲ ਸਿੰਘ ਗੁੰਨੋਪੁਰੀ ਵੱਲੋਂ ਬਾਖ਼ੂਬੀ ਨਿਭਾਈ ਗਈ।

ਸਭਾ ਦੇ ਜਨਰਲ ਸਕੱਤਰ ਦਵਿੰਦਰ ਮਗਰਾਲਾ ਵੱਲੋਂ ਸਮੂਹ ਸਾਹਿਤਕਾਰਾਂ ਦੇ ਨਾਲ-ਨਾਲ ਕਾਲਜ ਦੇ ਪ੍ਰਿੰਸੀਪਲ ਡਾ. ਆਰ. ਕੇ ਤੁਲੀ ਅਤੇ ਸਟਾਫ ਵਿੱਚੋਂ ਪ੍ਰੋ. ਸੁਖਬੀਰ ਕੌਰ, ਪ੍ਰੋ. ਕੰਵਲਜੀਤ ਕੌਰ, ਪ੍ਰੋ. ਸ਼ਿਵਾਨੀ ਠਾਕੁਰ, ਪ੍ਰੋ. ਰੇਨੂ ਸਲਾਰੀਆ ਅਤੇ ਪ੍ਰੋ. ਨਵਿਤਾ ਵੱਲੋਂ ਮਿਲੇ ਸਹਿਯੋਗ ਲਈ ਸਹਿਯੋਗੀ ਸਦਕਾ ਸਭਨਾ ਦਾ ਸਾਹਿਤ ਸੰਗਮ ਦੀਨਾਨਗਰ ਵੱਲੋਂ ਤਹਿ-ਦਿਲੋਂ ਧੰਨਵਾਦ ਕੀਤਾ ਗਿਆ।

# ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਗੱਗੋਬੂਆ ਵਿਖੇ ਗੋਲੀ ਨਾਲ ਮਾਰੇ ਅਕਾਲੀ ਆਗੂ ਦੇ ਘਰ ਪਹੁੰਚੇ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਅੱਡਾ ਗੱਗੋਬੂਆ ਵਿਖੇ ਗੋਲੀ ਮਾਰਕੇ ਕਤਲ ਕੀਤੇ ਅਕਾਲੀ ਸਰਪੰਚ ਦੇ ਪਤੀ ਨਵਦੀਪ ਸਿੰਘ ਨਵੀ ਦੀ ਮੌਤ 'ਤੇ ਦੁੱਖ ਪ੍ਰਗਟ ਕਰਨ ਲਈ ਹਲਕਾ



ਇੰਚਾਰਜ ਕੰਚਨਪਰੀਤ ਕੌਰ ਅਤੇ ਪਾਰਟੀ ਵਰਕਰਾਂ ਸਮੇਤ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਮ੍ਰਿਤਕ ਅਕਾਲੀ ਆਗੂ ਨਵਦੀਪ ਸਿੰਘ ਦੀ ਪਤਨੀ ਸਰਪੰਚ ਕੁਲਵਿੰਦਰ ਕੌਰ ਤੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਨਵਦੀਪ ਸਿੰਘ ਨੂੰ ਨਸ਼ਿਆਂ ਵਿਰੁੱਧ ਬੋਲਣ ਦੀ ਕੀਮਤ ਜਾਨ ਦੇ ਕੇ ਚੁਕਾਉਣੀ ਪਈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਬਿਲਕੁਲ ਤਬਾਹ ਹੋ ਚੁੱਕੀ ਹੈ। ਇਸ ਮੌਕੇ ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਹਲਕਾ ਇੰਚਾਰਜ ਕੰਚਨਪਰੀਤ ਕੌਰ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜੇ. ਐੱਸ. ਢਿੱਲੋਂ, ਸਾਬਕਾ ਸਰਪੰਚ ਪਰਮਜੀਤ ਸਿੰਘ ਪੰਮਾ ਗੱਗੋਬੂਹਾ, ਚੇਅਰਮੈਨ ਹਰਵੰਤ ਸਿੰਘ, ਪੂਰਨ ਸਿੰਘ, ਚੇਅਰਮੈਨ ਤਰਸੇਮ ਸਿੰਘ ਸੋਹਲ, ਸਾਬਕਾ ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਰਾਮ ਸਿੰਘ ਨਾਮਧਾਰੀ, ਸਰਪੰਚ ਮਨਜਿੰਦਰ ਸਿੰਘ ਐਮਾ, ਸਾਬਕਾ ਸਰਪੰਚ ਵਰਿੰਦਰ ਸਿੰਘ ਹੀਰਾਪੁਰ, ਸਰਪੰਚ ਸੋਨੂ ਬਰਾੜ ਦੋਦੇ, ਗੁਰਪ੍ਰੀਤ ਸਿੰਘ ਬੱਬੂ, ਮਨੋਜ ਅਗਨੀਹੋਤਰੀ, ਸਰਪੰਚ ਸਾਬਕਾ ਗੁਰਿੰਦਰ ਸਿੰਘ ਬਾਬਾ ਲੰਗਾਹ, ਪ੍ਰਤਾਪ ਸਿੰਘ ਰਸੂਲਪੁਰ, ਪੀ. ਏ. ਸੰਨੀ, ਨੰਬਰਦਾਰ ਜੱਸ ਸਰਾਂ, ਸਰਬਜੀਤ ਸਿੰਘ ਝਬਾਲ ਖੁਰਦ ਆਦਿ ਹਾਜ਼ਰ ਸਨ।

# ਲਧਾਣਾ ਉੱਚਾ 'ਚ ਚੈਰੀਟੇਬਲ ਲੈਬਾਰਟਰੀ ਦਾ ਮੁਫ਼ਤ ਜਾਂਚ ਕੈਂਪ ਲਗਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਸਕੌਲਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਉੱਚਾ ਲਧਾਣਾ ਐੱਸ ਬੀ ਐੱਸ ਨਗਰ ਵਿਖੇ ਸਵਰਗੀ ਜਰਨੈਲ ਸਿੰਘ ਫਾਊਂਡਰ ਸਕੌਲਰ ਪਬਲਿਕ ਸਕੂਲ ਉਨ੍ਹਾਂ ਦੀ ਮਿੱਠੀ ਯਾਦ ਵਿੱਚ ਅਤੇ ਸੰਤ ਬਾਬਾ ਗੁਰਬਚਨ ਸਿੰਘ ਦੇ ਆਸ਼ੀਰਵਾਦ ਸਦਕਾ ਮਿਸ਼ਨ ਸਿਹਤਮੰਦ ਪੰਜਾਬ, ਤਹਿਤ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 720ਵਾਂ ਕੈਂਪ ਲਗਾਇਆ ਗਿਆ, ਜਿਸ ਦੌਰਾਨ ਮਰੀਜ਼ਾਂ ਦੇ ਮੁਫ਼ਤ ਟੈਸਟ ਕੀਤੇ ਗਏ। ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਦਲਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬੋਰਟਰੀ ਵੱਲੋਂ ਸੰਗਤਾਂ ਦੇ ਬਲੱਡ ਟੈਸਟ ਕੀਤੇ ਗਏ ਸੰਸਥਾ ਵੱਲੋਂ ਮਾਰਕੀਟ ਨਾਲੋਂ 75 ਫੀਸਦੀ ਘੱਟ ਰੇਟਾਂ 'ਤੇ ਟੈਸਟ ਕੀਤੇ ਜਾਂਦੇ ਹਨ। ਅੱਜ ਦੇ ਲਾਈਫ ਕੇਅਰ ਫਾਊਂਡੇਸ਼ਨ ਕੈਂਪ ਵਿੱਚ 695 ਦੇ ਕਰੀਬ ਲੋਕਾਂ ਦੇ ਬਲੱਡ ਟੈਸਟ ਯੂਰਨ ਟੈਸਟ ਫੁੱਲ ਬਾਡੀ ਟੈਸਟ ਕੀਤੇ ਗਏ। ਇਸ ਵਧੀਆ ਉਪਰਾਲੇ ਨੂੰ ਦੇਖਦਿਆਂ ਸਕੂਲ ਦੇ ਪ੍ਰਿੰਸੀਪਲ ਕੁਲਵਿੰਦਰ ਸਿੰਘ ਨੇ ਲਾਈਫ ਕੇਅਰ ਫਾਊਂਡੇਸ਼ਨ ਦੇ ਡਾਇਰੈਕਟਰ ਅਵਤਾਰ ਸਿੰਘ ਬੈਨੀਪਾਲ ਅਤੇ ਸਮੂਹ ਸਟਾਫ ਦਾ ਤਹਿਦਿਲੋਂ ਧੰਨਵਾਦ ਕੀਤਾ। ਇਸ ਮੌਕੇ ਇੰਚਾਰਜ ਮਨਜਿੰਦਰ ਸਿੰਘ, ਨਵਜੋਤ ਸਿੰਘ, ਮਨਿੰਦਰ ਸਿੰਘ, ਮਨਿੰਦਰਜੀਤ ਸਿੰਘ (ਸਾਰੇ ਸੈਂਟਰ ਇੰਚਾਰਜ) ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਪੂੰਗਾ ਪਿੰਡ ਦੇ ਕਈ ਆਗੂ ਤੇ ਵਰਕਰ ਭਾਜਪਾ ਨੂੰ ਛੱਡ ਕੇ ਕਾਂਗਰਸ 'ਚ ਸ਼ਾਮਲ

**ਅਜਨਾਲਾ (ਸੁਖਇੰਦਰ ਸਿੰਘ ਰਾਜੂ)**- ਅਜਨਾਲਾ ਹਲਕੇ ਵਿੱਚ ਸੀਨੀਅਰ ਆਗੂ ਸੁਖਜਿੰਦਰ ਸਿੰਘ ਸੁੱਖ ਔਜਲਾ ਦੀ ਅਗਵਾਈ ਹੇਠ ਕਾਂਗਰਸ ਨੂੰ ਲਗਾਤਾਰ ਮਜ਼ਬੂਤੀ ਮਿਲ ਰਹੀ ਹੈ।ਪਿੰਡ ਪੂੰਗਾ ਦੇ ਕਈ ਆਗੂਆਂ ਅਤੇ ਵਰਕਰਾਂ ਨੇ ਭਾਜਪਾ ਛੱਡ ਕੇ ਕਾਂਗਰਸ ਦਾ ਹੱਥ ਫੜ ਲਿਆ।ਸਾਂਸਦ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਸੁੱਖ ਔਜਲਾ ਦੀ ਅਗਵਾਈ ਹੇਠ ਇਨ੍ਹਾਂ ਆਗੂਆਂ ਅਤੇ ਵਰਕਰਾਂ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਕਾਂਗਰਸ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਜਸਪਾਲ ਸਿੰਘ ਦੀ ਅਗਵਾਈ ਹੇਠ ਨਿਸ਼ਾਨ ਸਿੰਘ, ਬਲਜਿੰਦਰ ਸਿੰਘ, ਤਸਬੀਰ ਸਿੰਘ, ਕਸ਼ਮੀਰ ਸਿੰਘ, ਸਰਪੰਚ ਦਲਬੀਰ ਸਿੰਘ, ਕੁਲਦੀਪ ਸਿੰਘ, ਸੁਖਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਅਜੇ ਸਿੰਘ, ਜੋਗਿੰਦਰ ਕੌਰ, ਵੀਰ ਕੌਰ, ਕੁਲਜਿੰਦਰ ਕੌਰ, ਰਾਜਿੰਦਰ ਕੌਰ ਅਤੇ ਜਸਵਿੰਦਰ ਕੌਰ ਸਮੇਤ ਹੋਰ ਲੋਕ ਸ਼ਾਮਲ ਹੋਏ। ਸੁਖਜਿੰਦਰ ਸਿੰਘ ਸੁੱਖ ਔਜਲਾ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਅਤੇ ਵਰਕਰਾਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਹਰੇਕ ਸਾਥੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਪਿੰਡਾਂ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਸੁੱਖ ਔਜਲਾ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਦੇ ਪਾਰਟੀ ਨਾਲ ਜੁੜਨ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ।



# ਜਨਿਆਲ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡੇ

**ਪਠਾਨਕੋਟ (ਦਵਿੰਦਰ ਸਿੰਘ)**- ਸਿਹਤ ਵਿਭਾਗ ਵੱਲੋਂ ਐੱਸ. ਐੱਮ. ਓ. ਡਾ. ਵਿਕਾਸ ਜੰਮਵਾਲ ਦੀ ਪ੍ਰਧਾਨਗੀ ਹੇਠ ਪਿੰਡ ਜਨਿਆਲ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂ ਚੱਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਆਸ-ਪਾਸ ਦੇ ਪਿੰਡਾਂ ਅਤੇ ਜਨਿਆਲ ਦੇ ਵੱਖ-ਵੱਖ ਪਰਿਵਾਰਾਂ ਦੇ ਬਣਾਏ ਗਏ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਲਾਭਪਾਤਰੀਆਂ ਨੂੰ ਵੰਡੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਜਨਿਆਲ ਵਿਖੇ ਕਰਵਾਏ ਗਏ ਇਸ ਸਮਾਗਮ ਦੌਰਾਨ ਉਨ੍ਹਾਂ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡੇ ਗਏ ਹਨ, ਜਿਨ੍ਹਾਂ ਨੂੰ ਇਸ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਸਿਹਤ ਇਲਾਜ ਦੀ ਸਹੂਲਤ ਮਿਲੇਗੀ।

ਉਨ੍ਹਾਂ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਲੋਕਾਂ ਲਈ ਬਹੁਤ ਹੀ ਲਾਭਦਾਇਕ ਹਨ ਅਤੇ ਲੋੜ ਪੈਣ 'ਤੇ ਪਰਿਵਾਰਾਂ ਨੂੰ ਮਹਿੰਗੇ ਇਲਾਜ ਦੇ ਖਰਚੇ ਤੋਂ ਰਾਹਤ ਦੇਣ ਵਿੱਚ ਸਹਾਇਕ ਹੋਣਗੇ। ਉਨ੍ਹਾਂ ਲਾਭਪਾਤਰੀਆਂ ਨੂੰ ਕਾਰਡ ਮਿਲਣ 'ਤੇ ਵਧਾਈ ਦਿੱਤੀ ਅਤੇ ਸਾਰਿਆਂ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ।ਇਸ ਮੌਕੇ ਡਾ. ਸਵੀਤਾ ਹੰਸ, ਡਾ. ਵਿਕਾਸ, ਭੁਪਿੰਦਰ ਸਿੰਘ, ਰੀਟਾ ਰਾਣੀ, ਰੇਨੂ ਸੈਣੀ, ਬਿਮਲਾ ਦੇਵੀ, ਪੂਨਮ, ਨਰਿੰਦਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ



ਕਰਮਚਾਰੀ ਮੌਜੂਦ ਸਨ। ਸਮਾਗਮ ਦੌਰਾਨ ਚੇਅਰਮੈਨ ਮਾਰਕੀਟ ਕਮੇਟੀ ਨਰੋਟ ਜੈਮਲ ਸਿੰਘ ਠਾਕੁਰ ਮਨੋਹਰ ਸਿੰਘ, ਬਲਾਕ ਸੰਮਤੀ ਮੈਂਬਰ ਵਿਸ਼ਾਲ, ਬਲਾਕ ਸੰਮਤੀ ਚੇਅਰਮੈਨ ਧਰਮਪਾਲ, ਸਰਪੰਚ ਬਮਿਆਲ ਮਨੀਸ਼ ਗੁਪਤਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਿਰਨ ਬਾਲਾ, ਸਿਮਰਨਜੀਤ, ਬਲਾਕ ਸੰਮਤੀ ਮੈਂਬਰ ਮਦਨ ਗੋਪਾਲ, ਸਰਪੰਚ ਮੀਰੇ ਚੱਕ ਦਵਿੰਦਰ ਸਿੰਘ, ਸਾਹਿਲ ਰਮਕਾਲਮਾ, ਯਸ਼ਪਾਲ ਬਮਿਆਲ, ਸਰਪੰਚ ਜਨਿਆਲ ਮਨੋਹਰ ਲਾਲ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਵਰਕਰ ਵੀ ਹਾਜ਼ਰ ਸਨ।

# ਦਿੱਲੀ ਦੇ ਸਿੱਖ ਵੋਟਰਾਂ ਦੀ ਘੱਟ ਰਹੀ ਗਿਣਤੀ ਚਿੰਤਾਜਨਕ : ਇੰਦਰ ਮੋਹਨ ਸਿੰਘ

**ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ 'ਤੇ ਦਸ਼ਮੇਸ਼ ਸੇਵਾ ਸੁਸਾਇਟੀ (ਰਜਿ:) ਦੇ ਪ੍ਰਧਾਨ ਇੰਦਰ ਮੋਹਨ ਸਿੰਘ ਨੇ ਦਿੱਲੀ ਦੇ ਸਿੱਖ ਵੋਟਰਾਂ ਦੀ ਘੱਟ ਰਹੀ ਗਿਣਤੀ 'ਤੇ ਚਿੰਤਾ



ਪ੍ਰਗਟ ਕਰਦਿਆਂ ਦਸਿਆ ਕਿ ਸਾਲ 2021 'ਚ ਦਿੱਲੀ ਗੁਰਦੁਆਰਾ ਚੋਣਾਂ 'ਚ 3 ਲੱਖ 42 ਹਜਾਰ ਸਿੱਖ ਵੋਟਰ ਸਨ, ਜੋ 45 ਫੀਸਦੀ ਘੱਟ ਕੇ 1 ਲੱਖ 89 ਹਜਾਰ ਰਹਿ ਗਏ ਹਨ। ਦਿੱਲੀ ਦੀ ਕੁਲ ਆਬਾਦੀ ਤਕਰੀਬਨ 2 ਕਰੋੜ 27 ਲੱਖ ਹੈ, ਜਦਕਿ ਸਿੱਖ ਵੋਟਰਾਂ ਦੀ ਗਿਣਤੀ ਕੁਲ ਅਬਾਦੀ ਦੀ ਤਕਰੀਬਨ ਅੱਧੀ ਫੀਸਦੀ ਦਰਸ਼ਾਈ ਗਈ ਹੈ।ਅਗਸਤ 2026 'ਚ ਪ੍ਰਕਾਸ਼ਿਤ ਮੁੱਢਲੀ ਦਿੱਲੀ ਗੁਰਦੁਆਰਾ ਵੋਟਰ ਸੂਚੀ 'ਚ 1 ਲੱਖ 59 ਹਜਾਰ ਵੋਟਰ ਸਨ, ਜਦਕਿ 14 ਸਿਤੰਬਰ 2026 ਨੂੰ ਦਾਅਵੇ 'ਤੇ ਇਤਰਾਜ ਦੀ ਤਾਰੀਖ ਲੰਘਣ ਤੋਂ ਉਪਰੰਤ ਅੰਤਿਮ ਸੂਚੀ 'ਚ ਕੇਵਲ 30 ਹਜਾਰ ਵੋਟਾਂ ਦਾ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਥੇ ਸਿੱਖਾਂ ਦਾ ਗੁਰਦੁਆਰਾ ਨਿਜਾਮ 'ਚ ਘਟਦਾ ਰੁਝਾਨ ਇਸ ਦਾ ਜੁੰਮੇਵਾਰ ਹੈ ਉਥੇ ਸਰਕਾਰ ਵਲੋਂ ਵੀ ਇਸ ਮੁਹਿੰਮ 'ਚ ਕੋਈ ਖਾਸ ਯੋਗਦਾਨ ਨਹੀ ਦਿੱਤਾ ਗਿਆ ਕਿਉਂਕਿ ਨਾ ਤਾਂ ਸਰਕਾਰ ਨੇ ਪ੍ਰੈਸ ਮੀਡੀਆ ਰਾਹੀ ਕੋਈ ਖਾਸ ਜਾਣਕਾਰੀ ਦਿੱਤੀ ਗਈ 'ਤੇ ਨਾ ਹੀ ਦਿੱਲੀ ਦੀਆਂ ਸਿੰਘ ਸਭਾਵਾਂ ਨਾਲ ਇਸ ਪ੍ਰਕਿਆ 'ਚ ਸਹਿਯੋਗ ਦੇਣ ਲਈ ਕੋਈ ਰਾਬਤਾ ਕਾਇਮ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਅਬਾਦੀ ਘੱਟ ਦਰਸ਼ਾਈ ਜਾਂਦੀ ਹੈ ਤਾਂ ਉਹ ਦਿਨ ਦੂਰ ਨਹੀ ਕਿ ਅਸੀ ਪੰਜਾਬੀ ਭਾਸ਼ਾ ਨੂੰ ਮਿਲੇ ਦੂਜੀ ਭਾਸ਼ਾ ਦੇ ਦਰਜੇ ਤੋਂ ਇਲਾਵਾ ਹੋਰ ਸਰਕਾਰੀ ਸਹੂਲਤਾਂ ਗਵਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਐਕਟ ਦੀ ਧਾਰਾ 29 ਦੇ ਤਹਿਤ ਹੁਣ ਵੀ ਨਵੀਆਂ ਵੋਟਾਂ ਬਣਾਈਆਂ ਜਾ ਸਕਦੀਆਂ ਹਨ। ਉਨ੍ਹਾਂ ਦਿੱਲੀ ਦੀ ਸਮੁੱਚੀ ਸਿੱਖ ਸੰਗਤ, ਸਿੱਖ ਆਗੂਆਂ ਤੇ ਸਿੱਖ ਜੱਥੇਬੰਦੀਆਂ ਨੂੰ ਇਸ ਵੱਲ ਧਿਆਨ ਦੇਣ ਦੀ ਅਪੀਲ ਕੀਤੀ।

# ਅੱਸੂ ਮਹੀਨੇ ਦੀ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਅੱਸੂ ਮਹੀਨੇ ਦੀ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।



ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾਂ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਬਾਬਾ ਸ੍ਰੀ ਚੰਦ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਗੁਰੂ ਸਾਹਿਬਾਨ ਅਤੇ ਪੀਰ ਪੈਗ਼ੰਬਰਾਂ ਦੇ ਪ੍ਰਕਾਸ਼ ਦਿਹਾੜੇ ਬੜੀ ਸ਼ਰਧਾ ਤੇ ਪ੍ਰੇਮ ਨਾਲ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ।ਉਨ੍ਹਾਂ ਕਿਹਾ ਕਿ ਸਾਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਨਾ ਕਰਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾ ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ ।ਉਨਾ ਕਿਹਾ ਕਿ ਸਾਨੂੰ 84 ਲੱਖ ਜੂਨਾਂ ਭੋਗ ਕੇ ਇਹ ਮਨੁੱਖਾ ਜੀਵਨ ਨਸੀਬ ਹੋਇਆ ਹੈ , ਇਸ ਲਈ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ।

# ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਵੱਧ ਕੰਮ ਕਰਕੇ ਦਿਖਾਇਆ : ਸ਼ੈਰੀ ਕਲਸੀ

**ਬਟਾਲਾ, (ਤਰਲੋਕ ਬੱਗਾ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਵੱਧ ਕੰਮ ਕਰਕੇ ਦਿਖਾਇਆ ਹੈ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਹਲਕਾ ਵਾਸੀਆਂ ਦੀ ਮੁਸ਼ਕਿਲਾਂ ਸੁਣਕੇ ਸਬੰਧਤ ਵਿਭਾਗ ਰਾਹੀਂ ਹੱਲ ਕਰਵਾਉਣ ਉਪਰੰਤ ਗੱਲਬਾਤ ਕਰਦਿਆਂ ਕੀਤਾ



ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਵਾਸੀਆਂ ਦੇ ਹਿੱਤ ਵਿੱਚ ਰਿਕਾਰਡ ਕੰਮ ਕੀਤੇ ਗਏ ਹਨ ਅਤੇ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਕੀਮਾਂ ਰਾਹੀਂ ਸਾਲਾਨਾ ਲੱਖਾਂ ਰੁਪਏ ਦੇ ਲਾਭ ਮਿਲ ਰਹੇ ਹਨ।ਉਨ੍ਹਾਂ ਦੱਸਿਆ ਕਿ ਬਿਜਲੀ ਬਿੱਲਾਂ ਵਿੱਚ ਰਾਹਤ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ, ਸਰਕਾਰੀ ਸਕੂਲਾਂ ਵਿੱਚ ਮੁਫ਼ਤ ਸਿੱਖਿਆ, ਬੁਢਾਪਾ ਪੈਨਸ਼ਨ, ਆਮ ਆਦਮੀ ਕਲੀਨਿਕਾਂ ਵਿਚ ਮੁਫ਼ਤ ਟੈਸਟ ਤੇ ਦਵਾਈਆਂ, ਰਾਸ਼ਨ, ਮੁਫ਼ਤ ਤੀਰਥ ਯਾਤਰਾ, ਖੇਤੀ ਲਈ ਮੁਫ਼ਤ ਬਿਜਲੀ ਅਤੇ ਅਸ਼ੀਰਵਾਦ ਸਕੀਮ ਆਦਿ ਸ਼ਾਮਲ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਕੋਈ ਸਿਆਸੀ ਪਾਰਟੀ ਆਪਣੇ ਕੰਮਾਂ ਦਾ ਰਿਪੋਰਟ ਕਾਰਡ ਲੈ ਕੇ ਸਿੱਧਾ ਲੋਕਾਂ ਦੇ ਘਰਾਂ ਤੱਕ ਪਹੁੰਚ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਪਾਰਟੀ ਦੇ ਅਹੁਦੇਦਾਰ ਅਤੇ ਵਲੰਟੀਅਰ ਵੀ ਘਰ-ਘਰ ਪਹੁੰਚਣਗੇ।ਇਸ ਮੌਕੇ ਲੋਕਾਂ ਨੇ ਪੰਜਾਬ ਸਰਕਾਰ ਵਲੋਂ ਸਰਕਾਰੀ ਯੋਜਨਾਵਾਂ ਤੋਂ ਮਿਲੇ ਲਾਭਾਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਮ ਲੋਕਾਂ ਦੀ ਬਾਂਹ ਫੜੀ ਹੈ।

# ਹਰੀਕੇ ਪੱਤਣ ਵਿਖੇ ਮੁਫ਼ਤ ਜਾਂਚ ਕੈਂਪ 30 ਨੂੰ

**ਬਿਆਸ (ਪਰਮਜੀਤ ਸਿੰਘ ਰੱਖੜਾ)** ਹਰੀਕੇ ਪੱਤਣ ਦੇ ਗੁਰਦੁਆਰਾ ਦਮਦਮਾ ਸਾਹਿਬ (ਜ਼ਿਲ੍ਹਾ ਤਰਨ ਤਾਰਨ) ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 30 ਸਤੰਬਰ ਦਿਨ (ਬੁੱਧਵਾਰ) ਨੂੰ ਚੈਰੀਟੇਬਲ ਲੈਬੋਰਟਰੀ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਮੁਫ਼ਤ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰੀਕੇ ਪੱਤਣ ਦੇ ਗੁਰਦੁਆਰਾ ਦਮਦਮਾ ਸਾਹਿਬ ਵਿੱਚ ਚੈਰੀਟੇਬਲ ਲੈਬੋਰਟਰੀ ਦਾ



ਉਦਘਾਟਨ ਸਵੇਰੇ 11 ਵਜੇ ਕੀਤਾ ਜਾਵੇਗਾ। ਇਸ ਉਦਘਾਟਨ ਸਮਾਰੋਹ ਵਿੱਚ ਸਤੀਸ਼ ਐੱਨ ਜੀ ਓ ਅਤੇ ਜਨਰਲ ਮੈਨੇਜਰ ਹਰਦੀਪ ਸਿੰਘ ਉਚੇਚੇ ਤੌਰ 'ਤੇ ਪੁੱਜਣਗੇ। ਇਸ ਮੌਕੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਫ੍ਰੀ ਜਾਂਚ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲੱਗੇਗਾ। ਇਸ ਕੈਂਪ ਵਿੱਚ ਕਿਡਨੀ ਦੇ 5 ਟੈਸਟ ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕਿਏਟੀਨਿਨ, ਬਲੱਡ ਯੂਰੀਆ ਕਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗੁਲੂਕੋਜ਼ / ਸ਼ੂਗਰ ਦਾ ਇੱਕ ਟੈਸਟ ਬਿੱਲਕੁਲ ਮੁਫ਼ਤ ਕੀਤੇ ਜਾਣਗੇ ਅਤੇ ਬਾਕੀ ਟੈਸਟ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਨੇ ਅਪੀਲ ਕੀਤੀ ਹੈ ਕਿ ਟੈਸਟ ਕਰਾਉਣ ਲਈ ਖਾਲੀ ਪੇਟ ਹੀ ਆਇਆ ਜਾਵੇ ਅਤੇ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਬੇਨਤੀ ਕੀਤੀ।

# ਮਜ਼ਬੂਤ ਲੋਕਤੰਤਰ ਲਈ ਹਰ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਨ : ਐੱਸ ਡੀ ਐੱਮ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਵਿੱਚ ਜ਼ਿਲ੍ਹਾ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ ਤੇ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਕਮ ਜ਼ਿਲ੍ਹਾ ਸਿੱਖਿਆ ਅਫ਼ਸਰ ਸਵੀਪ ਰਾਜੇਸ਼ ਕੁਮਾਰ ਸ਼ਰਮਾ ਦੇ



ਸਹਿਯੋਗ ਨਾਲ ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਵਿਖੇ ਵੋਟਰ ਜਾਗਰੂਕਤਾ ਸਬੰਧੀ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸ ਵਿੱਚ 07 ਹਲਕੇ ਦੇ ਜੇਤੂ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਦੀਨਾਨਗਰ ਸ. ਗਗਨਦੀਪ ਸਿੰਘ ਵੱਲੋਂ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕਰਕੇ ਹਾਜ਼ਰ ਵਿਦਿਆਰਥੀਆਂ ਨੂੰ ਨਵੀਆਂ ਵੋਟਾਂ ਬਣਾਉਣ ਅਤੇ ਵੋਟ ਦੇ ਅਧਿਕਾਰ ਸਬੰਧੀ ਜਾਗਰੂਕ ਕੀਤਾ ਗਿਆ।ਉਨ੍ਹਾਂ ਕਿਹਾ ਕਿ ਮਜਬੂਤ ਲੋਕਤੰਤਰ ਦੇ ਨਿਰਮਾਣ ਲਈ ਹਰ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਨ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪ੍ਰੋਗਰਾਮ ਦੇ ਕੋਆਰਡੀਨੇਟਰ ਪਰਮਜੀਤ ਸਿੰਘ ਕਲਸੀ ਸਹਾਇਕ ਨੋਡਲ ਅਫ਼ਸਰ ਸਵੀਪ ਨੇ ਦੱਸਿਆ ਕਿ ਸਵੀਪ ਮੁਹਿੰਮ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹਾ ਦੇ 07 ਵਿਧਾਨ ਸਭਾ ਹਲਕਿਆਂ ਵਿੱਚ ਦੇ ਪੇਂਟਿੰਗ, ਰੰਗੋਲੀ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ ਸਨ ਜਿਨ੍ਹਾਂ ਵਿੱਚ ਪਹਿਲੇ ਦੂਸਰੇ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਵੱਲੋਂ ਜ਼ਿਲ੍ਹਾ ਪੱਧਰੀ ਕਰਵਾਏ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ ਹੈ।

ਜ਼ਿਲ੍ਹਾ ਪੱਧਰ ਤੇ ਵਿਦਿਆਰਥੀਆਂ ਵੱਲੋਂ ਵੋਟਰ ਜਾਗਰੂਕਤਾ ਸਬੰਧੀ ਖੂਬਸੂਰਤ ਰੰਗੋਲੀਆਂ ਬਣਾਈਆਂ ਗਈਆਂ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਵੋਟਰ ਜਾਗਰੂਕਤਾ ਸਬੰਧੀ ਵਿਚਾਰ ਪੇਸ਼ ਕੀਤੇ ਗਏ।ਵੋਟਰ ਜਾਗਰੂਕਤਾ ਨਾਲ ਸਬੰਧਿਤ ਜ਼ਿਲ੍ਹੇ ਦੇ ਸਾਰੇ ਚੋਣ ਵਿਧਾਨ ਸਭਾ ਹਲਕਿਆਂ ਦੇ ਪੇਂਟਿੰਗ, ਰੰਗੋਲੀ ਤੇ ਭਾਸ਼ਣ ਮੁਕਾਬਲਿਆਂ ਦੇ ਪਹਿਲੇ, ਦੂਜੇ ਤੇ ਤੀਸਰੀ ਸਥਾਨ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ।ਵੋਟਰ ਜਾਗਰੂਕਤਾ ਨਾਲ ਸਬੰਧਿਤ ਉਸਾਰੂ ਕਿਰਿਆਵਾਂ ਕਰਕੇ ਜ਼ਿਲ੍ਹੇ ਦੇ ਸਾਰੇ ਚੋਣ ਵਿਧਾਨ ਸਭਾ ਹਲਕਿਆਂ ਦੇ ਸਾਰੇ ਨੋਡਲ ਅਫ਼ਸਰਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ।ਪ੍ਰਿੰਸੀਪਲ ਡਾਕਟਰ ਆਰ. ਕੇ. ਤੁਲੀ ਵੱਲੋਂ ਜ਼ਿਲ੍ਹਾ ਪੱਧਰੀ ਕਿਰਿਆਵਾਂ ਦੇ ਸਮਾਰੋਹ ਵਿੱਚ ਜੀ ਆਇਆਂ ਕਿਹਾ।ਇਸ ਮੌਕੇ ਪ੍ਰਿੰਸੀਪਲ ਡਾ. ਆਰ. ਕੇ. ਤੁੱਲੀ , ਸਟੇਟ ਅਵਾਰਡੀ ਪ੍ਰਿੰ. ਜਸਕਰਨਜੀਤ ਸਿੰਘ, ਸਟੇਟ ਅਵਾਰਡੀ ਪ੍ਰਿੰ. ਰਜਨੀ, ਸਟੇਟ ਐਵਾਰਡੀ ਪ੍ਰਿੰ. ਤਜਿੰਦਰ ਕੌਰ, ਮੁਕਤਾ ਸ਼ਰਮਾ ਅਤੇ ਸੋਨੂੰ ਆਦਿ ਹਾਜ਼ਰ ਸਨ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

**ਪਠਾਨਕੋਟ, (ਦਵਿੰਦਰ ਸਿੰਘ)**- ਪਠਾਨਕੋਟ ਦੇ ਭੋਆ ਇਲਾਕੇ ਵਿੱਚ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿੱਥੇ ਤੇਜ਼ ਰਫ਼ਤਾਰ ਟਰੱਕ ਦੀ ਲਪੇਟ ਵਿੱਚ ਆਉਣ ਕਾਰਨ ਮੋਟਰਸਾਈਕਲ ਸਵਾਰ ਇੱਕ ਵਿਅਕਤੀ ਦੀ



ਮੌਕੇ 'ਤੇ ਹੀ ਮੌਤ ਹੋ ਗਈ। ਗਨੀਮਤ ਰਹੀ ਕਿ ਬਾਈਕ 'ਤੇ ਸਵਾਰ ਦੋ ਮਾਸੂਮ ਬੱਚੇ ਇਸ ਭਿਆਨਕ ਹਾਦਸੇ ਵਿੱਚ ਵਾਲ-ਵਾਲ ਬਚ ਗਏ।ਇਹ ਦਰਦਨਾਕ ਹਾਦਸਾ ਮ੍ਰਿਤਕ ਦੇ ਪਿੱਛੇ ਦੂਜੀ ਬਾਈਕ 'ਤੇ ਆ ਰਹੇ ਉਸਦੇ ਸਕੇ ਭਰਾ ਦੀਆਂ ਅੱਖਾਂ ਸਾਹਮਣੇ ਵਾਪਰਿਆ।ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦਾਸਪੁਰ ਦੇ ਮਾਨ ਚੋਪੜਾ ਵਾਸੀ ਮੁਹੰਮਦ ਇਕਬਾਲ ਆਪਣੇ ਦੋ ਬੱਚਿਆਂ ਸਮੇਤ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਠੂਆ (ਜੰਮੂ-ਕਸ਼ਮੀਰ) ਜਾ ਰਹੇ ਸਨ।ਉਹ ਉਥੇ ਹਸਪਤਾਲ ਵਿੱਚ ਦਾਖਲ ਆਪਣੀ ਇੱਕ ਬੀਮਾਰ ਰਿਸ਼ਤੇਦਾਰ ਮਹਿਲਾ ਦਾ ਹਾਲ-ਚਾਲ ਜਾਣ ਲਈ ਜਾ ਰਹੇ ਸਨ। ਮੁਹੰਮਦ ਇਕਬਾਲ ਦਾ ਭਰਾ ਵੀ ਆਪਣੀ ਵੱਖਰੀ ਮੋਟਰਸਾਈਕਲ 'ਤੇ ਉਨ੍ਹਾਂ ਦੇ ਪਿੱਛੇ-ਪਿੱਛੇ ਆ ਰਿਹਾ ਸੀ।ਪਰਿਵਾਰਕ ਮੈਂਬਰਾਂ ਨੇ ਟਰੱਕ ਚਾਲਕ 'ਤੇ ਬੇਹੱਦ ਲਾਪਰਵਾਹੀ ਅਤੇ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣ ਦੇ ਦੋਸ਼ ਲਗਾਏ ਹਨ।

ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਥਿਤ ਦੋਸ਼ੀ ਟਰੱਕ ਚਾਲਕ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਸਥਿਤੀ ਨੂੰ ਕਾਬੂ ਵਿੱਚ ਕੀਤਾ।

ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ।ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਹਾਦਸੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਟੀ ਐੱਸ ਯੂ ਦੀਆਂ ਸਬ-ਡਵੀਜ਼ਨ ਕਮੇਟੀਆਂ ਦੀ ਚੋਣ ਲਈ ਵਿਸ਼ੇਸ਼ ਅਜਲਾਸ



**ਮਜੀਠਾ (ਸੋਇਮ ਆਨੰਦ)**- ਸੂਬਾ ਕਮੇਟੀ ਦੇ ਨੋਟੀਫਿਕੇਸ਼ਨ ਤੇ ਅਮਲ ਕਰਦਿਆਂ ਮਜੀਠਾ ਵਿਖੇ ਟੈਕਨੀਕਲ ਸਰਵਿਸਜ਼ ਯੂਨੀਅਨ ਦੀਆਂ ਸਬ-ਡਵੀਜ਼ਨ 1 ਅਤੇ 2 ਦੀਆਂ ਕਮੇਟੀਆਂ ਦੀ ਚੋਣ ਲਈ ਵਿਸ਼ੇਸ਼ ਅਜਲਾਸ ਬੁਲਾਇਆ ਗਿਆ।ਅਜਲਾਸ ਵਿੱਚ ਵੱਡੀ ਗਿਣਤੀ ਵਿੱਚ ਯੂਨੀਅਨ ਮੈਂਬਰਾਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਅਜਲਾਸ ਦੀ ਸ਼ੁਰੂਆਤ ਵਿੱਚ ਪਹਿਲਾਂ ਤੋਂ ਕੰਮ ਕਰ ਰਹੀ ਕਮੇਟੀ ਵੱਲੋਂ ਆਪਣੇ ਕਾਰਜਕਾਲ ਦੀ ਕਾਰਗੁਜ਼ਾਰੀ ਅਤੇ ਵਿੱਤੀ ਹਿਸਾਬ-ਕਿਤਾਬ ਦੀ ਰਿਪੋਰਟ ਪੇਸ਼ ਕੀਤੀ ਗਈ।ਹਾਊਸ ਨੇ ਦੋਵਾਂ ਰਿਪੋਰਟਾਂ 'ਤੇ ਵਿਚਾਰ ਕਰਨ ਤੋਂ ਬਾਅਦ ਉਨ੍ਹਾਂ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਅਤੇ ਇਸ ਤੋਂ ਬਾਅਦ ਨਿਯਮਾਂ ਅਨੁਸਾਰ ਪੁਰਾਣੀ ਕਮੇਟੀ ਨੂੰ ਭੰਗ ਕਰਨ ਦਾ ਐਲਾਨ ਕਰ ਦਿੱਤਾ ਗਿਆ।ਨਵੀਂ ਕਮੇਟੀ ਦੀ ਚੋਣ ਲਈ ਬਣਾਈ ਗਈ ਚੋਣ ਨਿਗਰਾਨ ਕਮੇਟੀ ਨੇ ਚੋਣ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਿਆ।ਇਸ ਨਿਗਰਾਨ ਕਮੇਟੀ ਵਿੱਚ ਮੰਡਲ ਪ੍ਰਧਾਨ ਰਘਬੀਰ ਸਿੰਘ, ਮੰਡਲ ਸਕੱਤਰ ਸੰਦੀਪ ਕੁਮਾਰ ਅਤੇ ਮੰਡਲ ਕੈਸ਼ੀਅਰ ਮਲਕੀਤ ਸਿੰਘ ਸੈਂਸਰਾ ਸ਼ਾਮਲ ਸਨ। ਉਨ੍ਹਾਂ ਦੀ ਨਿਗਰਾਨੀ ਹੇਠ ਸਾਰੇ ਅਹੁਦਿਆਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਚੋਣ ਉਪਰੰਤ ਸਬ-ਡਵੀਜ਼ਨ ਮਜੀਠਾ ਨੰਬਰ -1 ਦੀ ਜ਼ਿੰਮੇਵਾਰੀ ਕਮਲ ਸ਼ਰਮਾ ਨੂੰ ਪ੍ਰਧਾਨ ਵਜੋਂ ਸੌਂਪੀ ਗਈ, ਜਦਕਿ ਮਨਜਿੰਦਰ ਸਿੰਘ ਨੂੰ ਮੀਤ ਪ੍ਰਧਾਨ, ਵਿਪਨ ਕੁਮਾਰ ਨੂੰ ਸਕੱਤਰ, ਗੁਰਨਾਮ ਸਿੰਘ ਨੂੰ ਸਹਾਇਕ ਸਕੱਤਰ ਅਤੇ ਪੰਕਜ ਨੂੰ ਕੈਸ਼ੀਅਰ ਚੁਣਿਆ ਗਿਆ। ਦੂਜੇ ਪਾਸੇ ਸਬ-ਡਵੀਜ਼ਨ ਮਜੀਠਾ ਨੰਬਰ-2 ਲਈ ਸੰਦੀਪ ਸਿੰਘ ਨਾਗ ਨੂੰ ਪ੍ਰਧਾਨ, ਬਚਿੱਤਰ ਸਿੰਘ ਨੂੰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਨੂੰ ਸਕੱਤਰ, ਅੰਕੁਰ ਨੂੰ ਸਹਾਇਕ ਸਕੱਤਰ ਅਤੇ ਸੰਗਮ ਸਹੂ ਨੂੰ ਖਜ਼ਾਨਚੀ ਵਜੋਂ ਚੁਣਿਆ ਗਿਆ।ਇਸ ਮੌਕੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ ਅਤੇ ਸਰਕਲ ਖਜ਼ਾਨਚੀ ਕੁੰਦਨ ਲਾਲ ਹਰੀਆਂ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।ਉਨ੍ਹਾਂ ਨਵ-ਨਿਯੁਕਤ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਮੁਲਾਜ਼ਮਾਂ ਦੇ ਹੱਕਾਂ ਅਤੇ ਮੰਗਾਂ ਲਈ ਡਟ ਕੇ ਕੰਮ ਕਰਨ।

# ਚੰਦ ਫਤਿਹਪੁਰੀ ਦੇ ਅਚਾਨਕ ਵਿਛੋੜੇ ਨਾਲ ਸਮੁੱਚੀ ਖੱਬੀ ਤੇ ਅਗਾਂਹਵਧੂ ਧਿਰ ਨੂੰ ਘਾਟਾ ਪਿਆ : ਜਸਵਿੰਦਰ ਢੱਡਾ

**ਫਗਵਾੜਾ (ਡਾ. ਰਮਨ)**- ਰੋਜ਼ਾਨਾ 'ਨਵਾਂ ਜ਼ਮਾਨਾ' ਅਖਬਾਰ ਦੇ ਸੰਪਾਦਕ ਅਤੇ ਸੀ ਪੀ ਆਈ ਦੇ ਅਹਿਮ ਆਗੂ ਚੰਦ ਫਤਿਹਪੁਰੀ ਦੇ ਅਚਾਨਕ ਵਿਛੋੜੇ ਨਾਲ ਨਾ ਕੇਵਲ ਪਰਵਾਰ ਨੂੰ ਜਾਂ ਕੇਵਲ ਸੀ ਪੀ ਆਈ ਨੂੰ ਹੀ ਬਲਕਿ ਸਮੁੱਚੀ ਅਗਾਂਹਵਧੂ ਧਿਰ ਨੂੰ ਹੀ ਬਹੁਤ ਵੱਡਾ ਘਾਟਾ ਪਿਆ ਹੈ ਜਿਸ ਨੂੰ ਛੇਤੀ ਕੀਤੇ ਪੂਰਾ ਨਹੀਂ ਕੀਤਾ ਜਾ ਸਕਦਾ। ਉਕਤ ਸ਼ਬਦ ਪ੍ਰੈੱਸ ਦੇ ਨਾਂਅ ਸ਼ੋਕ ਬਿਆਨ ਜਾਰੀ ਕਰਦਿਆਂ ਉੱਘੇ ਸਮਾਜ ਸੇਵਕ ਤੇ ਪੱਤਰਕਾਰ ਜਸਵਿੰਦਰ ਢੱਡਾ ਫਗਵਾੜਾ ਨੇ ਕਹੇ। ਉਨ੍ਹਾਂ ਕਿਹਾ ਕਿ ਸਦੀਵੀ ਵਿਛੋੜਾ ਦੇ ਗਏ ਸਾਥੀ ਚੰਦ ਫਤਿਹਪੁਰੀ ਸੰਪਾਦਕ ਹੋਣ ਦੇ ਨਾਲ-ਨਾਲ ਸਿਦਕਵਾਨ, ਖੱਬੇ-ਪੱਖੀ ਲਹਿਰ ਦੇ ਉੱਸਰਈਏ, ਸਾਹਿਤਕਾਰ ਤੇ ਚੰਗੇ ਕਾਲਮ ਨਵੀਸ ਵੀ ਸਨ। ਇਸ ਮੌਕੇ ਪੱਤਰਕਾਰ ਉਂਕਾਰ ਸੂਦ, ਪੱਤਰਕਾਰ ਬੀ. ਕੇ. ਰੱਤੂ, ਪੱਤਰਕਾਰ ਦਿਗਵਿਜੇ ਸਿੰਘ ਰਾਣਾ, ਪੱਤਰਕਾਰ ਲਾਲੀ, ਪੱਤਰਕਾਰ ਵਿਜੈ ਪਾਲ ਸਿੰਘ ਤੇਜੀ, ਰਜਿੰਦਰ ਬੰਟੀ ਕੋਆਰਡੀਨੇਟਰ ਕੇ. ਐੱਲ. ਚਾਂਦ. ਵੈੱਲਫੇਅਰ ਟਰੱਸਟ ਯੂ. ਕੇ., ਸੁਰਿੰਦਰ ਵਿਰਕਾ, ਕਾਮਰੇਡ ਕਮਲ ਰਾਏ, ਬਹਾਦਰ ਸਿੰਘ ਸੰਗਤਪੁਰ ਸਾਬਕਾ ਸਰਪੰਚ, ਗੁਰਪ੍ਰਸਾਦ ਬੱਗਾ ਲੰਬੜਦਾਰ, ਪਿਆਰਾ ਸੰਧੂ ਕੋਟਰਾਣੀ, ਜਸਕਰਨ ਜੱਸੀ ਚਾਚੋਕੀ, ਨੀਲਮ ਸਿੰਘ ਸਿਆਣ ਆਦਿ ਸ਼ਾਮਲ ਸਨ।

# ਭਗੌੜਾ ਦੋਸ਼ੀ ਦਿੱਲੀ ਤੋਂ ਗ੍ਰਿਫ਼ਤਾਰ

**ਪੰਚਕੂਲਾ (ਜਤਿੰਦਰ ਕੁਮਾਰ)**- ਪੰਚਕੂਲਾ ਪੁਲਸ ਨੇ ਗੰਭੀਰ ਅਪਰਾਧਾਂ ਵਿੱਚ ਲੋੜੀਂਦੇ ਅਤੇ ਲੰਬੇ ਸਮੇਂ ਤੋਂ ਫਰਾਰ ਚੱਲ ਰਹੇ ਅਪਰਾਧੀਆਂ ਖ਼ਿਲਾਫ਼ ਕਾਰਵਾਈ ਕਰਦਿਆਂ 25 ਹਜ਼ਾਰ ਰੁਪਏ ਦੇ ਇਨਾਮੀ ਦੋਸ਼ੀ ਵਿਨੈ ਕੁਮਾਰ ਨੂੰ ਦਿੱਲੀ ਤੋਂ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀ ਸਾਲ 2019 ਵਿੱਚ ਸੈਕਟਰ-20 ਪੰਚਕੂਲਾ ਵਿੱਚ ਹੋਈ ਡਕੈਤੀ ਅਤੇ ਗੋਲੀਬਾਰੀ ਦੌਰਾਨ ਹੋਏ ਕਤਲ ਦੇ ਮਾਮਲੇ ਵਿੱਚ ਲੋੜੀਂਦਾ ਸੀ। ਏ.ਸੀ.ਪੀ. ਕ੍ਰਾਈਮ ਅਮਨ ਕੁਮਾਰ ਮੁਤਾਬਕ 30 ਜਨਵਰੀ 2019 ਨੂੰ ਸੈਕਟਰ-20 ਸਥਿਤ ਪ੍ਰਾਪਰਟੀ ਅਤੇ ਫਾਈਨੈਂਸ ਦਫ਼ਤਰ ਵਿੱਚ ਕੁਝ ਲੋਕ ਮੌਜੂਦ ਸਨ। ਇਸ ਦੌਰਾਨ ਹਥਿਆਰਬੰਦ ਨਕਾਬਪੋਸ਼ ਨੌਜਵਾਨ ਦਫ਼ਤਰ ਵਿੱਚ ਦਾਖ਼ਲ ਹੋਏ ਅਤੇ ਹਵਾਈ ਫਾਇਰ ਕਰਕੇ ਗਨ ਪੁਆਇੰਟ 'ਤੇ ਨਕਦੀ ਤੇ ਗਹਿਣੇ ਲੁੱਟਣ ਲੱਗੇ। ਵਿਰੋਧ ਕਰਨ 'ਤੇ ਮੁਲਜ਼ਮਾਂ ਨੇ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ ਅਤੇ ਦੋ ਹੋਰ ਗੰਭੀਰ ਜ਼ਖ਼ਮੀ ਹੋਏ ਸਨ। ਡੀ.ਸੀ.ਪੀ. ਕ੍ਰਾਈਮ ਐਂਡ ਟ੍ਰੈਫਿਕ ਆਈ.ਪੀ.ਐੱਸ. ਅਮਰਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਦੌਰਾਨ ਕ੍ਰਾਈਮ ਬ੍ਰਾਂਚ ਵੱਲੋਂ ਕਈ ਮੁੱਖ ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਕੋਲੋਂ ਹਥਿਆਰ, ਗੱਡੀਆਂ ਅਤੇ ਲੁੱਟੀ ਗਈ ਸੰਪਤੀ ਵੀ ਬਰਾਮਦ ਕੀਤੀ ਗਈ ਸੀ। ਦੂਜੇ ਪਾਸੇ ਵਿਨੈ ਕੁਮਾਰ ਪੁੱਤਰ ਅਸ਼ੋਕ ਕੁਮਾਰ, ਵਾਸੀ ਨੰਦ ਨਗਰੀ, ਉੱਤਰੀ ਦਿੱਲੀ ਲਗਾਤਾਰ ਫਰਾਰ ਚੱਲ ਰਿਹਾ ਸੀ। ਅਦਾਲਤ ਵੱਲੋਂ ਉਸ ਨੂੰ 24 ਨਵੰਬਰ 2021 ਨੂੰ ਭਗੌੜਾ ਵੀ ਘੋਸ਼ਿਤ ਕੀਤਾ ਗਿਆ ਸੀ। ਗੁਪਤ ਸੂਚਨਾ ਦੇ ਆਧਾਰ 'ਤੇ ਇੰਚਾਰਜ ਮਨੋਜ ਦੀ ਅਗਵਾਈ ਹੇਠ ਪੁਲਸ ਟੀਮ ਨੇ ਕਾਰਵਾਈ ਕਰਦਿਆਂ ਦੋਸ਼ੀ ਨੂੰ ਦਿੱਲੀ ਤੋਂ ਕਾਬੂ ਕਰ ਲਿਆ। ਪੁਲਿਸ ਮੁਤਾਬਕ ਦੋਸ਼ੀ ਆਪਣੀ ਪਛਾਣ ਲੁਕਾ ਕੇ ਲਗਾਤਾਰ ਆਪਣੇ ਟਿਕਾਣੇ ਬਦਲ ਰਿਹਾ ਸੀ।ਪੁਲਸ ਕਮਿਸ਼ਨਰ ਪੰਕਜ ਨੈਨ ਨੇ ਕਿਹਾ ਕਿ ਪੁਲਸ ਵੱਲੋਂ ਨਵੇਂ ਮਾਮਲਿਆਂ ਦੇ ਨਾਲ-ਨਾਲ ਪੁਰਾਣੇ ਮਾਮਲਿਆਂ ਵਿੱਚ ਫਰਾਰ ਮੁਲਜ਼ਮਾਂ ਨੂੰ ਵੀ ਲਗਾਤਾਰ ਕਾਬੂ ਕੀਤਾ ਜਾ ਰਿਹਾ ਹੈ।

# ਅਮਿਤਪਾਲ ਸਿੰਘ ਬਣੇ ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ

**ਧਾਰੀਵਾਲ, (ਮਨਦੀਪ ਵਿੱਕੀ)**- ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਵੱਲੋਂ ਸ਼ਹਿਰ ਧਾਰੀਵਾਲ ਵਿਖੇ ਸ਼ਹਿਰੀ ਪ੍ਰਧਾਨ ਪਵਨ ਵੱਡਾ ਦੇ ਪ੍ਰਬੰਧਾਂ ਹੇਠ ਇੱਕ ਭਰਵੀਂ ਮੀਟਿੰਗ ਦਾ ਆਯੋਜਨ ਕੀਤਾ ਗਿਆ।

ਇਸ ਮੀਟਿੰਗ ਵਿੱਚ ਫੋਰਸ ਦੇ ਕੌਮੀ ਪ੍ਰਧਾਨ ਅਜੇ



ਖੋਸਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਮੀਟਿੰਗ ਦੌਰਾਨ ਜੱਥੇਬੰਦੀ ਦੀਆਂ ਗਤੀਵਿਧੀਆਂ ਅਤੇ ਸਮਾਜਿਕ ਮੁੱਦਿਆਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਜੱਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਕੌਮੀ ਪ੍ਰਧਾਨ ਅਜੇ ਖੋਸਲਾ ਵੱਲੋਂ ਧਾਰੀਵਾਲ ਦੇ ਹੋਣਹਾਰ ਨੌਜਵਾਨ ਅੰਮਿਤਪਾਲ ਸਿੰਘ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਦਾ ਜ਼ਿਲ੍ਹਾ ਗੁਰਦਾਸਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਮਿਤਪਾਲ ਸਿੰਘ ਨੇ ਕੌਮੀ ਪ੍ਰਧਾਨ ਅਜੇ ਖੋਸਲਾ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਜੱਥੇਬੰਦੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਮਾਜ ਭਲਾਈ ਦੇ ਕਾਰਜਾਂ ਨੂੰ ਹੋਰ ਤੇਜ਼ ਕਰਨਗੇ। ਇਸ ਮੌਕੇ ਫੋਰਸ ਦੇ ਵਾਈਸ ਪ੍ਰਧਾਨ ਵਿੱਕੀ ਚੀਦਾ, ਕ੍ਰਿਸ਼ਚੀਅਨ ਆਗੂ ਬੱਬਾ ਗਿੱਲ, ਕੌਂਸਲਰ ਰਮੇਸ਼ ਮੇਸ਼ਾ, ਸ਼ਿਵ ਸੈਨਾ ਆਗੂ ਰੋਹਿਤ ਅਬਰੋਲ, ਆਪ ਆਗੂ ਨਵਨੀਤ ਵਿੱਜ, ਭਾਜਪਾ ਮੰਡਲ ਪ੍ਰਧਾਨ ਅਮਿਤ ਸੂਦ, ਸ਼ਮਸ਼ੇਰ ਲੇਹਲ, ਸਾਬਕਾ ਪ੍ਰਧਾਨ ਨਗਰ ਕੌਂਸਲ ਧਾਰੀਵਾਲ ਸਤੀਸ਼ ਬਿੱਟੂ, ਮਨਪ੍ਰੀਤ ਸਿੰਘ ਸੱਭਰਵਾਲ, ਹੀਰਾ ਦੇਵੀ ਦਾਸੀਆ, ਸ਼ੈਲੀ ਫਤਿਹ ਨੰਗਲ, ਸੰਜੂ ਅੰਮ੍ਰਿਤਸਰ, ਰੈਨਬੋ ਚੇਅਰਮੈਨ, ਕਰਮਜੀਤ ਸਿੰਘ ਢਿੱਲੋਂ, ਨਿਸ਼ਾਨ ਗਿੱਲ, ਮਾਈਕਲ ਸਹੋਤਾ, ਸਵਰਨ ਸਿੰਘ, ਗੋਪੀ, ਸਿਕੰਦਰ ਪ੍ਰਧਾਨ, ਮੁਨੀਸ਼ ਪ੍ਰਧਾਨ, ਰਿੱਕੂ ਪ੍ਰਧਾਨ ਵਾਲਮੀਕੀ ਸਮਾਜ, ਸੰਨੀ ਜੱਸਲ, ਮਨਜੋਤ ਸਿੰਘ, ਸਾਹਿਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜੱਥੇਬੰਦੀ ਦੇ ਹੋਰ ਵੀ ਕਈ ਆਗੂ ਹਾਜ਼ਰ ਸਨ।

# ਹਰਿਆਲ-ਨਾਰਾਇਣਪੁਰ ਹਾੜਾ ਸੜਕ ਦੀ ਮਾੜੀ ਹਾਲਤ ਤੋਂ ਦੁਖੀ ਲੋਕਾਂ ਵੱਲੋਂ ਰੋਸ ਪ੍ਰਦਰਸ਼ਨ

**ਪਠਾਨਕੋਟ (ਦਵਿੰਦਰ ਸਿੰਘ)**- ਹਰਿਆਲ ਤੋਂ ਨਾਰਾਇਣਪੁਰ, ਹਾੜਾ ਨੂੰ ਜਾਣ ਵਾਲੀ ਸੜਕ ਪਿਛਲੇ ਲੰਬੇ ਸਮੇਂ ਤੋਂ ਪ੍ਰਸ਼ਾਸਨ ਅਤੇ ਸਰਕਾਰ ਦੀ ਅਣਦੇਖੀ ਦਾ ਸ਼ਿਕਾਰ ਬਣੀ ਹੋਈ ਹੈ।ਸੜਕ ਦੀ ਖਸਤਾ ਹਾਲਤ ਕਾਰਨ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ



ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੜਕ ਦੀ ਸਮੱਸਿਆ ਨੂੰ ਲੈ ਕੇ ਸਥਾਨਕ ਲੋਕਾਂ ਅਤੇ ਸਮਾਜਿਕ ਸੰਗਠਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।

ਰੋਸ ਪ੍ਰਦਰਸ਼ਨ ਦੀ ਅਗਵਾਈ ਪਿੰਡ ਹਰਿਆਲ ਦੇ ਸਮਾਜ ਸੇਵਕ ਰਣਵੀਰ ਸਿੰਘ ਲਾਡੀ, ਸਾਵਨ ਸੀਨੀਅਰ ਸੈਕੰਡਰੀ ਸਕੂਲ ਹਰਿਆਲ ਦੇ ਪ੍ਰਧਾਨ ਰਾਜਨ ਓਬਰਾਏ, ਕਸ਼ਤਰੀ ਮਹਾਸਭਾ ਦੇ ਸੂਬਾ ਪ੍ਰਧਾਨ ਠਾਕੁਰ ਕ੍ਰਿਪਾਲ ਸਿੰਘ ਪਾਲਾ ਅਤੇ ਟੀਮ ਸ਼ਤਰੂ ਨਾਸ਼ਕ ਦੇ ਪ੍ਰਧਾਨ ਸ਼ਿਵਾ ਆਕਾਸ਼ ਕੋਟਲ ਨੇ ਕੀਤੀ। ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਹਰਿਆਲ ਤੋਂ ਨਾਰਾਇਣਪੁਰ, ਹਾੜਾ ਨੂੰ ਜਾਣ ਵਾਲੀ ਸੜਕ ਦੀ ਸਮੱਸਿਆ ਦਾ ਜਲਦ ਹੱਲ ਕੀਤਾ ਜਾਵੇ ਅਤੇ ਸੜਕ ਦੀ ਮੁਰੰਮਤ ਤੇ ਨਿਰਮਾਣ ਕਾਰਜ ਕਰਵਾ ਕੇ ਲੋਕਾਂ ਨੂੰ ਰਾਹਤ ਪ੍ਰਦਾਨ ਕੀਤੀ ਜਾਵੇ।

ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਤੋਂ ਅਪੀਲ ਕੀਤੀ ਕਿ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸੜਕ ਦੀ ਸਥਿਤੀ ਦਾ ਜਾਇਜ਼ਾ ਲਿਆ ਜਾਵੇ ਅਤੇ ਜਲਦ ਤੋਂ ਜਲਦ ਲੋੜੀਂਦੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਭਾਜਪਾ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਠਾਕੁਰ ਰਣਦੀਪ ਸਿੰਘ ਡਡਵਾਲ, ਸ਼ਿਵ ਰਾਣਾ, ਮਿੰਟੂ ਪਠਾਨੀਆ, ਰਾਣਾ, ਵਿੱਕੀ ਹਰਿਆਲ, ਸੂਰਜ ਕੁਮਾਰ, ਅਨਿਕੇਤ, ਪ੍ਰਿੰਸ, ਬੱਬੂ, ਸਨੀ, ਅੰਸ਼ੂ, ਕਾਲੂ, ਦੀਪੂ, ਕਮਲ, ਗਣੇਸ਼ ਆਦਿ ਮੌਜੂਦ ਰਹੇ।



ਰਾਜ ਕੁਮਾਰ ਧਰਨਾ (ਸਤਿਗੁਰੂ ਜਿਊਲਰ) ਵੱਲੋਂ ਗਣੇਸ਼ ਚਤੁੱਰਥੀ ਉਤਸਵ ਨੂੰ ਸਮਰਪਿਤ ਲਗਾਏ ਗਏ ਲੰਗਰ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਸੰਗਤ ਨੂੰ ਲੰਗਰ ਵਰਤਾਉਂਦੇ ਹੋਏ। ਨਾਲ ਮੌਜੂਦ ਹਨ ਰਾਘਵ, ਸੁਮੀਤ, ਨਿਸ਼ਾਂਤ, ਚਰਨਜੀਤ, ਸਾਹਿਬ ਸਿੰਘ, ਰਮੇਸ਼ ਕੁਮਾਰ ਥਾਪਾ ਤੇ ਹੋਰ। **(ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)**



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦਾ ਛੇਹਰਟਾ ਵਿਖੇ ਪੁੱਜਣ 'ਤੇ ਨਿੱਘਾ ਸਵਾਗਤ ਕਰਦੇ ਹੋਏ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੀ ਸੂਬਾ ਸਕੱਤਰ ਰਾਜਵਿੰਦਰ ਕੌਰ। ਇਸ ਮੌਕੇ ਉਨ੍ਹਾਂ ਨਾਲ ਮਹਿਲਾ ਮੋਰਚਾ ਦੀ ਆਗੂ ਬਲਜਿੰਦਰ ਕੌਰ, ਕੋਟ ਖ਼ਾਲਸਾ ਦੇ ਮੰਡਲ ਪ੍ਰਧਾਨ ਸ਼ਾਮ ਭਗਤ ਆਦਿ ਵੀ ਮੌਜੂਦ ਸਨ।
**(ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)**

# ਹੈਰੋਇਨ ਸਮੇਤ ਕਾਬੂ



ਬੰਗਾ (ਅਵਤਾਰ ਕਲੇਰ)- ਥਾਣਾ ਬਹਿਰਾਮ ਦੇ ਐਸ ਐਚ ਓ ਰਾਮਪਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਚੌਕੀ ਇੰਚਾਰਜ ਮੇਹਲੀ ਸਤਨਾਮ ਸਿੰਘ ਦੀ ਪੁਲਸ ਪਾਰਟੀ ਬਹਿਰਾਮ ਤੋਂ ਸ਼ਤਾਬ ਮੇਹਲੀ ਤੋਂ ਹੁੰਦੇ ਹੋਏ ਮੇਂਘੋਵਾਲੀ ਨੂੰ ਜਾ ਰਹੀ ਤਾਂ ਇਕ ਵੱਡੀ ਵਿਅਕਤੀ ਪੁਲਿਸ ਦੀ ਗੱਡੀ ਨੂੰ ਦੇਖ ਕੇ ਘਬਰਾ ਗਿਆ, ਹੱਥ ਵਿਚ ਫੜਿਆ ਲਿਫਾਫੀ ਸੜਕ ਕਿਨਾਰੇ ਸੁੱਟ ਦਿੱਤੀ। ਪੁਲਸ ਪਾਰਟੀ ਨੇ ਸ਼ੱਕ ਪੈਣ 'ਤੇ ਉਸ ਨੂੰ ਕਾਬੂ ਕਰਕੇ ਉਸ ਦਾ ਨਾਂਅ ਪਤਾ ਪੁੱਛਿਆ ਤਾਂ ਉਸ ਆਪਣਾ ਨਾਂਅ ਅਰਸ਼ਦੀਪ ਉਰਫ਼ ਅਰਸ਼ ਪੁੱਤਰ ਜੋਗਾ ਸਿੰਘ ਵਾਸੀ ਮਾਜਰੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੱਸਿਆ। ਜਦੋਂ ਪੁਲਸ ਪਾਰਟੀ ਨੇ ਲਿਫਾਫੀ ਚੈੱਕ ਕੀਤਾ ਤਾਂ ਉਸ ਵਿਚੋਂ 8 ਗ੍ਰਾਮ ਹੈਰੋਇਨ ਬਰਾਮਦ ਕੀਤੀ। ਦੋਸ਼ੀ ਨੂੰ ਪੁਲਿਸ ਨੇ ਕਾਬੂ ਕਰਕੇ ਉਸ ਖਿਲਾਫ ਮਾਮਲਾ ਥਾਣਾ ਬਹਿਰਾਮ ਵਿਖੇ ਦਰਜ ਕਰ ਦਿੱਤਾ ਪੁਲਸ ਵੱਲੋਂ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ। ਇਸ ਮੌਕੇ ਐਸ ਐਚ ਓ ਰਾਮਪਾਲ, ਚੌਕੀ ਇੰਚਾਰਜ ਮੇਹਲੀ ਸਤਨਾਮ ਸਿੰਘ, ਹਵਾਲਦਾਰ ਪੰਜਾਬ ਸਿੰਘ, ਏ ਐੱਸ ਆਈ ਸੁਰਿੰਦਰ ਪਾਲ ਆਦਿ ਹਾਜ਼ਰ ਸਨ।

# ਆਦਿ ਧਰਮ ਦੇ ਸਮਾਗਮ 'ਚ ਸ਼ਾਮਲ ਹੋਣ ਲਈ ਸੰਤ ਬਲਵੰਤ ਸਿੰਘ ਡਿੰਗਰੀਆਂ ਨੂੰ ਦਿੱਤਾ ਸੱਦਾ ਪੱਤਰ

ਹੁਸ਼ਿਆਰਪੁਰ (ਓ ਪੀ ਰਾਣਾ)- ਮਹਾਂ, ਸਮਾਨਤਾ ਅਤੇ ਭਾਈਚਾਰੇ ਦੀ ਸਾਂਝ ਮਜ਼ਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰ੍ਹੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਨੂੰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਨ੍ਹਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਲਈ ਸੰਤ ਬਲਵੰਤ ਸਿੰਘ ਡਿੰਗਰੀਆਂ ਨੂੰ ਸੰਤ ਸਰਵਣ ਦਾਸ ਜੀ ਗੱਦੀ ਨਸ਼ੀਨ ਡੇਰਾ ਸੰਤ ਸੀਤਲ ਦਾਸ ਬੋਹਣ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਸੰਤ ਸਰਵਣ ਦਾਸ ਸਲੇਮਟਾਵਰੀ, ਮਹੰਤ ਪ੍ਰਸ਼ੋਤਮ ਲਾਲ ਇਤਿਹਾਸਕ ਦੇਹਰਾ ਚੱਕ ਹਕੀਮ ਫਗਵਾੜਾ ਆਦਿ ਨੇ ਸੱਦਾ ਪੱਤਰ ਦਿੱਤਾ।ਇਸ ਮੌਕੇ ਸੰਤ ਬਲਵੰਤ ਸਿੰਘ ਡਿੰਗਰੀਆਂ ਨੇ ਕਿਹਾ ਕਿ ਆਦਿ ਧਰਮ ਹੀ ਭਾਰਤ ਦੇ ਮੂਲ ਨਿਵਾਸੀ ਲੋਕਾਂ ਦੀ ਅਸਲ ਪਹਿਚਾਣ ਹੈ ਅਤੇ ਸਮਾਗਮ ਭਾਈਚਾਰੇ ਦੀ ਏਕਤਾ ਦਾ ਸਬੂਤ ਦਿੰਦਿਆਂ ਆਦਿ ਧਰਮ ਲਹਿਰ ਨੂੰ ਪ੍ਰਫੁੱਲਤ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ 1 ਨਵੰਬਰ ਨੂੰ ਰਾਮ ਨਗਰ ਵਿਖੇ ਹੁੰਮ ਹੁਮਾ ਕੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ। ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਾਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.) ਡੇਰਾ ਅਤੇ ਮਹੰਤ ਪ੍ਰਸ਼ੋਤਮ ਲਾਲ ਗੱਦੀ ਨਸ਼ੀਨ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਸੱਚਖੰਡ ਚੱਕ ਹਕੀਮ ਫਗਵਾੜਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ



ਧਰਮ ਸਮਾਗਮ 1 ਨਵੰਬਰ 2026 ਨੂੰ ਡੇਰਾ 108 ਸੰਤ ਮੇਲਾ ਰਾਮ ਨਗਰ (ਫਿਲੌਰ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਵਿੱਚ ਭਾਰਤ ਦੀਆਂ ਉੱਘੀਆਂ ਮਹਾਨ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਬੁੱਧੀਜੀਵੀ, ਵਿਦਵਾਨ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਇਸ ਮੌਕੇ ਸੰਤ ਸਰਵਣ ਦਾਸ ਸਲੇਮਟਾਵਰੀ, ਓ ਪੀ ਰਾਣਾ ਮੀਡੀਆ ਇੰਚਾਰਜ ਅਤੇ ਸੰਗਤਾਂ ਹਾਜ਼ਰ ਸਨ।

# ਸੀ ਟੀ ਗਰੁੱਪ ਨੇ ਓਪਨ ਮਾਈਕ ਸੀਜ਼ਨ-7 ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵੱਲੋਂ ਓਪਨ ਮਾਈਕ ਦੇ ਸੱਤਵੇਂ ਸੀਜ਼ਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਨੇ ਆਪਣੀ ਜ਼ਿੰਦਗੀ ਦੇ ਤਜਰਬੇ, ਸੰਘਰਸ਼, ਪ੍ਰਾਪਤੀਆਂ ਅਤੇ ਭਾਵਨਾਵਾਂ ਸਾਂਝੀਆਂ ਕੀਤੀਆਂ। ਸਮਾਗਮ ਨੇ ਵਿਦਿਆਰਥੀਆਂ ਨੂੰ ਕਲਾਸਰੂਮ ਅਤੇ ਕਿਤਾਬਾਂ ਤੋਂ ਪਰੇ ਅਸਲ ਜ਼ਿੰਦਗੀ ਦੇ ਤਜਰਬਿਆਂ ਨਾਲ ਜੁੜਨ ਦਾ ਮੌਕਾ ਦਿੱਤਾ। ਸਮਾਗਮ ਵਿੱਚ ਮੋਟੀਵੇਸ਼ਨਲ ਸਪੀਕਰ, ਸਾਈਕੋਲੋਜਿਸਟ, ਹਾਸਰਸ ਅਤੇ ਕੋਚ ਡਾ. ਸੁਨੀਲ ਸ਼ਰਮਾ, ਆਈਓ ਚਸ਼ਕਾ ਦੇ ਸੰਸਥਾਪਕ ਤੇ ਡਾਇਰੈਕਟਰ ਨਿਧੀ ਸ਼ਰਮਾ, ਥੀਏਟਰ ਆਰਟਿਸਟ ਅਤੇ ਰਿਕਾਰਡ ਹੋਲਡਰ [illegible], ਆਰਟਿਸਟ ਸੰਧਿਆ ਸਹਿਗਲ ਅਤੇ ਹੋਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਅਤੇ ਡਾਇਰੈਕਟਰ ਕੈਂਪਸ ਡਾ. ਜਸਜੀਤ ਸਿੰਘ ਸੇਠੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।



ਤਜਰਬੇ ਸਾਂਝੇ ਕਰਨ ਦਾ ਮੰਚ ਬਣਿਆ। ਹਰ ਬੁਲਾਰੇ ਨੇ ਆਪਣੀ ਵਿਲੱਖਣ ਸੋਚ ਅਤੇ ਜੀਵਨ ਯਾਤਰਾ ਰਾਹੀਂ ਦਰਸ਼ਕਾਂ ਨਾਲ ਸੰਵਾਦ ਸਥਾਪਤ ਕੀਤਾ।

# ਆਰ ਐਮ ਪੀ ਆਈ ਨੇ ਨਰਿੰਦਰ ਮੋਦੀ, ਅਮਿਤ ਸ਼ਾਹ ਤੇ ਗਿਆਨੇਸ਼ ਕੁਮਾਰ ਦੇ ਪੁਤਲੇ ਫੂਕੇ



ਬੰਗਾ (ਅਵਤਾਰ ਕਲੇਰ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਨੇ 'ਮੁੱਖ ਚੋਣ ਕਮਿਸ਼ਨਰ' ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਜੰਤਰ-ਮੰਤਰ ਨਵੀਂ ਦਿੱਲੀ ਵਿਖੇ ਸਾਂਝਲੀ ਮੁਜ਼ਾਹਰਾ ਕਰ ਰਹੇ ਸਿਵਲ ਸੁਸਾਇਟੀ ਦੇ ਮੈਂਬਰ ਅਤੇ ਸਾਥੀ ਦੀਪਾਂਕਰ ਭੱਟਾਚਾਰੀਆ, ਪ੍ਰਸ਼ਾਂਤ ਭੂਸ਼ਣ, ਨੇਹਾ ਝਾ, ਜੋਗਿੰਦਰ ਯਾਦਵ, ਸੀਨੀਅਰ ਵਕੀਲ ਪ੍ਰਸ਼ਾਂਤ ਭੂਸ਼ਣ ਸਮੇਤ ਹੋਰ ਨਾਮਵਰ ਸ਼ਖ਼ਸ ਪੱਖੀ ਆਗੂਆਂ ਦੀਆਂ ਨਾਜਾਇਜ਼ ਗ੍ਰਿਫਤਾਰੀਆਂ ਖ਼ਿਲਾਫ਼ ਰੋਸ ਪ੍ਰਗਟ ਕਰਨ ਲਈ ਅਤੇ ਲੋਕਤੰਤਰ ਦੀ ਲੁੱਟ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਪੁਤਲੇ ਫੂਕੇ ਗਏ। ਆਗੂਆਂ ਨੇ ਕਿਹਾ ਕਿ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਦੇਸ਼ ਦੀ ਆਜ਼ਾਦੀ ਅਤੇ ਸੰਵਿਧਾਨ ਦੁਆਰਾ ਕਾਇਮ ਕੀਤੇ ਗਏ ਲੋਕਤੰਤਰ ਦੀ ਰਾਖੀ ਹਰ ਹਾਲਤ ਵਿੱਚ ਕੀਤੀ ਜਾਵੇਗੀ। ਇਸ ਮੌਕੇ ਸਾਥੀ ਕੁਲਦੀਪ ਸਿੰਘ ਦੌੜਕਾ, ਸਤਨਾਮ ਸਿੰਘ ਜੱਸੋਂ, ਕੁਲਵਿੰਦਰ ਸਿੰਘ ਅਟਵਾਲ, ਵਿਜੇ ਕੁਮਾਰ, ਸੁਰਿੰਦਰ ਭੱਟੀ, ਸੁਖਦੇਵ ਮੰਜਰ ਸਿੰਘ, ਸੋਹਣ ਲਾਲ ਢੰਡਾ, ਗੁਰਨਾਮ ਸਿੰਘ ਭਾਨਮਜਾਰਾ, ਦਿਲਬਾਗ ਸਿੰਘ ਨਾਈਮਜਾਰਾ, ਰਣਜੀਤ ਗੁਜਰਪੁਰ, ਬਲਬੀਰ ਸਿੰਘ ਭੀੜ, ਪੂਰਨ ਪਾਸਵਾਨ, ਮਨਦੀਪ ਸਿੰਘ ਮੁਬਾਰਕਪੁਰ, ਸਰੂਪ ਸਿੰਘ ਅਤੇ, ਗੁਰਮੀਤ ਸਿੰਘ ਭੀੜ, ਤਰਸੇਮ ਮਹਾਲੋਂ ਆਦਿ ਹਾਜ਼ਰ ਸਨ।

# ਵਿਰਾਸਤ ਏ ਖ਼ਾਲਸਾ ਦੇਖਣ ਆਏ ਵਿਦਿਆਰਥੀਆਂ ਨਾਲ ਸਿੱਖਿਆ ਮੰਤਰੀ ਨੇ ਕੀਤੀ ਮੁਲਾਕਾਤ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਛਿੰਦੀ)- ਵਿਰਾਸਤ-ਏ-ਖ਼ਾਲਸਾ ਵਿਖੇ ਪਹੁੰਚੇ ਪੀ.ਐਮ. ਸ੍ਰੀ ਸਰਕਾਰੀ ਸਾਂਝੇ ਸਕੂਲ, ਚਾਂਦਵੀਂ, ਫਗਵਾੜਾ ਦੇ ਵਿਦਿਆਰਥੀਆਂ ਨਾਲ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁਲਾਕਾਤ ਕੀਤੀ। ਸਿੱਖਿਆ ਮੰਤਰੀ ਆਪਣੇ ਜ਼ਰੂਰੀ ਰੁਝੇਵਿਆਂ ਕਾਰਨ ਵਿਰਾਸਤ-ਏ-ਖ਼ਾਲਸਾ 'ਤੋਂ ਬਾਹਰ ਆ ਰਹੇ ਸਨ ਤਾਂ ਉਨ੍ਹਾਂ ਦੀ ਨਜ਼ਰ ਵਿਰਾਸਤ-ਏ-ਖ਼ਾਲਸਾ ਦੇਖਣ ਲਈ ਪਹੁੰਚੇ ਲਗਭਗ 400 ਸਕੂਲੀ ਵਿਦਿਆਰਥੀਆਂ 'ਤੇ ਪਈ। ਵਿਦਿਆਰਥੀਆਂ ਨੂੰ ਦੇਖਦਿਆਂ ਬੈਂਸ ਤੁਰੰਤ ਉਨ੍ਹਾਂ ਕੋਲ ਪਹੁੰਚੇ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਪੜ੍ਹਾਈ ਅਤੇ ਸਕੂਲ ਸਬੰਧੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਤੋਂ ਉਨ੍ਹਾਂ ਦੇ ਸਕੂਲ ਵਿੱਚ ਉਪਲਬਧ ਸਹੂਲਤਾਂ, ਪੜ੍ਹਾਈ ਦੇ ਮਾਹੌਲ ਅਤੇ ਸਕੂਲ ਦੇ ਬੁਨਿਆਦੀ ਢਾਂਚੇ ਵਿੱਚ ਹੋਏ ਬਦਲਾਅ ਬਾਰੇ ਜਾਣਕਾਰੀ ਲਈ।

ਬੈਂਸ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ 'ਤੇ ਪੂਰਾ ਧਿਆਨ ਦੇਣ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਦਾ ਅਸਲ ਮਕਸਦ ਵਿਦਿਆਰਥੀਆਂ ਨੂੰ ਵਧੀਆ ਅਤੇ ਮਿਆਰੀ ਸਿੱਖਿਆ ਲਈ ਬਿਹਤਰ ਮਾਹੌਲ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਬੈਂਸ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਵਿਰਾਸਤ-ਏ-ਖ਼ਾਲਸਾ ਦੇ ਇਤਿਹਾਸ ਅਤੇ ਵਿਰਾਸਤ ਬਾਰੇ ਜਾਣਕਾਰੀ ਹਾਸਲ ਕਰਨ ਦੇ ਨਾਲ-ਨਾਲ ਆਪਣੇ ਜੀਵਨ ਵਿੱਚ ਮਿਹਨਤ, ਅਨੁਸ਼ਾਸਨ ਅਤੇ ਚੰਗੇ ਗੁਣਾਂ ਨੂੰ ਅਪਣਾਉਣ।

# ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ 'ਚ ਅਧਿਆਪਕਾਂ ਲਈ ਸੈਮੀਨਾਰ ਕਰਵਾਇਆ

ਸੁਲਤਾਨਪੁਰ ਲੋਧੀ (ਹਨੀ)- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਸ਼ਾਸਕਾਂ ਇੰਜੀ. ਨਿਰਮਲ ਕੌਰ ਦੀ ਅਗਵਾਈ ਵਿੱਚ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਅਤੇ ਉਨ੍ਹਾਂ ਦੀ ਅਧਿਆਪਨ ਸਮਰੱਥਾਵਾਂ ਨੂੰ ਹੋਰ ਨਿਖਾਰਨ ਦੇ ਉਦੇਸ਼



ਅਹਿਮ ਨੁਕਤੇ ਸਾਂਝੇ ਕੀਤੇ। ਇਸ ਦੇ ਨਾਲ ਹੀ ਕਲਾਸ ਰੂਮ ਵਿੱਚ ਸਕਾਰਾਤਮਕ ਅਤੇ ਅਨੁਸ਼ਾਸਿਤ ਵਾਤਾਵਰਣ ਸਿਰਜਣ, ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਵਧਾਉਣ ਅਤੇ ਵੱਖ-ਵੱਖ ਸਿੱਖਣ ਸਮਰੱਥਾਵਾਂ ਵਾਲੇ ਬੱਚਿਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਸਬੰਧੀ ਵਿਹਾਰਕ ਸੁਝਾਅ ਵੀ ਦਿੱਤੇ ਗਏ।

ਸੈਮੀਨਾਰ ਦੌਰਾਨ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਵਿਚਾਰ-ਵਟਾਂਦਰੇ ਅਤੇ ਗਤੀਵਿਧੀਆਂ ਰਾਹੀਂ ਆਪਣੇ ਗਿਆਨ ਵਿੱਚ ਵਾਧਾ ਕੀਤਾ। ਇਹ ਸੈਮੀਨਾਰ ਅਧਿਆਪਕਾਂ ਨੂੰ ਆਧੁਨਿਕ ਅਤੇ ਵਿਦਿਆਰਥੀ-ਕੇਂਦਰਿਤ

ਨਾਲ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਬਾਲ ਮਨੋਵਿਗਿਆਨ ਅਤੇ ਪ੍ਰਭਾਵਸ਼ਾਲੀ ਕਲਾਸਰੂਮ ਪ੍ਰਬੰਧਨ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਅਧਿਆਪਕਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੀ ਮੁੱਖ ਬੁਲਾਰਾ ਇੰਦਰਜੀਤ ਕੌਰ ਸਨ। ਉਨ੍ਹਾਂ ਨੇ ਅਧਿਆਪਕਾਂ ਨਾਲ ਬੱਚਿਆਂ ਦੇ ਵਿਹਾਰ, ਭਾਵਨਾਵਾਂ, ਸਿੱਖਣ ਦੀਆਂ ਲੋੜਾਂ ਅਤੇ ਉਨ੍ਹਾਂ ਦੀ ਮਨੋਵਿਗਿਆਨਕ ਸਮਝ ਨਾਲ ਸਬੰਧਤ ਅਧਿਆਪਨ ਨਾਲ ਜੋੜਨ ਵਿੱਚ ਲਾਹੇਵੰਦ ਸਾਬਤ ਹੋਇਆ। ਇਸ ਮੌਕੇ ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਸੈਮੀਨਾਰ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਰਹੇ। ਉਹਨਾਂ ਸੈਮੀਨਾਰ ਦੇ ਪ੍ਰਬੰਧਕਾਂ ਦੀ ਪ੍ਰਸ਼ੰਸਾ ਕੀਤੀ ਅਤੇ ਇਸ ਤਰ੍ਹਾਂ ਦੇ ਗਿਆਨਵਰਧਕ ਉਪਰਾਲੇ ਜਾਰੀ ਰੱਖਣ 'ਤੇ ਜ਼ੋਰ ਦਿੱਤਾ।

# 'ਜਸ਼ਨ-ਏ-ਇਨਕਲਾਬ' ਸਮਾਗਮ ਅੱਜ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ 'ਜਸ਼ਨ-ਏ-ਇਨਕਲਾਬ' ਸਮਾਗਮ 28 ਸਤੰਬਰ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਹਲਕਾ ਨਕੋਦਰ ਤੋਂ ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਨੌਜਵਾਨਾਂ ਨੂੰ ਸਮਾਗਮ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਅਤੇ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਹੈ।



ਦੱਸਿਆ ਕਿ ਸਮਾਗਮ ਦੀ ਸ਼ੁਰੂਆਤ 28 ਸਤੰਬਰ ਨੂੰ ਦੁਪਹਿਰ 3 ਵਜੇ ਪੀ ਏ ਯੂ ਲੁਧਿਆਣਾ ਵਿਖੇ ਹੋਵੇਗੀ।

ਸਮਾਗਮ ਦੌਰਾਨ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਆਪਣੀ ਕਲਾ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਪ੍ਰਸਿੱਧ ਪੰਜਾਬੀ ਗਾਇਕ ਰਣਜੀਤ ਬਾਵਾ ਵੱਲੋਂ ਪੇਸ਼ਕਾਰੀ ਕੀਤੀ ਜਾਵੇਗੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਸੰਦੇਸ਼ ਵੀ ਦਿੱਤਾ ਜਾਵੇਗਾ।

ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਅਤੇ ਦੇਸ਼ ਪ੍ਰਤੀ ਉਨ੍ਹਾਂ ਦੀ ਕੁਰਬਾਨੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ 'ਜਸ਼ਨ-ਏ-ਇਨਕਲਾਬ' ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਨਾਲ ਜੋੜਨ ਅਤੇ ਉਨ੍ਹਾਂ ਦੀਆਂ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਇੰਦਰਜੀਤ ਕੌਰ ਮਾਨ ਨੇ ਨਕੋਦਰ ਹਲਕੇ ਦੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਸ ਸਮਾਗਮ ਦਾ ਹਿੱਸਾ ਬਣਨ ਲਈ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਅਤੇ 28 ਸਤੰਬਰ ਨੂੰ ਲੁਧਿਆਣਾ ਪਹੁੰਚਣ। ਆਯੋਜਕਾਂ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਹੁਣ ਤੱਕ 1.25 ਲੱਖ ਤੋਂ ਵੱਧ ਨੌਜਵਾਨਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ।

# ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਪ੍ਰੋਗਰਾਮ ਅੱਜ

ਫਿਲੌਰ (ਨਿਰਮਲ)- ਲੋਕ ਇਨਸਾਫ਼ ਮੰਚ ਪੰਜਾਬ ਵੱਲੋਂ ਸ਼ਹੀਦੇ-ਏ-ਆਜ਼ਮ ਸ: ਭਗਤ ਸਿੰਘ ਦੇ ਜਨਮ ਦਿਹਾੜੇ ਦੇ ਸੰਬੰਧ ਵਿੱਚ ਵਿਸ਼ੇਸ਼ ਚਰਚਾ ਇਨਕਲਾਬੀ ਗੀਤਾਂ ਦਾ ਪ੍ਰੋਗਰਾਮ 28 ਸਤੰਬਰ ਦਿਨ ਸੋਮਵਾਰ ਸ਼ਾਮ 5 ਵਜੇ ਨੁਰਮਹਿਲ ਰੋਡ ਫਿਲੌਰ ਨਿਵਾਸ ਸਥਾਨ ਕਾਮਰੇਡ ਦੇਵ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਕਾਮਰੇਡ ਕਰਨੈਲ ਫਿਲੌਰ ਨੇ ਦੱਸਿਆ ਕਿ ਇਨਕਲਾਬੀ ਗੀਤਾਂ ਦਾ ਪ੍ਰੋਗਰਾਮ ਹੋਵੇਗਾ। ਚਾਹ ਦਾ ਪ੍ਰਬੰਧ ਵਿਸ਼ੇਸ਼ ਤੌਰ ਤੇ ਕੀਤਾ ਗਿਆ ਹੈ।

# ਫ੍ਰੀ ਜਨਰਲ ਮੈਡੀਸਿਨ ਕੈਂਪ ਸੰਪੰਨ

ਆਦਮਪੁਰ (ਪਰਮਜੀਤ ਸਿੰਘ)- ਆਦਮਪੁਰ ਦੇ ਨਜ਼ਦੀਕ ਸੰਤ ਬਾਬਾ ਜੀ ਉਦਾਸੀਨ ਆਸ਼ਰਮ ਕੁਪਰ- ਢੇਹਪੁਰ ਵਿਖੇ ਪਿਮਸ ਹਸਪਤਾਲ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੀ ਸਮੁੱਚੀ ਟੀਮ ਵੱਲੋਂ ਰਾਜੇਸ਼ ਕੁਮਾਰ ਤੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਜੀਆਂ ਦੀ ਯੋਗ ਅਗਵਾਈ ਵਿੱਚ ਪਿੰਡ -ਪਿੰਡ ਚੱਲ ਰਹੀ ਬਿਲਕੁਲ ਫ੍ਰੀ ਬੀ ਪੀ, ਸ਼ੂਗਰ ਚੈੱਕਅਪ ਅਤੇ ਜਨਰਲ ਮੈਡੀਸਿਨ ਕੈਂਪ ਦੌਰਾਨ ਸੰਤ ਬਾਬਾ ਪ੍ਰਦੀਪ ਦਾਸ ਮਹਾਰਾਜ ਜੀਆਂ ਦੀ ਯੋਗ ਅਗਵਾਈ ਅਤੇ ਰਾਜੇਸ਼ ਕੁਮਾਰ ਜੀਆਂ ਦੀ ਰਹਿਨੁਮਾਈ ਹੇਠ ਬਿਲਕੁਲ ਫ੍ਰੀ ਜਨਰਲ ਮੈਡੀਸਿਨ ਕੈਂਪ ਲਗਾਇਆ ਗਿਆ ਅਤੇ ਪਿੰਮਸ ਹਸਪਤਾਲ ਜਲੰਧਰ ਵੱਲੋਂ ਆਸ਼ੂ ਮਾਨ ਕਾਰਡ ਤਹਿਤ ਚੱਲ ਰਹੀਆਂ ਵੱਖ ਵੱਖ ਸੇਵਾਵਾਂ ਦੀ ਬੇਹਤਰੀਨ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਤਕਰੀਬਨ 280 ਦੇ ਕਰੀਬ ਪ੍ਰਾਣੀਆਂ ਨੇ ਚੈੱਕਅਪ ਕਰਵਾਇਆ ਅਤੇ ਦਵਾਈਆਂ ਮੁਫ਼ਤ ਲਈਆ।



# ਔਰਤਾਂ ਦੀ ਤਿਉਹਾਰਾਂ ਦੀ ਖੁਸ਼ੀ ਦੁੱਗਣੀ ਕਰੇਗੀ ਮਾਨ ਸਰਕਾਰ : ਅੰਮ੍ਰਿਤਪਾਲ ਸਿੰਘ



ਜਲੰਧਰ (ਇਕਬਾਲ ਸਿੰਘ ਉਭੀ)- ਪੰਜਾਬ ਸਰਕਾਰ ਵੱਲੋਂ ਔਰਤਾਂ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 1 ਅਕਤੂਬਰ ਤੋਂ ਮੁੜ ਵਿੱਤੀ ਸਹਾਇਤਾ ਦੀ ਰਾਸ਼ੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਸਬੰਧੀ ਐਲਾਨ ਕੀਤਾ ਗਿਆ ਹੈ। ਉਪਲਬਧ ਰਿਪੋਰਟਾਂ ਮੁਤਾਬਕ ਆਮ ਸ਼੍ਰੇਣੀ ਦੀਆਂ ਯੋਗ ਔਰਤਾਂ ਨੂੰ ਤਿੰਨ ਮਹੀਨਿਆਂ ਲਈ 3,000 ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਔਰਤਾਂ ਨੂੰ 4,500 ਦੀ ਰਾਸ਼ੀ ਮਿਲਦੀ ਹੈ।ਜਲੰਧਰ ਪਲੈਨਿੰਗ ਬੋਰਡ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਪਹਿਲ ਨਾਲ ਮਾਵਾਂ ਅਤੇ ਭੈਣਾਂ ਨੂੰ ਆਪਣੇ ਘਰੇਲੂ ਖਰਚਿਆਂ ਲਈ ਵਿੱਤੀ ਸਹਾਇਤਾ ਮਿਲ ਰਹੀ ਹੈ ।ਅੰਮ੍ਰਿਤਪਾਲ ਨੇ ਕਿਹਾ ਕਿ ਸਰਕਾਰ ਵੱਲੋਂ ਰਾਸ਼ੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਔਰਤਾਂ ਦੀ ਆਰਥਿਕ ਸਹਾਇਤਾ ਅਤੇ ਉਨ੍ਹਾਂ ਦੀ ਭਲਾਈ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ 1 ਅਕਤੂਬਰ ਨੂੰ ਮਾਵਾਂ-ਭੈਣਾਂ ਦੇ ਮੋਬਾਈਲ ਫੋਨਾਂ 'ਤੇ ਰਾਸ਼ੀ ਖਾਤੇ ਵਿੱਚ ਜਮ੍ਹਾਂ ਹੋਣ ਸਬੰਧੀ ਸੁਨੇਹੇ ਆਉਣਗੇ, ਜਿਸ ਨਾਲ ਤਿਉਹਾਰੀ ਦਿਨਾਂ ਮੌਕੇ ਉਨ੍ਹਾਂ ਦੇ ਘਰਾਂ ਵਿੱਚ ਖੁਸ਼ੀ ਦਾ ਮਾਹੌਲ ਬਣੇਗਾ।

# ਬਾਬਾ ਗੁੱਗਾ ਜ਼ਾਹਰ ਪੀਰ ਦੀ ਯਾਦ 'ਚ ਸਾਲਾਨਾ ਧਾਰਮਿਕ ਸਮਾਗਮ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਈਸਪੁਰ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ ਧੂਮਧਾਮ ਨਾਲ ਕਰਵਾਏ ਗਏ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਸੁਰਜੀਤ ਸ਼ਾਹ ਈਸਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਦੀ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ ਕਰਵਾਏ ਗਏ ਜਿਸ ਵਿੱਚ ਸਰਬਜੀਤ ਸਰਬ ਤੋਂ ਇਲਾਵਾ ਹੋਰ ਨਾਮਵਰ ਕਲਾਕਾਰ ਨੇ ਪੁੱਜ ਕੇ ਹਾਜ਼ਰੀ ਭਰੀ।



ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਮੰਨਣਹਾਣਾ ਰੋਡ ਕੋਟ ਫਤੂਹੀ ਤੋਂ ਇਲਾਵਾ ਹੋਰ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਪ੍ਰਮੁੱਖ ਸਖਸ਼ੀਅਤਾਂ ਨੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸਾਲਾਨਾ ਧਾਰਮਿਕ ਸਮਾਗਮ ਦੌਰਾਨ ਸਾਈਂ ਸੁਰਜੀਤ ਸ਼ਾਹ ਈਸਪੁਰ ਧਾਰਮਿਕ ਸਮਾਗਮ ਵਿੱਚ ਸਹਿਯੋਗ ਦੇਣ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਲਾਨਾ ਧਾਰਮਿਕ ਸਮਾਗਮ ਦੌਰਾਨ ਇਲਾਕੇ ਭਰ ਤੋਂ ਸਾਧੂ ਸੰਤ ਮਹਾਂਪੁਰਸ਼, ਫੱਕਰ ਫਕੀਰਾ ਨੇ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਸਲਾਨਾ ਧਾਰਮਿਕ ਸਮਾਗਮ ਦੌਰਾਨ ਸਾਈਂ ਸੁਰਜੀਤ ਸ਼ਾਹ ਈਸਪੁਰ ਨੇ ਆਏ ਹੋਏ ਫੱਕਰ ਫਕੀਰ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਤੇ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਲਾਨਾ ਛਿੰਝ ਮੇਲੇ ਮੌਕੇ ਦੌਰਾਨ ਸਾਈਂ ਸੁਰਜੀਤ ਸ਼ਾਹ ਈਸਪੁਰ, ਗਰੀਬ ਦਾਸ, ਕਾਕਾ ਕੋਟ ਫਤੂਹੀ, ਰਮਨ, ਸਿਰਤਾਜ ਵਿਰਦੀ, ਦਲਜੀਤ ਕੁਮਾਰ, ਪ੍ਰੀਤ ਈਸਪੁਰ, ਅਮਰਜੀਤ ਸਿੰਘ ਪੱਪੂ ਮੰਡ, ਕੇਸੂ ਈਸਪੁਰ, ਰੋਸ਼ਨ ਫੋਜੀ, ਸੱਤੀ ਹਲਵਾਈ, ਸ਼ਿੰਦਾ ਨਰੂੜ, ਬੀਬੀ ਰਾਣੀ ਰਸੂਲਪੁਰ, ਦਰਸੋ ਬੀਬੀ ਭਗਤੂਪੁਰ, ਬਾਬਾ ਜੋਸ਼ੀ, ਬਾਬਾ ਕਮਲ ਪਾਸ਼ਟਾਂ, ਜੀਤੀ ਹਲਵਾਈ ਅਜਨੋਹਾ, ਜਸਵੰਤ ਖੇੜਾ, ਗੋਗੀ ਲਕਸੀਹਾ, ਜਸਵੰਤ ਸਿੰਘ ਕੋਟ ਫਤੂਹੀ, ਪਰਮਿੰਦਰ ਸੈਣੀ, ਬਿੱਲੂ ਸੈਣੀ ਆਦਿ ਹਾਜ਼ਰ ਸਨ।

# ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਦੀਆਂ, ਉਹ ਜ਼ਿਆਦਾ ਦੇਰ ਜਿਉਂਦੀਆਂ ਨਹੀ ਰਹਿੰਦੀਆਂ : ਕਾਹਲੋਂ



ਅੱਡਾ ਸਰਾਂ (ਜਸਵੀਰ ਕਾਜਲ)- ਸ਼ਹੀਦ-ਏ-ਆਜਮ ਭਗਤ ਸਿੰਘ ਜੀ ਦੇ 119 ਜਨਮ ਦਿਵਸ ਨੂੰ ਸਮਰਪਿਤ ਸਮਾਗਮ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਵੱਲੋ ਵਿਲੇਜ ਡਿਵੈਲਪਮੈਂਟ ਸੁਸਾਇਟੀ ਸਹਿਜੋਵਾਲਅਤੇ ਯੂਥ ਕਲੱਬ ਦੇ ਸਹਿਯੋਗ ਨਾਲ ਪਿੰਡ ਸਹਿਜੋਵਾਲ ਵਿਖੇ ਰਵਿੰਦਰ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਕਰਵਾਇਆਗਿਆ। ਇਸ ਸਮਾਗਮ ਵਿੱਚ ਭਾਸ਼ਣ, ਗੀਤ ਅਤੇ ਕਵਿਤਾਵਾਂ ਰਾਹੀ ਸ਼ਹੀਦ ਭਗਤ ਸਿੰਘ ਦੇ ਜੀਵਨ ਫਲਸਫੇ ਅਤੇ ਕੁਰਬਾਨੀ ਭਰੇ ਜਜਬੇ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਨੇ ਕਿਹਾ ਕਿ ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਦੀਆਂ ਹਨ, ਉਹ ਜਿਆਦਾ ਦੇਰ ਜਿਉਂਦੀਆਂ ਨਹੀ ਰਹਿੰਦੀਆਂ, ਭਗਤ ਸਿੰਘ ਇੱਕ ਮਨੁੱਖ ਨਹੀ, ਇੱਕ ਸੋਚ ਹੈ ਜੋ ਹਮੇਸ਼ਾ ਜ਼ਿੰਦਾ ਰਹੇਗੀ। ਇਸ ਮੌਕੇ ਸੁਮਨਾ ਦੇਵੀ ਸੀ ਈ ਓ ਕੰਡੀ ਐੱਫ ਪੀ ਓ ਦਸੂਹਾ ਨੇ ਕਿਹਾ ਕਿ ਭਗਤ ਸਿੰਘ ਦੇ ਵਿਚਾਰ ਮੇਰੀ ਮੌਤ ਤੇ ਨਾ ਰੋਇਉ ਮੇਰੀ ਸੋਚ ਨੂੰ ਬਚਾਇਓ ਸੀ ਇਸ ਲਈ ਨੌਜਵਾਨਾ ਨੂੰ ਅਪੀਲ ਹੈ ਕਿ ਭਗਤ ਸਿੰਘ ਦੀ ਆਜ਼ਾਦ ਅਤੇ ਬਰਾਬਰਤਾ ਵਾਲੀ ਸੋਚ ਨੂੰ ਅਪਨਾਇਓ। ਇਸ ਮੌਕੇ ਰਾਜ ਕੁਮਾਰੀ ਪ੍ਰਧਾਨ ਵਿਲੇਜ ਡਿਵੈਲਪਮੈਂਟ ਸੁਸਾਇਟੀ ਸਹਿਜੋਵਾਲ ਨੇ ਕਿਹਾ ਕਿ ਨੌਜਵਾਨਾ ਨੂੰ ਨਸ਼ਿਆ ਅਤੇ ਸਮਾਜਿਕ ਬੁਰਾਈਆ ਤਿਆਗ ਕੇ ਚੰਗੇ ਸਮਾਜ ਦੀ ਸਿਰਜਣਾ ਲਈ ਅੱਗੇ ਆਉਣਾ ਚਾਹੀਦਾ ਹੈ। ਸਮਾਜ ਸੇਵਾ ਦੇ ਖੇਤਰ ਵਿੱਚ ਵਧੀਆ ਕਾਰਗੁਜਾਰੀ ਕਰਨ ਵਾਲੀਆ ਸ਼ਖਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਵਿਕਾਸ ਸ਼ਰਮਾਂ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐੱਫ ਪੀ ਓ ਭੂੰਗਾ, ਰਾਜਵੀਰ ਕੌਰ, ਦਮਨਪ੍ਰੀਤ ਕੌਰ, ਜਸਦੀਪ ਸਿੰਘ ਕਾਹਲੋ, ਮਨਕੀਰਤ ਸਿੰਘ ਕਾਹਲੋ, ਮਨੋਜ ਜੋਤੀ ਸਰਪੰਚ ਸਹਿਜੋਵਾਲ, ਹਰਬੰਸ ਸਿੰਘ, ਕਿਰਨ ਪੰਚ, ਤਰਸੇਮ ਸਿੰਘ ਸੇਵਾਦਾਰ, ਪਿਆਰਾ ਲਾਲ, ਸੁਰਿੰਦਰ ਕੌਰ, ਰਤਨ ਪਿਆਰੀ ਆਦਿ ਹਾਜ਼ਰ ਸਨ।

# ਸੜਕ ਹਾਦਸੇ ਵਿੱਚ ਮਾਂ ਦੀ ਮੌਤ 'ਤੇ ਪੁੱਤਰ ਗੰਭੀਰ ਜ਼ਖ਼ਮੀ

ਮਾਹਿਲਪੁਰ (ਸ਼ਫ਼ਰੀ)- ਹੁਸ਼ਿਆਰਪੁਰ ਤੋਂ ਗੜ੍ਹਸ਼ੰਕਰ ਜਾਣ ਵਾਲੇ ਮੁੱਖ ਮਾਰਗ ਤੇ ਪਿੰਡ ਟੂਟੋ ਮੁਜਾਰਾ ਨਜ਼ਦੀਕ ਐਕਟਿਵਾ ਸਵਾਰ ਮਾਂ ਪੁੱਤਰ ਦੇ ਇਕ ਵਿਅਕਤੀ ਨਾਲ ਟਕਰਾਉਣ ਤੇ ਸੜਕ ਤੇ ਡਿੱਗਣ ਨਾਲ ਮਾਂ ਦੀ ਮੌਤ ਬੇਟਾ ਗੰਭੀਰ ਜ਼ਖ਼ਮੀ ਹੋ ਗਿਆ। ਪ੍ਰਾਪਤ ਵੇਰਵੇ ਅਨੁਸਾਰ ਜਸਵਿੰਦਰ ਕੌਰ (48)ਪਤਨੀ ਗੁਰਚਰਨਜੀਤ ਸਿੰਘ ਪਿੰਡ ਹੱਲੂਵਾਲ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਕਰੀਬ ਸ਼ਾਮ ਸੱਤ ਕੁ ਵਜੇ ਆਪਣੇ ਮਾਪੇ ਪਿੰਡ ਦਦਿਆਲ ਤੋਂ ਆਪਣੀ ਐਕਟਿਵਾ ਨੰਬਰ ਪੀ ਬੀ 07 ਈ ਈ 5629 ਤੇ ਵਾਪਸ ਆ ਰਹੇ ਸੀ । ਪਿੰਡ ਟੂਟੋ ਮਜਾਰਾ ਏਸ਼ੀਅਨ ਪਬਲਿਕ ਸਕੂਲ ਨਜ਼ਦੀਕ ਐਕਟਿਵਾ ਇਕ ਵਿਅਕਤੀ ਨਾਲ ਟਕਰਾ ਕੇ ਡਿੱਗਣ ਨਾਲ ਦੋਵੇਂ ਮਾਂ ਪੁੱਤਰ ਗੰਭੀਰ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਐਂਬੂਲੈਂਸ ਰਾਹੀਂ ਤੁਰੰਤ ਸਿਵਲ ਹਸਪਤਾਲ ਮਾਹਿਲਪੁਰ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਜਸਵਿੰਦਰ ਕੌਰ ਨੂੰ ਮਿਰਤਕ ਘੋਸ਼ਿਤ ਕਰ ਦਿੱਤਾ ਅਤੇ ਗੰਭੀਰ ਜ਼ਖ਼ਮੀ ਬੇਟੇ ਜਸਕਰਨ ਸਿੰਘ ਦਾ ਇਲਾਜ ਚੱਲ ਰਿਹਾ ਹੈ। ਥਾਣਾ ਮਾਹਲਪੁਰ ਦੀ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਸ੍ਰੀ ਗੁਰੂ ਅਮਰਦਾਸ ਦਾ ਜੋਤੀ ਜੋਤ ਦਿਵਸ ਮਨਾਇਆ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਗੋਰਾਇਆ ਵਿਖੇ ਧੰਨ ਧੰਨ ਸਾਹਿਬ ਸਤਿਗੁਰੂ ਅਮਰਦਾਸ ਮਹਾਰਾਜ ਜੀ ਦੇ ਜੋਤੀ ਜੋਤ ਦਿਵਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਗੁਮਟਾਂ ਉੱਪਰ ਲੱਗੇ ਖੰਡਾ ਸਾਹਿਬ ਦੀ ਮੁਰੰਮਤ ਅਤੇ ਹੋਰ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਬਜੀਤ ਸਿੰਘ, ਅਵਤਾਰ ਸਿੰਘ, ਸਰਬਜੀਤ ਸਿੰਘ, ਮੁੱਖ ਗ੍ਰੰਥੀ ਨਿਰਮਲ ਸਿੰਘ, ਮਹੀਪ ਕੁਮਾਰ, ਤ੍ਰਲੋਕ ਸਿੰਘ, ਪਵਨ ਸਿੰਘ, ਮਨਜੀਤ ਸਿੰਘ,ਰਵਰੀਤ ਸਿੰਘ ਅਤੇ ਹੋਰ ਸੰਗਤਾਂ ਹਾਜ਼ਰ ਸਨ।



# ਮੋਹਿੰਦਰ ਭਗਤ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 15 ਲੱਖ ਦੇ ਸਕੂਲ ਪ੍ਰਾਜੈਕਟਾਂ ਦਾ ਉਦਘਾਟਨ

ਜਲੰਧਰ, (ਸੁਰਿੰਦਰ ਕੁਮਾਰ) ਸਥਾਨਕ ਜਲੰਧਰ 'ਚ ਸਿੱਖਿਆ ਦੇ ਖੇਤਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਹੋਰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਸਕੀਮ ਤਹਿਤ 15 ਲੱਖ ਰੁਪਏ ਦੀ ਲਾਗਤ ਵਾਲੇ ਨਵੇਂ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਪ੍ਰਾਜੈਕਟਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ, ਆਬਾਦਪੁਰਾ ਵਿੱਚ 10 ਲੱਖ ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਆਬਾਦਪੁਰਾ ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨਾ ਸ਼ਾਮਲ ਹੈ। ਮੀਡੀਆ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਉੱਚ-ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਅਤੇ ਬਿਹਤਰੀਨ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੂਬੇ ਭਰ ਵਿੱਚ ਸਰਕਾਰੀ ਸਕੂਲਾਂ ਦਾ ਮੁਕੰਮਲ ਨਵੀਨੀਕਰਨ ਅਤੇ ਇਮਾਰਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਵੀ ਬਿਹਤਰ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿੱਖਿਆ ਲਈ ਅਤਿ-ਆਧੁਨਿਕ ਮਾਹੌਲ ਯਕੀਨੀ ਬਣਾਉਣ ਲਈ ਇੰਟਰਐਕਟਿਵ ਐਲ.ਸੀ.ਡੀ. ਸਕਰੀਨਾਂ ਨਾਲ ਲੈਸ ਸਮਾਰਟ ਕਲਾਸਰੂਮਾਂ ਵਰਗੀਆਂ ਸਹੂਲਤਾਂ ਸ਼ੁਰੂ ਗਈਆਂ ਹਨ । ਭਗਤ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਦਾ ਭਵਿੱਖ ਉੱਜਵਲ ਬਣਾਉਣ ਲਈ ਉਨ੍ਹਾਂ ਨੂੰ ਸਰਕਾਰੀ ਸੰਸਥਾਵਾਂ ਵਿੱਚ ਦਾਖ਼ਲ ਕਰਵਾਉਣ ਦੀ ਅਪੀਲ ਕੀਤੀ। ਪੰਜਾਬ ਸਿੱਖਿਆ ਕ੍ਰਾਂਤੀ ਦੇ ਕੋਆਰਡੀਨੇਟਰ ਸੰਜੀਵ ਭਗਤ ਨੇ ਸੂਬੇ ਭਰ ਦੇ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਪਹਿਲਕਦਮੀਆਂ ਸ਼ੁਰੂ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਠੋਸ ਕਦਮਾਂ ਨਾਲ ਵਿੱਦਿਅਕ ਢਾਂਚੇ ਨੂੰ ਵੱਡਾ ਹੁਲਾਰਾ ਮਿਲੇਗਾ, ਕਲਾਸਾਂ ਆਧੁਨਿਕ ਤਕਨੀਕ ਨਾਲ ਲੈਸ ਹੋਣਗੀਆਂ ਅਤੇ ਪੂਰੇ ਸੂਬੇ ਵਿੱਚ ਵਿਦਿਆਰਥੀਆਂ ਲਈ ਸਿੱਖਿਆ ਦਾ ਪੱਧਰ ਉੱਚਾ ਹੋਵੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਸੋਨੀਆ ਧਵਨ, ਹੈੱਡ ਟੀਚਰ ਨਰਿੰਦਰਜੀਤ ਕੌਰ, ਗੁਰਨਾਮ ਸਿੰਘ, ਚੇਅਰਪਰਸਨ ਐਸ.ਐਮ.ਸੀ. ਕਮੇਟੀ ਮੋਨਿਕਾ ਬੱਤਰਾ, ਸੁਸ਼ਮਾ ਭਗਤ, ਰਾਜ ਸੱਭਰਵਾਲ, ਰਾਜ ਕੁਮਾਰ, ਅਸ਼ੋਕ ਕੁਮਾਰ, ਗੁਰਪ੍ਰੀਤ ਸਿੰਘ, ਮਨਮੋਹਨ, ਪ੍ਰਵੀਨ ਬਾਲਾ, ਕਰਨ ਸੇਤੀਆ, ਅਨੁਜ ਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।

# 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵੱਲੋਂ ਰੋਸ ਰੈਲੀ 30 ਨੂੰ

ਜਲੰਧਰ (ਰਾਜੇਸ਼ ਥਾਪਾ, ਕੇਸਰ)- 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵਲੋਂ ਦੇਸ਼ ਦੇ ਗਰੀਬਾਂ, ਘੱਟ ਗਿਣਤੀਆਂ, ਦਲਿਤਾਂ-ਔਰਤਾਂ ਤੇ ਹਾਸ਼ੀਆਗਤ ਵਸੋਂ ਸਮੂਹਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝੇ ਕਰਨ ਦੀ ਸਾਜਿਸ਼ ਤਹਿਤ ਕੀਤੀ ਜਾ ਰਹੀ ਵੋਟਰ ਸੂਚੀਆਂ ਦੀ 'ਵਿਸ਼ੇਸ਼ ਡੂੰਘੀ ਸੁਧਾਈ' (ਐੱਸ ਆਈ ਆਰ) ਖਿਲਾਫ ਆਉਣ ਵਾਲੀ 30 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਦੇ ਵਿਸ਼ਨੂ ਗਣੇਸ਼ ਪਿੰਗਲੇ ਹਾਲ ਵਿਖੇ ਭਰਵੀਂ ਰੋਸ ਰੈਲੀ ਕੀਤੀ ਜਾਵੇਗੀ। ਉਕਤ ਰੋਸ ਰੈਲੀ ਨੂੰ ਸਰਵ ਸਾਥੀ ਮੰਗਤ ਰਾਮ ਪਾਸਲਾ, ਦਰਸ਼ਨ ਖਟਕੜ ਅਤੇ ਸੁਖਦਰਸ਼ਨ ਨੱਤ ਵਲੋਂ ਸੰਬੋਧਨ ਕੀਤਾ ਜਾਵੇਗਾ। ਰੈਲੀ ਦੀ ਸਮਾਪਤੀ ਤੋਂ ਪਿੱਛੋਂ ਸ਼ਹਿਰ 'ਚ ਰੋਸ ਮਾਰਚ ਵੀ ਕੱਢਿਆ ਜਾਵੇਗਾ। ਇਹ ਜਾਣਕਾਰੀ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਫਰੰਟ ਦੇ ਸੂਬਾਈ ਆਗੂਆਂ ਸਾਥੀ ਪਰਗਟ ਸਿੰਘ ਜਾਮਾਰਾਏ, ਕੁਲਵਿੰਦਰ ਸਿੰਘ ਵੜੈਚ ਤੇ ਅਸ਼ਵਨੀ ਕੁਮਾਰ ਲੱਖਣ ਕੇ ਨੇ ਦਿੱਤੀ ਹੈ। ਬਿਆਨ ਜਾਰੀ ਕਰਨ ਵਾਲੇ ਆਗੂਆਂ ਨੇ ਕਿਹਾ ਹੈ ਐੱਸ ਆਈ ਆਰ ਸਰਾਸਰ ਗੈਰ ਕਾਨੂੰਨੀ ਅਤੇ ਸੰਵਿਧਾਨ ਵਿਰੋਧੀ ਕਾਰਵਾਈ ਹੈ। ਉਨ੍ਹਾਂ ਦੋਸ਼ ਲਾਇਆ ਹੈ ਕਿ ਸੀ ਈ ਸੀ ਵਲੋਂ ਮੋਦੀ ਸਰਕਾਰ ਦੇ ਥਾਪੜੇ ਨਾਲ ਕੀਤੀ ਜਾ ਰਹੀ ਐੱਸ ਆਈ ਆਰ ਦੇ ਜਰੀਏ ਆਰ ਐੱਸ ਐੱਸ, ਭਾਜਪਾ ਦੀ ਲੋਕ-ਰਾਜ ਦੇ ਖਾਤਮੇ ਦੀ ਚਿਰੋਕਣੀ ਸਾਜਿਸ਼ ਸਿਰੇ ਚੜ੍ਹਾਈ ਜਾ ਰਹੀ ਹੈ। ਆਗੂਆਂ ਨੇ ਮੰਗ ਕੀਤੀ ਹੈ ਮੁੱਖ ਚੋਣ ਕਮਿਸ਼ਨਰ (ਸੀ ਈ ਸੀ) ਫੌਰੀ ਅਸਤੀਫ਼ਾ ਦੇਵੇ। ਉਨ੍ਹਾਂ ਸੀ ਈ ਸੀ ਦੀਆਂ ਆਪਹੁਦਰੀਆਂ ਕਾਰਵਾਈਆਂ ਬਦਲੇ ਉਸ ਖਿਲਾਫ਼ ਮੁਕੱਦਮਾ ਚਲਾ ਕੇ ਉਸਨੂੰ ਜੇਲ੍ਹ 'ਚ ਬੰਦ ਕੀਤੇ ਜਾਣ ਦੀ ਵੀ ਮੰਗ ਕੀਤੀ ਹੈ।

# ਸਾਲਾਨਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ

ਕਿਸ਼ਨਗੜ੍ਹ (ਸੁਖਜੀਤ ਕੁਮਾਰ)- ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਬਾਬਾ ਭਾਗੋ ਜੀ ਪਿੰਡ ਬੱਲਾਂ ਵਿਖੇ ਸਾਲਾਨਾ ਜੋੜ ਮੇਲਾ ਗੁਰਦੁਆਰਾ ਬਾਬਾ ਭਾਗੋ ਪ੍ਰਬੰਧਕੀ ਟਰੱਸਟ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਾਂਝੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ 'ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀਵਾਰ ਪਾਠਾਂ ਦੇ ਭੋਗ ਪਾਏ ਗਏ। ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਭਾਈ ਕੁਲਵਿੰਦਰ ਸਿੰਘ ਖਰੜ ਸਿੰਘ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਸ਼ਬਦ ਕੀਰਤਨ ਅਤੇ ਢਾਡੀ ਜਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾਂ ਵਾਲਿਆਂ ਦੇ ਢਾਡੀ ਜੱਥੇ ਵੱਲੋਂ ਗੁਰੂ ਇਤਿਹਾਸ ਸਰਵਣ ਕਰਵਾਉਂਦੇ ਹੋਏ ਹਾਜ਼ਰੀਨ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਵਾਇਆ। ਉਪਰੰਤ ਪੰਜਾਬ ਦੇ ਪ੍ਰਸਿੱਧ ਗਾਇਕ ਬੱਬੂ ਮਾਨ, ਰਵਿੰਦਰ ਗਰੇਵਾਲ, ਹਰਜੀਤ ਹਰਮਨ, ਮੀਤ ਗੁਰਮੀਤ, ਪੰਮਾ ਡੂਮੇਵਾਲ ਤੇ ਉੱਘੇ ਕਵੀ ਰਸ਼ਪਾਲ ਸਿੰਘ ਪਾਲ ਆਦਿ ਗਾਇਕ ਕਲਾਕਾਰਾਂ ਵੱਲੋਂ ਧਾਰਮਿਕ ਗੀਤਾਂ ਰਾਹੀਂ ਗੁਰ ਜਸ ਸਰਵਣ ਕਰਵਾਇਆਂ। ਇਸ ਮੌਕੇ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਭਾਈ ਭਗਵਾਨ ਸਿੰਘ ਜੋਹਲ ਵੱਲੋਂ ਆਪਣੇ ਧਾਰਮਿਕ ਵਿਚਾਰਾਂ ਰਾਹੀਂ ਸੰਗਤਾਂ ਨਾਲ ਸਾਂਝ ਪਾਈ ਗਈ। ਇਸ ਮੌਕੇ ਤੇ ਹਾਜ਼ਰੀਨ ਸੰਗਤਾਂ ਨੂੰ



ਮੇਲੇ ਦੀ ਮੁਬਾਰਕਬਾਦ ਦਿੰਦਿਆਂ ਰਣਵੀਰ ਸਿੰਘ ਬੱਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬਾਨਾਂ ਦੇ ਬਖਸ਼ੇ ਪਾਵਨ ਉਪਦੇਸ਼ਾਂ ਤੇ ਚਲਦਿਆਂ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਇਸ ਮੌਕੇ 'ਤੇ ਉਘੇ ਸਮਾਜ ਸੇਵੀ ਰਣਵੀਰ ਸਿੰਘ ਬੱਲ, ਬੁੱਕਣ ਸਿੰਘ ਯੂ ਕੇ, ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲ, ਮੱਖਣ ਸਿੰਘ ਬੱਲ ਯੂ ਕੇ, ਅਮਰੀਕ ਸਿੰਘ ਯੂ ਕੇ ਜਗਜੀਤ ਸਿੰਘ, ਜੋਗਿੰਦਰ ਸਿੰਘ ਨੌਗੱਜਾ, ਰਾਜਵੀਰ ਸਿੰਘ ਬੱਲ, ਸੁਰਿੰਦਰ ਸਿੰਘ ਹੋਠੀ ਆਦਿ ਵੱਲੋਂ ਸਾਂਝੇ ਤੌਰ ਤੇ ਆਏ ਹੋਏ ਮਹਿਮਾਨਾਂ, ਗਾਇਕ ਕਲਾਕਾਰਾਂ ਅਤੇ ਵੱਖ-ਵੱਖ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਤੇ ਕੈਬਨਿਟ ਮੰਤਰੀ ਮਹਿੰਦਰ ਭਗਤ, ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਕਾਂਗਰਸੀ ਆਗੂ ਸੇਵਾ ਮੁਕਤ ਐੱਸ ਐੱਸ ਪੀ ਰਜਿੰਦਰ ਸਿੰਘ, ਸਾਬਕਾ ਵਿਧਾਇਕ ਕੇ ਡੀ ਭੰਡਾਰੀ, ਸੁੱਖਾ ਜਮਸ਼ੇਰ, ਕਾਂਗਰਸੀ ਯੂਥ ਆਗੂ ਅਸ਼ਵਨ ਭੱਲਾ, ਰਾਜਪਾਲ ਸਿੰਘ ਚਕਰਾਲਾ, ਅਜੀਤ ਸਿੰਘ ਚਕਰਾਲਾ, ਲੰਬੜਦਾਰ ਜੁਗਲ ਕਿਸ਼ੋਰ, ਅਕਾਲੀ ਆਗੂ ਤਜਿੰਦਰ ਸਿੰਘ ਨਿੱਝਰ, ਯੂਥ ਅਕਾਲੀ ਆਗੂ ਸੰਨੀ ਢਿੱਲੋਂ ਅਲਾਵਲਪੁਰ, ਮੁਕੇਸ਼ ਚੰਦਰ ਰਾਣੀ ਭੱਟੀ ਕਿਸ਼ਾਨ ਆਗੂ, ਸ਼ਾਦੀ ਲਾਲ ਬੱਲਾਂ, ਬਲਾਕ ਕਾਂਗਰਸ ਪ੍ਰਧਾਨ ਅਮਰਜੀਤ ਸਿੰਘ ਕੰਗ, ਗੀਤਕਾਰ ਹਰਵਿੰਦਰ ਸਿੰਘ ਓਹੜਪੁਰੀ, ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਸੀ ਪੀ ਆਈ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਚੰਦ ਫਤਿਹਪੁਰੀ ਨੂੰ ਸ਼ਰਧਾਂਜਲੀ

ਖਰੜ (ਹਰਨਾਮ ਸਿੰਘ ਡੱਲਾ)- ਭਾਰਤੀ ਕਮਿਊਨਿਸਟ ਪਾਰਟੀ ਤਹਿਸੀਲ ਖਰੜ ਅਤੇ ਨਵਾਂ ਜ਼ਮਾਨਾ ਅਖਬਾਰ ਦੇ ਪਾਠਕਾਂ ਦੀ ਇੱਕ ਮੀਟਿੰਗ ਐੱਸ ਵਾਈ ਸਿੰਘ ਕੋਰਾ ਦੀ ਪ੍ਰਧਾਨਗੀ ਹੇਠ ਹੋਈ।



ਮੀਟਿੰਗ ਵਿੱਚ ਨਵਾਂ ਜ਼ਮਾਨਾ ਦੇ ਸੰਪਾਦਕ ਸਾਥੀ ਚੰਦ ਫਤਿਹਪੁਰੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਜੋ ਬੀਤੇ ਦਿਨੀਂ ਪਰਵਾਰ ਤੇ ਆਪਣੇ ਸਾਥੀਆਂ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਕਾਮਰੇਡ ਚੰਦ ਫਤਿਹਪੁਰੀ ਕੈਂਸਰ ਦੀ ਬਿਮਾਰੀ ਤੋਂ ਪੀੜਤ ਸਨ ਤੇ ਇਸ ਨਾਮੁਰਾਦ ਬੀਮਾਰੀ ਨਾਲ ਜੂਝਦੇ ਹੋਏ ਮੌਤ ਤੋਂ ਹਾਰ ਗਏ। ਚੰਦ ਫਤਿਹਪੁਰੀ ਜਿਥੇ ਨਵਾਂ ਜ਼ਮਾਨਾ ਅਖਬਾਰ ਦੇ ਸੰਪਾਦਕ ਸਨ ਉਥੇ ਉਹ ਵਧੀਆ ਲੇਖਕ, ਕਵੀ ਅਤੇ ਵਿਚਾਰਧਾਰਾ ਦੇ ਪ੍ਰਪੱਕ ਕਮਿਊਨਿਸਟ ਆਗੂ ਵੀ ਸਨ। ਉਹਨਾਂ ਦੀ ਮੌਤ ਨਾਲ ਉਨ੍ਹਾਂ ਦੇ ਪ੍ਰਸ਼ੰਸਕਾਂ ਅਤੇ ਕਮਿਊਨਿਸਟ ਪਾਰਟੀ ਦੇ ਸਾਥੀਆਂ ਵਿੱਚ ਸੋਗ ਦੀ ਲਹਿਰ ਦੌੜ ਰਹੀ ਹੈ। ਮੀਟਿੰਗ ਵਿੱਚ ਪਹੁੰਚੇ ਸਾਥੀਆਂ ਨੇ ਦੁੱਖ ਸਾਂਝਾ ਕਰਦਿਆਂ ਦੋ ਮਿੰਟ ਦਾ ਮੌਨ ਧਾਰਨ ਕਰਦਿਆਂ ਵਿਛੜੇ ਸਾਥੀ ਨੂੰ ਸ਼ਰਧਾਂਜਲੀ ਅਰਪਨ ਕੀਤੀ। ਇਸ ਮੀਟਿੰਗ ਵਿੱਚ ਕਾਮਰੇਡ ਹਰਮੇਲ ਸਿੰਘ ਚੋਲਟਾ, ਐੱਸ ਵਾਈ ਕੋਰਾ, ਗੁਰਬਖਸ਼ ਸਿੰਘ ਹੈਪੀ, ਜਰਨੈਲ ਸਿੰਘ, ਮਹਾਵੀਰ, ਰਾਮਕ੍ਰਿਸ਼ਨ ਧੁਨਕੀਆ, ਹਰਨਾਮ ਸਿੰਘ ਡੱਲਾ, ਸੂਬਾ ਆਗੂ ਮਹਿੰਦਰਪਾਲ ਸਿੰਘ, ਰੈਕਟਰ ਕਥੂਰੀਆ ਤੇ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ ਭਲਕੇ

ਮੁਹਾਲੀ (ਗੁਰਜੀਤ ਬਿੱਲਾ)- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ 29 ਸਤੰਬਰ ਨੂੰ ਸ਼ਾਮ 6:30 ਵਜੇ ਅਮਿਟੀ ਇੰਟਰਨੈਸ਼ਨਲ ਸਕੂਲ, ਸੈਕਟਰ-79, ਮੋਹਾਲੀ ਦੇ ਸਾਹਮਣੇ ਸਥਿਤ ਦੁਸਹਿਰਾ ਗਰਾਊਂਡ ਵਿਖੇ ਵਿਸ਼ੇਸ਼ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ। ਇਸ ਵਿਲੱਖਣ ਪੇਸ਼ਕਾਰੀ ਦੌਰਾਨ ਅਸਮਾਨ ਵਿੱਚ ਰੌਸ਼ਨੀਆਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਦਰਸ਼ਕਾਂ ਸਾਹਮਣੇ ਪੇਸ਼ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਡਰੋਨ ਸ਼ੋਅ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਜ਼ਿਲ੍ਹੇ ਦੇ ਵੱਖ-ਵੱਖ ਅਧਿਕਾਰੀਆਂ ਨੂੰ ਲੋੜੀਂਦੀਆਂ ਡਿਊਟੀਆਂ ਸੌਂਪੀਆਂ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵੱਡੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਅਤੇ ਸਮਾਗਮ ਦੌਰਾਨ ਕਿਸੇ ਕਿਸਮ ਦੀ ਅਸੁਵਿਧਾ ਨਾ ਆਉਣ ਦਿੱਤੀ ਜਾਵੇ।ਉਨ੍ਹਾਂ ਦੱਸਿਆ ਕਿ ਲਗਭਗ 500 ਡਰੋਨ ਇਕੋ ਸਮੇਂ ਅਸਮਾਨ ਵਿੱਚ ਉਡਾਣ ਭਰਦੇ ਹੋਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਲੱਖਣ ਦ੍ਰਿਸ਼ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਇਹ ਡਰੋਨ ਸ਼ੋਅ ਸੰਗਤ ਅਤੇ ਇਲਾਕਾ ਵਾਸੀਆਂ ਲਈ ਇੱਕ ਯਾਦਗਾਰ ਅਨੁਭਵ ਹੋਵੇਗਾ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੁਲਿਸ ਨੂੰ ਸਮਾਗਮ ਦੌਰਾਨ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ, ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਪਾਰਕਿੰਗ ਦੀ ਢੁੱਕਵੀਂ ਵਿਵਸਥਾ ਯਕੀਨੀ ਬਣਾਉਣ ਲਈ ਕਿਹਾ। ਇਸੇ ਦੌਰਾਨ ਐਮ ਐਲ ਏ ਕੁਲਵੰਤ ਸਿੰਘ ਨੇ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਵਿਸ਼ੇਸ਼ ਡਰੋਨ ਸ਼ੋਅ ਵਿੱਚ ਸ਼ਾਮਲ ਹੋਣ।









# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ



ਭਲਾਣ (ਹਰਭਜਨ ਸਿੰਘ ਢਿੱਲੋਂ)- ਸਮੁੱਚੀ ਗ੍ਰੰਥੀ ਸਿੰਘ ਸਭਾ ਭਲਾਣ ਤਰਫ਼ ਮਜਾਰੇ ਤੋਂ ਉਨੇ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਦੇ ਹਰ ਸਾਲ ਦੀ ਤਰਾਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਇਸ ਵਾਰ ਪਿੰਡ ਮਜਾਰੀ ਭੱਲੜੀ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਜਾਪ 25 ਸਤੰਬਰ ਨੂੰ ਆਰੰਭ ਹੋਏ ਤੇ 27 ਸਤੰਬਰ ਨੂੰ ਭੋਗ ਪਾਉਣ ਉਪਰੰਤ ਦੀਵਾਨ ਸਜਾਏ ਗਏ, ਸਮੂਹ ਰਾਗੀ ਢਾਡੀ ਜਥਿਆਂ ਨੇ ਗੁਰਬਾਣੀ ਦੇ ਸ਼ਬਦਾਂ ਰਾਹੀਂ ਵੱਡੀ ਗਿਣਤੀ ਵਿੱਚ ਜੁੜੀ ਸੰਗਤ ਨੂੰ ਨਿਹਾਲ ਕੀਤਾ ਅਤੇ ਗੁਰੂ ਦੇ ਲੜ ਲੱਗਣ ਦੇ ਲਈ ਪ੍ਰੇਰਤ ਕੀਤਾ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਇਆ ਗਿਆ ਇਸ ਮੌਕੇ ਬਾਬਾ ਦਰਸ਼ਨ ਸਿੰਘ ਮਜਾਰੀ, ਬਾਬਾ ਪ੍ਰੇਮ ਸਿੰਘ ਭੱਲੜੀ, ਹਰਜਾਪ ਸਿੰਘ, ਗਿਆਨੀ ਜਸਵੰਤ ਸਿੰਘ ਗਰੇਵਾਲ, ਗਿਆਨੀ ਮਲਕੀਤ ਸਿੰਘ ਸਨੋਲੀ, ਢਾਡੀ ਮਨਜੀਤ ਸਿੰਘ ਰਾਹੀ ਤਰਫ ਮਜਾਰਾ, ਤਾਰਾ ਸਿੰਘ ਭੱਲੜੀ, ਰਾਗੀ ਸ਼ਾਮ ਸਿੰਘ, ਚੰਨਣ ਸਿੰਘ ਭਨਾਮ,ਰਾਣਾ ਕੁਲਗਰਾਂ,ਹਰਜਾਪ ਸਿੰਘ ਗਿੱਲ, ਗ੍ਰੰਥੀ ਅਮਰਜੀਤ ਸਿੰਘ, ਗ੍ਰੰਥੀ ਗੁਰਮੁਖ ਸਿੰਘ ਸੂਰੇਵਾਲ, ਗ੍ਰੰਥੀ ਅਮਰਜੀਤ ਸਿੰਘ ਬਾਸ, ਗ੍ਰੰਥੀ ਜੋਗਿੰਦਰ ਸਿੰਘ, ਸਤਨਾਮ ਸਿੰਘ, ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰ ਸਨ।

# ਭਾਜਪਾ ਸਰਕਾਰ ਮਨਰੇਗਾ ਬਦਲ ਕੇ ਦਲਿਤਾਂ ਤੋਂ ਰੁਜ਼ਗਾਰ ਖੋਹ ਰਹੀ : ਹਰਪਾਲ ਸਿੰਘ ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਨੀਵਾਰ ਨੂੰ ਪੇਂਡੂ ਰੁਜ਼ਗਾਰ ਸਕੀਮ ਵਿੱਚ ਵੱਡੇ ਬਦਲਾਅ ਕਰਕੇ ਦੇਸ਼ ਦੇ ਗਰੀਬਾਂ, ਦਲਿਤਾਂ ਅਤੇ ਮਜ਼ਦੂਰਾਂ ਲਈ ਰੁਜ਼ਗਾਰ ਦੇ ਮੌਕਿਆਂ ਨੂੰ ਯੋਜਨਾਬੱਧ ਤਰੀਕੇ ਨਾਲ ਕਮਜ਼ੋਰ ਕਰਨ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਤਾਜ਼ਾ ਅੰਕੜਿਆਂ ਨੇ ਉਨ੍ਹਾਂ ਖਦਸ਼ਿਆਂ ਨੂੰ ਸਹੀ ਸਾਬਤ ਕਰ ਦਿੱਤਾ ਹੈ ਜੋ ਆਪ ਵੱਲੋਂ ਉਠਾਏ ਗਏ ਸਨ, ਜਦੋਂ ਇਸ ਸਕੀਮ ਦਾ ਨਾਂ ਬਦਲ ਕੇ ਵੀ ਬੀ-ਜੀ ਰਾਮ-ਜੀ ਰੱਖਿਆ ਗਿਆ ਸੀ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਪ ਆਗੂ ਅਤੇ ਵਿੱਤ ਮੰਤਰੀ ਚੀਮਾ ਨੇ ਕਿਹਾ, ਭਾਜਪਾ ਨੇ ਵਾਰ-ਵਾਰ ਦਾਅਵਾ ਕੀਤਾ ਸੀ ਕਿ ਸਿਰਫ਼ ਸਕੀਮ ਦਾ ਨਾਂ ਬਦਲਿਆ ਗਿਆ ਹੈ ਅਤੇ ਬਾਕੀ ਸਭ ਕੁਝ ਪਹਿਲਾਂ ਵਰਗਾ ਹੀ ਹੈ। ਹਾਲਾਂਕਿ, ਸਕੀਮ ਦੇ ਅੰਦਰ ਕਈ ਅਜਿਹੇ ਅੰਗ ਬਦਲ ਦਿੱਤੇ ਗਏ ਹਨ ਜੋ ਰੁਜ਼ਗਾਰ ਪੈਦਾ ਕਰਦੇ ਸਨ। ਭਾਜਪਾ ਸਰਕਾਰ ਨੇ ਇਸ ਦੇਸ਼ ਦੇ ਗਰੀਬਾਂ ਅਤੇ ਮਜ਼ਦੂਰਾਂ ਦੇ ਰੁਜ਼ਗਾਰ 'ਤੇ ਕਰਾਰੀ ਚੋਟ ਮਾਰੀ ਹੈ। ਤਾਜ਼ਾ ਅੰਕੜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਦੱਸਿਆ, ਪਿਛਲੇ ਸਾਲ ਦੇ ਮੁਕਾਬਲੇ ਇਸ ਸਕੀਮ ਰਾਹੀਂ ਲਗਭਗ 9.56 ਕਰੋੜ ਘੱਟ ਦਿਹਾੜੀਆਂ ਦਾ ਰੁਜ਼ਗਾਰ ਪੈਦਾ ਹੋਇਆ ਹੈ। ਜਦੋਂ ਕਿ ਪਿਛਲੇ ਸਾਲ ਲਗਭਗ 30 ਕਰੋੜ ਦਿਹਾੜੀਆਂ ਪੈਦਾ ਹੋਈਆਂ ਸਨ, ਇਸ ਸਾਲ ਇਹ ਅੰਕੜਾ ਘਟ ਕੇ ਲਗਭਗ 20.4 ਕਰੋੜ ਰਹਿ ਗਿਆ ਹੈ, ਜੋ ਕਿ ਪੇਂਡੂ ਮਜ਼ਦੂਰਾਂ ਲਈ ਉਪਲਬਧ ਰੁਜ਼ਗਾਰ ਵਿੱਚ ਇੱਕ ਵੱਡੀ ਗਿਰਾਵਟ ਨੂੰ ਦਰਸਾਉਂਦਾ ਹੈ। ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ, ਇਸ ਦਾ ਅਸਰ ਖਾਸ ਕਰਕੇ ਦਲਿਤ ਅਤੇ ਪੱਛੜੇ ਵਰਗਾਂ 'ਤੇ ਬਹੁਤ ਜ਼ਿਆਦਾ ਪਿਆ ਹੈ। ਇਸ ਸਕੀਮ ਅਧੀਨ ਭਾਜਪਾ ਸਰਕਾਰ ਦੇ ਬਦਲਾਅ ਨੇ ਇਹਨਾਂ ਭਾਈਚਾਰਿਆਂ ਨੂੰ ਹੋਰ ਹਾਸ਼ੀਏ 'ਤੇ ਧੱਕ ਦਿੱਤਾ ਹੈ। ਅਜਿਹਾ ਇਸ ਲਈ ਹੈ ਕਿਉਂਕਿ ਭਾਜਪਾ ਦਲਿਤ ਵਿਰੋਧੀ ਹੈ ਅਤੇ ਉਹਨਾਂ ਨਾਲ ਨਫ਼ਰਤ ਕਰਦੀ ਹੈ। ਭਾਜਪਾ ਸਰਕਾਰ ਨੇ ਸਭ ਤੋਂ ਗਰੀਬ ਲੋਕਾਂ ਦੀ ਰੋਜ਼ੀ-ਰੋਟੀ ਅਤੇ ਦਿਹਾੜੀ 'ਤੇ ਸਭ ਤੋਂ ਵੱਡਾ ਵਾਰ ਕੀਤਾ ਹੈ। ਚੀਮਾ ਨੇ ਅੱਗੇ ਕਿਹਾ, ਭਾਜਪਾ ਇਸ ਸਕੀਮ ਤਹਿਤ ਰੁਜ਼ਗਾਰ ਵਧਾ ਕੇ 125 ਦਿਨ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪਰ ਕੰਮ ਦੇ ਮੌਕੇ ਵਧਾਉਣ ਦੀ ਬਜਾਏ ਸਰਕਾਰ ਨੇ ਮਜ਼ਦੂਰਾਂ ਲਈ ਉਪਲਬਧ ਦਿਹਾੜੀਆਂ ਦੀ ਗਿਣਤੀ ਘਟਾ ਦਿੱਤੀ ਹੈ।

# ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ




ਲੋਹੀਆਂ ਖਾਸ (ਯੋਗੇਸ਼ਵਰ ਸ਼ਰਮਾ)- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਬਲਾਕ ਲੋਹੀਆਂ ਖਾਸ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਨੂੰ ਯਾਦ ਕਰਦਿਆਂ ਨੌਜਵਾਨਾਂ ਅਤੇ ਇਲਾਕਾ ਵਾਸੀਆਂ ਨੇ ਨਸ਼ਿਆਂ ਅਤੇ ਬੇਰੁਜ਼ਗਾਰੀ ਦੇ ਮੁੱਦੇ ਨੂੰ ਲੈ ਕੇ ਰੋਸ ਮਾਰਚ ਕੀਤਾ। ਇਸ ਸੂਬਾ ਆਗੂ ਰਵਿੰਦਰ ਲੋਹਗੜ੍ਹ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਇੱਕ ਅਜਿਹੇ ਸਮਾਜ ਦਾ ਸੁਪਨਾ ਦੇਖਿਆ ਸੀ, ਜਿੱਥੇ ਹਰ ਨੌਜਵਾਨ ਨੂੰ ਰੁਜ਼ਗਾਰ, ਸਿੱਖਿਆ ਅਤੇ ਸਨਮਾਨ ਮਿਲੇ। ਪਰ ਅੱਜ ਨੌਜਵਾਨ ਬੇਰੁਜ਼ਗਾਰੀ ਅਤੇ ਨਸ਼ਿਆਂ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਤਹਿ: ਪ੍ਰਧਾਨ ਪ੍ਰਿੰਸ ਸਹੋਤਾ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਸਿਰਫ਼ ਉਨ੍ਹਾਂ ਦੇ ਜਨਮ ਦਿਹਾੜੇ ਜਾਂ ਸ਼ਹੀਦੀ ਦਿਹਾੜੇ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸੂਬਾ ਆਗੂ ਨਿਰਮਲ ਮਲਸੀਆਂ ਨੇ ਸਮਰਥਨ ਦਿੰਦੇ ਹੋਏ ਕਿਹਾ ਕਿ ਦਿਹਾਤੀ ਮਜ਼ਦੂਰ ਸਭਾ ਨੌਜਵਾਨਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ।ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਮੈਂਬਰ ਕੁਲਦੀਪ ਮੰਡਾਲਾ, ਨੰਦ ਲਾਲ ਲੋਹੀਆਂ, ਬਲਵਿੰਦਰ ਤਖੀਆ, ਕੁਲਵੀਰ ਸਿੰਘ, ਗੁਰਜੀਤ ਸਿੰਘ, ਗਗਨ ਰੋਹਿਤ, ਨਵਜੋਤ ਕੋਮਲ ,ਅਭੀ ਦੀਪਾ ਬਾਬਾ ਜੌਨੀ, ਤਨਵੀਰ ਬਿੱਲੀ ਭੁੱਲਰ, ਮੋਹਿਤ ਮੱਲੀਵਾਲ, ਹੈਰੀ ਰਾਏਵਾਲ ਆਦਿ ਸ਼ਾਮਿਲ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਯਾਤਰਾ ਲਈ ਬੱਸ ਰਵਾਨਾ

ਬਲਾਚੌਰ (ਜਸਵਿੰਦਰ ਬੈਂਸ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਹਲਕਾ ਬਲਾਚੌਰ ਦੇ ਪਿੰਡ ਮਜਾਰੀ, ਸਿੰਬਲ ਮਜਾਰਾ ਅਤੇ ਜਾਡਲੀ ਤੋਂ ਸ਼ਰਧਾਲੂਆਂ ਦੀ ਇੱਕ ਵਿਸ਼ੇਸ਼ ਬੱਸ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਸਮੇਤ ਹੋਰ ਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ। ਇਸ ਸ਼ੁਭ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਗੂ ਅਸ਼ੋਕ ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਹੁਤ ਹੀ ਸ਼ਲਾਘਾਯੋਗ ਅਤੇ ਇਤਿਹਾਸਕ ਉਪਰਾਲਾ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਸੂਬੇ ਦੇ ਉਨ੍ਹਾਂ ਆਮ ਲੋਕਾਂ ਅਤੇ ਬਜ਼ੁਰਗਾਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਜੋ ਆਰਥਿਕ ਜਾਂ ਹੋਰ ਵਸੀਲਿਆਂ ਦੀ ਘਾਟ ਕਾਰਨ ਯਾਤਰਾ ਕਰਨ ਤੋਂ ਅਸਮਰੱਥ ਸਨ। ਯਾਤਰਾ ਲਈ ਰਵਾਨਾ ਹੋ ਰਹੇ ਪਿੰਡ ਮਜਾਰੀ, ਸਿੰਬਲ ਮਜਾਰਾ ਅਤੇ ਜਾਡਲੀ ਦੇ ਨਿਵਾਸੀਆਂ ਨੇ ਬਹੁਤ ਉਤਸ਼ਾਹ ਦਿਖਾਇਆ। ?ਇਸ ਪ੍ਰੋਗਰਾਮ ਦੌਰਾਨ ਤਿੰਨਾਂ ਪਿੰਡਾਂ ਦੇ ਮੌਜੂਦਾ ਸਰਪੰਚ, ਪੰਚਾਇਤ ਮੈਂਬਰ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਸ਼ਰਧਾਲੂਆਂ ਦੇ ਪਰਵਾਰਕ ਮੈਂਬਰ ਵੀ ਹਾਜ਼ਰ ਸਨ।

